ਸ਼ੁੱਕਰਵਾਰ, 6 ਜੂਨ, 2025
25 ਜੇਠ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 5

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 6 JUNE, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 16

# 'ਨਵਾਂ ਜ਼ਮਾਨਾ' ਦੀ ਜਿੰਦ-ਜਾਨ ਕਾਮਰੇਡ ਸ਼ੁਗਲੀ ਚਾਣਚੱਕ ਤੁਰ ਗਏ



**ਜਲੰਧਰ** : ਰੋਜ਼ਾਨਾ 'ਨਵਾਂ ਜ਼ਮਾਨਾ' ਦੀ ਸੰਚਾਲਕ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਦਾ ਵੀਰਵਾਰ ਸਵੇਰੇ ਨਿਊ ਯਾਰਕ ਵਿੱਚ ਹਾਰਟ ਅਟੈਕ ਨਾਲ ਦੇਹਾਂਤ ਹੋ ਗਿਆ। ਉਹ 'ਨਵਾਂ ਜ਼ਮਾਨਾ' ਦੇ ਪ੍ਰਿੰਟਰ ਤੇ ਪਬਲਿਸ਼ਰ ਵੀ ਸਨ। ਉੱਘੇ ਕਮਿਊਨਿਸਟ ਆਗੂ ਮਰਹੂਮ ਹੈੱਡਮਾਸਟਰ ਸੋਹਣ ਸਿੰਘ ਦੇ ਛੋਟੇ ਭਰਾਤਾ ਕਾਮਰੇਡ ਸ਼ੁਗਲੀ ਦੋ ਕੁ ਹਫਤੇ ਪਹਿਲਾਂ ਆਪਣੇ ਛੋਟੇ ਬੇਟੇ ਰਮਨਜੀਤ ਸਿੰਘ ਮੰਡ ਕੋਲ ਗਏ ਸਨ। ਤੜਕੇ ਉਨ੍ਹਾ ਨੂੰ ਹਾਰਟ ਅਟੈਕ ਆਇਆ ਤਾਂ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਇੱਕ ਹੋਰ ਅਟੈਕ ਜਾਨਲੇਵਾ ਸਾਬਤ ਹੋਇਆ। ਉਹ ਆਪਣੇ ਪਿੱਛੇ ਪਤਨੀ ਮਹਿੰਦਰ ਕੌਰ ਤੇ ਵੱਡਾ ਬੇਟਾ ਐਡਵੋਕੇਟ ਰਜਿੰਦਰ ਸਿੰਘ ਮੰਡ, ਦੋਸਤਾਂ-ਮਿੱਤਰਾਂ ਤੇ ਮਿਹਨਤਕਸ਼ ਸਾਥੀਆਂ ਦੀ ਵਿਸ਼ਾਲ ਦੁਨੀਆ ਛੱਡ ਗਏ ਹਨ।

'ਨਵਾਂ ਜ਼ਮਾਨਾ' ਦੇ ਸੰਪਾਦਕ ਚੰਦ ਫਤਿਹਪੁਰੀ, ਜਨਰਲ ਮੈਨੇਜਰ ਗੁਰਮੀਤ, ਟਰੱਸਟੀ ਜਤਿੰਦਰ ਪਨੂੰ ਤੇ ਸਟਾਫ ਉਨ੍ਹਾ ਦੇ ਵਿਛੋੜੇ ਦੀ ਖਬਰ ਸੁਣ ਕੇ ਸੁੰਨ ਰਹਿ ਗਏ। ਉਨ੍ਹਾ 'ਨਵਾਂ ਜ਼ਮਾਨਾ' ਦੀ ਬਿਹਤਰੀ ਲਈ ਕਾਮਰੇਡ ਸ਼ੁਗਲੀ ਦੇ ਅਣਥਕ ਯਤਨਾਂ ਨੂੰ ਚੇਤੇ ਕਰਦਿਆਂ ਉਨ੍ਹਾ ਦੇ ਪਰਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਦਸੰਬਰ 1947 ਵਿੱਚ ਪੈਦਾ ਹੋਏ ਕਾਮਰੇਡ ਸ਼ੁਗਲੀ ਨੇ 1963 ਵਿੱਚ ਮੈਟ੍ਰਿਕ ਆਰੀਆ ਹਾਈ ਸਕੂਲ ਅਲਾਵਲਪੁਰ (ਜਲੰਧਰ) ਤੋਂ ਕੀਤੀ। 1965 ਵਿੱਚ ਮੇਹਰ ਚੰਦ ਪੋਲੀਟੈਕਨੀਕਲ ਇੰਸਟੀਚਿਊਟ ਤੋਂ ਟੀਚਿੰਗ ਟਰੇਨਿੰਗ ਦਾ ਕੋਰਸ ਕੀਤਾ ਅਤੇ 1966 ਅਪ੍ਰੈਲ ਤੋਂ ਬਿਆਸ ਪਿੰਡ 'ਚ ਖੁੱਲ੍ਹੇ ਨਵੇਂ ਜਨਤਾ ਹਾਈ ਸਕੂਲ ਵਿੱਚ ਨੌਕਰੀ ਕਰ ਲਈ।ਫਿਰ 1967 ਵਿੱਚ ਅਲਾਵਲਪੁਰ ਵਿਖੇ ਸਨਾਤਨ ਧਰਮ ਹਾਈ ਸਕੂਲ 'ਚ ਨੌਕਰੀ ਕੀਤੀ, ਜਿੱਥੇ ਕਾਮਰੇਡ ਸੋਹਣ ਸਿੰਘ ਹੈੱਡਮਾਸਟਰ ਸਨ।ਇਸੇ ਦੌਰਾਨ ਉਨ੍ਹਾ 1967 ਵਿੱਚ ਪੰਜਾਬ ਯੂਨੀਵਰਸਿਟੀ ਈਵਨਿੰਗ ਕਾਲਜ ਬਸਤੀ ਨੌਂ ਜਲੰਧਰ ਵਿਖੇ ਪ੍ਰੈੱਪ ਵਿੱਚ ਦਾਖਲਾ ਲੈ ਲਿਆ।ਦਿਨੇ ਸਕੂਲ ਵਿੱਚ ਪੜ੍ਹਾਉਂਦਿਆਂ-ਪੜ੍ਹਾਉਂਦਿਆਂ ਰਾਤ ਨੂੰ ਕਾਲਜ ਪੜ੍ਹਦਿਆਂ ਉਨ੍ਹਾ 1971 ਵਿੱਚ ਬੀ ਏ ਕਰ ਲਈ। ਇਸ ਤੋਂ ਬਾਅਦ ਪੱਤਰ ਵਿਹਾਰ ਰਾਹੀਂ ਸ਼ਿਮਲਾ ਯੂਨੀਵਰਸਿਟੀ ਤੋਂ ਐੱਮ ਏ ਰਾਜਨੀਤੀ ਸ਼ਾਸਤਰ ਕਰ ਲਈ ਅਤੇ ਬਾਅਦ ਵਿੱਚ ਪ੍ਰਾਈਵੇਟ ਤੌਰ 'ਤੇ ਪੰਜਾਬ ਯੂਨੀਵਰਸਿਟੀ ਪਟਿਆਲਾ ਤੋਂ ਐੱਮ ਏ ਪੰਜਾਬੀ ਕੀਤੀ। 1978 ਵਿੱਚ ਗਵਾਲੀਅਰ ਵਿਖੇ ਦਾਖਲਾ ਲੈ ਕੇ 1981 ਵਿੱਚ ਵਕਾਲਤ ਪਾਸ ਕੀਤੀ। ਅਗਸਤ 1981 ਵਿੱਚ ਵਕਾਲਤ ਦੀ ਪ੍ਰੈਕਟਿਸ ਸ਼ੁਰੂ ਕੀਤੀ, ਜੋ ਆਖਰੀ ਦਮ ਤੱਕ ਜਾਰੀ ਰਹੀ। ਉਨ੍ਹਾ ਸਰਕਾਰੀ ਮਿਡਲ ਸਕੂਲ ਰਹੀਮਪੁਰ, ਜ਼ਿਲ੍ਹਾ ਜਲੰਧਰ ਵਿਖੇ ਵੀ ਪੜ੍ਹਾਇਆ।

ਉਨ੍ਹਾ ਦਾ ਸਿਆਸੀ ਜੀਵਨ 1967 ਵਿੱਚ ਅਲਾਵਲਪੁਰ ਸਕੂਲ ਵਿੱਚ ਨੌਕਰੀ ਕਰਦਿਆਂ ਹੀ ਸ਼ੁਰੂ ਹੋ ਗਿਆ ਸੀ। ਵੱਡੇ ਭਰਾ ਹੈੱਡਮਾਸਟਰ ਸੋਹਣ ਸਿੰਘ ਪਹਿਲਾਂ ਹੀ ਸੀ ਪੀ ਆਈ ਨਾਲ ਜੁੜੇ ਹੋਏ ਸਨ, ਉਹ ਵੀ ਪਾਰਟੀ ਨਾਲ ਜੁੜ ਗਏ।

1967 ਵਿੱਚ ਪ੍ਰਾਈਵੇਟ ਸਕੂਲਾਂ ਵਿੱਚ ਘੱਟ ਤਨਖਾਹਾਂ ਹੋਣ ਕਰਕੇ ਬੇਚੈਨੀ ਪਾਈ ਜਾਂਦੀ ਸੀ। ਪ੍ਰਾਈਵੇਟ ਟੀਚਰਜ਼ ਯੂਨੀਅਨ ਨੇ ਬੜੀ ਸ਼ਿੱਦਤ ਨਾਲ ਇਹ ਮਸਲਾ ਚੁੱਕਿਆ ਅਤੇ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਜਿੰਨੀ ਤਨਖਾਹ ਲਈ ਕੁਠਾਰੀ ਕਮਿਸ਼ਨ ਦੀ ਮੰਗ ਕੀਤੀ। ਉਦੋਂ ਲਛਮਣ ਸਿੰਘ ਗਿੱਲ ਦੀ ਸਰਕਾਰ ਸੀ। ਮੰਗ ਮੰਨਵਾਉਣ ਲਈ ਚੰਡੀਗੜ੍ਹ ਜਾਣ ਵਾਲੇ ਪਹਿਲੇ ਜਥੇ ਵਿੱਚ ਕਾਮਰੇਡ ਸ਼ੁਗਲੀ ਵੀ ਸ਼ਾਮਲ ਸਨ। ਉੱਥੇ ਗ੍ਰਿਫਤਾਰੀ ਤੋਂ ਪਹਿਲਾਂ ਕਾਮਰੇਡ ਸ਼ੁਗਲੀ ਨੇ ਇਹ ਕਵਿਤਾ ਪੜ੍ਹੀ :

ਗਿੱਲਾ, ਆਪਣੇ ਹੱਕ ਮੰਗਦੇ ਹਾਂ,
ਕੋਈ ਮੱਝ, ਗਾਂ ਨਹੀਂ ਮੰਗੀ।
ਚੁੱਪ ਕਰਕੇ ਤੂੰ ਪੈਸੇ ਕੱਢਦੇ,
ਨਾ ਸੋਚੀਂ, ਨਾ ਸੰਗੀਂ।

ਫਿਰ ਬੜੇ ਜੋਸ਼-ਖਰੋਸ਼ ਨਾਲ ਬਾਕੀ ਪੰਜਾਬ ਤੋਂ ਆਏ ਜੱਥਿਆਂ ਨਾਲ ਧੱਕਾਮੁੱਕੀ ਤੋਂ ਬਾਅਦ ਗ੍ਰਿਫਤਾਰੀ ਦਿੱਤੀ। ਪੇਸ਼ੀ ਤੋਂ ਬਾਅਦ ਫੜੇ ਅਧਿਆਪਕਾਂ ਨੂੰ ਅੰਬਾਲਾ ਜੇਲ੍ਹ ਵਿੱਚ ਭੇਜ ਦਿੱਤਾ ਗਿਆ। ਅਖੀਰ ਸਰਕਾਰ ਨੇ ਦਸੰਬਰ ਵਿੱਚ ਮੰਗਾਂ ਮੰਨ ਕੇ ਰਿਹਾਅ ਕਰ ਦਿੱਤਾ।ਉਨ੍ਹਾ ਦਾ ਵਿਆਹ 29 ਸਤੰਬਰ 1968 ਨੂੰ ਹੋਇਆ।ਉਨ੍ਹਾ ਸੀ ਪੀ ਆਈ ਵਿੱਚ ਕੰਮ ਕਰਦਿਆਂ ਭਾਰਤ ਨੌਜਵਾਨ ਸਭਾ ਵਿੱਚ ਵੀ ਕੰਮ ਕਰਨਾ ਸ਼ੁਰੂ ਕਰ ਦਿੱਤਾ ਸੀ।ਉਹ ਪਾਠਕ ਵਜੋਂ 'ਨਵਾਂ ਜ਼ਮਾਨਾ' ਨਾਲ ਤਾਂ 1967 ਵਿੱਚ ਜੁੜ ਗਏ ਸਨ, ਪਰ ਇਸ ਦੇ ਟਰੱਸਟੀ 1990 ਵਿੱਚ ਬਣੇ।

## ਮਾਓਵਾਦੀ ਆਗੂ ਸੁਧਾਕਰ ਮੁਕਾਬਲੇ 'ਚ ਮਾਰਿਆ



**ਰਾਇਪੁਰ** : ਸੁਰੱਖਿਆ ਬਲਾਂ ਨੇ ਛੱਤੀਸਗੜ੍ਹ ਦੇ ਬੀਜਾਪੁਰ ਜ਼ਿਲ੍ਹੇ ਦੇ ਇੰਦਰਾਵਤੀ ਨੈਸ਼ਨਲ ਪਾਰਕ ਇਲਾਕੇ ਵਿੱਚ ਲੰਘੇ ਬੁੱਧਵਾਰ ਸੀ ਪੀ ਆਈ (ਮਾਓਵਾਦੀ) ਦੀ ਕੇਂਦਰੀ ਕਮੇਟੀ ਦੇ ਮੈਂਬਰ ਸੁਧਾਕਰ ਉਰਫ ਨਰ ਸਿੰਹਾਚਲਮ ਨੂੰ ਮੁਕਾਬਲੇ ਵਿੱਚ ਮਾਰ ਦਿੱਤਾ। ਉਸ ਦੇ ਸਿਰ ਦਾ 40 ਲੱਖ ਰੁਪਏ ਇਨਾਮ ਰੱਖਿਆ ਹੋਇਆ ਸੀ।

## ਅਮਰਨਾਥ ਯਾਤਰਾ 'ਚ ਕਟੌਤੀ, 3 ਜੁਲਾਈ ਤੋਂ 9 ਅਗਸਤ ਤੱਕ ਚੱਲੇਗੀ

**ਨਵੀਂ ਦਿੱਲੀ** : ਅਮਰਨਾਥ ਯਾਤਰਾ ਐਤਕੀਂ ਤਿੰਨ ਜੁਲਾਈ ਤੋਂ 9 ਅਗਸਤ ਤੱਕ ਚੱਲੇਗੀ। ਪਹਿਲੀ ਵਾਰ ਹੈ ਕਿ ਯਾਤਰਾ ਦਾ ਸਮਾਂ ਘਟਾ ਕੇ 38 ਦਿਨ ਦਾ ਕਰ ਦਿੱਤਾ ਗਿਆ ਹੈ। ਪਿਛਲੇ ਸਾਲ 29 ਜੂਨ ਤੋਂ 19 ਅਗਸਤ ਤੱਕ ਚੱਲੀ ਸੀ। ਯਾਤਰੀਆਂ ਦੀ ਸੁਰੱਖਿਆ ਲਈ ਕੇਂਦਰੀ ਬਲਾਂ ਦੀਆਂ 581 ਕੰਪਨੀਆਂ ਤਾਇਨਾਤ ਕੀਤੀਆਂ ਜਾ ਰਹੀਆਂ ਹਨ। ਯਾਤਰੀਆਂ ਦੇ ਕਾਫਲਿਆਂ ਦੀ ਰਾਖੀ ਲਈ ਪਹਿਲੀ ਵਾਰ ਜੈਮਰ ਵੀ ਵਰਤੇ ਜਾਣਗੇ।

# ਵਪਾਰਕ ਅਦਾਰਿਆਂ ਦੇ ਕਰਿੰਦਿਆਂ ਬਾਰੇ ਕਾਨੂੰਨ ਸੋਧਣ ਦਾ ਏਟਕ ਡਟਵਾਂ ਵਿਰੋਧ ਕਰੇਗੀ : ਬਰਾੜ, ਧਾਲੀਵਾਲ




**ਪਟਿਆਲਾ** : ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਦੀ ਮੁਲਾਜ਼ਮ-ਮਜ਼ਦੂਰ, ਗਰੀਬ ਅਤੇ ਕਿਸਾਨ ਵਿਰੋਧੀ ਕਥਿਤ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਦਿੱਲੀ ਦੇ ਨਕਾਰੇ ਹੋਏ ਆਪ ਦੇ ਪੰਜਾਬ ਵਿਰੋਧੀ ਕੇਜਰੀਵਾਲ ਅਤੇ ਉਸ ਦੇ ਪੰਜਾਬ ਵਿੱਚ ਫਿਰਦੇ 100-150 ਲੋਕਾਂ ਦੇ ਵਿਹਲੇ ਅਤੇ ਰੱਦ ਕੀਤੇ ਹੋਏ ਲੀਡਰਾਂ ਦੇ ਦਬਾਅ ਥੱਲੇ ਆਪਣੇ ਦਿਮਾਗ ਤੋਂ ਕੰਮ ਨਾ ਲੈਂਦੇ ਹੋਏ ਜਿਵੇਂ ਕਿਸਾਨਾਂ ਅਤੇ ਮੁਲਾਜ਼ਮ, ਮਜ਼ਦੂਰਾਂ ਦੇ ਪਿੱਛੇ ਹੱਥ ਧੋਕੇ ਪਈ ਹੋਈ ਮਾੜੇ ਅਤੇ ਘਟੀਆ ਕਦਮ ਚੁੱਕ ਰਹੀ ਹੈ, ਉਸ ਤੋਂ ਜਾਪਦਾ ਹੈ ਕਿ 'ਆਪ' ਨੂੰ ਪੰਜਾਬ ਵਿੱਚ ਆਪਣੇ ਖਾਤਮੇ ਦਾ ਇਲਮ ਹੋ ਚੁੱਕਾ ਹੈ ਅਤੇ ਹੁਣ ਉਹ ਲੋਕ ਭਲਾਈ ਦੇ ਕੰਮ ਛੱਡ ਕੇ ਆਪਣੀਆਂ ਧਨ-ਦੌਲਤਾਂ ਵਿੱਚ ਵਾਧਾ ਕਰਨ 'ਤੇ ਧਿਆਨ ਕੇਂਦਰਤ ਕਰ ਰਹੀ ਹੈ। ਬੁੱਧਵਾਰ, ਜੋ ਪੰਜਾਬ ਦੀ ਕੈਬਨਿਟ ਮੀਟਿੰਗ ਨੇ ਪੰਜਾਬ ਸ਼ਾਪਸ਼ ਐਂਡ ਕਮਰਸ਼ੀਅਲ ਇਸਟੈਬਲਿਸ਼ਮੈਂਟ ਐਕਟ 1958 ਵਿੱਚ ਸੋਧ ਕਰਨ ਨੂੰ ਮਨਜ਼ੂਰੀ ਦੇ ਕੇ ਪਹਿਲਾਂ ਹੀ ਨਪੀੜੇ ਜਾ ਰਹੇ ਮਜ਼ਦੂਰਾਂ ਦਾ ਹੋਰ ਖ਼ੂਨ ਚੂਸਣ ਦੀ ਖੁੱਲ੍ਹ ਦੇਣ ਦੀ ਘਟੀਆ ਮਿਸਾਲ ਪੇਸ਼ ਕੀਤੀ ਹੈ, ਉਸ ਤੋਂ ਆਮ ਆਦਮੀ ਪਾਰਟੀ ਦੇ ਨਾਂਅ 'ਤੇ ਵੱਡਾ ਭੁਲੇਖਾ ਪਾ ਕੇ ਮਾਰੀ ਗਈ ਵੋਟਾਂ ਦੀ ਠੱਗੀ ਦਾ ਅਸਲੀ ਚਿਹਰਾ ਹੋਰ ਮਾੜੇ ਰੂਪ ਵਿੱਚ ਆਮ ਲੋਕਾਂ ਦੇ ਸਾਹਮਣੇ ਉਜਾਗਰ ਹੋਇਆ ਹੈ। ਵਪਾਰਕ ਅਦਾਰਿਆਂ ਨੂੰ 20 ਮੁਲਾਜ਼ਮ ਰੱਖਣ ਤੱਕ ਕੋਈ ਰਜਿਸਟ੍ਰੇਸ਼ਨ ਨਾ ਕਰਵਾਉਣ ਦੀ ਖੁੱਲ੍ਹ ਦੇ ਦਿੱਤੀ, ਕੰਮ ਦੇ ਘੰਟੇ ਵਧਾ ਕੇ 12 ਕਰ ਦਿੱਤੇ। ਲੇਬਰ ਵਿਭਾਗ ਦੀ ਨਿਗਰਾਨੀ ਤੋਂ ਮੁਕਤੀ ਦੇ ਦਿੱਤੀ। ਓਵਰਟਾਈਮ ਕੰਮ ਕਰਵਾਉਣ ਦੇ ਘੰਟੇ ਤਿਮਾਹੀ ਵਿੱਚ 50 ਤੋਂ ਵਧਾ ਕੇ 144 ਕਰ ਦਿੱਤੇ। ਇਨ੍ਹਾਂ ਸੋਧਾਂ ਨੂੰ ਪ੍ਰਵਾਨ ਕਰਵਾਉਣ ਲਈ ਵਿਧਾਨ ਸਭਾ ਵਿੱਚ ਪੇਸ਼ ਕੀਤਾ ਜਾਵੇਗਾ। ਮਾਨ ਸਰਕਾਰ ਵੱਲੋਂ ਕੇਜਰੀਵਾਲ ਦੀਆਂ ਹਦਾਇਤਾਂ ਅਨੁਸਾਰ ਕੀਤੇ ਜਾ ਰਹੇ ਅਜਿਹੇ ਕਾਰਨਾਮੇ ਇੰਨ-ਬਿੰਨ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਨਾਲ ਮੇਲ ਖਾਂਦੇ ਹਨ। ਪੰਜਾਬ ਸਰਕਾਰ ਨੇ 12 ਸਾਲ ਤੋਂ ਘੱਟੋ-ਘੱਟ ਉਜਰਤਾਂ ਵਿੱਚ 12 ਸਾਲਾਂ ਤੋਂ ਕੋਈ ਵਾਧਾ ਨਹੀਂ ਕੀਤਾ, ਮੁਲਾਜ਼ਮਾਂ ਦਾ 13 ਫੀਸਦੀ ਡੀ ਏ ਦੱਬਿਆ ਹੋਇਆ ਹੈ, ਠੇਕਾ ਮੁਲਾਜ਼ਮ ਪੱਕੇ ਨਹੀਂ ਕੀਤੇ।

ਪੁਰਾਣੀ ਪੈਨਸ਼ਨ ਵਾਅਦੇ ਮੁਤਾਬਕ ਬਹਾਲ ਨਹੀਂ ਕੀਤੀ, ਸਰਕਾਰੀ ਇੱਕ ਵੀ ਨਵੀਂ ਬੱਸ ਨਹੀਂ ਪਾਈ, ਕਿਸਾਨਾਂ ਦਾ ਕੋਈ ਮਸਲਾ ਹੱਲ ਨਹੀਂ ਕੀਤਾ। ਤਰ੍ਹਾਂ-ਤਰ੍ਹਾਂ ਦੇ ਮਾਫੀਏ ਹੋਰ ਪ੍ਰਫੁਲਤ ਹੋ ਰਹੇ ਹਨ। ਪੰਜਾਬ ਏਟਕ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਸਰਕਾਰ ਨੇ ਇਹ ਸੋਧਾਂ ਵਿਧਾਨ ਸਭਾ ਵਿੱਚ ਲੈ ਕੇ ਜਾਣ ਦੀ ਕੋਸ਼ਿਸ਼ ਕੀਤੀ ਤਾਂ ਇਸ ਦਾ ਜ਼ਬਰਦਸਤ ਲਾਮਬੰਦੀ ਕਰਕੇ ਵੱਡਾ ਵਿਸ਼ਾਲ ਮੁਜ਼ਾਹਰਾ ਕਰਕੇ ਵਿਰੋਧ ਕੀਤਾ ਜਾਵੇਗਾ। ਏਟਕ ਆਗੂਆਂ ਨੇ ਆਪਣੀਆਂ ਜਥੇਬੰਦੀਆਂ ਨੂੰ ਕਿਹਾ ਕਿ ਦੁਕਾਨਾਂ 'ਤੇ ਕੰਮ ਕਰਦੇ ਮਜ਼ਦੂਰਾਂ ਨੂੰ ਲਾਮਬੰਦ ਕਰਨਾ ਸ਼ੁਰੂ ਕੀਤਾ ਜਾਵੇ।

# 9 ਜੁਲਾਈ ਦੀ ਹੜਤਾਲ ਲਈ ਵਿਆਪਕ ਲਾਮਬੰਦੀ ਦਾ ਸੱਦਾ

**ਪਟਿਆਲਾ** : ਪੰਜਾਬ ਏਟਕ ਦੇ ਪ੍ਰਧਾਨ ਬੰਤ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਬਿਆਨ ਜਾਰੀ ਕਰਦਿਆ ਕਿਹਾ ਕਿ 10 ਕੇਂਦਰੀ ਟਰੇਡ ਯੂਨੀਅਨਾਂ ਤੇ ਅਜ਼ਾਦ ਫੈਡਰੇਸ਼ਨਾਂ ਵੱਲੋਂ 9 ਜੁਲਾਈ ਨੂੰ ਮੋਦੀ ਸਰਕਾਰ ਦੀਆਂ ਮੁਲਾਜ਼ਮ-ਮਜ਼ਦੂਰ ਵਿਰੋਧੀ ਅਤੇ ਲੋਕ ਵਿਰੋਧੀ ਆਰਥਕ ਅਤੇ ਸਨਅਤੀ ਨੀਤੀਆਂ ਦੇ ਵਿਰੁੱਧ ਇੱਕ ਰੋਜ਼ਾ ਦੇਸ਼-ਵਿਆਪੀ ਹੜਤਾਲ ਦੇ ਸੱਦੇ ਦਾ ਪੁਰਜ਼ੋਰ ਸਮਰਥਨ ਕਰਦੇ ਹੋਏ ਪੂਰੇ ਪੰਜਾਬ ਵਿੱਚ ਦੂਸਰੀਆਂ ਜਥੇਬੰਦੀਆਂ ਅਤੇ ਸੰਯੁਕਤ ਕਿਸਾਨ ਮੋਰਚਾ ਨਾਲ ਸਹਿਯੋਗ ਕਰਕੇ ਵੱਡੇ ਪੈਮਾਨੇ 'ਤੇ ਸਫਲ ਹੜਤਾਲ ਕੀਤੀ ਜਾਵੇਗੀ। ਹੜਤਾਲ ਦੀਆਂ ਤਿਆਰੀਆਂ ਵੱਖ-ਵੱਖ ਜਥੇਬੰਦੀਆਂ ਵਲੋਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਹੜਤਾਲ ਨੂੰ ਸਫਲ ਬਣਾਉਣ ਲਈ ਅਤੇ ਇਸ ਹੜਤਾਲ ਦੇ ਮੁੱਦਿਆਂ ਨੂੰ ਮੁਲਾਜ਼ਮਾਂ, ਮਜ਼ਦੂਰਾਂ ਤੋਂ ਬਿਨਾਂ ਆਮ ਲੋਕਾਂ ਨਾਲ ਇਹਨਾਂ ਮੁੱਦਿਆ ਦਾ ਕੀ ਸੰਬੰਧ ਹੈ, ਇਸ ਦਾ ਵੱਡੇ ਪੱਧਰ 'ਤੇ ਪ੍ਰਚਾਰ ਕਰਨ ਲਈ ਪੰਜਾਬ ਏਟਕ ਦੀ ਵਰਕਿੰਗ ਕਮੇਟੀ ਅਤੇ ਸਾਰੀਆਂ ਸੰਬੰਧਤ ਜਥੇਬੰਦੀਆਂ ਦੀ ਲੀਡਰਸ਼ਿਪ ਤੇ ਆਧਾਰਤ ਨੁਮਾਇੰਦਾ ਕਨਵੈਸ਼ਨ 13 ਜੂਨ ਨੂੰ ਲੁਧਿਆਣਾ ਈਸੜੂ ਭਵਨ ਵਿਖੇ ਕੀਤੀ ਜਾ ਰਹੀ ਹੈ। ਇਸ ਕਨਵੈਨਸ਼ਨ ਨੂੰ ਸੰਬੋਧਨ ਕਰਨ ਲਈ ਕੁੱਲ ਹਿੰਦ ਏਟਕ ਦੀ ਜਨਰਲ ਸਕੱਤਰ ਅਮਰਜੀਤ ਕੌਰ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ।

ਬਰਾੜ ਅਤੇ ਧਾਲੀਵਾਲ ਨੇ ਕਿਹਾ ਕਿ ਮੋਦੀ ਸਰਕਾਰ ਨੇ ਦੇਸ਼ ਦੇ ਆਮ ਲੋਕਾਂ, ਮੁਲਾਜ਼ਮਾਂ, ਮਜਦੂਰਾਂ, ਕਿਸਾਨਾਂ, ਗਰੀਬਾਂ, ਦਲਿਤਾਂ, ਛੋਟੇ ਕਾਰਖਾਨੇਦਾਰਾਂ ਅਤੇ ਦੁਕਾਨਦਾਰਾਂ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰਕੇ ਸਿੱਧੇ ਰੂਪ ਵਿੱਚ ਦੇਸੀ ਅਤੇ ਬਦੇਸ਼ੀ ਕਾਰਪੋਰੇਟ ਘਰਾਣਿਆਂ ਅਤੇ ਸਾਮਰਾਜੀਆਂ ਦੀਆਂ ਦੌਲਤਾਂ ਵਿੱਚ ਬੇਸ਼ੁਮਾਰ ਵਾਧਾ ਕਰਨ ਦਾ ਰਸਤਾ ਅਖਤਿਆਰ ਕੀਤਾ ਹੋਇਆ ਹੈ ਅਤੇ ਇਸ ਲੁੱਟ ਦੇ ਵਿਰੁੱਧ ਖੜੇ ਹੋਣ ਵਾਲੇ ਲੋਕਾਂ ਨੂੰ ਫਿਰਕੂ ਨਫਰਤ ਫੈਲਾਕੇ ਅਤੇ ਜਾਤੀਗਤ ਵੰਡੀਆਂ ਪਾ ਕੇ, ਸਖਤ ਕਾਨੂੰਨ ਬਣਾ ਕੇ, ਲੇਬਰ ਕਾਨੂੰਨਾਂ ਦਾ ਗਲਾ ਘੁਟ ਕੇ 4 ਲੇਬਰ ਕੋਡ ਬਣਾ ਕੇ ਅਤੇ ਹੋਰ ਹਰ ਕਿਸਮ ਦੇ ਹਰਬੇ ਵਰਤ ਕੇ ਜਨਤਕ ਰੋਹ ਨੂੰ ਦਬਾ ਕੇ ਰੱਖਣ ਦੀ ਹਰ ਤਰ੍ਹਾਂ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਸਰਕਾਰੀ ਜਾਇਦਾਦਾਂ, ਪਬਲਿਕ ਸੈਕਟਰ ਦੇ ਅਦਾਰੇ, ਰੇਲਵੇ, ਏਅਰ ਲਾਈਨਜ਼, ਕੋਲ ਮਾਈਨਜ਼, ਸਟੀਲ ਖੇਤਰ, ਟੈਲੀਕਾਮ, ਬੀਮਾ ਖੇਤਰ, ਸਿੱਖਿਆ, ਸਿਹਤ, ਡਿਫੈਂਸ, ਬੈਂਕਾਂ ਅਤੇ ਅਨੇਕਾਂ ਕੁਦਰਤੀ ਸੋਮਿਆਂ ਨੂੰ ਕੌਡੀਆਂ ਦੇ ਭਾਅ ਕਾਰਪੋਰੇਟਾਂ ਦੇ ਹਵਾਲੇ ਕਰਨ ਦਾ ਅਮਲ ਤੇਜ਼ੀ ਨਾਲ ਬਾਦਸਤੂਰ ਜਾਰੀ ਹੈ। ਕਿਸਾਨਾਂ ਦੀਆਂ ਜ਼ਮੀਨਾਂ ਖੋਹਣ ਦਾ ਅਤੇ ਫਸਲਾਂ ਦਾ ਸਹੀ ਮੁੱਲ ਨਾ ਦੇ ਕੇ ਦੇਸ਼ ਨੂੰ ਅੰਨ ਸੰਕਟ ਵੱਲ ਧੱਕਿਆ ਜਾ ਰਿਹਾ ਹੈ। ਆਗੂਆਂ ਦੱਸਿਆ ਕਿ ਜਿਨ੍ਹਾਂ ਮੁੱਦਿਆਂ ਨੂੰ ਲੈ ਕੇ 10 ਕੇਂਦਰੀ • ਬਾਕੀ ਸਫਾ 2 'ਤੇ

## ਪੈਂਹਠ-ਪੰਜਾਹ



**ਨਵੀਂ ਦਿੱਲੀ** : ਤ੍ਰਿਣਮੂਲ ਕਾਂਗਰਸ ਦੀ ਲੋਕ ਸਭਾ ਮੈਂਬਰ ਮਹੁਆ ਮੋਇਤਰਾ (50) ਜਰਮਨੀ ਵਿੱਚ ਨਵੇਂ ਪਤੀ ਪਿਨਾਕਾ ਮਿਸ਼ਰਾ (65) ਨਾਲ ਨਜ਼ਰ ਆਈ। ਦੱਸਿਆ ਜਾਂਦਾ ਹੈ ਕਿ ਉਨ੍ਹਾ ਪਿਛਲੇ ਦਿਨੀਂ ਵਿਆਹ ਕਰਵਾ ਲਿਆ ਹੈ। ਪਿਨਾਕਾ ਮਿਸ਼ਰਾ ਸੁਪਰੀਮ ਕੋਰਟ ਦੇ ਸੀਨੀਅਰ ਵਕੀਲ ਹਨ। ਉਹ ਪਹਿਲੀ ਵਾਰ 1996 ਵਿੱਚ ਕਾਂਗਰਸ ਦੀ ਸੀਟ 'ਤੇ ਪੁਰੀ ਤੋਂ ਲੋਕ ਸਭਾ ਮੈਂਬਰ ਬਣੇ ਸਨ। ਇਸ ਤੋਂ ਬਾਅਦ ਉਹ 2009 ਵਿੱਚ ਬੀਜੂ ਜਨਤਾ ਦਲ ਦੀ ਤਰਫੋਂ ਲੋਕ ਸਭਾ ਲਈ ਚੁਣੇ ਗਏ। ਇਸੇ ਪਾਰਟੀ ਵੱਲੋਂ 2014 ਤੇ 2019 ਵਿੱਚ ਫਿਰ ਚੁਣੇ ਗਏ। 2024 ਵਿੱਚ ਉਹ ਮੈਦਾਨ ਵਿੱਚੋਂ ਹਟ ਗਏ ਤੇ ਭਾਜਪਾ ਦੇ ਸੰਬਿਤ ਪਾਤਰਾ ਨੇ ਪੁਰੀ ਤੋਂ ਚੋਣ ਲੜੀ। ਮਿਸ਼ਰਾ ਨੇ ਪਹਿਲਾ ਵਿਆਹ ਸੰਗੀਤਾ ਮਿਸ਼ਰਾ ਨਾਲ ਕਰਵਾਇਆ ਸੀ ਤੇ ਉਸ ਵਿਆਹ ਤੋਂ ਬੇਟਾ-ਬੇਟੀ ਹਨ। ਮਹੁਆ ਨੇ ਪਹਿਲਾ ਵਿਆਹ ਡੈਨਮਾਰਕ ਦੇ ਫਾਈਨੈਂਸਰ ਲਾਰਸ ਬਰੋਸਨ ਨਾਲ ਕਰਵਾਇਆ ਸੀ ਤੇ ਬਾਅਦ ਵਿੱਚ ਤਲਾਕ ਹੋ ਗਿਆ ਸੀ। ਫਿਰ ਤਿੰਨ ਸਾਲ ਐਡਵੋਕੇਟ ਜੈ ਅਨੰਤ ਦੇਹਾਦਰਈ ਨਾਲ ਰਿਸ਼ਤਾ ਰੱਖਿਆ, ਪਰ ਟੁੱਟ ਗਿਆ ਸੀ।

## 15 ਲੱਖ ਹਾਜੀ ਪਹੁੰਚੇ ਸਾਊਦੀ ਅਰਬ

**ਅਰਫ਼ਾਤ** : ਇਸ ਸਾਲ ਹੱਜ ਕਰਨ ਲਈ ਦੁਨੀਆ ਭਰ ਤੋਂ 15 ਲੱਖ ਤੋਂ ਵੱਧ ਯਾਤਰੀ ਸਾਊਦੀ ਅਰਬ ਪਹੁੰਚੇ ਹਨ। ਹੱਜ ਇਸਲਾਮ ਦੇ ਪੰਜ ਸਤੰਭਾਂ ਵਿੱਚੋਂ ਇੱਕ ਹੈ। ਆਰਥਕ ਅਤੇ ਸਰੀਰਕ ਤੌਰ 'ਤੇ ਸਮਰੱਥ ਮੁਸਲਮਾਨ ਲਈ ਇਹ ਜ਼ਰੂਰੀ ਮੰਨਿਆ ਜਾਂਦਾ ਹੈ ਕਿ ਉਹ ਆਪਣੇ ਜੀਵਨ ਵਿੱਚ ਘੱਟੋ-ਘੱਟ ਇੱਕ ਵਾਰੀ ਹੱਜ ਜ਼ਰੂਰ ਕਰੇ। ਪਿਛਲੇ ਸਾਲ ਦੁਨੀਆ ਭਰ ਤੋਂ 16 ਲੱਖ ਤੋਂ ਵੱਧ ਮੁਸਲਮਾਨਾਂ ਨੇ ਹੱਜ ਕੀਤਾ ਸੀ।

## ਫਾਇਰਿੰਗ 'ਚ ਦੁਕਾਨਦਾਰ ਤੇ ਡਲਿਵਰੀਮੈਨ ਜ਼ਖਮੀ

**ਮੋਗਾ/ਜੰਡਿਆਲਾ ਗੁਰੂ (ਇਕਬਾਲ ਸਿੰਘ ਖਹਿਰਾ/ਹਰਿੰਦਰਪਾਲ ਸਿੰਘ)**-ਮੋਗਾ ਦੇ ਗਾਂਧੀ ਰੋਡ 'ਤੇ ਇਕ ਨਕਾਬਪੋਸ਼ ਵਿਅਕਤੀ ਨੇ ਕਰਿਆਨਾ ਦੁਕਾਨ 'ਤੇ ਆ ਕੇ ਮਾਲਕ ਤੋਂ ਗੱਲਾ ਉਸ ਦੇ ਹਵਾਲੇ ਕਰਨ ਦੀ ਮੰਗ ਕੀਤੀ। ਪਹਿਲਾਂ ਦੁਕਾਨਦਾਰ ਨੂੰ ਜਾਪਿਆ ਕਿ ਉਸ ਨਾਲ ਕੋਈ ਮਜ਼ਾਕ ਕਰ ਰਿਹਾ ਹੈ, ਪਰ ਨਕਾਬਪੋਸ਼ ਵੱਲੋਂ ਜਦੋਂ ਮੰਗ ਕਰਨ 'ਤੇ ਪੈਸੇ ਨਾ ਦਿੱਤੇ ਤਾਂ ਨਕਾਬਪੋਸ਼ ਨੇ ਦੁਕਾਨਦਾਰ 'ਤੇ ਗੋਲੀਆਂ ਚਲਾ ਦਿੱਤੀਆਂ, ਜੋ ਉਸ ਦੀਆਂ ਲੱਤਾਂ 'ਤੇ ਲੱਗੀਆਂ। ਜਾਂਦਾ ਹੋਇਆ ਨਕਾਬਪੋਸ਼ ਦੁਕਾਨਦਾਰ ਦਾ ਮੋਬਾਇਲ ਵੀ ਖੋਹ ਕੇ ਲੈ ਗਿਆ।

ਜ਼ਖਮੀ ਹੋਏ ਸੁਰਿੰਦਰ ਪਾਲ ਨੂੰ ਇਲਾਜ ਲਈ ਮੋਗਾ ਦੇ ਸਿਵਲ ਹਸਪਤਾਲ ਵਿੱਚ ਭਰਤੀ ਕਰਵਾਇਆ, ਜਿਥੇ ਡਾਕਟਰਾਂ ਵੱਲੋਂ ਉਸ ਦੀ ਨਾਜ਼ਕ ਹਾਲਤ ਨੂੰ ਦੇਖਦਿਆਂ ਲੁਧਿਆਣਾ ਦੇ ਦਯਾਨੰਦ ਹਸਪਤਾਲ ਵਿਖੇ ਅਗਲੇਰੇ ਇਲਾਜ ਲਈ ਭੇਜ ਦਿੱਤਾ ਗਿਆ। ਡੀ ਐੱਸ ਪੀ (ਡੀ) ਸੁਖਅੰਮ੍ਰਿਤ ਸਿੰਘ ਨੇ ਦੱਸਿਆ ਕਿ ਮੁਢਲੀ ਜਾਂਚ 'ਚ ਸਾਹਮਣੇ ਆਇਆ ਕਿ ਫਾਇਰਿੰਗ ਕਰਨ ਵਾਲਾ ਥਾਰ ਜੀਪ 'ਤੇ ਸਵਾਰ ਹੋ ਕੇ ਆਇਆ ਸੀ।

ਜੰਡਿਆਲਾ ਗੁਰੂ 'ਚ ਦਿਨ-ਦਿਹਾੜੇ ਮੋਟਰਸਾਇਕਲ ਸਵਾਰ ਤਿੰਨ ਨਕਾਬਪੋਸ਼ ਵਿਅਕਤੀਆ ਵੱਲੋਂ ਕਰਿਆਨੇ ਦੀ ਦੁਕਾਨ ਦੇ ਮਾਲਕ 'ਤੇ ਦੋ-ਤਿੰਨ ਫਾਇਰ ਕੀਤੇ ਗਏ, ਜਿਸ ਦੌਰਾਨ ਡਲਿਵਰੀ ਦੇਣ ਆਏ ਵਿਅਕਤੀ ਦੇ ਪੱਟ ਨੂੰ ਚੀਰਦੀ ਹੋਈ ਗੋਲੀ ਪਾਰ ਹੋ ਗਈ। ਗੰਭੀਰ ਰੂਪ ਵਿੱਚ ਜ਼ਖਮੀ ਨੂੰ ਤੁਰੰਤ ਅੰਮ੍ਰਿਤਸਰ ਹਸਪਤਾਲ ਭੇਜ ਦਿੱਤਾ ਗਿਆ। ਮਾਮਲਾ ਫਿਰੌਤੀ ਮੰਗਣ ਦਾ ਸਾਹਮਣੇ ਆਇਆ ਹੈ। ਪਹਿਲਾਂ ਵੀ ਫੋਨ ਕਾਲ • ਬਾਕੀ ਸਫਾ 2 'ਤੇ

## ਠੰਡਲ ਦੀ ਘਰ ਵਾਪਸੀ



**ਲੁਧਿਆਣਾ** : ਭਾਜਪਾ ਵਿੱਚ ਗਏ ਸਾਬਕਾ ਮੰਤਰੀ ਸੋਹਣ ਸਿੰਘ ਠੰਡਲ ਵੀਰਵਾਰ ਅਕਾਲੀ ਦਲ ਵਿੱਚ ਪਰਤ ਆਏ। ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਉਨ੍ਹਾ ਦਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾ ਠੰਡਲ ਨੂੰ ਕੁਝ ਮਹੀਨਿਆਂ ਲਈ ਡੈਪੂਟੇਸ਼ਨ 'ਤੇ ਦੂਜੀ ਪਾਰਟੀ ਵਿੱਚ ਭੇਜਿਆ ਸੀ। ਠੰਡਲ 1997 ਤੋਂ 2017 ਤੱਕ ਚੱਬੇਵਾਲ ਤੋਂ ਵਿਧਾਇਕ ਰਹੇ, ਪਰ ਪਿਛਲੀਆਂ ਦੋ ਅਸੈਂਬਲੀ ਤੇ ਇੱਕ ਲੋਕ ਸਭਾ ਚੋਣ ਵਿੱਚ ਡਾ. ਰਾਜ ਕੁਮਾਰ ਚੱਬੇਵਾਲ ਤੋਂ ਹਾਰ ਗਏ ਸਨ।

## ਡਰੋਨ ਨਾਲ ਹਥਿਆਰ ਮੰਗਾਉਣ ਵਾਲੇ ਦੋ ਫੜੇ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਥਾਣਾ ਵਲਟੋਹਾ ਪੁਲਸ ਨੇ ਵੀਰਵਾਰ ਸ਼ਾਮ ਸਰਹੱਦੀ ਖੇਤਰ ਦੇ ਪਿੰਡ ਮਹਿਮੂਦਪੁਰ ਨੇੜੇ ਲਗਾਏ ਨਾਕੇ ਤੋਂ ਪਾਕਿਸਤਾਨ ਤੋਂ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ ਦੋ ਜਣਿਆਂ ਨੂੰ ਨਾਜਾਇਜ਼ ਅਸਲੇ ਸਮੇਤ ਗ੍ਰਿਫਤਾਰ ਕੀਤਾ, ਜਦੋਂਕਿ ਉਨ੍ਹਾਂ ਦਾ ਇਕ ਸਾਥੀ ਅਜੇ ਗ੍ਰਿਫਤ 'ਚੋਂ ਬਾਹਰ ਹੈ। ਐੱਸ ਐੱਸ ਪੀ ਅਭਿਮੰਨਿਊ ਰਾਣਾ ਨੇ ਦੱਸਿਆ ਕਿ ਸੂਰਜਪਾਲ ਸਿੰਘ ਸੂਰਜ ਅਤੇ ਅਰਸ਼ਦੀਪ ਸਿੰਘ ਅਰਸ਼ ਵਾਸੀ ਲਾਖਣਾ ਨੂੰ ਫੜਿਆ ਗਿਆ ਹੈ, ਜਦੋਂਕਿ ਪਾਰਸਪ੍ਰੀਤ ਸਿੰਘ ਪਾਰਸ ਵਾਸੀ ਰਾਜੋਕੇ ਫਰਾਰ ਹੈ। ਮੁਲਜ਼ਮਾਂ ਤੋਂ ਚਾਰ ਗਲੋਕ ਪਿਸਤੌਲ ਅਤੇ ਛੇ ਰੌਂਦ ਬਰਾਮਦ ਕੀਤੇ ਗਏ ਹਨ। ਮੁਲਜ਼ਮ ਪਾਕਿਸਤਾਨ ਤੋਂ ਡਰੋਨ ਰਾਹੀਂ ਹਥਿਆਰ ਮੰਗਵਾ ਕੇ ਅੱਗੇ ਸੂਬੇ ਵਿਚ ਵੱਖ-ਵੱਖ ਥਾਈਂ ਸਪਲਾਈ ਕਰਦੇ ਹਨ। ਇਨ੍ਹਾਂ ਨੂੰ ਏ ਐੱਸ ਆਈ ਮਨਜਿੰਦਰ ਸਿੰਘ ਦੀ ਅਗਵਾਈ ਵਾਲੀ ਟੀਮ ਨੇ ਫੜਿਆ।

## ਮਜ਼ਦੂਰ ਵਿਰੋਧੀ ਕਾਨੂੰਨ ਮੜ੍ਹਨਾ ਆਜ਼ਾਦੀ ਸੰਗਰਾਮ ਦੀ ਤੌਹੀਨ ਕਰਨਾ ਹੈ : ਦੇਸ਼ ਭਗਤ ਕਮੇਟੀ

**ਜਲੰਧਰ** : ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਅਹੁਦੇਦਾਰਾਂ ਨੇ ਵੀਰਵਾਰ ਗ਼ਦਰ ਲਹਿਰ, ਬੱਬਰ ਅਕਾਲੀ ਲਹਿਰ, ਕਿਰਤੀ ਲਹਿਰ, ਨੌਜਵਾਨ ਭਾਰਤ ਸਭਾ ਦੀ ਇਨਕਲਾਬੀ ਲਹਿਰ ਦੇ ਇਤਿਹਾਸਕ, ਮੁੱਲਵਾਨ ਅਤੇ ਮਿਹਨਤਕਸ਼ ਲੋਕਾਂ ਦੇ ਕਲਿਆਣ ਦੇ ਮਾਰਗ-ਦਰਸ਼ਕ ਪੰਨਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਬਹੁਤ ਹੀ ਦੁੱਖ ਨਾਲ਼ ਕਹਿਣਾ ਪੈ ਰਿਹਾ ਹੈ ਕਿ ਆਮ ਆਦਮੀ ਦੇ ਹਿੱਤਾਂ ਦੀ ਦਾਅਵੇਦਾਰ ਹੋਣ ਦਾ ਅਡੰਬਰ ਰਚ ਕੇ ਪੰਜਾਬ ਦੇ ਰਾਜ ਸਿੰਘਾਸਨ ਉੱਪਰ ਕਾਬਜ਼ ਹੋਈ ਆਮ ਆਦਮੀ ਪਾਰਟੀ ਦੀ ਹਕੂਮਤ ਦਾ ਅੱਜ ਉਸ ਵੇਲੇ ਸਾਰਾ ਹੀਜ਼ ਪਿਆਜ਼ ਸ਼ਰੇਆਮ ਬੇਪਰਦ ਹੋ ਗਿਆ, ਜਦੋਂ ਭਾਜਪਾ ਹਕੂਮਤ ਦੇ ਮਜ਼ਦੂਰ ਵਿਰੋਧੀ ਜਾਬਰ ਕਦਮਾਂ ਦੀ ਪੈੜ 'ਚ ਪੈਰ ਧਰਦਿਆਂ ਮਜ਼ਦੂਰਾਂ ਨੂੰ ਬੰਧੂਆ ਮਜ਼ਦੂਰ ਬਣਾਉਂਦੇ ਹੋਏ ਉਹਨਾਂ ਦੀ ਕੰਮ ਦਿਹਾੜੀ 12 ਘੰਟੇ ਕਰਨ ਦਾ ਬੇਹਯਾਈ ਭਰਿਆ ਫੈਸਲਾ ਕੀਤਾ ਹੈ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਮੀਤ ਪ੍ਰਧਾਨ ਕੁਲਵੰਤ ਸਿੰਘ ਸੰਧੂ, ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ ਅਤੇ ਵਿੱਤ ਸਕੱਤਰ ਸੀਤਲ ਸਿੰਘ ਸੰਘਾ ਨੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਮਜ਼ਦੂਰਾਂ ਨੂੰ ਮਾਲਕਾਂ ਅੱਗੇ ਹੱਥ-ਪੈਰ ਬੰਨ੍ਹ ਕੇ ਸਾਰੇ ਮੌਲਿਕ ਹੱਕਾਂ ਤੋਂ ਵਿਰਵੇ ਕਰਕੇ ਚੰਮ ਦੀਆਂ ਚਲਾਉਣ ਲਈ ਮਾਲਕਾਂ ਨੂੰ ਅਥਾਹ ਅਧਿਕਾਰਾਂ ਦੇ ਮੋਟੇ ਗੱਫ਼ੇ ਵਰਤਾਉਂਦੇ ਹੋਏ ਪੰਜਾਬ ਦੁਕਾਨ ਅਤੇ ਵਪਾਰਕ ਅਦਾਰੇ ਐਕਟ 1958 ਵਿੱਚ ਸੋਧ ਦੀ ਮਨਜ਼ੂਰੀ ਕਰਦਿਆਂ ਕੇਂਦਰ ਦੀ ਭਾਜਪਾ ਹਕੂਮਤ ਵੱਲੋਂ ਕਿਰਤ ਕਾਨੂੰਨਾਂ ਦੀ ਮੰਜੀ ਮੂਧੀ ਮਾਰਨ ਵਾਲੇ ਪਾਸ ਕੀਤੇ ਕਾਨੂੰਨਾਂ ਦੀ ਹੀ ਜੈ-ਜੈ ਕਾਰ ਕਰਨ, ਭਾਈ ਲਾਲੋਆਂ ਦੇ ਢਿੱਡ ਵਿੱਚ ਲੱਤ ਮਾਰਨ, ਮਲਕ ਭਾਗੋਆਂ ਦੇ ਪੂੜਿਆਂ ਵਿਚ ਗ਼ਰੀਬ ਕਾਮਿਆਂ ਦਾ ਲਹੂ ਨਿਚੋੜਨ, ਮਜ਼ਦੂਰਾਂ ਨੂੰ ਲੁੱਟ ਅਤੇ ਜਬਰ ਦੇ ਵੇਲਣਿਆਂ ਵਿਚ ਨਪੀੜਨ ਦਾ ਬੇਕਿਰਕ ਹੱਲਾ ਬੋਲਣਾ ਹੈ।

ਦੇਸ਼ ਭਗਤ ਯਾਦਗਾਰ ਕਮੇਟੀ ਨੇ ਦੋਸ਼ ਲਾਇਆ ਕਿ ਡਾ. ਭੀਮ ਰਾਓ ਅੰਬੇਡਕਰ ਅਤੇ ਸ਼ਹੀਦ ਭਗਤ ਸਿੰਘ ਵਰਗਿਆਂ ਦੀਆਂ ਫੋਟੋਆਂ ਲਾਉਣ ਦਾ ਖੇਖਣ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਮੰਤਰੀ ਮੰਡਲ ਵੱਲੋਂ 12 ਘੰਟੇ ਕੰਮ ਦਿਹਾੜੀ ਕਰਨ ਦੇ ਲਏ ਫੈਸਲੇ ਨੇ ਚਿੱਟੇ ਦਿਨ ਚੌਰਾਹੇ ਵਿਚ ਉਧੇੜ ਕੇ ਰੱਖ ਦਿੱਤਾ ਹੈ।ਦੇਸ਼ ਭਗਤ ਯਾਦਗਾਰ ਕਮੇਟੀ ਨੇ ਕਿਹਾ ਕਿ ਦੁਨੀਆ ਭਰ ਦੇ ਕਿਰਤੀਆਂ ਦਾ ਲਹੂ ਰੱਤਾ ਇਤਿਹਾਸ ਭਾਜਪਾ, ਕੇਜਰੀਵਾਲ ਦੇ ਇਸ਼ਾਰਿਆਂ 'ਤੇ ਨੱਚਦੀ ਆਮ ਆਦਮੀ ਪਾਰਟੀ ਅਤੇ ਉਸ ਦੇ 'ਵਕੀਲਾਂ' ਤੋਂ ਜਵਾਬ ਮੰਗੇਗਾ ਕਿ ਅਮਰੀਕਾ ਦੇ ਸ਼ਹਿਰ ਸ਼ਿਕਾਗੋ ਵਿੱਚ 1886 ਵਿੱਚ ਲ਼ਹੂ ਦੀ ਬਰਸਾਤ ਉਪਰੰਤ 8 ਘੰਟੇ ਕੰਮ ਦਿਹਾੜੀ ਦੀ ਮੰਗ ਪ੍ਰਵਾਨ ਕਰਵਾਈ ਗਈ ਕੀ ਇਹ ਉਸ ਇਤਿਹਾਸ ਉਪਰ ਕਾਲ਼ਾ ਪੋਚਾ ਫੇਰਨਾ ਨਹੀਂ

ਕਮੇਟੀ ਦਾ ਕਹਿਣਾ ਹੈ ਕਿ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ ਅਤੇ ਹੱਕਾਂ ਲਈ ਜੂਝਦੇ ਲੋਕਾਂ ਨੂੰ ਹਰ ਰੋਜ਼ ਸੂਰਜ ਦੀ ਟਿੱਕੀ ਚੜ੍ਹਨ ਤੋਂ ਵੀ ਪਹਿਲਾਂ ਹੀ ਹੱਲੇ ਬੋਲਣਾ ਇਹ ਦਰਸਾਉਂਦਾ ਹੈ ਕਿ ਗ਼ਦਰ ਲਹਿਰ ਅਤੇ ਸਮੁੱਚੀ ਆਜ਼ਾਦੀ ਦੀ ਤਵਾਰੀਖ਼ ਨੂੰ ਪੁੱਠਾ ਗੇੜਾ ਦੇਣਾ ਹੈ, ਜੋ ਪੰਜਾਬ ਵਾਸੀ ਕਦੇ ਵੀ ਪ੍ਰਵਾਨ ਨਹੀਂ ਕਰਨਗੇ।

# ਚੌਹਾਨ ਵੱਲੋਂ ਘੱਟ ਪਾਣੀ ਪੀਣ ਵਾਲੀਆਂ ਫਸਲਾਂ ਬੀਜਣ ਦਾ ਮਸ਼ਵਰਾ

**ਰਾਜਪੁਰਾ (ਰਮੇਸ਼ ਕਟਾਰੀਆ)**

ਕੇਂਦਰੀ ਖੇਤੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਵੀਰਵਾਰ ਰਾਜਪੁਰਾ ਦੇ ਪਿੰਡ ਖੇੜੀ ਗੰਡਿਆਂ ਵਿੱਚ ਕਿਸਾਨਾਂ ਦੇ ਇੱਕ ਸਮੂਹ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਫਸਲੀ ਵਿਭਿੰਨਤਾ ਅਪਣਾਉਣ ਲਈ ਪ੍ਰੇਰਤ ਕੀਤਾ। ਉਨ੍ਹਾ ਕਿਹਾ ਕਿ ਸਮੇਂ ਦੀ ਲੋੜ ਹੈ ਕਿ ਅਜਿਹੀਆਂ ਫਸਲਾਂ ਦੀ ਕਾਸ਼ਤ ਕੀਤੀ ਜਾਵੇ, ਜੋ ਮੁਨਾਫਾ ਦੇਣ ਦੇ ਨਾਲ-ਨਾਲ ਪਾਣੀ ਦੀ ਖਪਤ ਨੂੰ ਵੀ ਘਟਾਉਂਦੀਆਂ ਹਨ। ਪਹਿਲਗਾਮ ਦਹਿਸ਼ਤੀ ਹਮਲੇ ਤੋਂ ਬਾਅਦ ਕੇਂਦਰ ਵੱਲੋਂ ਸਿੰਧ ਜਲ ਸੰਧੀ ਨੂੰ ਮੁਅੱਤਲ ਕਰਨ ਦੇ ਫੈਸਲੇ ਦਾ ਹਵਾਲਾ ਦਿੰਦੇ ਹੋਏ ਚੌਹਾਨ ਨੇ ਕਿਹਾ ਕਿ ਸਿੰਧ, ਜੇਹਲਮ ਅਤੇ ਝਨਾਂ ਦਰਿਆਵਾਂ ਦੇ ਪਾਣੀ ਨੂੰ ਪੰਜਾਬ, ਹਰਿਆਣਾ ਅਤੇ ਰਾਜਸਥਾਨ ਲਈ ਵਰਤਣ ਦੀ ਕੋਸ਼ਿਸ਼ ਕੀਤੀ ਜਾਵੇਗੀ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਕਿਸਾਨਾਂ ਦੇ ਮੁੱਦਿਆਂ ਦਾ ਹੱਲ ਚਰਚਾ ਅਤੇ ਗੱਲਬਾਤ ਰਾਹੀਂ ਸੰਭਵ ਹੈ। ਕੇਂਦਰ ਦੇ 'ਵਿਕਸਤ ਕ੍ਰਿਸ਼ੀ ਸੰਕਲਪ ਅਭਿਆਨ' ਤਹਿਤ ਇਸ ਚਰਚਾ ਦੌਰਾਨ ਕਿਸਾਨਾਂ ਨੇ ਚੌਹਾਨ ਨੂੰ ਆਪਣੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ। ਚੌਹਾਨ ਦੇ ਨਾਲ ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਸਤਬੀਰ ਸਿੰਘ ਗੋਸਲ ਅਤੇ ਭਾਰਤੀ ਖੇਤੀਬਾੜੀ ਖੋਜ ਪ੍ਰੀਸ਼ਦ ਦੇ ਵਿਗਿਆਨੀ ਵੀ ਸਨ। ਦੇਸ਼ ਦੇ ਅਨਾਜ ਭੰਡਾਰਾਂ ਵਿੱਚ ਪੰਜਾਬ ਦੇ ਕਿਸਾਨਾਂ ਦੇ ਯੋਗਦਾਨ ਦੀ ਸ਼ਲਾਘਾ ਕਰਦੇ ਹੋਏ ਚੌਹਾਨ ਨੇ ਕਿਹਾ ਕਿ ਦੇਸ਼ ਨੇ ਇਸ ਸਾਲ ਕਣਕ, ਝੋਨਾ, ਮੱਕੀ ਅਤੇ ਸੋਇਆਬੀਨ ਦਾ ਰਿਕਾਰਡ ਉਤਪਾਦਨ ਕੀਤਾ ਹੈ। ਚੌਹਾਨ ਨੇ ਕਿਹਾ, 'ਪੰਜਾਬ ਨੇ ਇਸ ਵਿੱਚ ਸਭ ਤੋਂ ਵੱਡੀ ਭੂਮਿਕਾ ਨਿਭਾਈ ਅਤੇ ਮੈਂ ਪੰਜਾਬ ਦੀ ਧਰਤੀ ਨੂੰ ਨਮਨ ਕਰਦਾ ਹਾਂ।' ਕੇਂਦਰੀ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਉਦੇਸ਼ ਫਸਲੀ ਉਤਪਾਦਨ ਵਧਾਉਣਾ ਤੇ ਲਾਗਤ ਘਟਾਉਣਾ ਹੈ। ਉਨ੍ਹਾ ਕਿਹਾ ਕਿ ਕਿਸਾਨਾਂ ਨੂੰ ਉਨ੍ਹਾਂ ਦੀਆਂ ਫਸਲਾਂ ਦਾ ਲਾਹੇਵੰਦ ਭਾਅ ਮਿਲਣਾ ਚਾਹੀਦਾ ਹੈ ਅਤੇ ਜੇ ਉਨ੍ਹਾਂ ਨੂੰ ਕੋਈ ਨੁਕਸਾਨ ਹੁੰਦਾ ਹੈ ਤਾਂ ਉਨ੍ਹਾਂ ਨੂੰ ਮੁਆਵਜ਼ਾ ਦਿੱਤਾ ਜਾਣਾ ਚਾਹੀਦਾ ਹੈ।

ਚੌਹਾਨ ਨੇ ਕਿਹਾ ਕਿ ਉਹ ਕਿਸਾਨਾਂ ਵੱਲੋਂ ਅਪਣਾਈ ਜਾ ਰਹੀ ਝੋਨੇ ਦੀ ਸਿੱਧੀ ਬਿਜਾਈ ਤਕਨਾਲੋਜੀ ਤੋਂ ਪ੍ਰਭਾਵਤ ਹੋਏ ਹਨ ਅਤੇ ਉਹ ਹੋਰ ਕਿਸਾਨਾਂ ਨੂੰ ਘੱਟ ਪਾਣੀ ਦੀ ਖਪਤ ਲਈ ਇਸ ਨੂੰ ਅਪਣਾਉਣ ਦੀ ਅਪੀਲ ਕਰਨਗੇ। ਉਨ੍ਹਾ ਕਿਹਾ, 'ਮੈਨੂੰ ਸਿੱਧੀ ਬਿਜਾਈ, ਮਸ਼ਰੂਮ ਦੀ ਕਾਸ਼ਤ ਜਾਂ ਸਾਈਲੇਜ ਬਣਾਉਣ ਸਮੇਤ ਚੰਗੇ ਫਸਲੀ ਅਭਿਆਸਾਂ ਤੋਂ ਜਾਣੂ ਕਰਵਾਇਆ ਗਿਆ ਸੀ।' ਸਾਈਲੇਜ ਇੱਕ ਕਿਸਮ ਦਾ ਸੁਰੱਖਿਅਤ ਹਰਾ ਚਾਰਾ ਹੈ, ਜੋ ਜਾਨਵਰਾਂ ਲਈ ਇੱਕ ਪੌਸ਼ਟਿਕ ਅਤੇ ਸੰਤੁਲਤ ਖੁਰਾਕ ਹੈ। 'ਵਿਕਸਤ ਕ੍ਰਿਸ਼ੀ ਸੰਕਲਪ ਅਭਿਆਨ' ਦੇਸ਼ਵਿਆਪੀ ਮੁਹਿੰਮ ਬਾਰੇ ਚੌਹਾਨ ਨੇ ਕਿਹਾ ਕਿ ਉਹ ਕਿਸਾਨਾਂ ਨੂੰ ਮਿਲ ਰਹੇ ਹਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝ ਰਹੇ ਹਨ। ਇੱਕ ਸਵਾਲ • ਬਾਕੀ ਸਫਾ 2 'ਤੇ

## ਅੱਜ-ਨਾਮਾ

ਜਿੱਤ ਕ੍ਰਿਕਟ ਦੀ, ਜਸ਼ਨ ਜਦ ਹੋਵਣੇ ਸੀ,
ਪੁੱਜ ਗਈ ਭੀੜ ਸੀ ਲੱਖਾਂ ਦੇ ਤੁੱਲ ਬੇਲੀ।
ਜਿਹੜੀ ਪੁਲਸ ਪ੍ਰਬੰਧਾਂ ਲਈ ਗਈ ਲਾਈ,
ਹੈ ਸੀ ਹਜ਼ਾਰਾਂ ਦੀ ਬੱਸ ਉਹ ਕੁੱਲ ਬੇਲੀ।
ਗਲਤੀ ਕਿਸੇ ਥਾਂ ਰਹੀ ਤਾਂ ਸੀ ਲੋਕ ਡਿੱਗੇ,
ਬੱਸ ਫਿਰ ਪਈ ਹਨੇਰੀ ਇੱਕ ਝੁੱਲ ਬੇਲੀ।
ਕੁਝ ਸੀ ਮਰੇ ਤਾਂ ਹੋਏ ਕਈ ਹੋਰ ਜ਼ਖਮੀ,
ਹੋਏ ਕਈ ਘਰਾਂ ਦੇ ਦੀਵੇ ਈ ਗੁੱਲ ਬੇਲੀ।
ਮੁਆਵਜ਼ਾ ਦੇਣ ਦੇ ਆਉਣ ਐਲਾਨ ਲੱਗੇ,
ਕੇਂਦਰ ਤੇ ਰਾਜ ਦੀ ਲੱਗੀ ਆ ਹੋੜ ਬੇਲੀ।
ਅਸਲ ਮੁੱਦਾ ਐਲਾਨ ਵਿੱਚ ਲੱਭਦਾ ਨਹੀਂ,
ਭਾਜੜਾਂ ਰੋਕਣ ਦੀ ਪਹਿਲੜੀ ਲੋੜ ਬੇਲੀ।

-ਤੀਸ ਮਾਰ ਖਾਂ

# ਭਾਰਤੀ ਮਹਿਲਾ ਫੈਡਰੇਸ਼ਨ ਔਰਤਾਂ ਲਈ ਪ੍ਰੇਰਨਾਸਰੋਤ : ਨਰਿੰਦਰ ਸੋਹਲ, ਰਜਿੰਦਰਪਾਲ

**ਲੁਧਿਆਣਾ (ਨਵਾਂ ਜ਼ਮਾਨਾ ਸਰਵਿਸ)**



ਚਾਰ ਜੂਨ ਨੂੰ ਪੰਜਾਬ ਇਸਤਰੀ ਸਭਾ ਵੱਲੋਂ ਈਸੜੂ ਭਵਨ ਲੁਧਿਆਣਾ ਵਿਖੇ ਭਾਰਤੀ ਮਹਿਲਾ ਫੈਡਰੇਸ਼ਨ ਦੇ ਸਥਾਪਨਾ ਦਿਵਸ ਸੰਬੰਧੀ ਸੂਬਾ ਪੱਧਰੀ ਸਮਾਗਮ ਕੀਤਾ ਗਿਆ, ਜਿਸ ਦੀ ਪ੍ਰਧਾਨਗੀ ਸੂਬਾ ਪ੍ਰਧਾਨ ਰਜਿੰਦਰਪਾਲ ਕੌਰ ਅਤੇ ਜ਼ਿਲ੍ਹਾ ਪ੍ਰਧਾਨ ਗੁਰਚਰਨ ਕੋਚਰ ਨੇ ਕੀਤੀ। ਸੂਬਾ ਚੇਅਰਪਰਸਨ ਕੁਸ਼ਲ ਭੌਰਾ ਨੇ ਤਾੜੀਆਂ ਦੀ ਗੂੰਜ ਵਿੱਚ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਇਸ ਉਪਰੰਤ ਸੂਬਾ ਜਨਰਲ ਸਕੱਤਰ ਨਰਿੰਦਰ ਸੋਹਲ ਨੇ ਪ੍ਰੋਗਰਾਮ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਸਟੇਜ ਸਕੱਤਰ ਦੇ ਫਰਜ਼ ਬੜੇ ਸੁਚੱਜੇ ਢੰਗ ਨਾਲ ਨਿਭਾਏ। ਸਮਾਗਮ ਦਾ ਉਦਘਾਟਨ ਕੁਸ਼ਲ ਭੌਰਾ ਨੇ ਕੀਤਾ। ਇਸ ਤੋਂ ਇਲਾਵਾ ਸੂਬਾ ਪ੍ਰਧਾਨ ਰਜਿੰਦਰਪਾਲ ਕੌਰ, ਗੁਰਚਰਨ ਕੋਚਰ, ਕਾਮਰੇਡ ਮਨਿੰਦਰ ਭਾਟੀਆ, ਕਾਮਰੇਡ ਡੀ.ਪੀ ਮੌੜ, ਡਾਕਟਰ ਕੁਸਮ ਲਤਾ ਅਤੇ ਐੱਨ ਐੱਫ ਆਈ ਡਬਲਿਊ ਦੇ ਚੰਡੀਗੜ੍ਹ ਯੂਨਿਟ ਦੇ ਜਨਰਲ ਸਕੱਤਰ ਵੀਨਾ ਜੰਮੂ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵੋਮੈਨ ਦੇ ਇਤਿਹਾਸ ਬਾਰੇ ਗੱਲਬਾਤ ਕਰਦਿਆਂ ਕਿਹਾ ਕਿ ਇਸ ਜੱਥੇਬੰਦੀ ਦੀ ਸਥਾਪਨਾ 4 ਜੂਨ 1954 ਨੂੰ ਹੋਈ ਸੀ ਅਤੇ ਅੱਜ 71ਵਾਂ ਸਥਾਪਨਾ ਦਿਵਸ ਮਨਾਇਆ ਜਾ ਰਿਹਾ ਹੈ। ਇਹ ਦਿਨ ਨਾ ਸਿਰਫ ਸਾਡੇ ਸੰਗਠਨ ਦੇ ਇਤਿਹਾਸਕ ਸਫਰ ਦਾ ਜਸ਼ਨ ਹੈ, ਸਗੋਂ ਔਰਤਾਂ ਦੇ ਅਧਿਕਾਰਾਂ ਲਈ ਦਹਾਕਿਆਂ ਤੋਂ ਚੱਲੇ ਆ ਰਹੇ ਸੰਘਰਸ਼, ਸਮਰਪਣ ਅਤੇ ਹਿੰਮਤ ਦੀ ਮਾਨਤਾ ਵੀ ਹੈ। ਜੱਥੇਬੰਦੀ ਦੇ ਅੰਦੋਲਨ ਅਤੇ ਪ੍ਰਾਪਤੀਆਂ ਦਾ ਇੱਕ ਸ਼ਾਨਦਾਰ ਇਤਿਹਾਸ ਹੈ। ਇਸ ਨੇ ਔਰਤਾਂ ਉੱਤੇ ਕੀਤੇ ਜਾ ਰਹੇ ਜ਼ੁਲਮ ਅਤੇ ਅੱਤਿਆਚਾਰਾਂ ਵਿਰੁੱਧ ਹਮੇਸ਼ਾ ਆਵਾਜ਼ ਬੁਲੰਦ ਕੀਤੀ ਹੈ ਅਤੇ ਆਰਥਿਕ ਤੌਰ 'ਤੇ ਪੱਛੜੀਆਂ ਔਰਤਾਂ ਦੀ ਬੁਲੰਦ ਆਵਾਜ਼ ਬਣ ਕੇ ਮਹਿਲਾ ਵਿਰੋਧੀ ਸਰਕਾਰਾਂ ਵਿਰੁੱਧ ਵੀ ਅੰਦੋਲਨ ਕਰਦਾ ਰਿਹਾ ਹੈ। ਜੱਥੇਬੰਦੀ ਸੰਸਦ ਵਿੱਚ ਔਰਤਾਂ ਨੂੰ ਰਾਖਵਾਂਕਰਨ ਦਿਵਾਉਣ ਲਈ ਵੀ ਲੜਦੀ ਆ ਰਹੀ ਹੈ। ਭਾਰਤੀ ਮਹਿਲਾ ਫੈਡਰੇਸ਼ਨ ਔਰਤਾਂ ਲਈ ਪ੍ਰੇਰਨਾ-ਸਰੋਤ ਹੈ।

ਪ੍ਰੋਗਰਾਮ ਵਿੱਚ ਮਹਿਲਾ ਸਸ਼ਕਤੀਕਰਨ, ਸਿੱਖਿਆ, ਸਿਹਤ ਅਤੇ ਸਮਾਜਿਕ ਸਮਾਨਤਾ ਵਰਗੇ ਮੁੱਦਿਆਂ 'ਤੇ ਚਰਚਾ ਕੀਤੀ ਗਈ ਕਿ ਔਰਤਾਂ ਨੂੰ ਸਮਾਜ ਵਿੱਚ ਸੁਰੱਖਿਆ ਅਤੇ ਸਨਮਾਨ ਮਿਲਣਾ ਚਾਹੀਦਾ ਹੈ। ਇਸ ਮੌਕੇ ਤਰਨ ਤਾਰਨ ਤੋਂ ਰੁਪਿੰਦਰ ਮਾੜੀਮੇਘਾ ਤੇ ਕਿਰਨਬੀਰ, ਫਾਜ਼ਿਲਕਾ ਤੋਂ ਜੋਗਿੰਦਰ ਕੌਰ, ਜਲੰਧਰ ਤੋਂ ਸੰਤੋਸ਼ ਬਰਾੜ, ਬਠਿੰਡਾ ਤੋਂ ਗੁਰਬਖਸ਼ ਕੌਰ, ਫਿਰੋਜ਼ਪੁਰ ਤੋਂ ਤ੍ਰਿਪਤ ਕਾਲੀਆ ਤੇ ਨਸੀਬ ਕੌਰ, ਸੰਗਰੂਰ ਤੋਂ ਸੁਰਿੰਦਰ ਤੇ ਬਿੰਦਰ, ਨਵਾਂ ਸ਼ਹਿਰ ਤੋਂ ਗੁਰਬਖਸ਼ ਕੌਰ, ਪਟਿਆਲਾ ਤੋਂ ਬਲਜੀਤ ਗਦਾਈਆ, ਲੁਧਿਆਣਾ ਤੋਂ ਗੁਰਚਰਨ ਕੋਚਰ ਤੇ ਕੁਲਵੰਤ ਕੌਰ, ਅੰਮ੍ਰਿਤਸਰ ਤੋਂ ਪ੍ਰਵੀਨ, ਫਰੀਦਕੋਟ ਤੋਂ ਮਨਜੀਤ ਕੌਰ ਤੇ ਆਸ਼ਾ ਰਾਣੀ, ਮੁਕਤਸਰ ਤੋਂ ਸੁਦੇਸ਼, ਬਰਨਾਲਾ ਤੋਂ ਦਲਜੀਤ ਨੋਗੀ, ਮੋਗੇ ਤੋਂ ਸਰਬਜੀਤ ਸਿਮੀ ਜਥੇ ਲੈ ਕੇ ਆਏ। ਹਰਜੀਤ ਢੰਡੀਆਂ ਨੌਜਵਾਨ ਲੜਕੀਆਂ ਦਾ ਜਥਾ ਲੈ ਕੇ ਪਹੁੰਚੇ। ਰਵਿੰਦਰਜੀਤ ਕੌਰ, ਅਮਰਜੀਤ ਬਠਿੰਡਾ, ਸੁਸ਼ਮਾ ਗੋਲਡਨ, ਰਣਵੀਰ ਢਾਬਾਂ, ਉਪਦੇਸ਼, ਸੁਮਿੱਤਰਾ ਚੰਡੀਗੜ੍ਹ, ਸ਼ਵਿੰਦਰ ਕੌਰ ਆਦਿ ਨੇ ਵੀ ਹਾਜ਼ਰੀ ਲਗਵਾਈ। ਪੰਜਾਬ ਇਸਤਰੀ ਸਭਾ ਵੱਲੋਂ ਇਸ ਮੌਕੇ ਗੁਰਚਰਨ ਕੋਚਰ ਅਤੇ ਜੀਤ ਕੁਮਾਰੀ ਜੀ ਨੂੰ ਸਨਮਾਨਿਤ ਵੀ ਕੀਤਾ ਗਿਆ। ਅੰਤ ਵਿੱਚ ਪ੍ਰਧਾਨ ਡਾਕਟਰ ਗੁਰਚਰਨ ਕੌਰ ਕੋਚਰ ਨੇ ਸਭ ਦਾ ਧੰਨਵਾਦ ਕੀਤਾ ਅਤੇ ਇੱਕ ਮਤਾ ਵੀ ਰੱਖਿਆ ਕਿ ਲੁਧਿਆਣਾ ਵਿੱਚ ਲੜਕੀਆਂ ਦੇ ਕਾਲਜ ਨੇੜਲੀ ਗਰਾਊਂਡ ਨੂੰ ਪਾਰਕਿੰਗ ਵਿੱਚ ਬਦਲਿਆ ਜਾ ਰਿਹਾ ਹੈ, ਜੋ ਕਿ ਅਤਿ ਨਿੰਦਣਯੋਗ ਹੈ। ਗਰਾਊਂਡ ਕਾਲਜ ਕੋਲ ਹੀ ਰਹਿਣੀ ਚਾਹੀਦੀ ਹੈ। ਇਹ ਮਤਾ ਸਰਬ-ਸੰਮਤੀ ਨਾਲ ਪਾਸ ਕੀਤਾ ਗਿਆ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਬ-ਜੇਲ੍ਹ 'ਚ ਮੁਫ਼ਤ ਮੈਡੀਕਲ ਕੈਂਪ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਬ-ਜੇਲ੍ਹ ਮੋਗਾ ਵਿਖੇ ਸਰਬਜੀਤ ਸਿੰਘ ਧਾਲੀਵਾਲ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਦੀ ਅਗਵਾਈ ਹੇਠ ਸਬ-ਜੇਲ੍ਹ ਮੋਗਾ ਵਿਖੇ ਬੰਦੀਆਂ/ਹਵਾਲਾਤੀਆਂ ਲਈ ਮੈਡੀਕਲ ਕੈਂਪ ਲਗਾਇਆ ਗਿਆ। ਇਸ ਮੌਕੇ ਡਾ. ਚਰਨਪ੍ਰੀਤ ਸਿੰਘ ਮਨੋਰੋਗ ਮਾਹਿਰ, ਡਾ. ਰੂਪਾਲੀ ਅੱਖਾਂ ਦੇ ਸਪੈਸ਼ਲਿਸਟ, ਡਾ. ਗੌਤਮਵੀਰ ਸੋਢੀ ਡੈਂਟਿਸਟ, ਡਾ. ਮਨਿੰਦਰਜੀਤ ਸਿੰਘ ਓਰਥੋ, ਡਾ. ਜਸਪ੍ਰੀਤ ਕੌਰ ਸਕਿਨ ਸਪੈਸ਼ਲਿਸਟ, ਡਾ. ਅਸ਼ਮਿਤਾ ਸਿੰਗਾ ਐੱਮ.ਡੀ. ਤੇ ਡਾ. ਗੁਰਅੰਕਣ ਕੌਰ ਐੱਮ.ਡੀ ਸਿਵਲ ਹਸਪਤਾਲ ਮੋਗਾ ਮੌਜੂਦ ਸਨ। ਇਸ ਕੈਂਪ ਵਿੱਚ ਉਕਤ ਟੀਮ ਵੱਲੋਂ ਕੁੱਲ 84 ਬੰਦੀਆਂ/ਹਵਾਲਾਤੀਆਂ ਦਾ ਚੈੱਕਅਪ ਕੀਤਾ ਗਿਆ ਤੇ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ। ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ ਮੋਗਾ ਵੱਲੋਂ ਕੈਦੀਆਂ/ਹਵਾਲਾਤੀਆਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਗਿਆ ਤੇ ਨਿਪਟਾਰਾ ਕੀਤਾ ਗਿਆ। ਸਰਬਜੀਤ ਸਿੰਘ ਧਾਲੀਵਾਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਵਾਲਾਤੀਆਂ ਤੇ ਬੰਦੀਆਂ ਦੀ ਚੰਗੀ ਸਿਹਤ ਲਈ ਅਜਿਹੇ ਹੋਰ ਮੈਡੀਕਲ ਕੈਂਪ ਲਗਾਉਣ ਦੇ ਯਤਨ ਤੇ ਭਵਿੱਖ ਵਿੱਚ ਵੀ ਲਗਾਉਂਦੇ ਰਹਾਂਗੇ। ਉਨ੍ਹਾਂ ਵੱਲੋਂ ਮੌਜੂਦ ਹਵਾਲਾਤੀਆਂ ਤੇ ਬੰਦੀਆਂ ਨੂੰ ਉਨ੍ਹਾਂ ਦੇ ਅਧਿਕਾਰਾਂ ਬਾਰੇ ਜਾਗਰੂਕ ਕਰਵਾਇਆ ਤੇ ਮੁਫ਼ਤ ਕਾਨੂੰਨੀ ਸਹਾਇਤਾ ਬਾਰੇ ਦੱਸਿਆ। ਉਨ੍ਹਾਂ ਦੱਸਿਆ ਕਿ ਜੇਲ੍ਹ ਵਿੱਚ ਬੰਦ ਹਵਾਲਾਤੀ/ਬੰਦੀ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਵੱਲੋਂ ਮੁਫ਼ਤ ਕਾਨੂੰਨੀ ਸਹਾਇਤਾ ਸਕੀਮ ਤਹਿਤ ਮੁਫ਼ਤ ਵਕੀਲ ਦੀਆਂ ਸੇਵਾਵਾਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ ਤੇ ਕਿਸੇ ਵੀ ਤਰ੍ਹਾਂ ਦਾ ਖਰਚਾ ਨਹੀਂ ਹੁੰਦਾ, ਸਾਰਾ ਖਰਚਾ ਇਸ ਅਥਾਰਟੀ ਵੱਲੋਂ ਕੀਤਾ ਜਾਂਦਾ ਹੈ ਅਤੇ ਨਾਲ ਹੀ ਉਨ੍ਹਾਂ ਦੀਆਂ ਦੀ ਮੁਸ਼ਕਲਾਂ ਨੂੰ ਸੁਣਿਆ ਗਿਆ। ਇਸ ਮੌਕੇ ਕਿਰਨ ਜਯੋਤੀ ਸੀ.ਜੇ.ਐੱਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ, ਮਿਸ ਇਤੂ ਸੋਢੀ ਪ੍ਰਿੰਸੀਪਲ ਜੱਜ ਜੁਵੇਨਾਈਲ ਜਸਟਿਸ ਬੋਰਡ ਮੋਗਾ ਤੇ ਗੁਰਿੰਦਰ ਸਿੰਘ ਸੁਪਰਡੈਂਟ ਸੈਸ਼ਨ ਡਵੀਜ਼ਨ ਮੋਗਾ ਤੇ ਸਮੀਰ ਗੁਪਤਾ, ਚੀਫ ਲੀਗਲ ਏਡ ਡਿਫੈਂਸ ਕਾਊਂਸਲ ਤੇ ਪ੍ਰੀਤਇੰਦਰ ਸਿੰਘ ਗਿੱਲ ਡਿਪਟੀ ਚੀਫ ਲੀਗਲ ਏਡ ਡਿਫੈਂਸ ਕਾਊਂਸਲ ਮੋਗਾ ਹਾਜ਼ਰ ਸਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਨੇ ਮਨਾਇਆ ਪਲੇਸਮੈਂਟ ਦਿਵਸ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ ਪਲੇਸਮੈਂਟ ਦਿਵਸ 2025 ਬਹੁਤ ਮਾਣ ਤੇ ਉਤਸ਼ਾਹ ਨਾਲ ਮਨਾਇਆ।ਯੂਨੀਵਰਸਿਟੀ ਦੇ ਸਿਖਲਾਈ ਅਤੇ ਪਲੇਸਮੈਂਟ ਸੈੱਲ ਦੁਆਰਾ ਆਯੋਜਤ ਇਹ ਸਮਾਗਮ 2024-2025 ਦੇ ਅਕਾਦਮਿਕ ਸੈਸ਼ਨ ਦੌਰਾਨ ਨਾਮਵਰ ਸੰਸਥਾਵਾਂ ਵਿੱਚ ਪਲੇਸਮੈਂਟ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਨੂੰ ਮਾਨਤਾ ਦੇਣ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਸੀ।ਪੂਰੇ ਅਕਾਦਮਿਕ ਸਾਲ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸਿਖਲਾਈ ਅਤੇ ਪਲੇਸਮੈਂਟ ਸੈੱਲ ਨੇ ਕਈ ਪ੍ਰਭਾਵਸ਼ਾਲੀ ਪਹਿਲਕਦਮੀਆਂ ਕੀਤੀਆਂ, ਜਿਨ੍ਹਾਂ ਵਿੱਚ ਮੈਗਾ ਕਰੀਅਰ ਮੇਲਾ 2025, ਕਈ ਪਲੇਸਮੈਂਟ ਹਫ਼ਤੇ ਤੇ ਕੇਂਦ੍ਰਿਤ ਕੈਂਪਸ ਭਰਤੀ ਡਰਾਈਵ ਸ਼ਾਮਲ ਹਨ।ਇਨ੍ਹਾਂ ਸਮਾਗਮਾਂ ਨੇ ਵਿਦਿਆਰਥੀਆਂ ਲਈ ਵੱਖ-ਵੱਖ ਉਦਯੋਗਾਂ ਦੇ ਮੋਹਰੀ ਮਾਲਕਾਂ ਨਾਲ ਸਿੱਧੇ ਤੌਰ 'ਤੇ ਜੁੜਨ ਲਈ ਕੀਮਤੀ ਪਲੇਟਫਾਰਮ ਤਿਆਰ ਕੀਤੇ।ਮਹੱਤਵਪੂਰਨ ਪਲੇਸਮੈਂਟ ਹਾਈਲਾਈਟਸ ਵਿੱਚੋਂ ਏ.ਡੀ.ਵੀ.ਆਈ. ਗਰੁੱਪ ਆਫ਼ ਇੰਸਟੀਚਿਊਟਸ ਨੇ ਬੀ.ਟੈਕ (ਕੰਪਿਊਟਰ ਸਾਇੰਸ) ਪ੍ਰੋਗਰਾਮ ਦੇ ਵਿਦਿਆਰਥੀਆਂ ਨੂੰ ਸਾਲਾਨਾ 14 ਲੱਖ ਰੁਪਏ ਦਾ ਪ੍ਰਭਾਵਸ਼ਾਲੀ ਪੈਕੇਜ ਪੇਸ਼ ਕੀਤਾ।ਸਕਿੱਲ ਕਾਰਟ ਲੁਧਿਆਣਾ ਨੇ ਕਾਮਰਸ ਅਤੇ ਮੈਨੇਜਮੈਂਟ ਸਟ੍ਰੀਮਾਂ ਦੇ ਵਿਦਿਆਰਥੀਆਂ ਨੂੰ ਸਾਲਾਨਾ 11 ਲੱਖ ਰੁਪਏ ਦੀ ਇੱਕ ਮੁਨਾਫ਼ੇ ਵਾਲੀ ਪੇਸ਼ਕਸ਼ ਕੀਤੀ।ਫਿਟੇਲੋ ਨੇ ਫੂਡ ਪ੍ਰੋਸੈਸਿੰਗ ਅਤੇ ਟੈਕਨਾਲੋਜੀ ਦੇ ਵਿਦਿਆਰਥੀਆਂ ਨੂੰ ਭਰਤੀ ਕੀਤਾ ਤੇ ਆਕਰਸ਼ਕ ਪੈਕੇਜ ਦਿੱਤੇ, ਜਦੋਂ ਕਿ ਲਰਨਿੰਗ ਰੂਟਸ ਨੇ ਸਾਲਾਨਾ 6 ਲੱਖ ਰੁਪਏ ਦੇ ਪੈਕੇਜ ਦੀ ਪੇਸ਼ਕਸ਼ ਕੀਤੀ।ਐਕਸਿਸ ਬੈਂਕ ਨੇ ਸਾਲਾਨਾ 4 ਲੱਖ ਰੁਪਏ ਦੇ ਪੈਕੇਜ ਦੀ ਪੇਸ਼ਕਸ਼ ਕਰਦੇ ਹੋਏ ਸੰਚਾਲਨ ਤੇ ਵਿਕਰੀ ਪ੍ਰੋਫਾਈਲਾਂ ਲਈ ਵਿਦਿਆਰਥੀਆਂ ਦੀ ਚੋਣ ਕੀਤੀ।ਇਸ ਤੋਂ ਇਲਾਵਾ, ਬੀਬੀਏ, ਬੀ.ਕਾਮ, ਬੀਸੀਏ ਤੇ ਬੀਏ ਦੇ 27 ਵਿਦਿਆਰਥੀਆਂ ਨੂੰ ਪੇਟੀਐਮ ਸੇਵਾਵਾਂ ਵਿੱਚ ਸਫ਼ਲਤਾਪੂਰਵਕ ਪਲੇਸਮੈਂਟ ਦਿੱਤੀ ਗਈ।ਅਕਾਲ ਅਕੈਡਮੀ ਦੁਆਰਾ ਬੇਸਿਕ ਸਾਇੰਸਜ਼ (ਭੌਤਿਕ ਵਿਗਿਆਨ ਤੇ ਗਣਿਤ), ਅੰਗਰੇਜ਼ੀ ਅਤੇ ਸਿੱਖਿਆ ਵਿਭਾਗਾਂ ਦੇ 69 ਵਿਦਿਆਰਥੀਆਂ ਦੀ ਪਲੇਸਮੈਂਟ ਇੱਕ ਮਹੱਤਵਪੂਰਨ ਪ੍ਰਾਪਤੀ ਸੀ, ਜੋ ਕਿ ਵਿਭਿੰਨ ਅਕਾਦਮਿਕ ਵਿਸ਼ਿਆਂ ਵਿੱਚ ਯੂਨੀਵਰਸਿਟੀ ਦੇ ਮਜ਼ਬੂਤ ਪਲੇਸਮੈਂਟ ਆਊਟਰੀਚ ਨੂੰ ਦਰਸਾਉਂਦੀ ਹੈ।ਟ੍ਰੇਨਿੰਗ ਅਤੇ ਪਲੇਸਮੈਂਟ ਸੈੱਲ ਦੇ ਇੰਚਾਰਜ ਡਾ. ਕਮਲਜੀਤ ਕੌਰ ਨੇ ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ, ਡਾ. ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ, ਸਮੇਤ ਵਿਸ਼ੇਸ਼ ਮਹਿਮਾਨਾਂ, ਫੈਕਲਟੀ ਮੈਂਬਰਾਂ, ਭਰਤੀ ਕਰਨ ਵਾਲਿਆਂ ਤੇ ਵਿਦਿਆਰਥੀਆਂ ਦਾ ਰਸਮੀ ਸਵਾਗਤ ਕੀਤਾ। ਆਪਣੇ ਸੰਬੋਧਨ ਵਿੱਚ ਉਨ੍ਹਾਂ ਪਲੇਸਮੈਂਟ ਸੈੱਲ, ਫੈਕਲਟੀ ਅਤੇ ਕਾਰਪੋਰੇਟ ਭਾਈਵਾਲਾਂ ਦੇ ਪਲੇਸਮੈਂਟ ਸੀਜ਼ਨ ਨੂੰ ਸਫਲ ਬਣਾਉਣ ਤੇ ਵਿਦਿਆਰਥੀਆਂ ਨੂੰ ਆਪਣੇ ਪੇਸ਼ੇਵਰ ਕਰੀਅਰ ਵੱਲ ਭਰੋਸੇਮੰਦ ਕਦਮ ਚੁੱਕਣ ਲਈ ਮੌਕੇ ਪ੍ਰਦਾਨ ਕਰਨ ਲਈ ਧੰਨਵਾਦ ਕੀਤਾ।ਇਕੱਠ ਨੂੰ ਸੰਬੋਧਨ ਕਰਦੇ ਹੋਏ, ਵਾਈਸ ਚਾਂਸਲਰ ਡਾ. ਪ੍ਰਿਤਪਾਲ ਸਿੰਘ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ 'ਤੇ ਮਾਣ ਪ੍ਰਗਟ ਕੀਤਾ।

## ਪੰਜਾਬ ਦੇ 33 ਲੱਖ ਮੁਫ਼ਤ ਰਾਸ਼ਨ ਧਾਰਕਾਂ 'ਤੇ ਲਟਕੀ ਤਲਵਾਰ!

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਦੀ ਸਮਾਰਟ ਰਾਸ਼ਨ ਕਾਰਡ ਸਕੀਮ ਦੇ ਕਰੀਬ 33 ਲੱਖ ਮੈਂਬਰ ਪਹਿਲੀ ਜੁਲਾਈ ਤੋਂ ਮੁਫ਼ਤ ਅਨਾਜ ਲੈਣ ਤੋਂ ਵਾਂਝੇ ਰਹਿ ਸਕਦੇ ਹਨ, ਕਿਉਂਕਿ ਉਹ ਕੇਂਦਰ ਸਰਕਾਰ ਵੱਲੋਂ ਤੈਅ 31 ਮਈ ਤੱਕ ਈ ਕੇ ਵਾਈ ਸੀ ਪ੍ਰਮਾਣਿਕਤਾ ਕਰਵਾਉਣ ਵਿੱਚ ਅਸਫ਼ਲ ਰਹੇ ਹਨ। ਕੌਮੀ ਖ਼ੁਰਾਕ ਸੁਰੱਖਿਆ ਐਕਟ ਤਹਿਤ ਕੇਂਦਰ ਸਰਕਾਰ ਨੇ 31 ਮਈ ਤੱਕ ਦੇਸ਼ ਭਰ ਦੇ ਲਾਭਪਾਤਰੀਆਂ ਲਈ ਈਕੇਵਾਈਸੀ ਪ੍ਰਮਾਣਿਕਤਾ ਕਰਾਉਣੀ ਲਾਜ਼ਮੀ ਕਰਾਰ ਦਿੱਤੀ ਸੀ।ਪੰਜਾਬ ਸਰਕਾਰ ਵੱਲੋਂ ਵੀ ਈਕੇਵਾਈਸੀ ਲਈ ਮੁਹਿੰਮ ਚਲਾਈ ਗਈ ਸੀ ਤਾਂ ਜੋ ਸਾਰੇ ਲਾਭਪਾਤਰੀ ਇਸ ਯੋਜਨਾ ਦਾ ਲਾਭ ਲੈ ਸਕਣ।ਕੇਂਦਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲਾਭਪਾਤਰੀਆਂ ਵੱਲੋਂ ਈਕੇਵਾਈਸੀ ਨਾ ਕਰਾਏ ਜਾਣ ਦੀ ਸੂਰਤ ਵਿੱਚ ਕਣਕ ਦੀ ਮੁਫ਼ਤ ਸਪਲਾਈ ਤੋਂ ਜੁਲਾਈ ਤੋਂ ਹੱਥ ਧੋਣੇ ਪੈਣਗੇ।ਰਾਸ਼ਨ ਕਾਰਡ ਦੇ ਬਾਇਓਮੈਟ੍ਰਿਕਸ ਤੋਂ ਇਲਾਵਾ ਆਧਾਰ ਨਾਲ ਜੋੜਨਾ ਲਾਜ਼ਮੀ ਕੀਤਾ ਗਿਆ ਹੈ।ਇਸ ਦਾ ਮਕਸਦ ਅਯੋਗ ਲਾਭਪਾਤਰੀਆਂ ਦੀ ਛਾਂਟੀ ਕਰਨਾ ਹੈ।ਪੰਜਾਬ ਵਿੱਚ ਇਸ ਵੇਲੇ ਅਪ੍ਰੈਲ ਤੋਂ ਜੂਨ ਤੱਕ ਦਾ ਮੁਫ਼ਤ ਅਨਾਜ ਵੰਡਿਆ ਜਾ ਰਿਹਾ ਹੈ।ਪਹਿਲੀ ਜੁਲਾਈ ਤੋਂ 33 ਲੱਖ ਲਾਭਪਾਤਰੀਆਂ ਨੂੰ ਮਿਲਣ ਵਾਲੇ ਅਨਾਜ 'ਤੇ ਤਲਵਾਰ ਲਟਕ ਸਕਦੀ ਹੈ।ਵੇਰਵਿਆਂ ਅਨੁਸਾਰ ਕੇਂਦਰ ਸਰਕਾਰ ਦੇ ਫ਼ੈਸਲੇ ਅਨੁਸਾਰ 20 ਮਈ ਨੂੰ ਸਾਰੇ ਜ਼ਿਲ੍ਹਾ ਖ਼ੁਰਾਕ ਤੇ ਸਪਲਾਈ ਕੰਟਰੋਲਰਾਂ ਦੀ ਇੱਕ ਮੀਟਿੰਗ ਹੋਈ ਸੀ, ਜਿਸ 'ਚ ਅਧਿਕਾਰੀਆਂ ਨੂੰ ਕਥਿਤ ਤੌਰ 'ਤੇ ਨਿਰਦੇਸ਼ ਦਿੱਤੇ ਗਏ ਸਨ ਕਿ ਅਗਲੀ ਤਿਮਾਹੀ (ਜੁਲਾਈ-ਸਤੰਬਰ) ਲਈ ਲਾਭਪਾਤਰੀਆਂ ਨੂੰ ਮੁਫ਼ਤ ਕਣਕ ਸਿਰਫ਼ ਉਨ੍ਹਾਂ ਲਾਭਪਾਤਰੀਆਂ ਨੂੰ ਵੰਡੇ ਜਾਣ ਨੂੰ ਯਕੀਨੀ ਬਣਾਈ ਜਾਵੇ, ਜਿਨ੍ਹਾਂ ਦੇ ਰਾਸ਼ਨ ਕਾਰਡ ਵਿੱਚ ਪਰਿਵਾਰ ਦੇ ਮੁਖੀ ਦੀ ਈਕੇਵਾਈਸੀ ਹੋ ਚੁੱਕੀ ਹੋਵੇ।ਖ਼ੁਰਾਕ ਤੇ ਸਪਲਾਈ ਵਿਭਾਗ ਦੇ ਇੱਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਈਕੇਵਾਈਸੀ ਦੀ ਪ੍ਰਕਿਰਿਆ ਚੱਲ ਰਹੀ ਹੈ ਤੇ ਪ੍ਰਧਾਨ ਮੰਤਰੀ ਗ਼ਰੀਬ ਕਲਿਆਣ ਅੰਨ ਯੋਜਨਾ ਤਹਿਤ ਕੁੱਲ 1.59 ਕਰੋੜ ਲਾਭਪਾਤਰੀਆਂ ਵਿੱਚੋਂ 78.90 ਫ਼ੀਸਦ ਦੀ ਈਕੇਵਾਈਸੀ ਪ੍ਰਮਾਣਿਕਤਾ ਪੂਰੀ ਹੋ ਚੁੱਕੀ ਹੈ।ਭਾਵ ਸਵਾ ਕਰੋੜ ਲਾਭਪਾਤਰੀ ਈਕੇਵਾਈਸੀ ਕਰਵਾ ਚੁੱਕੇ ਹਨ ਤੇ 11,952 ਹੋਰ ਲਾਭਪਾਤਰੀਆਂ ਦੀ ਪ੍ਰਮਾਣਿਕਤਾ ਪ੍ਰਕਿਰਿਆ ਅਧੀਨ ਹੈ।ਅਧਿਕਾਰੀ ਨੇ ਕਿਹਾ ਕਿ ਉਹ ਇਹ ਯਕੀਨੀ ਬਣਾਉਣਾ ਚਾਹੁੰਦੇ ਹਨ ਕਿ ਸਿਰਫ਼ ਯੋਗ ਲਾਭਪਾਤਰੀਆਂ ਨੂੰ ਹੀ ਮੁਫ਼ਤ ਅਨਾਜ ਮਿਲੇ।ਉਨ੍ਹਾਂ ਕਿਹਾ ਕਿ ਸਾਰੇ ਲਾਭਪਾਤਰੀਆਂ ਨੂੰ ਈਕੇਵਾਈਸੀ ਕਰਾਉਣ ਲਈ ਢੁੱਕਵਾਂ ਸਮਾਂ ਦਿੱਤਾ ਗਿਆ ਸੀ।ਜਾਣਕਾਰੀ ਅਨੁਸਾਰ ਕਈ ਸੂਬਿਆਂ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਬਾਇਓਮੈਟ੍ਰਿਕਸ ਤੇ ਆਧਾਰ ਲਿੰਕਜ਼ ਨੂੰ ਪ੍ਰਮਾਣਿਤ ਕਰਨ ਲਈ ਈਕੇਵਾਈਸੀ ਲਈ ਸਮਾਂ ਵਧਾਇਆ ਜਾਵੇ, ਪ੍ਰੰਤੂ ਪੰਜਾਬ ਵੱਲ ਅਜਿਹੀ ਮੰਗ ਕੀਤੇ ਜਾਣ ਬਾਰੇ ਕੋਈ ਪੁਸ਼ਟੀ ਨਹੀਂ ਹੋਈ ਹੈ। ਚੇਤੇ ਰਹੇ ਕਿ 'ਆਪ' ਸਰਕਾਰ ਨੇ ਲਾਭਪਾਤਰੀਆਂ ਦੀ ਫਿਜ਼ੀਕਲ ਵੈਰੀਫਿਕੇਸ਼ਨ ਵੀ ਕੀਤੀ ਸੀ, ਜਿਸ ਵਿੱਚ ਵੱਡੀ ਗਿਣਤੀ ਵਿੱਚ ਲਾਭਪਾਤਰੀ ਅਯੋਗ ਪਾਏ ਗਏ ਸਨ।ਉਸ ਸਮੇਂ ਸੂਬੇ ਵਿੱਚ ਸਿਆਸੀ ਤੂਫ਼ਾਨ ਖੜ੍ਹਾ ਹੋ ਗਿਆ ਸੀ, ਕਿਉਂਕਿ ਘਰਾਂ 'ਚੋਂ ਗ਼ੈਰ-ਹਾਜ਼ਰ ਲੋਕ ਵੀ ਅਯੋਗ ਐਲਾਨ ਦਿੱਤੇ ਗਏ ਸਨ।

## ਨਗਰ ਕੌਂਸਲ ਦੀ ਮੀਟਿੰਗ 'ਚ ਸਿਹਤ ਵਿਭਾਗ ਨੂੰ 4 ਏਕੜ ਜ਼ਮੀਨ ਦੇਣ ਤੇ ਲੇਡੀਜ਼ ਜਿੰਮ ਖੋਲ੍ਹਣ ਦਾ ਮਤਾ ਪਾਸ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨਗਰ ਕੌਂਸਲ ਮਾਛੀਵਾੜਾ ਦੀ ਇੱਕ ਮੀਟਿੰਗ ਸਥਾਨਕ ਦਫ਼ਤਰ ਵਿਖੇ ਪ੍ਰਧਾਨ ਮੋਹਿਤ ਕੁੰਦਰਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਮੂਹ ਕੌਂਸਲਰਾਂ ਨੇ ਭਾਗ ਲਿਆ। ਮੀਟਿੰਗ ਵਿੱਚ ਸਭ ਤੋਂ ਪਹਿਲਾਂ ਪ੍ਰਧਾਨ ਮੋਹਿਤ ਕੁੰਦਰਾ ਨੇ ਕਿਹਾ ਕਿ ਮਾਛੀਵਾੜਾ ਸਾਹਿਬ ਦੀ ਇਤਿਹਾਸਕ ਧਰਤੀ 'ਤੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਦੇ ਯਤਨਾਂ ਸਦਕਾ ਸਰਕਾਰੀ ਹੋਮਿਓਪੈਥਿਕ ਹਸਪਤਾਲ ਤੇ ਕਾਲਜ ਨੂੰ ਪ੍ਰਵਾਨਗੀ ਮਿਲ ਗਈ ਹੈ ਤੇ ਹੁਣ ਨਗਰ ਕੌਂਸਲ ਨੂੰ 4 ਏਕੜ ਜ਼ਮੀਨ ਸਿਹਤ ਵਿਭਾਗ ਦੇ ਨਾਮ ਤਬਦੀਲ ਕਰਵਾਉਣੀ ਹੈ, ਜਿਸ 'ਤੇ ਸਮੂਹ ਕੌਂਸਲਰਾਂ ਨੇ ਮਤਾ ਪਾਸ ਕਰਕੇ ਇਸ ਜ਼ਮੀਨ ਦੀ ਰਜਿਸਟਰੀ ਕਰਵਾਉਣ ਦੀ ਮਨਜ਼ੂਰੀ ਦੇ ਦਿੱਤੀ। ਇਸ ਤੋਂ ਇਲਾਵਾ ਮੀਟਿੰਗ ਵਿੱਚ ਰਤੀਪੁਰ ਰੋਡ 'ਤੇ ਤਹਿਸੀਲ ਨੇੜੇ ਜੋ ਨਗਰ ਕੌਂਸਲ ਦੀ ਖਾਲੀ ਜਗ੍ਹਾ ਪਈ ਹੈ, ਉਸ ਵਿੱਚ ਲੇਡੀਜ਼ ਜਿੰਮ ਬਣਾਉਣ ਦੀ ਪ੍ਰਵਾਨਗੀ ਦਿੱਤੀ ਗਈ। ਪ੍ਰਧਾਨ ਕੁੰਦਰਾ ਨੇ ਦੱਸਿਆ ਕਿ ਜਿੰਮ ਵਿੱਚ ਕੇਵਲ ਔਰਤਾਂ ਤੇ ਲੜਕੀਆਂ ਆ ਕੇ ਕਸਰਤ ਕਰ ਸਕਣਗੀਆਂ, ਜਿਨ੍ਹਾਂ ਲਈ ਜਿੰਮ ਦਾ ਵਧੀਆ ਸਾਮਾਨ ਤੇ ਕੋਚ ਵੀ ਮੁਹੱਈਆ ਕਰਵਾਇਆ ਜਾਵੇਗਾ। ਪ੍ਰਧਾਨ ਕੁੰਦਰਾ ਨੇ ਦੱਸਿਆ ਕਿ ਅੱਜ ਮੀਟਿੰਗ ਵਿੱਚ ਸਰਬਸੰਮਤੀ ਨਾਲ ਕਰੀਬ 2 ਕਰੋੜ ਰੁਪਏ ਦੇ ਹੋਰ ਵਿਕਾਸ ਕਾਰਜਾਂ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਇਸ ਮੌਕੇ ਅਸ਼ੋਕ ਸੂਦ, ਜਗਮੀਤ ਸਿੰਘ ਮੱਕੜ, ਨਗਿੰਦਰਪਾਲ ਮੱਕੜ, ਸੁਰਿੰਦਰ ਕੁਮਾਰ ਛਿੰਦੀ, ਰਸ਼ਮੀ ਜੈਨ, ਹਰਪ੍ਰੀਤ ਕੌਰ ਤਨੇਜਾ, ਪ੍ਰਕਾਸ਼ ਕੌਰ, ਕੁਲਜਿੰਦਰ ਕੌਰ, ਨੀਰਜ ਕੁਮਾਰ, ਕਿਸ਼ੋਰ ਕੁਮਾਰ, ਪਰਮਜੀਤ ਕੌਰ, ਹਰਵਿੰਦਰ ਕੌਰ (ਸਾਰੇ ਕੌਂਸਲਰ) ਮੌਜੂਦ ਸਨ। ਇਸ ਤੋਂ ਇਲਾਵਾ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਜਸਪਾਲ ਸਿੰਘ ਜੱਜ, ਪ੍ਰਵੀਨ ਮੱਕੜ, ਅਮਨਦੀਪ ਸਿੰਘ ਤਨੇਜਾ, ਨਿਰੰਜਨ ਸਿੰਘ ਨੂਰ, ਜਸਵੀਰ ਸਿੰਘ ਭੱਟੀਆਂ ਮੌਜੂਦ ਸਨ।

## ਉਮੰਗ ਕਲੀਨਿਕ 'ਚ ਕਿਸ਼ੋਰ ਬੱਚਿਆਂ ਲਈ ਲਗਾਇਆ ਵਿਸ਼ੇਸ਼ ਕੈਂਪ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸਿਵਲ ਸਰਜਨ ਬਰਨਾਲਾ ਡਾ. ਬਲਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਤੇ ਸੀਨੀਅਰ ਮੈਡੀਕਲ ਅਫ਼ਸਰ ਮਹਿਲ ਕਲਾਂ ਡਾ. ਗੁਰਤੇਜਿੰਦਰ ਕੌਰ ਦੀ ਅਗਵਾਈ ਹੇਠ ਸੀ ਐਚ ਸੀ ਮਹਿਲ ਕਲਾਂ ਸਥਿਤ ਉਮੰਗ ਕਲੀਨਿਕ ਵਿਖੇ ਇੱਕ ਵਿਸ਼ੇਸ਼ ਚੈੱਕਅਪ ਤੇ ਕਾਉਂਸਲਿੰਗ ਕੈਂਪ ਲਾਇਆ ਗਿਆ।ਇਸ ਦੌਰਾਨ 10-19 ਸਾਲ ਦੇ ਕਿਸ਼ੋਰ ਬੱਚਿਆਂ ਨੂੰ ਇਸ ਉਮਰ ਵਿੱਚ ਆਉਣ ਵਾਲੇ ਸਰੀਰਕ, ਮਾਨਸਿਕ ਅਤੇ ਭਾਵਨਾਤਮਕ ਬਦਲਾਅ ਕਾਰਨ ਆਉਣ ਵਾਲੀਆਂ ਸਮੱਸਿਆਵਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਚੈੱਕਅਪ ਵੀ ਕੀਤਾ ਗਿਆ।ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਕੁਲਜੀਤ ਸਿੰਘ ਨੇ ਦੱਸਿਆ ਉਮੰਗ ਕਲੀਨਿਕ ਸਿਹਤ ਵਿਭਾਗ ਦਾ ਇੱਕ ਬਹੁਤ ਹੀ ਮਹੱਤਵਪੂਰਨ ਪ੍ਰੋਗਰਾਮ ਹੈ, ਜਿਸ ਤਹਿਤ 10-19 ਸਾਲ ਦੇ ਬੱਚਿਆਂ ਦੀਆਂ ਸਮੱਸਿਆਵਾਂ ਜਿਵੇਂ ਕਿ ਸਰੀਰ ਵਿੱਚ ਆਉਣ ਵਾਲੇ ਬਦਲਾਅ, ਪ੍ਰਜਨਨ ਸਬੰਧੀ, ਮਾਹਵਾਰੀ ਦੀਆਂ ਸਮੱਸਿਆਵਾਂ, ਪੋਸ਼ਣ, ਨਸ਼ੇ, ਭਾਵਨਾਤਮਕ ਸਮੱਸਿਆਵਾਂ ਜਿਵੇਂ ਗੁੱਸਾ, ਡਿਪ੍ਰੈਸ਼ਨ, ਹਿੰਸਕ ਵਿਚਾਰ ਤੇ ਹੋਰ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਦਾ ਇਲਾਜ ਕੀਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਇਹ ਸਾਰਾ ਇਲਾਜ ਮਾਹਿਰ ਡਾਕਟਰਾਂ, ਕਾਊਂਸਲਰਾਂ ਤੇ ਏ ਐੱਨ ਐੱਮ ਦੀ ਮਦਦ ਨਾਲ ਕੀਤਾ ਜਾਂਦਾ ਹੈ।ਇਸ ਮੌਕੇ ਫਾਰਮਾਸਿਸਟ ਸੁਖਪਾਲ ਸਿੰਘ, ਸਟਾਫ਼ ਨਰਸ ਆਲਮ ਜੋਤ ਕੌਰ ਆਦਿ ਹਾਜ਼ਰ ਸਨ।

## ਮਾਡਲ ਸਕੂਲ ਚੁਨਾਗਰਾ 'ਚ ਵਾਤਾਵਰਨ ਦਿਵਸ ਮਨਾਇਆ




**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਐੱਨ ਐੱਸ ਐੱਸ ਯੂਨਿਟ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਚੁਨਾਗਰਾ ਵੱਲੋਂ ਪ੍ਰਿੰਸੀਪਲ ਹਰੀਸ਼ ਕੁਮਾਰ ਦੀ ਅਗਵਾਈ ਵਿੱਚ ਵਿਸ਼ਵ ਵਾਤਾਵਰਣ ਦਿਵਸ ਮੌਕੇ 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਤਹਿਤ ਬੂਟੇ ਲਗਾਏ ਗਏ।ਇਸ ਮੌਕੇ ਪ੍ਰਿੰਸੀਪਲ, ਸਮੂਹ ਸਟਾਫ਼ ਤੇ ਵਲੰਟੀਅਰਾਂ ਦੁਆਰਾ ਪੂਰੀ ਤਨਦੇਹੀ ਨਾਲ ਇਸ ਮੁਹਿੰਮ ਵਿੱਚ ਭਾਗ ਲੈਂਦੇ ਹੋਏ ਵੱਖ ਵੱਖ ਰਵਾਇਤੀ ਰੁੱਖ ਲਗਾਏ ਗਏ ਤੇ ਵਾਤਾਵਰਨ ਨੂੰ ਬਚਾਉਣ ਦਾ ਸੰਦੇਸ਼ ਦਿੱਤਾ ਗਿਆ।ਅੰਤ ਵਿੱਚ ਪ੍ਰੋਗਰਾਮ ਅਫ਼ਸਰ ਲਵਕੇਸ਼ ਕੁਮਾਰ ਦੁਆਰਾ, ਪ੍ਰਿੰਸੀਪਲ ਹਰੀਸ਼ ਕੁਮਾਰ, ਸਮੂਹ ਸਟਾਫ਼ ਤੇ ਵਲੰਟੀਅਰਾਂ ਦਾ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਸਹਿਯੋਗ ਕਰਨ ਵਾਸਤੇ ਧੰਨਵਾਦ ਕੀਤਾ ਗਿਆ।

## ਪਾਰਕ 'ਚ ਪੌਦੇ ਲਾ ਕੇ ਮਨਾਇਆ ਵਿਸ਼ਵ ਵਾਤਾਵਰਨ ਦਿਵਸ



**ਭੀਖੀ (ਧਰਮਵੀਰ ਸ਼ਰਮਾ)**-ਵਣ ਵਿਭਾਗ ਵੱਲੋਂ ਨਗਰ ਪੰਚਾਇਤ ਤੇ ਵਾਤਾਵਰਨ ਪ੍ਰੇਮੀਆਂ ਦੇ ਸਹਿਯੋਗ ਨਾਲ ਸਥਾਨਕ ਲਾਲਾ ਦੌਲਤ ਮੱਲ ਮਿਊਂਸਿਪਲ ਪਾਰਕ ਵਿਖੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ। ਇਸ ਮੌਕੇ ਵਾਤਾਵਰਨ ਪ੍ਰੇਮੀਆਂ ਨੇ ਚੁਗਿਰਦੇ ਵਿੱਚ ਵਧ ਰਹੇ ਪ੍ਰਦੂਸ਼ਣ ਤੇ ਜੰਗਲਾਂ ਦੀ ਅੰਨ੍ਹੇਵਾਹ ਕਟਾਈ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਜੇਕਰ ਇਹ ਵਰਤਾਰਾ ਜਾਰੀ ਰਿਹਾ ਤਾਂ ਉਹ ਦਿਨ ਦੂਰ ਨਹੀਂ ਜਦੋਂ ਮਨੁੱਖ ਸਮੇਤ ਜੀਵ ਜੰਤੂਆਂ ਦਾ ਧਰਤੀ 'ਤੇ ਰਹਿਣਾ ਦੁੱਭਰ ਹੋ ਜਾਵੇਗਾ। ਕਿਸਾਨ ਆਗੂ ਗੁਰਨਾਮ ਸਿੰਘ ਭੀਖੀ ਨੇ ਕਿਹਾ ਕਿ ਜਿਸ ਤਰ੍ਹਾਂ ਦਿਨੋਂ ਦਿਨ ਜੰਗਲਾਂ ਦੀ ਕਟਾਈ ਤੇ ਰਸਾਇਣਕ ਪ੍ਰਦੂਸ਼ਣ ਵਧ ਰਿਹਾ ਹੈ, ਉਹ ਮਨੁੱਖ ਲਈ ਘਾਤਕ ਸਿੱਧ ਹੋਵੇਗਾ। ਉਨ੍ਹਾਂ ਕਿਹਾ ਕਿ ਵਾਤਾਵਰਨ ਵਿੱਚ ਸੰਤੁਲਨ ਕਾਇਮ ਰੱਖਣ ਲਈ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਵਣ ਅਧਿਕਾਰੀ ਮਨਦੀਪ ਕੌਰ ਨੇ ਦੱਸਿਆ ਕਿ ਵਣ ਵਿਭਾਗ ਵੱਲੋਂ ਸਰਕਾਰੀ ਤੇ ਸਾਂਝੀਆਂ ਥਾਵਾਂ 'ਤੇ ਰੁੱਖ ਲਗਾਉਣ ਲਈ ਵਿਸ਼ੇਸ਼ ਯਤਨ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਕੁਦਰਤੀ ਜੰਗਲ ਬਣਾਉਣ ਲਈ ਭੀਖੀ ਵਿਖੇ ਤਿੰਨ ਨਾਨਕ ਬਗੀਚੀਆਂ ਲਗਾਈਆਂ ਗਈਆਂ ਹਨ, ਜਿਨ੍ਹਾਂ ਵਿੱਚ ਰਵਾਇਤੀ ਦਰੱਖਤ ਵਧੀਆ ਤਰੀਕੇ ਨਾਲ ਵਧ ਫੁੱਲ ਰਹੇ ਹਨ। ਇਸ ਮੌਕੇ ਮਾਰਕਿਟ ਕਮੇਟੀ ਦੇ ਚੇਅਰਮੈਨ ਮਾ. ਵਰਿੰਦਰ ਸੋਨੀ, ਗੁਰਜੀਤ ਸਿੰਘ ਬਬਰੇਕਾ, ਪ੍ਰਸ਼ੋਤਮ ਮੱਤੀ, ਦਰਸ਼ਨ ਸਿੰਘ ਟੇਲਰ, ਡਾ. ਸੁਲਤਾਨ ਸ਼ਾਹ, ਇੰਜ. ਲੱਖਾ ਸਿੰਘ, ਕੁਲਵੰਤ ਸਿੰਘ, ਰਾਮ ਸਿੰਘ ਅਕਲੀਆ, ਡਾ. ਗੁਰਤੇਜ ਸਿੰਘ, ਇੰਦਰਜੀਤ ਸਿੰਘ, ਸੁਰੇਸ਼ ਕੁਮਾਰ ਸਿੰਗਲਾ, ਬਲਦੇਵ ਸਿੰਘ ਸਿੱਧੂ, ਹਰਬੰਸ ਸਿੰਘ ਬੰਸੀ ਸਮੇਤ ਵੱਡੀ ਗਿਣਤੀ ਵਿੱਚ ਵਾਤਾਵਰਨ ਪ੍ਰੇਮੀ ਮੌਜੂਦ ਸਨ।

## ਅਧਿਆਪਕ ਮੰਗਾਂ ਨੂੰ ਲੈ ਕੇ ਡੀ ਟੀ ਐੱਫ ਤੇ ਭਰਾਤਰੀ ਜਥੇਬੰਦੀਆਂ ਵੱਲੋਂ 11 ਨੂੰ ਲੁਧਿਆਣਾ 'ਚ ਸੂਬਾਈ ਰੋਸ ਮੁਜ਼ਾਹਰਾ : ਹਰਾਜ

### ਅਧਿਆਪਕਾਂ ਦੇ ਪੈਂਡਿੰਗ ਮਸਲੇ ਹੱਲ ਕਰਨ ਲਈ ਖ਼ੁਦ ਮੁੱਖ ਮੰਤਰੀ ਅੱਗੇ ਆਉਣ



**ਫਿਰੋਜ਼ਪੁਰ (ਅਸ਼ੋਕ ਸ਼ਰਮਾ, ਗੁਰਬਚਨ ਸੋਨੂੰ)**

ਸਕੂਲ ਅਧਿਆਪਕਾਂ ਦੀਆਂ ਪ੍ਰਮੁੱਖ ਸੰਘਰਸ਼ੀ ਜਥੇਬੰਦੀਆਂ ਵੱਲੋਂ ਪੰਜਾਬ ਸਰਕਾਰ ਦੇ ਸਿੱਖਿਆ ਕ੍ਰਾਂਤੀ ਦੇ ਨਾਅਰੇ ਨੂੰ ਖੋਖਲਾ ਕਰਾਰ ਦਿੰਦੇ ਹੋਏ ਅਧਿਆਪਕਾਂ ਦੀਆਂ ਵਿਭਾਗੀ ਤੇ ਵਿੱਤੀ ਮੰਗਾਂ ਦਾ ਹੱਲ ਨਾ ਹੋਣ ਦੇ ਵਿਰੋਧ ਵਜੋਂ 11 ਜੂਨ ਨੂੰ ਲੁਧਿਆਣਾ ਸ਼ਹਿਰ ਵਿੱਚ ਸੂਬਾ ਪੱਧਰੀ ਰੋਸ ਮੁਜ਼ਾਹਰਾ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸੇ ਤਹਿਤ ਡੈਮੋਕ੍ਰੇਟਿਕ ਟੀਚਰਜ਼ ਫਰੰਟ (ਡੀ.ਟੀ.ਐੱਫ.) ਪੰਜਾਬ, 6635 ਈ.ਟੀ.ਟੀ ਯੂਨੀਅਨ ਦੀ ਅਹਿਮ ਮੀਟਿੰਗ ਡੀਟੀਐੱਫ ਦੇ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪ੍ਰਧਾਨ ਮਲਕੀਤ ਸਿੰਘ ਹਰਾਜ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਗੱਲਬਾਤ ਕਰਦਿਆਂ ਮਲਕੀਤ ਸਿੰਘ ਹਰਾਜ, ਜ਼ਿਲ੍ਹਾ ਸਕੱਤਰ ਅਮਿਤ ਕੁਮਾਰ, ਸੀਨੀਅਰ ਮੀਤ ਪ੍ਰਧਾਨ ਦਵਿੰਦਰ ਨਾਥ ਨੇ ਕਿਹਾ ਕਿ ਅੱਜ ਜਥੇਬੰਦੀਆਂ ਦਾ ਸੂਬਾਈ ਵਫ਼ਦ ਨੇ ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ ਨਾਲ ਮੁਲਾਕਾਤ ਕਰਕੇ ਮੁੱਖ ਮੰਤਰੀ ਪੰਜਾਬ ਦੇ ਨਾਂ 'ਮੰਗ ਪੱਤਰ' ਤੇ ਧਰਨੇ ਦਾ ਨੋਟਿਸ ਸੌਂਪਿਆ ਹੈ। ਉਨ੍ਹਾਂ ਗੱਲਬਾਤ ਦੌਰਾਨ ਮੰਗਾਂ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਥੇਬੰਦੀਆਂ ਵੱਲੋਂ ਰਿਕਾਸਟ ਮੈਰਿਟ ਸੂਚੀਆਂ 'ਚੋਂ ਬਾਹਰ ਕੀਤੇ 3704 ਮਾਸਟਰ ਕਾਡਰ, 899 ਅੰਗਰੇਜ਼ੀ, 6635 ਈਟੀਟੀ ਦੇ ਸੈਂਕੜੇ ਅਧਿਆਪਕਾਂ ਦੀ ਹੁਣ ਤੱਕ ਦੀ ਨੌਕਰੀ ਤੇ ਭਵਿੱਖ ਪੂਰਨ ਸੁਰੱਖਿਅਤ ਕਰਨ ਬਾਰੇ, 3704 ਕਾਡਰ ਤੇ 6635 ਈਟੀਟੀ ਨੂੰ ਜਾਰੀ ਸੇਵਾਵਾਂ ਟਰਮੀਨੇਸ਼ਨ ਸਬੰਧੀ ਜੋ ਕਾਜ਼ ਨੋਟਿਸ ਮੁੱਢੋਂ ਰੱਦ ਕਰਵਾਉਣ ਲਈ, 6635 ਈਟੀਟੀ, 4161 ਤੇ 2392 ਮਾਸਟਰ, ਪੱਖਪਾਤੀ ਸਟੇਸ਼ਨ ਚੋਣ ਨੀਤੀ ਦਾ ਸ਼ਿਕਾਰ ਈਟੀਟੀ ਤੋਂ ਮਾਸਟਰ ਤੇ ਮਾਸਟਰ ਤੋਂ ਲੈਕਚਰਾਰ ਪ੍ਰੋਮੋਟਡ ਅਧਿਆਪਕਾਂ ਤੇ ਛੋਟ ਪ੍ਰਾਪਤ ਕੈਟੇਗਰੀਆਂ ਲਈ ਬਿਨਾਂ ਸ਼ਰਤ ਬਦਲੀ ਦਾ ਵਿਸ਼ੇਸ਼ ਮੌਕੇ ਬਾਰੇ ਅਤੇ 'ਆਮ ਬਦਲੀਆਂ-2025' ਦੀ ਪ੍ਰੀਕਿਰਿਆ ਫੌਰੀ ਸ਼ੁਰੂ ਕਰਨ ਦੀ ਮੰਗ ਕਰ ਰਹੀਆਂ ਹਨ। ਸੂਬਾ ਕਮੇਟੀ ਮੈਂਬਰ ਡੀ ਟੀ ਐੱਫ ਪੰਜਾਬ ਸਰਬਜੀਤ ਸਿੰਘ ਭਾਵੜਾ, ਗੁਰਵਿੰਦਰ ਸਿੰਘ ਖੋਸਾ, ਅਨਮੋਲ ਮਮਦੋਟ, ਮਨੋਜ ਕੁਮਾਰ, ਨਰਿੰਦਰ ਸਿੰਘ ਜੰਮੂ, ਇੰਦਰ ਸਿੰਘ ਸੰਧੂ ਨੇ ਕਿਹਾ ਕਿ ਓਡੀਐੱਲ ਅਧਿਆਪਕਾਂ ਨੂੰ ਰੈਗੂਲਰ ਦੀ ਮਿਤੀ ਤੋਂ ਪੂਰੀ ਤਨਖਾਹ ਅਨੁਸਾਰ ਬਕਾਏ ਦੇਣ ਦੇ ਹੱਕ 'ਚ ਆਇਆ ਹਾਈ ਕੋਰਟ ਦਾ ਫੈਸਲਾ ਲਾਗੂ ਕੀਤਾ ਜਾਵੇ ਅਤੇ ਪ੍ਰਿੰਸੀਪਲ, ਬੀਪੀਈਓ, ਹੈੱਡਮਾਸਟਰਜ਼ ਦੀ ਸਿੱਧੀ ਭਰਤੀ ਰੱਦ ਕਰਨ ਦੀ ਥਾਂ 25 ਪ੍ਰਤੀਸ਼ਤ ਕੋਟੇ ਅਨੁਸਾਰ ਮੁਕੰਮਲ ਕੀਤੀ ਜਾਵੇ।

ਉਨ੍ਹਾਂ ਮੰਗ ਕਰਦਿਆਂ ਕਿਹਾ ਕਿ ਪੀਟੀਆਈ ਤੇ ਆਰਟ ਕਰਾਫਟ ਅਧਿਆਪਕਾਂ ਦੇ ਤਨਖ਼ਾਹ ਗ੍ਰੇਡ ਘਟਾਉਣ ਦਾ ਫੈਸਲਾ ਰੱਦ ਕੀਤਾ ਜਾਵੇ, 180 ਈਟੀਟੀ ਅਧਿਆਪਕਾਂ ਦੀ ਮੁੱਢਲੀ ਹਾਜ਼ਰੀ ਤੋਂ ਸਾਰੇ ਲਾਭ ਬਹਾਲ ਕਰਕੇ ਪੁਰਾਣੇ ਤਨਖ਼ਾਹ ਸਕੇਲ ਤੇ ਬਾਕੀ ਲਾਭ ਬਹਾਲ ਕੀਤੇ ਜਾਣ। ਉਨ੍ਹਾਂ ਕਿਹਾ ਕਿ 10 ਸਾਲ ਦੀ ਸੇਵਾ ਪੂਰੀ ਕਰ ਚੁੱਕੇ 125 ਵਲੰਟੀਅਰ ਟੀਚਰਜ਼ ਨੂੰ ਐਸੋਸੀਏਟ ਟੀਚਰ ਦਾ ਦਰਜਾ ਦਿੱਤਾ ਜਾਵੇ ਤੇ ਰੋਜ਼ਾਨਾ 9 ਪੀਰੀਅਡ ਅਨੁਸਾਰ ਰੇਸ਼ਨੇਲਾਈਜੇਸ਼ਨ ਪਾਲਿਸੀ ਲਾਗੂ ਕਰਕੇ ਪ੍ਰੀ ਪ੍ਰਾਇਮਰੀ ਅਤੇ ਪ੍ਰਾਇਮਰੀ ਲਈ ਹਰੇਕ ਜਮਾਤ ਲਈ ਇਕ ਅਧਿਆਪਕ ਦਿੱਤਾ ਜਾਵੇ ਅਤੇ ਖਤਮ ਕੀਤੀਆਂ ਪੋਸਟਾਂ ਨੂੰ ਬਹਾਲ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਫ਼ਿਰੋਜ਼ਪੁਰ ਤੋਂ 11 ਜੂਨ ਨੂੰ ਵੱਡੀ ਗਿਣਤੀ ਵਿੱਚ ਸੰਘਰਸ਼ੀ ਸਾਥੀ ਸ਼ਾਮਲ ਹੋਣਗੇ। ਆਗੂਆਂ ਨੇ ਪੰਜਾਬ ਦੇ ਸਮੂਹ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਉਹ 11 ਜੂਨ ਨੂੰ ਸਵੇਰੇ 10.30 ਵਜੇ ਪਰਵਾਰਾਂ ਸਮੇਤ ਲੁਧਿਆਣਾ ਵਿਖੇ ਪੁੱਜਣ ਤਾਂ ਜੋ ਪੰਜਾਬ ਸਰਕਾਰ ਕੋਲੋਂ ਆਪਣੇ ਹੱਕੀ ਮੰਗਾਂ ਦੀ ਪ੍ਰਾਪਤੀ ਕੀਤੀ ਜਾ ਸਕੇ।

## 75 'ਚੋਂ 65 ਵਿਦਿਆਰਥੀਆਂ 90 ਫ਼ੀਸਦੀ ਅੰਕ ਹਾਸਲ ਕੀਤੇ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਫ਼ਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸੰਬੰਧਤ ਨੇ ਬੀ.ਐੱਡ. ਤੀਜੇ ਸਮੈਸਟਰ ਦਸੰਬਰ 2024 ਦੇ ਨਤੀਜਿਆਂ ਵਿੱਚ 100% ਪਾਸ ਪ੍ਰਤੀਸ਼ਤਤਾ ਨਾਲ ਅਕਾਦਮਿਕ ਉੱਤਮਤਾ ਦਾ ਪ੍ਰਮਾਣ ਦਿੱਤਾ।ਕੁੱਲ 75 ਵਿਦਿਆਰਥੀਆਂ 'ਚੋਂ 65 ਨੇ 90% ਤੋਂ ਵੱਧ ਅੰਕ ਹਾਸਲ ਕੀਤੇ। ਪਹਿਲੀ ਪੁਜੀਸ਼ਨ ਗੁਲਾਬਸ਼ਾ (ਪੁੱਤਰੀ ਅਬਦੁਲ ਰਸੀਦ, ਭਦੌੜ) ਨੇ 95% ਅੰਕਾਂ ਨਾਲ, ਦੂਜੀ ਪੁਜੀਸ਼ਨ ਕੋਮਲ ਰਾਣੀ (ਰਾਮਪੁਰਾ), ਕੁਲਵਿੰਦਰ ਕੌਰ (ਮੌੜ ਕਲਾਂ), ਰਮਨਦੀਪ ਕੌਰ (ਰਾਮਪੁਰਾ), ਰਿਤਿਕਾ, ਅਤੇ ਪ੍ਰਭਜੋਤ ਮਾਨ (ਫੂਲ) ਨੇ 94% ਅੰਕਾਂ ਨਾਲ ਤੇ ਤੀਜੀ ਪੁਜੀਸ਼ਨ ਨਵਦੀਪ ਕੌਰ (ਸੂਚ), ਪ੍ਰਿਤਪਾਲ ਕੌਰ (ਭੂੰਦੜ), ਪ੍ਰੀਤਪਾਲ ਕੌਰ ਤੇ ਨੇਹਾ (ਸ਼ਹਿਰ) ਨੇ 93.6% ਅੰਕਾਂ ਨਾਲ ਹਾਸਲ ਕੀਤੀ।ਡੀਨ ਡਾ. ਜਗਵਿੰਦਰ ਸਿੰਘ ਸਿੱਧੂ, ਵਿਭਾਗ ਮੁਖੀ ਪ੍ਰੋ. ਸੰਦੀਪ ਕੌਰ, ਪ੍ਰੋ. ਜੋਨੀ ਰਾਣੀ, ਪ੍ਰੋ. ਸੁਖਜੀਤ ਕੌਰ, ਪ੍ਰੋ. ਪੂਜਾ ਰਾਣੀ, ਡਾ. ਗੁਰਵਿੰਦਰ ਸਿੰਘ ਤੇ ਪ੍ਰੋ. ਕਿਸ਼ਨ ਸਿੰਘ ਦੇ ਮਾਰਗ ਦਰਸ਼ਨ ਨੇ ਇਸ ਸਫਲਤਾ ਵਿੱਚ ਅਹਿਮ ਯੋਗਦਾਨ ਪਾਇਆ।ਚੇਅਰਮੈਨ ਐਸ.ਐਸ. ਚੱਠਾ, ਐਮ ਡੀ ਮਨਜੀਤ ਕੌਰ ਚੱਠਾ ਨੇ ਕਿਹਾ ਕਿ ਇਹ ਨਤੀਜਾ ਸੰਸਥਾ ਦੀ ਵਚਨਬੱਧਤਾ ਤੇ ਵਿਦਿਆਰਥੀਆਂ ਦੀ ਮਿਹਨਤ ਦਾ ਸੁਨਹਿਰੀ ਸਬੂਤ ਹੈ।ਸਹਾਇਕ ਡਾਇਰੈਕਟਰ ਹਰਪ੍ਰੀਤ ਸ਼ਰਮਾ, ਪ੍ਰੋ ਜਸਵਿੰਦਰ ਸਿੰਘ ਨੇ ਵਧਾਈ ਦਿੰਦਿਆਂ ਕਿਹਾ ਕਿ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਸਾਂਝੇ ਯਤਨਾਂ ਨੇ ਸੰਸਥਾ ਦੀ ਸਾਖ ਨੂੰ ਨਵੀਂ ਉਚਾਈਆਂ 'ਤੇ ਪੁਚਾਇਆ।

## ਬੇਸਹਾਰਾ ਬੱਚਿਆਂ ਲਈ ਬਣਾਇਆ ਮਕਾਨ

### ਬੱਚਿਆਂ ਦੀ ਸਾਰ ਲੈਣਾ ਵੱਡਾ ਪੁੰਨ ਦਾ ਕੰਮ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਡੇਰਾ ਸੱਚਾ ਸੌਦਾ ਸਿਰਸਾ ਬਲਾਕ ਪਾਤੜਾਂ ਦੀ ਸੰਗਤ ਵੱਲੋਂ ਪਿੰਡ ਬਣਵਾਲਾ ਵਿਖੇ ਆਸ਼ਿਆਨਾ ਮੁਹਿੰਮ ਤਹਿਤ ਇੱਕ ਜ਼ਰੂਰਤਮੰਦ ਪਰਿਵਾਰ, ਜਿਸ ਵਿੱਚ ਸਿਰਫ ਤਿੰਨ ਲੜਕੀਆਂ ਹਨ, ਨੂੰ ਪੱਕਾ ਮਕਾਨ ਬਣਾ ਕੇ ਮਾਨਵਤਾ ਭਲਾਈ ਦਾ ਕਾਰਜ ਕੀਤਾ ਗਿਆ।ਜਾਣਕਾਰੀ ਦਿੰਦਿਆਂ ਜਗਤਾਰ ਇੰਸਾਂ, ਨਿਰਭੈ ਇੰਸਾਂ, ਸੁੱਖਾ ਇੰਸਾਂ, ਭੈਣ ਗੁਰਜੀਤ ਇੰਸਾਂ ਤੇ ਕੋਮਲ ਇੰਸਾਂ ਨੇ ਦੱਸਿਆ ਕਿ ਸਾਧ ਸੰਗਤ ਨੇ ਇੱਕ ਜ਼ਰੂਰਤਮੰਦ ਪਰਿਵਾਰ ਜਿਸ ਵਿੱਚ ਸਿਰਫ ਤਿੰਨ ਲੜਕੀਆਂ ਹੀ ਰਹਿ ਗਈਆਂ ਸਨ।ਉਹ ਆਪਣੀ ਦਾਦੀ ਕੋਲ ਰਹਿੰਦੀਆਂ ਸਨ ਤੇ ਦਾਦੀ ਦੇ ਸਵਰਗ ਸਿਧਾਰਨ ਤੋਂ ਬਾਅਦ ਇਕੱਲੀਆਂ ਰਹਿ ਗਈਆਂ ਸਨ, ਦਾ ਘਰ ਬਣਾਉਣ ਲਈ ਬਲਾਕ ਕਮੇਟੀ ਤੱਕ ਪਹੁੰਚ ਕੀਤੀ ਬਲਾਕ ਦੇ ਜ਼ਿੰਮੇਵਾਰਾਂ ਨੇ ਡੇਰਾ ਸੱਚਾ ਸੌਦਾ ਦੀਆਂ ਹਦਾਇਤਾਂ ਮੁਤਾਬਕ ਪੂਰੀ ਤਸੱਲੀ ਕਰ ਕੇ ਪਾਇਆ ਕਿ ਉਕਤ ਪਰਿਵਾਰ ਨੂੰ ਘਰ ਦੀ ਅਤਿ ਜ਼ਰੂਰਤ ਹੈ, ਜਿਸ ਤੋਂ ਬਾਅਦ ਸਾਧ ਸੰਗਤ ਨੇ ਮਿਲ ਕੇ ਉਕਤ ਪਰਿਵਾਰ ਦਾ ਘਰ ਬਣਾਇਆ।ਆਪਣਾ ਘਰ ਬਣਿਆ ਦੇਖ ਕੇ ਬੱਚਿਆਂ ਨੇ ਖੁਸ਼ੀ ਮਹਿਸੂਸ ਕਰਦਿਆਂ ਡੇਰਾ ਸੱਚਾ ਸੌਦਾ ਦੇ ਮੁਖੀ ਸੰਤ ਡਾ. ਗੁਰਮੀਤ ਰਾਮ ਰਹੀਮ ਸਿੰਘ ਇੰਸਾਂ ਤੇ ਸਮੂਹ ਸਾਧ ਸੰਗਤ ਦਾ ਧੰਨਵਾਦ ਕੀਤਾ।ਇਸ ਮੌਕੇ ਪਿੰਡ ਦੇ ਮੋਹਤਬਰ ਵਿਅਕਤੀਆਂ ਨੇ ਇਨ੍ਹਾਂ ਬੇਸਹਾਰਾ ਬੱਚਿਆਂ ਦਾ ਘਰ ਬਣਾਉਣ ਲਈ ਡੇਰਾ ਸੱਚਾ ਸੌਦਾ ਦੀ ਸਮੂਹ ਸਾਧ ਸੰਗਤ ਦਾ ਧੰਨਵਾਦ ਕਰਦਿਆਂ ਇਸ ਵੱਡਮੁੱਲੇ ਕਾਰਜ ਦੀ ਸ਼ਲਾਘਾ ਕੀਤੀ।ਇਸ ਮੌਕੇ ਸ਼ਾਹ ਸਤਿਨਾਮ ਜੀ ਗ੍ਰੀਨ ਐੱਸ ਵੈੱਲਫੇਅਰ ਕਮੇਟੀ ਦੇ ਵੀਰ ਤੇ ਭੈਣਾਂ ਤੋਂ ਇਲਾਵਾ ਸਾਧ ਸੰਗਤ ਨੇ ਆਪਣੀ ਸੇਵਾ ਬਾਖੂਬੀ ਨਿਭਾਈ।

## ਘਰ 'ਚ ਵੜ ਕੇ ਕੁੱਟਮਾਰ ਕਰਨ ਦੇ ਦੋਸ਼ 'ਚ 10 ਲੋਕਾਂ ਵਿਰੁੱਧ ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਚੱਕ ਖੀਵਾ ਵਿਖੇ ਇਕ ਘਰ ਵਿੱਚ ਵੜ ਕੇ ਕੁੱਟਮਾਰ ਕਰਕੇ ਸੱਟਾਂ ਮਾਰਨ ਦੇ ਦੋਸ਼ ਵਿੱਚ 10 ਲੋਕਾਂ ਵਿਰੁੱਧ ਪਰਚਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਬਲਕਾਰ ਸਿੰਘ (ਚੌਂਕੀ ਘੁਬਾਇਆ ਦੇ ਇੰਚਾਰਜ) ਨੇ ਦੱਸਿਆ ਕਿ ਸ਼ਿਕਾਇਤਕਰਤਾ ਔਰਤ ਰਣਜੀਤ ਕੌਰ ਪਤਨੀ ਮਾਹਲਾ ਸਿੰਘ ਵਾਸੀ ਚੱਕ ਖੀਵਾ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਹਨ ਕਿ ਬੀਤੀ 01-06-2025 ਦੀ ਰਾਤ ਕਰੀਬ 9.30 ਵਜੇ ਬਲਵਿੰਦਰ ਸਿੰਘ ਵੈਰਗਾ ਨੇ ਉਨ੍ਹਾਂ ਦੇ ਘਰ ਵਿੱਚ ਆ ਕੇ ਮੋਟਰਸਾਈਕਲ, ਬੂਹੇ, ਬਾਰੀਆਂ ਆਦਿ ਦੀ ਭੰਨ ਤੋੜ ਕੀਤੀ ਅਤੇ ਇਸ ਦੇ ਨਾਲ ਹੀ ਉਨ੍ਹਾਂ ਦੀ ਕੁੱਟਮਾਰ ਵੀ ਕੀਤੀ, ਜਿਸ 'ਤੇ ਪੁਲਸ ਵੱਲੋਂ ਮੁਦੱਈ ਰਣਜੀਤ ਕੌਰ ਦੇ ਬਿਆਨਾਂ 'ਤੇ ਬਲਵਿੰਦਰ ਸਿੰਘ ਪੁੱਤਰ ਮੁਖਤਿਆਰ ਸਿੰਘ, ਮਲਕੀਤ ਸਿੰਘ ਪੁੱਤਰ ਮੁਖਤਿਆਰ ਸਿੰਘ, ਸਰੋਜ ਰਾਣੀ ਪਤਨੀ ਬਲਵਿੰਦਰ ਸਿੰਘ, ਨੀਲਮ ਰਾਣੀ ਪਤਨੀ ਮਲਕੀਤ ਸਿੰਘ, ਜਸਵੰਤ ਸਿੰਘ ਪੁੱਤਰ ਪੂਰਨ ਸਿੰਘ, ਸੰਦੀਪ ਸਿੰਘ ਪੁੱਤਰ ਪਰਮਜੀਤ ਸਿੰਘ, ਗੁਰਬਚਨ ਸਿੰਘ ਪੁੱਤਰ ਅਮਰ ਸਿੰਘ, ਹਰਮੇਸ਼ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀਆਨ ਚੱਕ ਖੀਵਾ, ਅਜੇ ਕੁਮਾਰ ਪੁੱਤਰ ਮਦਨ ਸਿੰਘ ਵਾਸੀ ਨੂਰ ਸ਼ਾਹ ਉਰਫ ਵੱਲੇ ਸ਼ਾਹ ਉਤਾੜ, ਕਸ਼ਮੀਰ ਸਿੰਘ ਪੁੱਤਰ ਗੁਰਦਿੱਤ ਸਿੰਘ ਵਾਸੀ ਗੁਲਾਮ ਰਸੂਲ ਵਿਰੁੱਧ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

## ਵਿਸ਼ਵ ਵਾਤਾਵਰਣ ਦਿਵਸ 'ਤੇ ਬੈਗ ਸਿਲਾਈ ਦੀ ਮੁਫ਼ਤ ਸੇਵਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਡਾ. ਐਸ ਪੀ ਸਿੰਘ ਓਬਰਾਏ ਦੀ ਯੋਗ ਅਗਵਾਈ ਹੇਠ ਮਨੁੱਖਤਾ ਦੇ ਭਲੇ ਲਈ ਸੈਂਕੜਿਆਂ ਦੀ ਗਿਣਤੀ ਕਾਰਜ ਜਾਰੀ ਹਨ।ਇਸ ਲੜੀ ਤਹਿਤ ਸੰਸਥਾ ਵੱਲੋਂ ਵਿਸ਼ਵ ਵਾਤਾਵਰਣ ਦਿਵਸ 'ਤੇ ਗੁਰੂ ਗੋਬਿੰਦ ਸਿੰਘ ਪਾਰਕ ਵਿੱਚ ਲੋਕਾਂ ਨੂੰ ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਪਲਾਸਟਿਕ ਦੇ ਬੈਗ ਨਾ ਵਰਤਣ ਲਈ ਪ੍ਰੇਰਿਤ ਕੀਤਾ ਗਿਆ ਤੇ ਵੱਡੀ ਤਾਦਾਦ ਵਿੱਚ ਕੱਪੜੇ ਦੇ ਬੈਗ ਬਣਾ ਕੇ ਲੋਕਾਂ ਨੂੰ ਮੁਫ਼ਤ ਦਿੱਤੇ ਗਏ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਦੱਸਿਆ ਕਿ ਕੱਪੜੇ ਦੇ ਬੈਗ ਬਣਾਉਣ ਦੀ ਸੇਵਾ ਸੰਨੀ ਓਬਰਾਏ ਸਵੈ ਰੋਜ਼ਗਾਰ ਸਕੀਮ ਤਹਿਤ ਚੱਲ ਰਹੇ ਮੁਫ਼ਤ ਸਿਲਾਈ ਸਿਖਲਾਈ ਸੈਂਟਰਾਂ ਵੱਲੋਂ ਕੀਤੀ ਗਈ ਤੇ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਪਲਾਸਟਿਕ ਦੀ ਜਗ੍ਹਾ ਕੱਪੜੇ ਦੇ ਬੈਗ ਵਰਤਣ ਦਾ ਸਨੇਹਾ ਦਿਤਾ ਜਾ ਸਕੇ।ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਸੰਨੀ ਓਬਰਾਏ ਸਵੈ ਰੁਜ਼ਗਾਰ ਸਕੀਮ ਤਹਿਤ ਚੱਲ ਰਹੇ ਮੁਫ਼ਤ ਸਿਲਾਈ ਸਿਖਲਾਈ ਸੈਂਟਰਾਂ ਦੇ ਸਿਖਿਆਰਥੀਆਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਗਈ।

## ਡਾ. ਦੇਵ ਰਾਜ ਖੋਖਰ ਦੀ ਬਰਸੀ ਮੌਕੇ ਖੇਡ ਮੁਕਾਬਲੇ ਕਰਾਏ



**ਲਹਿਰਾਗਾਗਾ (ਪਵਨ ਸ਼ਰਮਾ)**-ਖੇਡਾਂ ਮਨੁੱਖ ਨੂੰ ਨਾ ਸਿਰਫ਼ ਤੰਦਰੁਸਤ ਰੱਖਦੀਆਂ ਹਨ, ਸਗੋਂ ਮਨੁੱਖ ਨੂੰ ਅਨੇਕਾਂ ਅਲਾਮਤਾਂ ਤੋਂ ਬਚਾਉਣ ਵਿੱਚ ਸਹਾਈ ਹੁੰਦੀਆਂ ਹਨ। ਇਹ ਪ੍ਰਗਟਾਵਾ ਡਾ. ਦੇਵ ਰਾਜ ਡੀ.ਏ.ਵੀ. ਸੀਨੀ. ਸੈਕੰ. ਪਬਲਿਕ ਸਕੂਲ ਖਾਈ/ਲਹਿਰਾਗਾਗਾ ਦੇ ਸੰਸਥਾਪਕ ਮਰਹੂਮ ਡਾ. ਦੇਵ ਰਾਜ ਖੋਖਰ (ਕੌਸ਼ਲ) ਦੀ ਬਰਸੀ ਮੌਕੇ ਕਰਾਏ ਕ੍ਰਿਕਟ, ਕਬੱਡੀ ਤੇ ਖੋ-ਖੋ ਦੇ ਅੰਤਰ ਹਾਊਸ ਮੁਕਾਬਲੇ ਸਮੇਂ ਇਕੱਤਰ ਖਿਡਾਰੀਆਂ ਤੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਸਕੂਲ ਪ੍ਰਬੰਧਕ ਐਲ.ਕੇ. ਖੋਖਰ, ਪੀ.ਕੇ. ਖੋਖਰ, ਐਡਵੋਕੇਟ ਅਨਿਰੁੱਧ ਕੌਸ਼ਲ, ਬਿਮਲਾ ਸ਼ਰਮਾ ਤੋਂ ਇਲਾਵਾ ਪ੍ਰਿੰਸੀਪਲ ਨਵਦੀਪ ਭਾਰਦਵਾਜ ਨੇ ਕੀਤਾ।ਉਨ੍ਹਾਂ ਆਖਿਆ ਕਿ ਅਜੋਕੇ ਸਮੇਂ ਵਿੱਚ ਬੱਚੇ ਤੋਂ ਲੈ ਕੇ ਬਜ਼ੁਰਗਾਂ ਤੱਕ ਤਰ੍ਹਾਂ-ਤਰ੍ਹਾਂ ਦੀਆਂ ਅਨੇਕਾਂ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ, ਜੇਕਰ ਇਹ ਵਰਗ ਖੇਡਾਂ ਨਾਲ ਜੁੜੇ ਰਹਿੰਦੇ ਹਨ ਤਾਂ ਇਨ੍ਹਾਂ ਬਿਮਾਰੀਆਂ ਤੋਂ ਨਿਜ਼ਾਤ ਮਿਲ ਸਕਦੀ ਹੈ।ਸਕੂਲ ਦੇ ਸੰਸਥਾਪਕ ਡਾ. ਦੇਵ ਰਾਜ ਖੋਖਰ (ਕੌਸ਼ਲ) ਦੀ ਜੀਵਨੀ ਬਾਰੇ ਜਾਣੂ ਕਰਾਇਆ।ਕਬੱਡੀ ਦੇ ਕਰਾਏ ਅੰਡਰ-17 ਦੇ ਵੱਖ-ਵੱਖ ਹਾਊਸਜ਼ ਦੇ ਕਰਾਏ ਮੁਕਾਬਲੇ ਵਿੱਚੋਂ ਗਰੀਨ ਹਾਊਸ ਨੇ ਬਲੂ ਹਾਊਸ ਨੂੰ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦੋਂਕਿ ਬਲੂ ਹਾਊਸ ਦੂਜੇ ਸਥਾਨ 'ਤੇ ਰਿਹਾ।ਖੋ-ਖੋ ਦੇ ਅੰਡਰ-19 ਦੇ ਮੁਕਾਬਲੇ 'ਚੋਂ ਆਰੇਂਜ ਹਾਊਸ ਨੇ ਰੈੱਡ ਹਾਊਸ ਨੂੰ ਹਰਾ ਕੇ ਪਹਿਲੀ ਪੁਜ਼ੀਸ਼ਨ ਹਾਸਲ ਕੀਤੀ, ਜਦੋਂ ਕਿ ਰੈੱਡ ਹਾਊਸ ਨੇ ਦੂਜੀ ਪੁਜ਼ੀਸ਼ਨ ਹਾਸਲ ਕੀਤੀ।ਇਸੇ ਤਰ੍ਹਾਂ ਅੰਡਰ-17 ਦੇ ਕ੍ਰਿਕਟ ਮੁਕਾਬਲੇ ਵਿੱਚੋਂ ਬਲੂ ਹਾਊਸ ਨੇ ਰੈੱਡ ਹਾਊਸ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦੋਂਕਿ ਰੈੱਡ ਹਾਊਸ ਨੇ ਦੂਜਾ ਸਥਾਨ ਹਾਸਲ ਕੀਤਾ।ਇਸ ਸਮੇਂ ਸਕੂਲ ਦੇ ਸੀਨੀਅਰ ਤੇ ਜੂਨੀਅਰ ਵਿੰਗ ਦੇ ਅਧਿਆਪਕ ਵੀ ਹਾਜ਼ਰ ਸਨ।

## ...ਸਫ਼ਾ 1 ਦੇ ਬਾਕੀ

### ਚੌਹਾਨ ਵੱਲੋਂ ਘੱਟ ਪਾਣੀ...

ਦੇ ਜਵਾਬ ਵਿੱਚ ਚੌਹਾਨ ਨੇ ਕਿਹਾ ਕਿ ਫਸਲੀ ਵਿਭਿੰਨਤਾ ਪ੍ਰੋਗਰਾਮ ਸਮੇਂ ਦੀ ਲੋੜ ਹੈ। ਉਨ੍ਹਾ ਕਿਹਾ, 'ਸਾਨੂੰ ਅਜਿਹੀਆਂ ਫਸਲਾਂ ਬੀਜਣੀਆਂ ਚਾਹੀਦੀਆਂ ਹਨ, ਜੋ ਲਾਭਦਾਇਕ ਹੋਣ ਦੇ ਨਾਲ-ਨਾਲ ਘੱਟ ਪਾਣੀ ਦੀ ਖਪਤ ਕਰਨ।' ਇਸ ਤੋਂ ਪਹਿਲਾਂ ਉਨ੍ਹਾਂ ਕਿਸਾਨਾਂ ਨੂੰ ਫਲਾਂ, ਸਬਜ਼ੀਆਂ ਤੇ ਹੋਰ ਫਸਲਾਂ ਨਾਲ ਪ੍ਰਯੋਗ ਕਰਨ ਦਾ ਸੱਦਾ ਵੀ ਦਿੱਤਾ। ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕੇਂਦਰੀ ਮੰਤਰੀ ਦੇ ਸਨਮੁੱਖ ਸੂਬੇ ਦੇ ਕਿਸਾਨਾਂ ਅਤੇ ਖੇਤੀਬਾੜੀ ਨਾਲ ਸੰਬੰਧਤ ਮੰਗਾਂ ਜ਼ੋਰਦਾਰ ਢੰਗ ਨਾਲ ਉਠਾਈਆਂ, ਜਿਸ 'ਤੇ ਸ਼ਿਵਰਾਜ ਸਿੰਘ ਚੌਹਾਨ ਨੇ ਪੰਜਾਬ ਨੂੰ ਦਿੱਲੀ ਮੀਟਿੰਗ ਲਈ ਆਉਣ ਦਾ ਸੱਦਾ ਦਿੱਤਾ। ਉਹਨਾ ਕਿਹਾ ਕਿ ਕਿਸਾਨਾਂ ਨੂੰ ਉਨਤ ਬਣਾਉਣ ਲਈ ਕੇਂਦਰ ਸਰਕਾਰ 'ਇੱਕ ਦੇਸ਼, ਇੱਕ ਖੇਤੀ, ਇੱਕ ਟੀਮ' ਬਣਾ ਕੇ ਰਾਜ ਸਰਕਾਰ ਅਤੇ ਉਨਤਸ਼ੀਲ ਕਿਸਾਨਾਂ ਸਮੇਤ ਖੇਤੀਬਾੜੀ ਯੂਨੀਵਰਸਿਟੀ ਤੇ ਸਾਇੰਸਦਾਨਾਂ ਨਾਲ ਮਿਲ ਕੇ ਕੰਮ ਕਰੇਗੀ। ਖੁੱਡੀਆਂ ਨੇ ਕੇਂਦਰੀ ਮੰਤਰੀ ਨੂੰ ਰਾਜ ਦੀਆਂ ਮੰਗਾਂ ਦਾ ਪੱਤਰ ਸੌਂਪਦਿਆਂ ਦੱਸਿਆ ਕਿ ਜਿੱਥੇ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਕਿਸਾਨਾਂ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਯਤਨ ਕਰ ਰਹੀ ਹੈ, ਉਥੇ ਕੇਂਦਰ ਸਰਕਾਰ ਦੇ ਵੀ ਉਪਰਾਲੇ ਲਾਜ਼ਮੀ ਹਨ, ਇਸ ਲਈ ਕੇਂਦਰ ਸਰਕਾਰ ਸੂਬੇ ਦੇ ਕਿਸਾਨਾਂ ਦੀ ਬਾਂਹ ਫੜਨ ਲਈ ਅੱਗੇ ਆਵੇ।

ਉਹਨਾ ਪੰਜਾਬ 'ਚ ਝੋਨੇ ਦੀ ਪਰਾਲੀ ਨੂੰ ਅੱਗ ਲੱਗਣੋ ਰੋਕਣ ਲਈ ਕੇਂਦਰ ਨੂੰ ਕਿਸਾਨਾਂ ਦੀ ਮਦਦ ਲਈ ਖੁੱਲ੍ਹਾ ਦਿਲ ਦਿਖਾਉਣ 'ਤੇ ਜ਼ੋਰ ਦਿੱਤਾ। ਉਨ੍ਹਾ ਨਾਲ ਹੀ ਝੋਨੇ ਦੀ ਬਿਜਾਈ ਲਈ ਡੀ ਏ ਪੀ ਦੀ ਕਿਲਤ ਦੂਰ ਕਰਨ ਲਈ ਸਪਲਾਈ ਵਧਾਉਣ ਸਮੇਤ ਪਾਣੀ ਬਚਾਉਣ ਲਈ ਝੋਨੇ ਦੀ ਥਾਂ ਮੱਕੀ, ਦਾਲਾਂ ਤੇ ਤੇਲ ਬੀਜਾਂ ਹੇਠ ਰਕਬਾ ਵਧਾਉਣ ਲਈ ਕੇਂਦਰੀ ਸਹਾਇਤਾ ਵੀ ਮੰਗੀ ਅਤੇ ਨਰਮੇ ਦੀ ਫ਼ਸਲ ਨੂੰ ਦਰਪੇਸ਼ ਮੁਸ਼ਕਲਾਂ ਅਤੇ ਝੋਨੇ ਦੀ ਫ਼ਸਲ ਦੀ ਖਰੀਦ 'ਚ ਐੱਫ ਸੀ ਆਈ ਵੱਲੋਂ ਅੜਿੱਕੇ ਡਾਹੁਣ ਦਾ ਮਸਲਾ ਵੀ ਜ਼ੋਰਦਾਰ ਢੰਗ ਨਾਲ ਉਠਾਇਆ।

### 9 ਜੁਲਾਈ ਦੀ ਹੜਤਾਲ...

ਟਰੇਡ ਯੂਨੀਅਨ ਸੰਗਠਨਾਂ, ਅਜ਼ਾਦ ਫੈਡਰੇਸ਼ਨਾਂ ਅਤੇ ਐੱਸ ਕੇ ਐੱਮ ਦੇ ਸਹਿਯੋਗ ਨਾਲ 9 ਜੁਲਾਈ ਦੀ ਲਾਮਿਸਾਲ ਦੇਸ਼ ਵਿਆਪੀ ਹੜਤਾਲ ਕੀਤੀ ਜਾ ਰਹੀ ਹੈ। ਉਹਨਾਂ ਵਿੱਚ ਪਬਲਿਕ ਸੈਕਟਰ ਦਾ ਨਿੱਜੀਕਰਨ ਰੋਕਣਾ, ਕੰਟਰੈਕਟ ਅਤੇ ਆਊਟ ਸੋਰਸ ਪ੍ਰਣਾਲੀ ਬੰਦ ਕਰਨਾ, ਚਾਰੇ ਲੇਬਰ ਕੋਡਜ਼ ਰੱਦ ਕਰਨੇ, ਐੱਨ ਪੀ ਐੱਸ ਅਤੇ ਯੂ ਪੀ ਐੱਸ ਤਹਿਤ ਪੈਨਸ਼ਨ ਸਕੀਮਾਂ ਵਾਪਸ ਲੈ ਕੇ ਪੁਰਾਣੀ ਪੈਨਸ਼ਨ ਲਾਗੂ ਕਰਨਾ, ਸਕੀਮ ਵਰਕਰਾਂ ਨੂੰ ਰੈਗੂਲਰ ਕਰਨਾ, ਬੇਰੁਜਗਾਰੀ ਦਾ ਸਥਾਈ ਹੱਲ ਕੱਢਣਾ, ਘੱਟੋ—ਘੱਟ ਉਜਰਤ 26000/— ਰੁਪਏ ਪ੍ਰਤੀ ਮਹੀਨਾ ਕਰਨਾ, ਸਿਹਤ, ਸਿੱਖਿਆ ਦਾ ਨਿਜੀਕਰਨ ਰੋਕਣਾ, ਮਨਰੇਗਾ ਅਧੀਨ ਕੰਮ 200 ਦਿਨ ਦੇਣਾ ਅਤੇ ਇਸਨੂੰ ਸ਼ਹਿਰੀ ਖੇਤਰਾਂ ਵਿੱਚ ਵੀ ਲਾਗੂ ਕਰਨਾ, ਸਮਾਜਿਕ ਸੁਰੱਖਿਆ ਯਕੀਨੀ ਬਣਾਉਣਾ, ਖੇਤ ਮਜਦੂਰਾਂ ਅਤੇ ਪੇਂਡੂ ਮਜਦੂਰਾਂ ਦੇ ਕਰਜੇ ਮੁਆਫ ਕਰਨੇ ਅਤੇ ਬੇਘਰਿਆਂ ਨੂੰ ਰਹਿਣਯੋਗ ਘਰ ਬਣਾ ਕੇ ਦੇਣੇ, ਮਹਿੰਗਾਈ ਨੂੰ ਕਾਬੂ ਹੇਠ ਰੱਖਣਾ, ਕਿਸਾਨਾਂ, ਮਜ਼ਦੂਰਾਂ ਦੇ ਮਸਲੇ ਹੱਲ ਕਰਨੇ ਆਦਿ ਸ਼ਾਮਲ ਹਨ। ਏਟਕ ਆਗੂਆਂ ਵੱਲੋਂ ਪੰਜਾਬ ਏਟਕ ਨਾਲ ਸੰਬੰਧਤ ਅਤੇ ਇਸ ਦੀਆਂ ਸਹਿਯੋਗੀ ਜਥੇਬੰਦੀਆਂ ਦੇ ਸਮੁੱਚੇ ਆਗੂਆਂ ਨੂੰ ਜ਼ੋਰਦਾਰ ਅਪੀਲ ਕੀਤੀ ਗਈ ਕਿ 13 ਜੂਨ ਦੀ ਕਨਵੈਨਸ਼ਨ ਰੂਪੀ ਇਸ ਮਹੱਤਵਪੂਰਨ ਮੀਟਿੰਗ ਵਿੱਚ ਹਰ ਹਾਲਤ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਾ ਯਕੀਨੀ ਬਣਾਉਣ ਵਿੱਚ ਕੋਈ ਕਸਰ ਬਾਕੀ ਨਾ ਛੱਡੀ ਜਾਵੇ।

## ਸ਼ਹੀਦੀ ਪੁਰਬ ਨੂੰ ਸਮਰਪਤ ਛਬੀਲ ਲਗਾਈ



**ਜਲੰਧਰ (ਨ ਜ਼ ਸ)**-ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਪਿੰਡ ਚਾਚੋਵਾਲ ਵੱਲੋਂ ਸ਼ਹੀਦਾਂ ਦੇ ਸਿਰਤਾਜ ਪੰਜਵੀਂ ਪਾਤਸ਼ਾਹੀ ਸ੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦਾ ਸ਼ਹੀਦੀ ਪੁਰਬ ਮਨਾਇਆ ਗਿਆ, ਜਿਸ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦੀ ਬਾਣੀ ਦੇ ਭੋਗ ਪਾਏ ਗਏ ਅਤੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਸਮਾਗਮ ਵਿੱਚ ਸੰਗਤਾਂ ਨੇ ਵੱਧ ਚੜ੍ਹ ਕੇ ਸਹਿਯੋਗ ਕੀਤਾ। ਇਸ ਸਮੇਂ ਖਾਸ ਤੌਰ 'ਤੇ ਨੌਜਵਾਨ ਵੀਰਾਂ ਤੇ ਬੱਚਿਆਂ ਨੇ ਛਬੀਲ 'ਚ ਵੱਧ ਚੜ੍ਹ ਕੇ ਸੇਵਾ ਕੀਤੀ। ਇਸ ਸਮੇਂ ਪ੍ਰਧਾਨ ਸ੍ਰੀ ਸੋਨੀ ਰਾਮ, ਉਪ ਪ੍ਰਧਾਨ ਐਡਵੋਕੇਟ ਰਾਜ ਕੁਮਾਰ ਬੈਂਸ, ਸੋਢੀ ਸਿੰਘ, ਦਲਵੀਰ ਸਿੰਘ ਭੂੰਡਪਾਲ, ਐਡਵੋਕੇਟ ਕੁਲਵੰਤ ਰਾਏ, ਅਜੇ ਕੁਮਾਰ ਪੰਚ, ਬਲਕਾਰ ਕੁਮਾਰ, ਵਿਜੇ ਕੁਮਾਰ, ਵਿੱਕੀ, ਪਰਦੀਪ ਕੁਮਾਰ ਦੀਪਾ, ਜਸਕਰਨ ਰਾਏ ਤੇ ਹੋਰ ਬਹੁਤ ਸਾਰੀਆਂ ਸੰਗਤਾਂ ਹਾਜ਼ਰ ਸਨ।

## ਵਾਤਾਵਰਣ ਦਿਵਸ ਮੌਕੇ ਸਰਕਾਰੀ ਕੰਨਿਆ ਸਕੂਲ 'ਚ ਪੌਦੇ ਲਗਾਏ



**ਜਲਾਲਾਬਾਦ (ਜੀਤ ਕੁਮਾਰ)**-ਵਿਸ਼ਵ ਵਾਤਾਵਰਣ ਦਿਵਸ ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਫਾਜ਼ਿਲਕਾ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਅਜੇ ਕੁਮਾਰ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਜਲਾਲਾਬਾਦ ਵਿੱਚ ਸਕੂਲ ਪ੍ਰਿੰਸੀਪਲ ਅਮਿਤ ਗਗਨੇਜਾ ਦੀ ਅਗਵਾਈ ਹੇਠ ਸਟਾਫ ਤੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਥਾਵਾਂ 'ਤੇ ਪੌਦੇ ਲਗਾਏ ਗਏ। ਇਸ ਮੌਕੇ ਪ੍ਰਿੰਸੀਪਲ ਅਮਿਤ ਗਗਨੇਜਾ ਨੇ ਸਟਾਫ ਤੇ ਵਿਦਿਆਰਥੀਆਂ ਨੂੰ ਵਾਤਾਵਰਨ ਦੀ ਮਹੱਤਤਾ ਦੱਸਦੇ ਹੋਏ ਸਾਰਿਆਂ ਨੂੰ ਪੌਦੇ ਲਗਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸੋਸ਼ਲ ਮੀਡੀਆ ਇੰਚਾਰਜ ਕਰਨ ਧੂੜੀਆ, ਪ੍ਰਿੰਟ ਮੀਡੀਆ ਇੰਚਾਰਜ ਹੁਸ਼ਿਆਰ ਦਰਗਨ, ਪਵਨ ਮਨਚੰਦਾ ਤੇ ਹੋਰ ਸਟਾਫ ਮੈਂਬਰ ਹਾਜ਼ਰ ਰਹੇ।

### ਫਾਇਰਿੰਗ 'ਚ ਦੁਕਾਨਦਾਰ ...

'ਤੇ ਧਮਕੀਆਂ ਦਿੱਤੀਆਂ ਜਾ ਰਹੀਆਂ ਸਨ ਤੇ ਫਿਰੌਤੀ ਮੰਗੀ ਜਾ ਰਹੀ ਸੀ, ਜਿਸ ਸੰਬੰਧੀ ਪੁਲਸ ਕੋਲ ਸ਼ਿਕਾਇਤ ਵੀ ਕੀਤੀ ਗਈ ਸੀ, ਜਿਸ 'ਤੇ ਕਾਰਵਾਈ ਕਰਦਿਆਂ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਵੀ ਕੀਤਾ ਗਿਆ ਸੀ, ਪਰ ਫਿਰ ਵੀ ਲਗਾਤਾਰ ਧਮਕੀਆਂ ਮਿਲ ਰਹੀਆਂ ਸਨ।

ਐੱਸ ਐੱਸ ਓ ਹਰਚੰਦ ਸਿੰਘ ਨੇ ਕਿਹਾ ਕਿ ਲਗਭੱਗ ਡੇਢ ਮਹੀਨਾ ਪਹਿਲਾਂ ਵੀ ਇਹਨਾਂ ਨੂੰ ਧਮਕੀਆ ਭਰੇ ਫੋਨ ਆ ਰਹੇ ਸਨ। ਵਿਅਕਤੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਸੀ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਝਾੜ ਸਾਹਿਬ ਕਾਲਜ 'ਚ ਵਿਦਿਆਰਥਣਾਂ ਨੇ ਵਾਤਾਵਰਣ ਦਿਵਸ ਮੌਕੇ ਪੌਦੇ ਲਗਾਏ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵੂਮੈਨ ਝਾੜ ਸਾਹਿਬ ਵੱਲੋਂ ਵਿਸ਼ਵ ਵਾਤਾਵਰਨ ਦਿਵਸ ਪ੍ਰਿੰਸੀਪਲ ਡਾ. ਰਾਜਿੰਦਰ ਕੌਰ ਦੀ ਅਗਵਾਈ ਵਿੱਚ ਜੋਸ਼ ਤੇ ਸਮਰਪਣ ਭਾਵਨਾ ਨਾਲ ਮਨਾਇਆ ਗਿਆ।ਸਮਾਗਮ ਦਾ ਮਕਸਦ ਵਿਦਿਆਰਥਣਾਂ ਵਿੱਚ ਵਾਤਾਵਰਨ ਸੰਭਾਲ ਤੇ ਸਿਹਤਮੰਦ ਜੀਵਨ ਸ਼ੈਲੀ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਇਸ ਸਾਲ ਦਾ ਥੀਮ ਸੀ-ਪਲਾਸਟਿਕ ਪ੍ਰਦੂਸ਼ਣ ਦਾ ਅੰਤ ਕਰੋ।ਇਹ ਪ੍ਰੋਗਰਾਮ ਐੱਨ ਐੱਸ ਐੱਸ ਯੂਨਿਟ, ਰੈੱਡ ਰਿਬਨ ਕਲੱਬ ਤੇ ਸੋਸ਼ਲ ਸੈਲਫ਼-ਹੈਲਪ ਗਰੁੱਪ ਦੇ ਸਾਂਝੇ ਯਤਨਾਂ ਰਾਹੀਂ ਕਰਵਾਇਆ ਗਿਆ।ਇਸ ਕਾਰਗੁਜ਼ਾਰੀ ਵਿੱਚ ਡਾ. ਸੁਨੀਤਾ ਕੌਸ਼ਲ, ਮਿਸ ਯਸ਼ਵੀਰ ਕੌਰ ਤੇ ਮਿਸ ਹਰਪ੍ਰੀਤ ਕੌਰ ਨੇ ਮੁੱਖ ਭੂਮਿਕਾ ਨਿਭਾਈ।ਸਮਾਗਮ ਦੀ ਸ਼ੁਰੂਆਤ ਰੁੱਖ ਲਗਾਉਣ ਦੀ ਮੁਹਿੰਮ ਨਾਲ ਹੋਈ, ਜਿਸ ਦੌਰਾਨ ਵਿਦਿਆਰਥਣਾਂ ਤੇ ਅਧਿਆਪਕਾਂ ਨੇ ਕੈਂਪਸ ਵਿੱਚ ਰੁੱਖ ਲਗਾ ਕੇ ਹਰਿਆਵਲੀ ਤੇ ਜੈਵ ਵਿਭਿੰਨਤਾ ਨੂੰ ਉਤਸ਼ਾਹਤ ਕੀਤਾ।ਇਸ ਤੋਂ ਬਾਅਦ ਇੱਕ ਜਾਗਰੂਕਤਾ ਰੈਲੀ ਕੱਢੀ ਗਈ, ਜਿਸ ਵਿੱਚ ਵਿਦਿਆਰਥਣਾਂ ਨੇ ਨਾਅਰੇ ਲਾ ਕੇ ਤੇ ਬੈਨਰ ਲੈ ਕੇ ਆਸ-ਪਾਸ ਦੇ ਇਲਾਕੇ ਵਿੱਚ ਵਾਤਾਵਰਨ ਸੰਭਾਲ ਦਾ ਸੁਨੇਹਾ ਦਿੱਤਾ।ਸੋਸ਼ਲ ਸੈਲਫ਼-ਹੈਲਪ ਗਰੁੱਪ ਵੱਲੋਂ ਇਕ ਪਰਦਰਸ਼ਨੀ ਵੀ ਲਗਾਈ ਗਈ, ਜਿਸ ਵਿੱਚ ਵਿਦਿਆਰਥਣਾਂ ਦੁਆਰਾ ਤਿਆਰ ਕੀਤੇ ਹੱਥੋਂ ਬਣੇ, ਸਵੱਛ ਵਾਤਾਵਰਨ ਨੂੰ ਉਤਸ਼ਾਹਤ ਕਰਦੇ ਉਤਪਾਦ ਪ੍ਰਦਰਸ਼ਤ ਕੀਤੇ ਗਏ।ਇਸ ਮੌਕੇ ਇਕ ਪੋਸਟਰ ਮੇਕਿੰਗ ਮੁਕਾਬਲਾ ਵੀ ਹੋਇਆ, ਜਿਸ ਵਿੱਚ ਵਿਦਿਆਰਥਣਾਂ ਨੇ ਕਲਾਤਮਕ ਢੰਗ ਨਾਲ ਪਲੀਤ ਹੋ ਰਹੇ ਵਾਤਾਵਰਨ ਸਬੰਧੀ ਚਿੰਤਾਵਾਂ ਨੂੰ ਰੂਪਮਾਨ ਕੀਤਾ।ਇਸ ਮੌਕੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਇਸ ਉਦਮ ਲਈ ਅਧਿਆਪਕਾਂ ਤੇ ਵਿਦਿਆਰਥਣਾਂ ਦੀ ਭੂਮਿਕਾ ਦੀ ਸ਼ਲਾਘਾ ਕੀਤੀ।ਪ੍ਰੋਗਰਾਮ ਦੀ ਸਮਾਪਤੀ 'ਤੇ ਇਕ ਸਹੁੰ ਚੁੱਕ ਸਮਾਗਮ ਹੋਇਆ, ਜਿਸ ਵਿੱਚ ਹਾਜ਼ਰੀਨ ਨੇ ਰੁਟੀਨ ਵਿੱਚ ਪਰਿਵੇਸ਼-ਮਿੱਤਰ ਆਦਤਾਂ ਅਪਣਾਉਣ ਤੇ ਵਾਤਾਵਰਨ ਦੀ ਰੱਖਿਆ ਕਰਨ ਦੀ ਕਸਮ ਖਾਈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

## 22500 ਐਮ ਐਲ ਨਜਾਇਜ਼ ਸ਼ਰਾਬ ਸਮੇਤ ਕਾਬੂ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਪੁਰਾਣਾ ਸ਼ਾਲਾ ਪੁਲਿਸ ਏ.ਐਸ.ਆਈ. ਰਣਬੀਰ ਸਿੰਘ ਪੁਲਿਸ ਪਾਰਟੀ ਨਾਲ ਟੀ ਪੁਆਇੰਟ ਪੁਲ ਸੇਮ ਨਹਿਰ 'ਤੇ ਨਾਕਾਬੰਦੀ ਲਗਾ ਕੇ ਚੈਕਿੰਗ ਕਰ ਰਹੇ ਸੀ ਕਿ ਇਤਲਾਹ ਮਿਲੀ ਕਿ ਦਰਬਾਰਾ ਸਿੰਘ ਬਿੱਲਾ ਪੁੱਤਰ ਚੰਨਣ ਸਿੰਘ ਵਾਸੀ ਮੇਚੂਪੁਰ ਤੋਂ ਸ਼ਰਾਬ ਲੈ ਕੇ ਪਿੰਡ ਖੋਧਤ ਪੱਕਰ ਨੂੰ ਜਾ ਰਿਹਾ ਹੈ ਜਿਸ ਬਾਰੇ ਇਤਲਾਹ ਮਿਲਣ 'ਤੇ ਤਫ਼ਤੀਸ਼ੀ ਅਫਸਰ ਨੇ ਸਮੇਤ ਪੁਲਿਸ ਪਾਰਟੀ ਉਕਤ ਵਿਅਕਤੀ ਨੂੰ ਮੋਟਰਸਾਈਕਲ ਸਪਲੈਂਡਰ ਸਮੇਤ ਕਾਬੂ ਕੀਤਾ ਜਿਸ ਪਾਸੋਂ 22500 ਐਮ.ਐਲ. ਨਜਾਇਜ਼ ਸ਼ਰਾਬ ਬਰਾਮਦ ਹੋਈ ਹੈ। ਪੁਲਸ ਨੇ ਉਕਤ ਵਿਅਕਤੀ ਖ਼ਿਲਾਫ਼ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਲਾਇਨਜ਼ ਕਲੱਬ ਬਟਾਲਾ ਮੁਸਕਾਨ ਨੇ ਛਬੀਲ ਲਗਾਈ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਲਾਇਨਜ਼ ਕਲੱਬ ਬਟਾਲਾ ਮੁਸਕਾਨ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਤ ਛਬੀਲ ਲਗਾਈ ਗਈ। ਪ੍ਰਧਾਨ ਲਾਇਨ ਗਗਨਦੀਪ



ਸਿੰਘ ਨੇ ਦੱਸਿਆ ਕਿ ਸਥਾਨਕ ਸਮਾਧ ਰੋਡ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਕਲੱਬ ਵੱਲੋਂ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਜਿਸ ਵਿੱਚ ਅੰਮ੍ਰਿਤ ਕਲਸੀ ਵੱਲੋਂ ਸਾਥੀਆਂ ਸਮੇਤ ਪਹੁੰਚ ਕੇ ਛਬੀਲ ਦੀ ਸੇਵਾ ਕੀਤੀ। ਇਸ ਮੌਕੇ ਅੰਮ੍ਰਿਤ ਕਲਸੀ ਨੇ ਕਿਹਾ ਕਿ ਲਾਇਨਜ਼ ਕਲੱਬ ਬਟਾਲਾ ਮੁਸਕਾਨ ਵੱਲੋਂ ਸਮਾਜ ਭਲਾਈ ਲਈ ਸਮੇਂ ਸਮੇਂ 'ਤੇ ਅਹਿਮ ਪ੍ਰੋਜੈਕਟ ਕੀਤੇ ਜਾਂਦੇ ਹਨ। ਉਨ੍ਹਾਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਕੋਟਿ ਕੋਟਿ ਨਮਨ ਕੀਤਾ। ਇਸ ਮੌਕੇ ਵਾਇਸ ਰੀਜਨ ਚੇਅਰਮੈਨ ਲਾਇਨ ਬਰਿੰਦਰ ਸਿੰਘ ਅਠਵਾਲ, ਸੈਕਟਰੀ ਲਾਇਨ ਭਾਰਤ ਭੂਸ਼ਨ, ਖਜ਼ਾਨਚੀ ਲਾਇਨ ਪ੍ਰਦੀਪ ਚੀਮਾ, ਲਾਇਨ ਪ੍ਰਿੰਸੀਪਲ ਦਵਿੰਦਰ ਸਿੰਘ ਕਾਹਲੋਂ, ਲਾਇਨ ਪਰਵਿੰਦਰ ਸਿੰਘ ਗੋਰਾਇਆ, ਲਾਇਨ ਗੁਰਸਰਨ ਸਿੰਘ, ਲਾਇਨ ਸਰਬਜੀਤ ਸਿੰਘ, ਲਾਇਨ ਸੰਦੀਪ, ਲਾਇਨ ਸੁਸ਼ੀਲ ਮਹਾਜਨ, ਲਾਇਨ ਗੋਬਿੰਦ ਸੈਣੀ, ਆਦਿ ਹਾਜ਼ਰ ਸਨ।

## ਪੀ ਐਮ ਸ੍ਰੀ ਸੈਕੰਡਰੀ ਸਕੂਲ ਦੇ ਵਿਦਿਆਰਥੀ ਗੁਰਪ੍ਰੀਤ ਦਾ ਵਿਸ਼ੇਸ਼ ਸਨਮਾਨ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਅਤੇ ਏ.ਡੀ.ਸੀ (ਜ) ਡਾ. ਹਰਜਿੰਦਰ ਸਿੰਘ ਬੇਦੀ ਵੱਲੋਂ ਸਾਂਝੇ ਤੌਰ 'ਤੇ ਪੀ ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਗੁਰਪ੍ਰੀਤ ਸਿੰਘ ਵੱਲੋਂ ਕਲਾ ਦੇ ਖੇਤਰ ਵਿੱਚ ਕੀਤੀਆਂ ਅਹਿਮ ਪ੍ਰਾਪਤੀਆਂ ਲਈ ਸਨਮਾਨ ਪੱਤਰ ਦੇ ਸਨਮਾਨਤ ਕੀਤਾ ਗਿਆ। ਇਸ ਮੌਕੇ ਗੁਰਪ੍ਰੀਤ ਨੇ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੇਰੀ ਕਲਾ ਨੂੰ ਨਿਖਾਰਨ ਵਿੱਚ ਮੇਰੇ ਸਕੂਲ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਅਤੇ ਆਰਟ ਐਂਡ ਕਰਾਫਟ ਅਧਿਆਪਕ ਗੁਰਟੇਕ ਸਿੰਘ ਦਾ ਵਿਸ਼ੇਸ਼ ਯੋਗਦਾਨ ਹੈ ਜੋ ਸਮੇਂ ਸਮੇਂ 'ਤੇ ਮੇਰਾ ਮਾਰਗਦਰਸ਼ਨ ਕਰਦੇ ਰਹਿ ਹਨ ਅਤੇ ਮੇਰੀ ਹਰ ਤਰ੍ਹਾਂ ਨਾਲ ਸਹਾਇਤਾ ਕਰਦੇ ਹਨ। ਇਸ ਮੌਕੇ ਗੁਰਪ੍ਰੀਤ ਵੱਲੋਂ ਬਣਾਈਆਂ ਹੋਈਆਂ ਮੂਰਤੀਆਂ ਡੀ.ਸੀ ਸਾਹਿਬਾਨ ਅਤੇ ਏ.ਡੀ.ਸੀ ਸਾਹਿਬਾਨ ਨੂੰ ਭੇਟ ਕੀਤੀਆਂ ਗਈਆਂ। ਸ਼ੋਸ਼ਲ ਮੀਡੀਆ 'ਤੇ ਵਾਇਰਲ ਹੋਣ ਉਪਰੰਤ ਗੁਰਪ੍ਰੀਤ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਨਜ਼ਰਾਂ ਵਿੱਚ ਆਇਆ ਸੀ। ਇਸ ਮੌਕੇ ਜ਼ਿਲ੍ਹਾ ਗਾਇਡੈਂਸ ਕੌਂਸਲਰ ਪਰਮਿੰਦਰ ਸੈਣੀ, ਪਰਬੋਦ ਕੁਮਾਰ ਸੁਪਰਡੈਂਟ ਜ਼ਿਲ੍ਹਾ ਸਿੱਖਿਆ ਦਫਤਰ ਸੈਕੰਡਰੀ ਗੁਰਦਾਸਪੁਰ, ਗੁਰਟੇਕ ਸਿੰਘ ਆਰਟ ਐਂਡ ਕਰਾਫਟ ਅਧਿਆਪਕ ਆਦਿ ਹਾਜ਼ਰ ਸਨ।

## ਸੇਖਵਾਂ ਨੇ 66 ਕੇ ਵੀ ਬਿਜਲੀ-ਘਰ ਕੋਟ ਧੰਦਲ ਨੂੰ ਕੀਤਾ ਲੋਕ ਅਰਪਣ

**ਧਾਰੀਵਾਲ/ਕਾਹਨੂੰਵਾਨ/ਗੁਰਦਾਸਪੁਰ (ਮਨਦੀਪ ਸਿੰਘ ਵਿੱਕੀ, ਜਨਕ ਮਹਾਜਨ)**- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਕਾਦੀਆਂ ਦੇ ਪਿੰਡਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਲਈ 66 ਕੇ.ਵੀ. ਬਿਜਲੀ-ਘਰ ਦੇ ਰੂਪ ਵਿੱਚ ਵੱਡਾ ਤੋਹਫ਼ਾ ਦਿੱਤਾ ਗਿਆ ਹੈ। ਪੰਜਾਬ ਸਰਕਾਰ ਵੱਲੋਂ 5.80 ਕਰੋੜ ਰੁਪਏ ਦੀ ਲਾਗਤ ਨਾਲ ਬਣਾਏ ਗਏ 66 ਕੇ.ਵੀ. ਬਿਜਲੀ-ਘਰ, ਪਿੰਡ ਕੋਟ ਧੰਦਲ ਨੂੰ ਅੱਜ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸ. ਜਗਰੂਪ ਸਿੰਘ ਸੇਖਵਾਂ ਵੱਲੋਂ ਲੋਕ ਅਰਪਣ ਕੀਤਾ ਗਿਆ। ਬਿਜਲੀ-ਘਰ ਦਾ ਉਦਘਾਟਨ ਕਰਦਿਆਂ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਇਹ ਬਿਜਲੀ-ਘਰ ਬਣਨ ਨਾਲ ਪਿੰਡ ਕੋਟ ਧੰਦਲ ਦੇ ਆਸ-ਪਾਸ ਦੇ ਪਿੰਡਾਂ ਦੀ 24 ਘੰਟੇ ਵਾਲੀ ਬਿਜਲੀ ਸਪਲਾਈ ਵਿੱਚ ਸੁਧਾਰ ਆਵੇਗਾ ਉੱਥੇ ਝੋਨੇ ਦੇ ਸੀਜ਼ਨ ਦੌਰਾਨ ਖਪਤਕਾਰਾਂ ਦੇ ਟਿਊਬਵੈੱਲ ਕੁਨੈਕਸ਼ਨਾਂ ਨੂੰ ਮਿਲਣ ਵਾਲੀ ਬਿਜਲੀ ਵੀ ਸਪਲਾਈ ਨਿਰਵਿਘਨ ਮਿਲੇਗੀ। ਉਨ੍ਹਾਂ ਕਿਹਾ ਕਿ ਇਸ ਬਿਜਲੀ-ਘਰ ਦੇ ਬਣਨ ਅਤੇ ਚਾਲੂ ਹੋਣ ਨਾਲ 66



ਕੇ.ਵੀ ਸਬ ਸਟੇਸ਼ਨ ਕਾਹਨੂੰਵਾਨ, 66 ਕੇ.ਵੀ ਸਬ ਸਟੇਸ਼ਨ ਤੁਗਲਵਾਲ ਅਤੇ 66 ਕੇ.ਵੀ ਸਬ ਸਟੇਸ਼ਨ ਕਾਦੀਆਂ ਦਾ ਭਾਰ ਘੱਟ ਹੋਵੇਗਾ ਅਤੇ ਇਨ੍ਹਾਂ ਸਬ ਸਟੇਸ਼ਨਾਂ ਤੋਂ ਚੱਲਦੇ ਫੀਡਰਾਂ ਅਧੀਨ ਪੈਂਦੇ ਖਪਤਕਾਰਾਂ ਨੂੰ ਵੀ ਵਧੀਆ ਬਿਜਲੀ ਸਪਲਾਈ ਮਿਲੇਗੀ। ਉਨ੍ਹਾਂ ਕਿਹਾ ਕਿ ਪਿੰਡ ਕੋਟ ਧੰਦਲ ਵਿੱਚ ਇਹ 66 ਕੇ.ਵੀ ਸਬ ਸਟੇਸ਼ਨ ਬਣਨ ਨਾਲ ਪੂਰੇ ਇਲਾਕੇ ਦੀ ਚਿਰੋਕਣੀ ਮੰਗ ਪੂਰੀ ਹੋਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਿੱਥੇ ਨਿਰਵਿਘਨ ਬਿਜਲੀ ਸਪਲਾਈ ਦੇਣ ਲਈ ਬੁਨਿਆਦੀ ਢਾਂਚੇ ਵਿੱਚ ਸੁਧਾਰ ਕੀਤਾ ਜਾ ਰਿਹਾ ਹੈ ਉੱਥੇ ਸੂਬਾ ਵਾਸੀਆਂ ਨੂੰ 600 ਯੂਨਿਟ ਮੁਫ਼ਤ ਬਿਜਲੀ ਸਹੂਲਤ ਵੀ ਨਿਰਵਿਘਨ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਵੀ ਟਿਊਬਵੈੱਲਾਂ ਲਈ ਮੁਫ਼ਤ ਬਿਜਲੀ ਸਹੂਲਤ ਦੇ ਕੇ ਮਾਨ ਸਰਕਾਰ ਨੇ ਕਿਸਾਨੀ ਦਾ ਵੱਡਾ ਫ਼ਾਇਦਾ ਕੀਤਾ ਹੈ। ਇਸ ਮੌਕੇ ਇੰਜ: ਜਗਜੀਤ ਸਿੰਘ ਬਾਜਵਾ, ਵਧੀਕ ਨਿਗਰਾਨ ਇੰਜੀ:/ਸੰਚਾ, ਮੰਡਲ ਕਾਦੀਆਂ, ਇੰਜ: ਤੀਰਥ ਰਾਮ, ਉਪ ਮੰਡਲ ਅਫ਼ਸਰ ਕਾਹਨੂੰਵਾਨ, ਇੰਜ: ਜੱਸਾ ਸਿੰਘ, ਉਪ ਮੰਡਲ ਅਫ਼ਸਰ ਕਾਦੀਆਂ, ਜੇ.ਈਜ਼ ਅਤੇ ਹੋਰ ਬਿਜਲੀ ਮੁਲਾਜ਼ਮਾਂ ਦੇ ਨਾਲ ਨਾਲ ਆਪ ਆਗੂ ਹਰਜੀਤ ਸਿੰਘ ਟਿੱਕਾ, ਸੋਹਣ ਸਿੰਘ ਨੈਨੇਕੋਟ, ਚੇਅਰਮੈਨ ਮਾਰਕੀਟ ਕਮੇਟੀ ਜਸਪਾਲ ਸਿੰਘ ਪੰਧੇਰ, ਚੇਅਰਮੈਨ ਮੋਹਨ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਆਸ ਪਾਸ ਦੇ ਪਿੰਡਾਂ ਦੇ ਪੰਚ-ਸਰਪੰਚ ਅਤੇ ਇਲਾਕਾ ਨਿਵਾਸੀ ਮੌਜੂਦ ਸਨ।

## ਸਕੂਲਾਂ ਦੇ 100 ਮੀਟਰ ਦੇ ਘੇਰੇ ਅੰਦਰ ਕਿਸੇ ਵੀ ਤਰ੍ਹਾਂ ਦੀ ਐਨਰਜੀ ਡਰਿੰਕ ਨਹੀਂ ਵੇਚੀ ਜਾ ਸਕਦੀ

**ਗੁਰਦਾਸਪੁਰ (ਜਨਕ ਮਹਾਜਨ)**- ਮਾਣਯੋਗ ਕਮਿਸ਼ਨਰ ਫੂਡ ਐਂਡ ਡਰੱਗ ਐਡਮਨਿਸਟਰੇਸ਼ਨ ਪੰਜਾਬ ਦੀਆਂ ਹਦਾਇਤਾਂ ਤਹਿਤ ਪੰਜਾਬ ਸਰਕਾਰ ਵਲੋਂ ਪੇਂਡੂ ਖੇਤਰਾਂ ਵਿੱਚ 100 ਮੀਟਰ ਅਤੇ ਸ਼ਹਿਰੀ ਖੇਤਰਾਂ ਵਿੱਚ 50 ਮੀਟਰ ਦੇ ਘੇਰੇ ਵਿੱਚ ਸਕੂਲਾਂ ਦੀਆਂ ਕੰਟੀਨਾਂ/ਟੱਕ ਦੁਕਾਨਾਂ/ਦੁਕਾਨਾਂ ਜਾਂ ਅਦਾਰਿਆਂ ਵਿੱਚ ਬੱਚਿਆਂ ਨੂੰ ਕਿਸੇ ਵੀ ਤਰ੍ਹਾਂ ਦੀ ਸਟਿੰਗ ਵਗੈਰਾ ਜਾਂ ਕੋਈ ਹੋਰ ਐਨਰਜੀ ਡਰਿੰਕਸ ਦੀ ਵਿੱਕਰੀ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਨੇ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਨਾਹੀ ਦੇ ਇਹ ਹੁਕਮ 21 ਅਪ੍ਰੈਲ ਤੋਂ 1 ਸਾਲ ਲਈ ਪੇਂਡੂ ਸਕੂਲ ਖੇਤਰਾਂ ਵਿੱਚ 100 ਮੀਟਰ ਅਤੇ ਸ਼ਹਿਰੀ ਸਕੂਲ ਖੇਤਰਾਂ ਵਿੱਚ 50 ਮੀਟਰ ਦੇ ਏਰੀਏ ਵਿੱਚ ਲਾਗੂ ਰਹਿਣਗੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹਨਾਂ ਹੁਕਮਾਂ ਦੀ ਪਾਲਣਾ ਨਾ ਕਰਨ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## 'ਇਨੋਵੇਟਿਵ ਆਈਡੀਆਜ਼ ਇਨ ਐਜੂਕੇਸ਼ਨ' ਵਿਸ਼ੇ 'ਤੇ ਸੈਮੀਨਾਰ

**ਝਬਾਲ (ਹਰਿਜੰਦਰ ਸਿੰਘ ਸੋਨੀ)**- ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ



ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ 5 ਜੂਨ ਨੂੰ ਇਨੋਵੇਟਿਵ ਆਈਡੀਆਜ਼ ਇਨ ਐਜੂਕੇਸ਼ਨ ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਜਿਸ ਵਿੱਚ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਨਵੇਂ-ਨਵੇਂ ਢੰਗ ਨਾਲ ਪੜ੍ਹਾਉਣ ਬਾਰੇ ਜਾਣਕਾਰੀ ਦਿੰਦਿਆਂ ਵੱਖ ਵੱਖ ਗਤੀਵਿਧੀਆਂ ਕਰਵਾਈਆਂ ਗਈਆਂ।ਅਧਿਆਪਕਾਂ ਨੇ ਵੀ ਇਹਨਾਂ ਗਤੀਵਿਧੀਆਂ 'ਚ ਵੱਧ ਚੜ੍ਹ ਕੇ ਹਿੱਸਾ ਲਿਆ। ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੂਰੀਤ ਬਾਵਾ ਨੇ ਕਿਹਾ ਕਿ ਅਜਿਹੇ ਸੈਮੀਨਾਰ ਲਗਾਉਣੇ ਸਕੂਲਾਂ ਲਈ ਬਹੁਤ ਜ਼ਰੂਰੀ ਹਨ। ਇਸ ਨਾਲ ਅਧਿਆਪਕ ਆਪਣੇ ਗਿਆਨ ਵਿੱਚ ਵਾਧਾ ਕਰਕੇ ਸਮੇਂ ਦੇ ਹਾਣੀ ਬਣ ਸਕਣ।

## ਬੀਂਗ ਹਿਊਮਨ ਕਲੋਦਿੰਗ ਨੇ ਆਪਣੀ ਐੱਸ ਐੱਸ 25 ਮੁਹਿੰਮ ਦੀ ਕੀਤੀ ਸ਼ੁਰੂਆਤ

**ਮੋਗਾ :** ਬੀਂਗ ਹਿਊਮਨ ਕਲੋਦਿੰਗ ਨੇ ਆਪਣੀ ਐੱਸ.ਐੱਸ 25 ਮੁਹਿੰਮ ਦੀ ਸ਼ੁਰੂਆਤ ਦਾ ਐਲਾਨ ਕੀਤਾ। ਫੈਸ਼ਨ ਨੂੰ ਹੋਰ ਉਦੇਸ਼ਪੂਰਨ ਬਣਾਉਣ ਦੇ ਬ੍ਰਾਂਡ ਦੇ ਸਥਾਈ ਮਿਸ਼ਨ 'ਤੇ ਕੇਂਦ੍ਰਿਤ ਐੱਸ.ਐੱਸ 25 ਇੱਕ ਕੌਂਸ਼ੀਅਸ ਕੰਪਨੀ ਬਣਨ ਲਈ ਬੀਂਗ ਹਿਊਮਨ ਦੀ ਵਚਨਬੱਧਤਾ ਨੂੰ ਉਜਾਗਰ ਕਰਦਾ ਹੈ। ਬੀਂਗ ਹਿਊਮਨ ਦੀ ਨਵੀਂ ਕੁਲੈਕਸ਼ਨ ਵਿੱਚ 100% ਫੇਅਰਟ੍ਰੇਡ, ਔਰਗੈਨਿਕ ਅਤੇ ਰੀਸਾਈਕਲ ਕੀਤੀ ਕਪਾਹ ਦਾ ਇੱਕ ਸੋਚ-ਸਮਝ ਕੇ ਤਿਆਰ ਕੀਤਾ ਮਿਸ਼ਰਣ ਸਮੇਤ ਰੀਸਾਈਕਲ ਕੀਤੇ ਪੀ.ਈ.ਟੀ ਬੋਤਲਾਂ ਤੋਂ ਬਣੇ ਡੈਨੀਮ ਵੀ ਮੌਜੂਦ ਹਨ। ਮੁਹਿੰਮ ਬਾਰੇ ਬੋਲਦੇ ਹੋਏ ਬੀਂਗ ਹਿਊਮਨ ਕਲੋਦਿੰਗ ਦੇ ਕਾਰਜਕਾਰੀ ਨਿਰਦੇਸ਼ਕ ਅਯਾਨ ਅਗਨੀਹੋਤਰੀ ਨੇ ਕਿਹਾ, ਫੈਸ਼ਨ ਨੂੰ ਸਾਰਥਕ ਬਣਾਉਣ ਦੇ ਸਾਡੇ ਮਿਸ਼ਨ ਵਿੱਚ ਐੱਸ.ਐੱਸ 25 ਇੱਕ ਹੋਰ ਕਦਮ ਅੱਗੇ ਵਧਾਉਂਦਾ ਹੈ। ਭਾਵੇਂ ਆਪਣੇ ਕੱਪੜੇ ਬਣਾਉਣੇ ਹੋਣ ਜਾਂ ਅਸੀਂ ਭਾਈਚਾਰੇ ਨੂੰ ਕਿਵੇਂ ਫਾਇਦਾ ਪਹੁੰਚਾਉਣਾ ਹੋਵੇ, ਅਸੀਂ ਸੋਚ-ਸਮਝ ਕੇ ਚੋਣਾਂ ਕਰਨ ਲਈ ਵਚਨਬੱਧ ਰਹੇ ਹਾਂ।

## 15 ਦੀ ਸੰਵਿਧਾਨ ਬਚਾਓ ਰੈਲੀ ਹੋਵੇਗੀ ਇਤਿਹਾਸਕ : ਕੱਥੂਨੰਗਲ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸਮੁੱਚੇ ਭਾਰਤ ਵਿੱਚ ਕਾਂਗਰਸ ਪਾਰਟੀ ਵੱਲੋਂ ਸੰਵਿਧਾਨ ਬਚਾਓ ਦੇ ਨਾਂਅ 'ਤੇ ਰੈਲੀਆਂ ਕਰਨ ਦਾ ਆਯੋਜਨ ਕੀਤਾ ਗਿਆ ਹੈ ਜਿਸ ਵਿੱਚ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ ਵੀ ਇਹ ਰੈਲੀਆਂ ਕਰਨ ਦੇ ਆਦੇਸ਼ ਪਾਰਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਨੇਤਾ ਵਿਰੋਧੀ ਧਿਰ ਪ੍ਰਤਾਪ ਸਿੰਘ ਬਾਜਵਾ ਵੱਲੋਂ ਵੀ ਦਿੱਤੇ ਗਏ ਹਨ, ਜਿਸ ਤਹਿਤ ਹਲਕਾ ਮਜੀਠਾ ਦੇ ਪਿੰਡ ਕੱਥੂਨੰਗਲ ਵਿੱਚ ਵੀ ਇਹ ਰੈਲੀ ਹਲਕਾ ਇੰਚਾਰਜ ਤੇ ਸੀਨੀਅਰ ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਰ ਦੀ ਅਗਵਾਈ ਵਿੱਚ ਕਸ਼ਮੀਰ ਰਿਜੋਰਟ ਕੱਥੂ ਨੰਗਲ ਵਿੱਚ 15 ਜੂਨ ਨੂੰ ਦੋ ਵਜੇ ਕੀਤੀ ਜਾਣੀ ਹੈ। ਜਿਸ ਸਬੰਧੀ ਮਜੀਠਾ ਹਲਕੇ ਦੇ ਵੱਖ-ਵੱਖ ਪਿੰਡਾਂ 'ਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਵੀਰਵਾਰ ਹਲਕੇ ਦੇ ਕੁਝ ਸੀਨੀਅਰ ਆਗੂਆਂ ਤੇ ਬਲਾਕ ਪ੍ਰਧਾਨਾਂ ਨਾਲ ਮੀਟਿੰਗ ਕੀਤੀ ਜਿਸ ਵਿੱਚ ਸਾਬਕਾ ਵਿਧਾਇਕ ਸਵਿੰਦਰ ਸਿੰਘ ਕੱਥੂਨੰਗਲ ਵੀ ਉਚੇਚੇ ਤੌਰ 'ਤੇ ਪਹੁੰਚੇ ਤੇ ਰੈਲੀ ਨੂੰ ਕਾਮਯਾਬ ਕਰਨ ਸਬੰਧੀ ਵਿਚਾਰਾਂ ਕੀਤੀਆਂ। ਉਹਨਾਂ ਕਿਹਾ ਕਿ ਇਹ ਰੈਲੀ ਇਤਿਹਾਸਕ ਰੈਲੀ ਹੋਵੇਗੀ, ਭਗਵੰਤ ਪਾਲ ਸਿੰਘ ਸੱਚਰ ਨੇ ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੰਵਿਧਾਨ ਨੂੰ ਬਚਾਉਣਾ ਅੱਜ ਸਾਡੀ ਸਾਰਿਆਂ ਦੀ ਪਹਿਲੀ ਪਸੰਦ ਹੈ। ਉਹਨਾਂ ਕਿਹਾ ਕਿ ਇਸ ਸਾਜ਼ਿਸ਼ ਵਿੱਚ ਕੇਂਦਰ ਦੀ ਮੋਦੀ ਸਰਕਾਰ ਨੂੰ ਅਸੀਂ ਕਦੇ ਵੀ ਕਾਮਯਾਬ ਨਹੀਂ ਹੋਣ ਦਿਆਂਗੇ। ਸੱਚਰ ਨੇ ਕਿਹਾ ਕਿ ਜਿੱਥੇ ਇਹ ਰੈਲੀ ਕੇਂਦਰ ਦੀ ਮੋਦੀ ਸਰਕਾਰ ਨੂੰ ਸੁਨੇਹਾ ਦੇਵੇਗੀ, ਉੱਥੇ ਨਾਲ ਹੀ ਇਸ ਨਾਲ ਪੰਜਾਬ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਦਾ ਵੀ ਪਰਦਾਫਾਸ਼ ਕਰੇਗੀ। ਇਸ ਮੀਟਿੰਗ ਵਿੱਚ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਭੀਲੋਵਾਲ, ਸਾਬਕਾ ਚੇਅਰਮੈਨ ਜਗਦੇਵ ਸਿੰਘ ਬੱਗਾ, ਬਲਾਕ ਕਾਂਗਰਸ ਮਜੀਠਾ ਦੇ ਪ੍ਰਧਾਨ ਨਵਤੇਜਪਾਲ ਸਿੰਘ ਸੋਹੀਆ, ਮਜੀਠਾ ਸ਼ਹਿਰੀ ਕਾਂਗਰਸ ਦੇ ਪ੍ਰਧਾਨ ਤੇ ਕੌਂਸਲਰ ਨਵਦੀਪ ਸਿੰਘ ਸੋਨਾ, ਬਲਾਕ ਕਾਂਗਰਸ ਤਰਸਿੱਕਾ ਦੇ ਪ੍ਰਧਾਨ ਸਤਨਾਮ ਸਿੰਘ ਕਾਜੀਕੋਟ, ਸਰਪੰਚ ਸ਼ਮਸ਼ੇਰ ਸਿੰਘ ਬਾਬੋਵਾਲ, ਸਰਪੰਚ ਸਵਿੰਦਰ ਸਿੰਘ ਚਾਟੀਵਿੰਡ, ਝਿਲਮਿਲ ਸਿੰਘ ਬਾਠ, ਤਜਿੰਦਰ ਸਿੰਘ ਤਰਫਾਨ, ਜਗਦੇਵ ਸਿੰਘ, ਕਰਨ ਚੋਗਾਵਾਂ, ਹਰਦਿਆਲ ਸਿੰਘ ਭੰਗਵਾਂ, ਵਿਨੋਦ ਕੁਮਾਰ ਰੁਪੋਵਾਲੀ , ਹਰਮਨ ਸਿੰਘ ਟਾਹਲੀ ਸਾਹਿਬ, ਗੁਰਪਾਲ ਸਿੰਘ ਸੇਠ ਮਜੀਠਾ,ਨਿਰਵੈਲ ਸਿੰਘ ਸਿਧਵਾਂ, ਕੰਵਲਜੀਤ ਸਿੰਘ ਕੋਟਲਾ ਗੁੱਜਰਾਂ, ਸੋਨੀ ਗਿੱਲ ਪੰਧੇਰ, ਪਲਵਿੰਦਰ ਸਿੰਘ ਫੌਜੀ , ਸੁਲੱਖਣ ਸਿੰਘ , ਡਾ. ਸੁੱਖਵਿੰਦਰ ਸਿੰਘ ਰੰਧਾਵਾ, ਡਾ. ਮੋਹਨ ਸਿੰਘ ਕੱਥੂਨੰਗਲ, ਹਰਪਿੰਦਰ ਸਿੰਘ ਮੁੱਗੋਸੋਹੀ, ਪਰਮਜੀਤ ਸਿੰਘ ਭੋਏਵਾਲ, ਨਵਨੀਤ ਸਿੰਘ ਖੈੜੇ , ਮਨਜੀਤ ਸਿੰਘ ਬੱਬੀ ਭੰਗਵਾਂ ਵੀ ਹਾਜ਼ਰ ਸਨ।

## ਪੰਜਾਬ ਸਰਕਾਰ ਦੀਆਂ ਕੋਸ਼ਿਸ਼ਾਂ ਸਦਕਾ ਸੂਬੇ 'ਚ ਨਸ਼ਿਆਂ ਨੂੰ ਠੱਲ੍ਹ ਪਈ : ਰੰਧਾਵਾ

**ਡੇਰਾ ਬਾਬਾ ਨਾਨਕ, ਗੁਰਦਾਸਪੁਰ (ਰਮੇਸ਼ ਸ਼ਰਮਾ, ਜਨਕ ਮਹਾਜਨ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਸ਼ੁਰੂ ਕੀਤੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੇ ਹਾਂ ਪੱਖੀ ਨਤੀਜੇ ਸਾਹਮਣੇ ਆ ਰਹੇ ਹਨ ਅਤੇ ਸੂਬਾ ਸਰਕਾਰ ਦੀਆਂ ਕੋਸ਼ਿਸ਼ਾਂ ਸਦਕਾ ਸੂਬੇ ਵਿੱਚ ਨਸ਼ਿਆਂ ਨੂੰ ਠੱਲ੍ਹ ਪਈ ਹੈ।ਇਹ ਪ੍ਰਗਟਾਵਾ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ



ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਬੀਤੀ ਸ਼ਾਮ ਨਸ਼ਾ ਮੁਕਤੀ ਯਾਤਰਾ ਤਹਿਤ ਪਿੰਡ ਭੰਗਵਾਂ, ਔਂਜਲਾ, ਰਸੂਲਪੁਰ ਵਿਖੇ ਪਿੰਡਾਂ ਦੇ ਪਹਿਰੇਦਾਰਾਂ ਨਾਲ ਕੀਤੀਆਂ ਬੈਠਕਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨਸ਼ਿਆਂ ਨੂੰ ਮੁਕੰਮਲ ਤੌਰ 'ਤੇ ਖ਼ਤਮ ਕਰਨ ਲਈ ਪੂਰੀ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਵੱਲੋਂ ਵੱਡੇ ਪੱਧਰ 'ਤੇ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜਿਆ ਗਿਆ ਹੈ ਅਤੇ ਨਸ਼ਾ ਵੇਚ ਕੇ ਬਣਾਈਆਂ ਉਨ੍ਹਾਂ ਦੀ ਗੈਰ-ਕਾਨੂੰਨੀ ਜਾਇਦਾਦਾਂ ਨੂੰ ਢਹਿ-ਢੇਰੀ ਕੀਤਾ ਗਿਆ ਹੈ।ਵਿਧਾਇਕ ਰੰਧਾਵਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਨਜ਼ਦੀਕ ਕੋਈ ਨਸ਼ਾ ਵੇਚਦਾ ਹੈ ਤਾਂ ਉਸ ਦੀ ਸੂਚਨਾ ਪੁਲਸ ਨੂੰ ਦਿੱਤੀ ਜਾਵੇ, ਸੂਚਨਾ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ। ਜੇਕਰ ਕੋਈ ਨਸ਼ੇ ਤੋਂ ਪੀੜਤ ਹੈ ਤਾਂ ਉਸ ਬਾਰੇ ਵੀ ਜਾਣਕਾਰੀ ਦਿੱਤੀ ਜਾਵੇ, ਸਰਕਾਰ ਵੱਲੋਂ ਉਸ ਦਾ ਮੁਫ਼ਤ ਇਲਾਜ ਕਰਕੇ ਨਸ਼ਾ ਛੁਡਾਇਆ ਜਾਵੇਗਾ ਅਤੇ ਨਾਲ ਹੀ ਉਸ ਦਾ ਪੁਨਰਵਾਸ ਵੀ ਕੀਤਾ ਜਾਵੇਗਾ। ਨਸ਼ਾ ਮੁਕਤੀ ਯਾਤਰਾ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਿੰਡ ਵਾਸੀਆਂ ਨੂੰ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਸਮਗਰੀ ਵੰਡੀ ਗਈ। ਇਸ ਮੌਕੇ ਵਿਧਾਇਕ ਰੰਧਾਵਾ ਨੇ ਪਿੰਡਾਂ ਦੇ ਵਸਨੀਕਾਂ ਨੂੰ ਨਸ਼ੇ ਦੀ ਰੋਕਥਾਮ 'ਚ ਯੋਗਦਾਨ ਪਾਉਣ ਲਈ ਸਹੁੰ ਵੀ ਚੁਕਾਈ।ਇਸ ਮੌਕੇ ਉਨ੍ਹਾਂ ਨਾਲ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਹਲਕਾ ਕੋਆਰਡੀਨੇਟਰ ਅਰਸ਼ਦੀਪ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

## ਤਰਕਸ਼ੀਲ ਸੁਸਾਇਟੀ ਵੱਲੋਂ ਵਿਦਿਆਰਥੀ ਵਿਗਿਆਨਕ ਚੇਤਨਾ ਕੈਂਪ ਦੀਆਂ ਤਿਆਰੀਆਂ ਮੁਕੰਮਲ



**ਅੰਮ੍ਰਿਤਸਰ (ਜਸਵੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਵਿਦਿਆਰਥੀਆਂ ਵਿੱਚ ਵਿਗਿਆਨਕ ਚੇਤਨਾ, ਨੈਤਿਕ ਕਦਰਾਂ ਕੀਮਤਾਂ ਅਤੇ ਚੰਗੀ ਜੀਵਨ ਜਾਚ ਦੇ ਗੁਣ ਪ੍ਰਫੁੱਲਿਤ ਕਰਨ ਦੇ ਮਕਸਦ ਵਜੋਂ 7 ਜੂਨ ਤੋਂ 9 ਜੂਨ ਤੱਕ ਸੁਸਾਇਟੀ ਦੇ ਮੁੱਖ ਦਫਤਰ ਤਰਕਸ਼ੀਲ ਭਵਨ, ਬਰਨਾਲਾ ਵਿਖੇ ਲਗਾਏ ਜਾ ਰਹੇ ਦੂਜੇ ਸੂਬਾਈ ਵਿਦਿਆਰਥੀ ਵਿਗਿਆਨਕ ਚੇਤਨਾ ਕੈਂਪ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਜਿਸ ਵਿਚ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਦੇ ਸਰਕਾਰੀ ਅਤੇ ਨਿੱਜੀ ਸਕੂਲਾਂ ਦੇ 70 ਵਿਦਿਆਰਥੀਆਂ ਵੱਲੋਂ ਪੂਰੇ ਉਤਸ਼ਾਹ ਨਾਲ ਭਾਗ ਲਿਆ ਜਾਵੇਗਾ।ਇਸ ਬਾਰੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਸੁਸਾਇਟੀ ਦੇ ਸੂਬਾਈ ਜਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ ਅਤੇ ਸੂਬਾਈ ਆਗੂਆਂ ਹੇਮ ਰਾਜ ਸਟੈਨੋ, ਰਾਜੇਸ਼ ਅਕਲੀਆ, ਗੁਰਪ੍ਰੀਤ ਸ਼ਹਿਣਾ, ਰਾਮ ਸਵਰਨ ਲੱਖੇਵਾਲੀ ਅਤੇ ਸੁਮੀਤ ਅੰਮ੍ਰਿਤਸਰ ਨੇ ਦੱਸਿਆ ਕਿ ਇਸ ਵਿਦਿਆਰਥੀ ਚੇਤਨਾ ਕੈਂਪ ਵਿੱਚ ਤਰਕਸ਼ੀਲ ਸੁਸਾਇਟੀ ਦੇ ਸੀਨੀਅਰ ਆਗੂਆਂ ਅਤੇ ਨਾਮਵਰ ਵਿਸ਼ਾ ਮਾਹਰਾਂ ਵੱਲੋਂ ਵਿਦਿਆਰਥੀਆਂ ਨੂੰ ਵਿਗਿਆਨਕ ਚੇਤਨਾ, ਚੰਗੀ ਜੀਵਨ ਜਾਚ, ਨੈਤਿਕ ਕਦਰਾਂ ਕੀਮਤਾਂ, ਖੁਰਾਕ ਤੇ ਸਿਹਤ, ਮਾਨਸਿਕ ਤਣਾਅ ਤੋਂ ਕਿਵੇਂ ਬਚੀਏ, ਨਸ਼ਿਆਂ ਤੋਂ ਬਚਾਅ, ਮਨੁੱਖ ਦੀ ਉਤਪਤੀ, ਜੀਵ ਵਿਕਾਸ, ਵਿਗਿਆਨੀਆਂ, ਚਿੰਤਕਾਂ ਅਤੇ ਸ਼ਹੀਦਾਂ ਦੇ ਮਾਣਮੱਤੇ ਇਤਿਹਾਸ ਦੇ ਸਬਕ, ਅੰਧ ਵਿਸ਼ਵਾਸਾਂ ਅਤੇ ਵਹਿਮਾਂ ਭਰਮਾਂ ਦਾ ਪਰਦਾਫਾਸ਼, ਜਾਦੂ ਕਿਵੇਂ ਸਿੱਖੀਏ, ਲੋਕ ਪੱਖੀ ਸਾਹਿਤ ਦੀ ਚੋਣ, ਸਾਈਬਰ ਅਪਰਾਧ, ਲੋਕ ਪੱਖੀ ਸਭਿਆਚਾਰ ਅਤੇ ਸ਼ਖ਼ਸੀਅਤ ਦੀ ਉਸਾਰੀ ਆਦਿ ਵਿਸ਼ਿਆਂ ਸਬੰਧੀ ਜਾਣਕਾਰੀ ਦਿੱਤੀ ਜਾਵੇਗੀ। ਇਸ ਦੇ ਇਲਾਵਾ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਜਾਵੇਗਾ। ਤਰਕਸ਼ੀਲ ਆਗੂਆਂ ਨੇ ਦੱਸਿਆ ਕਿ ਇਸ ਮੌਕੇ ਵਿਦਿਆਰਥੀਆਂ ਦੀ ਗਰੁੱਪ ਚਰਚਾ ਤੇ ਕੁਇਜ਼ ਮੁਕਾਬਲੇ ਵੀ ਕਰਵਾਏ ਜਾਣਗੇ ਅਤੇ ਕੈਂਪ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਇਨਾਮ ਵਜੋਂ ਕਿਤਾਬਾਂ ਦੇ ਸੈੱਟ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਤਿੰਨ ਦਿਨਾਂ ਕੈਂਪ ਵਿਚ ਵਿਦਿਆਰਥੀਆਂ ਦੇ ਰਹਿਣ ਸਹਿਣ ਅਤੇ ਖਾਣ ਪੀਣ ਦਾ ਖਰਚਾ ਤਰਕਸ਼ੀਲ ਸੁਸਾਇਟੀ ਵੱਲੋਂ ਕੀਤਾ ਜਾਵੇਗਾ। ਇਸ ਕੈਂਪ ਵਿੱਚ ਸਾਰੇ ਸੂਬਾ ਕਮੇਟੀ ਆਗੂ ਅਤੇ ਵੱਖ ਵੱਖ ਜ਼ੋਨਾਂ ਅਤੇ ਇਕਾਈਆਂ ਦੇ ਸਰਗਰਮ ਸਾਥੀ ਵੀ ਸ਼ਾਮਲ ਹੋਣਗੇ। ਇਸ ਮੌਕੇ ਸੂਬਾ ਕਮੇਟੀ ਆਗੂ ਰਾਜਪਾਲ ਸਿੰਘ, ਸੁਖਵਿੰਦਰ ਬਾਗਪੁਰ, ਜਸਵੰਤ ਮੋਹਾਲੀ, ਜਸਵਿੰਦਰ ਫਗਵਾੜਾ, ਜੋਗਿੰਦਰ ਕੁੱਲੇਵਾਲ, ਜੁਝਾਰ ਲੌਂਗੋਵਾਲ, ਸੁਰਜੀਤ ਟਿੱਬਾ, ਕੁਲਜੀਤ ਡੰਗਰਖੇੜਾ, ਮੋਹਨ ਬਡਲਾ ਹਾਜ਼ਰ ਸਨ।

## ਆਰ ਡੀ ਖੋਸਲਾ ਸਕੂਲ ਨੇ ਵਿਸ਼ਵ ਵਾਤਾਵਰਣ ਦਿਵਸ ਮਨਾਇਆ

**ਬਟਾਲਾ (ਤਰਲੋਕ ਬੱਗਾ, ਮਾਲਵਿੰਦਰ ਸਿੰਘ)**- ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਵਲੋਂ ਵਿਸ਼ਵ ਵਾਤਾਵਰਣ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ।




ਇਹ ਦਿਵਸ 5 ਜੂਨ ਨੂੰ ਮਨਾਇਆ ਜਾਂਦਾ ਹੈ। ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਅਤੇ ਵਚਨਬੱਧਤਾ ਨਾਲ 'ਗਲੋਬਲ ਪਲਾਸਟਿਕ ਪ੍ਰਦੂਸ਼ਣ ਦਾ ਅੰਤ' ਥੀਮ ਨੂੰ ਅਪਣਾਇਆ। ਵਿਦਿਆਰਥੀਆਂ ਨੇ ਸਲੋਗਨ ਲਿਖਣ, ਪੋਸਟਰ ਬਣਾਉਣ ਦੇ ਮੁਕਾਬਲੇ ਅਤੇ ਪ੍ਰੇਰਨਾਦਾਇਕ ਭਾਸ਼ਣਾਂ ਸਮੇਤ ਵੱਖ-ਵੱਖ ਗਤੀਵਿਧੀਆਂ ਵਿੱਚ ਵੀ ਸਰਗਰਮੀ ਨਾਲ ਹਿੱਸਾ ਲਿਆ। ਇਨ੍ਹਾਂ ਸਾਰੇ ਮਾਧਿਅਮਾਂ ਰਾਹੀਂ ਉਨ੍ਹਾਂ ਨੇ ਵਾਤਾਵਰਣ ਸੁਰੱਖਿਆ ਦੀ ਮਹੱਤਤਾ ਨੂੰ ਦਰਸਾਇਆ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਇਸ ਮਹੱਤਵਪੂਰਨ ਮੌਕੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਉਨ੍ਹਾ ਕਿਹਾ ਕਿ ਅੱਜ ਦੇ ਯੁੱਗ ਵਿੱਚ ਵਾਤਾਵਰਣ ਪ੍ਰਦੂਸ਼ਣ ਬਹੁਤ ਤੇਜ਼ੀ ਨਾਲ ਵਧ ਰਿਹਾ ਹੈ। ਵਧਦੀ ਆਬਾਦੀ ਅਤੇ ਵੱਡੀਆਂ ਇਮਾਰਤਾਂ ਕਾਰਨ ਕੁਦਰਤ ਤਬਾਹ ਹੋ ਰਹੀ ਹੈ। ਵੱਖ-ਵੱਖ ਥਾਵਾਂ 'ਤੇ ਸੰਘਣੇ ਰੁੱਖਾਂ ਨੂੰ ਕੱਟਣਾ ਅਤੇ ਵੱਡੀਆਂ ਇਮਾਰਤਾਂ ਬਣਾਉਣਾ ਵਾਤਾਵਰਣ ਅਤੇ ਕੁਦਰਤ ਨਾਲ ਛੇੜਛਾੜ ਹੈ। ਇੰਨਾ ਹੀ ਨਹੀਂ, ਵਾਹਨਾਂ ਦੇ ਧੂੰਏਂ, ਮਸ਼ੀਨਾਂ ਦੇ ਸ਼ੋਰ, ਮਾੜੇ ਰਸਾਇਣਕ ਪਾਣੀ ਆਦਿ ਕਾਰਨਾਂ ਕਰਕੇ ਹਵਾ ਪ੍ਰਦੂਸ਼ਣ, ਪਾਣੀ ਪ੍ਰਦੂਸ਼ਣ, ਸ਼ੋਰ ਪ੍ਰਦੂਸ਼ਣ ਹੋ ਰਿਹਾ ਹੈ। ਜਿਸ ਕਾਰਨ ਅਸੀਂ ਕਈ ਬਿਮਾਰੀਆਂ ਦਾ ਸਾਹਮਣਾ ਕਰ ਰਹੇ ਹਾਂ। ਆਓ ਇਸ ਵਾਤਾਵਰਣ ਦਿਵਸ 'ਤੇ ਪ੍ਰਣ ਕਰੀਏ ਕਿ ਅਸੀਂ ਵਾਤਾਵਰਣ ਅਤੇ ਕੁਦਰਤ ਦੇ ਵਿਰੁੱਧ ਕੁਝ ਨਹੀਂ ਕਰਾਂਗੇ, ਸਗੋਂ ਵੱਧ ਤੋਂ ਵੱਧ ਰੁੱਖ ਲਗਾ ਕੇ , ਪਲਾਸਟਿਕ ਦਾ ਵਿਰੋਧ ਕਰਕੇ ਅਤੇ ਲੋਕਾਂ ਵਿੱਚ ਜਾਗਰੂਕਤਾ ਫੈਲਾਅ ਕੇ ਵਾਤਾਵਰਣ ਦੀ ਰੱਖਿਆ ਕਰਾਂਗੇ ਅਤੇ ਇੱਕ ਚੰਗੇ ਵਾਤਾਵਰਣ ਦਾ ਨਿਰਮਾਣ ਕਰ ਕੇ ਚੰਗੇ ਭਵਿੱਖ ਦੀ ਨੀਂਹ ਰੱਖਾਂਗੇ।

## ਜੁਵੇਨਾਇਲ ਜਸਟਿਸ ਬੋਰਡ ਲਈ ਮੈਂਬਰਾਂ ਦੀ ਨਿਯੁਕਤੀ ਲਈ ਅਰਜ਼ੀਆਂ ਦੀ ਮੰਗ ਕੀਤੀ

**ਗੁਰਦਾਸਪੁਰ (ਜਨਕ ਮਹਾਜਨ)**- ਦਲਵਿੰਦਰਜੀਤ ਸਿੰਘ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 0 ਤੋਂ 18 ਸਾਲ ਦੇ ਬੱਚਿਆਂ ਦੀ ਸੁਰੱਖਿਆ ਅਤੇ ਦੇਖ-ਭਾਲ ਦੇ ਹੋਰ ਕਿੰਨੇ ਕਾਰਨਾਂ ਕਰਕੇ ਕਾਨੂੰਨ ਦੇ ਟਕਰਾਅ ਵਿੱਚ ਆਉਣ ਵਾਲੇ ਬੱਚਿਆਂ ਲਈ ਜੁਵੇਨਾਇਲ ਜਸਟਿਸ ਐਕਟ 2015 ਤਹਿਤ ਬਾਲ ਭਲਾਈ ਕਮੇਟੀ ਅਤੇ ਜੁਵੇਨਾਇਲ ਜਸਟਿਸ ਬੋਰਡ ਦਾ ਗਠਨ ਕੀਤਾ ਜਾਂਦਾ ਹੈ ਅਤੇ ਜਿਨ੍ਹਾਂ ਕੋਲ ਬੱਚਿਆਂ ਦੇ ਭਵਿੱਖ ਨੂੰ ਧਿਆਨ



ਵਿੱਚ ਰੱਖਦੇ ਹੋਏ ਫ਼ੈਸਲੇ ਲੈਣ ਦਾ ਅਧਿਕਾਰ ਹੁੰਦਾ ਹੈ ਤੇ ਇਸ ਦੇ ਨਾਲ ਹੀ ਇਹ ਬੱਚਿਆਂ ਦੇ ਅਧਿਕਾਰਾਂ ਦੀ ਸੁਰੱਖਿਆ ਕਰਦੇ ਹਨ। ਬਾਲ ਭਲਾਈ ਕਮੇਟੀ ਅਤੇ ਜੁਵੇਨਾਇਲ ਜਸਟਿਸ ਬੋਰਡ ਦਾ ਕਾਰਜਕਾਲ 3 ਸਾਲ ਦਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਚੱਲ ਰਹੀ ਬਾਲ ਭਲਾਈ ਕਮੇਟੀ ਅਤੇ ਜੁਵੇਨਾਇਲ ਜਸਟਿਸ ਬੋਰਡ ਦਾ ਕਾਰਜਕਾਲ ਖ਼ਤਮ ਹੋ ਗਿਆ ਹੈ, ਜਿਸ ਕਰਕੇ ਹੁਣ ਜੁਵੇਨਾਇਲ ਜਸਟਿਸ ਬੋਰਡ ਲਈ 2 ਨਵੇਂ ਯੋਗ ਮੈਂਬਰ ਅਤੇ ਬਾਲ ਭਲਾਈ ਕਮੇਟੀ ਲਈ ਇੱਕ ਚੇਅਰਪਰਸਨ ਅਤੇ 4 ਮੈਂਬਰਾਂ ਦੀ ਨਿਯੁਕਤੀ ਜੁਵੇਨਾਇਲ ਜਸਟਿਸ ਐਕਟ ਦੀ ਧਾਰਾ 27 ਅਤੇ 4 ਅਨੁਸਾਰ ਕੀਤੀ ਜਾਣੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਚਾਹਵਾਨ ਯੋਗ ਉਮੀਦਵਾਰ ਬਾਲ ਭਲਾਈ ਕਮੇਟੀ ਅਤੇ ਜੁਵੇਨਾਇਲ ਜਸਟਿਸ ਬੋਰਡ ਲਈ ਅਪਲਾਈ ਕਰਨ ਲਈ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਚੰਡੀਗੜ੍ਹ ਦੀ ਵੈੱਬਸਾਈਟ 'ਤੇ ਦਿੱਤੇ ਗਏ ਨਿਯਮਾਂ ਅਤੇ ਸ਼ਰਤਾਂ ਅਨੁਸਾਰ ਅਪਲਾਈ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਦਫ਼ਤਰ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ। ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀ ਵੈੱਬਸਾਈਟ 'ਤੇ ਦਿੱਤੇ ਗਏ ਨਿਯਮਾਂ ਅਤੇ ਸ਼ਰਤਾਂ ਨੂੰ ਪੂਰਾ ਕਰਨ ਵਾਲੇ ਯੋਗ ਉਮੀਦਵਾਰ ਆਪਣਾ ਬਿਨੈਪੱਤਰ ਵਿਭਾਗ ਦੇ ਦਫ਼ਤਰ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਚੰਡੀਗੜ੍ਹ ਭੇਜ ਸਕਦੇ ਹਨ।

## ਦੁਕਾਨਦਾਰਾਂ ਤੇ ਕਰਮਚਾਰੀਆਂ ਦੇ ਹਿੱਤਾਂ ਨੂੰ ਸੁਰੱਖਿਅਤ ਰੱਖਣ ਵਾਲਾ ਪੰਜਾਬ ਪਹਿਲਾ ਸੂਬਾ ਬਣਿਆ : ਬੰਦੇਸ਼ਾ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**- ਪੰਜਾਬ ਟਰੇਡਰਜ਼ ਕਮਿਸ਼ਨ ਦੇ ਸੰਵਿਧਾਨਕ ਸੂਬਾਈ ਮੈਂਬਰ ਤੇ ਆਮ ਆਦਮੀ ਪਾਰਟੀ ਦੇ ਲੋਕ ਸਭਾ ਹਲਕਾ ਅੰਮ੍ਰਿਤਸਰ ਦੇ ਨਵ-ਨਿਯੁਕਤ ਇੰਚਾਰਜ ਜਸਕਰਨ ਬੰਦੇਸ਼ਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ 'ਚ ਖੇਤੀ ਪਿੱਛੋਂ ਰੁਜ਼ਗਾਰ ਦੇ ਸਭ ਤੋਂ ਵੱਡੇ ਸਰੋਤ ਦੁਕਾਨਦਾਰਾਂ ਨੂੰ ਨਜਾਇਜ਼ ਤੰਗ ਪ੍ਰੇਸ਼ਾਨ ਕਰਨ ਲਈ ਹੁਣ ਤੱਕ ਲਟਕਦੀ ਆ ਰਹੀ ਲਾਲ ਫੀਤਾਸ਼ਾਹੀ ਇੰਸਪੈਕਟਰੀ ਰਾਜ ਦੀ ਤਲਵਾਰ ਨੂੰ ਹਮੇਸ਼ਾ ਲਈ ਖਤਮ ਕਰਨ ਦਾ ਇਤਿਹਾਸਕ ਫੈਸਲਾ ਲੈਂਦਿਆਂ 20 ਤੋਂ ਘੱਟ ਕਰਮਚਾਰੀਆਂ ਵਾਲੀਆਂ ਦੁਕਾਨਾਂ/ਵਪਾਰਕ ਸੰਸਥਾਵਾਂ 'ਚ ਹੁਣ ਲਾਲ ਫੀਤਾਸ਼ਾਹੀ ਇੰਸਪੈਕਟਰੀ ਰਾਜ ਦਾ ਕੋਈ ਡਰ ਜਾਂ ਖਤਰਾ ਨਹੀਂ ਰਹੇਗਾ। ਵਪਾਰਕ ਸੰਸਥਾਵਾਂ 'ਚ ਕੰਮਕਾਜ ਕਰਦੇ ਕਰਮਚਾਰੀਆਂ/ਮਜ਼ਦੂਰਾਂ ਦੇ ਸ਼ੋਸ਼ਣ ਨੂੰ ਰੋਕਣ ਲਈ ਇਨ੍ਹਾਂ ਦੇ ਹਿੱਤ ਵੀ ਸੁਰੱਖਿਅਤ ਤੇ ਆਮਦਨ ਵਧਾਉਣ ਲਈ ਕਾਨੂੰਨ ਲਾਗੂ ਕੀਤੇ ਗਏ ਹਨ। ਸੂਬਾ ਭਗਵੰਤ ਮਾਨ ਸਰਕਾਰ ਇਸ ਦੁਕਾਨਦਾਰੀ/ਵਪਾਰ ਨੂੰ ਬੜ੍ਹਾਵਾ ਦੇਣ ਵਜੋਂ ਪੰਜਾਬ ਨੂੰ ਦੇਸ਼ ਦੇ ਪਹਿਲੇ ਰਾਜ ਦਾ ਦਰਜਾ ਦਿਵਾਉਣ ਅਤੇ ਇਨ੍ਹਾਂ ਦੁਕਾਨਾਂ 'ਤੇ ਕੰਮ ਕਰਦੇ ਮੁਲਾਜ਼ਮਾਂ/ਮਜ਼ਦੂਰਾਂ ਦੇ ਹਿੱਤਾਂ ਨੂੰ ਆਰਥਿਕ ਹੁਲਾਰਾ ਦੇਣ ਲਈ ਲਏ ਇਤਿਹਾਸਕ ਫੈਸਲੇ ਲਈ ਵਧਾਈ ਦੀ ਹੱਕਦਾਰ ਅਤੇ ਸਰਕਾਰ ਦੇ ਇਸ ਫੈਸਲੇ ਦਾ ਹਰ ਦੁਕਾਨਦਾਰ/ਵਪਾਰਕ ਸੰਸਥਾ ਨੂੰ ਸੌੜੇ ਹਿੱਤਾਂ ਤੇ ਸੰਕੀਰਨ ਸੋਚ ਤੋਂ ਉਪਰ ਉਠ ਕੇ ਸਵਾਗਤ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।ਸ਼੍ਰੀ ਬੰਦੇਸ਼ਾ ਨੇ ਉਕਤ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਉਕਤ ਇਤਿਹਾਸਿਕ ਫੈਸਲੇ ਤੋਂ ਪਹਿਲਾਂ ਆਮ ਤੌਰ ਤੇ ਦਿਹਾਤੀ, ਨੀਮ ਸ਼ਹਿਰੀ ਤੇ ਸ਼ਹਿਰੀ ਖੇਤਰ 'ਚ ਆਪਣੇ ਸਵੈ ਰੁਜ਼ਗਾਰ ਲਈ ਧੰਦਾ ਕਰਦੇ ਕਿਸੇ ਵੀ ਕਾਰੋਬਾਰੀ ਵਲੋਂ ਆਪਣੀ ਦੁਕਾਨ 'ਤੇ ਜੇਕਰ ਇੱਕ ਵੀ ਕਰਮਚਾਰੀ/ਮਜ਼ਦੂਰ ਨੂੰ ਰੱਖਿਆ ਜਾਂਦਾ ਸੀ ਤਾਂ ਕਿਰਤ ਵਿਭਾਗ/ਲੇਬਰ ਵਿਭਾਗ ਦਾ ਇੰਸਪੈਕਟਰ ਉਸ ਦੁਕਾਨਦਾਰ ਨੂੰ ਲਾਲ ਫੀਤਾਸ਼ਾਹੀ ਦੇ ਰੋਅਬ 'ਚ ਉਸ ਕਰਮਚਾਰੀ ਦੇ ਰਿਕਾਰਡ ਦਾ ਹਿਸਾਬ ਕਿਤਾਬ ਵੇਖਣ ਲਈ ਕਿਤਾਬਾਂ ਦੀ ਛਾਣ ਬੀਣ ਕਰਕੇ ਦੁਕਾਨਦਾਰ ਨੂੰ ਨਜ਼ਾਇਜ਼ ਤੰਗ ਪ੍ਰੇਸ਼ਾਨ ਕਰਦਾ ਸੀ ਪਰ ਹੁਣ ਫੈਸਲੇ ਅਨੁਸਾਰ ਇਸ ਝੰਜਟ ਤੋਂ ਮੁਕਤੀ ਮਿਲ ਗਈ ਹੈ। ਵਪਾਰੀ ਨੂੰ ਹੁਣ 20 ਤੋਂ ਘੱਟ ਤੱਕ ਰੱਖੇ ਗਏ ਕਰਮਚਾਰੀਆਂ ਬਾਰੇ ਸਹੀ ਜਾਣਕਾਰੀ ਇੱਕ ਵੇਰ 6 ਮਹੀਨਿਆਂ 'ਚ ਦੇਣੀ ਪਏਗੀ। ਉਨ੍ਹਾਂ ਦੱਸਿਆ ਕਿ ਜਿੱਥੇ ਕਿਤੇ ਦੁਕਾਨਦਾਰ/ਕਾਰੋਬਾਰੀ ਆਪਣੇ ਮਾਤਹਿਤ ਕਰਮਚਾਰੀਆਂ ਬਾਰੇ ਕੋਈ ਕੋਤਾਹੀ ਵਰਤੇਗਾ ਉਥੇ ਇੰਸਪੈਕਟਰ ਤਿੰਨ ਮਹੀਨੇ 'ਚ ਉਸ ਵਪਾਰੀ ਨੂੰ ਸੁਧਰਨ ਦਾ ਮੌਕਾ ਦੇਵੇਗਾ ਅਤੇ ਮੁੜ ਤਿੰਨ ਮਹੀਨੇ ਬਾਅਦ ਕੁਤਾਹੀ ਪਾਏ ਜਾਣ ਤੇ ਕਾਰੋਬਾਰੀ ਨੂੰ ਇਕ ਹਜ਼ਾਰ ਤੋਂ 30 ਹਜ਼ਾਰ ਰੁਪਏ ਤਕ ਜੁਰਮਾਨਾ ਸਹਿਣਾ ਪਏਗਾ।ਇਸ ਤੋਂ ਪਹਿਲਾਂ ਸਿਰਫ 25 ਰੁਪਏ ਤੋਂ 100 ਰੁਪਏ ਤੱਕ ਜੁਰਮਾਨੇ ਦੀ ਵਿਵਸਥਾ ਸੀ।

## ਆਰ ਐੱਮ ਪੀ ਡਾਕਟਰਾਂ ਨੇ 28ਵਾਂ ਸਥਾਪਨਾ ਦਿਵਸ ਮਨਾਇਆ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ ਜ਼ਿਲ੍ਹਾ ਗੁਰਦਾਸਪੁਰ ਦੇ ਆਰ ਐਮ ਪੀ ਡਾਕਟਰਾਂ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਡਾ. ਚਮਨ ਲਾਲ ਬਟਾਲਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਡਾ. ਅਸ਼ੋਕ ਕੁਮਾਰ ਬਟਾਲਾ ਦੀ ਪ੍ਰਧਾਨਗੀ ਹੇਠ ਮੁੱਖ ਡਾਕਟਰ ਬੀ ਆਰ ਅੰਬੇਡਕਰ ਸੀਨੀਅਰ ਸੈਕੰਡਰੀ ਸਕੂਲ ਠਠਿਆਰੀ ਗੇਟ ਬਟਾਲਾ ਵਿਖੇ ਹੋਈ। ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੈਸ ਸਕੱਤਰ ਡਾ. ਲਖਵਿੰਦਰ ਸਿੰਘ ਸੰਧੂ ਔਲਖ ਨੇ ਦੱਸਿਆ ਕਿ ਆਰ ਐਮ ਪੀ ਡਾਕਟਰਾਂ ਵੱਲੋਂ ਐਸੋਸੀਏਸ਼ਨ ਦਾ ਸਥਾਪਨਾ ਦਿਵਸ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ। ਮੀਟਿੰਗ ਵਿੱਚ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਐਸੋਸੀਏਸ਼ਨ ਦਾ ਇਤਿਹਾਸ ਮਾਣਮੱਤਾ ਅਤੇ ਸ਼ਾਨਾਮੱਤਾ ਰਿਹਾ। ਇਸ ਮੌਕੇ ਡਾਕਟਰ ਸਾਥੀਆਂ ਨੂੰ ਸ਼ੁਭਕਾਮਨਾਵਾਂ ਸਹਿਤ ਮੁਬਾਰਕਾਂ ਦਿੱਤੀਆਂ ਅਤੇ ਕਿਹਾ ਕਿ ਸੂਬਾ ਚੇਅਰਮੈਨ ਡਾ. ਰਮੇਸ਼ ਕੁਮਾਰ ਬਾਲੀ ਵੱਲੋਂ ਲੰਮੇ ਸਮੇਂ ਤੋਂ ਐਸੋਸੀਏਸ਼ਨ ਨੂੰ ਸਰਗਰਮੀ ਨਾਲ ਪ੍ਰਫੁੱਲਤ ਕਰਨ ਲਈ ਨਿਭਾਈਆਂ ਗਈਆਂ ਸੇਵਾਵਾਂ ਅਤੇ ਚੰਗੀ ਕਾਰਜਗੁਜ਼ਾਰੀ ਨੂੰ ਮੁੱਖ ਰੱਖਦਿਆਂ ਪੁਰਜ਼ੋਰ ਸ਼ਬਦਾਂ ਵਿੱਚ ਸ਼ਲਾਘਾ ਕੀਤੀ। ਇਸ ਮੌਕੇ ਛੋਲੇ ਭਠੂਰੇ, ਨਾਨ ਅਤੇ ਚਾਹ ਪਾਣੀ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਸੂਬਾ ਕਮੇਟੀ ਮੈਂਬਰ ਡਾ. ਸੁਖਵਿੰਦਰ ਸਿੰਘ ਦਰਦੀ, ਡਾ. ਜਸਬੀਰ ਸਿੰਘ ਬਾਸਰਪੁਰ, ਡਾ. ਲਖਵਿੰਦਰ ਸਿੰਘ ਸੰਧੂ ਔਲਖ, ਡਾ. ਚਰਨਦਾਸ ਕੰਡਿਆਲ, ਡਾ. ਦਿਲਬਾਗ ਸਿੰਘ ਮੁਸਤਰਾਪੁਰ, ਡਾ. ਸਤਨਾਮ ਸਿੰਘ ਦਾਲਮ, ਡਾ. ਹੀਰਾ ਸਿੰਘ ਅੱਤਰੀ ਜੈਤੋ ਸਰਜਾ, ਡਾ. ਸੁਖਵਿੰਦਰ ਸਿੰਘ ਨੜਾਂਵਾਲੀ, ਡਾ. ਬਾਊ ਰਾਮ ਬਟਾਲਾ, ਡਾ. ਸੁਖਵਿੰਦਰ ਸਿੰਘ ਛਿਤ, ਡਾ. ਰਾਜਪਾਲ ਗਾਂਧੀ ਕੈਂਪ ਬਟਾਲਾ, ਡਾ. ਬਲਵੰਤ ਸਿੰਘ ਪੁਰੀਆਂ, ਡਾ. ਗੁਰਦੇਵ ਸਿੰਘ ਬਟਾਲਾ, ਡਾ. ਤਾਰਾ ਮਸੀਹ ਗੋਦਰਪੁਰ, ਡਾ. ਅਸ਼ੋਕ ਕੁਮਾਰ ਰਾਊਵਾਲ, ਡਾ. ਵਿਮਲ ਸੂਦ ਬਟਾਲਾ, ਡਾ. ਮੁਹੰਮਦ ਉਸਮਾਨ ਕੋਟਲੀ ਸੂਰਤ ਮੱਲ੍ਹੀ, ਡਾ. ਕੇਵਲ ਕ੍ਰਿਸ਼ਨ ਬਟਾਲਾ ਅਤੇ ਹੋਰ ਆਰ ਐਮ ਪੀ ਡਾਕਟਰ ਹਾਜ਼ਰ ਹੋਏ।

## ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ 'ਚ ਭਾਰਤੀ ਭਾਸ਼ਾ ਸਮਰ ਕੈਂਪ ਤਹਿਤ ਸਕੂਲ 'ਚ ਕੈਂਪ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਸੀ.ਬੀ.ਐਸ.ਈ ਦੁਆਰਾ ਸ਼ੁਰੂ ਕੀਤੀ ਗਈ ਮੁਹਿੰਮ 'ਭਾਰਤੀ ਭਾਸ਼ਾ' ਸਮਰ ਕੈਂਪ ਤਹਿਤ ਸਕੂਲ ਵਿੱਚ ਇੱਕ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੁਹਿੰਮ ਵਿੱਚ ਲਗਭਗ 200 ਬੱਚਿਆਂ ਨੇ ਭਾਗ ਲਿਆ। ਛੇਵੀਂ ਤੋਂ ਦਸਵੀਂ ਜਮਾਤ ਤੱਕ ਦੇ ਬੱਚਿਆਂ ਸਮੇਤ 25 ਅਧਿਆਪਕਾਂ ਅਤੇ 13 ਸਹਿਯੋਗੀਆਂ ਨੇ ਭਾਗ ਲਿਆ। ਇਸ ਕੈਂਪ ਵਿੱਚ ਬੱਚਿਆਂ ਨੂੰ ਬਹੁਭਾਸ਼ੀ ਬਣਾਉਣ ਲਈ ਤੇਲਗੂ ਭਾਸ਼ਾ ਸਿਖਾਉਣ ਦਾ ਪ੍ਰੋਗਰਾਮ ਬਣਾਇਆ ਗਿਆ। ਜਿਸ ਵਿੱਚ 28 ਘੰਟੇ ਦੇ ਪ੍ਰੋਗਰਾਮ ਨੂੰ 7 ਦਿਨਾਂ ਵਿੱਚ ਵੰਡਿਆ ਗਿਆ। ਇਹ ਕੈਂਪ 28 ਮਈ ਨੂੰ ਸ਼ੁਰੂ ਕੀਤਾ ਗਿਆ ਜੋ 4 ਜੂਨ ਤੱਕ ਚੱਲਿਆ। ਇਸ ਪ੍ਰੋਗਰਾਮ ਅਧੀਨ ਰੋਜ਼ 4 ਘੰਟੇ ਪ੍ਰੋਗਰਾਮ ਕਰਵਾਇਆ ਗਿਆ। 28 ਮਈ ਨੂੰ ਤੇਲਗੂ ਭਾਸ਼ਾ ਦੀ ਪਰਿਭਾਸ਼ਾ ਬੋਲਚਾਲ, ਅਲਫਾਬੈਟ ਤੇ ਗਿਣਤੀ ਸਿਖਾਈ ਗਈ। 29 ਮਈ ਨੂੰ ਰੀਅਲ ਲਾਈਫ ਪ੍ਰਤੀ ਜ਼ਿੰਦਗੀ ਦੀ ਬੋਲਚਾਲ ਸਿਖਾਈ ਗਈ। 30 ਮਈ ਨੂੰ ਮਿਊਜ਼ਿਕ, ਡਾਂਸ ਤੇ ਪੇਂਟਿੰਗ ਸਿਖਾਇਆ ਗਿਆ। 31 ਮਈ ਨੂੰ ਤੇਲਗੂ ਭਾਸ਼ਾ ਵਿੱਚ ਸਬਜ਼ੀਆਂ, ਫਲਾਂ ਤੇ ਮਸਾਲਿਆਂ ਦੀ ਜਾਣਕਾਰੀ ਦਿੱਤੀ ਗਈ। 2 ਜੂਨ ਨੂੰ ਤਾਮਿਲ ਸੱਭਿਆਚਾਰ ਤੇ ਸਥਾਨਕ ਹੀਰੋ ਬਾਰੇ ਦੱਸਿਆ ਗਿਆ। 3 ਜੂਨ ਨੂੰ ਤਾਮਿਲ ਹਿਸਟਰੀ, ਭੂਗੋਲਿਕ ਸਥਿਤੀਆਂ, ਦਰਿਆਵਾਂ, ਪਹਾੜਾਂ ਦੀ ਜਾਣਕਾਰੀ ਦਿੱਤੀ ਗਈ। 4 ਜੂਨ ਨੂੰ ਬੱਚਿਆਂ ਨੂੰ ਇਸ ਪ੍ਰੋਗਰਾਮ ਵਿੱਚ ਹਿੱਸਾ ਲੈਣ ਲਈ ਉਹਨਾ ਦੀ ਪ੍ਰਸੰਸਾ ਕੀਤੀ ਗਈ। ਇਸ ਪ੍ਰੋਗਰਾਮ ਵਿੱਚ ਸਕੂਲ ਦੇ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ, ਪ੍ਰਿੰਸੀਪਲ ਅਮਰਪ੍ਰੀਤ ਕੌਰ, ਵਾਇਸ ਪ੍ਰਿੰਸੀਪਲ ਗੁਰਪ੍ਰੀਤ ਕੌਰ, ਕੋਆਰਡੀਨੇਟਰ ਸ਼ਿਲਪਾ ਸ਼ਰਮਾ ਉਚੇਚੇ ਤੌਰ 'ਤੇ ਹਾਜ਼ਰ ਰਹੇ ਤੇ ਬੱਚਿਆਂ ਦੀ ਹੌਸਲਾ ਅਫਜ਼ਾਈ ਕੀਤੀ।

## ਸਰਕਾਰੀ ਕਾਲਜ ਵਿਖੇ ਵਿਸ਼ਵ ਵਾਤਾਵਰਣ ਦਿਵਸ ਮਨਾਇਆ




**ਡੇਰਾ ਬੱਸੀ (ਵਿਨੈ ਕੁਮਾਰ ਜੈਨ)**— ਸਰਕਾਰੀ ਕਾਲਜ ਡੇਰਾਬੱਸੀ ਦੇਂ ਐਨ.ਐਸ.ਐਸ. ਅਤੇ ਵਾਤਾਵਰਣ ਕਮੇਟੀ ਵੱਲੋਂ 'ਵਿਸ਼ਵ ਵਾਤਾਵਰਣ ਦਿਵਸ' ਮਨਾਇਆ ਗਿਆ।ਬੀਤੇ ਸਾਲ ਲਗਾਏ ਗਏ ਪੌਦਿਆਂ ਦੀ ਦੇਖਭਾਲ ਕੀਤੀ ਗਈ ਸੀ ਅਤੇ ਹੁਣ ਫਿਰ ਵਿਦਿਆਰਥੀਆਂ ਦੁਆਰਾ ਤਿਆਰ ਕੀਤੀ ਗਈ ਜੈਵਿਕ ਖਾਦ ਕਾਲਜ ਦੀ ਵਾਤਾਵਰਣ ਕਮੇਟੀ ਦੀ ਮਦਦ ਨਾਲ ਉਨ੍ਹਾਂ ਪੌਦਿਆਂ ਵਿੱਚ ਪਾਈ ਗਈ। 'ਏਕ ਪੇੜ ਮਾਂ ਕੇ ਨਾਮ 2.0' ਮੁਹਿੰਮ ਵੀ ਸ਼ੁਰੂ ਕੀਤੀ ਗਈ। ਕਾਲਜ ਦੀ ਪ੍ਰਿੰਸੀਪਲ ਸ਼੍ਰੀਮਤੀ ਗੀਤਾਂਜਲੀ ਕਾਲੜਾ ਨੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਰੁੱਖ ਲਗਾ ਕੇ ਵਾਤਾਵਰਣ ਨੂੰ ਸਾਫ਼ ਰੱਖਣ ਦਾ ਸੰਦੇਸ਼ ਦਿੱਤਾ। ਇਸ ਪ੍ਰੋਗਰਾਮ ਵਿੱਚ ਸਰਕਾਰੀ ਕਾਲਜ ਸੇਵਾਮੁਕਤ ਅਧਿਆਪਕ ਭਲਾਈ ਐਸੋਸੀਏਸ਼ਨ ਦੇ ਪ੍ਰੋ. ਵੀ ਮੌਜੂਦ ਸਨ। ਮੁਕੇਸ਼ ਕੁਮਾਰ ਸ਼ਰਮਾ ਅਤੇ ਪ੍ਰੋ. ਗੁਰਜੰਟ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਦੀ ਸੰਸਥਾ ਨੇ ਕਾਲਜ ਦੇ 14 ਹੋਣਹਾਰ ਅਤੇ ਲੋੜਵੰਦ ਵਿਦਿਆਰਥੀਆਂ ਨੂੰ 2500 ਰੁਪਏ ਦੇ ਸਕਾਲਰਸ਼ਿਪ ਚੈੱਕ ਵੰਡੇ। ਵਾਈਸ ਪ੍ਰਿੰਸੀਪਲ ਪ੍ਰੋ. ਅਮੀ ਭੱਲਾ, ਪ੍ਰੋ. ਰਾਜਬੀਰ ਕੌਰ, ਪ੍ਰੋ. ਸਵਿਤਾ ਗੁਪਤਾ, ਪ੍ਰੋ. ਸਲੋਨੀ, ਪ੍ਰੋ. ਡਾ. ਨਵਦੀਪ ਕਾਹੋਲ, ਐਨ.ਐਸ.ਐਸ. ਕਮੇਟੀ ਕਨਵੀਨਰ ਪ੍ਰੋ. ਮੋਹਨੀਸ਼ ਆਰੀਆ, ਵਾਤਾਵਰਣ ਕਮੇਟੀ ਕਨਵੀਨਰ ਪ੍ਰੋ. ਸ਼ਵੇਤਾ ਖਰਬੰਦਾ ਅਤੇ ਐਨ.ਐਸ.ਐਸ. ਵਲੰਟੀਅਰਾਂ, ਜਿਨ੍ਹਾਂ ਵਿੱਚ ਪ੍ਰੋ. ਕੋਮਲ, ਪ੍ਰੋ. ਰਵਿੰਦਰ ਸਿੰਘ ਅਤੇ ਡਾ. ਸ਼ਕੁੰਤਲਾ ਸ਼ਾਮਲ ਸਨ, ਨੇ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

## ਫਰਦ ਕੇਦਰ ਦੇ ਕਰਮਚਾਰੀਆਂ ਦੇ ਹੱਕ 'ਚ ਨਿੱਤਰੀ ਕਿਸਾਨ ਜਥੇਬੰਦੀ

**ਪੱਟੀ (ਬਲਦੇਵ ਸਿੰਘ ਸੰਧੂ)**- ਸੂਬਾ ਸਰਕਾਰ ਵੱਲੋਂ ਨੌਜਵਾਨਾਂ ਨੂੰ ਵੱਡੀ ਗਿਣਤੀ ਵਿਚ ਸਰਕਾਰੀ ਨੌਕਰੀਆਂ ਦੇਣ ਦੇ ਵਾਅਦੇ ਜ਼ਮੀਨ ਨਾਲ ਇਤਫਾਕ ਨਹੀਂ ਰੱਖਦੇ। ਬੀਤੇ ਕਈ ਮਹੀਨਿਆਂ ਤੋਂ ਫਰਦ ਕੇਂਦਰ ਅੰਦਰ ਨੌਕਰੀ ਕਰ ਰਹੇ ਕਰਮਚਾਰੀਆਂ ਨੂੰ ਤਨਖਾਹਾਂ ਨਾ ਮਿਲਣ ਕਾਰਨ



ਕਲਮਛੋੜ ਹੜਤਾਲ ਕਰਨ ਨਾਲ ਕਿਸਾਨ ਤੇ ਆਮ ਲੋਕ ਖੱਜਲ ਖੁਆਰ ਹੋ ਰਹੇ ਹਨ ।ਕਰਮਚਾਰੀਆਂ ਦੀ ਕਲਮਛੋੜ ਹੜਤਾਲ ਕਾਰਨ ਜਮ੍ਹਾਂਬੰਦੀਆ ਨਹੀਂ ਮਿਲ ਰਹੀਆ। ਕਿਸਾਨਾਂ ਵੱਲੋਂ ਜ਼ਮੀਨਾਂ ਦੀਆਂ ਬੈਂਕਾਂ ਅੰਦਰ ਲਿਮਟ ਨਵੀਆਂ ਕਰਵਾਉਣ, ਰਜਿਸਟਰੀਆਂ ਬੈਨਾਮਾ, ਰਹਿਣਨਾਮਾ ਬਿਆਨਾ ਸਮੇਤ ਹੋਰ ਜ਼ਰੂਰੀ ਕੰਮਕਾਜ ਕਰਵਾਉਣ ਲਈ ਜਮ੍ਹਾਂਬੰਦੀਆਂ ਨਾ ਮਿਲਣ ਕਾਰਨ ਜਿਥੇ ਕਿਸਾਨਾਂ ਦਾ ਸਰਕਾਰੀ ਕੰਮਕਾਜ ਲੇਟ ਹੋ ਰਿਹਾ ਹੈ, ਉਥੇ ਅੱਤ ਦੀ ਗਰਮੀ ਦੇ ਮੌਸਮ 'ਚ ਦੂਰਦੁਰਾਡੇ ਪਿੰਡਾਂ ਤੋਂ ਸਥਾਨਕ ਸ਼ਹਿਰ ਦੇ ਤਹਿਸੀਲ ਕੰਪਲੈਕਸ ਅੰਦਰ ਬਣੇ ਫਰਦ ਕੇਂਦਰ ਚੋਂ ਜਮ੍ਹਾਂਬੰਦੀਆਂ ਨਾ ਮਿਲਣ ਕਾਰਨ ਖੱਜਲ ਖੁਆਰ ਹੋ ਰਹੇ ਹਨ।ਦੂਸਰੇ ਪਾਸੇ ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਪੰਜਾਬ ਦੇ ਸੂਬਾ ਵਾਈਸ ਪ੍ਰਧਾਨ ਸੁਖਵੰਤ ਸਿੰਘ ਦੁੱਬਲੀ ਨੇ ਫਰਦ ਕੇਂਦਰ ਅੰਦਰ ਕੰਮ ਕਰਦੇ ਕਰਮਚਾਰੀਆਂ ਦੇ ਹੱਕ ਵਿਚ ਨਾਅਰਾ ਮਾਰਦੇ ਹੋਏ ਆਖਿਆ ਕਿ ਸੂਬੇ ਦੀ ਅਗਵਾਈ ਵਾਲੀ ਮਾਨ ਸਰਕਾਰ ਵੱਲੋਂ ਦਫਤਰਾਂ ਵਾਲੀਆਂ ਸਹੂਲਤਾਂ ਘਰਾਂ ਅੰਦਰ ਦੇਣ ਦੇ ਵੱਡੇ ਵੱਡੇ ਵਾਅਦੇ ਕੀਤੇ ਗਏ ਪਰ ਸਰਕਾਰੀ ਦਫਤਰਾਂ ਅੰਦਰ ਲੋਕਾਂ ਦੇ ਕੰਮਕਾਜ ਨਾ ਹੋਣ ਕਾਰਨ ਉਹਨਾਂ ਨੇ ਨਿਰਾਸ਼ਾ ਪ੍ਰਗਟ ਕਰਦਿਆਂ ਆਖਿਆ ਕਿ ਬੀਤੇ ਕਈ ਦਿਨਾਂ ਤੋਂ ਫਰਦ ਕੇਦਰ ਦੇ ਕਰਮਚਾਰੀਆਂ ਵੱਲੋਂ ਤਨਖਾਹਾਂ ਨਾ ਮਿਲਣ ਕਾਰਨ ਹੜਤਾਲ 'ਤੇ ਜਾਣ ਕਾਰਨ ਕੰਮਕਾਜ ਠੱਪ ਹੋਇਆ ਹੈ।ਦੁੱਬਲੀ ਨੇ ਆਖਿਆ ਕਿ ਸਰਕਾਰ ਵੱਲੋਂ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇਣ ਦੇ ਵੱਡੇ ਵੱਡੇ ਵਾਅਦੇ ਪੂਰੇ ਕਰਨ ਦੀ ਗੱਲ ਆਖੀ ਜਾ ਰਹੀ ਹੈ ਤਾਂ ਦੂਸਰੇ ਪਾਸੇ ਨਿਗੂਣੀਆਂ ਤਨਖਾਹਾਂ 'ਤੇ ਪ੍ਰਾਈਵੇਟ ਕੰਪਨੀਆਂ 'ਚ ਕੰਮ ਕਰਦੇ ਪੜ੍ਹੇ ਲਿਖੇ ਨੌਜਵਾਨਾਂ ਨੂੰ ਤਨਖਾਹਾਂ ਨਾ ਮਿਲਣ ਕਾਰਨ ਉਨ੍ਹਾ ਦੇ ਚੁੱਲ੍ਹੇ ਠਢਡੇ ਪੈਣ ਕੰਢੇ ਹਨ।ਸਰਕਾਰ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦੇ ਵਾਅਦੇ ਨਾਲ ਸੱਤਾ 'ਚ ਆਈ ਪਰ ਅਫਸੋਸ ਕਿ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦੀ ਬਜਾਏ ਪ੍ਰਾਈਵੇਟ ਕੰਪਨੀ ਅਧੀਨ ਕੰਮ ਕਰਦੇ ਬੱਚਿਆਂ ਕੋਲੋਂ ਰੋਜ਼ਗਾਰ ਖੋਹੇ ਜਾ ਰਹੇ ਹਨ।ਸੂਬਾ ਸਰਕਾਰ ਨੂੰ ਸਖਤ ਸ਼ਬਦਾਂ ਵਿਚ ਚਿਤਾਵਨੀ ਦਿੱਤੀ ਕਿ ਜੇਕਰ ਫਰਦ ਕੇਂਦਰ ਦੇ ਕਰਮਚਾਰੀਆਂ ਨੂੰ ਜਲਦੀ ਤਨਖਾਹਾਂ ਨਾ ਦਿੱਤੀਆਂ ਤਾਂ ਉਹਨਾਂ ਦੀ ਜਥੇਬੰਦੀ ਵੱਲੋਂ ਵੱਡੇ ਸੰਘਰਸ਼ ਵਿੱਢਣ ਤੋਂ ਗੁਰੇਜ਼ ਨਹੀਂ ਕੀਤਾ ਜਾਵੇਗਾ।

## ਨੌਂ ਰੋਜ਼ਾ ਦਸਤਾਰ ਦੁਮਾਲਾ ਸਿਖਲਾਈ ਕੈਂਪ ਭਲਕੇ



**ਪੱਟੀ (ਬਲਦੇਵ ਸਿੰਘ ਸੰਧੂ)**- ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈਲਫੇਅਰ ਸੁਸਾਇਟੀ ਦਸਤੂਰ -ਇ- ਦਸਤਾਰ ਲਹਿਰ ਪੰਜਾਬ ਰਜਿ ਵੱਲੋਂ ਜੂਨ 1984 ਦੇ ਸਮੂਹ ਸ਼ਹੀਦਾਂ ਸਿੰਘਾਂ ਸਿੰਘਣੀਆਂ ਦੀ ਸਲਾਨਾ ਯਾਦ ਨੂੰ ਸਮਰਪਿਤ ਨੌਂ ਰੋਜ਼ਾ ਦਸਤਾਰ ਦੁਮਾਲਾ ਸਿਖਲਾਈ ਕੈਂਪ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕਾ ਨਿਵਾਸੀਆਂ ਦੀ ਸਹਿਯੋਗ ਨਾਲ ਗੁਰਦੁਆਰਾ ਭਾਈ ਰਾਮੂ ਜੀ ਪਿੰਡ ਦਿਆਲਪੁਰਾ ਵਿਖੇ 7 ਜੂਨ ਤੋਂ 15 ਜੂਨ ਤੱਕ ਸ਼ਾਮ 5-00 ਵਜੇ ਤੋਂ 6-30 ਤੱਕ ਲਗਾਇਆ ਜਾ ਰਿਹਾ ਹੈ। ਜਿਸ ਵਿੱਚ ਚੌਥੀ ਜਮਾਤ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ ਦੇ ਲੜਕੇ ਤੇ ਲੜਕੀਆਂ ਅਤੇ ਇਸ ਤੋਂ ਉੱਪਰ ਦੀ ਉਮਰ ਦਾ ਕੋਈ ਵੀ ਵਿਅਕਤੀ ਜਿਹੜਾ ਅਸਲ ਵਿੱਚ ਸਿੱਖਣ ਦਾ ਚਾਹਵਾਨ ਹੈ, ਭਾਗ ਲੈ ਸਕਦੇ ਹਨ। ਇਨ੍ਹਾ ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਵਾਈਸ ਕਨਵੀਨਰ ਭਾਈ ਹਰਜੀਤ ਸਿੰਘ ਆਸਟਰੇਲੀਆ, ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ ਅਤੇ ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਪ੍ਰੈਸ ਨਾਲ ਗੱਲਬਾਤ ਦੌਰਾਨ ਕੀਤਾ। ਉਹਨਾਂ ਕਿਹਾ ਕਿ ਜਦੋਂ ਮਨੁੱਖ ਨੇ ਚੰਗਾ ਲਿਬਾਸ ਪਹਿਨਿਆ ਹੋਵੇ ਸਿਰ ਤੇ ਸੋਹਣੀ ਦਸਤਾਰ ਸਜਾਈ ਹੋਵੇ ਤਾਂ ਉਸ ਦੀ ਸੁੰਦਰਤਾ ਵਿੱਚ ਅਮੁੱਲ ਵਾਧਾ ਹੋ ਜਾਂਦਾ ਹੈ।ਗੁਰੂ ਕਾ ਸਿੱਖ ਹਰੇਕ ਪੱਖ ਤੋਂ ਸੋਹਣੀ ਦਿੱਖ ਵਾਲਾ ਹੋਣਾ ਚਾਹੀਦਾ ਹੈ। ਇਸ ਸੋਚ ਨੂੰ ਲੈ ਕੇ ਸੁਸਾਇਟੀ ਦੇ ਸਮੂਹ ਸੱਜਣ ਪਿਛਲੇ ਲੰਮੇ ਸਮੇਂ ਤੋਂ ਪਿੰਡਾਂ ਸ਼ਹਿਰਾਂ ਅਤੇ ਸਕੂਲ ਵਿੱਚ ਜਾ ਕੇ ਬੱਚਿਆਂ ਨੂੰ ਗੁਰਮਤਿ ਸਿਧਾਂਤਾਂ ਦੀ ਜਾਣਕਾਰੀ ਮੁਹੱਈਆ ਕਰਵਾ ਰਹੇ ਹਨ ਅਤੇ ਸੋਹਣੀਆਂ ਦਸਤਾਰਾਂ ਸਿਰਾਂ ਤੇ ਸਜਾਉਣ ਦੀ ਸਿਖਲਾਈ ਦਿੱਤੀ ਜਾ ਰਹੀ ਹੈ। ਇਸ ਪ੍ਰੋਗਰਾਮ ਦੇ ਕੋਆਰਡੀਨੇਟਰ ਭਾਈ ਮਨਦੀਪ ਸਿੰਘ ਘੋਲੀਆ ਕਲਾਂ, ਭਾਈ ਗੁਰਜੰਟ ਸਿੰਘ ਭਿੱਖੀਵਿੰਡ ਅਤੇ ਭਾਈ ਹਰਚਰਨ ਸਿੰਘ ਉਬੋਕੇ ਹੋਣਗੇ। ਬੱਚਿਆਂ ਨੂੰ ਦਸਤਾਰ ਦੁਮਾਲਾ ਸਿਖਲਾਈ ਦੇਣ ਲਈ ਅੰਤਰਰਾਸ਼ਟਰੀ ਦਸਤਾਰ ਕੋਚ ਹਰਜੀਤ ਸਿੰਘ ਲਹਿਰੀ, ਹਰਪ੍ਰੀਤ ਸਿੰਘ ਪੱਟੀ, ਆਕਾਸ਼ਦੀਪ ਸਿੰਘ ਪੱਟੀ, ਸਾਜਨ ਪ੍ਰੀਤ ਸਿੰਘ ਮਰਗਿੰਦਪੁਰਾ, ਜਗਦੀਸ਼ ਸਿੰਘ ਭਿੱਖੀਵਿੰਡ, ਹਰਮਨਦੀਪ ਸਿੰਘ ਭਿੱਖੀਵਿੰਡ , ਭਾਈ ਸੁਖਵਿੰਦਰ ਸਿੰਘ ਖਾਲੜਾ ਅਤੇ ਵਜ਼ੀਰ ਸਿੰਘ ਆਸਲ ਉਚੇਚੇ ਤੌਰ 'ਤੇ ਪਹੁੰਚ ਰਹੇ ਹਨ। ਇਹ ਕੈਂਪ ਬਿਲਕੁਲ ਫ੍ਰੀ ਹੋਵੇਗਾ।

# ਭਾਜਪਾ ਦਾ ਦਾਅ

ਕੇਂਦਰ ਸਰਕਾਰ ਨੇ ਐਲਾਨਿਆ ਹੈ ਕਿ ਜਨਗਣਨਾ ਤੇ ਜਾਤਾਂ ਦੀ ਗਣਨਾ ਦੋ ਪੜਾਵਾਂ ਵਿੱਚ ਕੀਤੀ ਜਾਵੇਗੀ। ਗ੍ਰਹਿ ਮੰਤਰਾਲੇ ਦੇ ਬਿਆਨ ਮੁਤਾਬਕ ਕੇਂਦਰ ਸ਼ਾਸਤ ਪ੍ਰਦੇਸ਼ ਲੱਦਾਖ ਅਤੇ ਜੰਮੂ-ਕਸ਼ਮੀਰ, ਹਿਮਾਚਲ ਤੇ ਉੱਤਰਾਖੰਡ ਦੇ ਬਰਫੀਲੇ ਖੇਤਰਾਂ ਵਿੱਚ ਜਨਗਣਨਾ ਦੀ ਸ਼ੁਰੂਆਤ ਇੱਕ ਅਕਤੂਬਰ 2026 ਦੀ ਰਾਤ 12 ਵਜੇ ਹੋਵੇਗੀ, ਜਦਕਿ ਬਾਕੀ ਦੇਸ਼ ਵਿੱਚ ਇੱਕ ਮਾਰਚ 2027 ਦੀ ਰਾਤ 12 ਵਜੇ ਹੋਵੇਗੀ। ਪਿਛਲੀ ਜਨਗਣਨਾ 2011 ਵਿੱਚ ਕਰਾਈ ਗਈ ਸੀ ਤੇ ਹਰ 10 ਸਾਲ ਬਾਅਦ ਕੀਤੀ ਜਾਣ ਵਾਲੀ ਜਨਗਣਨਾ 2021 ਵਿੱਚ ਹੋਣੀ ਸੀ, ਪਰ ਕੋਰੋਨਾ ਮਹਾਂਮਾਰੀ ਕਾਰਨ ਟਾਲ ਦਿੱਤੀ ਗਈ ਸੀ।

2011 ਵਿੱਚ ਪਿਛਲੀ ਜਨਗਣਨਾ ਦੋ ਪੜਾਵਾਂ 'ਚ ਕਰਾਈ ਗਈ ਸੀ। ਪਹਿਲੇ ਪੜਾਅ ਵਿੱਚ ਮਕਾਨਾਂ ਦੀ ਲਿਸਟ (ਇੱਕ ਅਪ੍ਰੈਲ ਤੋਂ 30 ਸਤੰਬਰ 2010 ਤੱਕ) ਅਤੇ ਦੂਜੇ ਪੜਾਅ ਵਿੱਚ ਆਬਾਦੀ ਦੀ ਗਣਨਾ (9 ਫਰਵਰੀ ਤੋਂ 28 ਫਰਵਰੀ 2011 ਤੱਕ), ਜਿਸ ਦੀ ਸੰਦਰਭ ਮਿਤੀ ਇੱਕ ਮਾਰਚ 2011 ਦੀ ਰਾਤ 12 ਵਜੇ ਸੀ। ਹਾਲਾਂਕਿ ਜੰਮੂ-ਕਸ਼ਮੀਰ, ਉੱਤਰਾਖੰਡ ਤੇ ਹਿਮਾਚਲ ਪ੍ਰਦੇਸ਼ ਦੇ ਬਰਫੀਲੇ ਇਲਾਕਿਆਂ ਵਿਚ ਇਹ ਪ੍ਰਕਿਰਿਆ 11 ਤੋਂ 30 ਸਤੰਬਰ 2010 ਤੱਕ ਚੱਲੀ ਸੀ ਅਤੇ ਸੰਦਰਭ ਮਿਤੀ ਇੱਕ ਅਕਤੂਬਰ 2010 ਦੀ ਰਾਤ 12 ਵਜੇ ਸੀ।

ਖੱਬੀਆਂ ਤੇ ਜਮਹੂਰੀ ਪਾਰਟੀਆਂ ਜਾਤ ਅਧਾਰਤ ਜਨਗਣਨਾ ਲਈ ਕਾਫੀ ਚਿਰ ਤੋਂ ਦਬਾਅ ਪਾ ਰਹੀਆਂ ਸਨ। ਸਰਕਾਰ ਜਨਗਣਨਾ ਦੇ ਨਾਲ ਜਾਤਾਂ ਦੀ ਗਣਨਾ ਕਰਨ ਲਈ ਮੰਨ ਤਾਂ ਗਈ ਹੈ, ਪਰ ਇਹ ਸਾਰੀ ਪ੍ਰਕਿਰਿਆ 2027 'ਚ ਚਲਾਉਣ ਨੇ ਇੱਕ ਬਹੁਤ ਵੱਡੀ ਸ਼ੰਕਾ ਪੈਦਾ ਕੀਤੀ ਹੈ। ਇਹ ਸ਼ੰਕਾ ਆਬਾਦੀ ਦੇ ਹਿਸਾਬ ਨਾਲ ਸੰਸਦ ਤੇ ਅਸੈਂਬਲੀਆਂ ਦੀਆਂ ਸੀਟਾਂ ਦੀ ਨਵੀਂ ਹਲਕਾਬੰਦੀ ਕਾਰਨ ਦੱਖਣੀ ਰਾਜਾਂ ਦੀਆਂ ਸੀਟਾਂ ਵਿੱਚ ਕਮੀ ਆਉਣ ਦਾ ਹੈ, ਜਿੱਥੇ ਭਾਜਪਾ ਅਜੇ ਤੱਕ ਪੈਰ ਨਹੀਂ ਜਮਾ ਸਕੀ। 1971 ਦੀ ਜਨਗਣਨਾ ਦੇ ਅੰਕੜਿਆਂ ਦੇ ਆਧਾਰ 'ਤੇ ਕੀਤੀ ਜਾਣ ਵਾਲੀ ਹਲਕਾਬੰਦੀ 'ਤੇ 1976 ਵਿੱਚ ਇਹ ਕਹਿ ਕੇ ਰੋਕ ਲਾ ਦਿੱਤੀ ਗਈ ਸੀ ਕਿ ਪਰਵਾਰ ਨਿਯੋਜਨ ਨੂੰ ਚੰਗੀ ਤਰ੍ਹਾਂ ਲਾਗੂ ਕਰਨ ਵਾਲੇ ਰਾਜ ਆਬਾਦੀ ਘਟਣ ਕਾਰਨ ਸੀਟਾਂ ਨਾ ਗੁਆ ਲੈਣ। ਇਸ ਰੋਕ ਨੂੰ 2001 ਵਿੱਚ ਫਿਰ 2026 ਤੱਕ ਵਧਾ ਦਿੱਤਾ ਗਿਆ ਸੀ। ਪਰਵਾਰ ਨਿਯੋਜਨ ਨੂੰ ਵਧੀਆ ਢੰਗ ਨਾਲ ਲਾਗੂ ਕਰਨ ਵਾਲੇ ਤਾਮਿਲਨਾਡੂ ਦੇ ਮੁੱਖ ਮੰਤਰੀ ਐੱਮ ਕੇ ਸਟਾਲਿਨ, ਜਿਹੜੇ ਇਸ ਮੁੱਦੇ ਨੂੰ ਕਾਫੀ ਸਮੇਂ ਤੋਂ ਉਠਾ ਰਹੇ ਹਨ, ਨੇ ਕਿਹਾ ਹੈ ਕਿ ਕੇਂਦਰ ਦਾ 2027 ਤੋਂ ਜਨਗਣਨਾ ਕਰਾਉਣ ਦਾ ਫੈਸਲਾ ਦਰਸਾਉਂਦਾ ਹੈ ਕਿ ਭਾਜਪਾ ਤਾਮਿਲਨਾਡੂ ਦੀਆਂ ਸੀਟਾਂ ਘਟਾਉਣੀਆਂ ਚਾਹੁੰਦੀ ਹੈ, ਕਿਉਂਕਿ ਨਵੀਂ ਹਲਕਾਬੰਦੀ 'ਤੇ ਰੋਕ 2026 ਤੱਕ ਹੈ। ਨਵੀਂ ਜਨਗਣਨਾ ਤੋਂ ਬਾਅਦ ਹੋਣ ਵਾਲੀ ਹਲਕਾਬੰਦੀ ਨਾਲ ਤਾਮਿਲਨਾਡੂ ਦੀਆਂ ਸੀਟਾਂ ਘਟ ਜਾਣਗੀਆਂ। ਪਰਵਾਰ ਨਿਯੋਜਨ ਨੂੰ ਚੰਗੀ ਤਰ੍ਹਾਂ ਲਾਗੂ ਕਰਨ ਵਾਲੇ ਦੱਖਣ ਦੇ ਹੋਰਨਾਂ ਰਾਜਾਂ ਨੂੰ ਵੀ ਸੀਟਾਂ ਦਾ ਨੁਕਸਾਨ ਉਠਾਉਣਾ ਪਏਗਾ, ਜਦਕਿ ਯੂ ਪੀ ਤੇ ਬਿਹਾਰ ਵਰਗੇ ਵੱਧ ਆਬਾਦੀ ਵਾਲੇ ਰਾਜਾਂ ਦੀਆਂ ਸੀਟਾਂ ਵਧ ਜਾਣਗੀਆਂ। ਅਗਲੀਆਂ ਲੋਕ ਸਭਾ ਚੋਣਾਂ 2029 ਵਿੱਚ ਹੋਣੀਆਂ ਹਨ ਅਤੇ ਹਿੰਦੀ ਪੱਟੀ ਦੇ ਰਾਜਾਂ ਦੀਆਂ ਸੀਟਾਂ ਵਧਣ ਨਾਲ ਭਾਜਪਾ ਨੂੰ ਕਾਫੀ ਲਾਭ ਮਿਲ ਸਕਦਾ ਹੈ।

ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਨੇ ਆਪਣੀ ਗਿਣਤੀ-ਮਿਣਤੀ ਲਾ ਕੇ 2027 ਵਿੱਚ ਜਨਗਣਨਾ ਕਰਾਉਣ ਦਾ ਐਲਾਨ ਕੀਤਾ ਹੈ, ਪਰ ਇਸ 'ਤੇ ਉਸ ਨੂੰ ਦੱਖਣ ਤੇ ਉਨ੍ਹਾਂ ਰਾਜਾਂ ਵਿੱਚ ਤਿੱਖੇ ਵਿਰੋਧ ਦਾ ਸਾਹਮਣਾ ਕਰਨਾ ਪਵੇਗਾ, ਜਿਨ੍ਹਾਂ ਪਰਵਾਰ ਨਿਯੋਜਨ ਇਮਾਨਦਾਰੀ ਨਾਲ ਲਾਗੂ ਕੀਤਾ, ਪਰ ਨਵੀਂ ਜਨਗਣਨਾ ਤੋਂ ਬਾਅਦ ਸੀਟਾਂ ਗੁਆ ਬੈਠਣਗੇ।

# ਨਸ਼ਿਆਂ ਦੀ ਬਿਮਾਰੀ, ਕਦੋਂ ਜਾਏਗੀ ਸਾਰੀ

**ਬੀ ਐੱਸ ਨਾਗਰਾ**

ਉਂਜ ਤਾਂ ਪੂਰੇ ਭਾਰਤ ਵਿੱਚ ਹੀ ਨਸ਼ਿਆਂ ਦਾ ਬੋਲਬਾਲਾ ਹੈ, ਪਰ ਪੰਜਾਬ ਸੂਬਾ ਇਸ ਦੀ ਜਕੜ ਵਿੱਚ ਪੂਰੀ ਤਰ੍ਹਾਂ ਆ ਚੁੱਕਾ ਹੈ। ਇਸ ਦਾ ਪ੍ਰਮੁੱਖ ਕਾਰਨ ਸ਼ਾਇਦ ਇਹ ਹੈ, ਕਿਉਂਕਿ ਇਹ ਇੱਕ ਬਾਰਡਰ ਸਟੇਟ ਹੈ ਅਤੇ ਪਾਕਿਸਤਾਨ ਸੀਮਾ ਰਸਤੇ ਸੁਰੰਗਾਂ ਰਾਹੀਂ ਅਤੇ ਡਰੋਨਾਂ ਦੀ ਵਰਤੋਂ ਕਰਕੇ ਹੈਰੋਇਨ ਵਰਗੇ ਨਸ਼ੇ ਸਾਡੇ ਵੱਲ ਲਗਾਤਾਰ ਭੇਜਦਾ ਹੈ। ਇਸ ਤਰ੍ਹਾਂ ਸੀਮਾ ਦੇ ਨੇੜੇ ਰਹਿ ਰਹੇ ਕੁਝ ਲੋਕ ਪੈਸੇ ਕਮਾਉਣ ਖਾਤਰ ਅਣਜਾਣ ਲੋਕਾਂ ਨੂੰ ਨਸ਼ਿਆਂ ਦੇ ਆਦੀ ਬਣਾ ਦੇਂਦੇ ਹਨ। ਦਰਅਸਲ ਇਹ ਇੱਕ ਲੰਬਾ ਚੌੜਾ ਨੈਟਵਰਕ ਬਣਿਆ ਹੈ ਜਿਸ ਵਿੱਚ ਦੇਸ਼ ਵਿਦੇਸ਼ ਦੀਆਂ ਏਜੰਸੀਆਂ ਇੱਕ ਵੱਡਾ ਰੋਲ ਅਦਾ ਕਰਦੀਆਂ ਹਨ। 'ਛੇਤੀ ਅਮੀਰ ਬਣਨ' ਦੇ ਸੁਪਨੇ ਪੂਰਾ ਕਰਨ ਲਈ ਆਮ ਆਦਮੀ ਦੇ ਜੀਵਨ ਨਾਲ ਖੇਡਿਆ ਜਾ ਰਿਹਾ ਹੈ। ਨਸ਼ੇ ਦੀ ਲਪੇਟ 'ਚ ਆਏ ਲੋਕ ਆਖਿਰ ਅਕਸਰ ਜ਼ਿੰਦਗੀ ਤੋਂ ਹੱਥ ਧੋ ਬੈਠਦੇ ਹਨ। ਉਂਜ ਤਾਂ ਸਾਰੀਆਂ ਸਰਕਾਰਾਂ ਹੀ ਸਮੇਂ-ਸਮੇਂ ਨਸ਼ਿਆਂ ਵਿਰੁੱਧ ਟੀਚਾ ਮਿਥਦੀਆਂ ਰਹੇ ਹਨ, ਪਰ ਅਸਲੀਅਤ ਇਹ ਹੈ ਕਿ ਇਹ ਜਾਲ ਮੌਜੂਦਾ ਸਰਕਾਰ ਨੇ ਜੋ 'ਯੁੱਧ ਨਸ਼ਿਆਂ ਵਿਰੁੱਧ' ਸ਼ੁਰੂ ਕੀਤਾ ਹੈ, ਵਾਕਿਆ ਹੀ ਤਾਰੀਫ਼ ਦੇ ਕਾਬਲ ਹੈ। ਇਸ ਦਾ ਅਸਰ ਨਜ਼ਰ ਆਉਣਾ ਸ਼ੁਰੂ ਹੋ ਰਿਹਾ ਹੈ। ਇਸ ਵਿੱਚ ਸ਼ਾਮਲ ਏਜੰਟਾਂ ਦੇ ਘਰ ਵੀ ਢਾਹੇ ਜਾ ਰਹੇ ਹਨ ਅਤੇ ਪੁਲਸ ਸਖ਼ਤੀ ਨਾਲ ਇਸ ਮਿਸ਼ਨ 'ਤੇ ਕੰਮ ਕਰ ਰਹੀ ਹੈ।

ਨਸ਼ਿਆਂ ਵਿਰੁੱਧ ਚੱਲੀ ਲਹਿਰ ਨੂੰ ਕਾਮਯਾਬ ਕਰਨ 'ਚ ਨਿਆਂ ਪਾਲਕਾ ਦਾ ਵੀ ਅਹਿਮ ਰੋਲ ਬਣਦਾ ਹੈ। ਨਸ਼ਾ ਤਸਕਰਾਂ ਦੀ ਜ਼ਮਾਨਤ ਨਹੀਂ ਹੋਣੀ ਚਾਹੀਦੀ। ਉਨ੍ਹਾਂ ਨੂੰ ਓਨੀ ਦੇਰ ਸਲਾਖਾਂ ਪਿੱਛੇ ਹੀ ਰੱਖਣਾ ਚਾਹੀਦਾ ਹੈ, ਜਿੰਨਾ ਚਿਰ ਕੇਸਾਂ ਦਾ ਫੈਸਲਾ ਨਹੀਂ ਹੋ ਜਾਂਦਾ। ਇਸ ਦਾ ਅਸਰ ਛੋਟੇ-ਮੋਟੇ ਹੋਰ ਵਿਅਕਤੀਆਂ 'ਤੇ ਵੀ ਪੈਣਾ ਲਾਜ਼ਮੀ ਹੈ, ਜੋ ਇਸ ਗਲਤ ਧੰਦੇ ਵਿੱਚ ਕਿਸੇ ਵੀ ਰੂਪ ਵਿੱਚ ਸ਼ਾਮਲ ਹਨ। ਨਸ਼ੇ ਦੇ ਕੇਸਾਂ ਦਾ ਨਿਪਟਾਰਾ ਫਾਸਟ ਟਰੈਕ ਕੋਰਟਾਂ ਦੁਆਰਾ ਕੀਤਾ ਜਾਣਾ ਚਾਹੀਦਾ ਹੈ। ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਣੀ ਚਾਹੀਦੀ ਹੈ। ਪਿੰਡਾਂ ਵਿੱਚ ਲੋਕ ਜਾਣਦੇ ਹੋਏ ਵੀ ਪੁਲਸ ਨੂੰ ਸੂਚਨਾ ਦੇਣ ਤੋਂ ਕੰਨੀ ਕਤਰਾਉਂਦੇ ਹਨ ਅਤੇ ਸੋਚਦੇ ਹਨ ਕਿ ਐਵੇਂ ਵਾਧੂ ਦੀ ਦੁਸ਼ਮਣੀ ਨਾ ਸਹੇੜ ਲਈਏ। ਕੁਝ ਕੇਸਾਂ ਵਿੱਚ ਤਾਂ ਇਹ ਵੀ ਦੇਖਣ 'ਚ ਆਇਆ ਕਿ ਪੁਲਸ ਦੇ ਛਾਪਾ ਮਾਰਨ ਤੋਂ ਪਹਿਲਾਂ ਹੀ ਦੋਸ਼ੀ ਘਰਾਂ ਤੋਂ ਬਾਹਰ ਲੁਕ ਜਾਂਦੇ ਹਨ, ਉਨ੍ਹਾਂ ਨੂੰ ਇਸ ਛਾਪੇ ਸੰਬੰਧੀ ਸੂਚਨਾ ਕਿਉਂ ਅਤੇ ਕਿਵੇਂ ਮਿਲ ਜਾਂਦੀ ਹੈ, ਸੋਚਣ ਦੀ ਗੱਲ ਹੈ। ਜ਼ਰੂਰ ਉਨ੍ਹਾਂ ਦੀ ਕਿਸੇ ਨਾ ਕਿਸੇ ਲੈਵਲ 'ਤੇ ਮਿਲੀਭੁਗਤ ਹੋਵੇਗੀ।

ਕੁਝ ਦਿਨ ਪਹਿਲਾਂ ਮਜੀਠਾ ਵਿਖੇ ਕਈ ਆਦਮੀ ਜ਼ਹਿਰੀਲੀ ਸ਼ਰਾਬ ਪੀ ਕੇ ਮੌਤ ਦੀ ਗੱਡੀ ਚੜ੍ਹ ਗਏ, ਪਰ ਇਹ ਕੋਈ ਪਹਿਲੀ ਵਾਰਦਾਤ ਨਹੀਂ। ਅਜਿਹੀਆਂ ਘਟਨਾਵਾਂ ਪਹਿਲਾਂ ਵੀ ਕਈ ਵਾਰ ਤਰਨ ਤਾਰਨ, ਸੰਗਰੂਰ ਅਤੇ ਬਠਿੰਡਾ ਆਦਿ ਕਈ ਸਥਾਨਾਂ 'ਤੇ ਹੋਈਆਂ ਹਨ, ਪ੍ਰੰਤੂ ਸਰਕਾਰ ਇਸ 'ਤੇ ਠੱਲ੍ਹ ਨਹੀਂ ਪਾ ਸਕੀ। ਇਸ ਨਸ਼ੇ ਨੂੰ ਅਕਸਰ ਗਰੀਬ, ਅਨਪੜ੍ਹ ਅਤੇ ਮਜ਼ਦੂਰ ਲੋਕ ਪੀਂਦੇ ਹਨ, ਕਿਉਂਕਿ ਜਿੱਥੇ ਠੇਕੇ ਤੋਂ ਸ਼ਰਾਬ ਦੀ ਬੋਤਲ ਤਿੰਨ ਸੌ ਰੁਪਏ ਦੀ ਤੋਂ ਲੈ ਕੇ ਪੰਜ ਛੇ ਸੌ ਮਿਲਦੀ ਹੈ, ਉਥੇ ਕੱਢੀ ਗਈ ਇਹ ਸ਼ਰਾਬ ਸੌ ਰੁਪਈ ਦੇ ਕੇ ਪ੍ਰਾਪਤ ਹੁੰਦੀ ਹੈ ਅਤੇ ਉਨ੍ਹਾਂ ਦੇ ਘਰਾਂ ਵਿੱਚ ਦੇ ਜਾਂਦੇ ਹਨ। ਇਹ ਧੰਦਾ ਅਕਸਰ ਦਰਿਆਵਾਂ ਅਤੇ ਨਹਿਰਾਂ ਦੇ ਕੰਢਿਆਂ 'ਤੇ ਚਲਾਇਆ ਜਾਂਦਾ ਹੈ। ਕਈ ਵਾਰ ਕਿੰਨੇ ਹੀ ਡਰੰਮ ਅਤੇ ਚਲਦੀਆਂ ਹੋਈਆਂ ਭੱਠੀਆਂ ਫੜੀਆਂ ਗਈਆਂ ਹਨ, ਪਰ ਫੇਰ ਵੀ ਲੋਕ ਇਸ ਦਾ ਸ਼ਿਕਾਰ ਬਣੀ ਜਾ ਰਹੇ ਹਨ।

ਸਰਕਾਰ ਦਾ ਅਗਲਾ ਜ਼ਰੂਰੀ ਕੰਮ ਉਨ੍ਹਾਂ ਪਰਵਾਰਾਂ ਦੀ ਆਰਥਕ ਸਹਾਇਤਾ ਕਰਨਾ ਹੈ, ਜਿਨ੍ਹਾਂ ਵਿੱਚੋਂ ਇੱਕੋ ਇੱਕ ਹੀ ਕਮਾਉਣਾ ਵਾਲਾ ਆਦਮੀ ਮਰ ਜਾਂਦਾ ਹੈ। ਉਨ੍ਹਾਂ ਪਰਵਾਰਾਂ ਦੇ ਮੁੜ ਵਸੇਬੇ ਲਈ ਯੋਗ ਉਪਰਾਲੇ ਕਰਨੇ ਬਣਦੇ ਹਨ। ਪਿੰਡਾਂ ਦੀਆਂ ਪੰਚਾਇਤਾਂ ਵੀ ਇੱਕ ਅਹਿਮ ਰੋਲ ਅਦਾ ਕਰ ਸਕਦੀਆਂ ਹਨ। ਨਸ਼ੇ ਵੇਚਣ ਵਾਲਾ ਅਤੇ ਨਸ਼ੇ ਵਰਤਣ ਵਾਲਾ ਦੋਵੇਂ ਹੀ ਅਪਰਾਧੀ ਹਨ।

ਨਸ਼ਿਆਂ ਵਿਰੁੱਧ ਚੱਲ ਰਹੀ ਲਹਿਰ ਨੂੰ ਕਾਮਯਾਬ ਕਰਨ ਲਈ ਜਾਗਰੂਕਤਾ ਅਭਿਆਨ ਚਲਾਉਣਾ ਵੀ ਅਤਿ ਜ਼ਰੂਰੀ ਹੈ। ਇਸ ਅਧੀਨ ਮਨੋ-ਵਿਗਿਆਨਕ ਦ੍ਰਿਸ਼ਟੀਕੋਣ ਨੂੰ ਮੁੱਖ ਰੱਖਦੇ ਹੋਏ ਸਕੂਲਾਂ, ਕਾਲਜਾਂ ਅਤੇ ਪਿੰਡਾਂ ਵਿੱਚ ਸੈਮੀਨਾਰ, ਡਰਾਮੇ ਅਤੇ ਭਾਸ਼ਣਾਂ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ। ਲੋਕਾਂ ਦੀ ਜ਼ਿੰਦਗੀ ਬਚਾਉਣ ਲਈ ਜ਼ਰੂਰੀ ਹੋ ਗਿਆ ਹੈ ਕਿ ਹਰ ਪੱਖ ਤੋਂ ਖੋਖਲਾ ਕਰ ਰਹੀ ਇਸ ਬਿਮਾਰੀ ਨੂੰ ਠੱਲ੍ਹ ਪਾਈ ਜਾਵੇ।

# ਸੰਪਰਕ : 94641-49119

# ਵਿਦਿਆਰਥੀਆਂ ਦੀਆਂ ਆਤਮ ਹੱਤਿਆਵਾਂ ਚਿੰਤਾਜਨਕ ਮੁੱਦਾ

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

27 ਅਗਸਤ , 2023 ਦਾ ਦਿਨ ਰਾਜਸਥਾਨ ਦੇ ਸ਼ਹਿਰ ਕੋਟਾ ਵਿੱਚ 'ਨੀਟ' ਅਤੇ 'ਜੇ ਈ ਈ' ਦੀਆਂ ਦਾਖ਼ਲਾ ਪ੍ਰੀਖਿਆਵਾਂ ਦੀ ਤਿਆਰੀ ਹਿੱਤ ਕੋਚਿੰਗ ਲੈ ਰਹੇ ਵਿਦਿਆਰਥੀਆਂ ਲਈ ਬੜਾ ਹੀ ਦੁਖਦਾਇਕ ਦਿਨ ਸੀ। ਇਸ ਦਿਨ ਕੇਵਲ ਛੇ ਘੰਟਿਆਂ ਦੇ ਅੰਤਰਾਲ ਵਿਚ ਦੋ ਵਿਦਿਆਰਥੀਆਂ ਨੇ ਖ਼ੁਦਕੁਸ਼ੀ ਕਰ ਲਈ ਸੀ। ਮਹਾਰਾਸ਼ਟਰ ਤੋਂ ਆਏ ਇਕ 16 ਸਾਲਾ ਵਿਦਿਆਰਥੀ ਨੇ ਆਪਣੇ ਹੀ ਕੋਚਿੰਗ ਸੈਂਟਰ ਦੀ ਛੇਵੀਂ ਮੰਜ਼ਲ ਤੋਂ ਛਾਲ ਮਾਰ ਕੇ ਆਪਣੀ ਜਾਨ ਲੈ ਲਈ, ਜਦੋਂ ਕਿ ਦੂਜੇ ਮਾਮਲੇ ਵਿੱਚ ਬਿਹਾਰ ਤੋਂ ਆਏ ਇਕ 18 ਸਾਲਾ ਵਿਦਿਆਰਥੀ ਨੇ ਆਪਣੇ ਕਮਰੇ ਅੰਦਰ ਫ਼ਾਹਾ ਲੈ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ ਸੀ। ਇਨ੍ਹਾ ਦੋਵਾਂ ਮੌਤਾਂ ਦਾ ਕਾਰਨ ਸੀ 'ਮਾਨਸਿਕ ਤਣਾਅ ਅਤੇ ਹਫ਼ਤਾਵਾਰੀ ਟੈਸਟਾਂ ਵਿੱਚ ਚੰਗਾ ਪ੍ਰਦਰਸ਼ਨ ਵਿਖਾਉਣ ਦਾ ਦਬਾਅ'।' ਇਹ ਸਮੁੱਚਾ ਮਾਮਲਾ ਕੇਵਲ ਇਨ੍ਹਾ ਦੋ ਨੌਜਵਾਨਾਂ ਦੀਆਂ ਮੌਤਾਂ ਤੱਕ ਸੀਮਿਤ ਨਹੀਂ ਸੀ, ਸਗੋਂ ਮਾਮਲੇ ਦੀ ਗੰਭੀਰਤਾ ਇਸ ਤੱਥ ਪਿੱਛੇ ਲੁਕੀ ਹੋਈ ਸੀ ਕਿ ਇਕੱਲੇ ਅਗਸਤ ਮਹੀਨੇ ਵਿੱਚ ਹੀ ਕੋਟਾ ਦੇ ਇਨ੍ਹਾਂ ਕੋਚਿੰਗ ਸੈਂਟਰਾਂ ਵਿੱਚ ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਕਰਦੇ 7ਵਿਦਿਆਰਥੀਆਂ ਨੇ ਤਣਾਅ ਅਤੇ ਦਬਾਅ ਵਿੱਚ ਆ ਕੇ ਮੌਤ ਨੂੰ ਗਲੇ ਲਗਾ ਲਿਆ ਸੀ ਤੇ ਉਧਰ 1 ਜਨਵਰੀ, 2023 ਤੋਂ ਲੈ ਕੇ 28 ਅਗਸਤ, 2023 ਤੱਕ ਅਜਿਹੀਆਂ ਖ਼ੁਦਕੁਸ਼ੀਆਂ ਦਾ ਅੰਕੜਾ 24 ਦੀ ਗਿਣਤੀ ਤੱਕ ਪੁੱਜ ਚੁੱਕਾ ਸੀ। ਇਨ੍ਹਾਂ ਭਰ ਜੁਆਨ 24 ਵਿਦਿਆਰਥੀਆਂ ਦਾ ਪ੍ਰੀਖਿਆਵਾਂ ਦੇ ਦਬਾਅ ਵਿੱਚ ਆ ਕੇ ਜਾਨਾਂ ਗੁਆ ਦੇਣਾ ਸਾਡੇ ਵਿਦਿਅਕ ਅਤੇ ਪ੍ਰੀਖਿਆ ਢਾਂਚੇ ਅਤੇ ਪ੍ਰਣਾਲੀ 'ਤੇ ਵੱਡੇ ਸੁਆਲ ਖੜ੍ਹੇ ਕਰਦਾ ਹੈ। ਸਥਿਤੀ ਦੀ ਭਿਆਨਕਤਾ ਉਦੋਂ ਰੂਹ ਤੱਕ ਨੂੰ ਕੰਬਣੀ ਲਿਆ ਦਿੰਦੀ ਹੈ, ਜਦੋਂ ਇਹ ਪਤਾ ਲੱਗਦਾ ਹੈ ਕਿ ਦੇਸ਼ ਵਿੱਚ ਵਿਦਿਆਰਥੀਆਂ ਦੀਆਂ ਖ਼ੁਦਕੁਸ਼ੀਆਂ ਦੀ 'ਰਾਜਧਾਨੀ' ਬਣ ਚੁੱਕੇ ਸ਼ਹਿਰ 'ਕੋਟਾ' ਵਿੱਚ ਸੰਨ 2015 ਵਿਚ 18 ਤੇ ਸੰਨ 2016 ਵਿੱਚ 17, ਸੰਨ 2018 ਵਿਚ 20, ਸੰਨ 2019 ਵਿੱਚ 18,ਸੰਨ 2022 ਵਿਚ 15 ਵਿਦਿਆਰਥੀਆਂ ਨੇ ਆਪਣੀ ਕਾਰਗ਼ੁਜ਼ਾਰੀ ਤੋਂ ਨਿਰਾਸ਼ ਹੋ ਕੇ ਮਾਨਸਿਕ ਤਣਾਅ ਨਾ ਸਹਾਰਦਿਆਂ ਹੋਇਆਂ ਵੱਖ-ਵੱਖ ਢੰਗ-ਤਰੀਕਿਆਂ ਨਾਲ ਆਪਣੀਆਂ ਜਾਨਾਂ ਦੇ ਦਿੱਤੀਆਂ ਸਨ। ਸਾਲ 2025 ਦੇ ਮਈ ਮਹੀਨੇ ਤੱਕ ਇਥੇ 14 ਵਿਦਿਆਰਥੀਆਂ ਵੱਲੋਂ ਖ਼ੁਦਕੁਸ਼ੀ ਕਰ ਲਏ ਜਾਣ ਦੇ ਮਾਮਲੇ ਸਾਹਮਣੇ ਆ ਚੁੱਕੇ ਹਨ।

ਦਰਅਸਲ ਰਾਜਸਥਾਨ ਦਾ ਸ਼ਹਿਰ 'ਕੋਟਾ' ਰਾਜਸਥਾਨ ਦੀ ਅਰਥ ਵਿਵਸਥਾ ਨੂੰ ਸੁਧਾਰਨ ਵਾਲਾ ਇਕ ਮਹੱਤਵਪੂਰਨ ਸ਼ਹਿਰ ਬਣ ਚੁੱਕਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਥੋਂ ਦੇ ਕੋਚਿੰਗ ਸੈਂਟਰਾਂ ਦਾ ਸਲਾਨਾ ਕਾਰੋਬਾਰ 10 ਹਜ਼ਾਰ ਕਰੋੜ ਰੁਪਏ ਤੱਕ ਪੁੱਜ ਚੁੱਕਿਆ ਹੈ। ਇਸ ਸ਼ਹਿਰ ਦੇ ਕੋਚਿੰਗ ਸੈਂਟਰਾਂ ਵਿੱਚੋਂ ਕੋਚਿੰਗ ਲੈ ਕੇ ਐਮ ਬੀ ਬੀ ਐੱਸ. ਲਈ 'ਨੀਟ' ਅਤੇ ਇੰਜੀਨੀਅਰਿੰਗ ਲਈ 'ਜੇ ਈ ਈ' ਦੀਆਂ ਦਾਖ਼ਲਾ ਪ੍ਰੀਖਿਆਵਾਂ ਵਿੱਚ ਬੈਠਣਾ, ਸਫ਼ਲਤਾ ਦੀ ਗਾਰੰਟੀ ਮੰਨਿਆ ਜਾਣ ਲੱਗ ਪਿਆ ਹੈ ਤੇ ਇਸੇ ਕਰਕੇ ਭਾਰਤ ਦੇ ਵੱਖ-ਵੱਖ ਸੂਬਿਆਂ ਤੋਂ ਵਿਦਿਆਰਥੀ ਇਥੇ ਉਕਤ ਦਾਖ਼ਲਾ ਪ੍ਰੀਖਿਆਵਾਂ ਦੀ ਤਿਆਰੀ ਹਿਤ ਕੋਚਿੰਗ ਲੈਣ ਵਾਸਤੇ ਹਰ ਸਾਲ ਆਉਂਦੇ ਹਨ। ਦੁੱਖ ਅਤੇ ਸਿਤਮ ਦੀ ਗੱਲ ਇਹ ਹੈ ਕਿ ਪਲੱਸ ਟੂ ਦੀ ਪ੍ਰੀਖਿਆ ਪਾਸ ਕਰਨ ਉਪਰੰਤ ਉਕਤ ਦਾਖ਼ਲਾ ਪ੍ਰੀਖਿਆਵਾਂ ਵਿੱਚ ਬੈਠਣ ਦੇ ਯੋਗ ਹੋਣ ਵਾਲੇ ਵਿਦਿਆਰਥੀਆਂ ਦੀ ਥਾਂ ਕੇਵਲ ਦਸਵੀਂ ਪਾਸ ਕਰਕੇ ਆਏ 15 ਜਾਂ 16 ਸਾਲ ਦੀ ਅੱਲ੍ਹੜ ਉਮਰ ਦੇ ਲੜਕੇ-ਲੜਕੀਆਂ ਇਨ੍ਹਾ ਕੋਚਿੰਗ ਸੈਂਟਰਾਂ ਵਿੱਚ ਦਾਖ਼ਲ ਹੋ ਜਾਂਦੇ ਹਨ ਤੇ ਮੋਟੀਆਂ ਰਕਮਾਂ ਅਦਾ ਕਰਕੇ ਲਗਾਤਾਰ ਦੋ ਸਾਲ ਤੱਕ ਇਥੇ 'ਨੀਟ' ਅਤੇ 'ਜੇ.ਈ.ਈ.' ਦੀ ਕੋਚਿੰਗ ਲੈਂਦੇ ਹਨ। ਇਕ ਗੋਰਖਧੰਦਾ ਇਹ ਵੀ ਹੈ ਕਿ ਕਾਗ਼ਜ਼ਾਂ ਵਿੱਚ ਇਨ੍ਹਾਂ ਵਿਦਿਆਰਥੀਆਂ ਨੂੰ ਜਾਅਲੀ ਤੌਰ 'ਤੇ ਕਿਸੇ ਸੀਨੀਅਰ ਸੈਕੰਡਰੀ ਸਕੂਲ ਵਿੱਚ ਦਾਖ਼ਲ ਕਰਵਾ ਦਿੱਤਾ ਜਾਂਦਾ ਹੈ, ਪਰ ਇਹ ਵਿਦਿਆਰਥੀ ਉਨ੍ਹਾਂ ਸਕੂਲਾਂ ਵਿੱਚ ਜਾਣ ਦੀ ਥਾਂ ਕੇਵਲ ਕੋਚਿੰਗ ਸੈਂਟਰਾਂ ਵਿੱਚ ਹੀ ਪੜ੍ਹਾਈ ਕਰਦੇ ਹਨ ਤੇ ਫਿਰ ਪਲੱਸ ਟੂ ਦੀ ਬੋਰਡ ਪ੍ਰੀਖਿਆ ਵਿੱਚ ਬੈਠ ਕੇ ਨਾਲੇ ਪਲੱਸ ਟੂ ਚੰਗੇ ਨੰਬਰਾਂ ਵਿੱਚ ਪਾਸ ਕਰ ਲੈਂਦੇ ਹਨ ਤੇ ਨਾਲ ਹੀ ਉਕਤ ਦਾਖ਼ਲਾ ਪ੍ਰੀਖਿਆਵਾਂ ਲਈ ਵੀ ਤਿਆਰੀ ਪੂਰੀ ਕਰ ਲੈਂਦੇ ਹਨ।

ਕੋਟਾ ਵਿਚ ਬੀਤੇ ਕਈ ਸਾਲਾਂ ਤੋਂ ਕੋਚਿੰਗ ਸੈਂਟਰਾਂ ਦੇ ਵਿਦਿਆਰਥੀਆਂ ਵੱਲੋਂ ਆਤਮਹੱਤਿਆਵਾਂ ਕਰ ਲੈਣ ਦੇ ਇਸ ਰੁਝਾਨ ਦੇ ਦੋ ਮੁਢਲੇ ਕਾਰਨਾਂ ਵਿੱਚੋਂ ਪਹਿਲਾ ਕਾਰਨ ਕੋਚਿੰਗ ਸੈਂਟਰਾਂ ਦੇ ਸੰਚਾਲਕਾਂ ਵੱਲੋਂ ਆਪਣੇ ਵਿਦਿਆਰਥੀਆਂ ਨੂੰ ਦੂਜੇ ਸੈਂਟਰਾਂ ਤੋਂ ਬਿਹਤਰ ਤਿਆਰੀ ਕਰਾਉਣ ਲਈ ਔਖੇ ਤੋਂ ਔਖੇ ਸੁਆਲਾਂ ਵਾਲੇ ਹਫ਼ਤਾਵਾਰੀ ਟੈਸਟ ਲਏ ਜਾਂਦੇ ਹਨ। ਆਪਣੇ ਅਧਿਆਪਕਾਂ ਅਤੇ ਮਾਪਿਆਂ ਨੂੰ ਇਨ੍ਹਾਂ ਟੈਸਟਾਂ ਵਿੱਚੋਂ ਵਧੀਆ ਅੰਕ ਲੈ ਕੇ ਵਿਖਾਉਣ ਦੇ ਚੱਕਰ ਵਿੱਚ ਕੁਝ ਵਿਦਿਆਰਥੀ ਭਾਰੀ ਮਾਨਸਿਕ ਤਣਾਅ ਵਿੱਚ ਆ ਜਾਂਦੇ ਹਨ ਤੇ ਟੈਸਟ ਵਿਚ ਵਧੀਆ ਕਾਰਗੁਜ਼ਾਰੀ ਨਾ ਵਿਖਾ ਪਾਉਣ 'ਤੇ ਮੌਤ ਨੂੰ ਗਲੇ ਲਗਾ ਲੈਂਦੇ ਹਨ। ਇਨ੍ਹਾਂ ਖ਼ੁਦਕੁਸ਼ੀਆਂ ਦਾ ਦੂਜਾ ਵੱਡਾ ਕਾਰਨ ਇਹ ਵੀ ਹੈ ਕੋਟਾ ਦੇ ਸਾਰੇ ਹੀ ਕੋਚਿੰਗ ਸੈਂਟਰ 'ਰੈਜ਼ੀਡੈਂਸ਼ੀਅਲ ਟੈਸਟ ਤਿਆਰੀ ਕੇਂਦਰ' ਹਨ, ਭਾਵ ਇਹ ਕਿ ਵਿਦਿਆਰਥੀਆਂ ਨੂੰ ਆਪਣਾ ਘਰ-ਬਾਰ ਤੇ ਪਰਵਾਰ ਪਿੱਛੇ ਛੱਡ ਕੇ ਹੋਸਟਲਾਂ ਵਿੱਚ ਰਹਿਣਾ ਪੈਂਦਾ ਹੈ, ਜਿੱਥੇ ਚੱਤੇ ਪਹਿਰ ਪੜ੍ਹਾਈ ਅਤੇ ਟੈਸਟਾਂ ਦੀਆਂ ਗੱਲਾਂ ਹੀ ਚੱਲਦੀਆਂ ਰਹਿੰਦੀਆਂ ਹਨ ਤੇ ਔਖੀ ਪੜ੍ਹਾਈ ਜਾਂ ਟੈਸਟਾਂ ਤੋਂ ਉਪਜੇ ਤਣਾਅ ਨੂੰ ਸ਼ਾਂਤ ਕਰਨ ਲਈ ਤੇ ਉਨ੍ਹਾਂ ਨੂੰ ਭਾਵਨਾਤਮਕ ਪੱਖੋਂ ਤਕੜਾ ਕਰਨ ਲਈ ਕੋਈ ਵੀ ਪਰਵਾਰਕ ਮੈਂਬਰ ਉਥੇ ਹਾਜ਼ਰ ਨਹੀਂ ਹੁੰਦਾ ਹੈ। ਇਹ ਇਕੱਲਤਾ ਤੇ ਤਣਾਅ ਉਨ੍ਹਾਂ ਦੇ ਦਿਲੋ-ਦਿਮਾਗ 'ਤੇ ਭਾਰੀ ਪੈ ਜਾਂਦੇ ਹਨ ਤੇ ਨਿਰਾਸ਼ਾ ਦੇ ਆਲਮ ਵਿਚ ਉਹ ਆਪਣੀ ਜਾਨ ਲੈ ਲੈਣ ਵਾਲਾ ਬੇਹੱਦ ਕਾਇਰਤਾਪੂਰਨ ਅਤੇ ਗ਼ਲਤ ਕਦਮ ਚੁੱਕ ਬੈਠਦੇ ਹਨ।

ਅਜੋਕੇ ਸਮੇਂ ਵਿੱਚ ਮਾਨਸਿਕ ਤਣਾਅ ਦਾ ਪ੍ਰਭਾਵ ਅਤੇ ਸਿੱਟੇ ਏਨੇ ਖ਼ਤਰਨਾਕ ਹਨ ਕਿ 'ਐੱਨ ਸੀ ਆਰ ਬੀ' ਭਾਵ ਭਾਰਤੀ ਅਪਰਾਧ ਰਿਕਾਰਡ ਬਿਊਰੋ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਸਾਲ 2019 ਵਿੱਚ ਪੂਰੇ ਦੇਸ਼ ਅੰਦਰ ਕੁੱਲ 1.39 ਲੱਖ ਲੋਕਾਂ ਨੇ ਵੱਖ-ਵੱਖ ਨਿੱਜੀ ਕਾਰਨਾਂ ਕਰਕੇ ਖ਼ੁਦਕੁਸ਼ੀਆਂ ਕੀਤੀਆਂ, ਜਦੋਂ ਕਿ ਸੰਨ 2020 ਅਤੇ 2021 ਵਿੱਚ ਇਹ ਅੰਕੜਾ ਕ੍ਰਮਵਾਰ 1.5 ਲੱਖ ਅਤੇ 1.64 ਲੱਖ ਤੱਕ ਪੁੱਜ ਗਿਆ ਸੀ। ਕਹਿਣ ਦਾ ਭਾਵ ਹੈ ਕਿ ਸਾਂਝੇ ਪਰਵਾਰਾਂ ਦੇ ਟੁੱਟਣ ਤੇ ਨੈਤਿਕ ਮਜ਼ਬੂਤੀ ਦੀ ਘਾਟ ਕਰਕੇ ਅਤੇ ਛੇਤੀ ਨਾਲ ਵੱਧ ਤਰੱਕੀ ਕਰਨ ਦੇ ਦਬਾਅ ਕਰਕੇ ਲੋਕ ਮਾਨਸਿਕ ਤਣਾਅ ਦੇ ਸ਼ਿਕਾਰ ਬਣ ਰਹੇ ਹਨ ਤੇ ਤੇ ਮੁਸੀਬਤਾਂ ਨਾਲ ਲੜਨ ਦੀ ਥਾਂ ਹਾਰ ਮੰਨ ਕੇ ਆਤਮਹੱਤਿਆ ਕਰ ਲੈਣ ਨੂੰ ਪਹਿਲ ਦੇ ਰਹੇ ਹਨ।

ਜ਼ਿਕਰਯੋਗ ਹੈ ਕਿ ਭਾਰਤ ਵਿੱਚ ਐੱਮ ਬੀ ਬੀ ਐੱਸ ਦੀ ਪੜ੍ਹਾਈ ਕਰਾਉਣ ਲਈ 681 ਮੈਡੀਕਲ ਕਾਲਜ ਮੌਜੂਦ ਹਨ, ਜਿਨ੍ਹਾਂ ਵਿਚ ਉਕਤ ਕੋਰਸ ਦੀਆਂ 1,04,333 ਸੀਟਾਂ ਹਨ, ਜਿਨ੍ਹਾਂ ਵਿੱਚੋਂ 54,278 ਸੀਟਾਂ ਸਰਕਾਰੀ ਮੈਡੀਕਲ ਕਾਲਜਾਂ ਵਿਚ ਤੇ 50,315 ਸੀਟਾਂ ਨਿਜੀ ਕਾਲਜਾਂ ਵਿੱਚ ਉਪਲੱਬਧ ਹਨ। ਆਲ ਇੰਡੀਆ ਕੌਂਸਲ ਫ਼ਾਰ ਟੈਕਨੀਕਲ ਐਜੂਕੇਸ਼ਨ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਦੇਸ਼ ਵਿੱਚ ਇੰਜੀਨੀਅਰਿੰਗ ਨਾਲ ਸਬੰਧਿਤ ਗ੍ਰੈਜੂਏਟ ਜਾਂ ਪੋਸਟ ਗ੍ਰੈਜੂਏਟ ਕੋਰਸ ਕਰਵਾਉਣ ਲਈ ਕੁੱਲ 4337 ਇੰਜੀਨੀਅਰਿੰਗ ਕਾਲਜ ਮੌਜੂਦ ਹਨ, ਜਿਨ੍ਹਾਂ ਵਿੱਚੋਂ 3581 ਨਿੱਜੀ,703 ਸਰਕਾਰੀ ਅਤੇ 53 ਸਰਕਾਰੀ-ਨਿੱਜੀ ਭਾਈਵਾਲੀ ਵਾਲੇ ਹਨ। ਏ.ਆਈ.ਟੀ.ਸੀ.ਈ. ਅਨੁਸਾਰ ਦੇਸ਼ ਵਿੱਚ ਇੰਜੀਨੀਅਰਿੰਗ ਦੀਆਂ 14 ਲੱਖ ਸੀਟਾਂ ਉਪਲੱਬਧ ਹਨ। ਇਕੱਲੇ ਰਾਜਸਥਾਨ ਦੇ ਕੋਟਾ ਵਿਖੇ ਹੀ ਦੋ ਲੱਖ ਦੇ ਕਰੀਬ ਵਿਦਿਆਰਥੀ ਉਕਤ ਕੋਰਸਾਂ ਦੀਆਂ ਦਾਖ਼ਲਾ ਪ੍ਰੀਖਿਆਵਾਂ ਦੀ ਕੋਚਿੰਗ ਲਈ ਦਾਖਲਾ ਹਾਸਲ ਕਰਦੇ ਹਨ। ਦਿਲਚਸਪ ਤੱਥ ਇਹ ਵੀ ਹੈ ਕਿ ਮੈਡੀਕਲ ਅਤੇ ਇੰਜੀਨੀਅਰਿੰਗ ਦੇ ਸਰਕਾਰੀ ਤੇ ਨਿਜੀ ਕਾਲਜਾਂ ਦੀਆਂ ਫ਼ੀਸਾਂ ਵਿੱਚ ਐਨਾ ਵੱਡਾ ਅੰਤਰ ਹੈ ਕਿ ਅਧਿਕਤਰ ਵਿਦਿਆਰਥੀਆਂ 'ਤੇ ਸਰਕਾਰੀ ਕਾਲਜ ਵਿੱਚ ਹੀ ਸੀਟ ਹਾਸਿਲ ਕਰਨ ਦਾ ਦਬਾਅ ਹੁੰਦਾ ਹੈ, ਜੋ ਉਨ੍ਹਾਂ ਦੇ ਲਈ ਮਾਨਸਿਕ ਤਣਾਅ ਦਾ ਸਬੱਬ ਬਣ ਜਾਂਦਾ ਹੈ ਤੇ ਉੱਪਰੋਂ ਕੋਚਿੰਗ ਸੈਂਟਰਾਂ ਦੇ ਪ੍ਰੀਖਿਆ ਢਾਂਚੇ ਦਾ ਦਬਾਅ ਉਨ੍ਹਾਂ ਦੇ ਤਣਾਅ ਨੂੰ ਸਿਖਰ 'ਤੇ ਪਹੁੰਚਾ ਦਿੰਦਾ ਹੈ ਤੇ ਭਾਰੀ ਮਾਨਸਿਕ ਤਣਾਅ ਦੀ ਇਸ ਔਖੀ ਘੜੀ ਵਿੱਚ ਘਰਦਿਆਂ ਤੋਂ ਦੂਰ ਹੋਣਾ ਉਨ੍ਹਾਂ ਨੂੰ ਭਾਵਨਾਤਮਕ ਪੱਖੋਂ ਹੋਰ ਕਮਜ਼ੋਰ ਕਰ ਦਿੰਦਾ ਹੈ ਤੇ ਹਾਲਾਤ ਅੱਗੇ ਗੋਡੇ ਟੇਕਦਿਆਂ ਹੋਇਆਂ ਫਿਰ ਕੁਝ ਵਿਦਿਆਰਥੀ ਇਸ ਸਾਰੇ ਤਣਾਅ ਤੋਂ 'ਮੁਕਤੀ' ਲਈ ਖ਼ੁਦਕੁਸ਼ੀ ਨੂੰ ਇਕ ਬਿਹਤਰ ਬਦਲ ਮੰਨ ਬੈਠਦੇ ਹਨ ਤੇ ਆਪਣੇ ਪਰਵਾਰਕ ਮੈਂਬਰਾਂ 'ਤੇ ਗ਼ਮਾਂ ਦੇ ਪਹਾੜ ਤੋੜਦੇ ਹੋਏ ਮੌਤ ਦੀ ਆਗ਼ੋਸ਼ ਵਿੱਚ ਸਮਾਅ ਜਾਂਦੇ ਹਨ।

ਰਾਜਸਥਾਨ ਦੀ ਸਰਕਾਰ ਇਸ ਅਤਿ ਗੰਭੀਰ ਸਮੱਸਿਆ ਦੇ ਹੱਲ ਲਈ ਚਿੰਤਤ ਤਾਂ ਹੈ, ਪਰ ਕੋਈ ਠੋਸ ਤੇ ਕਾਰਗਰ ਨੀਤੀ ਘੜਨ ਵਿੱਚ ਹਾਲੇ ਤੱਕ ਸਫ਼ਲ ਨਹੀਂ ਹੋ ਸਕੀ। 27 ਅਗਸਤ, 2023 ਨੂੰ ਇਕ ਹੀ ਦਿਨ ਵਿੱਚ ਦੋ ਵਿਦਿਆਰਥੀਆਂ ਵੱਲੋਂ ਆਤਮਹੱਤਿਆ ਕਰ ਲੈਣ ਉਪਰੰਤ ਤੁਰੰਤ ਹਰਕਤ ਵਿੱਚ ਆਉਂਦਿਆਂ ਰਾਜ ਸਰਕਾਰ ਨੇ ਸਾਰੇ ਕੋਚਿੰਗ ਸੈਂਟਰਾਂ ਵੱਲੋ ਅਗਲੇ ਦੋ ਮਹੀਨਿਆਂ ਤੱਕ ਕਿਸੇ ਪ੍ਰਕਾਰ ਦਾ ਵੀ ਟੈਸਟ ਜਾਂ ਮੁਲਾਂਕਣ ਪ੍ਰੀਖਿਆ ਲੈਣ 'ਤੇ ਰੋਕ ਲਗਾ ਦਿੱਤੀ ਸੀ। ਵਿਦਿਆਰਥੀਆਂ ਦੀ ਰਿਹਾਇਸ਼ ਵਾਲੇ ਕਮਰਿਆਂ ਵਿੱਚ ਸਪਰਿੰਗਾਂ ਵਾਲੇ ਪੱਖੇ ਲਗਾਏ ਗਏ ਹਨ, ਜੋ ਕਿ ਆਤਮਹੱਤਿਆ ਕਰਨ ਵਿਚ ਵਿਦਿਆਰਥੀਆਂ ਨੂੰ ਆਪਣੀ ਜਾਨ ਲੈਣ ਵਿਚ ਸਫ਼ਲ ਨਹੀਂ ਹੋਣ ਦਿੰਦੇ। ਇਸ ਤੋਂ ਇਲਾਵਾ ਮਨੋਵਿਗਿਆਨੀਆਂ ਦੇ ਮਸ਼ਵਰੇ 'ਤੇ ਸਮੂਹ ਵਿਦਿਆਰਥੀਆਂ ਦੇ ਮਾਪਿਆਂ ਜਾਂ ਪਰਵਾਰਕ ਮੈਂਬਰਾਂ ਵਿੱਚੋਂ ਕਿਸੇ ਇਕ ਨੂੰ ਵਿਦਿਆਰਥੀ ਨਾਲ ਰਹਿਣ ਅਤੇ ਉਸ ਦੇ ਤਣਾਅ ਦੇ ਪੱਧਰ ਨੂੰ ਮਾਪਣ ਦੀ ਸਲਾਹ ਦਿੱਤੀ ਜਾ ਰਹੀ ਹੈ। ਪੁਲਸ ਵੱਲੋਂ ਵੀ ਕੋਚਿੰਗ ਸੈਂਟਰਾਂ ਨੇੜੇ ਮਹਿਲਾ ਤੇ ਪੁਰਸ਼ ਪੁਲਸ ਕਰਮਚਾਰੀ ਤੈਨਾਤ ਕਰ ਦਿੱਤੇ ਗਏ ਹਨ, ਜੋ ਆਉਂਦੇ-ਜਾਂਦੇ ਵਿਦਿਆਰਥੀਆਂ ਨਾਲ ਗੱਲਬਾਤ ਕਰਕੇ ਉਨ੍ਹਾ ਦੇ ਅੰਦਰਲੇ ਮਾਨਸਿਕ ਤਣਾਅ ਦਾ ਅੰਦਾਜ਼ਾ ਲਗਾਉਣ ਦੀ ਕੋਸ਼ਿਸ਼ ਕਰਦੇ ਹਨ। 23 ਮਈ, 2025 ਨੂੰ ਇਕ ਕੇਸ ਦੀ ਸੁਣਵਾਈ ਕਰਦਿਆਂ ਸੁਪਰੀਮ ਕੋਰਟ ਦੇ ਮਾਣਯੋਗ ਜਸਟਿਸ ਜੇ ਬੀ ਪਾਰਦੀਵਾਲਾ ਨੇ ਰਾਜਸਥਾਨ ਸਰਕਾਰ ਦੇ ਵਕੀਲ ਉੱਤੇ ਗੁੱਸਾ ਝਾੜਦਿਆਂ ਸਵਾਲ ਕੀਤਾ ਸੀ, 'ਤੁਸੀਂ ਸੂਬੇ ਦੇ ਤੌਰ 'ਤੇ ਕੀ ਕਰ ਰਹੇ ਹੋ ? ਇਹ ਬੱਚੇ ਖ਼ੁਦਕੁਸ਼ੀ ਕਿਉਂ ਕਰ ਰਹੇ ਹਨ ਤੇ ਉਹ ਵੀ ਸਿਰਫ਼ ਕੋਟਾ ਵਿਚ ? ਕੀ ਤੁਸੀਂ ਇਸ ਬਾਰੇ ਵਿਚਾਰ ਨਹੀਂ ਕੀਤਾ, ਜੇਕਰ ਅਦਾਲਤਾਂ ਅਤੇ ਸਰਕਾਰਾਂ ਇਨ੍ਹਾਂ ਖ਼ੁਦਕੁਸ਼ੀਆਂ 'ਤੇ ਰੋਕ ਲਗਾਉਣ ਲਈ ਫ਼ਿਕਰਮੰਦ ਹੋ ਕੇ ਕੋਈ ਠੋਸ ਯੋਜਨਾਬੰਦੀ ਕਰਨਗੀਆਂ ਤਾਂ ਹੋ ਸਕਦਾ ਹੈ ਕਿ ਇਨ੍ਹਾਂ ਖ਼ੁਦਕੁਸ਼ੀਆਂ 'ਤੇ ਕੋਈ ਲਗਾਮ ਲੱਗ ਸਕੇ। ਕੋਚਿੰਗ ਸੈਂਟਰਾਂ ਦੇ ਸੰਚਾਲਕਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਦੀ ਮਾਨਸਿਕਤਾ ਬਦਲਣ ਦੀ ਲੋੜ ਵੀ ਮਹਿਸੂਸ ਕੀਤੀ ਜਾ ਰਹੀ ਹੈ।

# ਸੰਪਰਕ : 97816-46008

# ਮੋਦੀ ਦੇ ਰਾਜ 'ਚ ਭਾਰਤੀ ਅਰਥ-ਵਿਵਸਥਾ ਦਾ ਪਤਨ

**ਮੂਲ : ਕੇ. ਰਾਮਕਿਸ਼ਨ**
**ਅਨੁਵਾਦ : ਐੱਮ ਐੱਸ ਭਾਟੀਆ**

ਨਰਿੰਦਰ ਮੋਦੀ ਦੀ ਅਗਵਾਈ ਹੇਠ, ਭਾਰਤੀ ਅਰਥ-ਵਿਵਸਥਾ ਨੂੰ ਭਾਰੀ ਗਿਰਾਵਟ ਦਾ ਸਾਹਮਣਾ ਕਰਨਾ ਪਿਆ ਹੈ। ਰੁਪਏ ਦੀ ਕੀਮਤ ਵਿੱਚ ਕਾਫੀ ਗਿਰਾਵਟ ਆਈ ਹੈ-2014'ਚ ਪ੍ਰਤੀ ਅਮਰੀਕੀ ਡਾਲਰ 61.92 ਤੋਂ 2024 ਵਿੱਚ 83.30 ਤੱਕ।

ਬਾਹਰੀ ਕਰਜ਼ਾ 2014 ਵਿੱਚ 58.52 ਲੱਖ ਕਰੋੜ ਤੋਂ ਵਧ ਕੇ 2024 ਵਿੱਚ 172 ਲੱਖ ਕਰੋੜ ਹੋ ਗਿਆ ਹੈ।

ਜੀ ਡੀ ਪੀ ਵਿਕਾਸ ਦਰ, ਜੋ ਕਿ 2016 ਵਿੱਚ 8.26 ਫੀਸਦੀ ਸੀ, ਹੁਣ ਘਟ ਕੇ 5.8 ਫੀਸਦੀ ਹੋ ਗਈ ਹੈ। ਭਾਰਤ, ਜੋ ਕਦੇ ਆਪਣੇ ਵਿਕਾਸ ਦੇ ਬਿਰਤਾਂਤ 'ਤੇ ਮਾਣ ਕਰਦਾ ਸੀ, ਹੁਣ ਪ੍ਰਤੀ ਵਿਅਕਤੀ ਆਮਦਨ ਦੇ ਮਾਮਲੇ ਵਿੱਚ ਦੁਨੀਆ ਵਿੱਚ 144ਵੇਂ ਸਥਾਨ 'ਤੇ ਹੈ। ਅੱਜ, ਇੱਕ ਔਸਤ ਭਾਰਤੀ ਸਿਰਫ 2,08,500 ਪ੍ਰਤੀ ਸਾਲ ਕਮਾਉਂਦਾ ਹੈ-ਯਾਨੀ 17,300 ਪ੍ਰਤੀ ਮਹੀਨਾ, 577 ਪ੍ਰਤੀ ਦਿਨ ਜਾਂ 72 ਪ੍ਰਤੀ ਘੰਟਾ। ਇਹ ਅੰਕੜੇ ਮੋਦੀ ਸ਼ਾਸਨ ਦੌਰਾਨ ਆਮ ਆਦਮੀ ਦੀ ਵਿਗੜਦੀ ਹਾਲਤ ਨੂੰ ਦਰਸਾਉਂਦੇ ਹਨ।

**ਦੌਲਤ ਕੁਝ ਲੋਕਾਂ ਦੇ ਹੱਥਾਂ ਵਿੱਚ ਕੇਂਦਰਿਤ:** ਜਦੋਂ ਕਿ ਜਨਤਾ ਸੰਘਰਸ਼ ਕਰ ਰਹੀ ਹੈ, ਕੁਝ ਚੋਣਵੇਂ ਲੋਕਾਂ ਦੀ ਦੌਲਤ ਵਿੱਚ ਵਾਧਾ ਹੋਇਆ ਹੈ। ਮੁਕੇਸ਼ ਅੰਬਾਨੀ ਦੀ ਦੌਲਤ 2014 ਵਿੱਚ 1.5 ਲੱਖ ਕਰੋੜ ਤੋਂ ਵਧ ਕੇ 2023 ਵਿੱਚ 11.8 ਲੱਖ ਕਰੋੜ ਹੋ ਗਈ। ਗੌਤਮ ਅਡਾਨੀ ਦੀ ਦੌਲਤ 50,000 ਕਰੋੜ ਤੋਂ ਵਧ ਕੇ 10.97 ਲੱਖ ਕਰੋੜ ਹੋ ਗਈ। ਇਸ ਦੇ ਬਿਲਕੁਲ ਉਲਟ, 83 ਕਰੋੜ ਭਾਰਤੀ ਸਰਕਾਰ ਦੁਆਰਾ ਸਪਲਾਈ ਕੀਤੇ ਜਾਣ ਵਾਲੇ ਰਾਸ਼ਨ 'ਤੇ ਨਿਰਭਰ ਕਰਨ ਲਈ ਮਜਬੂਰ ਹਨ, ਜੋ ਦੇਸ਼ ਭਰ ਵਿੱਚ ਵਿਆਪਕ ਗਰੀਬੀ ਨੂੰ ਉਜਾਗਰ ਕਰਦਾ ਹੈ।

ਭਾਰਤ ਦੀ ਆਬਾਦੀ ਦੇ ਉੱਪਰਲੇ 1 ਫੀਸਦੀ ਹੁਣ 280 ਲੱਖ ਕਰੋੜ ਦੀ ਦੌਲਤ ਦੇ ਮਾਲਕ ਹਨ, ਜਦੋਂ ਕਿ ਹੇਠਲੇ 50 ਫੀਸਦੀ ਕੋਲ ਸਿਰਫ 72 ਲੱਖ ਕਰੋੜ ਹਨ। 2014 ਵਿੱਚ, ਭਾਰਤ ਵਿੱਚ 135 ਅਰਬਪਤੀ ਸਨ; ਹੁਣ ਇਹ ਗਿਣਤੀ 187 ਹੋ ਗਈ ਹੈ। ਇਸ ਦੌਰਾਨ ਆਬਾਦੀ ਦਾ ਵੱਡਾ ਹਿੱਸਾ ਕਰਜ਼ੇ ਅਤੇ ਗਰੀਬੀ ਵਿੱਚ ਫਸਿਆ ਹੋਇਆ ਹੈ।

**ਰਾਸ਼ਟਰੀ ਸੰਪਤੀਆਂ ਦਾ ਨਿੱਜੀਕਰਨ:** ਜਨਤਕ ਖੇਤਰ ਦੇ ਅਦਾਰੇ ਚਿੰਤਾਜਨਕ ਗਤੀ ਨਾਲ ਵੇਚੇ ਜਾ ਰਹੇ ਹਨ। 2015 ਵਿੱਚ, ਭਾਰਤ ਵਿੱਚ 2,108 ਕੇਂਦਰੀ ਜਨਤਕ ਖੇਤਰ ਦੇ ਅਦਾਰੇ (ਸੀ ਪੀ ਐਸ ਯੂ) ਸਨ। ਉਦੋਂ ਤੋਂ 400 ਤੋਂ ਵੱਧ ਦਾ ਨਿੱਜੀਕਰਨ ਕੀਤਾ ਗਿਆ ਹੈ। 97 ਲੱਖ ਤੋਂ ਵੱਧ ਸਰਕਾਰੀ ਨੌਕਰੀਆਂ ਖਾਲੀ ਹਨ। "ਵਿਕਾਸ" ਦੀ ਆੜ ਵਿੱਚ ਐੱਲ ਆਈ ਸੀ, ਬੀ ਐੱਚ ਈ ਐੱਲ, ਬੀ ਐੱਸ ਐੱਨ ਐੱਲ ਅਤੇ ਹੋਰ ਮੁਨਾਫਾ ਕਮਾਉਣ ਵਾਲੇ ਅਦਾਰੇ ਨਿੱਜੀ ਖਿਡਾਰੀਆਂ ਨੂੰ ਸੌਂਪੇ ਜਾ ਰਹੇ ਹਨ।

**ਸਿੱਖਿਆ ਅਤੇ ਸਿਹਤ ਸੰਭਾਲ ਵਿੱਚ ਗਿਰਾਵਟ:** ਨਿੱਜੀਕਰਨ ਅਤੇ ਵਪਾਰੀਕਰਨ ਸਿੱਖਿਆ ਅਤੇ ਸਿਹਤ ਸੰਭਾਲ ਖੇਤਰਾਂ ਨੂੰ ਵੀ ਆਪਣੀ ਲਪੇਟ ਵਿੱਚ ਲੈ ਰਿਹਾ ਹੈ। ਇਹਨਾਂ ਮਹੱਤਵਪੂਰਨ ਸੇਵਾਵਾਂ ਵਿੱਚ ਸਰਕਾਰੀ ਨਿਵੇਸ਼ ਵਿੱਚ ਕਟੌਤੀ ਕੀਤੀ ਗਈ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਉੱਚ ਖਰਚੇ ਝੱਲਣੇ ਪੈ ਰਹੇ ਹਨ। ਨੌਜਵਾਨਾਂ ਦੀ ਬੇਰੁਜ਼ਗਾਰੀ ਇੱਕ ਵੱਡੀ ਚਿੰਤਾ ਹੈ। ਰੁਜ਼ਗਾਰ-ਅਬਾਦੀ ਅਨੁਪਾਤ 2016 ਵਿੱਚ 42.8 ਫੀਸਦੀ ਤੋਂ ਘਟ ਕੇ 2022 ਵਿੱਚ 36.9 ਫੀਸਦੀ ਹੋ ਗਿਆ। ਹੈਰਾਨ ਕਰਨ ਵਾਲੀ ਗੱਲ ਹੈ ਕਿ ਲੱਗਭੱਗ 45 ਕਰੋੜ ਭਾਰਤੀ ਪ੍ਰਤੀ ਮਹੀਨਾ 10,000 ਤੋਂ ਘੱਟ ਕਮਾਉਂਦੇ ਹਨ।

**ਖੇਤੀਬਾੜੀ ਸੰਕਟ:** ਖੇਤੀਬਾੜੀ ਖੇਤਰ ਡੂੰਘੇ ਸੰਕਟ ਵਿੱਚ ਹੈ। ਇੱਕ ਕਿਸਾਨ ਦੀ ਔਸਤ ਰੋਜ਼ਾਨਾ ਆਮਦਨ ਮਾਮੂਲੀ 27 ਹੈ। ਵਧਦੇ ਕਰਜ਼ਿਆਂ ਕਾਰਨ 4.19 ਲੱਖ ਤੋਂ ਵੱਧ ਕਿਸਾਨਾਂ ਨੇ ਖੁਦਕੁਸ਼ੀ ਕਰ ਲਈ ਹੈ। ਸਰਕਾਰ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) ਪ੍ਰਦਾਨ ਕਰਨ ਵਿੱਚ ਅਸਫਲ ਰਹੀ ਹੈ ਅਤੇ ਵਧਦੀਆਂ ਲਾਗਤਾਂ ਕਿਸਾਨਾਂ ਨੂੰ ਹੋਰ ਮੁਸੀਬਤ ਵਿੱਚ ਧੱਕ ਰਹੀਆਂ ਹਨ। ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦਾ ਮੋਦੀ ਦਾ ਵਾਅਦਾ ਇੱਕ ਖੋਖਲਾ ਨਾਅਰਾ ਹੀ ਰਿਹਾ ਹੈ।

**ਜ਼ਰੂਰੀ ਚੀਜ਼ਾਂ ਦੀਆਂ ਵਧਦੀਆਂ ਕੀਮਤਾਂ:** ਜੀਵਨ ਦੀ ਲਾਗਤ ਅਸਮਾਨ ਛੂਹ ਗਈ ਹੈ। 2014 ਵਿੱਚ, ਇੱਕ ਐੱਲ ਪੀ ਜੀ ਸਿਲੰਡਰ ਦੀ ਕੀਮਤ 410 ਸੀ, ਹੁਣ ਇਸ ਦੀ ਕੀਮਤ 1,100 ਹੈ। ਪੈਟਰੋਲ ਦੀਆਂ ਕੀਮਤਾਂ 70 ਤੋਂ ਵਧ ਕੇ 109 ਪ੍ਰਤੀ ਲੀਟਰ ਅਤੇ ਡੀਜ਼ਲ 58 ਤੋਂ ਵਧ ਕੇ 96 ਹੋ ਗਈਆਂ ਹਨ। ਕਣਕ ਦੀ ਕੀਮਤ 27 ਤੋਂ ਵਧ ਕੇ 55 ਪ੍ਰਤੀ ਕਿਲੋ, ਚੌਲ ਦੀ 24 ਤੋਂ ਵਧ ਕੇ 48 ਹੋ ਗਈ ਹੈ ਅਤੇ ਅਰਹਰ ਦੀ ਦਾਲ 70 ਤੋਂ ਵਧ ਕੇ 140 ਪ੍ਰਤੀ ਕਿਲੋ ਹੋ ਗਈ ਹੈ।

**ਲੋਕਤੰਤਰੀ ਸੰਸਥਾਵਾਂ ਦਾ ਖੋਰਾ:** ਭਾਰਤ ਦੀਆਂ ਲੋਕਤੰਤਰੀ ਸੰਸਥਾਵਾਂ ਗੰਭੀਰ ਖਤਰੇ ਵਿੱਚ ਹਨ। ਸੰਸਦ, ਨਿਆਂਪਾਲਿਕਾ, ਚੋਣ ਕਮਿਸ਼ਨ, ਅਤੇ ਈ ਡੀ, ਸੀ ਬੀ ਆਈ ਅਤੇ ਆਮਦਨ ਕਰ ਵਿਭਾਗ ਵਰਗੀਆਂ ਜਾਂਚ ਏਜੰਸੀਆਂ ਦੀ ਰਾਜਨੀਤਕ ਲਾਭ ਲਈ ਦੁਰਵਰਤੋਂ ਕੀਤੀ ਜਾ ਰਹੀ ਹੈ। ਮੀਡੀਆ, ਇੱਕ ਨਿਗਰਾਨ ਵਜੋਂ ਕੰਮ ਕਰਨ ਦੀ ਬਜਾਏ ਸਰਕਾਰੀ ਪ੍ਰਚਾਰ ਦਾ ਇੱਕ ਮੁੱਖ ਪੱਤਰ ਬਣ ਗਿਆ ਹੈ। ਸੰਘੀ ਸਿਧਾਂਤਾਂ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ, ਅਸਹਿਮਤੀ ਨੂੰ ਕੁਚਲਿਆ ਜਾ ਰਿਹਾ ਹੈ ਅਤੇ ਕਾਰਕੁਨਾਂ ਅਤੇ ਵਿਰੋਧੀ ਨੇਤਾਵਾਂ ਨੂੰ ਕੈਦ ਕੀਤਾ ਜਾ ਰਿਹਾ ਹੈ, ਜੋ ਦੇਸ਼ ਨੂੰ ਇੱਕ ਸੰਵਿਧਾਨਕ ਸੰਕਟ ਵੱਲ ਲੈ ਜਾ ਰਿਹਾ ਹੈ।

# ਸੰਪਰਕ : 99884-91002

# ਅਣਥੱਕ ਤੇ ਮਿਹਨਤੀ ਆਗੂ ਕਾਮਰੇਡ ਸੱਤਿਆਦੇਵ ਸੈਣੀ

**ਪਿਰਥੀਪਾਲ ਸਿੰਘ ਮਾੜੀਮੇਘਾ**

ਕਾਮਰੇਡ ਸੱਤਿਆਦੇਵ ਸੈਣੀ ਛੋਟੇ ਕਿਸਾਨ ਸਨ । ਆਪ ਦਾ ਜਨਮ ਪਿੰਡ ਮਦੀਨਪੁਰ ਵਿਖੇ ਨੇੜੇ ਕਸਬਾ ਤਾਰਾਗੜ੍ਹ, ਜ਼ਿਲ੍ਹਾ ਪਠਾਨਕੋਟ ਵਿੱਚ 15-11-1947 ਨੂੰ ਹੋਇਆ ਸੀ । ਉਨ੍ਹਾਂ ਦੇ ਪਿਤਾ ਕਾਮਰੇਡ ਸੁਖਦਿਆਲ ਸੈਣੀ ਅਤੇ ਮਾਤਾ ਲੱਜਾ ਦੇਵੀ ਸਨ । ਸੱਤਿਆਦੇਵ ਸੈਣੀ ਦੇ ਪਿਤਾ ਸੁਖਦਿਆਲ ਸੈਣੀ ਰੇਲਵੇ ਵਿੱਚ ਮੁਲਾਜ਼ਮ ਸਨ । ਉਨ੍ਹਾਂ ਦੇ ਦਾਦਾ ਜੀ ਮੋਹਣ ਲਾਲ ਸੈਣੀ ਵੀ ਰੇਲਵੇ ਵਿੱਚ ਮੁਲਾਜ਼ਮ ਸਨ । ਸੱਤਿਆਦੇਵ ਸੈਣੀ ਦੇ ਪਿਤਾ ਸੁਖਦਿਆਲ ਸੈਣੀ ਰੇਲਵੇ ਮੁਲਾਜ਼ਮਾਂ ਦੀ ਹੜਤਾਲ ਜੋ 1960 ਵਿੱਚ ਡੀ ਏ ਦੀ ਪ੍ਰਾਪਤੀ ਲਈ ਹੋਈ ਸੀ, ਉਸ ਵਿੱਚ 4 ਮਹੀਨੇ ਸਸਪੈਂਡ ਅਤੇ ਜੇਲ੍ਹ ਵਿੱਚ ਕੈਦ ਰਹੇ ਸਨ। ਉਨ੍ਹਾਂ ਦੇ ਪਿਤਾ ਸੁਖਦਿਆਲ ਸੈਣੀ ਨੂੰ ਪੁਲਸ ਨੇ ਜੇਲ੍ਹ ਵਿੱਚ ਬਰਫ਼ ਦੀਆਂ ਸਿਲਾਂ 'ਤੇ ਲੰਮੇ ਪਾ-ਪਾ ਕੇ ਅਥਾਹ ਤਸੀਹੇ ਦਿੱਤੇ ਸਨ। ਸੁਖਦਿਆਲ ਸੈਣੀ ਮੁਲਾਜ਼ਮਾਂ ਦੀ ਯੂਨੀਅਨ ਦੇ ਆਗੂ ਸਨ। ਉਨ੍ਹਾਂ ਨੂੰ ਪੁਲਸ ਵੱਲੋਂ ਟਾਰਚਰ ਇਸ ਲਈ ਕੀਤਾ ਗਿਆ ਸੀ ਕਿ ਸ਼ਾਇਦ ਉਹ ਤਸ਼ੱਦਦ ਤੋਂ ਡਰਦੇ ਹੜਤਾਲ ਵਾਪਸ ਲੈ ਲੈਣਗੇ। ਸ਼ਾਇਦ ਸਮੇਂ ਦੇ ਹਾਕਮਾਂ ਨੂੰ ਪਤਾ ਨਹੀਂ ਸੀ ਕਿ ਕਮਿਊਨਿਸਟ ਕਦੇ ਡਰਦੇ ਨਹੀਂ, ਉਹ ਇਹ ਸਭ ਕੁਝ ਜਾਨਣ ਤੋਂ ਬਾਅਦ ਹੀ ਕਮਿਊਨਿਸਟ ਬਣਦੇ ਹਨ। ਅੰਤ ਡੀ ਏ ਦੀ ਪ੍ਰਾਪਤੀ ਦੀ ਜਿੱਤ ਨਾਲ ਹੀ ਹੜਤਾਲ ਸਮਾਪਤ ਹੋਈ।

ਸੱਤਿਆਦੇਵ ਸੈਣੀ ਦੇ ਪਿਤਾ ਦਿੱਲੀ ਵਿਖੇ ਨੌਕਰੀ ਕਰਦੇ ਹੋਣ ਕਰਕੇ ਉਨ੍ਹਾਂ ਨੇ ਹਾਇਰ ਸੈਕੰਡਰੀ ਦੀ ਵਿੱਦਿਆ ਦਿੱਲੀ ਤੋਂ ਲਈ। ਆਪ ਪੜ੍ਹਨ ਵਿੱਚ ਹੁਸ਼ਿਆਰ ਸਨ । ਪ੍ਰੀ ਇੰਜੀਨੀਅਰਿੰਗ ਦੀ ਡਿਗਰੀ ਅੰਬਾਲਾ ਕੈਂਟ ਤੋਂ ਪਾਸ ਕੀਤੀ ।ਐੱਮ ਐੱਸ ਸੀ ਹਿਸਾਬ ਵਿੱਚ ਸਹਾਰਨਪੁਰ ਤੋਂ ਪੂਰੀ ਕੀਤੀ। ਸੱਤਿਆਦੇਵ ਸੈਣੀ 1979 ਵਿੱਚ ਸਰਕਾਰੀ ਅਧਿਆਪਕ ਲੱਗ ਗਏ ਸਨ ।ਆਪ ਗੌਰਮਿੰਟ ਸਰਵਿਸ ਟ੍ਰੇਨਿੰਗ ਸੈਂਟਰ ਗੁਰਦਾਸਪੁਰ ਤੋਂ 2005 ਵਿੱਚ ਬਤੌਰ ਲੈਕਚਰਾਰ ਰਿਟਾਇਰ ਹੋਏ ਸਨ। ਸਰਵਿਸ ਦੌਰਾਨ ਹੀ ਸੱਤਿਆਦੇਵ ਸੈਣੀ ਨੇ ਐੱਮ ਏ ਲੋਕ ਪ੍ਰਸ਼ਾਸਨ ਵਿੱਚ ਤੇ ਐੱਮ ਐੱਡ ਵੀ ਪਾਸ ਕੀਤੀ ਸੀ।

ਸੱਤਿਆਦੇਵ ਸੈਣੀ ਦੀ ਪਤਨੀ ਰਜਨੀ ਸੈਣੀ ਸਨ। ਸੱਤਿਆਦੇਵ ਸੈਣੀ ਦੀ ਭੈਣ ਦਾ ਨਾਂਅ ਸੁਦੇਸ਼ ਕੁਮਾਰੀ ਅਤੇ ਉਸ ਦੇ ਪਤੀ ਦਾ ਨਾਂਅ ਉਪਦੇਸ਼ ਚੌਧਰੀ ਹੈ। ਦੋਵੇਂ ਹੀ ਲੈਕਚਰਾਰ ਰਿਟਾਇਰ ਹੋਏ ਹਨ। ਸੁਦੇਸ਼ ਕੁਮਾਰੀ ਦੀ ਧੀ ਸ਼ਰੁਤੀ ਸੈਣੀ ਨੇ ਪੀ ਐੱਚ ਡੀ ਕੀਤੀ ਹੋਈ ਹੈ ਅਤੇ ਪਤੀ ਕੈਨੇਡਾ ਵਿੱਚ ਹੈ। ਸੁਦੇਸ਼ ਕੁਮਾਰੀ ਦੀ ਧੀ ਨੇ ਹਿੰਦੁਸਤਾਨ ਤੇ ਕੈਨੇਡਾ ਤੋਂ ਵਿੱਦਿਆ ਗ੍ਰਹਿਣ ਕੀਤੀ ਹੋਈ ਹੈ ਅਤੇ ਉਸ ਦੇ ਪਤੀ ਦਵਿੰਦਰ ਸੈਣੀ ਨੇ ਵੀ ਪੀ ਐੱਚ ਡੀ ਕੀਤੀ ਹੋਈ ਹੈ। ਸੱਤਿਆਦੇਵ ਸੈਣੀ ਦੇ ਭਾਣਜੇ ਗੌਰਵ ਸੈਣੀ, ਰੰਜੀਤ ਸੈਣੀ, ਨਵੀਨ ਸੈਣੀ ਅਤੇ ਬਲਬੀਰ ਸੈਣੀ ਹਨ। ਸੁਦੇਸ਼ ਕੁਮਾਰੀ ਦੇ ਪਰਵਾਰ ਦਾ ਕਾਰੋਬਾਰ ਉੱਚ ਪਾਏ ਦਾ ਹੈ।

ਕਾਮਰੇਡ ਸੱਤਿਆਦੇਵ ਸੈਣੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਕੌਂਸਲ ਦੇ ਮੈਂਬਰ ਰਹੇ ਹਨ ਅਤੇ ਜਥੇਬੰਦੀ ਵਿੱਚ ਮੁਲਾਜ਼ਮਾਂ ਦੀਆਂ ਮੰਗਾਂ ਦੀ ਪੂਰਤੀ ਲਈ ਸਰਗਰਮੀ ਨਾਲ ਕੰਮ ਕੀਤਾ ਹੈ। ਆਪ ਭਾਵੇਂ ਪੈਦਾਇਸ਼ ਹੀ ਕਮਿਊਨਿਸਟ ਪਰਵਾਰ ਦੀ ਸਨ, ਪਰ ਬਕਾਇਦਾ ਤੌਰ 'ਤੇ ਆਪ 1978 ਵਿੱਚ ਸੀ ਪੀ ਆਈ ਦੇ ਮੈਂਬਰ ਬਣੇ ਸਨ । ਕਾਮਰੇਡ ਸੱਤਿਆਦੇਵ ਸੈਣੀ ਨੇ ਸੀ ਪੀ ਆਈ ਦੇ ਪਠਾਨਕੋਟ ਜ਼ਿਲ੍ਹੇ ਦੇ ਜ਼ਿਲ੍ਹਾ ਸੈਕਟਰੀ ਬਣਨ ਤੋਂ ਪਹਿਲਾਂ ਪੰਜਾਬ ਬੁੱਕ ਸੈਂਟਰ ਚੰਡੀਗੜ੍ਹ ਅਤੇ ਸੀ ਪੀ ਆਈ ਦੇ ਸੂਬਾ ਪਾਰਟੀ ਦਫਤਰ ਚੰਡੀਗੜ੍ਹ ਵਿਖੇ ਵੀ ਦਫ਼ਤਰ ਸੈਕਟਰੀ ਦੇ ਤੌਰ 'ਤੇ ਕਾਫੀ ਸਮਾਂ ਕੰਮ ਕੀਤਾ ਸੀ।

ਕਾਮਰੇਡ ਸੱਤਿਆਦੇਵ ਸੈਣੀ ਪਠਾਨਕੋਟ ਜ਼ਿਲ੍ਹੇ ਦੇ ਪਾਰਟੀ ਦੇ ਸਕੱਤਰ ਕਾਮਰੇਡ ਰਮੇਸ਼ ਦੀ ਮੌਤ ਤੋਂ ਬਾਅਦ 2018 ਵਿੱਚ ਬਣੇ ਸਨ। ਸੱਤਿਆਦੇਵ ਸੈਣੀ ਆਪਣੀ ਮੌਤ 2025 ਤੱਕ ਪਾਰਟੀ ਦੇ ਜ਼ਿਲ੍ਹਾ ਸਕੱਤਰ ਰਹੇ। ਸਤਿਆਦੇਵ ਸੈਣੀ ਦਾ ਜ਼ਿਲ੍ਹੇ ਦੇ ਪਾਰਟੀ ਮੈਂਬਰਾਂ ਵਿੱਚ ਬਹੁਤ ਆਦਰ-ਸਤਿਕਾਰ ਸੀ। ਉਹ ਇੰਨਾ ਜ਼ਿਆਦਾ ਪੜ੍ਹੇ-ਲਿਖੇ ਹੋਣ ਦੇ ਬਾਵਜੂਦ ਰਤੀ ਜਿੰਨਾ ਵੀ ਹੰਕਾਰ ਨਹੀਂ ਸੀ ਕਰਦੇ। ਹਰੇਕ ਕਾਮਰੇਡ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੁੰਦੇ ਸਨ। ਪਠਾਨਕੋਟ ਜ਼ਿਲ੍ਹੇ ਦਾ ਹਰੇਕ ਕਾਮਰੇਡ ਉਨ੍ਹਾਂ ਨੂੰ ਆਪਣਾ ਗੁਰੂ ਮੰਨਦਾ ਸੀ। ਗੱਲਬਾਤ ਦੌਰਾਨ ਹੀ ਸੱਤਿਆਦੇਵ ਸੈਣੀ ਆਪਣੇ ਨਾਲਦੇ ਕਾਮਰੇਡਾਂ ਦੀ ਮਾਰਕਸਵਾਦੀ ਕਲਾਸ ਵੀ ਲਾ ਦਿੰਦੇ ਸਨ। ਲੇਖਕ



ਦੀ ਸੂਬਾ ਪਾਰਟੀ ਵੱਲੋਂ ਪਠਾਨਕੋਟ ਦੀ ਪਾਰਟੀ ਦੀ ਮਦਦ ਕਰਨ ਵਾਸਤੇ ਡਿਊਟੀ ਲੱਗੀ ਹੋਈ ਸੀ। ਲੇਖਕ ਨੇ ਪਠਾਨਕੋਟ ਜ਼ਿਲ੍ਹੇ ਦੀਆਂ ਲਗਾਤਾਰ ਮੀਟਿੰਗਾਂ ਕਰਾਈਆਂ ਸਨ । ਲੇਖਕ ਨੂੰ ਇਨ੍ਹਾਂ ਮੀਟਿੰਗਾਂ ਦੌਰਾਨ ਸੱਤਿਆਦੇਵ ਸੈਣੀ ਨੂੰ ਹੋਰ ਨੇੜਿਉਂ ਜਾਨਣ ਦਾ ਮੌਕਾ ਮਿਲਿਆ।

ਲੇਖਕ ਨੇ ਦੋ ਵਾਰ ਕਾਮਰੇਡ ਸੱਤਿਆਦੇਵ ਸੈਣੀ ਨਾਲ ਮੁਲਾਕਾਤ ਕਰਨ ਦੀ ਕੋਸ਼ਿਸ਼ ਕੀਤੀ, ਜਿਸ ਨੂੰ ਲਿਖਤੀ ਰੂਪ ਦੇਣਾ ਸੀ, ਪਰ ਲੇਖਕ ਰੁਝੇਵਿਆਂ ਕਰਕੇ ਪਹੁੰਚ ਨਾ ਸਕਿਆ। ਆਖਰ ਲੇਖਕ ਨੇ 9 ਜਨਵਰੀ 2025 ਨੂੰ ਤਾਰਾਗੜ੍ਹ ਜਾ ਕੇ ਸੱਤਿਆਦੇਵ ਸੈਣੀ ਨਾਲ ਮੁਲਾਕਾਤ ਕੀਤੀ, ਜੋ ਲੇਖਕ ਦੀ ਆਉਣ ਵਾਲੀ ਪੁਸਤਕ ਦਾ ਸ਼ਿੰਗਾਰ ਹੋਵੇਗੀ । ਜਾਣਕਾਰੀ ਲਈ ਲੇਖਕ ਵੱਲੋਂ ਵੱਡੀ ਉਮਰ ਦੇ ਕਾਮਰੇਡ ਜੋ ਪਿੰਡਾਂ ਜਾਂ ਸ਼ਹਿਰਾਂ ਵਿੱਚ ਰਹਿੰਦੇ ਹਨ, ਉਨ੍ਹਾਂ ਨਾਲ ਮੁਲਾਕਾਤਾਂ ਦੀ ਲਿਖਤੀ ਲੜੀ ਸ਼ੁਰੂ ਕੀਤੀ ਹੋਈ ਹੈ। ਲੇਖਕ ਦੀਆਂ ਕਾਮਰੇਡਾਂ ਨਾਲ ਮੁਲਾਕਾਤਾਂ ਵਾਲੀਆਂ 4 ਪੁਸਤਕਾਂ ਪਾਠਕਾਂ ਤੱਕ ਪਹੁੰਚ ਚੁੱਕੀਆਂ ਹਨ। ਸੱਤਿਆਦੇਵ ਸੈਣੀ ਨਾਲ ਮੁਲਾਕਾਤ ਵਾਲੀ ਲਿਖਤ ਪੰਜਵੀਂ ਕਿਤਾਬ ਵਿੱਚ ਆਏਗੀ । ਲੇਖਕ ਨੇ ਜੋ ਕਾਮਰੇਡਾਂ ਦੇ ਨਾਂਅ ਨੋਟ ਕੀਤੇ ਹਨ, ਜਿਨ੍ਹਾਂ ਨਾਲ ਮੁਲਾਕਾਤਾਂ ਕਰਨੀਆਂ ਹਨ, ਉਸ ਮੁਤਾਬਿਕ ਕਿਤਾਬਾਂ ਦੀ ਲੜੀ 7 ਜਾਂ 8 ਤੱਕ ਪਹੁੰਚ ਸਕਦੀ ਹੈ। ਹਰੇਕ ਪੁਸਤਕ ਦੇ ਪੰਨੇ 100 ਦੇ ਕਰੀਬ ਹਨ।

ਸੱਤਿਆਦੇਵ ਸੈਣੀ ਦੀ ਵਿਚਾਰਧਾਰਾ ਵਾਕਿਆ ਹੀ ਸਹੀ ਮਾਅਨਿਆਂ ਵਿੱਚ ਕਮਿਊਨਿਸਟ ਸੀ। ਉਨ੍ਹਾਂ ਨੇ ਆਪਣੀ ਜ਼ਮੀਨ ਦਾ ਅੱਧ ਆਪਣੀ ਭੈਣ ਦੇ ਨਾਂਅ ਲਵਾਇਆ ਹੋਇਆ ਹੈ। ਆਮ ਰੂਪ ਵਿੱਚ ਕਾਮਰੇਡ ਅਜਿਹਾ ਨੇਕ ਕਾਰਜ ਘੱਟ ਹੀ ਕਰਦੇ ਹਨ। ਸੱਤਿਆਦੇਵ ਸੈਣੀ ਨੇ ਬਾਕੀ ਸਾਰੀ ਜਾਇਦਾਦ ਜਿਵੇਂ ਪਠਾਨਕੋਟ ਵਿਖੇ ਪਲਾਟ, ਪਿੰਡ ਦੀ ਜ਼ਮੀਨ, ਘਰ ਦੀ ਥਾਂ ਆਦਿ ਲਈ ਟਰੱਸਟ ਬਣਾਇਆ ਹੋਇਆ ਹੈ। ਉਸ ਟਰੱਸਟ ਦਾ ਨਾਂਅ ਸੁਖਦਿਆਲ ਮੈਮੋਰੀਅਲ ਟਰੱਸਟ ਹੈ।

ਕਾਮਰੇਡ ਸੱਤਿਆਦੇਵ ਸੈਣੀ ਦੀ ਮੌਤ 1 ਜੂਨ 2025 ਨੂੰ ਹੋਈ ਅਤੇ ਉਨ੍ਹਾਂ ਦੇ ਸਸਕਾਰ 'ਤੇ ਸੀ ਪੀ ਆਈ ਦੇ ਪੰਜਾਬ ਦੇ ਸਕੱਤਰ ਬੰਤ ਸਿੰਘ ਬਰਾੜ, ਖੁਦ ਲੇਖਕ, ਸੀ ਪੀ ਆਈ ਦੇ ਗੁਰਦਾਸਪੁਰ ਦੇ ਜ਼ਿਲ੍ਹਾ ਸਕੱਤਰ ਗੁਲਜ਼ਾਰ ਸਿੰਘ ਬਸੰਤ ਕੋਟ, ਅਮਰੀਕ ਸਿੰਘ ਤੇ ਇਕਬਾਲ ਸਿੰਘ ਪਠਾਨਕੋਟ, ਸੁਰੇਸ਼ ਕੁਮਾਰ, ਸੂਬੇਦਾਰ, ਗੁਰਮੀਤ ਸਿੰਘ, ਕਾਮਰੇਡ ਸੁਭਾਸ਼ ਕੈਮਰੇ, ਆਰ ਐੱਮ ਪੀ ਆਈ ਦੇ ਆਗੂ ਕੁਹਾੜ, ਸੀ ਪੀ ਆਈ ਐੱਮ ਦੇ ਆਗੂ ਕੇਵਲ ਕਾਲੀਆ, ਪ੍ਰਕਾਸ਼, ਮੰਗਤ ਸਿੰਘ, ਉਂਕਾਰ ਸਿੰਘ ਤੇ ਧਿਆਨ ਸਿੰਘ ਪਹੁੰਚੇ ਸਨ। ਕਈ ਸਾਥੀਆਂ ਦੇ ਨਾਂਅ ਮੈਨੂੰ ਪਤਾ ਨਹੀਂ। ਉਨ੍ਹਾਂ ਕੋਲੋਂ ਲੇਖਕ ਮਾਫੀ ਮੰਗਦਾ ਹੈ।

# ਸੰਪਰਕ : 98760-78731

# ਨਰਿੰਦਰਦੀਪ ਹਿਰਾਸਤੀ ਕਤਲ : ਐੱਸ ਐੱਸ ਪੀ ਦਫਤਰ ਅੱਗੇ ਧਰਨੇ 'ਚ ਵਹੀਰਾਂ ਘੱਤ ਕੇ ਪਹੁੰਚੇ ਲੋਕ

## ਕਤਲ ਦੀ ਉੱਚ ਪੱਧਰੀ ਨਿਆਂਇਕ ਜਾਂਚ ਕਰਵਾਉਣ, ਮੁਕੱਦਮੇ 'ਚ ਨਾਮਜ਼ਦ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਤੇ ਪੀੜਤ ਪਰਵਾਰ ਨੂੰ ਨੌਕਰੀ ਤੇ ਮੁਆਵਜ਼ਾ ਦੇਣ ਦੀ ਮੰਗ



**ਬਠਿੰਡਾ (ਪਰਵਿੰਦਰ ਜੀਤ ਸਿੰਘ)**
ਨਰਿੰਦਰਦੀਪ ਸਿੰਘ ਹਿਰਾਸਤੀ ਕਤਲ ਵਿਰੋਧੀ ਐਕਸ਼ਨ ਕਮੇਟੀ ਦੇ ਸੱਦੇ 'ਤੇ ਅੱਜ ਸ਼ਹਿਰੀ ਦੁਕਾਨਦਾਰ, ਕਿਸਾਨ, ਮਜ਼ਦੂਰ, ਵਿਦਿਆਰਥੀ, ਨੌਜਵਾਨ ਤੇ ਔਰਤਾਂ ਵਹੀਰਾਂ ਘੱਤ ਕੇ ਐੱਸ ਐੱਸ ਪੀ ਦਫਤਰ ਬਠਿੰਡਾ ਅੱਗੇ ਦਿੱਤੇ ਧਰਨੇ 'ਚ ਪਹੁੰਚੇ।ਅੱਜ ਦੇ ਵਿਸ਼ਾਲ ਧਰਨੇ ਦੌਰਾਨ ਸਭਨਾਂ ਬੁਲਾਰਿਆਂ ਨੇ ਮੰਗ ਕੀਤੀ ਕਿ 23 ਮਈ ਨੂੰ ਸੀ ਆਈ ਏ ਸਟਾਫ ਬਠਿੰਡਾ-2 ਵੱਲੋਂ ਪੁਲਸ ਹਿਰਾਸਤ ਵਿੱਚ ਕਤਲ ਕੀਤੇ ਗੋਨਿਆਣਾ ਮੰਡੀ ਦੇ ਆਈਲਟਸ ਅਧਿਆਪਕ ਨਰਿੰਦਰਦੀਪ ਦੇ ਕਤਲ ਦੀ ਉੱਚ ਪੱਧਰੀ ਸਮਾਂਬੱਧ ਅਦਾਲਤੀ ਜਾਂਚ ਕਰਾਈ ਜਾਵੇ, ਕਾਤਲ ਦੋਸ਼ੀ ਪੁਲਸ ਮੁਲਾਜ਼ਮਾਂ 'ਤੇ ਕਤਲ ਦਾ ਪਰਚਾ ਦਰਜ ਕਰਕੇ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਨਰਿੰਦਰਦੀਪ ਦੀ ਪਤਨੀ ਨੂੰ ਸਰਕਾਰੀ ਨੌਕਰੀ ਦੇਣ ਤੋਂ ਇਲਾਵਾ ਪੀੜਤ ਪਰਵਾਰ ਨੂੰ ਢੁਕਵਾਂ ਮੁਆਵਜ਼ਾ ਦੇਣ ਦੀ ਮੰਗ ਕੀਤੀ ਗਈ।ਬੁਲਾਰਿਆਂ ਨੇ ਆਖਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਨਸ਼ਿਆਂ ਵਿਰੁੱਧ ਯੁੱਧ ਛੇੜਨ ਦੇ ਨਾਹਰੇ ਹੇਠ ਅਸਲ ਵਿੱਚ ਲੋਕਾਂ 'ਚ ਪੁਲਸ ਦੀ ਦਹਿਸ਼ਤ ਪੈਦਾ ਕਰਨ ਦੇ ਖੋਟੇ ਮਨਸੂਬੇ ਪੂਰੀ ਤਰ੍ਹਾਂ ਜੱਗ ਜ਼ਾਹਰ ਹੋ ਚੁੱਕੇ ਹਨ।ਬੁਲਾਰਿਆਂ ਨੇ ਆਖਿਆ ਕਿ ਨਰਿੰਦਰਦੀਪ ਸਿੰਘ ਦੀ ਪੁਲਸ ਹਿਰਾਸਤ 'ਚ ਮੌਤ ਦੇ ਦੋ ਹਫ਼ਤੇ ਬੀਤਣ ਦੇ ਬਾਵਜੂਦ ਅਜੇ ਤੱਕ ਵੀ ਦੋਸ਼ੀ ਪੁਲਸ ਅਧਿਕਾਰੀਆਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਗਿਆ।ਉਨ੍ਹਾਂ ਮੁੱਖ ਮੰਤਰੀ ਵੱਲੋਂ ਦੋ ਦਿਨ ਬਠਿੰਡਾ 'ਚ ਗੁਜ਼ਾਰਨ ਦੇ ਬਾਵਜੂਦ ਪੀੜਤ ਪਰਵਾਰ ਪ੍ਰਤੀ ਹਮਦਰਦੀ ਦੇ ਦੋ ਲਫਜ਼ ਵੀ ਨਾ ਬੋਲ ਕੇ ਕਾਤਲਾਂ ਦੀ ਪਿੱਠ ਥਾਪੜਣ ਦੇ ਦੋਸ਼ ਵੀ ਲਾਏ।ਉਨ੍ਹਾਂ ਆਖਿਆ ਕਿ ਭਗਵੰਤ ਮਾਨ ਸਰਕਾਰ ਹਰ ਫਰੰਟ 'ਤੇ ਫੇਲ੍ਹ ਹੋ ਚੁੱਕੀ ਹੈ, ਇਸ ਲਈ ਉਹ ਪੰਜਾਬ ਨੂੰ ਨੰਗੇ ਚਿੱਟੇ ਪੁਲਸ ਰਾਜ 'ਚ ਤਬਦੀਲ ਕਰਨ ਦੇ ਰਾਹ ਪਈ ਹੋਈ ਹੈ।ਉਨ੍ਹਾਂ ਆਖਿਆ ਕਿ ਪਿਛਲੇ ਕੁਝ ਸਮੇਂ ਦੌਰਾਨ ਹੀ ਪੰਜਾਬ 'ਚ ਲੱਗਭਗ ਤਿੰਨ ਦਰਜਨ ਨੌਜਵਾਨਾਂ ਦੇ ਪੁਲਸ ਹਿਰਾਸਤ ਤੇ ਜੇਲ੍ਹਾਂ 'ਚ ਕਤਲ ਹੋ ਚੁੱਕੇ ਹਨ, ਜੋ ਪੰਜਾਬ 'ਚ ਕਾਨੂੰਨ ਦੀ ਥਾਂ ਜੰਗਲ਼ ਰਾਜ ਹੋਣ ਦਾ ਪ੍ਰਤੱਖ ਸਬੂਤ ਹੈ।

ਅੱਜ ਦੇ ਇਕੱਠ ਨੂੰ ਪੁਲਸ ਹਿਰਾਸਤ ਦੌਰਾਨ ਕਤਲ ਕੀਤੇ ਨੌਜਵਾਨ ਨਰਿੰਦਰਦੀਪ ਸਿੰਘ ਦੀ ਧਰਮਪਤਨੀ ਨੈਨਸੀ, ਨਰਿੰਦਰ ਦੀਪ ਸਿੰਘ ਦੇ ਪਿਤਾ ਡਾਕਟਰ ਰਣਜੀਤ ਸਿੰਘ ਤੋਂ ਇਲਾਵਾ ਐਕਸ਼ਨ ਕਮੇਟੀ ਦੇ ਆਗੂ ਬਲਕਰਨ ਸਿੰਘ ਬਰਾੜ, ਸ਼ਿੰਗਾਰਾ ਸਿੰਘ ਮਾਨ, ਰਾਜਿੰਦਰ ਸਿੰਘ ਦੀਪ ਸਿੰਘ ਵਾਲਾ, ਲਛਮਣ ਸਿੰਘ ਸੇਵੇਵਾਲਾ, ਗੁਰਦੀਪ ਸਿੰਘ ਰਾਮਪੁਰਾ, ਜਸਵੀਰ ਕੌਰ ਨੱਤ, ਬੂਟਾ ਸਿੰਘ ਬੁਰਜ ਗਿੱਲ, ਰੇਸ਼ਮ ਸਿੰਘ ਖੇਮੂਆਣਾ, ਅਮਿਤ ਕਪੂਰ, ਮੰਗਾ ਅਜ਼ਾਦ, ਪ੍ਰਕਾਸ਼ ਸਿੰਘ ਨੰਦਗੜ੍ਹ, ਸੁਖਵੀਰ ਸਿੰਘ, ਤਾਰਾ ਚੰਦ ਗੋਨਿਆਣਾ, ਸੁਖਵੀਰ ਸਿੰਘ, ਮੱਖਣ ਸਿੰਘ ਗੁਰੂਸਰ, ਜਸਵਿੰਦਰ ਸਿੰਘ, ਬੇਅੰਤ ਸਿੰਘ ਮਹਿਮਾ ਸਰਜਾ, ਸੋਨੂੰ ਮਹੇਸ਼ਵਰੀ, ਜਗਜੀਤ ਸਿੰਘ ਲਹਿਰਾ, ਚੰਦਰ ਸ਼ਰਮਾ, ਬਲਵਿੰਦਰ ਸਿੰਘ ਘਰਾਂਗਣਾਂ, ਨਵਦੀਪ ਸਿੰਘ ਗੋਨਿਆਣਾ, ਲਖਵੀਰ ਸਿੰਘ ਲੌਂਗੋਵਾਲ, ਮਹਿੰਦਰ ਸਿੰਘ ਕੌੜਿਆਂਵਾਲੀ, ਧੀਰਜ ਕੁਮਾਰ, ਸੰਦੀਪ ਪਾਠਕ, ਅਵਤਾਰ ਸਿੰਘ ਮਹਿਮਾ, ਸੁਰਜੀਤ ਸਿੰਘ ਫੂਲ, ਨੌਨਿਹਾਲ ਸਿੰਘ ਦੀਪ ਸਿੰਘ ਵਾਲਾ ਆਦਿ ਆਗੂਆਂ ਨੇ ਸੰਬੋਧਨ ਕੀਤਾ।

ਨਰਿੰਦਰਦੀਪ ਦੇ ਪਰਿਵਾਰਕ ਮੈਂਬਰਾਂ ਨੇ ਆਖਿਆ ਕਿ ਨਰਿੰਦਰਦੀਪ ਸਿੰਘ ਇੱਕ ਕਾਬਲ ਅਧਿਆਪਕ ਸਨ, ਜੋ 23 ਮਈ ਨੂੰ ਘਰੋਂ ਰੋਜ਼ਾਨਾ ਦੀ ਤਰ੍ਹਾਂ ਕੰਮ 'ਤੇ ਗਏ ਸਨ, ਨੂੰ ਸੀ ਆਈ ਏ ਸਟਾਫ ਬਠਿੰਡਾ 2 ਵੱਲੋਂ ਬਿਨਾਂ ਕਿਸੇ ਕੇਸ ਤੋਂ ਚੱਕ ਕੇ ਬੇਤਹਾਸ਼ਾ ਤਸ਼ੱਦਦ ਢਾਹਿਆ ਗਿਆ ਅਤੇ ਕਰੰਟ ਲਾ ਕੇ ਕਤਲ ਕਰ ਦਿੱਤਾ ਗਿਆ, ਜਿਸ ਦੀ ਪੁਸ਼ਟੀ ਮ੍ਰਿਤਕ ਨਰਿੰਦਰਦੀਪ ਦੀ ਪੋਸਟਮਾਰਟਮ ਰਿਪੋਰਟ ਤੋਂ ਵੀ ਹੁੰਦੀ ਹੈ।

## ਸੀ ਪੀ ਐੱਫ ਕਰਮਚਾਰੀ ਯੂਨੀਅਨ ਮਾਨਸਾ ਦੀ ਚੋਣ, ਧਰਮਿੰਦਰ ਸਿੰਘ ਹੀਰੇਵਾਲਾ ਮੁੜ ਬਣੇ ਪ੍ਰਧਾਨ



**ਮਾਨਸਾ (ਆਤਮਾ ਸਿੰਘ ਪਮਾਰ)**-ਸੀ.ਪੀ.ਐੱਫ. ਕਰਮਚਾਰੀ ਯੂਨੀਅਨ ਇਕਾਈ ਮਾਨਸਾ ਦੀ ਇੱਕ ਮਹੱਤਵਪੂਰਨ ਮੀਟਿੰਗ ਸਥਾਨਕ ਬੱਚਤ ਭਵਨ ਵਿਖੇ ਹੋਈ, ਜਿਸ ਵਿੱਚ ਯੂਨੀਅਨ ਦੇ ਨਵੇਂ ਅਹੁਦੇਦਾਰਾਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ।ਇਸ ਚੋਣ ਲਈ ਇੱਕ ਪ੍ਰਧਾਨਗੀ ਮੰਡਲ ਦਾ ਗਠਨ ਕੀਤਾ ਗਿਆ, ਜਿਸ ਦੀ ਦੇਖ-ਰੇਖ ਹੇਠ ਇਹ ਸਮੁੱਚੀ ਚੋਣ ਦਾ ਕਾਰਜ ਸੰਪੰਨ ਹੋਇਆ।ਪ੍ਰਧਾਨਗੀ ਮੰਡਲ ਵਿੱਚ ਹਰਪ੍ਰੀਤ ਸਿੰਘ, ਸੰਦੀਪ ਸਿੰਘ, ਪ੍ਰਭਜੋਤ ਸਿੰਘ, ਜਸਵੰਤ ਸਿੰਘ ਮੌਜੇ, ਜਸਦੀਪ ਸਿੰਘ ਚਹਿਲ, ਹਰਦੀਪ ਸਿੰਘ ਤੇ ਪ੍ਰਦੀਪ ਸ਼ਰਮਾ ਵਰਗੇ ਸੀਨੀਅਰ ਮੈਂਬਰ ਸ਼ਾਮਲ ਸਨ। ਵਿਚਾਰ ਵਟਾਂਦਰਾ ਕਰਨ ਉਪਰੰਤ ਇਸ ਚੋਣ ਵਿੱਚ, ਧਰਮਿੰਦਰ ਸਿੰਘ ਹੀਰੇਵਾਲਾ ਨੂੰ ਸਰਬਸੰਮਤੀ ਨਾਲ ਯੂਨੀਅਨ ਦਾ ਮੁੜ ਤੋਂ ਪ੍ਰਧਾਨ ਚੁਣਿਆ ਗਿਆ।ਇਹ ਦੂਜੀ ਵਾਰ ਹੈ ਕਿ ਹੀਰੇਵਾਲਾ ਨੂੰ ਇਸ ਅਹੁਦੇ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ, ਜੋ ਯੂਨੀਅਨ ਵਿੱਚ ਉਨ੍ਹਾਂ ਦੀ ਮਜ਼ਬੂਤ ਪਕੜ ਤੇ ਕਰਮਚਾਰੀਆਂ ਵਿੱਚ ਉਨ੍ਹਾਂ ਦੀ ਪ੍ਰਵਾਨਗੀ ਨੂੰ ਦਰਸਾਉਂਦਾ ਹੈ।ਇਨ੍ਹਾਂ ਤੋਂ ਇਲਾਵਾ ਹੋਰ ਅਹੁਦੇਦਾਰਾਂ ਵਿੱਚ, ਮਲਕੀਤ ਸਿੰਘ ਨੂੰ ਸਕੱਤਰ ਤੇ ਹਰਦੀਪ ਸਿੰਘ ਨੂੰ ਖਜ਼ਾਨਚੀ ਦੀ ਜ਼ਿੰਮੇਵਾਰੀ ਦਿੱਤੀ ਗਈ।ਚੋਣ ਕਮੇਟੀ ਵੱਲੋਂ ਇਹ ਵੀ ਐਲਾਨ ਕੀਤਾ ਗਿਆ ਕਿ ਬਾਕੀ ਰਹਿੰਦੇ ਅਹੁਦੇਦਾਰਾਂ ਤੇ ਕਾਰਜਕਾਰਨੀ ਦੇ ਮੈਂਬਰਾਂ ਦੀ ਚੋਣ ਕਰਨ ਦਾ ਅਧਿਕਾਰ ਨਵੀਂ ਚੁਣੀ ਗਈ ਟੀਮ ਨੂੰ ਦਿੱਤਾ ਗਿਆ।ਇਸ ਸਮੇਂ ਨਵਨਿਯੁਕਤ ਟੀਮ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਉਹ ਜਥੇਬੰਦੀ ਦੀ ਬਿਹਤਰੀ ਲਈ ਸਾਥੀਆਂ ਦੇ ਸਹਿਯੋਗ ਨਾਲ ਹਰ ਸੰਭਵ ਯਤਨ ਕਰਨਗੇ। ਹਾਜ਼ਰ ਕਰਮਚਾਰੀਆਂ ਵੱਲੋਂ ਇਸ ਸਮੇਂ ਨਵੀਂ ਟੀਮ ਨੂੰ ਵਧਾਈਆ ਵੀ ਦਿੱਤੀਆਂ ਗਈਆਂ।

# ਸੀਂਗੋ ਮੰਡੀ ਦੀ ਨਬਾਲਗ ਲੜਕੀ ਦੀ ਭੇਦਭਰੀ ਹਾਲਤ 'ਚ ਮੌਤ

- ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਵਾਉਣ ਲਈ ਪਰਵਾਰਕ ਮੈਂਬਰਾਂ ਵੱਲੋਂ ਰੋਸ ਪ੍ਰਦਰਸ਼ਨ
- ਪੀੜਤ ਪਰਵਾਰ ਵੱਲੋਂ ਲੜਕੀ ਦਾ ਕਤਲ ਕਰਕੇ ਲਾਸ਼ ਨੂੰ ਨਹਿਰ 'ਚ ਸੁੱਟਣ ਦਾ ਦੋਸ਼



**ਤਲਵੰਡੀ ਸਾਬੋ/ਸੀਂਗੋ ਮੰਡੀ (ਜਗਦੀਪ ਗਿੱਲ)**-ਸਥਾਨਕ ਕਸਬੇ ਦੇ ਇੱਕ ਗਰੀਬ ਪਰਿਵਾਰ ਦੀ 14 ਸਾਲਾ ਨਾਬਾਲਗ ਲੜਕੀ ਨੂੰ ਗੁਆਂਢ ਪਿੰਡ ਦਾ ਇੱਕ ਲੜਕਾ ਲਵਪ੍ਰੀਤ ਸਿੰਘ ਵਰਗਲਾ ਫੁਸਲਾ ਕੇ ਤੇ ਵਿਆਹ ਦਾ ਝਾਂਸਾ ਦੇ ਕੇ ਆਪਣੇ ਨਾਲ ਲੈ ਗਿਆ, ਜਿਸ ਦੀ ਭੇਦਭਰੀ ਹਾਲਤ ਵਿੱਚ ਮੌਤ ਹੋ ਗਈ ਤੇ ਉਸ ਦੀ ਲਾਸ਼ ਪੁਲਸ ਨੇ ਘੱਗਰ ਨਦੀ ਲਾਗਿਓਂ ਬਰਾਮਦ ਕਰਕੇ ਵੱਖ-ਵੱਖ ਧਰਾਵਾਂ ਤਹਿਤ ਕਾਰਵਾਈ ਕਰਨ ਉਪਰੰਤ ਲਾਸ਼ ਨੂੰ ਭਾਵੇਂ ਤਲਵੰਡੀ ਸਾਬੋ ਦੀ ਮੋਰਚਰੀ ਵਿੱਚ ਰਖਵਾ ਦਿੱਤਾ ਹੈ, ਪਰ ਲੜਕੀ ਦੇ ਮੁਲਜ਼ਮਾਂ ਨੂੰ ਗ੍ਰਿਫਤਾਰ ਨਾ ਕਰਨ ਕਰਕੇ ਪਰਿਵਾਰ ਤੇ ਰਿਸ਼ਤੇਦਾਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ, ਜਿਸ ਲਈ ਅੱਜ ਉਨ੍ਹਾਂ ਨੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਯੂਨੀਅਨ ਦੇ ਸਹਿਯੋਗ ਨਾਲ ਪੁਲਸ ਪ੍ਰਸ਼ਾਸਨ ਖਿਲਾਫ ਰੋਸ ਪ੍ਰਦਰਸ਼ਨ ਕੀਤਾ। ਇਸ ਸਬੰਧੀ ਪਰਿਵਾਰਕ ਮੈਂਬਰ ਜਸਪ੍ਰੀਤ ਕੌਰ ਸਿੰਘੂ, ਭਗਵਾਂ ਕੌਰ, ਜੰਟਾ ਸਿੰਘ ਤੇ ਯੂਨੀਅਨ ਆਗੂਆਂ ਬੀਰਬਲ ਸਿੰਘ, ਸੁਖਜੀਤ ਸਿੰਘ ਰਾਮਾਨੰਦੀ ਲਿਬਰੇਸ਼ਨ ਵਿਦਿਆਰਥੀ ਆਗੂ ਨੇ ਦੱਸਿਆ ਕਿ ਸਿਮਰਜੀਤ ਕੌਰ, ਜੋ ਕਿ ਆਪਣੇ ਨਾਨਕੇ ਰਹਿੰਦੀ ਸੀ ਤੇ ਜਿਸ ਦੀ ਛੋਟੀ ਉਮਰ ਦੀ ਮਾਤਾ ਵੀ ਮਰ ਚੁੱਕੀ ਹੈ, ਜਿਸ ਨੂੰ ਗੁਆਂਢੀ ਪਿੰਡ ਦਾ ਇੱਕ ਲੜਕਾ ਲਵਪ੍ਰੀਤ ਸਿੰਘ ਉਰਫ ਲੱਭੀ ਜੋ ਕਿ ਆਪਣੀ ਭੂਆ ਕੋਲ ਰਹਿੰਦਾ ਸੀ, ਕੁਝ ਸਮਾਂ ਪਹਿਲਾਂ ਵਰਗਲਾ ਕੇ ਆਪਣੇ ਨਾਲ ਲੈ ਗਿਆ। ਉਪਰੰਤ ਉਸ ਨੇ ਉਸ ਲੜਕੀ ਨਾਲ ਦੁਸ਼ਕਰਮ ਕਰਨ ਤੋਂ ਬਾਅਦ ਰਣਜੀਤਗੜ੍ਹ ਬਾਂਦਰਾਂ ਕੋਲ ਲੰਘਦੇ ਦਰਿਆ ਕੋਲ ਸੁੱਟ ਦਿੱਤਾ, ਜਿਸ ਨੂੰ ਪੁਲਸ ਨੇ ਬਰਾਮਦ ਕੀਤਾ ਹੈ। ਉਨ੍ਹਾਂ ਦੱਸਿਆ ਕਿ ਲਵਪ੍ਰੀਤ ਸਿੰਘ ਨੇ ਸਾਡੀ ਨਾਵਾਲਕ ਲੜਕੀ ਦਾ ਕਤਲ ਕੀਤਾ ਹੈ, ਜਿਸ ਵਿੱਚ ਕੁਝ ਬੰਦੇ ਹੋਰ ਵੀ ਸ਼ਾਮਲ ਹਨ। ਭਾਵੇਂ ਕਿ ਪੁਲਸ ਨੇ ਮਾਮਲਾ ਦਰਜ ਕਰ ਦਿੱਤਾ ਹੈ, ਪਰ ਅਜੇ ਤੱਕ ਮੁੱਖ ਦੋਸ਼ੀਆਂ ਨੂੰ ਗ੍ਰਿਫਤਾਰ ਨਹੀਂ ਕੀਤਾ ਹੈ, ਜਿਸ ਲਈ ਅਸੀਂ ਉਨ੍ਹਾਂ ਨੂੰ ਗ੍ਰਿਫਤਾਰ ਕਰਵਾਉਣ ਲਈ ਅੱਜ ਰੋਸ ਪ੍ਰਦਰਸ਼ਨ ਕੀਤਾ ਹੈ। ਸਾਡੀ ਮੰਗ ਹੈ ਕਿ ਜਲਦੀ ਤੋਂ ਜਲਦੀ ਸਾਡੀ ਲੜਕੀ ਨੂੰ ਮਾਰਨ ਵਾਲੇ ਮੁਲਜ਼ਮਾਂ ਨੂੰ ਜਲਦੀ ਗ੍ਰਿਫਤਾਰ ਕੀਤਾ ਜਾਵੇ, ਜੇਕਰ ਅਜਿਹਾ ਨਹੀਂ ਕੀਤਾ ਜਾਂਦਾ ਤਾਂ ਅਸੀਂ ਕੱਲ੍ਹ ਨੂੰ ਲਾਸ਼ ਥਾਣੇ ਅੱਗੇ ਰੱਖ ਕੇ ਧਰਨਾ ਦੇਵਾਂਗੇ।ਇਸ ਸਬੰਧੀ ਤਲਵੰਡੀ ਸਾਬੋ ਦੇ ਡੀਐੱਸਪੀ ਸ੍ਰੀ ਰਜੇਸ਼ ਸਨੇਹੀ ਨੇ ਦੱਸਿਆ ਕਿ ਮ੍ਰਿਤਕ ਲੜਕੀ ਦੇ ਨਾਨਾ ਮਿੱਠੂ ਸਿੰਘ ਦੇ ਬਿਆਨਾਂ 'ਤੇ ਲਵਪ੍ਰੀਤ ਸਿੰਘ ਲੱਭੀ, ਉਸ ਦੀ ਭੂਆ ਕੁਲਵਿੰਦਰ ਕੌਰ ਸਮੇਤ ਕੁਝ ਹੋਰ ਲੋਕਾਂ 'ਤੇ ਪਹਿਲਾਂ ਦਰਜ ਕੀਤੇ ਮਾਮਲੇ ਵਿੱਚ ਵਾਧਾ ਕਰ ਦਿੱਤਾ ਹੈ, ਪਰ ਇਸ ਮਾਮਲੇ ਵਿੱਚ ਅਸੀਂ ਜਗਜੀਤ ਸਿੰਘ ਜੱਸੂ ਵਾਸੀ ਰਣਜੀਤਗੜ੍ਹ ਬਾਂਦਰਾਂ ਮੁੱਖ ਮੁਲਜ਼ਮ ਦੇ ਮਾਮੇ ਦਾ ਲੜਕਾ, ਮਨਪ੍ਰੀਤ ਸਿੰਘ ਉਰਫ ਠੰਡੂ, ਵਾਸੀ ਹਾਂਸਪੁਰ ਜ਼ਿਲ੍ਹਾ ਫਤਿਹਾਬਾਦ ਕ੍ਰਿਸ਼ਨ ਸਿੰਘ ਪੁੱਤਰ ਮਾਨ ਸਿੰਘ ਬਾਸੀ ਖੁੰਭਰ ਨੂੰ ਗ੍ਰਿਫਤਾਰ ਕਰ ਲਿਆ ਹੈ ਤੇ ਜਲਦੀ ਹੀ ਮੁੱਖ ਮੁਲਜ਼ਮ ਲੜਕਾ ਲਵਪ੍ਰੀਤ ਸਿੰਘ ਤੇ ਉਸ ਦੀ ਮਾਤਾ ਕੁਲਵਿੰਦਰ ਕੌਰ ਕਿਮਨੋ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ।

## ਕਾਤਰਾਂ

### ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵੱਲੋਂ 80 ਨਸ਼ੀਲੀਆਂ ਗੋਲੀਆਂ ਸਮੇਤ ਮੁਲਜ਼ਮ ਸੁਖਵਿੰਦਰ ਸਿੰਘ ਵਾਸੀ ਬਹਿਲੋਲਪੁਰ ਨੂੰ ਕਾਬੂ ਕੀਤਾ ਹੈ। ਐੱਸ.ਐੱਚ.ਓ. ਇੰਸਪੈਕਟਰ ਹਰਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਵੱਲੋਂ ਬਹਿਲੋਲਪੁਰ ਪੁਲ ਨੇੜੇ ਗਸ਼ਤ ਕੀਤੀ ਜਾ ਰਹੀ ਸੀ ਤਾਂ ਝਾੜ ਸਾਹਿਬ ਵੱਲੋਂ ਇੱਕ ਵਿਅਕਤੀ ਆਉਂਦਾ ਦਿਖਾਈ ਦਿੱਤਾ। ਇਹ ਨੌਜਵਾਨ ਪੁਲਸ ਪਾਰਟੀ ਨੂੰ ਦੇਖ ਕੇ ਸ਼ੱਕੀ ਹਾਲਤ ਵਿੱਚ ਪਿੱਛੇ ਮੁੜਨ ਲੱਗਾ, ਜਿਸ ਨੇ ਆਪਣੀ ਜੇਬ 'ਚੋਂ ਮੋਮੀ ਲਿਫਾਫਾ ਕੱਢ ਕੇ ਬਾਹਰ ਸੁੱਟ ਦਿੱਤਾ। ਪੁਲਸ ਵੱਲੋਂ ਜਦੋਂ ਇਸ ਨੂੰ ਜਾਂਚ ਲਈ ਰੋਕਿਆ ਤਾਂ ਇਸ ਦੀ ਪਹਿਚਾਣ ਸੁਖਵਿੰਦਰ ਸਿੰਘ ਵਜੋਂ ਹੋਈ। ਉਸ ਵੱਲੋਂ ਸੁੱਟੀ ਲਿਫਾਫੀ 'ਚੋਂ 80 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਪੁਲਸ ਨੇ ਉਸ ਖਿਲਾਫ ਮਾਮਲਾ ਦਰਜ ਕਰ ਲਿਆ।

### ਬੋਰਡ ਮੈਨੇਜਮੈਂਟ ਖਿਲਾਫ ਗੇਟ ਰੈਲੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੈਨਸ਼ਨਰ ਐਸੋਸੀਏਸ਼ਨ (ਰਜਿਸਟਰਡ) ਪੀ.ਐੱਸ.ਪੀ.ਸੀ.ਐੱਲ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ ਸਬ ਅਰਬਨ ਮੰਡਲ ਫਿਰੋਜ਼ਪੁਰ ਦੀ ਮਹੀਨਾਵਾਰ ਮੀਟਿੰਗ 66 ਕੇ ਵੀ ਸਬ ਸਟੇਸ਼ਨ ਫਿਰੋਜਪੁਰ ਵਿਖੇ ਹੋਈ, ਜਿਸ ਵਿੱਚ ਬੋਰਡ ਮੈਨੇਜਮੈਂਟ ਤੇ ਪੰਜਾਬ ਸਰਕਾਰ ਖਿਲਾਫ ਅੱਜ ਰੋਸ ਗੇਟ ਰੈਲੀ ਸਟੇਟ ਬਾਡੀ ਦੇ ਸੱਦੇ 'ਤੇ ਕੀਤੀ ਗਈ, ਜਿਸ ਵਿੱਚ ਸਰਕਲ ਪ੍ਰਧਾਨ ਸੁਰਿੰਦਰ ਸ਼ਰਮਾ ਤੇ ਸਟੇਟ ਮੈਂਬਰ ਰਕੇਸ਼ ਸ਼ਰਮਾ ਸਕੱਤਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਪੈਨਸ਼ਨਰਜ਼ ਦੀਆਂ ਮੁੱਖ ਮੰਗਾਂ ਮੁਲਾਜ਼ਮਾਂ ਨੂੰ ਡੀ ਏ 42 ਪ੍ਰਤੀਸ਼ਤ ਤੋਂ 55 ਪ੍ਰਤੀਸ਼ਤ ਡੀ.ਏ ਦਾ ਏਰੀਆ ਦੇਣਾ, ਪੇ ਕਮਿਸ਼ਨ ਦਾ ਏਰੀਅਰ ਦੇਣਾ, 2.59 ਗੁਨਾਕ ਦੇ ਹਿਸਾਬ ਨਾਲ ਪੇ 119 ਪ੍ਰਤੀਸ਼ਤ ਦੀ ਬਜਾਏ 125 ਪ੍ਰਤੀਸ਼ਤ, ਜੋ ਕਿ ਕੋਰਟ ਵੱਲੋਂ ਫੈਸਲਾ ਕਰ ਦਿੱਤਾ ਗਿਆ ਹੈ, ਮੁਤਾਬਿਕ ਫਿਕਸ ਕਰਨਾ ਸ਼ਾਮਲ ਹੈ। ਮੀਟਿੰਗ ਵਿੱਚ ਸੁਖਚੈਨ ਲਾਲ ਪ੍ਰਧਾਨ, ਮੁਖਤਿਆਰ ਸਿੰਘ ਮੀਤ ਪ੍ਰਧਾਨ, ਹਰੀ ਚੰਦ ਚੋਪੜਾ ਵਿੱਤ ਸਕੱਤਰ, ਜਗੀਰ ਸਿੰਘ ਮੀਤ ਪ੍ਰਧਾਨ, ਰਾਜ ਕੁਮਾਰ, ਮੁਖਰਾਜ ਸਿੰਘ, ਜਗਰਾਜ ਸਿੰਘ ਮੈਂਬਰ ਸ਼ਾਮਲ ਹੋਏ।

### ਨਸ਼ੇ ਦਾ ਸੇਵਨ ਕਰਦੇ 2 ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਨੇ ਨਸ਼ੇ ਦਾ ਸੇਵਨ ਕਰਨ ਦੇ ਦੋਸ਼ ਵਿੱਚ 2 ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਦੇ ਹੋਏ ਪੰਡਤਾਂ ਵਾਲੀਆਂ ਝੁੱਗੀਆਂ ਕੋਲ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਰੁਪਿੰਦਰ ਸਿੰਘ ਪੁੱਤਰ ਪਾਲ ਸਿੰਘ ਵਾਸੀ ਜੰਡਵਾਲਾ ਤੇ ਮਨਜਿੰਦਰ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਚੱਕ ਜਾਨੀਸਰ ਹੈਰੋਇਨ ਨਸ਼ੇ ਦਾ ਸੇਵਨ ਕਰਦੇ ਹਨ ਅਤੇ ਜੇਕਰ ਹੁਣੇ ਰੇਡ ਕੀਤਾ ਜਾਵੇ ਤਾਂ ਕਾਬੂ ਆ ਸਕਦੇ ਹਨ, ਜਿਸ 'ਤੇ ਪੁਲਸ ਪਾਰਟੀ ਵੱਲੋਂ ਰੇਡ ਕਰਕੇ ਰੁਪਿੰਦਰ ਸਿੰਘ ਤੇ ਮਨਜਿੰਦਰ ਸਿੰਘ ਨੂੰ 1 ਬਿੱਟ, 2 ਲਾਈਟਰ, ਇਕ ਸਿਲਵਰ ਪੰਨੀ, 10 ਰੁਪਏ ਭਾਰਤੀ ਕਰੰਸੀ ਸਮੇਤ ਕਾਬੂ ਕਰਕੇ ਥਾਣਾ ਵੈਰੋਕੇ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਨਬਾਲਗ ਲੜਕੀ ਨਾਲ ਗੈਂਗਰੇਪ ਮਾਮਲੇ 'ਚ ਭੀਮ ਆਰਮੀ ਆਈ ਅੱਗੇ

*ਪੀੜਤ ਪਰਵਾਰ ਨੂੰ ਇਨਸਾਫ ਨਾ ਮਿਲਿਆ ਤਾਂ ਹੋਵੇਗਾ ਵੱਡਾ ਅੰਦੋਲਨ : ਅਮਨ*



**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਿਰਸਾ ਵਿੱਚ ਇੱਕ ਨਾਬਾਲਗ ਲੜਕੀ ਨਾਲ ਬਲਾਤਕਾਰ (ਗੈਂਗਰੇਪ) ਦੇ ਮਾਮਲੇ ਵਿੱਚ ਭੀਮ ਆਰਮੀ ਦੇ ਆਗੂਆਂ ਦੀ ਅਗਵਾਈ ਵਿੱਚ ਪਰਿਵਾਰਕ ਮੈਂਬਰਾਂ ਨੇ ਸਿਰਸਾ ਐੱਸ ਪੀ ਦਫਤਰ ਦਾ ਘਿਰਾਓ ਕੀਤਾ। ਭੀਮ ਆਰਮੀ ਦੇ ਆਗੂ ਅਮਨ ਨੇ ਕਿਹਾ ਕਿ ਸਿਰਸਾ ਵਿੱਚ ਬਲਾਤਕਾਰ ਮਾਮਲੇ ਵਿੱਚ ਹੁਣ ਤੱਕ ਸਿਰਫ ਇੱਕ ਮੁਲਜ਼ਮ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਜਦੋਂਕਿ ਦੂਜੇ ਮੁੱਖ ਮੁਲਜ਼ਮ ਤੇ ਹੋਰ ਤਿੰਨਾਂ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਮੁਲਜ਼ਮ ਪੀੜਤ ਪਰਵਾਰ 'ਤੇ ਸਮਝੌਤਾ ਕਰਨ ਲਈ ਦਬਾਅ ਪਾ ਰਹੇ ਹਨ। ਉਨ੍ਹਾਂ ਨੂੰ ਧਮਕੀਆਂ ਵੀ ਮਿਲ ਰਹੀਆਂ ਹਨ। ਪੀੜਤ ਲੜਕੀ ਦੀ ਮਾਂ ਨੇ ਕਿਹਾ ਕਿ ਮੁਲਜ਼ਮਾਂ ਨੇ ਉਸ ਦੀ ਨਾਬਾਲਗ ਧੀ ਨੂੰ ਸੋਸ਼ਲ ਮੀਡੀਆ 'ਤੇ ਭਰਮਾ ਲਿਆ ਅਤੇ ਉਸ ਨਾਲ ਮੋਬਾਈਲ 'ਤੇ ਗੱਲ ਕਰਕੇ ਜਨਮ ਦਿਨ ਦੀ ਪਾਰਟੀ ਦਾ ਝਾਂਸਾ ਦੇ ਕੇ ਉਸ ਨੂੰ ਕਲੱਬ ਲਿਜਾ ਕੇ ਕੋਲਡ ਡਰਿੰਕ ਦਿੱਤਾ, ਜਿਸ ਕਾਰਨ ਉਹ ਬੇਹੋਸ਼ ਹੋ ਗਈ। ਲੜਕੇ ਹਿਮਾਂਸ਼ੂ ਨੇ ਉਸ ਦੀਆਂ ਅਸ਼ਲੀਲ ਫੋਟੋਆਂ ਤੇ ਵੀਡੀਓ ਬਣਾਈਆਂ ਅਤੇ ਉਸ ਦੀ ਕਈਆਂ ਦੁਆਰਾ ਇਜ਼ਤ ਲੁੱਟਣ ਤੋਂ ਬਾਅਦ ਆਟੋ ਰਾਹੀਂ ਘਰ ਭੇਜ ਦਿੱਤਾ ਗਿਆ। ਭੀਮ ਆਰਮੀ ਦੇ ਆਗੂਆਂ ਦਾ ਕਹਿਣਾ ਹੈ ਕਿ ਜੇਕਰ ਪੀੜਤ ਪਰਵਾਰ ਨੂੰ ਇਨਸਾਫ ਨਹੀਂ ਮਿਲਦਾ ਤੇ ਸਾਰੇ ਮੁਲਜ਼ਮ ਗ੍ਰਿਫਤਾਰ ਨਹੀਂ ਹੁੰਦੇ ਤਾਂ ਉਹ ਵੱਡਾ ਅੰਦੋਲਨ ਕਰਨ ਲਈ ਮਜਬੂਰ ਹੋਣਗੇ।

# ਸੇਵਾ ਮੁਕਤ ਬਿਜਲੀ ਕਾਮਿਆਂ ਵੱਲੋਂ ਸਰਕਾਰ ਤੇ ਮੈਨੇਜਮੈਂਟ ਵਿਰੁੱਧ ਧਰਨਾ



**ਦੋਰਾਹਾ (ਹਰਮਿੰਦਰ ਸੇਠ)**-ਕੇਂਦਰ ਤੇ ਪੰਜਾਬ ਸਰਕਾਰ ਦੀਆਂ ਵੱਖ ਵੱਖ ਸਰਕਾਰੀ ਅਦਾਰਿਆਂ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਲਈ ਨਿੱਜੀਕਰਨ ਦੀ ਨੀਤੀ ਲਾਗੂ ਕਰਦੇ ਹੋਏ ਬਿਜਲੀ ਮਹਿਕਮੇ ਵਿੱਚ ਵੀ ਨਿੱਜੀਕਰਨ ਦੀ ਨੀਤੀ ਤਹਿਤ ਸੇਵਾ ਮੁਕਤ ਤੇ ਰੈਗੂਲਰ ਕਰਮਚਾਰੀਆਂ ਨੂੰ ਮਿਲਦੀਆਂ ਤਨਖਾਹਾਂ/ਪੈਨਸ਼ਨਾਂ, ਡੀ.ਏ., ਸਕੇਲਾਂ/ਪੈਨਸ਼ਨਾਂ ਦਾ ਬਕਾਇਆ ਆਦਿ ਨੂੰ ਕੱਟ ਲਾਉਣ ਦੀਆਂ ਵਿਉਂਤਾਂ ਬਣਾਈਆਂ ਜਾ ਰਹੀਆਂ ਹਨ। ਪੈਨਸ਼ਨਾਂ/ਸਕੇਲਾਂ ਦਾ ਮਿਤੀ 01-01-2016 ਤੋਂ ਬਣਦਾ ਬਕਾਇਆ ਇੱਕ ਵਾਰੀ ਵਿੱਚ ਨਹੀਂ ਦਿੱਤਾ ਜਾ ਰਿਹਾ। ਇਸੇ ਨੀਤੀ ਤਹਿਤ ਠੇਕਾ ਕਾਮਿਆਂ ਨੂੰ ਮਹਿਕਮੇ ਵਿੱਚ ਬਿਨਾਂ ਸ਼ਰਤ ਪੱਕਿਆਂ ਨਹੀਂ ਕੀਤਾ ਜਾ ਰਿਹਾ। ਖਾਲੀ ਅਸਾਮੀਆਂ ਕੰਮ ਭਾਰ ਮੁਤਾਬਕ ਨਹੀਂ ਭਰੀਆਂ ਜਾ ਰਹੀਆਂ। ਪੱਕੀ ਭਰਤੀ ਕਰਨ ਦੀ ਬਿਜਾਏ ਠੇਕਾ ਪ੍ਰਨਾਲੀ ਲਾਗੂ ਕੀਤੀ ਜਾ ਰਹੀ ਹੈ। ਪੈਨਸ਼ਨਾਂ ਦੇ ਬਣਦੇ ਬਕਾਏ ਦੀਆਂ ਕਿਸ਼ਤਾਂ ਵੀ ਉਮਰ ਦੇ ਲਿਹਾਜ ਨਾਲ ਦੇਣ ਦੇ ਫੈਸਲੇ ਕਰਕੇ ਸੇਵਾ ਮੁਕਤ ਕਾਮਿਆਂ ਵਿੱਚ ਵੀ ਆਪਸ ਵਿੱਚ ਪਾੜ ਪਾਇਆ ਜਾ ਰਿਹਾ ਹੈ। 23 ਸਾਲਾ ਤਰੱਕੀ ਇਨਕਰੀਮੈਂਟ ਵੀ ਬਿਨਾਂ ਸ਼ਰਤਾਂ ਲਾਗੂ ਨਹੀਂ ਕੀਤੀ ਜਾ ਰਹੀ। ਕੈਸ਼ਲੈੱਸ ਸਕੀਮ ਮੁੜ ਚਾਲੂ ਨਹੀਂ ਕੀਤੀ ਜਾ ਰਹੀ।

ਬਿਜਲੀ ਯੂਨਿਟਾਂ ਦੀ ਰਿਆਇਤ ਲਾਗੂ ਨਹੀਂ ਕੀਤੀ ਜਾ ਰਹੀ। ਮੈਡੀਕਲ ਭੱਤੇ ਵਿੱਚ ਵਾਧਾ ਨਹੀਂ ਕੀਤਾ ਜਾ ਰਿਹਾ। ਬੁਢਾਪਾ ਅਲਾਊਂਸ ਬੇਸਿਕ ਪੈਨਸ਼ਨ ਵਿੱਚ ਜੋੜ ਕੇ ਨਹੀਂ ਲਾਗੂ ਕੀਤਾ ਜਾ ਰਿਹਾ। ਉਪਰੋਕਤ ਮੰਗਾਂ ਮਸਲੇ ਹੱਲ ਕਰਨ ਦੀ ਬਜਾਏ ਮਹਿਕਮੇ ਵਿੱਚ ਨਿੱਜੀਕਰਨ ਦੀ ਨੀਤੀ ਨੂੰ ਲਾਗੂ ਕਰਨ ਵੱਲ ਤੇਜ਼ੀ ਨਾਲ ਕਦਮ ਚੁੱਕੇ ਜਾ ਰਹੇ ਹਨ। ਸਰਕਾਰਾਂ ਤੇ ਮੈਨੇਜਮੈਂਟਾਂ ਦੀਆਂ ਇਨ੍ਹਾਂ ਨੀਤੀਆਂ ਨੂੰ ਰੱਦ ਕਰਾਉਣ ਲਈ ਤੇ ਆਪਣੇ ਮੰਗਾਂ ਮਸਲਿਆਂ ਨੂੰ ਹੱਲ ਕਰਾਉਣ ਲਈ ਪੈਨਸ਼ਨਰ ਐਸੋਸੀਏਸ਼ਨ ਦੀ ਸੂਬਾ ਕਮੇਟੀ ਦੇ ਸੱਦੇ 'ਤੇ ਸਰਕਲ ਵਰਕਿੰਗ ਕਮੇਟੀ ਖੰਨਾ ਦੇ ਫੈਸਲੇ ਮੁਤਾਬਕ ਵੀਰਵਾਰ ਡਵੀਜ਼ਨ ਦੋਰਾਹਾ ਦੇ ਸੀਨੀਅਰ ਮੀਤ ਪ੍ਰਧਾਨ ਹਰਚਰਨ ਸਿੰਘ 'ਗਰੇਵਾਲ' ਦੀ ਪ੍ਰਧਾਨਗੀ ਹੇਠ ਡਵੀਜ਼ਨ ਦਫਤਰ ਦੋਰਾਹਾ ਅੱਗੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਸੇਵਾ ਮੁਕਤ ਬਿਜਲੀ ਕਾਮਿਆਂ ਨੇ ਰੋਹ ਭਰਪੂਰ ਧਰਨਾ ਦਿੱਤਾ। ਡਵੀਜ਼ਨ ਦੇ ਸਕੱਤਰ ਤਰਸੇਮ ਲਾਲ ਤੇ ਪ੍ਰੈੱਸ ਸਕੱਤਰ ਕ੍ਰਿਸ਼ਨ ਕੁਮਾਰ 'ਵਿਨਾਇਕ' ਨੇ ਸਾਂਝੇ ਰੂਪ ਵਿੱਚ ਪ੍ਰੈੱਸ ਨੂੰ ਜਾਣਕਾਰੀ ਦਿੱਤੀ ਕਿ ਇਸ ਧਰਨੇ ਵਿੱਚ ਡਵੀਜ਼ਨ ਦੋਰਾਹਾ ਦੇ ਆਗੂ ਰਾਮ ਕਿਸ਼ਨ, ਰਾਕੇਸ਼ ਕੁਮਾਰ, ਭਗਵੰਤ ਸਿੰਘ, ਜਗਦੇਵ ਸਿੰਘ, ਅਵਤਾਰ ਸਿੰਘ, ਰਾਮ ਸਰੂਪ, ਸਾਂਗਾ ਰਾਮ, ਸਿਕੰਦਰ ਸਿੰਘ, ਨਛੱਤਰ ਸਿੰਘ ਤੇ ਪ੍ਰਧਾਨ ਹਰਚਰਨ ਸਿੰਘ 'ਦੇਸ਼ਭਗਤ' ਮੀਤ ਪ੍ਰਧਾਨ ਪਲਵਿੰਦਰ ਸਿੰਘ ਤੇ ਮੈਂਬਰ ਸੁਰਜੀਤ ਸਿੰਘ ਨੇ ਸੰਬੋਧਨ ਕਰਦੇ ਹੋਏ ਸਰਕਾਰਾਂ ਤੇ ਮੈਨੇਜਮੈਂਟਾਂ ਦੀਆਂ ਕਿਸਾਨ-ਮਜ਼ਦੂਰ-ਮੁਲਾਜ਼ਮ-ਵਿਦਿਆਰਥੀ ਤੇ ਨੌਜਵਾਨ ਵਿਰੋਧੀ ਨੀਤੀਆਂ ਬਾਰੇ ਵਿਸਥਾਰ ਨਾਲ ਚਾਨਣਾ ਪਾਉਂਦੇ ਹੋਏ ਚਿਤਾਵਨੀ ਦਿੱਤੀ ਕਿ ਜੇਕਰ ਮੰਗਾਂ ਮਸਲਿਆਂ ਨੂੰ ਹੱਲ ਨਾ ਕੀਤਾ ਅਤੇ ਨਿੱਜੀਕਰਨ ਦੀ ਨੀਤੀ ਰੱਦ ਨਾ ਕੀਤੀ ਤਾਂ 14 ਜੂਨ 2025 ਨੂੰ ਮੁਲਾਜ਼ਮ ਤੇ ਪੈਨਸ਼ਨਰਾਂ ਦੇ ਸਾਂਝੇ ਫਰੰਟ ਵੱਲੋਂ ਡੀ.ਸੀ. ਦਫਤਰ ਲੁਧਿਆਣਾ ਅੱਗੇ ਕੀਤੇ ਜਾ ਰਹੇ ਮੁਜ਼ਾਹਰੇ ਵਿੱਚ ਵੱਡੀ ਗਿਣਤੀ 'ਚ ਸ਼ਮੂਲੀਅਤ ਕੀਤੀ ਜਾਵੇਗੀ ਅਤੇ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

## ਨਿੱਤ ਦਿਨ ਹੋ ਰਹੀਆਂ ਚੋਰੀਆਂ ਨੂੰ ਲੈ ਕੇ ਦੁਕਾਨਦਾਰਾਂ ਵੱਲੋਂ ਧਰਨਾ, ਵਿਧਾਇਕ ਦੇਵ ਮਾਨ ਦੇ ਭਰੋਸੇ ਉਪਰੰਤ ਚੁੱਕਿਆ ਧਰਨਾ



**ਨਾਭਾ (ਵਰਿੰਦਰ ਵਰਮਾ)**-ਬੀਤੀ ਰਾਤ ਨਾਭਾ-ਪਟਿਆਲਾ ਰੋਡ ਸਾਹਮਣੇ ਤ੍ਰਿਵੇਣੀ ਪੈਲਿਸ ਨਾਭਾ ਸਥਿਤ ਸੁਪਰ ਡਿਲਕਸ ਬੈਟਰੀ ਸਰਵਿਸ ਦੁਕਾਨ ਵਿੱਚੋਂ ਲੱਖਾਂ ਦੇ ਬੈਟਰੇ ਆਦਿ ਚੋਰੀ ਹੋ ਗਏ ਸਨ। ਇਸ ਸਬੰਧੀ ਉਕਤ ਦੁਕਾਨ ਦੇ ਮਾਲਕ ਪਰਵੀਨ ਕੁਮਾਰ ਪੁੱਤਰ ਲੇਟ ਚੰਦਰ ਭਾਨ ਬਾਸੀ ਹਰੀਦਾਸ ਕਲੋਨੀ ਨਾਭਾ ਵੱਲੋਂ ਆਪਣੇ ਵਰਕਰਾਂ ਸਮੇਤ ਨਾਭਾ-ਪਟਿਆਲਾ ਰੋਡ 'ਤੇ ਧਰਨਾ ਲਾ ਕੇ ਟ੍ਰੈਫਿਕ ਜਾਮ ਕਰ ਦਿੱਤਾ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਮੰਗ ਕੀਤੀ ਗਈ ਕਿ ਉਕਤ ਚੋਰੀ ਕਰਨ ਵਾਲੇ ਵਿਅਕਤੀਆਂ ਨੂੰ ਜਲਦ ਗ੍ਰਿਫਤਾਰ ਕੀਤਾ ਜਾਵੇ ਅਤੇ ਉਨ੍ਹਾਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਦੌਰਾਨ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਮੌਕੇ 'ਤੇ ਪਹੁੰਚ ਕੇ ਧਰਨਾ ਲਗਾਈ ਬੈਠੇ ਦੁਕਾਨਦਾਰਾਂ ਨੂੰ ਜਲਦੀ ਇਨਸਾਫ ਦਾ ਭਰੋਸਾ ਦੇਣ 'ਤੇ ਧਰਨਾ ਚੁੱਕਾ ਲਿਆ ਗਿਆ।

### ਜਨਰਲ ਸਟੋਰ ਤੋਂ ਇਨਵਰਟਰ, ਨਕਦੀ ਤੇ ਸਾਮਾਨ ਚੋਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ-ਮੋਗਾ ਰੋਡ 'ਤੇ ਬੀਐੱਸਐੱਫ ਸਾਹਮਣੇ ਸਥਿਤ ਇੱਕ ਜਨਰਲ ਸਟੋਰ ਵਿੱਚ ਅਣਪਛਾਤੇ ਵਿਅਕਤੀਆਂ ਵੱਲੋਂ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ। ਚੋਰ ਦੁਕਾਨ ਦਾ ਸ਼ਟਰ ਤੇ ਕੈਂਚੀ ਗੇਟ ਤੋੜ ਕੇ ਅੰਦਰ ਦਾਖਲ ਹੋਏ ਤੇ ਇਨਵਰਟਰ ਬੈਟਰੀ, ਰਾਸ਼ਨ ਸਾਮਾਨ ਸਮੇਤ ਲਗਭਗ 50 ਹਜ਼ਾਰ ਰੁਪਏ ਦੀ ਕੀਮਤੀ ਚੀਜ਼ਾਂ ਤੇ 25 ਹਜ਼ਾਰ ਰੁਪਏ ਨਕਦ ਚੋਰੀ ਕਰ ਕੇ ਲੈ ਗਏ। ਸ਼ਿਕਾਇਤਕਰਤਾ ਪ੍ਰਿੰਸ ਕੁਮਾਰ ਪੁੱਤਰ ਰਜਪਾਲ ਸਿੰਘ, ਵਾਸੀ ਨਿਊ ਕਾਲੋਨੀ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਉਨ੍ਹਾਂ ਦੀ ਦੁਕਾਨ (ਨਿਖਿਲ ਟੈਲੀਕਾਮ ਐਂਡ ਜਨਰਲ ਸਟੋਰ) ਪਿੰਡ ਸਤੀਏ ਵਾਲਾ ਬਾਈਪਾਸ 'ਤੇ ਸਥਿਤ ਹੈ, ਜੋ ਸ੍ਰੀ ਗੁਰੂ ਹਰਗੋਬਿੰਦ ਆਈਟੀਆਈ ਦੇ ਸਾਹਮਣੇ ਹੈ। ਉਨ੍ਹਾਂ ਦੱਸਿਆ ਕਿ 4 ਜੂਨ ਦੀ ਸਵੇਰੇ 3.30 ਤੋਂ 4 ਵਜੇ ਦੇ ਦਰਮਿਆਨ ਦੋ ਅਣਪਛਾਤੇ ਵਿਅਕਤੀ ਦੁਕਾਨ ਦਾ ਸ਼ਟਰ ਤੇ ਕੈਂਚੀ ਗੇਟ ਵੀ ਤੋੜ ਕੇ ਦੁਕਾਨ 'ਚੋਂ ਇਕ ਇਨਵਰਟਰ ਬੈਟਰੀ, ਦੋ ਗੱਟੇ ਖੰਡ, ਇੱਕ ਚਾਵਲ ਦੀ ਬੋਰੀ, ਬੀੜੀਆਂ, ਸਿਗਰਟਾਂ ਤੇ ਰੋਜ਼ਾਨਾ ਵਰਤੋਂ ਵਾਲਾ ਸਾਮਾਨ ਸ਼ਾਮਲ ਹੈ। ਚੋਰੀ ਦੀ ਕੁੱਲ ਰਕਮ ਲਗਭਗ 75 ਹਜ਼ਾਰ ਰੁਪਏ ਅੰਦਾਜ਼ੀ ਗਈ ਹੈ। ਮਾਮਲੇ ਦੀ ਜਾਂਚ ਕਰ ਰਹੇ ਐੱਸ ਐੱਚ ਸੀ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਪੀੜਤ ਦੇ ਬਿਆਨਾਂ ਅਧੀਨ ਅਣਪਛਾਤੇ ਵਿਅਕਤੀਆਂ ਖ਼ਿਲਾਫ ਮਾਮਲਾ ਦਰਜ ਕਰ ਲਿਆ ਹੈ ਅਤੇ ਵਾਰਦਾਤ ਦੀ ਪੂਰੀ ਜਾਂਚ ਜਾਰੀ ਹੈ।

# ਮਾੜੇ ਪ੍ਰਬੰਧਾਂ ਕਾਰਨ ਟ੍ਰੈਫਿਕ ਸਮੱਸਿਆ ਨਾਲ ਜੂਝ ਰਹੇ ਨੇ ਰਾਹਗੀਰ ਤੇ ਸ਼ਹਿਰ ਵਾਸੀ




**ਭੀਖੀ (ਧਰਮਵੀਰ ਸ਼ਰਮਾ)**-ਸ਼ਹਿਰ ਅੰਦਰ ਮਾੜੇ ਟ੍ਰੈਫਿਕ ਪ੍ਰਬੰਧਾਂ ਤੇ ਦੁਕਾਨਦਾਰਾਂ ਵੱਲੋਂ ਸੜਕਾਂ 'ਤੇ ਕੀਤੇ ਗਏ ਨਜਾਇਜ਼ ਕਬਜ਼ਿਆਂ ਕਾਰਨ ਜਿੱਥੇ ਰਾਹਗੀਰਾਂ ਤੇ ਸ਼ਹਿਰਵਾਸੀਆਂ ਨੂੰ ਆਵਾਜਾਈ ਦੀ ਸਮੱਸਿਆ ਨਾਲ ਜੂਝਣਾ ਪੈ ਰਿਹਾ ਹੈ, ਉਥੇ ਇਥੋਂ ਗੁਜ਼ਰਨ ਵਾਲੇ ਰਾਹਗੀਰ ਵੀ ਜਾਮ ਵਿੱਚ ਫਸੇ ਰਹਿੰਦੇ ਹਨ। ਨਗਰ ਵਿੱਚੋਂ ਗੁਜ਼ਰਦਾ ਰਾਜ ਮਾਰਗ ਬੇਸ਼ੱਕ ਸ਼ਹਿਰ ਵਿੱਚ ਚਾਰ ਲਾਇਨਾਂ ਵਾਲਾ ਹੈ, ਪ੍ਰੰਤੂ ਬਹੁਤੇ ਦੁਕਾਨਦਾਰਾਂ ਵੱਲੋਂ ਰੇਹੜੀਆਂ ਵਾਲਿਆਂ ਤੋਂ ਨਜਾਇਜ਼ ਉਗਰਾਹੀ ਕਰਕੇ ਉਨ੍ਹਾਂ ਨੂੰ ਸੜਕਾਂ ਦੇ ਦੋਵੇਂ ਕਿਨਾਰਿਆਂ 'ਤੇ ਸਥਾਪਤ ਕਰਵਾਇਆ ਹੋਇਆ ਹੈ, ਜਿਸ ਕਰਕੇ ਮੁੱਖ ਮਾਰਗ 'ਤੇ ਆਵਾਜਾਈ ਦੀ ਸਮੱਸਿਆ ਗੰਭੀਰ ਬਣੀ ਹੋਈ ਹੈ ਤੇ ਅਕਸਰ ਹੀ ਕੋਈ ਨਾ ਕੋਈ ਹਾਦਸਾ ਵਾਪਰਦਾ ਰਹਿੰਦਾ ਹੈ। ਬੱਸ ਸਟੈਂਡ ਵਾਲੀ ਤਿੰਨਕੋਨੀ ਤੇ ਬਰਨਾਲਾ ਚੌਕ ਵਿੱਚ ਟ੍ਰੈਫਿਕ ਪੁਲਸ ਦਾ ਕੋਈ ਪ੍ਰਬੰਧ ਨਾ ਹੋਣ ਕਾਰਨ ਵਾਹਨ ਚਾਲਕ ਆਪਣੀ ਮਰਜ਼ੀ ਨਾਲ ਸਿੱਧੇ ਤੇ ਪੁੱਠੇ ਪਾਸਿਉਂ ਵਾਹਨ ਚਲਾਉਂਦੇ ਹਨ, ਜਿਸ ਕਰਕੇ ਦੁਪਹੀਆ ਵਾਹਨ ਤੇ ਪੈਦਲ ਚਾਲਕਾਂ ਨੂੰ ਹਰ ਸਮੇਂ ਹਾਦਸੇ ਦਾ ਖਤਰਾ ਬਣਿਆ ਰਹਿੰਦਾ ਹੈ। ਕਸਬੇ ਦੀ ਬਰਨਾਲਾ ਤੇ ਥਾਣਾ ਰੋਡ 'ਤੇ ਆਵਾਜਾਈ ਸਮੱਸਿਆ ਅੱਤ ਦੀ ਗੰਭੀਰ ਹੈ। ਦੁਕਾਨਦਾਰਾਂ ਵੱਲੋਂ ਧੜੱਲੇ ਨਾਲ ਸੜਕਾਂ ਦੇ ਦੋਵੇਂ ਪਾਸੇ ਨਜਾਇਜ਼ ਕਬਜ਼ੇ ਕੀਤੇ ਹਨ ਅਤੇ ਇਨ੍ਹਾਂ ਸੜਕਾਂ 'ਤੇ ਕਈ ਮਿੰਨੀ ਮਾਰਕਿਟਾਂ ਵੀ ਹਨ, ਜਿਨ੍ਹਾਂ ਵਿੱਚ ਪਾਰਕਿੰਗ ਦਾ ਕੋਈ ਪ੍ਰਬੰਧ ਨਹੀਂ ਅਤੇ ਇਨ੍ਹਾਂ ਮਾਰਕਿਟਾਂ ਵਿੱਚ ਆਉਣ ਵਾਲੇ ਗਾਹਕਾਂ ਦੇ ਵਾਹਨ ਵੀ ਮੁੱਖ ਸੜਕਾਂ 'ਤੇ ਹੀ ਖੜ੍ਹੇ ਰਹਿੰਦੇ ਹਨ। ਥਾਣਾ ਰੋਡ 'ਤੇ ਥਾਣੇ ਤੋਂ ਇਲਾਵਾ ਹਸਪਤਾਲ, ਸਕੂਲ, ਕਾਲਜ ਤੇ ਸਬ ਤਹਿਸੀਲ ਆਦਿ ਅਦਾਰੇ ਹਨ ਅਤੇ ਇਥੇ ਆਉਣ ਵਾਲੇ ਹਰ ਵਿਅਕਤੀ ਨੂੰ ਸੜਕ 'ਤੇ ਕੀਤੇ ਨਜਾਇਜ਼ ਕਬਜ਼ਿਆਂ ਕਾਰਨ ਮਾਨਸਿਕ ਪ੍ਰੇਸ਼ਾਨੀ ਦੇ ਰੂਪ ਵਿੱਚ ਖਮਿਆਜ਼ਾ ਭੁਗਤਣਾ ਪੈਂਦਾ ਹੈ। ਦੂਸਰੇ ਪਾਸੇ ਬਰਨਾਲਾ ਰੋਡ ਅਹਿਮ ਮਾਰਗ ਹੈ। ਇਹ ਸੜਕ ਫਤਿਹਾਬਾਦ (ਹਰਿਆਣਾ) ਤੋਂ ਲੁਧਿਆਣਾ ਤੱਕ ਜਾਣ ਵਾਲਿਆਂ ਲਈ ਇੱਕੋ ਇੱਕ ਰਸਤਾ ਹੈ, ਇਥੋਂ ਦਰਮਿਆਨੇ ਤੇ ਭਾਰੀ ਵਾਹਨ ਵੱਡੀ ਗਿਣਤੀ ਵਿੱਚ ਗੁਜ਼ਰਦੇ ਹਨ। ਦੇਖਣ ਵਿੱਚ ਆਉਂਦਾ ਹੈ ਕਿ ਕਈ ਵਾਰ ਐਂਬੂਲੈਂਸਾਂ ਵੀ ਇਥੇ ਫਸਦੀਆਂ ਹਨ, ਪ੍ਰੰਤੂ ਪ੍ਰਸ਼ਾਸਨ ਨੇ ਕਬੂਤਰ ਵਾਂਗੂ ਅੱਖਾਂ ਮੀਚੀਆਂ ਹੋਈਆਂ ਹਨ ਅਤੇ ਕਿਸੇ ਅਧਿਕਾਰੀ ਦਾ ਜਿਗਰਾ ਨਹਿਆ ਕਿ ਉਹ ਦੁਕਾਨਦਾਰਾਂ ਤੋਂ ਸੜਕ 'ਤੇ ਨਜਾਇਜ਼ ਕਬਜ਼ੇ ਹਟਵਾਵੇ। ਉਧਰ ਜਦੋਂ ਆਵਜਾਈ ਸਮੱਸਿਆ ਸਬੰਧੀ ਕਾਰਜ ਸਾਧਕ ਅਫਸਰ ਵਰੁਨ ਕੁਮਾਰ ਸਹੋਤਾ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾਂ ਫੋਨ ਨਹੀਂ ਉਠਾਇਆ।

## ਮੈਂ ਇਤਿਹਾਸਕ ਨਗਰੀ ਜੈਤੋ ਬੋਲ ਰਿਹਾ ਹਾਂ !

**ਜੈਤੋ (ਸਤੀਸ਼ ਕੁਮਾਰ ਭੀਗੀ)**-'ਮੈਂ ਇਤਿਹਾਸਕ ਨਗਰੀ ਜੈਤੋ ਹਾਂ। ਮੇਰੀ ਇੱਕ ਵੀ ਗਲੀ ਇਹੋ ਜਿਹੀ ਨਹੀਂ, ਜਿਸ ਵਿੱਚ ਟੋਏ ਨਾ ਹੋਣ, ਮੇਰੇ ਗਲੀ ਮੁਹੱਲਿਆਂ ਵਿੱਚ ਨਾਲੀਆਂ ਦਾ ਵੀ ਬੁਰਾ ਹਾਲ ਹੈ ਤੇ ਲੋਕਾਂ ਨੂੰ ਪੀਣ ਲਈ ਸਾਫ਼ ਤੇ ਸ਼ੁੱਧ ਪਾਣੀ ਦੀ ਥਾਂ ਸੀਵਰੇਜ ਦੇ ਗੰਦਗੀ ਨਾਲ ਭਰੇ ਬਦਬੂਦਾਰ ਪਾਣੀ ਦੀ ਸਪਲਾਈ ਕੀਤੀ ਜਾ ਰਹੀ ਹੈ। ਮੈਂ ਇੰਨੀ ਪ੍ਰੇਸ਼ਾਨ ਹਾਂ ਕਿ ਸਮਝ ਨਹੀਂ ਆ ਰਹੀ ਕਿ ਦਾਸਤਾਨ ਸੁਣਾਵਾਂ ਕੀਹਨੂੰ ਤੇ ਮੇਰੇ ਦੁੱਖ ਕੌਣ ਦੂਰ ਕਰੂਗਾ? ਮੈਂ ਤਾਂ ਚਾਈਂ ਚਾਈਂ ਜਿਹੜੀ ਪਾਰਟੀ ਦੀ ਸਰਕਾਰ ਐ, ਉਸੇ ਪਾਰਟੀ ਦਾ ਐੱਮ ਐੱਲ ਏ ਸਿਰਫ਼ ਵੋਟਾਂ ਪਾ ਕੇ ਹੀ ਨਹੀਂ ਬਲਕਿ ਸੁੱਖਾਂ ਸੁੱਖ ਸੁੱਖ ਲਿਆ ਸੀ। ਮੈਂ ਬਹੁਤ ਖੁਸ਼ ਹੋਈ ਕਿ ਚਲੋ ਗਰੀਬ ਘਰ ਦਾ ਮੁੰਡਾ ਸਾਡਾ ਐੱਮ ਐੱਲ ਏ ਬਣਿਆ ਤੇ ਇਹਨੂੰ ਪਤਾ ਈ ਐ ਕਿ ਲੋੜਵੰਦਾਂ ਨੂੰ ਕਿਵੇਂ ਸਬਰ ਦਿਵਾਉਣਾ, ਪਰ ਮੇਰੀਆਂ ਆਸਾਂ ਉਮੀਦਾਂ ਇੰਝ ਢਹਿ ਢੇਰੀ ਹੋ ਗਈਆਂ, ਜਿਵੇਂ ਪੰਜਾਬ 'ਚੋਂ ਨਸ਼ਾ, ਭ੍ਰਿਸ਼ਟਾਚਾਰ, ਰਿਸ਼ਵਤਖੋਰੀ ਤੇ ਗੁੰਡਾਗਰਦੀ ਖਤਮ ਕਰਨ ਦਾ ਭੁਲੇਖਾ।ਜਦੋਂ ਕਦੇ ਮਾੜਾ ਮੋਟਾ ਮੀਂਹ ਪੈਜੇ ਗਲੀਆਂ ਬਾਜ਼ਾਰ ਸੀਵਰੇਜ ਦੀ ਗੰਦਗੀ ਨਾਲ ਲਬਰੇਜ਼ ਹੋ ਜਾਂਦੇ ਐ ਤੇ ਇਸ ਨਰਕ ਤੋਂ ਛੁਟਕਾਰਾ ਦਿਵਾਉਣ ਲਈ ਸੁਣਿਆ ਸੀ ਕਿ 15-16 ਮਹੀਨੇ ਪਹਿਲਾਂ 12-13 ਕਰੋੜ ਰੁਪਏ ਮਨਜ਼ੂਰ ਹੋਏ ਤੇ ਪੂਰੇ ਜ਼ੋਰਾਂ ਸ਼ੋਰਾਂ ਨਾਲ ਉਦਘਾਟਨ ਕੀਤਾ ਗਿਆ, ਬੜੀਆਂ ਆਸਾਂ ਬੱਝੀਆਂ ਤੇ ਅੱਜ ਤੱਕ ਉਹ ਕੰਮ ਊਠ ਦੇ ਬੁੱਲ੍ਹ ਵਾਂਗੂੰ ਲਮਕੀ ਜਾਂਦਾ। ਇਸੇ ਸੀਵਰੇਜ ਸਿਸਟਮ ਨੇ ਕਰੋੜਾਂ ਰੁਪਏ ਦੀ ਲਾਗਤ ਨਾਲ ਬਣੇ ਬਠਿੰਡਾ ਦਬੜੀਖਾਨਾ ਬਾਈਪਾਸ ਦੀ ਬਲੀ ਲੈ ਲਈ, ਕਹਿੰਦੇ ਸੱਚ ਬੋਲਣ 'ਤੇ ਆਵਾਜ਼ ਦੱਬਣ ਲਈ ਪੱਤਰਕਾਰ ਭਾਈਚਾਰੇ ਨੂੰ ਟਾਰਗੇਟ ਕੀਤਾ ਗਿਆ, ਫਿਰ ਵੀ ਡਰਦੇ ਡਰਦੇ ਗੱਲ ਦੱਸਾਂ ਜੈਤੋ ਚੰਦਭਾਨ ਰੋਡ ਦੀ ਤਾਂ ਇਹ ਕਿ ਕਰੋੜਾਂ ਰੁਪਏ ਖਰਚ ਕੀਤੇ ਦਿਸਦੇ ਈ ਨੀਂ। ਮੇਰੇ ਇੱਕ ਨਿਧੜਕ ਪੱਤਰਕਾਰ ਦੀ ਆਵਾਜ਼ ਖ਼ਾਮੋਸ਼ ਕਰਨ ਲਈ ਉਸ 'ਤੇ ਝੂਠੇ ਪਰਚੇ ਦਰਜ ਕੀਤੇ ਗਏ, ਮੇਰੀਆਂ ਸਟਰੀਟ ਲਾਈਟਾਂ ਦਾ ਬੁਰਾ ਹਾਲ, ਪਬਲਿਕ ਟੁਆਲਿਟਾਂ ਬੀਮਾਰੀ ਦਾ ਘਰ, ਸਕੂਲ ਤੇ ਧਾਰਮਿਕ ਸਥਾਨਾਂ ਮੂਹਰੇ ਕੂੜੇ ਤੇ ਗੰਦਗੀ ਦੇ ਢੇਰ ਹਨ। ਮੈਂ ਇਤਿਹਾਸਕ ਨਗਰੀ ਜੈਤੋ ਹਾਂ, ਆਪਣੇ ਦੁੱਖੜੇ ਕੀਹਨੂੰ ਸੁਣਾਵਾਂ ਜਾਂ ਕਿ ਸਚਾਈ ਦੀ ਆਵਾਜ਼ ਉਠਾਉਣ ਵਾਲਿਆਂ ਵਿਰੁੱਧ ਪਰਚੇ ਦਰਜ ਕਰਨ ਦੇ ਡਰ ਤੋਂ ਚੁੱਪ ਧਾਰ ਲਵਾਂ।'

## ਵਿਧਾਇਕ ਭੁੱਲਰ ਤੇ ਦਹੀਆ ਨੇ ਜ਼ੀਰਾ-ਫ਼ਿਰੋਜ਼ਪੁਰ ਸੜਕ ਦੇ ਕੰਮ ਦਾ ਰੱਖਿਆ ਨੀਂਹ ਪੱਥਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਤੇ ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਦਹੀਆ ਨੇ 2214.91 ਲੱਖ ਰੁਪਏ ਦੀ ਲਾਗਤ ਨਾਲ ਫਿਰੋਜ਼ਪੁਰ-ਜ਼ੀਰਾ ਸੜਕ (ਸਟੇਟ ਹਾਈਵੇ-20 ਕੁੱਲ ਲੰਬਾਈ 34.555 ਕਿਲੋਮੀਟਰ) ਦੇ ਪੀਆਰ (ਪੀਰਿਓਡੀਕਲ ਰਿਨੀਊਵਲ) ਦੇ ਕੰਮ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਲੋਕਾਂ ਨੂੰ ਹੋਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਾਉਣ ਦੇ ਨਾਲ-ਨਾਲ ਬਿਹਤਰ ਤੇ ਸੁਰੱਖਿਅਤ ਆਵਾਜਾਈ ਸਹੂਲਤਾਂ ਮੁਹੱਈਆ ਕਰਾਉਣਾ ਪੰਜਾਬ ਸਰਕਾਰ ਦੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਅੱਜ ਮੁੱਖ ਮੰਤਰੀ, ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਕੈਬਨਿਟ ਮੰਤਰੀ, ਬਿਜਲੀ ਅਤੇ ਲੋਕ ਨਿਰਮਾਣ ਵਿਭਾਗ, ਪੰਜਾਬ ਹਰਭਜਨ ਸਿੰਘ, ਈਟੀਓ ਦੀ ਰਹਿਨੁਮਾਈ ਸਦਕਾ ਜ਼ਿਲ੍ਹਾ ਫਿਰੋਜ਼ਪੁਰ ਵਿਖੇ ਸਪੈਸ਼ਲ ਅਸਿਸਟੈਂਸ ਟੂ ਸਟੇਟ ਕੈਪੀਟਲ ਇਨਵੈਸਟਮੈਂਟ ਸਕੀਮ 2024-25 ਅਧੀਨ ਜ਼ੀਰਾ-ਫਿਰੋਜ਼ਪੁਰ ਸੜਕ (ਸਟੇਟ ਹਾਈਵੇ-20 ਕੁੱਲ ਲੰਬਾਈ 34.555 ਕਿ.ਮੀ.) ਦੇ ਪੀਆਰ ਦੇ ਕੰਮ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਵਿਧਾਇਕ ਨੇ ਦੱਸਿਆ ਕਿ ਇਹ ਸੜਕ ਜੋ ਫਿਰੋਜ਼ਪੁਰ ਤੋਂ ਜ਼ੀਰਾ ਤੱਕ ਜਾਂਦੀ ਹੈ, ਨੂੰ ਨਵਿਆਉਣ ਨਾਲ ਲੋਕਾਂ ਦੀ ਆਵਾਜਾਈ ਸੁਖਾਲੀ ਹੋਵੇਗੀ ਤੇ ਆਵਾਜਾਈ ਵਿਵਸਥਾ ਵੀ ਸੁਚਾਰੂ ਢੰਗ ਨਾਲ ਚੱਲੇਗੀ। ਇਸ ਮੌਕੇ ਵਿਧਾਇਕ ਰਜਨੀਸ਼ ਦਹੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਵਿਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾ ਰਹੀ ਹੈ ਤੇ ਜਨਤਾ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਵੱਲ ਠੋਸ ਕਦਮ ਚੁੱਕ ਰਹੀ ਹੈ। ਇਸ ਮੌਕੇ ਐੱਸਡੀਐੱਮ ਗੁਰਮੀਤ ਸਿੰਘ, ਰਾਜ ਬਹਾਦਰ ਸਿੰਘ, ਬਲਰਾਜ ਸਿੰਘ ਕਟੋਰਾ, ਹਿਮਾਂਸ਼ੂ ਠੱਕਰ, ਰਜਨੀਸ਼ ਸ਼ਰਮਾ, ਹਰਮੀਤ ਸਿੰਘ ਖਾਈ, ਦਿਲਬਾਗ ਸਿੰਘ ਸਰਪੰਚ, ਨਿਸ਼ਾਨ ਸਿੰਘ ਸਰਪੰਚ, ਪ੍ਰਵੀਨ ਮੰਗਲ, ਅਜੇ ਲਟਾਵਾ, ਗੁਰਭੇਜ ਸਿੰਘ, ਮਨਜੀਤ ਸਿੰਘ ਨਿੱਕੂ, ਸੁਖਵਿੰਦਰ ਸਿੰਘ ਸਰਪੰਚ, ਦਲਬੀਰ ਸਿੰਘ ਸਰਪੰਚ, ਦੀਪਕ ਨਾਰੰਗ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਈ ਟੀ ਟੀ ਟੀਚਰਜ਼ ਯੂਨੀਅਨ ਦਾ ਵਫਦ ਬੀ ਪੀ ਈ ਓ ਨੂੰ ਮਿਲਿਆ

- ਪੇ-ਅਨਾਮਲੀ ਲਗਾਉਣ ਦੀ ਕੀਤੀ ਮੰਗ



**ਜਲਾਲਾਬਾਦ (ਜੀਤ ਕੁਮਾਰ)**
ਈ.ਟੀ.ਟੀ. ਟੀਚਰਜ਼ ਯੂਨੀਅਨ ਦਾ ਇੱਕ ਵਫਦ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਢਾਬਾਂ, ਬਲਾਕ ਜਲਾਲਾਬਾਦ-2 ਦੇ ਜਨਰਲ ਸਕੱਤਰ ਪ੍ਰਦੀਪ ਸਿੰਘ ਤੇ ਆਗੂ ਕੁਲਦੀਪ ਸਿੰਘ, ਬਲਵਿੰਦਰ ਸਿੰਘ ਮਹਾਲਮ ਦੀ ਅਗਵਾਈ ਹੇਠ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਜਸਪਾਲ ਸਿੰਘ ਨੂੰ ਪੇ-ਅਨਾਮਲੀ ਸਬੰਧੀ ਮਿਲਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਢਾਬਾਂ ਨੇ ਦੱਸਿਆ ਕਿ ਪਿਛਲੇ ਸਾਲ ਦੌਰਾਨ ਬਲਾਕ ਜਲਾਲਾਬਾਦ-1, ਜਲਾਲਾਬਾਦ-2 ਤੇ ਗੁਰੂ ਹਰਸਹਾਏ-3 ਵੱਲੋਂ ਪੇ-ਅਨਾਮਲੀ ਸਬੰਧੀ ਬਿੱਲ ਬਣਾ ਕੇ ਖਜ਼ਾਨਾ ਦਫਤਰ ਜਲਾਲਾਬਾਦ ਵਿੱਚ ਭੇਜੇ ਗਏ ਸਨ, ਇਹ ਬਿੱਲ ਨਾ ਲੱਗਣ ਦੇ ਕੁਝ ਕਾਰਨ ਸਨ, ਜਿਸ ਨਾਲ ਜ਼ਿਲ੍ਹਾ ਫਾਜ਼ਿਲਕਾ ਵਿੱਚ ਵੱਡੀ ਗਿਣਤੀ ਵਿੱਚ ਜ਼ਿਲ੍ਹਾ ਪ੍ਰੀਸ਼ਦ ਅਧੀਨ ਕੰਮ ਕਰ ਚੁੱਕੇ ਅਧਿਆਪਕ ਨੂੰ ਨਿਰਾਸ਼ਾ ਦਾ ਸਾਹਮਣਾ ਕਰਨਾ ਪਿਆ ਸੀ।

ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਦੀ ਹਾਜ਼ਰੀ ਵਿੱਚ ਡੀ ਸੀ ਕੰਪਲੈਕਸ ਫਾਜ਼ਿਲਕਾ ਵਿਖੇ ਮੀਟਿੰਗ ਹੋਈ ਸੀ, ਜਿਸ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ (ਐ) ਸਤੀਸ਼ ਕੁਮਾਰ, ਜਲਾਲਾਬਾਦ-1 ਦੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਜਸਪਾਲ ਸਿੰਘ, ਗੁਰੂ ਹਰਸਹਾਏ-3 ਦੇ ਬੀ.ਪੀ.ਈ.ਓ. ਸ੍ਰੀਮਤੀ ਸੁਸ਼ੀਲ ਕੁਮਾਰੀ, ਬਲਾਕ ਜਲਾਲਾਬਾਦ-2 ਦੇ ਬੀ.ਪੀ.ਈ.ਓ. ਨਰਿੰਦਰ ਸਿੰਘ, ਅਬੋਹਰ-2 ਦੇ ਬੀ.ਪੀ.ਈ.ਓ. ਭਾਲਾ ਰਾਮ, ਫਾਜ਼ਿਲਕਾ-1 ਦੇ ਬੀ.ਪੀ.ਈ.ਓ. ਸੁਨੀਲ ਕੁਮਾਰ ਅਤੇ ਕਲੈਰੀਕਲ ਡਿਪਾਰਮੈਂਟ ਤੋਂ ਵੀ ਮੁਲਾਜ਼ਮ ਹਾਜ਼ਰ ਸਨ। ਇਸ ਮੀਟਿੰਗ ਵਿੱਚ ਯੂਨੀਅਨ ਵੱਲੋਂ ਮੰਗ ਕੀਤੀ ਗਈ ਸੀ ਕਿ ਜ਼ਿਲ੍ਹਾ ਪ੍ਰੀਸ਼ਦ ਅਧੀਨ ਕੰਮ ਕਰਕੇ ਚੁੱਕੇ ਅਧਿਆਪਕਾਂ ਦੀ 2016 ਤੋਂ ਪੇ-ਅਨਾਮਲੀ ਬਣਦੀ ਹੈ, ਜੋ ਅਜੇ ਤੱਕ ਪੈਂਡਿੰਗ ਹੈ। ਇਸ ਮੁੱਦੇ 'ਤੇ ਸਿੱਖਿਆ ਅਫਸਰਾਂ ਨਾਲ ਵਿਸਥਾਰ ਸਹਿਤ ਚਰਚਾ ਕੀਤੀ ਗਈ। ਯੂਨੀਅਨ ਆਗੂਆਂ ਨੇ ਦੱਸਿਆ ਕਿ ਇਸੇ ਤਰ੍ਹਾਂ ਹੀ ਯੂਨੀਅਨ ਵੱਲੋਂ ਪਿਛਲੇ ਦਿਨੀਂ ਸੂਬਾ ਪ੍ਰਧਾਨ ਜਗਸੀਰ ਸਿੰਘ ਸਹੋਤਾ ਦੀ ਅਗਵਾਈ ਵਿੱਚ ਵੀ ਜਲਾਲਾਬਾਦ ਵਿੱਚ ਵੱਡਾ ਇਕੱਠ ਕੀਤਾ ਗਿਆ ਤੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੂੰ ਮੰਗ ਪੱਤਰ ਸੌਂਪਿਆ ਗਿਆ। ਹੁਣ ਫਿਰ ਈਟੀਟੀ ਟੀਚਰਜ਼ ਯੂਨੀਅਨ ਵੱਲੋਂ ਮੰਗ ਕੀਤੀ ਗਈ ਕਿ ਜੇਕਰ ਇਸ ਵਾਰ ਵੀ ਲਾਰੇ ਲੱਪੇ ਲਗਾ ਕੇ ਟਾਇਮ ਪਾਸ ਕੀਤਾ ਗਿਆ ਤਾਂ ਯੂਨੀਅਨ ਵੱਲੋਂ ਬੀਪੀਈਓ ਦਫ਼ਤਰ ਵਿੱਚ ਧਰਨਾ ਦਿੱਤਾ ਜਾਵੇਗਾ।

ਇਸ ਦੀ ਜ਼ੁੰਮੇਵਾਰੀ ਟਾਲ ਮਟੋਲ ਕਰਨ ਵਾਲੇ ਅਫਸਰਾਂ ਦੀ ਹੋਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਲਵਾ ਜ਼ੋਨ ਦੇ ਸੀਨੀ. ਮੀਤ ਪ੍ਰਧਾਨ ਅਮਰਜੀਤ ਸਿੰਘ ਬਿੱਟੂ, ਜ਼ਿਲ੍ਹਾ ਪ੍ਰਧਾਨ ਸੁਨੀਲ ਕੁਮਾਰ ਗਾਬਾ, ਜ਼ਿਲ੍ਹਾ ਸਰਪ੍ਰਸਤ ਸੁਰਜੀਤ ਸਿੰਘ, ਤਹਿਸੀਲ ਪ੍ਰਧਾਨ ਸ਼ਗਨ ਸਿੰਘ, ਜਨਰਲ ਸਕੱਤਰ ਸੁਰਜੀਤ ਸਿੰਘ ਪਾਲੀ ਵਾਲੇ, ਸੋਨੂੰ ਕਪੂਰ ਬਲਾਕ ਪ੍ਰਧਾਨ, ਅੰਗਰੇਜ਼ ਸਿੰਘ ਜਨਰਲ ਮਹਾਲਮ, ਜਗਮੀਤ ਸਿੰਘ ਢਾਬਾਂ ਬਲਾਕ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਜੋਗਿੰਦਰ ਸਿੰਘ ਲਮੋਚੜ, ਰਾਜ ਕੁਮਾਰ ਟਰਿਆ, ਕੈਸ਼ੀਅਰ ਜਨਕ ਰਾਜ, ਮਨੀਸ਼ ਕੁਮਾਰ, ਰਾਹੁਲ ਕੁਮਾਰ ਆਦਿ ਮੌਜੂਦ ਸਨ।

# ਬਠੋਈ ਕਲਾਂ 'ਚ ਸ਼ਾਮਲਾਟ ਦੀ ਬੋਲੀ ਮੌਕੇ ਕਿਸਾਨ ਤੇ ਦਲਿਤ ਭਿੜੇ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਕਈ ਵਰ੍ਹਿਆਂ ਤੋਂ 200 ਕਿਸਾਨ ਪਰਵਾਰਾਂ ਵੱਲੋਂ ਵਾਹੀ ਜਾ ਰਹੀ ਪਿੰਡ ਬਠੋਈ ਕਲਾਂ ਦੀ ਕਰੀਬ 600 ਏਕੜ ਸ਼ਾਮਲਾਟ ਜ਼ਮੀਨ ਵਾਲੇ ਵਿਵਾਦ ਦੌਰਾਨ ਅਦਾਲਤੀ ਸਟੇਅ ਤੋਂ ਬਚੀ 100 ਏਕੜ ਜ਼ਮੀਨ ਨੂੰ ਚਕੌਤੇ 'ਤੇ ਦੇਣ ਮੌਕੇ ਇੱਥੇ ਸਥਿਤ ਬੀਡੀਪੀਓ ਦਫ਼ਤਰ ਵਿੱਚ ਪਿੰਡ ਦੇ ਕਿਸਾਨ ਤੇ ਮਜ਼ਦੂਰ ਪਰਵਾਰਾਂ ਦਰਮਿਆਨ ਝੜਪ ਹੋ ਗਈ।ਇਸ ਦੌਰਾਨ ਅੱਧੀ ਦਰਜਨ ਤੋਂ ਵੱਧ ਮੈਂਬਰ ਜ਼ਖ਼ਮੀ ਹੋ ਗਏ।ਉਧਰ, ਅਜਿਹੇ ਹੰਗਾਮੇ ਦੇ ਬਾਵਜੂਦ ਪੰਚਾਇਤ ਵਿਭਾਗ 100 ਵਿੱਚੋਂ 70 ਏਕੜ ਜ਼ਮੀਨ ਦੀ ਬੋਲੀ, ਨਿਲਾਮੀ ਕਰਵਾਉਣ ਵਿੱਚ ਸਫ਼ਲ ਰਿਹਾ।ਕਿਸਾਨਾਂ ਵੱਲੋਂ ਕੀਤੀ ਕਾਨੂੰਨੀ ਕਾਰਵਾਈ ਦੇ ਚੱਲਦਿਆਂ 600 ਏਕੜ ਵਿੱਚੋਂ ਕਰੀਬ 500 ਏਕੜ ਜ਼ਮੀਨ 'ਤੇ ਸਟੇਅ ਹੋ ਗਈ।ਬਾਕੀ 98 ਏਕੜ ਦੀ ਅੱਜ ਜਦੋਂ ਚਕੌਤੇ ਲਈ ਬੋਲੀ ਕਰਵਾਈ ਜਾ ਰਹੀ ਸੀ, ਤਾਂ ਕਿਸਾਨ ਜਥੇਬੰਦੀ ਉਗਰਾਹਾਂ ਦੇ ਸਹਿਯੋਗ ਨਾਲ ਕਿਸਾਨਾਂ ਨੇ ਬੀਡੀਪੀਓ ਦਫਤਰ ਦੇ ਬਾਹਰ ਧਰਨਾ ਲਾ ਦਿੱਤਾ।ਆਪਣੇ ਹਿੱਸੇ ਦੀ 33 ਫ਼ੀਸਦੀ ਜ਼ਮੀਨ ਚਕੌਤੇ 'ਤੇ ਲੈਣ ਲਈ ਪਿੰਡ ਦੇ ਮਜ਼ਦੂਰ, ਦਲਿਤ ਪਰਵਾਰ ਵੀ ਪੁੱਜ ਗਏ।ਇਸ ਦੌਰਾਨ ਝੜਪ ਹੋ ਗਈ।ਇਸ ਦੌਰਾਨ ਜਿੱਥੇ ਮਜ਼ਦੂਰ ਪਰਵਾਰਾਂ ਦੇ ਅੱਧੀ ਦਰਜਨ ਮੈਂਬਰ ਜ਼ਖ਼ਮੀ ਹੋ ਗਏ ਤੇ ਕੁਝ ਦੀਆਂ ਪੱਗਾਂ ਵੀ ਲੱਥ ਗਈਆਂ।ਕਿਸਾਨ ਪਰਵਾਰਾਂ ਨੇ ਵੀ ਦੂਜੀ ਧਿਰ 'ਤੇ ਸੱਟਾਂ ਮਾਰਨ ਦੇ ਦੋਸ਼ ਲਾਏ ਹਨ।ਮੌਕੇ 'ਤੇ ਮੌਜੂਦ ਡੀਡੀਪੀਓ ਤੇ ਬੀਬੀਡੀਓ ਦਾ ਕਹਿਣਾ ਸੀ ਕਿ 98 ਵਿੱਚੋਂ 70 ਏਕੜ ਜ਼ਮੀਨ ਦੋਵਾਂ ਵਰਗਾਂ ਵੱਲੋਂ ਚਕੌਤੇ 'ਤੇ ਲੈ ਲਈ ਹੈ ਤੇ ਬਾਕੀ 30 ਏਕੜ ਵੀ ਜਲਦੀ ਚਾੜ੍ਹ ਦਿੱਤੀ ਜਾਵੇਗੀ। ਅਸਲ 'ਚ ਕਿਸਾਨ ਨਹੀਂ ਚਾਹੁੰਦੇ ਕਿ ਇਹ ਜ਼ਮੀਨ ਉਨ੍ਹਾਂ ਦੇ ਕਬਜ਼ੇ ਹੇਠੋਂ ਨਿਕਲੇ, ਜਦਕਿ ਪ੍ਰਸ਼ਾਸਨ ਇਸ ਨੂੰ ਕਬਜ਼ਾ ਮੁਕਤ ਕਰਵਾਉਣ ਲਈ ਬਜ਼ਿੱਦ ਰਿਹਾ।ਇਸ ਤਹਿਤ ਪਿੰਡ ਦੇ ਮਜ਼ਦੂਰ ਪਰਵਾਰਾਂ ਵੱਲੋਂ ਆਪਣਾ ਹੱਕ ਹਾਸਲ ਕਰਨ ਲਈ ਬੋਲੀ ਦੇਣ ਦੀ ਹਿੰਮਤ ਦਿਖਾਈ ਗਈ।ਇਸੇ ਦੌਰਾਨ ਨੈਬ ਸਿੰਘ, ਦਰਸ਼ਨ ਸਿੰਘ ਤੇ ਹੋਰਨਾਂ ਨੂੰ ਰਾਜਿੰਦਰਾ ਹਸਪਤਾਲ ਭਰਤੀ ਕਰਵਾਇਆ ਗਿਆ ਹੈ, ਜਦਕਿ ਬਲਕਾਰ ਸਿੰਘ, ਗੁਰਮੇਲ ਸਿੰਘ, ਲਖਵਿੰਦਰ ਸਿੰਘ, ਵਿੱਕੀ ਸਿੰਘ ਤੇ ਸੁਖਵੀਰ ਸਿੰਘ ਦੇ ਗੁੱਝੀਆਂ ਸੱਟਾਂ ਵੱਜੀਆਂ ਹਨ।ਉਧਰ, ਕਿਸਾਨ ਯੂਨੀਅਨ ਉਗਰਾਹਾਂ ਦੇ ਆਗੂ ਮਾਸਟਰ ਬਲਰਾਜ ਜੋਸ਼ੀ ਤੇ ਜਸਵਿੰਦਰ ਬਰਾਸ ਦਾ ਕਹਿਣਾ ਸੀ ਕਿ ਪ੍ਰਸ਼ਾਸਨ ਜਾਣਬੁੱਝ ਕੇ ਕਿਸਾਨਾਂ ਤੇ ਮਜ਼ਦੂਰਾਂ ਵਿੱਚ ਫੁੱਟ ਪਾਉਣ ਦੀ ਕੋਸ਼ਿਸ਼ ਕਰ ਰਿਹਾ ਹੈ।

# ਐੱਸ ਐੱਚ ਓ ਦੀ ਨਸ਼ਿਆਂ ਵਿਰੁੱਧ ਕੀਤੀ ਕਾਰਵਾਈ ਦੀ ਹਰ ਪਾਸਿਓਂ ਸ਼ਲਾਘਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਸਰਕਾਰ ਤੇ ਜ਼ਿਲ੍ਹਾ ਪੁਲਸ ਮੁਖੀ ਅਜੇ ਗਾਂਧੀ ਦੇ ਦਿਸ਼ਾ ਨਿਰਦੇਸ਼ਾਂ ਤੇ ਡੀ.ਐੱਸ.ਪੀ. ਦਲਵੀਰ ਸਿੰਘ ਸਿੱਧੂ ਦੀ ਅਗਵਾਈ ਹੇਠ ਥਾਣਾ ਬਾਘਾ ਪੁਰਾਣਾ ਦੇ ਮੁਖੀ ਐੱਸ.ਐੱਚ.ਓ. ਜਸਵਰਿੰਦਰ ਸਿੰਘ ਸਿੱਧੂ ਵੱਲੋਂ ਬਾਘਾ ਪੁਰਾਣਾ ਅਧੀਨ ਪੈਂਦੇ ਖੇਤਰ ਵਿੱਚੋਂ ਨਸ਼ੇ ਨੂੰ ਬਿਲਕੁੱਲ ਖਤਮ ਕਰਨ ਲਈ ਛੇੜੀ ਗਈ ਜੰਗ ਤੇ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਨਸ਼ਾ ਸਮੱਗਲਰਾਂ ਤੇ ਤਸਕਰਾਂ 'ਤੇ ਕੀਤੀ ਗਈ ਅਤੇ ਕੀਤੀ ਜਾ ਰਹੀ ਵੱਡੀ ਕਾਰਵਾਈ ਦੀ ਬਾਘਾ ਪੁਰਾਣਾ ਅੰਦਰ ਹਰ ਪਾਸਿਓਂ ਸ਼ਲਾਘਾ ਹੋ ਰਹੀ ਹੈ, ਕਿਉਂਕਿ ਬੀਤੇ ਤਿੰਨ ਮਹੀਨਿਆਂ ਦੇ ਅੰਦਰ ਥਾਣਾ ਬਾਘਾ ਪੁਰਾਣਾ ਦੇ ਐੱਸ.ਐੱਚ.ਓ. ਜਸਵਰਿੰਦਰ ਸਿੰਘ ਵੱਲੋਂ ਵੱਡੀ ਕਾਰਵਾਈ ਕਰਦਿਆਂ ਨਸ਼ਾ ਸਮੱਗਲਾਂ ਤੇ ਤਸਕਰਾਂ 'ਤੇ ਟੋਟਲ 35 ਮੁਕਾਬਲੇ ਦਰਜ ਕਰਨ ਦੇ ਨਾਲ ਨਾਲ 61 ਕਥਿਤ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਕੇ ਸ਼ਲਾਖਾਂ ਪਿੱਛੇ ਦੇ ਚੁੱਕੇ ਹਨ, ਜਿਸ ਵਿੱਚ ਉਨ੍ਹਾਂ ਵੱਲੋਂ ਥਾਣਾ ਬਾਘਾ ਪੁਰਾਣਾ ਵਿੱਚ 29 ਐਨਡੀਪੀਐਸ ਐਕਟ 23 ਨੂੰ ਨਾਮਜ਼ਦ ਕੀਤਾ ਗਿਆ ਹੈ, ਜਿਨ੍ਹਾਂ ਵਿੱਚੋਂ 14 ਦੀ ਗ੍ਰਿਫਤਾਰੀ ਪੈ ਚੁੱਕੀ, ਜਦਕਿ 9 ਪੁਲਸ ਦੀ ਗ੍ਰਿਫਤ ਵਿੱਚੋਂ ਬਾਹਰ ਹਨ ਤੇ ਉਨ੍ਹਾਂ ਨੂੰ ਕਾਬੂ ਕਰਨ ਦੇ ਲਈ ਥਾਣਾ ਮੁਖੀ ਦੀ ਟੀਮ ਛਾਪੇਮਾਰੀ ਕਰ ਰਹੀ ਹੈ।ਬੀਤੇ ਤਿੰਨ ਮਹੀਨਿਆਂ ਦੌਰਾਨ ਵੱਖ-ਵੱਖ ਮਾਮਲਿਆਂ ਵਿੱਚ ਬਾਘਾ ਪੁਰਾਣਾ ਪੁਲਸ ਵੱਲੋਂ 1 ਕਿੱਲੋ 33 ਗ੍ਰਾਮ ਹੈਰੋਇਨ, 417 ਨਸ਼ੀਲੀ ਗੋਲੀਆਂ, 20 ਕਿੱਲੋ ਪੋਸਤ ਦੇ ਇਲਾਵਾ 34,900 ਰੁਪਏ ਡਰੱਗ ਮਨੀ ਬਰਾਮਦ ਕੀਤੀ ਗਈ ਹੈ।ਉਕਤ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਜਸਵਰਿੰਦਰ ਸਿੰਘ ਸਿੱਧੂ ਨੇ ਪੱਤਰਕਾਰਾਂ ਨੂੰ ਗੱਲਬਾਤ ਕਰਦਿਆਂ ਦੱਸਿਆ ਕਿ ਉਨ੍ਹਾਂ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਬਾਘਾ ਪੁਰਾਣਾ ਹਲਕੇ ਦੇ ਪਿੰਡਾਂ ਵਿੱਚ ਸੈਮੀਨਾਰ ਲਾ ਕੇ ਲੋਕਾਂ ਨੂੰ ਜਿੱਥੇ ਜਾਗਰੂਕ ਕੀਤਾ ਜਾ ਰਿਹਾ ਹੈ, ਉਥੇ ਹੀ ਜੋ ਨੌਜਵਾਨ ਨਸ਼ਾ ਛੱਡਣਾ ਚਾਹੁੰਦੇ ਹਨ, ਉਨ੍ਹਾ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਭਰਤੀ ਕਰਵਾਇਆ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਜੋ ਮਾਂ-ਬਾਪ ਆਪਣੇ ਬੱਚਿਆਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਭਰਤੀ ਕਰਵਾਉਣ ਤੋਂ ਅਸਮਰਥ ਹਨ, ਉਨ੍ਹਾਂ ਦੀ ਮਦਦ ਵੀ ਸਾਡੇ ਵੱਲੋਂ ਮੂਹਰੇ ਹੋ ਕੇ ਕੀਤੀ ਜਾਂਦੀ ਹੈ।ਇਸ ਮੌਕੇ ਉਨ੍ਹਾਂ ਦੱਸਿਆ ਕਿ ਜੋ ਵੀ ਸਾਨੂੰ ਨਸ਼ਾ ਤਸਕਰਾਂ ਤੇ ਸਮੱਗਲਰਾਂ ਬਾਰੇ ਜਾਣਕਾਰੀ ਦਿੰਦਾ ਹੈ, ਸਾਡੇ ਵੱਲੋਂ ਉਸ ਦਾ ਨਾਮ ਤੇ ਪਤਾ ਗੁਪਤ ਰੱਖਿਆ ਜਾਂਦਾ ਹੈ ਤਾਂ ਕਿ ਕਿਸੇ ਨੂੰ ਕਿਸੇ ਵੀ ਪ੍ਰਕਾਰ ਦੀ ਸਮੱਸਿਆ ਪੇਸ਼ ਨਾ ਆ ਸਕੇ ਤੇ ਉਨ੍ਹਾਂ ਦਾ ਪੁਲਸ ਪ੍ਰਸ਼ਾਸਨ ਪ੍ਰਤੀ ਵਿਸ਼ਵਾਸ ਬਣਿਆ ਰਹੇ।ਉਨ੍ਹਾਂ ਹਲਕਾ ਬਾਘਾ ਪੁਰਾਣਾ ਅਧੀਨ ਆਉਂਦੇ ਪਿੰਡਾਂ ਦੇ ਸਰਪੰਚਾਂ, ਪੰਚਾਂ, ਸਮਾਜ ਸੇਵੀ ਕਲੱਬਾਂ ਦੇ ਇਲਾਵਾ ਨੰਬਰਦਾਰਾਂ ਨੂੰ ਅਪੀਲ ਕੀਤੀ ਕਿ ਉਹ ਨਸ਼ੇ ਦੇ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਤੇ ਜੇਕਰ ਕੋਈ ਵੀ ਨਸ਼ਾ ਤਸਕਰ ਉਨ੍ਹਾਂ ਦੇ ਖੇਤਰ ਵਿਚ ਨਸ਼ਾ ਵੇਚਦਾ ਹੈ ਤਾਂ ਉਸ ਦੀ ਜਾਣਕਾਰੀ ਤੁਰੰਤ ਪੁਲਸ ਨੂੰ ਦੇਣ ਅਤੇ ਨਸ਼ਾ ਤਸਕਰ ਦੀ ਜਾਣਕਾਰੀ ਦੇਣ ਵਾਲੇ ਦਾ ਨਾਮ ਪਤਾ ਬਿਲਕੁੱਲ ਗੁਪਤ ਰੱਖਿਆ ਜਾਵੇਗਾ, ਇਸ ਲਈ ਤੁਹਾਨੂੰ ਨਸ਼ਾ ਵੇਚਣ ਵਾਲਿਆਂ ਤੋਂ ਡਰਨ ਦੀ ਲੋੜ ਨਹੀਂ ਪੁਲਸ ਹਮੇਸ਼ਾ ਤੁਹਾਡੀ ਸੁਰੱਖਿਆ ਲਈ ਹਾਜ਼ਰ ਹੈ।ਇਸ ਮੌਕੇ ਉਨ੍ਹਾਂ ਨਸ਼ਾ ਸਮੱਗਲਰਾਂ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਆਪਣੇ ਆਪ ਨੂੰ ਪੁਲਸ ਨੂੰ ਸਰੰਡਰ ਕਰ ਦੇਣ ਜਾਂ ਫਿਰ ਇਹ ਮਾੜੇ ਕੰਮ ਛੱਡ ਦੇਣ ਨਹੀਂ ਤਾਂ ਉਹ ਸਜ਼ਾ ਭੁਗਤਣ ਲਈ ਤਿਆਰ ਰਹਿਣ।ਉਨ੍ਹਾਂ ਕਿਹਾ ਕਿ ਕੋਈ ਨਸ਼ਾ ਤਸਕਰ ਬਖ਼ਸ਼ਿਆ ਨਹੀਂ ਜਾਵੇਗਾ ਤੇ ਜੇਕਰ ਕੋਈ ਵੀ ਨਸ਼ਾ ਤਸਕਰ ਦੀ ਮਦਦ ਕਰਦਾ ਪਾਇਆ ਗਿਆ ਤਾਂ ਕਾਰਵਾਈ ਉਸ 'ਤੇ ਵੀ ਕੀਤੀ ਜਾਵੇਗੀ।

6- June - Page - 6.qxd 6/5/2025 10:59 PM Page 1



# ਮੈਰਿਟ 'ਚ ਆਏ ਵਿਦਿਆਰਥੀਆਂ ਨੂੰ 9 ਜੁਲਾਈ ਨੂੰ ਕੀਤਾ ਜਾਵੇਗਾ ਸਨਮਾਨਤ

ਮੋਹਾਲੀ (ਗੁਰਜੀਤ ਬਿੱਲਾ)— ਕਰਤਾਰ ਸਿੰਘ ਰਾਣੂੰ ਟਰੱਸਟ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਵੱਲੋਂ ਇੱਕ ਸਾਂਝੀ ਮੀਟਿੰਗ ਕੀਤੀ ਗਈ, ਜਿਸ ਵਿੱਚ 9 ਜੁਲਾਈ ਨੂੰ ਹੋਣ ਵਾਲੇ ਇੱਕ ਵੱਡੇ ਸਮਾਗਮ ਦੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਗਿਆ। ਇਹ ਪ੍ਰੋਗਰਾਮ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਆਡੀਟੋਰੀਅਮ ਵਿੱਚ ਹੋਵੇਗਾ, ਜਿੱਥੇ ਬੋਰਡ ਪ੍ਰੀਖਿਆਵਾਂ ਵਿੱਚ ਮੈਰਿਟ ਵਿੱਚ ਆਏ ਵਿਦਿਆਰਥੀਆਂ ਨੂੰ ਪ੍ਰਸੰਸਾ ਪੱਤਰ, ਮੈਡਲ ਅਤੇ ਮੋਮੈਂਟੋ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸ ਦੇ ਨਾਲ ਹੀ ਪੰਜਾਬੀ ਸੱਭਿਆਚਾਰ ਦੀਆਂ ਰੰਗੀਨ ਪੇਸ਼ਕਾਰੀਆਂ, ਜਿਵੇਂ ਕਿ ਗਿੱਧਾ, ਭੰਗੜਾ, ਲੋਕ ਗੀਤ ਅਤੇ ਹੋਰ ਸੱਭਿਆਚਾਰਕ ਪ੍ਰੋਗਰਾਮਾਂ ਦਾ ਵੀ ਆਯੋਜਨ ਕੀਤਾ ਜਾਵੇਗਾ। ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਕਰਤਾਰ ਸਿੰਘ ਰਾਣੂੰ ਟਰੱਸਟ ਦੇ ਪ੍ਰਧਾਨ ਨੇ ਕਿਹਾ ਕਿ "ਇਹ ਸਮਾਗਮ ਸਿਰਫ ਇਨਾਮ ਵੰਡਣ ਤੱਕ ਸੀਮਿਤ ਨਹੀਂ ਹੈ, ਸਗੋਂ ਇਹ ਪੰਜਾਬ ਦੇ ਨੌਜਵਾਨਾਂ ਨੂੰ ਪੜ੍ਹਾਈ ਵੱਲ ਪ੍ਰੇਰਿਤ ਕਰਨ ਅਤੇ ਸਾਡੀ ਸੱਭਿਆਚਾਰਕ ਵਿਰਾਸਤ ਨੂੰ ਸਾਂਭਣ ਦਾ ਵੀ ਇੱਕ ਮੌਕਾ ਹੈ।" ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਦੇ ਪ੍ਰਧਾਨ ਰਮਨਦੀਪ ਕੌਰ ਗਿੱਲ ਨੇ ਇਸ ਪ੍ਰੋਗਰਾਮ ਨੂੰ ਸੰਯੁਕਤ ਰੂਪ ਵਿੱਚ ਆਯੋਜਿਤ ਕਰਨ 'ਤੇ ਖੁਸ਼ੀ ਜਾਹਿਰ ਕੀਤੀ ਅਤੇ ਕਿਹਾ ਕਿ "ਇਹ ਸਾਡੇ ਵੱਲੋਂ ਸਮਾਜ ਲਈ ਇੱਕ ਸੇਵਾ ਹੈ ਜਿਸ ਵਿੱਚ ਅਸੀਂ ਸਿੱਖਿਆ ਅਤੇ ਸੱਭਿਆਚਾਰ ਦੋਵਾਂ ਨੂੰ ਉਤਸ਼ਾਹਿਤ ਕਰ ਰਹੇ ਹਾਂ।" ਇਸ ਸਮਾਰੋਹ ਲਈ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀ, ਆਦਰਸ਼ ਸਕੂਲਾਂ ਦੇ ਪ੍ਰਿੰਸੀਪਲ, ਅਧਿਆਪਕ, ਵਿਦਿਆਰਥੀਆਂ ਦੇ ਮਾਪਿਆਂ ਅਤੇ ਮੀਡੀਆ ਨੂੰ ਵੀ ਸੱਦਾ ਦਿੱਤਾ ਜਾਵੇਗਾ।

## ਪਬਲਿਕ ਨੋਟਿਸ

ਮੈਂ, ਪਰਮਜੀਤ ਕੌਰ ਪਤਨੀ ਹਰਨੇਕ ਸਿੰਘ, ਵਾਸੀ ਸੰਗਰੂਰ ਵੈੱਲੀ ਕਾਲੋਨੀ ਸੰਗਰੂਰ ਦੀ ਰਹਿਣ ਵਾਲੀ ਹਾਂ। ਮੈਂ ਸਟੇਟ ਬੈਂਕ ਆਫ ਇੰਡੀਆ, ਬਰਾਂਚ ਲੱਡਾ ਕੋਠੀ ਕੋਡ 05575 ਪਾਸੋਂ ਆਪਣੀ ਪ੍ਰਾਪਰਟੀ/ਪਲਾਟ ਮਕਾਨ ਨੰਬਰ 16, ਵਾਕਾ ਨਿਊ ਸੰਗਰੂਰ ਵੈਲੀ, ਅਕੋਈ ਸਾਹਿਬ, ਤਹਿਸੀਲ ਵਾ ਜ਼ਿਲ੍ਹਾ ਸੰਗਰੂਰ ਵਿਖੇ ਖੇਵਟ ਨੰਬਰ 240/329-330, ਖਸਰਾ ਨੰਬਰ 343/62, 344/40, 345/613, 346/410, 705/340/37, 707/341/31515, 709/342/2417, ਤਾਦਾਦੀ 20 ਬਿੱਘੇ 12 ਵਿਸਵੇ 12 ਵਿਸਵਾਸੀਆਂ ਵਿੱਚੋਂ 275/91890 ਹਿੱਸਾ ਬਕੱਦਰ 0116.2/3 ਪੁਖਤਾ (275.55 ਵਰਗ ਗਜ਼), ਉਪਰ ਲੋਨ ਲੈਣਾ ਹੈ, ਜਿਸ ਬਾਬਤ ਰਜਿਸਟਰੀ ਵਸੀਕਾ ਨੰਬਰ 1695 ਮਿਤੀ 11.08.2014 ਜੋ ਕਿ ਮੈ/ਸ: ਗਰੇਵਾਲ ਕੰਸਟਰਕਸ਼ਨ ਲਿਮ: ਸੰਗਰੂਰ ਵੱਲੋਂ ਦੀਪਕ ਕੁਮਾਰ ਪੁੱਤਰ ਰਾਜਿੰਦਰ ਕੁਮਾਰ, ਵਾਸੀ ਮੰਗਵਾਲ (ਸੰਗਰੂਰ) ਦੇ ਨਾਮ ਪਰ ਸੀ। ਪਰੰਤੂ ਅਸਲ ਵਸੀਕਾ ਨੰਬਰ 1695 ਮਿਤੀ 11.08.2014 ਮੇਰੇ ਪਾਸੋਂ ਪਾਸੋਂ ਕਿਧਰੇ ਗੁੰਮ ਹੋ ਗਈ ਹੈ. ਜਿਸ ਬਾਬਤ ਡੀ.ਡੀ.ਆਰ. ਨੰਬਰ 20 ਮਿਤੀ 05.06.2025 ਥਾਣਾ ਸਦਰ ਧੂਰੀ ਵਿਖੇ ਦਰਜ ਕਰਵਾ ਦਿੱਤੀ ਹੈ। ਜੇਕਰ ਉਕਤ ਗੁੰਮ ਹੋਏ ਵਸੀਕੇ ਸਬੰਧੀ ਕਿਸੇ ਨੂੰ ਕੋਈ ਇਤਰਾਜ ਹੈ ਤਾਂ ਈਮੇਲ sbi.05575@sbi.co.in ਤੇ 15 ਦਿਨ ਦੇ ਅੰਦਰ ਸੂਚਿਤ ਕੀਤਾ ਜਾਵੇ। ਉਸ ਤੋਂ ਬਾਅਦ ਕੋਈ ਇਤਰਾਜ ਨਹੀਂ ਮੰਨਿਆ ਜਾਵੇਗਾ।

## COURT NOTICE

(U/o 5 Rule 20 CPC)
In The Court of
Sh. Sandeep Kumar Singla
Matrimonial Cases Special Courts, Patiala
CNR No.:- PBPT01-011193-2023
Next Date:-23-07-2025
Jatinder Singh
Vs.
Jaspreet Kaur
Publication Issued To :
Jaspreet Kaur W/o Jatinder Singh D/o Amrik Singh R/o Village Mehrampur Tapprian, Tehsil Kharar, District Mohali.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 23-07-2025 at 10.00 a.m.

For details logon to https://highcourtchd.gov.in/?mod=district_notice&district=patiala

Matrimonial Cases Special Courts, Patiala
Dated, this day of 04-06-2025

## COURT NOTICE

(U/o 5 Rule 20 CPC)
In The Court of Ms. Rajbinder Kaur
Additional Civil Judge Senior Division-2, Patiala
CNR No. :- PBPT02-000551-2024
Next Date:-02-07-2025
State Bank of India
Vs.
Varinder Singh
Publication Issued To :
Varinder Singh Son : Gurdev Singh, R/o House No. 78, Ward No. 4 Sirhind City, District Fatehgarh Sahib, 2nd Address Varinder Singh S/o Gurdev Singh Employee of Director General of Police, Office of Statie Gurad P1, Fatehgarh Sahib Posted in Head Constable /PF (Belt No. 777/FGS)

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 02-07-2025 at 10.00 a.m.

For details logon to https://highcourtchd.gov.in/?mod=district_notice&district=patiala

Additional Civil Judge Senior Division-2, Patiala
Dated, this day of 04-06-2025

## COURT NOTICE

(U/o 5 Rule 20 CPC)
In The Court of
Sh. Avtar Singh Barda
Additional District and Sessions Judge-3, Patiala
CMS-305-2024
CNR No.:- PBPT01-010716-2024
Next Date:-30-07-2025
Parminder Singh
Vs.
General Public
Publication Issued To :
General Public District Patiala, State of Punjab, India

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 30-07-2025 at 10.00 a.m.

For details logon to https://highcourtchd.gov.in/?mod=district_notice&district=patiala

Additional District and Sessions Judge-3, Patiala
Dated, this day of 04-06-2025

## ਉੱਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ ਮਾਲਭਾੜਾ, ਉੱਤਰ ਰੇਲਵੇ, ਫਿਰੋਜ਼ਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ. | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR25-76 | 19.06.2025 ਨੂੰ 11:00 Hrs. | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ਼ 'ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ)11906/F1, 20424/F1, 11906/R1, 14630/F1, 14680/F1, 15015/F1, 14730/R1, 14542/F1 & 14682/F1. |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1662/25

## punjab national bank

........the name you can Bank upon

ਬਰਾਂਚ : ਐੱਸ ਯੂ ਐੱਸ ਨਗਰ (222100), ਜਲੰਧਰ-144001

**ਸਾਡੀ ਬਰਾਂਚ ਵਿਖੇ ਲਾਕਰਾਂ ਦੇ ਕਿਰਾਏ 'ਚ ਬਕਾਇਆਂ ਲਈ ਨੋਟਿਸ**

ਪੰਜਾਬ ਨੈਸ਼ਨਲ ਬੈਂਕ, ਬਰਾਂਚ ਦਫ਼ਤਰ : ਐੱਸ ਯੂ ਐੱਸ ਨਗਰ (222100), ਜਲੰਧਰ ਨੇ ਹੇਠਾਂ ਸਾਰਣੀ 'ਚ ਦਰਸਾਏ ਲਾਕਰ ਕਿਰਾਏ 'ਤੇ ਲੈਣ ਵਾਲਿਆਂ ਨੂੰ ਸੇਫ ਡਿਪਾਜ਼ਟ ਵੈਲਟਸ (ਲਾਕਰਜ਼) ਕਿਰਾਏ 'ਤੇ ਦਿੱਤੇ ਸਨ। ਲਾਕਰ ਧਾਰਕਾਂ ਨੇ 3 ਸਾਲ ਤੋਂ ਵੱਧ ਸਮੇਂ ਤੋਂ ਲਾਕਰਾਂ ਦਾ ਕਿਰਾਇਆ ਅਦਾ ਨਹੀਂ ਕੀਤਾ। ਉਨ੍ਹਾਂ ਦੇ ਕਿਰਾਏ ਦਾ ਬਕਾਇਆ ਹੇਠਾਂ ਦਰਸਾਈ ਸਾਰਣੀ 'ਚ ਦਰਸਾਇਆ ਗਿਆ ਹੈ। ਬੈਂਕ ਨੇ ਲਾਕਰ ਕਿਰਾਏ 'ਤੇ ਲੈਣ ਵਾਲੇ ਸੰਬੰਧਤਾਂ ਨੂੰ ਲਾਕਰਾਂ ਦੇ ਬਕਾਇਆ ਕਿਰਾਏ ਲਈ ਤਿੰਨ ਨੋਟਿਸ ਜਾਰੀ ਕੀਤੇ ਸਨ, ਪਰ ਅਜੇ ਤੱਕ ਕੋਈ ਕਿਰਾਇਆ ਜਮ੍ਹਾਂ ਨਹੀਂ ਹੋਇਆ।

| ਲੜੀ ਨੰ. | ਲਾਕਰ ਨੰ. | ਨਾਂਅ | ਪਤਾ |
|---|---|---|---|
| 1. | AE00424 | ਕ੍ਰਿਸ਼ਨ ਲਾਲ ਖੁਰਾਨਾ ਅਤੇ ਸ੍ਰੀਮਤੀ ਪੁਸ਼ਪਾ ਖੁਰਾਨਾ | ਮਕਾਨ ਨੰ: 229, ਪਿੰਡ ਤੇ ਡਾਕਖਾਨਾ ਦਕੋਹਾ, ਜਲੰਧਰ ਛਾਉਣੀ |

ਇਹ ਨੋਟਿਸ ਉਨ੍ਹਾਂ ਲਾਕਰ ਧਾਰਕਾਂ ਨੂੰ ਜਾਰੀ ਕੀਤਾ ਜਾਂਦਾ ਹੈ, ਜਿਨ੍ਹਾਂ ਉੱਪਰ ਦਰਸਾਏ ਲਾਕਰਾਂ ਦੇ ਕਿਰਾਏ ਅਜੇ ਤੱਕ ਅਦਾ ਨਹੀਂ ਕੀਤੇ। ਜੇਕਰ ਬੈਂਕ ਨੂੰ ਉਨ੍ਹਾਂ ਦੇ ਕਿਰਾਏ ਤਿੰਨ ਮਹੀਨਿਆਂ ਦੇ ਵਿੱਚ-ਵਿੱਚ ਅਦਾ ਨਹੀਂ ਕੀਤੇ ਜਾਂਦੇ ਤਾਂ ਬੈਂਕ ਵੱਲੋਂ ਗਾਈਡ ਲਾਈਨਜ਼ ਅਨੁਸਾਰ ਸੰਬੰਧਤ ਲਾਕਰ ਧਾਰਕਾਂ ਦੇ ਲਾਕਰ ਉਨ੍ਹਾਂ ਦੇ ਜੋਖ਼ਮ ਅਤੇ ਲਾਗਤ ਦੇ ਖੋਲ੍ਹ ਦਿੱਤੇ ਜਾਣਗੇ ਅਤੇ ਬੈਂਕ ਇਸ ਦੇ ਕਿਸੇ ਇੱਕ ਹਿੱਸੇ ਜਾਂ ਸਮੁੱਚੀ ਸਮੱਗਰੀ ਦੀ ਜਨਤਕ ਜਾਂ ਨਿੱਜੀ ਵਿਕਰੀ ਦੁਆਰਾ ਇਸ ਦੀ ਅਦਾਇਗੀ ਨੂੰ ਪ੍ਰਾਪਤ ਕਰ ਸਕਦਾ ਹੈ। ਲਾਕਰ ਧਾਰਕ ਵੱਲੋਂ ਬੈਂਕ ਦੇ ਬਕਾਏ ਦੇ ਸੰਤੁਸ਼ਟ ਕਰਨ ਤੋਂ ਬਾਅਦ ਲਾਕਰ ਦੀ ਕੋਈ ਵੀ ਰਕਮ ਅਤੇ ਸਮੱਗਰੀ ਜੋ ਬਾਕੀ ਬਚੀ ਹੈ, ਲਾਕਰ ਕਿਰਾਏ ਦੇ ਲੈਣ-ਦੇਣ ਦੇ ਪੂਰੇ ਜੋਖ਼ਮ 'ਤੇ ਪੂਰੀ ਜ਼ਿੰਮੇਵਾਰੀ ਅਤੇ ਲਾਗਤ 'ਤੇ ਬੈਂਕ ਦੁਆਰਾ ਰੱਖੀ ਜਾਵੇਗੀ। ਜੇਕਰ ਬੈਂਕ ਨੂੰ ਅਜਿਹੀ ਵਿਕਰੀ ਕਰਨ 'ਤੇ ਅਦਾਇਗੀ ਨਾਕਾਫੀ ਹੋਵੇਗੀ ਤਾਂ ਲਾਕਰ ਧਾਰਕ ਇਸ ਘਾਟ ਲਈ ਜ਼ਿੰਮੇਵਾਰ ਹੋਵੇਗਾ।

ਮਿਤੀ : 05.06.2025 ਸਥਾਨ : ਜਲੰਧਰ ਪੰਜਾਬ ਨੈਸ਼ਨਲ ਬੈਂਕ

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉੱਤਰ ਰੇਲਵੇ, ਫਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ/ਟੀ-04/25-26 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 26.06.2025 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ। ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਂਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।

ਐਨ। ਆਈ। ਟੀ:

| | | | |
|---|---|---|---|
| ਕੰਮ ਦਾ ਨਾਮ | (i) ਫਿਰੋਜ਼ਪੁਰ ਮੰਡਲ ਵਿਚ ਯੂਐਫਐਸਬੀਆਈ ਦੀ ਵਿਸ਼ਵਸਨੀਅਤਾ ਸੁਧਾਰ ਕੰਮ ਕਰਨ ਦਾ ਕਾਂਟਰੈਕਟ। (ii) ਫਿਰੋਜ਼ਪੁਰ ਮੰਡਲ ਦੇ ਸਟੇਸ਼ਨਾਂ ਤੇ ਇਫਟ੍ਰਾਨਿਕਸ ਮੇਕ ਡਾਟਾ ਲਾਗਰ ਅਤੇ ਕੰਟ੍ਰੋਲ ਆਫਿਸ ਐਪਲੀਕੇਸ਼ਨ (ਸੀਓਏ) ਨੂੰ ਤਿੰਨ ਸਾਲਾਂ ਦੇ ਲਈ ਸਥਾਪਿਤ ਕਰਨ ਦਾ ਵਿਆਪਕ ਸਲਾਨਾ ਰਖਰਖਾਅ ਦਾ ਕਾਂਟਰੈਕਟ। | | |
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 26.06.2025 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 04.06.2025 10:39 |
| ਅੰਦਾਜਨ ਲਾਗਤ | (i) 2256399.78 (ii) 26711785.03 | ਬਿਡਿੰਗ ਸ਼ੁਰੂ ਦੀ ਮਿਤੀ (ਆਈ.ਆਰ.ਈ.ਪੀ.ਐਸ) | 12.06.2025 |
| ਬਿਆਨਾ ਰਾਸ਼ੀ (ਰੁ) | (i) 45100.00 (ii) 283600.00 | ਕੰਮ ਪੂਰਾ ਕਰਨ ਦਾ ਸਮਾਂ | (i) 3 ਮਹੀਨੇ (ii) 36 ਮਹੀਨੇ |

ਨਿਵਿਦਾ ਸੂਚਨਾ ਨੰ. 433-ਸਿਗ- ਟੀ-04-25-26 ਮਿਤੀ: 04.06.2025 1663/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਪਬਲਿਕ ਨੋਟਿਸ/ਇਸ਼ਤਿਹਾਰ

ਬਾ-ਅਦਾਲਤ ਸ੍ਰੀ ਰਜਿੰਦਰ ਸਿੰਘ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਕਲਾਨੌਰ, ਜ਼ਿਲ੍ਹਾ ਗੁਰਦਾਸਪੁਰ।
ਕੇਸ ਅਨੁਵਾਨ : ਜਸਵਿੰਦਰ ਕੌਰ ਬਨਾਮ ਗੁਰਵਿੰਦਰ ਸਿੰਘ ਆਦਿ
ਵਾਕਿਆ: ਪਿੰਡ ਲੱਖਣ ਕਲਾਂ ਹ.ਬ 123 ਕਿਸਮ ਕੇਸ : ਤਕਸੀਮ

ਦਰਖਾਸਤ ਬਰਾਏ ਤਕਸੀਮ ਅਧੀਨ ਧਾਰਾ 111 ਆਫ ਪੰਜਾਬ ਲੈਂਡ ਰੈਵੀਨਿਊ ਐਕਟ ਬਾਬਤ ਜ਼ਮੀਨ ਕਨਾਲ, ਮਰਲੇ, ਖੇਵਟ ਨੰ. 21 ਅਤੇ 98 ਖਤੌਨੀ 69 ਤੋਂ 71 ਮੁਤਾਬਿਕ ਜਮ੍ਹਾਂਬੰਦੀ ਸਾਲ 2021-22 ਵਾਕਿਆ ਪਿੰਡ ਲੱਖਣ ਕਲਾਂ ਹ: ਬ: ਨੰ:.123. ਤਹਿਸੀਲ ਕਲਾਨੌਰ ਜ਼ਿਲ੍ਹਾ ਗੁਰਦਾਸਪੁਰ।

ਉਕਤ ਅਨੁਵਾਨ ਕੇਸ ਇਸ ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਹੇਠ ਲਿਖੇ ਉੱਤਰਵਾਦੀਆਂ ਦੀ ਇਤਲਾਹ ਸਾਧਾਰਨ ਤਰੀਕੇ ਨਾਲ ਹੋਣੀ ਸੰਭਵ ਨਹੀਂ ਹੈ। ਇਸ ਨੋਟਿਸ ਦੇ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਅਨੁਵਾਨ ਕੇਸ ਨੂੰ ਲੈ ਕੇ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਉਹ ਤਾਰੀਖ ਪੇਸ਼ੀ 26/6/2025 ਨੂੰ ਅਸਾਲਤਨ ਜਾਂ ਵਕਾਲਤਨ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕਰ ਸਕਦੇ ਹਨ। ਹਾਜ਼ਰ ਨਾ ਹੋਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ, ਬਾਅਦ ਵਿੱਚ ਕੋਈ ਉਜ਼ਰ/ਇਤਰਾਜ਼ ਨਹੀਂ ਸੁਣਿਆ ਜਾਵੇਗਾ।

ਪਾਰਟੀਆਂ ਦੇ ਨਾਂਅ :

1. Jaswinder Kaur W/O Harbans Singh
Resident of Vill Lakhan Kalan, Tehsil Kalanaur Distt Gurdaspur. ...Applicants

Versus

1. Gurwinder Singh S/O Seetal Singh 2. Kashmir Singh, 3. Sulkhan Singh Son Of Sardool Singh 4. Palwinder Kaur W/O Kashmir Singh, 5. Jasbir Singh S/O Lakhwinder Singh 6. Baljit Kaur W/O Lakhbir Singh 7. Malkiat Kaur Wd/O Seetal Singh, 8. Gurmeet Kaur Wd/O Lakhwinder Singh 9. Rajbir Kaur D/O Lakhwinder Singh 10. Som Raj S/O Babu Ram, 11.kuldeep Singh,12. Balwinder Singh 13.jaswinder Singh 14. Tilak Singh Son Of Aainchal Singh 15. Darshana Devi Wd/O Aainchal Singh. All are Resident of Village Lakhan Kalan Tehsil Kalanaur Distt. Gurdaspur. ........Respondents

ਇਹ ਨੋਟਿਸ ਅੱਜ ਮਿਤੀ 29/5/2025 ਨੂੰ ਮੇਰੇ ਹਸਤਾਖਰ ਅਤੇ ਅਦਾਲਤ ਦੀ ਮੋਹਰ ਹੇਠ ਜਾਰੀ ਕੀਤਾ ਗਿਆ।
ਨੰ: 149 ਮਿਤੀ : 29.05.25 ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ ਕਲਾਨੌਰ, ਜ਼ਿਲ੍ਹਾ ਗੁਰਦਾਸਪੁਰ।

## ਅਦਾਲਤੀ ਇਸ਼ਤਿਹਾਰ

**ਬਾ ਅਦਾਲਤ ਸ੍ਰੀ ਅਸ਼ੋਕ ਕੁਮਾਰ ਸਹਾਇਕ ਕੁਲੈਕਟਰ ਦਰਜਾ ਅੱਵਲ ਨਕੋਦਰ।**
ਮਿਸਲ ਨੰ. Partition/1/2025, Other Case 21-33/T/2025
ਵਾਕਿਆ ਰਕਬਾ ਪਿੰਡ ਲੀਲ

1. ਸ੍ਰੀ ਕੁਲਦੀਪ ਸਿੰਘ 2. ਗੁਰਮੁੱਖ ਸਿੰਘ ਪੱਤਰਾਨ ਗੁਰਨਾਮ ਸਿੰਘ ਪੁੱਤਰ ਰਾਮਾ ਸਿੰਘ ਵਾਸੀਆਨ ਪਿੰਡ ਲੀਲ ਤਹਿਸੀਲ ਨਕੋਦਰ ਜ਼ਿਲ੍ਹਾ ਜਲੰਧਰ। ਫਰੀਕੈਨ ਅੱਵਲ

ਬਨਾਮ

1. ਸ੍ਰੀ ਪ੍ਰੀਤਮ ਸਿੰਘ ਪੁੱਤਰ ਕਾਬਲ ਸਿੰਘ ਪੁੱਤਰ ਨਰੈਣ ਸਿੰਘ 2. ਬਲਵੰਤ ਸਿੰਘ 3. ਨਾਜਰ ਸਿੰਘ ਪੁਤਰਾਨ ਮਾਘੀ ਪੁੱਤਰ ਰਲਾ 4. ਬਲਵੀਰ ਸਿੰਘ 5. ਜਸਵੀਰ ਸਿੰਘ ਪੁਤਰਾਨ ਨਾਜਰ ਸਿੰਘ ਪੁੱਤਰ ਮਾਘੀ 6. ਭਜਨ ਕੌਰ ਵਿਧਵਾ ਪ੍ਰੀਤੂ ਪੁੱਤਰ ਦੀਵਾਨ ਸਿੰਘ 7. ਸ਼ਰਨਜੀਤ ਕੌਰ ਪੁੱਤਰੀ ਵਾ 8. ਗੁਰਨਾਮ ਸਿੰਘ ਪੁੱਤਰ ਵਾ 9. ਸਰਬਜੀਤ ਕੌਰ ਪੁੱਤਰੀ ਪ੍ਰੀਤੂ ਪੁੱਤਰ ਦੀਵਾਨ ਸਿੰਘ 10. ਰਜਵੰਤ ਕੌਰ ਪੁੱਤਰੀ ਵਾ 11. ਦਲਜੀਤ ਸਿੰਘ ਪੁੱਤਰ ਵਾ 12. ਅਮਰ ਕੌਰ ਵਿਧਵਾ ਫੁੰਮਣ ਸਿੰਘ ਪੁੱਤਰ ਦੀਵਾਨ ਸਿੰਘ 13. ਮਨਜੀਤ ਕੌਰ ਪੁੱਤਰੀ ਫੁੰਮਣ ਸਿੰਘ ਪੁੱਤਰ ਦੀਵਾਨ ਸਿੰਘ 14. ਰੇਵਲ ਸਿੰਘ ਪੁੱਤਰ ਦੀਵਾਨ ਸਿੰਘ ਪੁੱਤਰ ਰਲਾ 15. ਜੋਗਿੰਦਰ ਸਿੰਘ ਪੁੱਤਰ ਧੰਨਾ ਸਿੰਘ ਪੁੱਤਰ ਰਲਾ 16. ਦੇਵ ਸਿੰਘ ਪੁੱਤਰ ਕਾਬਲ ਸਿੰਘ ਪੁੱਤਰ ਨਰੈਣ ਸਿੰਘ 17. ਬਖਸ਼ੀਸ਼ ਸਿੰਘ 18. ਜੀਤ ਸਿੰਘ ਪੁਤਰਾਨ ਊਧਮ ਸਿੰਘ ਪੁੱਤਰ ਗੁੱਜਰ ਸਿੰਘ 19. ਹਰੀਆ ਪੁੱਤਰ ਮਹਿੰਗਾ ਪੁੱਤਰ ਰਲਾ 20. ਸਵਰਨ ਕੌਰ ਵਿਧਵਾ ਜੋਗਿੰਦਰ ਸਿੰਘ ਪੁੱਤਰ ਧੰਨਾ ਸਿੰਘ 21. ਪ੍ਰੀਤੂ ਸਿੰਘ ਵਿਧਵਾ ਜੋਗਿੰਦਰ ਸਿੰਘ ਪੁੱਤਰ ਧੰਨਾ ਸਿੰਘ 22. ਗੁਰਮਿੰਦਰ ਸਿੰਘ ਪੁੱਤਰ ਤੇਲੂ ਰਾਮ ਪੁੱਤਰ ਰਾਮਾ ਰਾਮ 23. ਅਮੋਲਕ ਸਿੰਘ 24. ਅਮਰੀਕ ਸਿੰਘ 25. ਗੁਰਪਾਲ ਸਿੰਘ 26. ਅਮਰਜੀਤ ਸਿੰਘ ਪੁਤਰਾਨ ਦੌਲਤ ਸਿੰਘ ਪੁੱਤਰ ਮਈਆ 27 ਨਛੱਤਰ ਕੌਰ ਵਿਧਵਾ ਵਾ 28. ਬਲਵੀਰ ਕੌਰ 29. ਬਲਜਿੰਦਰ ਕੌਰ 30. ਸੁਖਜੀਤ ਕੌਰ ਪੁੱਤਰੀਆਂ ਤੇਲੂ ਰਾਮ ਪੁੱਤਰ ਰਾਮਾ ਰਾਮ 31. ਹਰਜੀਤ ਕੌਰ ਵਿਧਵਾ ਵਾ 32. ਸੋਨੀਆ 33. ਪਿੰਕੀ ਪੁੱਤਰੀਆਂ ਵਾ 34. ਗੁਰਕੀਰਤ ਸਿੰਘ ਪੁੱਤਰ ਅਮਰੀਕ ਸਿੰਘ ਪੁੱਤਰ ਤੇਲੂ ਰਾਮ 35. ਕੁਲਵਿੰਦਰ ਕੌਰ ਵਿਧਵਾ ਵਾ 36. ਗੁਰਪ੍ਰੀਤ ਸਿੰਘ 37. ਰਾਜਵੀਰ ਸਿੰਘ ਪੁੱਤਰਾਨ ਸੁਰਜਿੰਦਰ ਸਿੰਘ ਪੁੱਤਰ ਤੇਲੂ ਰਾਮ 38. ਕਮਲਜੀਤ ਸਿੰਘ ਪੁੱਤਰ ਵਾ 39. ਗੁਰਪ੍ਰੀਤ ਕੌਰ ਪੁੱਤਰੀ ਕੇਵਲ ਸਿੰਘ ਪੁੱਤਰ ਦਰਸ਼ਨ ਸਿੰਘ 40. ਸੇਵਾ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਇੰਦਰ ਸਿੰਘ 41. ਦਲਵੀਰ ਸਿੰਘ 42. ਜਸਵੀਰ ਸਿੰਘ ਪੁਤਰਾਨ ਸਰਵਨ ਸਿੰਘ ਪੁੱਤਰ ਕਰਮ ਸਿੰਘ 43. ਜੋਗਿੰਦਰ ਸਿੰਘ ਪੁੱਤਰ ਲਾਲ ਸਿੰਘ ਪੁੱਤਰ ਸ਼ੇਰੂ 44. ਫੁੰਮਣ ਸਿੰਘ 45. ਚਰਨ ਸਿੰਘ ਪੁਤਰਾਨ ਹੀਰਾ ਨੰਦ 46. ਕਿਸ਼ਨੀ ਪੁੱਤਰੀ ਹੀਰਾ ਨੰਦ ਪੁੱਤਰ ਸ਼ੇਰੂ 47. ਗੁਰਦੇਵ ਸਿੰਘ ਪੁੱਤਰ ਕਿਸ਼ਨ ਸਿੰਘ ਪੁੱਤਰ ਰੁਲੀਆ 48. ਗੁਰਮੁੱਖ ਸਿੰਘ ਪੁੱਤਰ ਗੁਰਨਾਮ ਸਿੰਘ ਪੁੱਤਰ ਰਾਮਾ ਰਾਮ 49. ਬੂਟਾ ਸਿੰਘ ਪੁੱਤਰ ਪਾਲ ਸਿੰਘ ਪੁੱਤਰ ਪਾਲ ਸਿੰਘ ਪੁੱਤਰ ਨਾਜਰ ਸਿੰਘ 50. ਭਜਨ ਸਿੰਘ ਪੁੱਤਰ ਠਾਕਰ ਸਿੰਘ ਪੁੱਤਰ ਨਾਜਰ ਸਿੰਘ 51. ਸੁਰਿੰਦਰ ਕੌਰ ਪਤਨੀ ਭਜਨ ਸਿੰਘ ਪੁੱਤਰ ਠਾਕਰ ਸਿੰਘ 52. ਹਰਬਿੰਦਰ ਸਿੰਘ ਪੁੱਤਰ ਤਾਰਾ ਸਿੰਘ ਪੁੱਤਰ ਠਾਕਰ ਸਿੰਘ 53. ਕਸ਼ਮੀਰ ਕੌਰ ਵਿਧਵਾ ਸਵਰਨ ਸਿੰਘ ਪੁੱਤਰ ਤਾਰਾ ਸਿੰਘ 54. ਗੁਰਪ੍ਰੀਤ ਕੌਰ ਪੁੱਤਰੀ ਵਾ 55. ਇੰਦਰਜੀਤ ਸਿੰਘ ਪੁੱਤਰ ਸਵਰਨ ਸਿੰਘ ਪੁੱਤਰ ਤਾਰਾ ਸਿੰਘ, ਸਾਰੇ ਵਾਸੀਆਨ ਪਿੰਡ ਲੀਲ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ। ....ਫਰੀਕ ਦੋਇਮ

ਦਰਖਾਸਤ ਤਕਸੀਮ, ਅਰਾਜ਼ੀ ਖੇਵਟ/ਖਤੌਨੀ ਨੰ. 2/6, 4/8, 5/12, 6/13, 7/14, 41/74, 40/73, 47/85, 48/86, 98/158, 97/157, 96/156, 85/143, 83/140 ਹਦਬਸਤ ਨੰਬਰ 14 ਵਾਕਿਆ ਰਕਬਾ ਪਿੰਡ ਲੀਲ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਜਮ੍ਹਾਂਬੰਦੀ ਸਾਲ 2018-2019.

ਉਕਤ ਅਨੁਵਾਨ ਤਕਸੀਮ ਕੇਸ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਚੱਲ ਰਿਹਾ ਹੈ। ਇਸ ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਫਰੀਕੈਨ ਦੋਮ ਦੀ ਤਲਬੀ ਆਸਾਨ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਅਖਬਾਰ ਇਸ਼ਤਿਹਾਰ ਰਾਹੀਂ ਫਰੀਕੈਨ ਦੋਮ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਕੇਸ ਵਿੱਚ ਨਿਸ਼ਚਿਤ ਮਿਤੀ 28- 06-2025 ਨੂੰ ਸਮਾਂ 3.00 ਵਜੇ ਦੁਪਹਿਰ ਨਿਮਨਹਸਤਾਖਰ ਦੀ ਅਦਾਲਤ ਵਿੱਚ ਅਸਾਲਤਨ/ਵਕਾਲਤਨ ਜਾਂ ਕਿਸੇ ਮੁਖਤਾਰ ਰਾਹੀਂ ਹਾਜ਼ਰ ਹੋ ਕੇ ਆਪਣੇ ਕੇਸ ਦੀ ਪੈਰਵਾਈ ਕਰ ਸਕਦੇ ਹਨ। ਨਿਸ਼ਚਿਤ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਫਰੀਕੈਨ ਦੋਮ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਨੋਟਿਸ ਅੱਜ ਮਿਤੀ 02-06-2025 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਜਾਰੀ ਹੋਇਆ।
ਨੰਬਰ 908/ਰੀਡਰ-1 ਮਿਤੀ : 03.6.25 ਸਹੀ/- ਸਹਾਇਕ ਕੁਲੈਕਟਰ ਦਰਜਾ ਅੱਵਲ, ਨਕੋਦਰ

## ਅਦਾਲਤੀ ਇਸ਼ਤਿਹਾਰ

**ਬਾ-ਅਦਾਲਤ ਸ੍ਰੀ ਨਵਦੀਪ ਸਿੰਘ ਭੋਗਲ ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐੱਨ.ਆਰ.ਆਈਜ਼, ਜਲੰਧਰ**
ਕੇਸ ਨੰ: 603/ਐੱਫ. ਟੀ. ਸੀ./ਐੱਨ.ਆਰ. ਆਈਜ਼
ਕੇਸ ਅਨੁਵਾਨ : ਰਕੇਸ਼ ਚੰਦਰ ਬਨਾਮ ਰਮਾਕਾਂਤ ਅਤੇ ਹੋਰ। ਵਾਕਿਆ ਪਿੰਡ - ਨਕੋਦਰ

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ 1. Chander Shekhar S/o Sh. Fakir Chand R/o 11 Deen Dyal Upadya Nagar, Jalandhar, Tehsil and District Jalandhar, 2. M/s Venture Den, 4th Floor, Kartar Bhawan Near PAU Gate No. 1, Ferozepur Road, Ludhiana through its partner Sh. Chander Shekhar. ........Petitioner

ਨੋਟਿਸ ਬਨਾਮ

1. Rakesh Chander Son of Sh. narotak Dev son of Sh. Amar Nath resident of Village Nakodar, District Jalandhar. 2. Rama Kant (since deceased) through his LR's : a. Smt Rekha Misser, widow , b. Bhavia Misser, son, 3. Umesh Chander (Since deceased) through his LR's : a. Bhavia Misser, Nephew, 4. Smt. Swarna (since deceased) through his LR's, a. Ravi Kant, son, b. Parohit, son, 5. Asha wife of Ravi Kant, 6. Parohit son of Ravi Kant, 7. Anil Kumar son of Sh. Proshotam Dev, 8. Kusum Lata daughter of Sh. Narotam Dev, 9. Suman Lata daughter of Sh. Narotam Dev, 10. Urmila Devi daughter of Sh. Amar Nath, 11. Kulbhushan son of Ashwani Kumar, 12. Sulochna daughter of Bimla Vati, 13. anorma daughter of Bimla Vati, 14. Anuradha daughter of Bimla Vati, 15. Anupurna daughter of Bimla Vati, 16. Nirupuna daughter of Bimla Vati, 17. Bharti daughter of Bimla Vati, 18. Vidyavati daughter of Bimla Vati, 19. Madhusudan son of Bimla Vati, 20. Saran Mittar son of Bimla Vati, 21. Ann Ditta wife of Sh. Kailas Madhava, 22. Sumit Kalia son of Sh. Kailash Madhava, 23. Saurabh Kalia son of Sh. Kailash Madhava, 24. Rani Kali widow of Sh. Gurinder Nath @ Varinder Nath, 25. Ambrish Kalia son of Sh. Gurinder Nath @ Varinder Nath , 26. Himashu Kalia son of Sh. Gurinder Nath @ Varinder Nath, 27. Amarjit Singh son of Sh. Balwant Singh, 28. Paramjit son of Sh. Mohan Lal, 29. Balkar Singh son of Sh. Kishan Singh, 30. Gurdip Kaur wife of Sh. Harwinder Singh, 31. Ashwani Kumar son of Sh. Krishan lal, 32. Rajan Kumar son of Sh. Krishan Lal, 33. Balwinder Singh son of Sh. Hardip Singh, 34. Jaskaran Singh son of Sh. Mohinder Singh, 35. Anil Sharma son of Sh. Kapil Dev Sharma, 36. Ranjit Singh son of Sh. joginder Singh, 37. Avtar Singh son of Sh. Karam Singh, 38. Bal Krishan son of Sh. Chaman, 39. Harjit Singh son of Sh. Satnam Singh, 40. Harjit Singh son of Sh. Satnam Singh, 41. Jaswinder Kaur wife of Sh. Harjit Singh, 42. Amit Kalra son of Sh. Om Parkash, 43. Prince Kalra son of Sh. Om Parkash, 44. Kavita wife of Sh. Raj Kumar , 45. Neelu Wadhwa wife of Sh. Rakesh Wadhwa, 46. Rakesh Wadhwa son of Sh. Ram Parkash, 47. Kulwinder Singh son of Sh. Kewal Singh, 48. Balvir Singh son of Sh. Kewal Singh, 49. Nirmal Singh son of Jawala Singh, 50. Parkash Singh son of Sh. Jawala Singh, 51. Chain Singh son of Sh. Jawala Singh, 52. Lachmann Singh son of Sh. Jawala Singh, 53. Kewal Singh son of Sh. Jawala Singh, 54. Nasib Singh son of Sh. Tara Singh, 55. Gurdev Singh son of Sh. Tara Singh, 56. Prem Chand S/o Sh. Labha Ram, 57. Pran Chand Son of Sh. Labha Ram, 58. Nirmala Devi (Since Deceased) through her LRs: - a. Sarav, Son b. Sourabh, Son, 59. Purshotam Dev (since deceased) through his LRS: - a. Anil Kumar, son. All residents of Nakodar, Tehsil and District Jalandhar. (Respondents)

ਉਕਤ ਮੁਕੱਦਮੇ ਵਿਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਦੂਜੀ ਧਿਰ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ, ਇਸ ਲਈ ਮਿਤੀ 4.07.2025 ਨੂੰ ਦੁਪਹਿਰ 02.00 ਵਜੇ ਦੀ ਤਰੀਕ ਪੇਸ਼ੀ ਨਿਯਤ ਕਰਕੇ ਇਸ ਇਸ਼ਤਿਹਾਰ ਰਾਹੀਂ ਦੂਜੀ ਧਿਰ ਨੂੰ ਵਿਦਿਤ ਕੀਤਾ ਜਾਂਦਾ ਹੈ ਕਿ ਉਕਤ ਤਰੀਕ 'ਤੇ ਆਪ ਜਾਂ ਕਿਸੇ ਵਕੀਲ ਰਾਹੀਂ ਅਦਾਲਤ ਵਿਚ ਪੇਸ਼ ਹੋਵੇ, ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ।

ਅੱਜ ਮਿਤੀ 29.05.2025 ਨੂੰ ਮੇਰੇ ਦਸਤਖਤਾਂ ਅਤੇ ਅਦਾਲਤੀ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।
ਜ਼ਿਲ੍ਹਾ ਮਾਲ ਅਫਸਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਫਾਸਟ ਟਰੈਕ ਕੋਰਟ ਫਾਰ ਐੱਨ. ਆਰ. ਆਈਜ਼. ਜਲੰਧਰ।
ਨੰ: 773/ਰੀਡਰ/ਡੀ. ਆਰ. ਓ. ਮਿਤੀ : 29.5.25

# ਕਲਾਸੀਫਾਈਡ ਇਸ਼ਤਿਹਾਰ

## Change of Name

I, Vanita D/o Gian Chand R/o H.No. 235, B-12, Street No. 05, Jagatpura Distt. Hoshiarpur Punjab have changed my name from Vanita to Vanita Verma. Concerned note.

I, Laddu S/o Gurdip Ram R/o VPO Parasarampur, Distt. Jalandhar have changed my name from Laddu to Laddu Kaul. All concerned please note.

I, Palwinder Kaur W/o Manjit Kumar R/o Vill. Kotli Sheikhan, P.O. Kishanpur, Jalandhar, 144302, Punjab, India, have changed my name from Palwinder Kaur to Balwinder Kaur. Please Note.

I, Akshay Kumar S/o Jagdish Ram R/o H. No. 14-B, Tower Enclave Phase 2, Jalandhar-144003, Punjab have changed my name from Akshay Kumar to Kumar as Surname and Akshay as Given. All concerned please note.

I Neelam W/O Sandeep Kumar R/O Ward No 10, Dera Baba Nanak Tehsil Dera Baba Nanak Distt Gurdaspur have changed my name from Neelam Seth to Neelam. Concerned Noted.

I Vidya Wati W/o Late Sh. Ramesh Kumar R/o House No. 4/2, Street No. 05, Jalandhar Cantt. Jalandhar declare that Vidya Wati and Chand Rani is the one and the same person.

I, Parveen Kaur Bassi W/O Boota Singh Bassi R/O Vpo. Jandiala, Patti Dhuni Ki, Tehsil Phillaur, Distt. Jalandhar, Punjab Have Changed My Name Parveen Kaur To Parveen Kaur Bassi. All Note.

I, Rupica Mahajan W/o Varun Mahajan R/o 373, Golden City Airport Road, Near Meera Kot Chowk Amritsar have changed my name from Rupika Mahajan to Rupica Gupta.

I, Jagdev Singh S/O Prem Singh R/O Vpo Tahli Sahib Po Babowal Amritsar have changed my name from Jagdev Singh to Given name Jagdev Surname Singh.

I, Jaswinder Kaur W/o Baldev Singh r/o VPO Jaintipur, Amritsar Grandmother and Guardian of Nimratpal Singh S/o Saminder Singh have changed the name of my minor Grandson from Nimratpal Singh to given name Nimratpal Surname Singh.

I, Kuldeep Kaur W/o Karaj Singh R/o H.No.13, Gali No.12, Guru Amardass Avenue, Airport Road, Amritsar have changed my name from Kuldeep Kaur to Kuldip Kaur.

I, Sarabjit Kaur W/o Jagroop Singh R/o Village Gaggobua Tehsil and District Tarn Taran have changed my name from Sarabjit Kaur to Sarbjit Kaur.

I, Gulshan Kumar Sharma S/o Harbans Lal R/o H.No.36-D Lane No.2 Guru Amardass Colony Amritsar have changed my name to Gulshan Kumar.

I, Rajwinder Singh S/o Didar Singh R/o Village Ghasitpur Distt Tarn Taran have declare that Singh is my Surname Rajwinder is my given name.

I Amardeep Kaur W/o Surjit Singh R/o. H.No.291, Ranjit Nagar, Qadian Road, Batala, Distt Gurdaspur. Have Changed my name from Amardeep Kaur to Amardeep Kaur Bhatia and my Surname is Bhatia and given name is Amardeep Kaur. Please Concerned Note.

I Rinku Sharma W/O Rakesh Anand R/O H. No. 02, Gali No 21 New Pawan Nagar Batala Road Amritsar Have Changed My Name From Rinku Sharma To Rinku Anand. All Concerned May Please Note.

I Varun Kumar Sethi S/O Arun Sethi R/O 55, Lawrence Road Amritsar Have Changed My Name From Varun Kumar Sethi To Varun Sethi.

I, Amandeep Singh S/o Manohar Singh R/o VPO. Begowal Taragarh, District Pathankot, Punjab have changed my name from Amandeep Singh to Given Name as Amandeep & Surname as Singh. Concerned Note.

I, Gurdyal Singh S/o Mela Ram R/o H.No. 23 E, Nehru Gate, Police Colony, Batala, District Gurdaspur, Punjab have changed my name from Gurdial Singh to Gurdyal Singh. Concerned Note.

I, Kulwinder Kaur W/o Manjinder Singh Johal R/o Village Salempur Masandan, PO. Talhan, District Jalandhar, Punjab -144101 declare that my husband have changed his name from Manjinder Singh to Manjinder Singh Johal. All concerned please note.

I Paneet alias Parveen Kumar S/o Ashok Kumar R/o H.No. E S. 364/3, Abadpura, Jalandhar, Punjab, have changed my name from Paneet alias Parveen Kumar to Parveen Kumar. All concerned note please.

I, Arshdeep son of Sh. Balwinder Pal Singh R/o Village Bahopur, Post Office Mustfapur, Tehsil & District Jalandhar, Punjab, India have changed my name from Arshdeep to Arshdeep Singh. All concerned please note.

I, Jashandeep son of Sh. Balwinder Pal Singh R/o Village Bahopur, Post Office Mustfapur, Tehsil and District Jalandhar, Punjab, India have changed my name from Jashandeep to Jashandeep Singh. All concerned please note.

I, Nachhater Singh S/o Santokh Singh R/o Village Durgapur, P.O. Kulam, SBS Nagar, Punjab, 144514 changed my name from Nachhater Singh to Nachhattar Singh.

I, Haninder Jit Kaur W/o Simranbir Singh R/o Village Bhullar, Tehsil Ajnala, Distt. Amritsar, Punjab-143109 have changed my name after marriage from Haninder Jit Kaur to Haninderjeet Kaur.

I, Nirmaljit Kaur Virk W/o Gurlal Singh R/o Village Kotli Sakka, Tehsil Ajnala, Distt. Amritsar, Punjab-143101 have changed my name from Nirmaljit Kaur Virk to Nirmaljit Kaur.

I, Harpinder Kaur Sarai W/o Dilbagh Singh, R/o Vill-Sarai, Po-Chour Sidhwan, Distt-Gurdaspur, Punjab, India. Have Changed my name from Harpinder Kaur Sarai To Harpinder Kaur.

I, Dilbagh Singh Sarai S/o Gurdeep Singh, R/o Vill-Sarai, Po-Chour Sindhwan, Distt- Gurdaspur, Punjab, India. Have Changed my name From Dilbagh Singh Sarai to Dilbagh Singh.

## Change of Name

I, Nanak Lal s/o Darshan Lal r/o H.No.1231/4, Kabir Nagar, Jalandhar have changed my name from Nanak Lal to Nanak Chand. All Please Note.

I, Sakshi Bhagat w/o Dushyant Kumar Bhagat r/o H.No.704, New Model House, Near Kartar Nagar Chowk, Jalandhar, Punjab have changed my name from Soma Devi to Sakshi Bhagat. All Please Note.

I, Meena w/o Kashmir Singh r/o VPO. Gidder Pindi, Teh .Shahkot, Jalandhar, Punjab have changed my name from Meena to Meena Meena. My given name is Meena and surname is Meena. All Please Note.

I, Disha Kapoor w/o Rishi Narang r/o h.no.202, Shaheed Udham Singh Nagar, Jalandhar have changed my surname to Disha Narang, After Marriage. All Please Note.

I, Paramjit Kaur W/o Naresh Kalsi R/o Vill. Chuharwali, Po. Adampur Doaba, Distt. Jalandhar, Punjab have changed my name from Paramjit Kaur to Kaur Paramjit (Surname as Kaur). All Please Note.

I, hitherto known as Shittu Singh W/o Hardeep Singh R/o Village Rasulpur, Jaja, Hoshiarpur, Punjab - 144212 have changed my name and shall hereafter be known as Sunita.

I, Amarjit Singh S/o Satwinder Singh R/o VPO. Sangojla, Distt. Kapurthala, Punjab have changed my name from Amarjit Singh to Amarjeet Singh. All Please Note.

I, Surinder Singh S/o Dharwinder Singh R/o Vill. Khanke Fatehgarh, Po. Mustfapur, Distt. Jalandhar-144801, Punjab have changed my name to Given name as Surinder & Surname as Singh. All Please Note.

I Joyti W/o Satpal resident of H No 117/2, Begampura Enclave, Back Side Yash Hosptial, Jail Road Gurdaspur have changed my name Joyti to Jyoti a concerned note please.

I, Harinder Singh S/O Beant Singh Resident Of Vill.rahimabad , Po.kalanaur ,Tehsil Dera Baba Nanak District Gurdaspur, Punjab, India Pin Code 143512 , I Have Changed My Name From Harinder Singh To Singh Harinder ,Surname As Singh And Given Name As Harinder

## PUBLIC NOTICE

2 documents missing pertaining to Property located at Khasra No.150 (5-5-111) min Khatoni No.37/46, Hadbast no.387, Abadi Kot Atma Singh District Amritsar (1) original lease deed dt. 10.01.2005 executed in favour of Jagdish Raj, Mahinder Pal, Hira Lal, Dalip Kumar Vasika No.9498 Bahi No.1 Jild No.9346, Page 81 (2) Original Division Deed dt. 14.06.1993, Vasika no.5257 Bahi No.1, Jild No.6516, Page No.9/11, if you find these documents Contact within 15 days to Ashish Arora (M) 79869-14813

I, Tarsem Lal S/o Sh. Khajan Chand R/o 135/1, Ravi Dass Road, Opp. Baba Deep Singh Market, Hall Bazar, Amritsar inform that my daughter Neetu who is married with Deepak @ Deepu having two children is not under my control and don't respect me and my family members. So I disinherit her from my all moveable and immoveable properties. I and my family shall not be responsible for any act or deed done by her.She herself will be responsible for it. I and my family will have no relation with .

I, Sanjay Gaur S/o Jaidev Gaur R/o H.No. 105, ward No. 9, Near Bus Stand, Azad Nagar, Ferozepur City I withdrawn entire relations with My brother in law Sanjay Kumar his wife Kiran Sharma his son Tushar Sharma his wife Chahat and Om Sharma I our my family members not responsible for their illegal activities.

I, Ajay Kumar S/o Radhey Shayam R/o H.No. 105, Ward No. 9, Near Bus Stand Azad Nagar, Ferozepur City I withdrawn entire relations with My brother Sanjay Kumar his wife Kiran Sharma his son Tushar Sharma his wife Chahat and Om Sharma I my family members not responsible for their illegal activities.

I, Des Raj S/o Shankar Dass R/o H.No. 19, New Punj Peer Colony, Lether Complex, Jalandhar, Punjab declare that my son Davinder Kumar and his wife Pooja and their son Hitesh are out of my control. I disinherit them from my movable and immovable properties. I and my family members shall not be held responsible for any kind of dealings done with them. All please note.

## ਆਮ ਸੂਚਨਾ

ਮੈਂ ਸ਼ਿਵ ਸਿੰਘ ਪੁੱਤਰ ਬਾਬੂ ਰਾਮ ਪਿੰਡ ਬਨਖਰਪੁਰ ਡਾਕਖਾਨਾ ਤਲਵਾੜਾ ਤਹਿ ਮੁਕੇਰੀਆਂ ਜ਼ਿਲ੍ਹਾ ਹੁਸ਼ਿਆਰਪੁਰ। ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਦਾ ਨਾਮ ਮੇਰੇ ਪੀ.ਪੀ.ਓ ਵਿੱਚ ਪੀਪੀਓ ਨੰਬਰ PEN -5/S-128/2002-03 ਵਿੱਚ [illegible] ਗਲਤੀ ਨਾਲ ਲਿਖਿਆ ਗਿਆ ਹੈ। ਪਤਨੀ ਦਾ ਅਸਲ ਨਾਮ ਸਤਿਆ ਹੈ।

ਮੈਂ, ਅਮਰਜੀਤ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਪਿੰਡ ਤਾਰਾਪੁਰ, ਤਹਿ. ਅਤੇ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੇ ਆਧਾਰ ਕਾਰਡ ਵਿਚ ਮੇਰਾ ਨਾਂਅ ਅਮਰਦੀਪ ਸਿੰਘ ਅਤੇ ਮਾਲ ਵਿਭਾਗ ਵਿਚ ਮੇਰਾ ਨਾਂਅ ਅਮਰਜੀਤ ਸਿੰਘ ਦਰਜ ਹੋਇਆ ਹੈ। ਮੈਨੂੰ ਅਮਰਦੀਪ ਸਿੰਘ ਅਤੇ ਅਮਰਜੀਤ ਸਿੰਘ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ। ਇਹ ਦੋਵੇਂ ਨਾਂਅ ਵਾਲਾ ਇਕ ਹੀ ਵਿਅਕਤੀ ਹੈ।

ਅਸੀਂ, ਬਲਦੇਵ ਸਿੰਘ ਪੁੱਤਰ ਚੰਨਣ ਸਿੰਘ ਅਤੇ ਪਲਵਿੰਦਰ ਕੌਰ ਪਤਨੀ ਬਲਦੇਵ ਸਿੰਘ ਵਾਸੀ ਮਕਾਨ ਨੰ: 194, ਨਿਊ ਅਰਬਨ ਅਸਟੇਟ, ਰਾਮ ਤੀਰਥ ਰੋਡ, ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਅਸੀਂ ਆਪਣੇ ਲੜਕੇ ਕਰਨਬੀਰ ਸਿੰਘ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਹੋਇਆ ਸੀ। ਹੁਣ ਸਾਡਾ ਲੜਕਾ ਸਾਡੇ ਕਹਿਣੇ ਵਿਚ ਹੈ। ਅਸੀਂ ਇਸ ਨੂੰ ਦਿੱਤੀ ਹੋਈ ਬੇਦਖਲੀ ਕੈਂਸਲ ਕਰਦੇ ਹਾਂ।

ਅਸੀਂ ਬਲਕਾਰ ਸਿੰਘ ਪੁੱਤਰ ਗੁਰਮੇਲ ਸਿੰਘ ਅਤੇ ਦਲਜੀਤ ਕੌਰ ਪਤਨੀ ਬਲਕਾਰ ਸਿੰਘ ਵਾਸੀ ਪਿੰਡ ਭੂੰਨੋਂ ਡਾਕਖਾਨਾ ਬਾਹੋਵਾਲ ਤਹਿਸੀਲ ਗੜ੍ਹਸ਼ੰਕਰ ਜਿਲਾ ਹੁਸ਼ਿਆਰਪੁਰ ਬਿਆਨ ਕਰਦੇ ਹਾਂ ਕਿ ਅਸੀ ਆਪਣੇ ਅਮਰੀਕਾ ਵਿਚ ਰਹਿੰਦੇ ਕੁਆਰੇ ਲੜਕੇ ਪਰਦੀਪ ਸਿੰਘ ਨੂੰ ਕਹਿਣੇ ਵਿਚ ਨਾ ਹੋਣ ਕਰਕੇ ਪਹਿਰੇਦਾਰ ਨਿਊਜ਼ ਪੇਪਰ ਰਾਹੀਂ 18/4/2024 ਨੂੰ ਬੇਦਖਲ ਕੀਤਾ ਸੀ ਹੁਣ ਉਹ ਸਾਡੇ ਕਹਿਣੇ ਵਿਚ ਹੈ, ਇਸ ਕਰਕੇ ਬੇਦਖਲੀ ਵਾਪਿਸ ਲੈਂਦੇ ਹਾਂ। ਹੁਣ ਉਹ ਸਾਡੀ ਚੱਲ-ਅਚੱਲ ਜਾਇਦਾਦ ਦਾ ਬਰਾਬਰ ਦਾ ਹੱਕਦਾਰ ਹੋਵੇਗਾ।

ਮੈਂ, ਕੇਵਲ ਸਿੰਘ ਪੁੱਤਰ ਸ਼੍ਰੀ ਸੋਹਨ ਲਾਲ ਵਾਸੀ ਪਿੰਡ ਤੇ ਡਾਕਖਾਨਾ ਬਿਨਪਾਲਕੇ ਜਿਲਾ ਜਲੰਧਰ, ਪੰਜਾਬ, ਬਿਆਨੀ ਹਾਂ ਕਿ ਮੈਂ ਰੋਜਾਨਾਂ ਅਖਬਾਰ ਰਾਹੀਂ ਆਪਣੇ ਲੜਕਾ ਕੁੰਮਰਪਾਲ ਸਿੰਘ, ਉਸਦੀ ਪਤਨੀ ਮੋਨਿਕਾ ਰਾਣੀ ਅਤੇ ਉਸਦਾ ਲੜਕਾ ਯੁਵਰਾਜ ਸਿੰਘ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋ ਬੇਦਖਲ ਕਰ ਦਿੱਤਾ ਸੀ। ਇਹ ਕਿ ਹੁਣ ਮੇਰਾ ਲੜਕਾ ਕੁੰਮਰਪਾਲ ਸਿੰਘ, ਉਸਦੀ ਪਤਨੀ ਮੋਨਿਕਾ ਰਾਣੀ ਅਤੇ ਉਸਦਾ ਲੜਕਾ ਯੁਵਰਾਜ ਸਿੰਘ ਮੇਰੇ ਕਹਿਣੇ ਵਿੱਚ ਹੋਣ ਕਾਰਨ ਮੈਂ ਇਹ ਬੇਦਖਲੀ ਖਾਰਜ ਕਰਦਾ ਹਾਂ ਅਤੇ ਹੁਣ ਮੇਰਾ ਲੜਕਾ ਕੁੰਮਰਪਾਲ ਸਿੰਘ, ਉਸਦੀ ਪਤਨੀ ਮੋਨਿਕਾ ਰਾਣੀ ਅਤੇ ਉਸਦਾ ਲੜਕਾ ਯੁਵਰਾਜ ਸਿੰਘ ਮੇਰੀ ਵਰਾਸਤ ਦੇ ਆਪਣੇ ਹਿੱਸੇ ਮੁਤਾਬਕ ਵਾਰਿਸ ਰਹੇਗੀ।

## ਨਾਂਅ ਦੀ ਬਦਲੀ

ਮੈਂ ਬਲਵਿੰਦਰ ਕੌਰ ਪਤਨੀ ਸਵਰਗੀ ਸੰਤੋਖ ਸਿੰਘ, ਬਾਬਾ ਬਕਾਲਾ ਸਾਹਿਬ (ਅੰਮ੍ਰਿਤਸਰ) ਸੂਚਿਤ ਕਰਦੀ ਹਾਂ ਕਿ ਮੇਰਾ ਪਹਿਲਾ ਨਾਮ ਬਲਵਿੰਦਰ ਰਾਣੀ ਸੀ, ਅੰਮ੍ਰਿਤ ਛਕਣ ਤੋਂ ਬਾਅਦ ਮੈਂ ਆਪਣਾ ਨਾਮ ਬਲਵਿੰਦਰ ਕੌਰ ਰੱਖ ਲਿਆ ਸੀ। ਜੋ ਬਲਵਿੰਦਰ ਰਾਣੀ ਅਤੇ ਬਲਵਿੰਦਰ ਕੌਰ ਦੋਨੋਂ ਨਾਮ ਮੇਰੇ ਹੀ ਹਨ, ਮੈਨੂੰ ਦੋਵਾਂ ਨਾਮ ਨਾਲ ਜਾਣਿਆ ਜਾਵੇ।

ਮੈਂ ਅਮਰ ਪ੍ਰਕਾਸ਼ੀ ਪੁੱਤਰ ਸ਼ਤ ਲਾਲ ਵਾਸੀ ਮ. ਨੰ. 231/7 ਮੋਹਿਤ ਨਗਰ ਕਪੂਰਥਲਾ ਨੇ ਆਪਣੇ ਲੜਕੇ ਦਾ ਨਾਮ ਤਿਲਕ ਪ੍ਰਕਾਸ਼ੀ ਤੋਂ ਬਦਲ ਕੇ ਤਿਲਕਪ੍ਰੀਤ ਸਿੰਘ ਪ੍ਰਕਾਸ਼ੀ ਰੱਖ ਲਿਆ ਹੈ।

## ਆਮ ਸੂਚਨਾ

ਉੱਤਮ ਸਿੰਘ ਪੁੱਤਰ ਸਵਰਨ ਸਿੰਘ ਦੇ ਨਾਮ ਅਜੀਤ ਸਿੰਘ ਵਾਲਾ ਟਿਊਬਵੈੱਲ ਕੁਨੈਕਸ਼ਨ ਖਾਤਾ AP04/0222L ਉਹਨਾਂ ਦਾ ਪੁੱਤਰ ਜਗਦੀਪ ਸਿੰਘ ਆਪਣੇ ਨਾਮ ਕਰਵਾ ਰਿਹਾ । ਇਤਰਾਜ਼ਯੋਗ 15 ਦਿਨਾਂ ਅੰਦਰ ਆਪਣਾ ਇਤਰਾਜ਼ ਉਪ ਮੰਡਲ ਅਫਸਰ ਜੰਡਿਆਲਾ ਗੁਰੂ ਨੂੰ ਪੇਸ਼ ਕਰ ਸਕਦਾ ।

ਪਰਮਜੀਤ ਸਿੰਘ ਪੁੱਤਰ ਹਰਚੰਦ ਸਿੰਘ ਦੇ ਨਾਮ ਟਿਊਬਵੈੱਲ ਕੁਨੈਕਸ਼ਨ ਖਾਤਾ AP16/0638 ਹਰਜੀਤ ਸਿੰਘ ਪੁੱਤਰ ਮੱਖਣ ਸਿੰਘ ਆਪਣੇ ਨਾਮ ਕਰਵਾ ਰਿਹਾ । ਇਤਰਾਜ਼ਯੋਗ 15 ਦਿਨਾਂ ਅੰਦਰ ਆਪਣਾ ਇਤਰਾਜ਼ ਉਪ ਮੰਡਲ ਅਫਸਰ ਜੰਡਿਆਲਾ ਗੁਰੂ ਨੂੰ ਪੇਸ਼ ਕਰ ਸਕਦਾ ।

[illegible] ਟਿਊਬਵੈੱਲ ਕੁਨੈਕਸ਼ਨ ਨੰਬਰ 3ਬੀ/716 ਗੁਰਨਾਮ ਸਿੰਘ ਪੁੱਤਰ ਬਾਬਾ ਸਿੰਘ ਵਾਸੀ ਪਿੰਡ ਗੋਲਾ ਢੋਲਾ [illegible] ਦੇ ਨਾਮ ਤੋਂ ਬਦਲ ਕੇ [illegible] ਦੇ ਨਾਮ ਚੱਲ ਰਿਹਾ [illegible] ਟਿਊਬਵੈੱਲ ਕੁਨੈਕਸ਼ਨ [illegible] ਪਿੰਡ ਗੋਲਾ [illegible] ਕਰਵਾਇਆ ਜਾ ਰਿਹਾ [illegible] ਐਸਡੀਓ [illegible]

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ 61071480 ਜੋ ਕਿ [illegible] ਸਿੰਘ ਵਾਸੀ [illegible] ਬਰਜਿੰਦਰ [illegible] ਦੇ ਆਪਣੇ [illegible] ਇਤਰਾਜ਼ ਹੋਵੇ ਤਾਂ [illegible] ਪੀ ਐਸ ਪੀ ਸੀ [illegible] 15 ਦਿਨਾਂ ਦੇ ਅੰਦਰ-ਅੰਦਰ ਦਰਜ ਕਰਵਾ ਸਕਦਾ ਹੈ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ 61070510 ਜੋ ਕਿ [illegible] ਸਿੰਘ ਵਾਸੀ [illegible] ਬਰਜਿੰਦਰ [illegible] ਦੇ ਆਪਣੇ [illegible] ਇਤਰਾਜ਼ ਹੋਵੇ ਤਾਂ [illegible] ਪੀ ਐਸ ਪੀ ਸੀ [illegible] 15 ਦਿਨਾਂ ਦੇ ਅੰਦਰ-ਅੰਦਰ ਦਰਜ ਕਰਵਾ ਸਕਦਾ ਹੈ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ 61070005 ਜੋ ਕਿ [illegible] ਸਿੰਘ ਵਾਸੀ [illegible] ਬਰਜਿੰਦਰ [illegible] ਦੇ ਆਪਣੇ [illegible] ਇਤਰਾਜ਼ ਹੋਵੇ ਤਾਂ [illegible] ਪੀ ਐਸ ਪੀ ਸੀ [illegible] 15 ਦਿਨਾਂ ਦੇ ਅੰਦਰ-ਅੰਦਰ ਦਰਜ ਕਰਵਾ ਸਕਦਾ ਹੈ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ 61071293 ਜੋ ਕਿ [illegible] ਸਿੰਘ ਵਾਸੀ [illegible] ਬਰਜਿੰਦਰ [illegible] ਦੇ ਆਪਣੇ [illegible] ਇਤਰਾਜ਼ ਹੋਵੇ ਤਾਂ [illegible] ਪੀ ਐਸ ਪੀ ਸੀ [illegible] 15 ਦਿਨਾਂ ਦੇ ਅੰਦਰ-ਅੰਦਰ ਦਰਜ ਕਰਵਾ ਸਕਦਾ ਹੈ।

[illegible] ਤਰਸਿੱਕਾ [illegible] ਟਿਊਬਵੈੱਲ ਕੁਨੈਕਸ਼ਨ [illegible] ਸਿੰਘ ਪੁੱਤਰ [illegible] ਦਰਖਾਸਤ [illegible] ਪਾਵਰਕਾਮ [illegible]

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ AP03-0164A [illegible] ਸਿੰਘ ਪਿੰਡ [illegible] ਕੁਨੈਕਸ਼ਨ [illegible] ਬ੍ਰਹਮਪੁਰ [illegible] ਰਾਜ਼ 15 [illegible] ਮੋਹਾਲੀ ਨੂੰ [illegible]

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ AP03-0272A [illegible] ਸਿੰਘ ਪਿੰਡ [illegible] ਕੁਨੈਕਸ਼ਨ [illegible] ਦਿਨਾਂ ਵਿਚ ਆਪਣਾ [illegible] ਨੂੰ ਪੇਸ਼ ਕੀਤਾ ਜਾ ਸਕਦਾ ਹੈ।

[illegible] ਸਰਵਨ [illegible] ਸਿੰਘ ਪਿੰਡ ਕੋਠੇ [illegible] ਨੂੰ ਬੇਨਤੀ [illegible] ਦੇ ਵਿਰ [illegible]

[illegible] ਨੰਬਰ ਏ.ਪੀ.23/43 [illegible] ਦੇ ਨਾਂਅ [illegible] ਦਫਤਰ ਨੂੰ [illegible] ਦਿਨਾਂ ਦੇ ਅੰਦਰ ਪੇਸ਼ ਕਰੇ।

[illegible] ਨੰਬਰ ਏ.ਪੀ.19 [illegible] ਕੁਲੀਆਂ [illegible] ਪੁੱਤਰ ਰਾਮ [illegible] ਦੇ ਨਾਮ [illegible] ਕਿਸੇ [illegible] ਦਿਨਾਂ ਦੇ [illegible] ਵਿਖੇ [illegible]

## ਬੇਦਖਲੀ ਨੋਟਿਸ

ਮੈਂ ਸ੍ਰੀ ਰੌਕੀ [illegible], ਅਸ਼ੋਕ [illegible] ਜੋ ਕਿ [illegible] ਇਸ ਨੂੰ [illegible] ਕਰਦੀ [illegible] ਵੀ ਲੈਣ- [illegible]

ਮੈਂ, [illegible] ਵਾਸੀ [illegible] ਲੜਕਾ [illegible] ਕਹਿਣੇ [illegible] ਚੱਲ-ਅਚੱਲ [illegible] ਦੇ ਨਾਲ [illegible]

ਮੈਂ, [illegible] ਵਾਸੀ [illegible] ਮੰਗਲਪੁਰਾ [illegible] ਮੇਰਾ [illegible] ਅਤੇ [illegible] ਕਹਿਣੇ [illegible] ਆਪਣੀ [illegible] ਇਹਨਾਂ [illegible]

ਅਸੀਂ, ਅਸ਼ੋਕ ਕੁਮਾਰ ਪੁੱਤਰ ਰਜਿੰਦਰ ਪਾਲ ਅਤੇ ਮਧੂ ਪਤਨੀ ਅਸ਼ੋਕ ਕੁਮਾਰ ਵਾਸੀਆਨ ਮਕਾਨ ਨੰ. 306, ਬੈਕਸਾਇਡ ਪੀ. ਐੱਸ. ਗਾਰਡਨ, ਦੀਪ ਕਾਲੋਨੀ ਐਕਸਟੈਂਸ਼ਨ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸਮੀਰ ਕੌਸ਼ਿਕ ਅਤੇ ਉਸਦੀ ਪਤਨੀ ਰਾਧਿਕਾ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਬਾਕੀ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਰਾਮ ਲਾਲ ਪੁੱਤਰ ਸਾਵਰਾ ਵਾਸੀ ਮਕਾਨ ਨੰ. 1296/1, ਰਵੀਦਾਸ ਰੋਡ, ਲੰਮਾ ਪਿੰਡ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਿਕਰਮ ਕੁਮਾਰ ਅਤੇ ਉਸਦੀ ਪਤਨੀ ਕਵਿਤਾ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਰਜਨੀਸ਼ ਆਨੰਦ ਪੁੱਤਰ ਰਵਿੰਦਰ ਨਾਥ ਆਨੰਦ ਨਿਵਾਸੀ ਮਕਾਨ ਨੰਬਰ 546 ਸਾਹਮਣੇ ਐੱਲ ਆਈ ਸੀ ਦਫ਼ਤਰ, ਮਾਡਲ ਟਾਊਨ, ਕਪੂਰਥਲਾ ਨੇ ਆਪਣਾ ਲੜਕੇ ਹਰਸ਼ਿਤ ਆਨੰਦ ਨੂੰ ਕਹਿਣਿਓਂ ਬਾਹਰ ਹੋਣ ਕਾਰਨ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਇਸ ਨਾਲ ਲੈਣ- ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

# ਡਾ. ਅੰਬੇਡਕਰ ਦੇ ਬੁੱਤਾਂ ਦਾ ਅਪਮਾਨ ਕਾਂਗਰਸ, ਭਾਜਪਾ, ਅਕਾਲੀ ਤੇ ਆਪ ਦੀ ਸਾਜ਼ਿਸ਼ ਦਾ ਨਤੀਜਾ - ਕਰੀਮਪੁਰੀ

ਹੁਸ਼ਿਆਰਪੁਰ (ਓ ਪੀ ਰਾਣਾ) ਫਿਲੌਰ ਵਿਖੇ ਭਾਰਤੀ ਸੰਵਿਧਾਨ ਨਿਰਮਾਤਾ, ਭਾਰਤ ਰਤਨ ਬਾਬਾ ਸਾਹਿਬ ਡਾ. ਅੰਬੇਡਕਰ ਦੇ ਬੁੱਤ ਦੇ ਅਪਮਾਨ ਦੀ ਸਖਤ ਨਿਖੇਧੀ ਕਰਦਿਆਂ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਤੋਂ ਲੈ ਕੇ ਅੱਜ ਤੱਕ ਕਾਂਗਰਸ, ਭਾਜਪਾ,ਅਕਾਲੀ ਦਲ ਨੇ ਬਾਬਾ ਸਾਹਿਬ ਦਾ ਅਪਮਾਨ ਕੀਤਾ ਹੈ ਅਤੇ ਦੇਸ਼ ਦੀ ਤਰੱਕੀ ਲਈ ਪੇਸ਼ ਯੋਜਨਾਵਾਂ ਅੱਗੇ ਰੋੜੇ ਸੁੱਟਣ ਦਾ ਕੰਮ ਕੀਤਾ। ਕਰੀਮਪੁਰੀ ਨੇ ਕਿਹਾ ਕਿ ਬਾਬਾ ਸਾਹਿਬ ਡਾ. ਅੰਬੇਡਕਰ ਦੇ ਬੁੱਤਾਂ ਦਾ ਬਾਰ ਬਾਰ ਅਪਮਾਨ ਹੋਣਾ ਕਾਂਗਰਸ, ਭਾਜਪਾ, ਅਕਾਲੀ ਅਤੇ ਪੰਜਾਬ ਦੀ ਆਪ ਸਰਕਾਰ ਦੀ ਗਹਿਰੀ ਸਾਜਿਸ਼ ਦਾ ਨਤੀਜਾ ਹੈ ਜਿਸਨੂੰ ਬਹੁਜਨ ਸਮਾਜ ਪਾਰਟੀ ਬਰਦਾਸ਼ਤ ਨਹੀਂ ਕਰੇਗੀ । ਉਨ੍ਹਾਂ ਕਿਹਾ ਦਰਬਾਰ ਸਾਹਿਬ 'ਤੇ ਹਮਲੇ ਲਈ ਸੰਵਿਧਾਨ ਨਹੀਂ ਬਲਕਿ ਮਨੂੰਵਾਦੀ ਹੁਕਮਰਾਨ ਜਿੰਮੇਵਾਰ ਹਨ। ਦਰਬਾਰ ਸਾਹਿਬ 'ਤੇ ਹਮਲੇ ਲਈ ਨਿਰੋਲ ਕਾਂਗਰਸ ਜਿੰਮੇਵਾਰ ਹੈ ਕਿਉਂਕਿ ਦਰਬਾਰ ਸਾਹਿਬ 'ਤੇ ਹਮਲੇ ਸਮੇਂ ਭਾਰਤੀ ਜਨਤਾ ਪਾਰਟੀ ਨੇ ਕਿਹਾ ਸੀ ਕਿ ਇਹ ਦੇਰੀ ਨਾਲ ਉਠਾਇਆ ਗਿਆ ਜਾਇਜ ਕਦਮ ਹੈ ਅਤੇ ਕਾਂਗਰਸ ਨੂੰ ਉਸ ਵਕਤ ਭਾਜਪਾ ਆਗੂਆਂ ਨੇ ਸ਼ਾਬਾਸ਼ ਦਿੱਤੀ ਸੀ, ਅੱਜ ਦੀ ਆਮ ਪਾਰਟੀ ਇਹ ਕਾਂਗਰਸ ਅਤੇ ਭਾਜਪਾ ਦਾ ਮਿਸ਼ਰਣ ਹੈ ਜਿਸਦੇ ਰਾਜ ਅੰਦਰ ਡਾ. ਅੰਬੇਡਕਰ ਦੇ ਬੁੱਤਾਂ ਦਾ ਅਪਮਾਨ ਹੋ ਰਿਹਾ ਹੈ। ਕਰੀਮਪੁਰੀ ਨੇ ਕਿਹਾ ਕਿ ਡਾ. ਅੰਬੇਡਕਰ ਅਤੇ ਸ਼ਹੀਦੇ ਆਜ਼ਮ ਭਗਤ ਸਿੰਘ ਦੀਆਂ ਤਸਵੀਰਾਂ ਲਗਾ ਕੇ ਆਪਣੇ ਆਪਨੂੰ ਦੇਸ਼ ਭਗਤ ਸਾਬਤ ਕਰਨ ਵਾਲਿਆਂ ਨੇ ਪੰਜਾਬ ਨੂੰ ਬਰਬਾਦੀ ਵੱਲ ਧੱਕ ਦਿੱਤਾ ਹੈ।



ਪੱਤਰਕਾਰਾਂ ਦੇ ਸਵਾਲਾਂ ਦੇ ਜਬਾਬ ਦਿੰਦਿਆਂ ਕਰੀਮਪੁਰੀ ਨੇ ਕਿਹਾ ਕਿ ਲੈਂਡ ਪੂਲਿੰਗ ਗਰੀਬਾਂ,ਕਿਸਾਨਾਂ ਦੀਆਂ ਜ਼ਮੀਨਾਂ ਹੜੱਪਣ ਦਾ ਟੇਢਾ ਤਰੀਕਾ ਹੈ, ਪੰਜਾਬ ਦੀ ਆਮ ਆਦਮੀ ਸਰਕਾਰ ਨੇ ਆਪਣੇ ਖਾਸ ਆਦਮੀ ਵੱਡੇ ਵਪਾਰੀਆਂ ਤੇ ਸਰਮਾਏਦਾਰਾਂ ਨੂੰ ਪੰਜਾਬ ਦੇ ਗਰੀਬਾਂ, ਕਿਸਾਨਾਂ ਦੀਆਂ ਜ਼ਮੀਨਾਂ ਐਕਵਾਇਰ ਕਰਵਾਉਣ ਲਈ ਲੈਂਡ ਪੂਲਿੰਗ ਨੀਤੀ ਨੂੰ ਮਨਜ਼ੂਰੀ ਦਿੱਤੀ ਹੈ, ਜਿਸ ਰਾਹੀਂ ਗਰੀਬਾਂ , ਕਿਸਾਨਾਂ ਨੂੰ ਵੱਡੇ ਵੱਡੇ ਲਾਲਚ ਅਤੇ ਜ਼ਮੀਨਾਂ ਦੀਆਂ ਭਾਰੀ ਕੀਮਤਾਂ ਦਾ ਦਿਖਾਵਾ ਕਰਕੇ ਯੋਜਨਾਬੱਧ ਤਰੀਕੇ ਨਾਲ ਜਮੀਨ ਮਾਲਕਾਂ ਤੋਂ ਨਿੱਜੀ ਡਿਵੈਲਪਰਾਂ , ਭੂ ਮਾਫੀਆ ਨੂੰ ਜ਼ਮੀਨਾਂ ਦੇ ਕਬਜੇ ਦਿਵਾਉਣਾ ਹੈ। ਓਨਾਂ ਕਿਹਾ ਸਰਕਾਰ ਵੱਲੋਂ ਵੱਡੇ ਸ਼ਹਿਰਾਂ 'ਚ ਹਜਾਰਾਂ ਏਕੜ ਜ਼ਮੀਨ ਕਿਸਾਨਾਂ ਕੋਲੋਂ ਖੋਹ ਕੇ ਘਰ ਬਣਾਉਣ ਲਈ 30 ਹਜਾਰ ਰੁਪਇਆ ਪ੍ਰਤੀ ਗਜ ਅਤੇ ਸ਼ੋਰੂਮ ਲਈ 40 ਹਜਾਰ ਰੁਪਿਆ ਪ੍ਰਤੀ ਗਜ ਕੀਮਤ 'ਤੇ ਵੇਚਣ ਨੂੰ ਬਹੁਜਨ ਸਮਾਜ ਪਾਰਟੀ ਕਿਸਾਨ ਵਿਰੋਧੀ-ਗਰੀਬ ਵਿਰੋਧੀ-ਕਰਮਚਾਰੀ ਵਿਰੋਧੀ-ਪੰਜਾਬ ਵਿਰੋਧੀ ਐਲਾਨਦੀ ਹੈ। ਬਸਪਾ ਇਸ ਲੁੱਟ ਦੀ ਨੀਤੀ ਰਾਹੀਂ ਕਿਸਾਨ ਅਤੇ ਗਰੀਬ ਲੋਕਾਂ ਦੀ ਲੁੱਟ ਨਹੀਂ ਹੋਣ ਦੇਵੇਗੀ ਅਤੇ ਵੱਡੇ ਪੱਧਰ 'ਤੇ ਵਿਰੋਧ ਕਰੇਗੀ। ਕਰੀਮਪੁਰੀ ਨੇ ਸਮੂਹ ਪੰਜਾਬੀਆਂ ਨੂੰ ਪੰਜਾਬ ਸੰਭਾਲੋ ਮੁਹਿੰਮ ਦੀ ਸਕਤੀ ਬਣਨੇ ਦਾ ਸੱਦਾ ਦਿੱਤਾ ਤਾਂ ਕਿ ਡਾ. ਅੰਬੇਡਕਰ ਦੇ ਬੁੱਤਾਂ ਦਾ ਅਪਮਾਨ ਅਤੇ ਪੰਜਾਬ ਦੀ ਬਰਬਾਦੀ ਨੂੰ ਰੋਕਿਆ ਜਾ ਸਕੇ।

# ਭਿੱਖੀਵਿੰਡ ਥਾਣੇ ਦੀ ਚਾਰਦੀਵਾਰੀ ਬਣਾਉਣ ਲਈ ਵਰਤਿਆ ਜਾ ਰਿਹੈ ਘਟੀਆ ਮਟੀਰੀਅਲ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਥਾਣਾ ਭਿੱਖੀਵਿੰਡ ਦੀ ਚਾਰਦੀਵਾਰੀ ਬਣਾਉਣ ਲਈ ਘਟੀਆ ਮਟੀਰੀਅਲ ਵਰਤ ਕੇ ਸ਼ਰੇਆਮ ਸਰਕਾਰ ਨੂੰ ਚੂਨਾ ਲਗਾਇਆ ਜਾ ਰਿਹਾ ਹੈ। ਦੱਸਣਯੋਗ ਹੈ ਕਿ ਚਾਰਦੀਵਾਰੀ ਦਾ ਨਿਰਮਾਣ ਪੰਜਾਬ ਪੁਲਸ ਹਾਊਸਿੰਗ ਕਾਰਪੋਰੇਸ਼ਨ ਵੱਲੋਂ ਕਰਵਾਇਆ ਜਾ ਰਿਹਾ ਹੈ। ਨਿਯਮਾਂ ਅਨੁਸਾਰ ਸਮਰੱਥ ਅਧਿਕਾਰੀਆਂ ਵੱਲੋਂ ਸਮੇਂ-ਸਮੇਂ ਸਿਰ ਵਿਕਾਸ ਕਾਰਜਾਂ ਦਾ ਨਿਰੀਖਣ ਕੀਤਾ ਜਾਣਾ ਚਾਹੀਦਾ ਹੈ, ਪ੍ਰੰਤੂ ਉਕਤ ਮਾਮਲੇ ਵਿੱਚ ਅਜਿਹਾ ਹੁੰਦਾ ਦਿਖਾਈ ਨਹੀਂ ਦੇ ਰਿਹਾ। ਲੋਕਾਂ ਦਾ ਸਖ਼ਤ ਮਿਹਨਤ ਨਾਲ ਕਮਾਇਆ ਹੋਇਆ ਪੈਸਾ ਜੋ ਟੈਕਸ ਦੇ ਰੂਪ ਵਿੱਚ ਸਰਕਾਰ ਕੋਲ ਪਹੁੰਚਦਾ ਹੈ, ਦਾ ਰੱਜ ਕੇ ਦੁਰਉਪਯੋਗ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਲਾਕੇ ਨਿਵਾਸੀਆਂ ਨੇ ਦੱਸਿਆ ਕਿ ਲੰਮੇ ਸਮੇਂ ਤੋਂ ਥਾਣਾ ਭਿੱਖੀਵਿੰਡ ਵਿਕਾਸ ਕਾਰਜਾਂ ਦੀ ਉਡੀਕ 'ਚ ਸੀ। ਸਰਕਾਰ ਦੇ ਹੁਕਮਾਂ 'ਤੇ ਥਾਣੇ ਦੀ ਚਾਰਦੀਵਾਰੀ ਉਸਾਰਨ ਦਾ ਕੰਮ ਤਾਂ ਸ਼ੁਰੂ ਹੋ ਗਿਆ ਪਰ ਉਸਾਰੀ ਵਿੱਚ ਘਟੀਆ ਦਰਜੇ ਦਾ ਮਟੀਰੀਅਲ ਵਰਤ ਕੇ ਸੰਬੰਧਤ ਅਧਿਕਾਰੀਆਂ ਵੱਲੋਂ ਨਾ ਸਿਰਫ ਆਮ ਜਨਤਾ ਦੇ ਟੈਕਸ ਦੇ ਰੂਪ ਵਿੱਚ ਦਿੱਤੇ ਪੈਸੇ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ ਸਗੋਂ ਸਰਕਾਰ ਦੇ ਹੁਕਮਾਂ ਨੂੰ ਵੀ ਛਿੱਕੇ ਟੰਗਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਵੀਂ ਚਾਰਦੀਵਾਰੀ ਬਣਾਉਣ ਲਈ ਪੁਰਾਣੀ ਚਾਰਦੀਵਾਰੀ ਨੂੰ ਢਾਹ ਕੇ ਕੰਮ ਨਵੀਆਂ ਨੀਹਾਂ ਤੋਂ ਸ਼ੁਰੂ ਕੀਤਾ ਜਾਣਾ ਚਾਹੀਦਾ ਸੀ, ਪ੍ਰੰਤੂ ਪੁਰਾਣੀ ਨੀਂਹ ਉੱਪਰ ਹੀ ਬੀਮ ਬੰਨ੍ਹ ਕੇ ਚਾਰਦੀਵਾਰੀ ਨੂੰ ਮੁੜ ਤੋਂ ਸੁਰਜੀਤ ਕੀਤਾ ਜਾ ਰਿਹਾ ਹੈ। ਇਸ ਤੋਂ ਵੀ ਜ਼ਿਆਦਾ ਹੈਰਾਨ ਕਰ ਦੇਣ ਵਾਲੀ ਗੱਲ ਇਹ ਹੈ ਕਿ ਚਾਰਦੀਵਾਰੀ ਨੂੰ ਬਣਾਉਣ ਲਈ ਵਰਤਿਆ ਜਾ ਰਿਹਾ ਮਟੀਰੀਅਲ ਘਟੀਆ ਦਰਜੇ ਦਾ ਹੈ। ਇਲਾਕਾ ਨਿਵਾਸੀਆਂ ਨੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਅਤੇ ਪੰਜਾਬ ਦੇ ਡੀ ਜੀ ਪੀ ਪਾਸੋਂ ਸੰਬੰਧਤ ਠੇਕੇਦਾਰ ਤੇ ਵਿਭਾਗ ਦੇ ਸੰਬੰਧਤ ਅਧਿਕਾਰੀਆਂ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ।ਉੱਧਰ ਇਸ ਸੰਬੰਧੀ ਜਦੋਂ ਠੇਕੇਦਾਰ ਵਿਕਾਸ ਨਾਲ ਗੱਲਬਾਤ ਕੀਤੀ ਗਈ ਤਾਂ ਉਸ ਦਾ ਕਹਿਣਾ ਸੀ ਕਿ ਇਸ ਮਾਮਲੇ ਸੰਬੰਧੀ ਸੰਬੰਧਤ ਵਿਭਾਗ ਦੇ ਐੱਸ ਡੀ ਓ ਨੂੰ ਜਾਣੂ ਕਰਵਾ ਦਿੱਤਾ ਗਿਆ ਹੈ।

## ਬੇਦਖਲੀ ਨੋਟਿਸ

ਮੈਂ ਰਜਿੰਦਰ ਪ੍ਰਸ਼ਾਦ ਪੁੱਤਰ ਜੇਠੂ ਪ੍ਰਸਾਦ ਵਾਸੀ ਗੋਲਡਨ ਐਵੀਨਿਊ, ਛੇਹਰਟਾ, ਅੰਮ੍ਰਿਤਸਰ ਆਪਣੇ ਲੜਕੇ ਰਵੀ ਕੁਮਾਰ ਜ਼ੋ ਕਿ ਮੇਰੇ ਕਹਿਣੇ ਵਿੱਚ ਨਹੀ ਹੈ, ਮੇਰੀ ਕੋਈ ਗੱਲ ਨਹੀਂ ਮੰਨਦਾ, ਆਪਣੀ ਮਰਜੀ ਕਰਦਾ ਹੈ ਨੂੰ ਆਪਣੀ ਚੱਲ ਅਚੱਲ, ਝੁੱਕਵੀ ਅਣਝੁਕਵੀ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸਦੇ ਕਿਸੇ ਵੀ ਮਾੜੇ ਚੰਗੇ ਕੰਮ, ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀ ਹੋਵੇਗਾ। ਮੇਰਾ ਰਵੀ ਕੁਮਾਰ ਦੇ ਨਾਲ ਕੋਈ ਸੰਬੰਧ ਨਹੀ ਹੈ।

ਮੈਂ, ਰਾਮ ਚੰਦ ਪੁੱਤਰ ਮੰਗਲ ਦਾਸ ਵਾਸੀ ਮਕਾਨ ਨੰ: ਬੀ-38/664, ਭਾਰਗਵ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਪਰਵਿੰਦਰ ਕੁਮਾਰ, ਨੂੰਹ ਵਾ ਪਰਿਵਾਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ ਕ੍ਰਿਸ਼ਨਾ ਦੇਵੀ ਪਤਨੀ ਲੇਟ ਰਮੇਸ਼ ਕੁਮਾਰ ਵਾਸੀ ਪਿੰਡ ਤੇ ਡਾਕਖਾਨਾ ਸਕਰੂਲੀ ਤਹਿਸੀਲ ਗੜ੍ਹਸ਼ੰਕਰ ਜਿਲਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੇਰਾ ਕੁਆਰਾ ਲੜਕਾ ਨਵਜੋਤ ਕੁਮਾਰ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੈ। ਇਸ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹ ਆਪਣੇ ਕੀਤੇ ਚੰਗੇ ਮਾੜੇ ਕੰਮ ਦਾ ਖੁਦ ਜੁੰਮੇਵਾਰ ਹੋਵੇਗਾ। ਮੇਰੀ ਕੋਈ ਵੀ ਜੁੰਮੇਵਾਰੀ ਨਹੀ ਹੋਵੇਗੀ।

ਅਸੀਂ ਮਲੂਕ ਸਿੰਘ ਅਤੇ ਅਮਰਜੀਤ ਕੌਰ ਪਤਨੀ ਮਲੂਕ ਸਿੰਘ, ਵਾਸੀ ਚੀਮਾਂਬਾਠ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੇ ਲੜਕੇ ਰਵਿੰਦਰ ਸਿੰਘ ਅਤੇ ਨੂੰਹ ਕੋਮਲ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਣ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ ।

ਮੈਂ ਸਰੋਜ਼ ਰਾਣੀ ਪਤਨੀ ਦੇਸ ਰਾਜ ਵਾਸੀ ਪਿੰਡ ਤੇ ਡਾਕਖਾਨਾ ਨੁਆਣਾ ਤਹਿਸੀਲ ਗੜ੍ਹਸ਼ੰਕਰ ਜਿਲਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਹਰਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹ ਆਪਣੇ ਕੀਤੇ ਚੰਗੇ ਮਾੜੇ ਕੰਮ ਦੀ ਖੁਦ ਜੁੰਮੇਵਾਰ ਹੋਵੇਗੀ। ਮੇਰੀ ਕੋਈ ਵੀ ਜੁੰਮੇਵਾਰੀ ਨਹੀ ਹੋਵੇਗੀ।

ਮੈਂ, ਧਰਮ ਸਿੰਘ ਪੁੱਤਰ ਹਜ਼ਾਰਾ ਸਿੰਘ ਵਾਸੀ ਪਿੰਡ ਤਲਵੰਡੀ ਘੁੰਮਣ, ਡਾਕਖਾਨਾ ਪਾਖਰਪੁਰਾ, ਤਹਿਸੀਲ ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਸਿਮਰਨਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਅਤੇ ਮੇਰੇ ਪਰਵਾਰ ਨਾਲ ਲੜਾਈ-ਝਗੜਾ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਗੁਰਮੀਤ ਕੌਰ ਵਿਧਵਾ ਜੋਗਿੰਦਰ ਸਿੰਘ, ਵਾਸੀ ਮੱਧ ਕਾਲੋਨੀ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੇ ਲੜਕੇ ਯੋਧਾ ਅਤੇ ਨੂੰਹ ਬਲਜੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਣ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਸੁੱਖੋ ਪਤਨੀ ਮੁਖਾ ਪਿੰਡ ਸਿਧਵਾਂ ਜਮੀਤਾ ਹਾਲ ਵਾਸੀ ਗਲੀ ਨੰਬਰ 6 ਸਾਹਮਣੇ ਮੋਹਣ ਪਲਾਜਾ ਕਲਾਨੌਰ ਰੋਡ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਨਿਲ ਮਸੀਹ ਮੇਰੇ ਅਤੇ ਮੇਰੇ ਪੂਰੇ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹੈ, ਬੁਰੀ ਸੰਗਤ ਕਰਦਾ ਹੈ । ਮੈਂ ਇਸ ਨੂੰ ਆਪਣੀ ਸਾਰੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ।

**ਝਬਾਲ, (ਮੱਖਣ ਮਨੋਜ)**-ਛੇਵੇਂ ਪਾਤਸ਼ਾਹ ਮੀਰੀ-ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਸਪੁੱਤਰੀ ਬੀਬੀ ਵੀਰੋ ਜੀ ਦੇ ਵਿਆਹ ਪੁਰਬ ਦੀ ਖੁਸ਼ੀ ਵਿਚ ਮੇਲਾ 8, 9 ਜੂਨ ਨੂੰ ਮਨਾਇਆ ਜਾ ਰਿਹਾ ਹੈ। ਗੁਰਦੁਆਰਾ ਸਾਹਿਬ ਦੇ ਗ੍ਰੰਥੀ ਬਲਵਿੰਦਰ ਸਿੰਘ ਸਵਰਗਾਪੁਰੀ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸਾਲਾਨਾ ਦੋ ਦਿਨਾ ਜੋੜ ਮੇਲਾ 8 ਤੇ 9 ਜੂਨ ਨੂੰ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। 6 ਜੂਨ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਜਾਣਗੇ ਅਤੇ 8 ਜੂਨ ਨੂੰ ਭੋਗ ਪਾਉਣ ਉਪਰੰਤ ਗੁਰਬਾਣੀ ਦਾ ਸ਼ਬਦ ਕੀਰਤਨ ਹੋਵੇਗਾ। ਜਦੋਂ ਕਿ 9 ਜੂਨ ਨੂੰ ਪੁਰਾਤਨ ਸਮੇਂ ਅਨੁਸਾਰ ਲਾਵਾਂ ਦੇ ਪਾਠ ਹੋਣਗੇ ਅਤੇ ਇਸ ਦੌਰਾਨ ਵਿਸ਼ਾਲ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਸ ਵਿਚ ਪੰਥ ਦੇ ਪ੍ਰਸਿੱਧ ਰਾਗੀ, ਢਾਡੀ ਅਤੇ ਕਥਾਵਾਚਕ ਸਿੰਘ ਸੰਗਤਾਂ ਨੂੰ ਗੁਰੂ ਘਰ ਦਾ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਗੁਰੂ ਕੇ ਲੰਗਰ ਅਤੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਚਾਹ ਦੇ ਲੰਗਰ ਵਿਸ਼ੇਸ਼ ਤੌਰ 'ਤੇ ਵਰਤਾਏ ਜਾਣਗੇ। ਉਨ੍ਹਾਂ ਦੱਸਿਆ ਕਿ 9 ਜੂਨ ਨੂੰ ਮੇਲੇ ਦੀ ਸਮਾਪਤੀ ਉਪਰੰਤ ਪੇਂਡੂ ਖੇਡ ਟੂਰਨਾਮੈਂਟ ਅਤੇ ਕਬੱਡੀ ਦੇ ਮੈਚ ਕਰਾਏ ਜਾਣਗੇ।

# ਜ਼ਮੀਨੀ ਵਿਵਾਦ ਨੂੰ ਲੈ ਕੇ ਜਾਨੋਂ ਮਾਰਨ ਤੇ ਨਜਾਇਜ਼ ਨਸ਼ੇ ਦਾ ਕੇਸ ਪਵਾ ਕੇ ਜੇਲ੍ਹ ਭੇਜਣ ਦੇ ਦਿੱਤੇ ਡਰਾਵੇ

**ਝਬਾਲ ( ਮੱਖਣ ਮਨੋਜ )**- ਨਜ਼ਦੀਕੀ ਪਿੰਡ ਸੋਹਲ ਦੇ ਵਾਸੀ ਕੁਲਦੀਪ ਸਿੰਘ ਪੁੱਤਰ ਬਾਜ਼ ਸਿੰਘ ਨੇ ਆਪਣੇ ਭਰਾ ਅਤੇ ਉਸ ਦੇ ਪਰਵਾਰਕ ਮੈਂਬਰਾਂ ਅਤੇ ਭਰਾ ਦੇ ਸਾਲੇ 'ਤੇ ਜ਼ਮੀਨੀ ਵਿਵਾਦ ਨੂੰ ਲੈ ਕੇ ਘਰ ਵਿੱਚ ਵੜ ਕੇ ਉਸ ਨੂੰ ਜਾਨੋਂ ਮਾਰਨ ਅਤੇ ਕੋਲ 'ਤੇ ਨਜਾਇਜ਼ ਨਸ਼ੇ ਦਾ ਕੇਸ ਪਵਾ ਕੇ ਜੇਲ੍ਹ ਭੇਜਣ ਦੇ ਲਗਾਤਾਰ ਡਰਾਵੇ ਦੇਣ ਵਿਰੁੱਧ ਝਬਾਲ ਪੁਲਸ ਨੂੰ ਦਰਖਾਸਤ ਦੇ ਕੇ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ। ਇਸ ਸਬੰਧੀ ਪੁਲਸ ਨੂੰ ਦਿੱਤੀ ਦਰਖਾਸਤ ਦੀਆਂ ਕਾਪੀਆਂ ਪੱਤਰਕਾਰਾਂ ਨੂੰ ਦਿੰਦਿਆਂ ਕੁਲਦੀਪ ਸਿੰਘ ਪੁੱਤਰ ਬਾਜ਼ ਸਿੰਘ ਵਾਸੀ ਸੋਹਲ ਨੇ ਦੱਸਿਆ ਕਿ ਉਸ ਦੇ ਪਿਤਾ ਜੋ ਉਸ ਨਾਲ ਰਹਿੰਦਾ ਸੀ, ਨੇ ਆਪਣੀ ਮਰਜ਼ੀ ਨਾਲ ਉਹਨਾਂ ਦੇ ਹਿੱਸੇ ਆਉਂਦੀ ਜ਼ਮੀਨ ਉਸ ਦੇ ਨਾਮ ਕਰ ਦਿੱਤੀ। ਜਿਸ ਵਿੱਚ ਉਸ ਟਾਈਮ ਉਸ ਦਾ ਭਰਾ ਹਰਜੀਤ ਸਿੰਘ ਦੇ ਵੀ ਸਾਈਨ ਹੋਏ ਹਨ ਪ੍ਰੰਤੂ ਹੁਣ ਉਸ ਦਾ ਭਰਾ ਹਰਜੀਤ ਸਿੰਘ ਤੇ ਉਸ ਦੇ ਪਰਵਾਰਕ ਮੈਂਬਰ ਉਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਕੇ ਜ਼ਮੀਨ ਦਾ ਹਿੱਸਾ ਮੰਗ ਰਹੇ ਹਨ।ਜਿਸ ਦੇ ਚਲਦੇ ਬੀਤੇ ਦਿਨ ਉਹਨਾਂ ਉਸ ਦੀ ਗੈਰ ਹਾਜ਼ਰੀ ਵਿੱਚ ਉਸ ਦੇ ਘਰ ਵੜ ਕੇ ਗਾਲੀ ਗਲੋਚ ਕੀਤਾ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ। ਜਿਸ ਸਬੰਧੀ ਉਸ ਨੇ ਥਾਣਾ ਝਬਾਲ ਵਿਖੇ ਦਰਖਾਸਤ ਦਿੱਤੀ ਹੈ।ਜਿਸ ਕਰਕੇ ਝਬਾਲ ਪੁਲਸ ਨੇ ਦੋਵਾਂ ਧਿਰਾਂ ਨੂੰ ਥਾਣੇ ਬੁਲਾਇਆ ਪਰੰਤੂ ਅੱਜ ਇਸ ਦਿਨ ਪਹਿਲਾਂ ਹੀ ਉਸ ਦਾ ਸਾਲਾ ਸਾਹਬ ਸਿੰਘ ਜੋ ਪੁਲਸ ਵਿੱਚ ਹੈ ਆ ਕੇ ਉਸ ਦੇ ਗਵਾਹਾਂ ਨੂੰ ਡਰਾ ਕੇ ਮੁਕਰਾ ਰਿਹਾ ਹੈ, ਉਥੇ ਮੇਰੇ 'ਤੇ ਨਜਾਇਜ਼ ਨਸ਼ੇ ਦਾ ਕੇਸ ਪਾ ਕੇ ਜੇਲ੍ਹ ਭੇਜਣ ਦੇ ਡਰਾਵੇ ਦੇ ਰਿਹਾ ਹੈ।ਕੁਲਦੀਪ ਸਿੰਘ ਅਤੇ ਉਸ ਦੇ ਪਰਵਾਰ ਨੇ ਉੱਚ ਅਧਿਕਾਰੀਆਂ ਕੋਲੋਂ ਮੰਗ ਕੀਤੀ ਹੈ ਕਿ ਮੈਨੂੰ ਇਹਨਾਂ ਕੋਲੋਂ ਖਤਰਾ ਹੈ, ਇਸ ਲਈ ਇਹਨਾਂ ਵਿਰੁੱਧ ਜਾਂਚ ਕਰਕੇ ਕਾਨੂੰਨੀ ਕਾਰਵਾਈ ਕੀਤੀ ਜਾਵੇ। ਦੂਸਰੇ ਪਾਸੇ ਜਦੋਂ ਹਰਜੀਤ ਸਿੰਘ ਸਿੰਘ ਨਾਲ ਸੰਪਰਕ ਕੀਤਾ ਤਾਂ ਉਹਨਾਂ ਕਿਹਾ ਕਿ ਅਸੀਂ ਨਾ ਤਾਂ ਇਸ ਦੇ ਘਰ ਜਾ ਕੇ ਧਮਕੀਆਂ ਦਿੱਤੀਆਂ ਅਤੇ ਨਾ ਹੀ ਮੇਰੇ ਸਾਲੇ ਨੇ ਆ ਕੇ ਕੋਈ ਝੂਠਾ ਕੇਸ ਬਣਾਉਣ ਦੀ ਧਮਕੀ ਦਿੱਤੀ ਸਗੋਂ ਕੁਲਦੀਪ ਸਿੰਘ ਨੇ ਮੇਰੇ ਪਿਤਾ ਦੀ ਜ਼ਮੀਨ ਵਿਚੋਂ ਮੇਰਾ ਹਿੱਸਾ ਵੀ ਧੋਖੇ ਨਾਲ ਤਿੰਨ ਕਨਾਲਾਂ ਕਹਿ ਕੇ ਅੱਠ ਕਨਾਲਾਂ ਆਪਣੇ ਨਾਮ ਕਰਵਾ ਲਿਆ ਹੈ। ਜਦੋਂ ਕਿ ਹਰਜੀਤ ਸਿੰਘ ਦੇ ਸਾਲੇ ਸਾਹਿਬ ਸਿੰਘ ਜੋ ਪੁਲਸ ਮੁਲਾਜ਼ਮ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਇਹਨਾਂ ਦੇ ਭਰਾਵਾਂ ਦੀ ਘਰੇਲੂ ਵੰਡ ਹੈ, ਮੈਂ ਤਾਂ ਆਪਣੀ ਡਿਊਟੀ 'ਤੇ ਅੰਮ੍ਰਿਤਸਰ ਬੈਠਾ ਹਾਂ, ਮੇਰੇ ਬਾਰੇ ਝੂਠ ਬੋਲ ਰਹੇ ਹਨ। ਇਸ ਸਬੰਧੀ ਜਦੋਂ ਥਾਣਾ ਝਬਾਲ ਇੰਸਪੈਕਟਰ ਪਰਮਜੀਤ ਸਿੰਘ ਵਿਰਦੀ ਨਾਲ ਸੰਪਰਕ ਕੀਤਾ ਤਾਂ ਉਹਨਾਂ ਕਿਹਾ ਕਿ ਉਹਨਾਂ ਦੇ ਧਿਆਨ ਵਿੱਚ ਇਹ ਮਸਲਾ ਨਹੀਂ ਹੈ ਪ੍ਰੰਤੂ ਫਿਰ ਵੀ ਉਹ ਤੁਰੰਤ ਪਤਾ ਕਰਕੇ ਇਸ ਸਬੰਧੀ ਜੋ ਵੀ ਕਾਰਵਾਈ ਹੋਵੇਗੀ ਉਹ ਅਮਲ ਵਿਚ ਲਿਆਂਦੀ ਜਾਵੇਗੀ।



# ਪਰਤਾਪ ਵਰਲਡ ਸਕੂਲ ਨੇ ਡੀ ਐੱਫ ਓ ਦਫ਼ਤਰ ਦਾ ਕੀਤਾ ਦੌਰਾ

**ਪਠਾਨਕੋਟ (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ ਪਠਾਨਕੋਟ ਨੇ ਵਿਸ਼ਵ ਪਰਿਆਵਰਣ ਦਿਵਸ 'ਤੇ ਆਪਣੇ ਵਿਦਿਆਰਥੀਆਂ ਨੂੰ ਡਵੀਜ਼ਨਲ ਫਾਰੈਸਟ ਅਫ਼ਸਰ ਡੀ ਐਫ ਓ ਦਫ਼ਤਰ, ਪਠਾਨਕੋਟ ਦਾ ਇੱਕ ਦੌਰਾ ਕਰਵਾਇਆ। ਇਸ ਖਾਸ ਪਹਿਲਕਦਮੀ ਦਾ ਟੀਚਾ ਪਰਿਆਵਰਣ ਸੁਰੱਖਿਆ ਅਤੇ ਟਿਕਾਊ ਵਿਕਾਸ ਬਾਰੇ ਜਾਗਰੂਕਤਾ ਫੈਲਾਉਣਾ ਸੀ, ਤਾਂ ਜੋ ਵਿਦਿਆਰਥੀ ਸਿੱਧੇ ਤੌਰ 'ਤੇ ਜੰਗਲਾਤ ਅਧਿਕਾਰੀਆਂ ਨਾਲ ਗੱਲਬਾਤ ਕਰ ਸਕਣ। ਦੌਰੇ ਦੌਰਾਨ ਵਿਦਿਆਰਥੀਆਂ ਨੇ ਮਾਣਯੋਗ ਡੀ ਐਫ ਓ ਧਰਮਵੀਰ ਡੇਰੂ, ਆਈ ਐਫ ਐਸ ਨੂੰ ਮਿਲਣ ਦਾ ਮੌਕਾ ਪ੍ਰਾਪਤ ਕੀਤਾ। ਵਿਦਿਆਰਥੀਆਂ ਨੇ ਰੀਸਾਈਕਲ ਕੀਤੀ ਸਮੱਗਰੀ ਤੋਂ ਬਣੇ ਪਰਿਆਵਰਣ-ਅਨੁਕੂਲ ਪੰਛੀ ਫੀਡਰ ਭੇਟ ਕੀਤੇ ਅਤੇ ਜੈਵ ਵਿਭਿੰਨਤਾ ਦੀ ਰੱਖਿਆ ਅਤੇ ਕੁਦਰਤ ਦੇ ਸੰਭਾਲ ਵਿੱਚ ਨੌਜਵਾਨਾਂ ਦੀ ਭੂਮਿਕਾ 'ਤੇ ਇੱਕ ਵਿਚਾਰਪੂਰਨ ਚਰਚਾ ਵਿੱਚ ਹਿੱਸਾ ਲਿਆ। ਵਿਦਿਆਰਥੀਆਂ ਨਾਲ ਗੱਲਬਾਤ ਕਰਦੇ ਹੋਏ ਧਰਮਵੀਰ ਡੇਰੂ ਨੇ ਕਿਹਾ ਕਿ ਕੁਦਰਤ ਸਾਨੂੰ ਸਭ ਕੁਝ ਦਿੰਦੀ ਹੈ।ਸਾਫ਼ ਹਵਾ, ਪਾਣੀ ਅਤੇ ਖੁਦ ਜ਼ਿੰਦਗੀ। ਜੇਕਰ ਅੱਜ ਦੇ ਨੌਜਵਾਨ ਇਸ ਨੂੰ ਸਮਝਣ ਅਤੇ ਕਾਰਵਾਈ ਕਰਨ, ਤਾਂ ਅਸੀਂ ਪਰਿਆਵਰਣ ਨੂੰ ਦੁਬਾਰਾ ਸੁਧਾਰ ਸਕਦੇ ਹਾਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਇਸ ਨੂੰ ਸੁਰੱਖਿਅਤ ਬਣਾ ਸਕਦੇ ਹਾਂ। ਜਦੋਂ ਧਰਤੀ ਜੰਗਲਾਂ ਦੀ ਕਟਾਈ, ਜਲਵਾਯੂ ਤਬਦੀਲੀ ਅਤੇ ਜੈਵ ਵਿਭਿੰਨਤਾ ਦੇ ਨੁਕਸਾਨ ਵਰਗੀਆਂ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਹੈ, ਤਾਂ ਅਜਿਹੇ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਇੱਕ ਹਰਿਆਲ ਅਤੇ ਟਿਕਾਊ ਭਵਿੱਖ ਦੇ ਨਿਰਮਾਣ ਲਈ ਬਹੁਤ ਜ਼ਰੂਰੀ ਹੈ। ਨਿਰਦੇਸ਼ਕ ਸੰਨੀ ਮਹਾਜਨ ਨੇ ਕਿਹਾ ਕਿ ਅਸਲ ਸਿੱਖਿਆ ਕਲਾਸ ਦੀਆਂ ਚਾਰਦੀਵਾਰਾਂ ਤੋਂ ਬਾਹਰ ਮਿਲਦੀ ਹੈ। ਅਜਿਹੇ ਅਨੁਭਵ ਵਿਦਿਆਰਥੀਆਂ ਨੂੰ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਸਮਝਣ ਵਿੱਚ ਮਦਦ ਕਰਦੇ ਹਨ। ਨਿਰਦੇਸ਼ਕ ਓਸ਼ਿਨ ਮਹਾਜਨ ਨੇ ਕਿਹਾ ਕਿ ਸਾਡਾ ਟੀਚਾ ਸਿਰਫ਼ ਤੇਜ਼ ਦਿਮਾਗ ਹੀ ਨਹੀਂ, ਸਗੋਂ ਸੰਵੇਦਨਸ਼ੀਲ ਅਤੇ ਪਰਿਆਵਰਣ-ਪ੍ਰਤੀ ਜਾਗਰੂਕ ਨਾਗਰਿਕ ਤਿਆਰ ਕਰਨਾ ਹੈ ਜੋ ਸਮਾਜ ਵਿੱਚ ਸਕਾਰਾਤਮਕ ਤਬਦੀਲੀ ਲਿਆ ਸਕਣ।ਪ੍ਰਿੰਸੀਪਲ ਸੁਭਰਾ ਰਾਣੀ ਨੇ ਕਿਹਾ ਕਿ ਇਹ ਦੇਖ ਕੇ ਬਹੁਤ ਗਰਵ ਹੋਇਆ ਕਿ ਸਾਡੇ ਵਿਦਿਆਰਥੀਆਂ ਨੇ ਪਰਿਆਵਰਣਕ ਮੁੱਦਿਆਂ ਵਿੱਚ ਸੱਚੀ ਦਿਲਚਸਪੀ ਦਿਖਾਈ।



# ਲੁਧਿਆਣਾ ਵੈੱਸਟ ਜ਼ਿਮਨੀ ਚੋਣ ਸ਼ਾਨ ਨਾਲ ਜਿੱਤਾਂਗੇ : ਸ਼ੈਰੀ ਕਲਸੀ

**ਬਟਾਲਾ (ਤਰਲੋਕ ਬੱਗਾ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਤੇ ਹੋਣਹਾਰ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਲੁਧਿਆਣਾ ਵੈਸਟ ਜ਼ਿਮਨੀ ਚੋਣ ਵਿੱਚ ਪਾਰਟੀ ਲਈ ਸਰਗਰਮ ਭੂਮਿਕਾ ਨਿਭਾ ਰਹੇ ਹਨ ਅਤੇ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਦੇ ਹੱਕ ਵਿੱਚ ਚੋਣ ਮੁਹਿੰਮ ਵਿੱਚ ਮੋਹਰੀ ਭੂਮਿਕਾ ਨਿਭਾਅ ਕੇ ਪਾਰਟੀ ਦੇ ਹਿੱਤ ਵਿੱਚ ਦਿਨ ਰਾਤ ਸੇਵਾ ਕਰ ਰਹੇ ਹਨ। ਇਸ ਮੌਕੇ ਗੱਲ ਕਰਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਲੁਧਿਆਣਾ ਵੈਸਟ ਦੀ ਸੀਟ ਸ਼ਾਨਦਾਰ ਨਾਲ ਜਿੱਤੇਗੀ।ਉਨ੍ਹਾਂ ਕਿਹਾ ਕਿ ਰਵਾਇਤੀ ਸਿਆਸੀ ਪਾਰਟੀਆਂ ਨੂੰ ਲੋਕ ਇੱਕ ਵਾਰ ਫਿਰ ਜਵਾਬ ਦੇਣ ਲਈ ਤਿਆਰ ਹਨ ਅਤੇ ਲੋਕ ਆਪ ਪਾਰਟੀ ਦੇ ਉਮੀਦਵਾਰ ਦੇ ਹੱਕ ਵਿੱਚ ਫ਼ਤਵਾ ਦੇਣ ਲਈ 19 ਜੂਨ ਦੇ ਦਿਨ ਦਾ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਹਨ। ਕਲਸੀ ਨੇ ਅੱਗੇ ਕਿਹਾ ਕਿ ਆਪ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਆਪਣੇ ਕਰੀਬ ਤਿੰਨ ਕੁ ਸਾਲ ਦੇ ਕਾਰਜਕਾਲ ਵਿੱਚ ਹਰੇਕ ਵਰਗ ਦੀ ਭਲਾਈ ਵਿੱਚ ਇਤਿਹਾਸਕ ਫੈਸਲੇ ਲਏ ਹਨ, ਜਿਸ ਸਦਕਾ ਜਲੰਧਰ ਵੈਸਟ ਅਤੇ ਡੇਰਾ ਬਾਬਾ ਨਾਨਕ ਦੀ ਜ਼ਿਮਨੀ ਚੋਣ ਪਾਰਟੀ ਨੇ ਰਿਕਾਰਡ ਵੋਟਾਂ ਨਾਲ ਜਿੱਤੀ ਹੈ।ਉਨ੍ਹਾਂ ਕਿਹਾ ਕਿ ਆਪ ਪਾਰਟੀ ਦੀਆਂ ਨੀਤੀਆਂ ਅਤੇ ਸਰਕਾਰ ਵਲੋਂ ਕੀਤੇ ਗਏ ਬੇਮਿਸਾਲ ਵਿਕਾਸ ਕਾਰਜਾਂ ਨੂੰ ਲੈ ਕੇ ਹੁਣ ਲੋਕਾਂ ਦੀ ਕਚਹਿਰੀ ਵਿੱਚ ਜਾ ਰਹੇ ਹਨ ਅਤੇ ਲੋਕਾਂ ਦੇ ਪਿਆਰ ਸਦਕਾ ਪਾਰਟੀ ਇਹ ਜ਼ਿਮਨੀ ਚੋਣ ਜ਼ਰੂਰ ਜਿੱਤੇਗੀ। ਵਿਧਾਇਕ ਸ਼ੈਰੀ ਕਲਸੀ ਨੇ ਪਿਛਲੇ 3 ਸਾਲਾਂ 'ਚ ਆਪ ਸਰਕਾਰ ਦੀ ਇਤਿਹਾਸਕ ਉਪਲਬਧੀਆਂ 'ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਨਸ਼ਾ ਮਾਫੀਆ 'ਤੇ ਸਖ਼ਤ ਕਾਰਵਾਈ ਕੀਤੀ ਗਈ ਹੈ। ਗੈਰ-ਕਾਨੂੰਨੀ ਜਾਇਦਾਦਾਂ 'ਤੇ ਬੁਲਡੋਜ਼ਰ ਚਲਾਏ ਗਏ ਅਤੇ ਨਸ਼ਾ ਮੁਕਤੀ ਯਾਤਰਾ ਵਿੱਚ ਲੋਕ ਨਸ਼ਿਆਂ ਦੇ ਖਿਲਾਫ਼ ਲਾਮਬੰਦ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ 'ਚ ਇਨਕਲਾਬ ਲਿਆਂਦਾ ਹੈ। ਉਨ੍ਹਾਂ ਦੱਸਿਆ ਕਿ 36 ਕਰੋੜ ਰੁਪਏ ਦਾ ਫੰਡ ਜਾਰੀ ਕੀਤਾ ਗਿਆ ਹੈ। ਸਕੂਲ ਆਫ ਐਮੀਨੈਂਸ ਦੀ ਸ਼ੁਰੂਆਤ ਕੀਤੀ ਗਈ ਹੈ ਤੇ 12,700 ਅਧਿਆਪਕ ਪੱਕੇ ਕੀਤੇ ਗਏ। ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਦਾ ਬੁਨਿਆਦੀ ਢਾਂਚਾ ਮਜ਼ਬੂਤ ਕੀਤਾ ਗਿਆ ਹੈ। ਸੂਬੇ ਅੰਦਰ ਸਿਹਤ ਸੁਧਾਰ ਕਰਦਿਆਂ 900 ਆਮ ਆਦਮੀ ਕਲੀਨਿਕ ਸਫਲਤਾਪੂਰਵਕ ਚੱਲ ਰਹੇ ਹਨ। 550 ਕਰੋੜ ਰੁਪਏ ਦੀ ਲਾਗਤ ਨਾਲ ਸਰਕਾਰੀ ਹਸਪਤਾਲਾਂ ਦੀ ਅੱਪਗ੍ਰੇਡੇਸ਼ਨ ਕੀਤੀ ਗਈ ਹੈ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਹਰੇਕ ਵਰਗ ਦੇ ਹਿੱਤ ਨੂੰ ਮੁੱਖ ਰੱਖਦਿਆਂ ਬਿਜਲੀ 'ਚ ਵੱਡੀ ਰਾਹਤ ਦਿੱਤੀ ਹੈ। ਹਰ ਪਰਵਾਰ ਨੂੰ 600 ਯੂਨਿਟ ਮੁਫ਼ਤ ਬਿਜਲੀ ਨਿਰਵਿਘਨ ਮਿਲ ਰਹੀ ਹੈ। 51,000 ਨੌਜਵਾਨਾਂ ਨੂੰ ਸਰਕਾਰੀ ਸਹਾਇਤਾ ਨਾਲ ਨੌਕਰੀਆਂ, 70,000 ਕਰੋੜ ਰੁਪਏ ਦਾ ਨਿਵੇਸ਼ ਅਤੇ 3 ਲੱਖ ਨੌਕਰੀਆਂ ਪ੍ਰਾਈਵੇਟ ਖੇਤਰ 'ਚ ਮੁਹੱਈਆ ਕਰਵਾਈਆਂ ਗਈਆਂ ਹਨ । ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਨਿਵੇਕਲੀ ਪਹਿਲਕਦਮੀ ਕਰਦਿਆਂ ਸੜਕ ਸੁਰੱਖਿਆ ਫੋਰਸ ਤਾਇਨਾਤੀ ਕੀਤੀ ਗਈ ਹੈ ਅਤੇ 144 ਹਾਈਟੈਕ ਵਾਹਨ ਤਾਇਨਾਤ ਕੀਤੇ ਹਨ।



## ਐੱਚ ਡੀ ਐੱਫ ਸੀ ਬੈਂਕ ਪਰਿਵਰਤਨ ਨੇ ਪਲਾਸਟਿਕ ਵਿਰੁੱਧ ਜਾਗਰੂਕਤਾ ਮੁਹਿੰਮ ਕੀਤੀ ਸ਼ੁਰੂ

**ਅੰਮ੍ਰਿਤਸਰ :** ਐਚ ਡੀ ਐਫ ਸੀ ਬੈਂਕ ਨੇ 5 ਜੂਨ ਨੂੰ ਆਉਣ ਵਾਲੇ ਵਿਸ਼ਵ ਵਾਤਾਵਰਣ ਦਿਵਸ ਤੋਂ ਪਹਿਲਾਂ ਪਲਾਸਟਿਕ ਦੀ ਵਰਤੋਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਇੱਕ ਜਾਗਰੂਕਤਾ ਮੁਹਿੰਮ ਸ਼ੁਰੂ ਕਰਕੇ ਵਾਤਾਵਰਣ ਜ਼ਿੰਮੇਵਾਰੀ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ ਹੈ। ਇਸ ਪਹਿਲਕਦਮੀ ਦੇ ਹਿੱਸੇ ਵਜੋਂ, ਬੈਂਕ ਗਾਹਕਾਂ, ਕਰਮਚਾਰੀਆਂ ਅਤੇ ਆਮ ਲੋਕਾਂ ਲਈ ਜਾਗਰੂਕਤਾ ਮੁਹਿੰਮਾਂ ਚਲਾ ਰਿਹਾ ਹੈ। ਐਚ ਡੀ ਐਫ ਸੀ ਬੈਂਕ ਦੇ ਡਿਪਟੀ ਮੈਨੇਜਿੰਗ ਡਾਇਰੈਕਟਰ ਕੈਜ਼ਾਦ ਭਰੂਚਾ ਨੇ ਕਿਹਾ, ਐਚ ਡੀ ਐਫ ਸੀ ਬੈਂਕ ਵਿਖੇ ਸਾਡਾ ਮੰਨਣਾ ਹੈ ਕਿ ਭਾਈਚਾਰਿਆਂ ਨਾਲ ਮਿਲ ਕੇ ਕੰਮ ਕਰਨ ਨਾਲ ਅਰਥਪੂਰਨ ਤਬਦੀਲੀ ਆਉਂਦੀ ਹੈ। ਸਾਡੀਆਂ ਪਰਿਵਰਤਨ ਪਹਿਲਕਦਮੀਆਂ, ਜਿਸ ਵਿੱਚ ਪਲਾਸਟਿਕ ਜਾਗਰੂਕਤਾ ਮੁਹਿੰਮ ਸ਼ਾਮਲ ਹੈ, ਸਥਾਨਕ ਨਾਗਰਿਕਾਂ ਦੀ ਸ਼ਮੂਲੀਅਤ ਦੁਆਰਾ ਸਥਾਨਕ ਮਾਲਕੀ ਦਾ ਸਮਰਥਨ ਕਰਨ ਅਤੇ ਸਥਾਈ ਪ੍ਰਭਾਵ ਪੈਦਾ ਕਰਨ ਲਈ ਤਿਆਰ ਕੀਤੀਆਂ ਗਈਆਂ ਹਨ। ਪਲਾਸਟਿਕ ਪ੍ਰਦੂਸ਼ਣ ਨੂੰ ਹੱਲ ਕਰਨ ਲਈ ਇਕੱਠੇ ਕੰਮ ਕਰਕੇ ਅਸੀਂ ਵਾਤਾਵਰਣ ਦੀ ਰੱਖਿਆ ਅਤੇ ਉਨ੍ਹਾਂ ਭਾਈਚਾਰਿਆਂ ਦੇ ਸਮਾਜਿਕ ਅਤੇ ਆਰਥਿਕ ਤਾਣੇ-ਬਾਣੇ ਨੂੰ ਮਜ਼ਬੂਤ ਕਰਨ ਦਾ ਟੀਚਾ ਰੱਖਦੇ ਹਾਂ ਜਿਨ੍ਹਾਂ ਦੀ ਅਸੀਂ ਸੇਵਾ ਕਰਦੇ ਹਾਂ। ਐਚ ਡੀ ਐਫ ਸੀ ਬੈਂਕ ਦੇ ਸੀ ਐਸ ਆਰ ਪ੍ਰੋਗਰਾਮ 'ਪਰਿਵਰਤਨ' ਅਧੀਨ ਚਲਾਈ ਗਈ ਇਹ ਮੁਹਿੰਮ ਚੋਣਵੀਆਂ ਬੈਂਕ ਸ਼ਾਖਾਵਾਂ ਦੇ ਗਾਹਕਾਂ ਨੂੰ ਰੀਸਾਈਕਲਿੰਗ ਲਈ ਸ਼ਾਖਾ ਵਿੱਚ ਆਪਣਾ ਪਲਾਸਟਿਕ ਈ-ਕੂੜਾ ਜਮ੍ਹਾ ਕਰਨ ਅਤੇ ਉਨ੍ਹਾਂ ਦੀਆਂ ਬੁਨਿਆਦੀ ਜ਼ਰੂਰਤਾਂ ਲਈ ਪਲਾਸਟਿਕ ਵਿਕਲਪਾਂ ਦੀ ਵਰਤੋਂ ਕਰਨ ਲਈ ਉਤਸ਼ਾਹਿਤ ਕਰੇਗੀ।

## ਮਨਰੇਗਾ ਕਾਨੂੰਨ ਨੂੰ ਲਾਗੂ ਕਰਵਾਉਣ ਲਈ ਮਜ਼ਦੂਰਾਂ ਨੂੰ ਜਥੇਬੰਦ ਹੋਣ ਦੀ ਲੋੜ : ਝਬਾਲ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਅੰਮ੍ਰਿਤਸਰ ਦੇ ਜਨਰਲ ਸਕੱਤਰ ਜਸਬੀਰ ਸਿੰਘ ਝਬਾਲ ਨੇ ਪਿਛਲੇ ਦਿਨੀਂ ਪਿੰਡ ਰਾਮ ਤੀਰਥ ਕਲੇਰ, ਬੋਪਾਰਾਏ ਬਾਜ ਸਿੰਘ, ਡੇਹਰੀਵਾਲ ਅਤੇ ਪਿੰਡ ਸਰਜਾ ਆਦਿ ਵਿੱਚ ਮਜ਼ਦੂਰਾਂ ਦੀਆਂ ਮੀਟਿੰਗਾਂ ਕਰਾਉਣ ਉਪ੍ਰੰਤ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੇਂਡੂ ਮਜ਼ਦੂਰਾਂ ਨੂੰ ਮਨਰੇਗਾ ਸਕੀਮ ਦਾ ਲਾਭ ਲੈਣ ਲਈ ਅਤੇ ਪਿੰਡਾਂ ਵਿੱਚ ਮਨਰੇਗਾ ਕੰਮਾਂ ਨੂੰ ਲਾਗੂ ਕਰਵਾਉਣ ਲਈ ਅਤੇ ਪੇਂਡੂ ਗਰੀਬ ਮਜ਼ਦੂਰਾਂ ਨੂੰ ਡੀਪੂ ਹੋਲਡਰਾਂ ਤੋਂ ਬਣਦੀ ਕੋਟੇ ਦੀ ਕਣਕ ਲੈਣ ਲਈ ਅਤੇ ਰੋਜ਼ਗਾਰ ਦੇ ਮੌਕਿਆਂ ਨੂੰ ਸਰਕਾਰ ਕੋਲੋਂ ਲਾਗੂ ਕਰਾਉਣ ਲਈ ਪਿੰਡਾਂ ਵਿੱਚ ਜਥੇਬੰਦੀ ਦੀ ਮੈਂਬਰਸ਼ਿਪ, ਪਿੰਡਾਂ ਵਿੱਚ ਜਥੇਬੰਦਕ ਕਮੇਟੀਆਂ ਬਣਾ ਕੇ ਸੰਘਰਸ਼ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।



ਇਨ੍ਹਾਂ ਮੀਟਿੰਗਾਂ ਵਿੱਚ ਜਸਬੀਰ ਸਿੰਘ ਝਬਾਲ ਤੋਂ ਇਲਾਵਾਂ ਜਥੇਬੰਦੀ ਦੇ ਜ਼ਿਲ੍ਹਾ ਅਹੁਦੇਦਾਰ ਸਤਨਾਮ ਸਿੰਘ ਕਲੇਰ, ਲਖਵਿੰਦਰ ਸਿੰਘ ਕਲੇਰ, ਮੈਂਟੀ ਸੱਗੂ, ਕੰਵਲਜੀਤ ਕੌਰ ਖਿਆਲਾ, ਜਗੀਰ ਸਿੰਘ ਸਰਜਾ, ਕੁਲਦੀਪ ਸਿੰਘ ਜੱਬੋਵਾਲ, ਅੰਗਰੇਜ਼ ਸਿੰਘ ਡੇਹਰੀਵਾਲ ਅਤੇ ਹੋਰ ਬਹੁਤ ਸਾਰੇ ਵਰਕਰ ਹਾਜ਼ਰ ਸਨ।

## ਸਿਵਲ ਹਸਪਤਾਲ 'ਚ ਵਾਤਾਵਰਣ ਦਿਵਸ ਮਨਾਇਆ, ਲਗਾਏ ਪੌਦੇ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਵਾਤਾਵਰਣ ਦਿਵਸ ਨੂੰ ਮੁੱਖ ਰੱਖਦੇ ਹੋਏ ਵੀਰਵਾਰ ਸਿਵਲ ਹਸਪਤਾਲ ਕਾਦੀਆਂ 'ਚ ਮੈਡੀਕਲ ਅਫਸਰ ਡਾ. ਸ਼ੁਭਨੀਤ ਕੁਮਾਰ ਅਤੇ ਉਹਨਾਂ ਦੀ ਸਮੁੱਚੀ ਸਿਹਤ ਵਿਭਾਗ ਕਾਦੀਆਂ ਦੀ ਟੀਮ ਵੱਲੋਂ ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਿਵਲ ਹਸਪਤਾਲ ਕਾਦੀਆਂ ਵਿੱਚ ਵਾਤਾਵਰਣ ਦਿਵਸ ਮਨਾਇਆ ਗਿਆ ਅਤੇ ਇਸ ਉਪਰੰਤ ਉਹਨਾ ਵੱਲੋਂ ਹਸਪਤਾਲ ਦੇ ਅੰਦਰ ਪੌਦਾ ਲਗਾ ਕੇ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਜਾਗਰੂਕ ਕੀਤਾ ਗਿਆ ਅਤੇ ਨਾਲ ਹੀ ਉਹਨਾਂ ਵੱਲੋਂ ਵਾਤਾਵਰਣ ਦਿਵਸ ਮਨਾਇਆ ਗਿਆ। ਇਸ ਮੌਕੇ ਡਾ. ਸ਼ੁੱਭਨੀਤ ਕੁਮਾਰ ਨੇ ਦੱਸਿਆ ਕਿ ਵਿਸ਼ਵ ਵਾਤਾਵਰਣ ਦਿਵਸ ਦਾ ਮੁੱਖ ਮਕਸਦ ਹੈ ਕਿ ਆਪਣੇ ਵਾਤਾਵਰਣ ਦੀ ਸੰਭਾਲ ਕਰਨ ਤੇ ਹੋਰ ਵੱਧ ਤੋ ਵੱਧ ਪੌਦੇ ਲਗਾ ਕੇ ਵਾਤਾਵਰਣ ਨੂੰ ਹਰਾ ਭਰਾ ਕਰਨਾ ਹੈ ਤੇ ਇਸ ਸਬੰਧੀ ਹੋਰ ਲੋਕਾਂ ਨੂੰ ਪੇਰਤ ਕਰਨਾ ਹੈ। ਉਹਨਾ ਕਿਹਾ ਕਿ ਵਾਤਾਵਰਣ ਦੀ ਸਾਂਭ ਸੰਭਾਲ ਸਾਡੀ ਸਾਰਿਆਂ ਦੀ ਅਹਿਮ ਜ਼ਿੰਮੇਵਾਰੀ ਹੈ, ਹਰ ਨਾਗਰਿਕ ਨੂੰ ਪੌਦੇ ਲਗਾਉਣ ਅਤੇ ਇਨ੍ਹਾਂ ਦੀ ਸਾਂਭ ਸੰਭਾਲ ਲਈ ਯਤਨਸ਼ੀਲ ਰਹਿਣਾ ਚਾਹੀਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਿੰਘ, ਕੁਲਦੀਪ ਕੁਮਾਰ ਅਤੇ ਸਮੂਹ ਸਿਹਤ ਵਿਭਾਗ ਕਾਦੀਆਂ ਟੀਮ ਦੇ ਮੈਂਬਰ ਹਾਜ਼ਰ ਸਨ।



## ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰ ਯੂਨੀਅਨ ਵੱਲੋਂ ਪਰਵਾਰ ਸਮੇਤ ਦਿੱਤਾ ਜਾਵੇਗਾ ਧਰਨਾ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰ ਯੂਨੀਅਨ ਰਜਿ ਨੰ:31 ਵੱਲੋਂ ਮੀਟਿੰਗ ਕੀਤੀ ਗਈ ਜਿਸ ਵਿੱਚ ਬ੍ਰਾਂਚ ਪ੍ਰਧਾਨ ਹਰਦੀਪ ਸਿੰਘ ਹਯਾਤਨਗਰ ਨੇ ਅਤੇ ਜ਼ਿਲ੍ਹਾ ਮੀਤ ਪ੍ਰਧਾਨ ਵਿਪਨ ਪ੍ਰੀਤ ਸਿੰਘ ਨੇ ਕਿਹਾ ਕਿ ਵਾਰ ਵਾਰ ਮੀਟਿੰਗ ਅਤੇ ਗੱਲਬਾਤ ਕਰਨ 'ਤੇ ਵੀ ਅਫਸਰਸ਼ਾਹੀ ਵੱਲੋਂ ਜਲ ਸਪਲਾਈ ਸਕੀਮਾਂ 'ਤੇ ਕੰਮ ਕਰਦੇ ਵਰਕਰਾਂ ਦੀਆਂ ਤਨਖਾਹਾਂ ਦੇ ਬਿੱਲ ਨਹੀਂ ਭਰੇ ਜਾ ਰਹੇ। ਦੋ ਮਹੀਨਿਆਂ ਤੋਂ ਤਨਖਾਹ ਨਾ ਮਿਲਣ ਕਾਰਨ ਵਰਕਰਾਂ ਦੇ ਘਰ ਦੇ ਚੁੱਲ੍ਹੇ ਠੰਢੇ ਪਏ ਹਨ ਅਤੇ ਬੱਚਿਆਂ ਦੇ ਸਕੂਲ ਫੀਸਾਂ, ਵਰਦੀਆਂ, ਕਿਤਾਬਾਂ ਆਦਿ ਘਰਾਂ ਦੇ ਹੋਰ ਵੀ ਖਰਚੇ ਚਲਾਉਣੇ ਮੁਸ਼ਕਲ ਹਨ। ਜਿਸ ਕਾਰਨ ਵਰਕਰਾਂ ਵਿੱਚ ਭਾਰੀ ਰੋਸ ਹੈ। ਰੋਸ ਦੇ ਚਲਦਿਆਂ ਉਪ ਮੰਡਲ ਇੰਜੀਨੀਅਰ ਦਫਤਰ ਦੀਨਾ ਨਗਰ 9 ਜੂਨ ਨੂੰ ਪਰਵਾਰਾਂ ਸਮੇਤ ਧਰਨਾ ਦਿੱਤਾ ਜਾਏਗਾ ਤੇ ਨਾਲ ਹੀ ਸ਼ਹਿਰ ਵਿੱਚ ਰੋਸ ਮਾਰਚ ਕੀਤਾ ਜਾਵੇਗਾ।



## ਸੈਸ਼ਨ ਜੱਜ ਨੇ ਕੀਤੀ ਟ੍ਰੀ ਪਲਾਂਟੇਸ਼ਨ ਡ੍ਰਾਈਵ ਦੀ ਸ਼ੁਰੂਆਤ

**ਪਠਾਨਕੋਟ (ਦਵਿੰਦਰ ਸਿੰਘ)**- ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਦੇ ਚੇਅਰਮੈਨ ਕਮ ਜ਼ਿਲ੍ਹਾ ਅਤੇ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਵੱਲੋਂ ਵਿਸ਼ਵ ਵਾਤਾਵਰਣ ਦਿਵਸ ਤੇ ਟ੍ਰੀ ਪਲਾਂਟੇਸ਼ਨ ਡ੍ਰਾਈਵ ਦੀ ਸ਼ੁਰੂਆਤ ਕੀਤੀ। ਇਸ ਮੌਕੇ ਉਨਾਂ ਕੋਰਟ ਕੰਪਲੈਕਸ ਵਿੱਚ ਵੱਖ-ਵੱਖ ਤਰ੍ਹਾਂ ਦੇ ਛਾਂਦਾਰ ਬੂਟੇ ਲਗਾਏ। ਉਹਨਾਂ ਕਿਹਾ ਕਿ ਵਧਦੇ ਪ੍ਰਦੂਸ਼ਣ ਅਤੇ ਪਾਣੀ ਦਾ ਪੱਧਰ ਧਰਤੀ ਦੇ ਹੇਠਾਂ ਜਾਣ ਕਾਰਨ ਲੋਕਾਂ ਦੇ ਜੀਵਨ 'ਤੇ ਖਤਰਾ ਬਣ ਗਿਆ ਹੈ। ਜਿਸ ਨੂੰ ਦੇਖਦੇ ਹੋਏ ਟ੍ਰੀ ਪਲਾਂਟੇਸ਼ਨ ਡ੍ਰਾਈਵ ਸ਼ੁਰੂ ਕੀਤੀ ਗਈ ਹੈ। ਜਿਸ ਦੇ ਤਹਿਤ ਪੂਰਾ ਮਹੀਨਾ ਅਥਾਰਟੀ ਦੇ ਪੀ ਐਲ ਵੀ, ਕੋਰਟ ਕਰਮਚਾਰੀ ਪਿੰਡਾਂ ਵਿੱਚ, ਪਾਰਕਾਂ ਵਿੱਚ, ਸਕੂਲਾਂ ਅਤੇ ਹੋਰ ਜਨਤਕ ਥਾਵਾਂ 'ਤੇ ਬੂਟੇ ਲਗਾਉਣਗੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਆਪਣੇ ਜੀਵਨ ਨੂੰ ਬਚਾਉਣ ਲਈ ਇੱਕ ਬੂਟਾ ਜ਼ਰੂਰ ਲਗਾਓ। ਇਸ ਮੌਕੇ ਅਥਾਰਟੀ ਦੇ ਸਕੱਤਰ ਕਮ ਸੀ ਜੇ ਐਮ ਰੁਪਿੰਦਰ ਸਿੰਘ, ਚੀਫ ਡਿਫੈਂਸ ਕੌਂਸਲ ਪ੍ਰਭਦੀਪ ਸਿੰਘ ਸੰਧੂ ਸ਼ਾਮਲ ਸਨ।




# ਵਾਤਾਵਰਣ ਦੀ ਸ਼ੁੱਧਤਾ ਲਈ ਹਰੇਕ ਕਿਸਾਨ ਨੂੰ ਛਾਂਦਾਰ ਬੂਟੇ ਲਾਉਣੇ ਚਾਹੀਦੇ : ਮੁੱਖ ਖੇਤੀਬਾੜੀ ਅਫ਼ਸਰ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਵਿਸ਼ਵ ਵਾਤਾਵਰਣ ਦਿਵਸ ਮੌਕੇ ਖ਼ੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਗੁਰਦਾਸਪੁਰ ਵਲੋਂ ਵੱਖ ਪਿੰਡਾਂ ਵਿਚ ਵਿਕਸਤ ਕ੍ਰਿਸ਼ੀ ਸੰਕਲਪ ਅਭਿਆਨ ਤਹਿਤ ਜਾਗਰੂਕਤਾ ਕੈਂਪ ਲਗਾ ਕੇ ਵਿਸ਼ਵ ਵਾਤਾਵਰਣ ਦਿਵਸ ਮਨਾਇਆ। ਇਨ੍ਹਾਂ ਕੈਂਪਾਂ ਵਿੱਚ ਕ੍ਰਿਸ਼ੀ ਵਿਗਿਆਨ ਕੇਂਦਰ ਅਤੇ ਖ਼ੇਤੀਬਾੜੀ ਅਧਿਕਾਰੀਆਂ ਵਲੋਂ ਪਾਣੀ, ਮਿੱਟੀ ਅਤੇ ਹਵਾ ਦੇ ਵਧ ਰਹੇ ਪ੍ਰਦੂਸ਼ਣ ਨੂੰ ਘੱਟ ਕਰਨ ਲਈ ਝੋਨੇ ਹੇਠੋਂ ਰਕਬਾ ਘਟਾ ਕੇ ਮੱਕੀ ਅਤੇ ਹੋਰ ਘੱਟ ਪਾਣੀ ਖਪਤ ਕਰਨ ਵਾਲੀਆਂ ਫ਼ਸਲਾਂ ਦੀ ਕਾਸ਼ਤ ਕਰਨ ਲਈ ਕਿਸਾਨਾਂ ਨੂੰ ਪ੍ਰੇਰਿਆ। ਕਿਸਾਨਾਂ ਨੂੰ ਸੰਬੋਧਨ ਕਰਦਿਆਂ ਡਾ. ਅਮਰੀਕ ਸਿੰਘ ਨੇ ਕਿਹਾ ਕਿ ਦੁਨੀਆ ਭਰ ਦੇ ਵਿੱਚ 5 ਜੂਨ ਨੂੰ ਵਿਸ਼ਵ ਵਾਤਾਵਰਣ ਦਿਵਸ ਵਜੋਂ ਮਨਾਇਆ ਜਾਂਦਾ ਹੈ ਅਤੇ ਇਸ ਦਿਨ ਨੂੰ ਮਨਾਉਣ ਦਾ ਮੁੱਖ ਮੰਤਵ ਹਰ ਇਕ ਨਾਗਰਿਕ ਨੂੰ ਸਾਫ ਸੁਥਰੇ ਵਾਤਾਵਰਣ ਪ੍ਰਤੀ ਜਾਗਰੂਕ ਕਰਨਾ ਹੈ।

ਉਨ੍ਹਾਂ ਕਿਹਾ ਕਿ ਵਾਤਾਵਰਣ ਦੀ ਸ਼ੁੱਧਤਾ ਲਈ ਹਰੇਕ ਕਿਸਾਨ ਨੂੰ ਆਪਣੇ ਟਿਊਬਵੈੱਲ ਉੱਪਰ ਛਾਂਦਾਰ ਬੂਟੇ ਲਾਉਣੇ ਚਾਹੀਦੇ ਹਨ। ਉਨਾਂ ਕਿਹਾ ਕਿ ਸਾਲ 2025 ਦੀ ਵਿਸ਼ਵ ਵਾਤਾਵਰਣ ਦਿਵਸ ਦੀ ਥੀਮ ਬੀਟ ਪਲਾਸਟਿਕ ਪਾਲਿਊਸ਼ਨ ਹੈ ਜਿਸ ਦਾ ਮਤਲਬ ਪਲਾਸਟਿਕ ਰਾਹੀਂ ਵਧ ਰਹੇ ਪ੍ਰਦੂਸ਼ਣ ਨੂੰ ਖਤਮ ਕਰਨਾ ਹੈ। ਡਾ. ਅਮਰੀਕ ਸਿੰਘ ਨੇ ਕਿਹਾ ਕਿ ਸਾਨੂੰ ਪਲਾਸਟਿਕ ਦੇ ਸਮਾਨ ਦੀ ਵਰਤੋਂ ਬਿਲਕੁੱਲ ਨਹੀਂ ਕਰਨੀ ਚਾਹੀਦੀ ।

ਉਨ੍ਹਾਂ ਕਿਹਾ ਕਿ ਪਲਾਸਟਿਕ ਨਸ਼ਟ ਹੋਣ ਵਿੱਚ ਬਹੁਤ ਸਮਾਂ ਲਗਾਉਂਦਾ ਹੈ ਅਤੇ ਇਸ ਨਾਲ ਸਾਡਾ ਵਾਤਾਵਰਣ ਬੁਰੀ ਤਰਾਂ ਪ੍ਰਭਾਵਿਤ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੇ ਗਏ ਪਾਇਲਟ ਪ੍ਰੋਜੈਕਟ ਤਹਿਤ ਝੋਨੇ ਦੀ ਬਜਾਏ ਮੱਕੀ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ 17500 ਰੁਪਏ ਪ੍ਰਤੀ ਹੈਕਟੇਅਰ ਦਿੱਤੇ ਜਾਣਗੇ ਅਤੇ ਮੱਕੀ ਦੀ ਖਰੀਦ ਘੱਟੋ ਘੱਟ ਸਮਰਥਨ ਮੁੱਲ 'ਤੇ ਖਰੀਦਣੀ ਯਕੀਨੀ ਬਣਾਈ ਜਾਵੇਗੀ। ਡਾ. ਹਰਪ੍ਰੀਤ ਸਿੰਘ ਨੇ ਝੋਨੇ ਦੀ ਸਫਲ ਕਾਸ਼ਤ ਲਈ ਤਕਨੀਕੀ ਨੁਕਤੇ, ਡਾਕਟਰ ਸੰਦੀਪ ਸਿੰਘ ਨੇ ਝੋਨੇ ਦੀ ਸਿੱਧੀ ਬਿਜਾਈ, ਡਾਕਟਰ ਦਿਲਰਾਜ ਸਿੰਘ ਨੇ ਪੀ ਐਮ ਕਿਸਾਨ ਸਕੀਮ ਬਾਰੇ ਜਾਣਕਾਰੀ ਕਿਸਾਨਾਂ ਨਾਲ ਸਾਂਝੇ ਕੀਤੇ।

ਸਟੇਜ ਸਕੱਤਰ ਦੀ ਭੂਮਿਕਾ ਪ੍ਰਭਜੀਤ ਕੌਰ ਖ਼ੇਤੀਬਾੜੀ ਵਿਸਥਾਰ ਅਫ਼ਸਰ ਨੇ ਬਾਖੂਬੀ ਨਿਭਾਈ। ਇਸ ਮੌਕੇ ਅਮਿਤ ਕੁਮਾਰ, ਰਵਿੰਦਰ ਕੁਮਾਰ, ਸਰਪੰਚ ਮਨਜੀਤ ਸਿੰਘ, ਸ਼ਿਵ ਕੁਮਾਰ ਸਮੇਤ ਵੱਡੀ ਗਿਣਤੀ ਵਿਚ ਕਿਸਾਨ ਹਾਜ਼ਰ ਸਨ।



## ਕੈਬਨਿਟ ਮੰਤਰੀ ਲਾਲ ਚੰਦ ਨੇ ਨਾਨਕ ਬਗੀਚੀ ਦਾ ਕੀਤਾ ਉਦਘਾਟਨ

**ਪਠਾਨਕੋਟ (ਦਵਿੰਦਰ ਸਿੰਘ)**- ਵਿਸ਼ਵ ਪੱਧਰ 'ਤੇ ਕੁਦਰਤ ਅੰਦਰ ਹੋ ਰਹੇ ਬਦਲਾਅ ਮਨੁੱਖੀ ਜੀਵਨ ਅਤੇ ਹੋਰ ਜੀਵ ਜੰਤੂਆਂ ਦੇ ਲਈ ਬਹੁਤ ਹੀ ਜ਼ਿਆਦਾ ਖਤਰਨਾਕ ਹਨ ਅਤੇ ਇਸ ਬਦਲਾਅ ਨੂੰ ਖਤਮ ਕਰਨ ਲਈ ਧਰਤੀ 'ਤੇ ਜ਼ਿਆਦਾ ਤੋਂ ਜ਼ਿਆਦਾ ਪੌਦੇ ਲਗਾਏ ਜਾਣੇ ਬਹੁਤ ਹੀ ਜ਼ਰੂਰੀ ਹਨ। ਇਹ ਪ੍ਰਗਟਾਵਾ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਪਠਾਨਕੋਟ ਵਿਖੇ ਡਲਹੌਜ਼ੀ ਰੋਡ 'ਤੇ ਇੱਕ ਨਾਨਕ ਬਗੀਚੀ ਦਾ ਉਦਘਾਟਨ ਕਰਨ ਮਗਰੋਂ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਧਰਮਵੀਰ ਧੇਰੂ ਵਣ ਮੰਡਲ ਅਫਸਰ ਪਠਾਨਕੋਟ, ਪਰਮਜੀਤ ਸਿੰਘ ਵਾਈਲਡ ਲਾਈਫ ਡੀ.ਐਫ.ਓ. ਪਠਾਨਕੋਟ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਰੇਂਜ ਅਫਸਰ ਪਠਾਨਕੋਟ ਵਰਿੰਦਰਜੀਤ ਸਿੰਘ ਅਤੇ ਹੋਰ ਦਫਤਰੀ ਸਟਾਫ ਵੀ ਹਾਜ਼ਰ ਸੀ।ਇਸ ਮੌਕੇ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਵਣ ਵਿਭਾਗ ਵੱਲੋਂ ਵੱਖੋ ਵੱਖ ਸਕੀਮਾਂ ਤਹਿਤ ਤਕਰੀਬਨ 60 ਲੱਖ ਬੂਟੇ ਲਗਾਏ ਜਾਣਗੇ। ਸੂਬੇ ਵਿੱਚ ਬੂਟੇ ਲਗਾਉਣ ਸਬੰਧੀ ਮੁਹਿੰਮ ਇਸ ਸਾਲ 1 ਜੁਲਾਈ ਤੋਂ ਸ਼ੁਰੂ ਹੋਵੇਗੀ। ਇਸ ਤੋਂ ਇਲਾਵਾ ਇਸ ਸਾਲ 382 ਨਾਨਕ ਬਗੀਚੀਆਂ ਅਤੇ 52 ਪਵਿੱਤਰ ਵਣ ਲਗਾਏ ਜਾਣੇ ਹਨ। ਇਸ ਤੋਂ ਇਲਾਵਾ 331 ਹੈਕਟੇਅਰ ਸੰਸਥਾਗਤ ਖੇਤਰ ਵਿੱਚ ਬੂਟੇ ਲਗਾਏ ਜਾਣਗੇ। ਉਨ੍ਹਾਂ ਕਿਹਾ ਕਿ ਸੂਬੇ ਵਿੱਚ 13.66 ਲੱਖ ਟਿਊਬਵੈਲਾਂ ਵਿੱਚੋਂ ਲਗਭਗ 94 ਫ਼ੀਸਦ ਟਿਊਬਵੈਲਾਂ 'ਤੇ ਬੂਟੇ ਲਗਾਏ ਜਾ ਚੁੱਕੇ ਹਨ।

ਉਨ੍ਹਾਂ ਵਣ ਵਿਭਾਗ ਦੇ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਦਿੰਦਿਆਂ ਕਿਹਾ ਕਿ ਜਿੱਥੇ ਵੀ ਪੌਦੇ ਲਗਾਏ ਗਏ ਹਨ, ਉੱਥੇ ਮੁਰਝਾ ਕੇ ਖਤਮ ਹੋ ਚੁੱਕੇ ਬੂਟੇ ਹਟਾ ਦਿੱਤੇ ਜਾਣ ਅਤੇ ਉਨ੍ਹਾਂ ਦੀ ਥਾਂ ਨਵੇਂ ਪੌਦੇ ਲਗਾਏ ਜਾਣ ਅਤੇ ਪੌਦੇ ਲਗਾਏ ਜਾਣ ਦੀ ਮੁਹਿੰਮ ਵਿੱਚ ਲੋਕਾਂ ਦੀ ਭਾਗੀਦਾਰੀ ਵੀ ਯਕੀਨੀ ਬਣਾਇਆ ਜਾਵੇ।ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸੀਜ਼ਨ ਦੌਰਾਨ ਜ਼ਿਆਦਾ ਤੋਂ ਜ਼ਿਆਦਾ ਬੂਟੇ ਲਗਾਉ ਅਤੇ ਇਹ ਸਾਰੇ ਬੂਟੇ ਵਣ ਵਿਭਾਗ ਵੱਲੋਂ ਮੁਹੱਈਆ ਕਰਵਾਏ ਜਾਣਗੇ।

## ਹਰ ਇਕ ਨਾਗਰਿਕ ਇੱਕ ਪੌਦਾ ਲਗਾ ਕੇ ਉਸ ਦੀ ਸੰਭਾਲ ਜ਼ਰੂਰ ਕਰੇ : ਵਿਧਾਇਕ ਸ਼ੈਰੀ ਕਲਸੀ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਸੂਬੇ ਵਿੱਚ ਜੰਗਲਾਤ ਵਿਭਾਗ ਵੱਲੋਂ ਵੱਖੋ-ਵੱਖ ਸਕੀਮਾਂ ਤਹਿਤ ਤਕਰੀਬਨ 60 ਲੱਖ ਬੂਟੇ ਲਗਾਏ ਜਾਣਗੇ ਅਤੇ ਸੂਬੇ ਵਿੱਚ ਬੂਟੇ ਲਗਾਉਣ ਸਬੰਧੀ ਮੁਹਿੰਮ ਇਸ ਸਾਲ 1 ਜੁਲਾਈ ਤੋਂ ਸ਼ੁਰੂ ਹੋਵੇਗੀ।ਵਿਧਾਇਕ ਸ਼ੈਰੀ ਕਲਸੀ ਨੇ 'ਵਿਸ਼ਵ ਵਾਤਾਵਰਣ ਦਿਵਸ' ਦੇ ਮੱਦੇਨਜਰ ਰੁੱਖਾਂ ਦੀ ਮਹੱਤਤਾ ਨੂੰ ਸਮਝਦਿਆਂ ਨਾਗਰਿਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਨਾਗਰਿਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਹਰ ਇਕ ਵਿਅਕਤੀ ਨੂੰ ਘੱਟੋ-ਘੱਟ ਇਕ ਬੂਟਾ ਜ਼ਰੂਰ ਲਗਾਉਣਾ ਚਾਹੀਦਾ ਹੈ ਤੇ ਉਸ ਨੂੰ ਅਪਣਾ ਕੇ ਉਸ ਦੀ ਸਾਂਭ-ਸੰਭਾਲ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਬੂਟੇ ਲਗਾ ਕੇ ਉਸ ਦਾ ਪਾਲਣ-ਪੋਸ਼ਣ ਕਰਨਾ ਲਾਜ਼ਮੀ ਹੈ ਤਾਂ ਹੀ ਉਹ ਬੂਟਾ ਰੁੱਖ ਬਣ ਕੇ ਸਾਨੂੰ ਛਾਂ ਦੇਣ ਦੇ ਨਾਲ-ਨਾਲ ਸਾਡੇ ਵਾਤਾਵਰਣ ਨੂੰ ਸ਼ੁੱਧ ਰੱਖੇਗਾ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਰੁੱਖਾਂ ਦੀ ਗਿਣਤੀ ਜਿੰਨੀ ਜਿਆਦਾ ਹੋਵੇਗੀ, ਉਨੀ ਹੀ ਮੌਸਮ ਵਿਚ ਤਪਸ਼ ਘੱਟ ਹੋਵੇਗੀ ਤੇ ਗਰਮੀ ਤੋਂ ਛੁਟਕਾਰਾ ਮਿਲੇਗਾ। ਉਨ੍ਹਾਂ ਚੰਗੇ ਵਾਤਾਵਰਣ ਲਈ ਰੁੱਖ ਲਗਾਉਣ, ਪਾਣੀ ਦੀ ਬਚਤ ਕਰਨ, ਪਰਾਲੀ ਨੂੰ ਅੱਗ ਨਾ ਲਗਾਉਣ, ਪ੍ਰਦੂਸ਼ਣ ਘਟਾਉਣ ਅਤੇ ਵਾਤਾਵਰਣ ਦੀ ਰੱਖਿਆ ਲਈ ਜਾਗਰੂਕਤਾ ਵਧਾਉਣ ਦਾ ਸੰਕਲਪ ਲੈਣ ਦਾ ਸੰਦੇਸ਼ ਦਿੱਤਾ ਗਿਆ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਅਧਿਕਤਾਰੀਆਂ ਨੂੰ ਸਾਰੀਆਂ ਵਿਭਾਗੀ ਸਕੀਮਾਂ ਸਮੇਂ ਸਿਰ ਪੂਰੀਆਂ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ ਅਤੇ ਪੌਦੇ ਲਗਾਏ ਜਾਣ ਦੀ ਮੁਹਿੰਮ ਵਿੱਚ ਲੋਕਾਂ ਦੀ ਭਾਗੀਦਾਰੀ ਵੀ ਯਕੀਨੀ ਬਣਾਉਣ ਲਈ ਕਿਹਾ।





## ਕਾਦੀਆਂ 'ਚ ਈਦ ਉਲ ਅਜ਼ਹਾ ਦੀ ਨਮਾਜ਼ ਭਲਕੇ

**ਕਾਦੀਆਂ ( ਯਾਦਵਿੰਦਰ ਸਿੰਘ ਮਲਹੋਤਰਾ)**- ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਕਾਦੀਆਂ ਅਹਿਮਦੀਆ ਮੁਸਲਿਮ ਜਮਾਤ ਵਿੱਚ ਈਦ ਉਲ ਅਜ਼ਹਾ ਦੀ ਨਮਾਜ਼ 7 ਜੂਨ ਦਿਨ ਸ਼ਨੀਵਾਰ ਨੂੰ ਸਵੇਰੇ 8:30 ਵਜੇ ਹੋਵੇਗੀ।

# ਸਹਾਇਕ ਕਮਿਸ਼ਨਰ ਨੂੰ ਡਾ. ਗਿੱਲ ਨੇ ਕੀਤਾ ਸਨਮਾਨਤ



**ਚੋਹਲਾ ਸਾਹਿਬ (ਰਮਨ ਚੱਢਾ)**- ਕੰਪਿਊਨਿਟ ਹੈਲਥ ਸੈਂਟਰ ਸਰਹਾਲੀ ਕਲਾਂ ਵਿਖੇ 12 ਸਾਲਾਂ ਤੋਂ ਬਤੌਰ ਮੈਡੀਕਲ ਅਫਸਰ ਦੀਆਂ ਸੇਵਾਵਾਂ ਨਿਭਾ ਚੁੱਕੇ ਡਾ. ਕਰਨਵੀਰ ਸਿੰਘ ਆਪਣੀ ਮਿਹਨਤ ਸਦਕਾ ਪੀ ਸੀ ਐਸ ਅਫਸਰ ਸਿਲੈਕਟ ਹੋ ਗਏ ਸਨ ਅਤੇ ਸਹਾਇਕ ਕਮਿਸ਼ਨਰ ਤਰਨ ਤਾਰਨ ਵਿਖੇ ਡਿਊਟੀ ਨਿਭਾ ਰਹੇ ਹਨ ਜਿਨ੍ਹਾਂ ਨੂੰ ਹੁਣ ਐਸ ਡੀ ਐਮ ਪੱਟੀ ਦਾ ਵਾਧੂ ਚਾਰਜ ਮਿਲਿਆ ਹੈ, ਸੀ ਐਚ ਸੀ ਸਰਹਾਲੀ ਵਿਖੇ ਪਹੁੰਚੇ। ਸੀ ਐਚ ਸੀ ਸਰਹਾਲੀ ਵਿਖੇ ਪਹੁੰਚਣ ਤੇ ਸਮੂਹ ਸਟਾਫ ਵੱਲੋਂ ਡਾ. ਕਰਨਵੀਰ ਸਿੰਘ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਸਮੇਂ ਡਾ. ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਸੀ ਐਚ ਸੀ ਸਰਹਾਲੀ, ਡਾ. ਸਨਦੀਪ ਕੌਰ ਮੈਡੀਕਲ ਅਫਸਰ, ਡਾ. ਕਵਰਪੁਨੀਤ ਸਿੰਘ ਮੈਡੀਕਲ ਅਫਸਰ, ਅਪਥਾਲਮਿਕ ਅਫਸਰ ਜਸਵਿੰਦਰ ਸਿੰਘ, ਪਰਮਜੀਤ ਸਿੰਘ ਫਾਰਮੇਸੀ ਅਫਸਰ ਰਿਟਾਇਰਡ ਅਤੇ ਸਮੂਹ ਸਟਾਫ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਸਮੇਂ ਸਟੇਜ ਸੈਕਟਰੀ ਦੀ ਭੂਮਿਕਾ ਸੰਦੀਪ ਸਿੰਘ ਆਈ ਏ ਨੇ ਨਿਭਾਈ। ਇਸ ਸਮੇਂ ਸੀ ਐਚ ਸੀ ਸਰਹਾਲੀ ਦਾ ਸਮੂਹ ਸਟਾਫ ਹਾਜ਼ਰ ਸੀ।


ਫਾਰਮ ਨੰ: 14
[ਵੇਖੋ ਨਿਯਮ 33 (2)]
ਦਸਤੀ ਮੋਡ/ਪ੍ਰਕਾਸ਼ਨਾ ਰਾਹੀਂ

ਦਫਤਰ ਵਸੂਲੀ ਅਫਸਰ I/II
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3)
ਹੇਠਲੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ, ਚੰਡੀਗੜ੍ਹ-160017

ਡਿਮਾਂਡ ਨੋਟਿਸ
ਕਰਜ਼ਾ ਅਤੇ ਦਿਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ
ਆਰ ਸੀ/741/2024 24.04.2025
ਐਕਸਿਸ ਬੈਂਕ
ਬਨਾਮ
ਬਲਜੀਤ ਕੌਰ ਅਤੇ ਹੋਰ

ਸੇਵਾ 'ਚ
(ਸੀ ਡੀ 1) ਬਲਜੀਤ ਕੌਰ ਪਤਨੀ ਸ੍ਰੀ ਸਤਪਾਲ ਸਿੰਘ, ਵਾਸੀ ਪਿੰਡ ਹਰਨਾਮਪੁਰਾ, ਡਾਕਖਾਨਾ ਨੱਤ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ-141122
(ਸੀ ਡੀ 2) ਸ੍ਰੀ ਸੰਦੀਪ ਸਿੰਘ ਪੁੱਤਰ ਸ੍ਰੀ ਸਤਪਾਲ ਸਿੰਘ ਵਾਸੀ ਪਿੰਡ ਹਰਨਾਮਪੁਰਾ, ਡਾਕਖਾਨਾ ਨੱਤ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ-141122
ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/1004/2022 'ਚ ਰਕਮ ਰੁਪਏ 20,12,023.00/- (ਰੁਪਏ ਵੀਹ ਲੱਖ ਬਾਰਾਂ ਹਜ਼ਾਰ ਤੇਈ ਰੁਪਏ ਕੇਵਲ) ਸਮੇਤ ਪੈਂਡੈਂਟਲਾਈਟ ਅਤੇ ਭਵਿੱਖੀ ਵਿਆਜ 8.00% ਸਧਾਰਨ ਵਿਆਜ ਸਾਲਾਨਾ 20.06.2022 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ 23,000/- (ਤੇਈ ਹਜ਼ਾਰ ਰੁਪਏ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।
2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।
3. ਜਦੋਂ ਕਿ ਟ੍ਰਿਬਿਊਨਲ ਨੂੰ ਯਕੀਨ ਦਿਵਾਇਆ ਜਾ ਚੁੱਕਾ ਹੈ ਕਿ ਤੁਹਾਡੀ ਤਾਮੀਲ ਆਮ ਤਰੀਕੇ ਨਾਲ ਹੋਣੀ ਸੰਭਵ ਨਹੀਂ, ਇਸ ਲਈ ਟ੍ਰਿਬਿਊਨਲ ਸਨਮੁੱਖ 08.08.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਲਈ ਤੁਹਾਨੂੰ ਪ੍ਰਕਾਸ਼ਨਾ ਰਾਹੀਂ ਇਹ ਨੋਟਿਸ ਦਿੱਤਾ ਜਾਂਦਾ ਹੈ।
4. ਤੁਹਾਨੂੰ, ਆਪਣੇ ਐੱਸਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।
5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ।
(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।
(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ।
ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 24.04.2025 ਨੂੰ ਜਾਰੀ ਕੀਤਾ ਗਿਆ।
ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)



ਫਾਰਮ ਨੰ: 14
[ਵੇਖੋ ਨਿਯਮ 33 (2)]
ਦਸਤੀ/ਪ੍ਰਕਾਸ਼ਨਾ ਰਾਹੀਂ

ਦਫਤਰ ਵਸੂਲੀ ਅਫਸਰ I/II
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3)
ਹੇਠਲੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ, ਚੰਡੀਗੜ੍ਹ-160017

ਡਿਮਾਂਡ ਨੋਟਿਸ
ਕਰਜ਼ਾ ਅਤੇ ਦਿਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ
ਆਰ ਸੀ/1822/2019 03.04.2025
ਐਕਸਿਸ ਬੈਂਕ
ਬਨਾਮ
ਸਵਰਨ ਸਿੰਘ

ਸੇਵਾ 'ਚ
(ਸੀ ਡੀ 1) ਸ੍ਰੀ ਸਵਰਨ ਸਿੰਘ ਪੁੱਤਰ ਨੱਥਾ ਸਿੰਘ, ਵਾਸੀ ਮਕਾਨ ਨੰ. 139, ਪਿੰਡ ਭਿੱਖੀਵਿੰਡ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ।
(ਸੀ ਡੀ 2) ਸ੍ਰੀ ਹਰਪ੍ਰੀਤ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਮਕਾਨ ਨੰ. 139, ਪਿੰਡ ਭਿੱਖੀਵਿੰਡ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ।
(ਸੀ ਡੀ 3) ਸ੍ਰੀ ਗੁਰਦਤਾਰ ਸਿੰਘ ਪੁੱਤਰ ਭਗਵੰਤ ਸਿੰਘ, ਵਾਸੀ ਪਿੰਡ ਬੈਂਕਾ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ।
ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/5730/2017 'ਚ ਰਕਮ ਰੁਪਏ 1539745.00 (ਪੰਦਰਾਂ ਲੱਖ ਉਨਤਾਲੀ ਹਜ਼ਾਰ ਸੱਤ ਸੌ ਪੰਜਤਾਲੀ ਰੁਪਏ ਕੇਵਲ) ਸਮੇਤ ਪੈਂਡੈਂਟਲਾਈਟ ਅਤੇ ਭਵਿੱਖੀ ਵਿਆਜ 11.90% ਸਧਾਰਨ ਵਿਆਜ ਸਾਲਾਨਾ 17.11.2017 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ 56000/- (ਰੁਪਏ ਛਪੰਜਾ ਹਜ਼ਾਰ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।
2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।
3. ਜਦੋਂ ਕਿ ਟ੍ਰਿਬਿਊਨਲ ਨੂੰ ਯਕੀਨ ਦਿਵਾਇਆ ਜਾ ਚੁੱਕਾ ਹੈ ਕਿ ਤੁਹਾਡੀ ਤਾਮੀਲ ਆਮ ਤਰੀਕੇ ਨਾਲ ਹੋਣੀ ਸੰਭਵ ਨਹੀਂ, ਇਸ ਲਈ ਟ੍ਰਿਬਿਊਨਲ ਸਨਮੁੱਖ 07.07.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਲਈ ਤੁਹਾਨੂੰ ਪ੍ਰਕਾਸ਼ਨਾ ਰਾਹੀਂ ਇਹ ਨੋਟਿਸ ਦਿੱਤਾ ਜਾਂਦਾ ਹੈ।
4. ਤੁਹਾਨੂੰ, ਆਪਣੇ ਐੱਸਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।
5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ।
(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।
(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ।
ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 03.04.2025 ਨੂੰ ਜਾਰੀ ਕੀਤਾ ਗਿਆ।
ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)



ਫਾਰਮ ਨੰ: 14
[ਵੇਖੋ ਨਿਯਮ 33 (2)]
ਦਸਤੀ/ਪ੍ਰਕਾਸ਼ਨਾ ਰਾਹੀਂ

ਦਫਤਰ ਵਸੂਲੀ ਅਫਸਰ I/II
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3)
ਹੇਠਲੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ, ਚੰਡੀਗੜ੍ਹ-160017

ਡਿਮਾਂਡ ਨੋਟਿਸ
ਦਸਤੀ/ਪ੍ਰਕਾਸ਼ਨਾ ਰਾਹੀਂ
ਕਰਜ਼ਾ ਅਤੇ ਦਿਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ
ਆਰ ਸੀ/1248/2019 03-04-2025
ਐਕਸਿਸ ਬੈਂਕ
ਬਨਾਮ ਮੋਹਿੰਦਰ ਸਿੰਘ

ਸੇਵਾ 'ਚ
(ਸੀ ਡੀ-1) ਮੋਹਿੰਦਰ ਸਿੰਘ ਪੁੱਤਰ ਲਹਿਲ ਸਿੰਘ ਵਾਸੀ ਮਕਾਨ ਨੰ. 55, ਪਿੰਡ ਧਨੌਰੀ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ-147001
(ਸੀ ਡੀ-2) ਮਨਪ੍ਰੀਤ ਸਿੰਘ ਪੁੱਤਰ ਬਲਜੀਤ ਸਿੰਘ ਵਾਸੀ ਮਕਾਨ ਨੰ. 55, ਪਿੰਡ ਧਨੌਰੀ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ-147001
(ਸੀ ਡੀ-3) ਬਲਵਿੰਦਰ ਕੌਰ ਪਤਨੀ ਬਲਜੀਤ ਸਿੰਘ ਵਾਸੀ ਮਕਾਨ ਨੰ. 55, ਪਿੰਡ ਧਨੌਰੀ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ-147001
(ਕਰਜ਼ਦਾਰ)
ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/2438/2018 'ਚ ਰਕਮ ਰੁਪਏ 3399602.00 (ਤੇਤੀ ਲੱਖ ਨੜਿਨਵੇਂ ਹਜ਼ਾਰ ਛੇ ਸੌ ਦੋ ਰੁਪਏ ਕੇਵਲ) ਸਮੇਤ ਪੈਂਡੈਂਟਲਾਈਟ ਅਤੇ ਭਵਿੱਖੀ ਵਿਆਜ 11.2% ਸਧਾਰਨ ਵਿਆਜ ਸਾਲਾਨਾ 06/10/2018 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ 74,000/- (ਚੁਹੱਤਰ ਹਜ਼ਾਰ ਰੁਪਏ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।
2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।
3. ਜਦੋਂ ਕਿ ਟ੍ਰਿਬਿਊਨਲ ਨੂੰ ਯਕੀਨ ਦਿਵਾਇਆ ਜਾ ਚੁੱਕਾ ਹੈ ਕਿ ਤੁਹਾਡੀ ਤਾਮੀਲ ਆਮ ਤਰੀਕੇ ਨਾਲ ਹੋਣੀ ਸੰਭਵ ਨਹੀਂ, ਇਸ ਲਈ ਟ੍ਰਿਬਿਊਨਲ ਸਨਮੁੱਖ 07-07-2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਲਈ ਤੁਹਾਨੂੰ ਪ੍ਰਕਾਸ਼ਨਾ ਰਾਹੀਂ ਇਹ ਨੋਟਿਸ ਦਿੱਤਾ ਜਾਂਦਾ ਹੈ।
4. ਤੁਹਾਨੂੰ, ਆਪਣੇ ਐੱਸਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।
5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ।
(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।
(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ।
ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 03-04-2025 ਨੂੰ ਜਾਰੀ ਕੀਤਾ ਗਿਆ।
ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)



ਫਾਰਮ ਨੰ: 14
[ਵੇਖੋ ਨਿਯਮ 33 (2)]
ਦਸਤੀ/ਪ੍ਰਕਾਸ਼ਨਾ ਰਾਹੀਂ

ਦਫਤਰ ਵਸੂਲੀ ਅਫਸਰ I/II
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3)
ਹੇਠਲੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ, ਚੰਡੀਗੜ੍ਹ-160017

ਡਿਮਾਂਡ ਨੋਟਿਸ
ਦਸਤੀ/ਪ੍ਰਕਾਸ਼ਨਾ ਰਾਹੀਂ
ਕਰਜ਼ਾ ਅਤੇ ਦਿਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ
ਆਰ ਸੀ/46/2023 01-04-2025
ਐਕਸਿਸ ਬੈਂਕ ਲਿਮਟਿਡ
ਬਨਾਮ ਸ੍ਰੀ ਨਾਹਰ ਸਿੰਘ ਅਤੇ ਹੋਰ

ਸੇਵਾ 'ਚ
(ਸੀ ਡੀ-3) ਸ੍ਰੀ ਜਸਵਿੰਦਰ ਸਿੰਘ ਪੁੱਤਰ ਸ੍ਰੀ ਨਛੱਤਰ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਮਨਵੀ, ਤਹਿਸੀਲ ਮਾਲੇਰਕੋਟਲਾ, ਜ਼ਿਲ੍ਹਾ ਸੰਗਰੂਰ, ਪੰਜਾਬ-148023
ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/665/2020 'ਚ ਰਕਮ ਰੁਪਏ 2780690.00 (ਸਤਾਈ ਲੱਖ ਅੱਸੀ ਹਜ਼ਾਰ ਛੇ ਸੌ ਨੱਬੇ ਰੁਪਏ ਕੇਵਲ) ਸਮੇਤ ਪੈਂਡੈਂਟਲਾਈਟ ਅਤੇ ਭਵਿੱਖੀ ਵਿਆਜ 10.00% ਸਧਾਰਨ ਵਿਆਜ ਸਾਲਾਨਾ 31/07/2020 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ 30,000/- (ਤੀਹ ਹਜ਼ਾਰ ਰੁਪਏ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।
2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।
3. ਜਦੋਂ ਕਿ ਟ੍ਰਿਬਿਊਨਲ ਨੂੰ ਯਕੀਨ ਦਿਵਾਇਆ ਜਾ ਚੁੱਕਾ ਹੈ ਕਿ ਤੁਹਾਡੀ ਤਾਮੀਲ ਆਮ ਤਰੀਕੇ ਨਾਲ ਹੋਣੀ ਸੰਭਵ ਨਹੀਂ, ਇਸ ਲਈ ਟ੍ਰਿਬਿਊਨਲ ਸਨਮੁੱਖ 25-07-2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਲਈ ਤੁਹਾਨੂੰ ਪ੍ਰਕਾਸ਼ਨਾ ਰਾਹੀਂ ਇਹ ਨੋਟਿਸ ਦਿੱਤਾ ਜਾਂਦਾ ਹੈ।
4. ਤੁਹਾਨੂੰ, ਆਪਣੇ ਐੱਸਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।
5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ।
(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।
(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ।
ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 01-04-2025 ਨੂੰ ਜਾਰੀ ਕੀਤਾ ਗਿਆ।
ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)



ਫਾਰਮ ਨੰ: 14
[ਵੇਖੋ ਨਿਯਮ 33 (2)]
ਦਸਤੀ/ਪ੍ਰਕਾਸ਼ਨਾ ਰਾਹੀਂ

ਦਫਤਰ ਵਸੂਲੀ ਅਫਸਰ I/II
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3)
ਹੇਠਲੀ ਮੰਜ਼ਲ, ਐੱਸ ਸੀ ਓ 33-34-35, ਸੈਕਟਰ 17-ਏ, ਚੰਡੀਗੜ੍ਹ-160017

ਡਿਮਾਂਡ ਨੋਟਿਸ
ਦਸਤੀ/ਪ੍ਰਕਾਸ਼ਨਾ ਰਾਹੀਂ
ਕਰਜ਼ਾ ਅਤੇ ਦਿਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ
ਆਰ ਸੀ/13/2024 19-04-2025
ਐਕਸਿਸ ਬੈਂਕ ਲਿਮਟਿਡ
ਬਨਾਮ ਸ੍ਰੀ ਰੁਪਿੰਦਰ ਸਿੰਘ ਅਤੇ ਹੋਰ

ਸੇਵਾ 'ਚ
(ਸੀ ਡੀ-1) ਸ੍ਰੀ ਰੁਪਿੰਦਰ ਸਿੰਘ ਪੁੱਤਰ ਸ੍ਰੀ ਸੁਰਿੰਦਰ ਪਾਲ ਸਿੰਘ ਵਾਸੀ ਪਿੰਡ ਬੱਦੋਵਾਲ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ।
(ਸੀ ਡੀ-2)-ਸ੍ਰੀਮਤੀ ਕੁਲਵਿੰਦਰ ਕੌਰ ਪਤਨੀ ਸ੍ਰੀ ਸੁਰਿੰਦਰਪਾਲ ਸਿੰਘ ਵਾਸੀ ਪਿੰਡ ਬੱਦੋਵਾਲ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ।
(ਸੀ ਡੀ-3) ਸ੍ਰੀ ਪਰਮਜੀਤ ਸਿੰਘ ਪੁੱਤਰ ਸਤਿੰਦਰ ਸਿੰਘ ਵਾਸੀ ਪਿੰਡ ਬੱਦੋਵਾਲ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ।
ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/776/2021 'ਚ ਰਕਮ ਰੁਪਏ 2516-251.00 (ਪੱਚੀ ਲੱਖ ਸੋਲਾਂ ਹਜ਼ਾਰ ਦੋ ਸੌ ਇਕਵੰਜਾ ਰੁਪਏ) ਸਮੇਤ ਪੈਂਡੈਂਟਲਾਈਟ ਅਤੇ ਭਵਿੱਖੀ ਵਿਆਜ 10.00% ਸਧਾਰਨ ਵਿਆਜ ਸਾਲਾਨਾ 30/01/2021 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ 28000/- (ਅਠਾਈ ਹਜ਼ਾਰ ਰੁਪਏ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।
2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।
3. ਜਦੋਂ ਕਿ ਟ੍ਰਿਬਿਊਨਲ ਨੂੰ ਯਕੀਨ ਦਿਵਾਇਆ ਜਾ ਚੁੱਕਾ ਹੈ ਕਿ ਤੁਹਾਡੀ ਤਾਮੀਲ ਆਮ ਤਰੀਕੇ ਨਾਲ ਹੋਣੀ ਸੰਭਵ ਨਹੀਂ, ਇਸ ਲਈ ਟ੍ਰਿਬਿਊਨਲ ਸਨਮੁੱਖ 04.07.2025 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਲਈ ਤੁਹਾਨੂੰ ਪ੍ਰਕਾਸ਼ਨਾ ਰਾਹੀਂ ਇਹ ਨੋਟਿਸ ਦਿੱਤਾ ਜਾਂਦਾ ਹੈ।
4. ਤੁਹਾਨੂੰ, ਆਪਣੇ ਐੱਸਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।
5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ।
(ਏ) ਅਜਿਹਾ ਵਿਆਜ ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।
(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ।
ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 19-04-2025 ਨੂੰ ਜਾਰੀ ਕੀਤਾ ਗਿਆ।
ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ
(ਡੀ ਆਰ ਟੀ 3)

## ਝੋਨੇ ਦੇ ਭਾਅ 'ਚ 69 ਰੁਪਏ ਵਾਧਾ ਕਿਸਾਨਾਂ ਨਾਲ ਕੋਝਾ ਮਜ਼ਾਕ : ਸੁਖਜਿੰਦਰ ਖੋਸਾ



ਮੋਗਾ (ਇਕਬਾਲ ਖਹਿਰਾ)-ਭਾਰਤੀ ਕਿਸਾਨ ਯੂਨੀਅਨ ਖੋਸਾ ਦੀ ਜ਼ਿਲ੍ਹਾ ਪੱਧਰੀ ਮਹੀਨਾਵਾਰ ਮੀਟਿੰਗ ਮੁੱਖ ਦਫਤਰ ਦਾਣਾ ਮੰਡੀ ਮੋਗਾ ਵਿਖੇ ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਉਗੋਕੇ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਦੌਰਾਨ ਕੌਮੀ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ, ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦਰਸ਼ਨ ਸਿੰਘ ਕਾਲੇਕੇ, ਸੂਬਾ ਮੀਤ ਪ੍ਰਧਾਨ ਅਮਰ ਸਿੰਘ ਸਲ੍ਹੀਣਾ ਨੇ ਜਿੱਥੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ, ਉਥੇ ਹੀ ਵੱਡੀ ਗਿਣਤੀ ਕਿਸਾਨਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਕੇਂਦਰ ਤੇ ਪੰਜਾਬ ਸਰਕਾਰ 'ਤੇ ਨਿਸ਼ਾਨੇ ਸਾਧਦਿਆਂ ਕੌਮੀ ਪ੍ਰਧਾਨ ਸੁਖਜਿੰਦਰ ਸਿੰਘ ਨੇ ਕਿਹਾ ਕਿ ਕੇਂਦਰ ਦੀ ਬੀਜੇਪੀ ਸਰਕਾਰ ਵੱਲੋਂ 2025-26 ਦੇ ਸਾਉਣੀ ਸੀਜ਼ਨ ਲਈ ਝੋਨੇ ਦੇ ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) 'ਚ 69 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਕਰਕੇ ਇਸ ਨੂੰ 2,369 ਰੁਪਏ ਕੀਤਾ ਗਿਆ ਹੈ ਤੇ ਇਹ ਕਿਸਾਨਾਂ ਨਾਲ ਕੇਂਦਰ ਸਰਕਾਰ ਨੇ ਕੋਝਾ ਮਜ਼ਾਕ ਕੀਤਾ ਹੈ। ਬੀ.ਕੇ.ਯੂ. ਖੋਸਾ ਇਸ ਨੂੰ ਰੱਦ ਕਰਦੀ ਹੈ ਤੇ ਨਾਲ ਹੀ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਹਿਕਾਰਤਾ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤਾਂ ਕੀਤੀਆਂ ਹਨ ਕਿ ਜੋ ਸਹਿਕਾਰੀ ਬੈਂਕ ਦੀਆਂ ਸੋਸਾਇਟੀਆਂ ਹਨ, ਉਨ੍ਹਾਂ ਦਾ ਜਿੰਨਾ ਕਿਸਾਨਾਂ ਨੇ ਕਰਜ਼ਾ ਦੇਣਾ ਹੈ ਜਾਂ ਜੋ ਡਿਫਾਲਟਰ ਕਿਸਾਨ ਹਨ, ਉਨ੍ਹਾਂ ਨੂੰ ਨੋਟਿਸ ਕੱਢ ਕੇ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜੋ ਕਿਸਾਨਾਂ ਨਾਲ ਸਰਾਸਰ ਧੱਕਾ ਹੈ। ਜੇਕਰ ਪੰਜਾਬ ਸਰਕਾਰ ਨੇ ਇਹ ਧੱਕਾ ਬੰਦ ਨਹੀਂ ਕੀਤਾ ਤਾਂ ਬੀ.ਕੇ.ਯੂ. ਖੋਸਾ ਹਰੇਕ ਜ਼ਿਲ੍ਹੇ ਦੇ ਡੀ ਐੱਮ ਦਫਤਰ ਦਾ ਅਣਮਿੱਥੇ ਸਮੇਂ ਲਈ ਘਿਰਾਓ ਕਰੇਗੀ। ਕੈਬਨਿਟ ਵੱਲੋਂ ਲਏ ਇਸ ਫੈਸਲੇ ਨੂੰ ਜਿੱਥੇ ਸਰਕਾਰ ਵੱਲੋਂ ਕਿਸਾਨਾਂ ਦੇ ਹਿੱਤ 'ਚ ਦੱਸਿਆ ਜਾ ਰਿਹਾ ਹੈ, ਉੱਥੇ ਹੀ ਪੰਜਾਬ ਦੇ ਕਿਸਾਨਾਂ ਨੇ ਇਸ ਵਾਧੇ ਨੂੰ ਨਕਾਰ ਦਿੱਤਾ ਹੈ। ਕਿਸਾਨਾਂ ਦਾ ਕਹਿਣਾ ਹੈ ਕਿ 69 ਰੁਪਏ ਦਾ ਵਾਧਾ ਕਿਸਾਨਾਂ ਦੀ ਮਿਹਨਤ ਤੇ ਲਾਗਤ ਦੇ ਅਨੁਪਾਤ ਵਿੱਚ ਬਿਲਕੁਲ ਧੋਖਾ ਹੈ।

## ਭਾਜਪਾ ਦੇ 12 ਘੰਟੇ ਕੰਮ ਦੇ ਫ਼ੈਸਲੇ ਨੂੰ ਕਾਨੂੰਨੀ ਮਾਨਤਾ ਖਿਲਾਫ਼ ਮੀਟਿੰਗ



ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ) ਪਿੰਡ ਭੁੱਟੀਵਾਲਾ ਵਿੱਚ ਕਿਰਤੀਆਂ ਵੱਲੋਂ ਸ਼ਹਾਦਤਾਂ ਦੇ ਕੇ ਲਏ ਅੱਠ ਘੰਟੇ ਕੰਮ ਦਿਹਾੜੀ ਦੇ ਹੱਕ ਨੂੰ ਖੋਹ ਕੇ ਕਾਰਪੋਰੇਟਾਂ ਦੇ ਮੁਨਾਫ਼ਿਆਂ ਵਾਸਤੇ ਭਾਜਪਾ ਦੇ 12 ਘੰਟੇ ਕੰਮ ਲੈਣ ਦੇ ਫ਼ੈਸਲੇ ਨੂੰ ਕਾਨੂੰਨੀ ਮਾਨਤਾ ਦੇਣ ਤੇ ਮਜ਼ਦੂਰਾਂ ਦੇ ਕਰਜ਼ੇ ਮਾਫ਼ ਕਰਨ ਦੇ ਐਲਾਨ ਰਾਹੀਂ ਮਜ਼ਦੂਰਾਂ ਨਾਲ ਮਜ਼ਾਕ ਕਰਨ ਵਾਲੇ ਮਜ਼ਦੂਰ ਵਿਰੋਧੀ ਫ਼ੈਸਲਿਆਂ ਦੇ ਵਿਰੋਧ ਮੀਟਿੰਗ ਕੀਤੀ ਗਈ।ਯੂਨੀਅਨ ਦੇ ਜ਼ਿਲ੍ਹਾ ਖ਼ਜ਼ਾਨਚੀ ਬਾਜ ਸਿੰਘ ਭੁੱਟੀਵਾਲਾ ਨੇ ਆਖਿਆ ਕਿ ਦੁਨੀਆ ਭਰ ਵਿੱਚ ਮੁਨਾਫ਼ੇਖੋਰਾਂ ਵੱਲੋਂ ਕਿਰਤੀਆਂ ਨੂੰ 24 ਘੰਟੇ ਕੰਮ ਲੈ ਕੇ ਆਪਦੇ ਮੁਨਾਫੇ ਵਧਾਏ ਜਾਂਦੇ ਸਨ, ਜਿਸ ਦੇ ਖ਼ਿਲਾਫ਼ ਦੁਨੀਆ ਭਰ ਵਿੱਚ ਕਿਰਤੀਆਂ ਨੇ ਜਾਨ ਹੂਲਵੇਂ ਸੰਘਰਸ਼ ਲੜੇ ਤੇ ਉਨ੍ਹਾਂ ਸੰਘਰਸ਼ਾਂ ਵਿੱਚ ਸ਼ਹਾਦਤਾਂ ਦੇ ਕੇ ਅੱਠ ਘੰਟੇ ਕੰਮ ਲੈਣ ਦੇ ਹੱਕ ਨੂੰ ਬਹਾਲ ਕਰਾਇਆ, ਪਰ ਭਾਜਪਾ ਹਕੂਮਤ ਵੱਲੋਂ ਕਾਰਪੋਰੇਟਾਂ ਦੇ ਮੁਨਾਫ਼ਿਆਂ ਲਈ ਅੱਠ ਦੀ ਥਾਂ 12 ਘੰਟੇ ਕੰਮ ਕਰਨ ਦੀ ਕਿਰਤ ਕਾਨੂੰਗ ਖਤਮ ਕਰਕੇ ਕਿਰਤ ਕੋਡ ਲਾਗੂ ਕੀਤਾ ਗਿਆ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਵੀ ਭਾਜਪਾ ਹਕੂਮਤ ਦੀਆਂ ਨਕਸ਼ੇ ਕਦਮ 'ਤੇ ਚੱਲਦਿਆਂ ਪੰਜਾਬ ਵਿੱਚ ਅੱਠ ਦੀ ਥਾਂ 12 ਘੰਟੇ ਕੰਮ ਲੈਣ ਕਿਰਤ ਕੋਡ ਨੂੰ ਕਨੂੰਨੀ ਮਾਨਤਾ ਦੇ ਦਿੱਤੀ ਹੈ ਤੇ ਪੰਜਾਬ ਦੇ 4727 ਪਰਵਾਰਾਂ ਦੇ 68 ਕਰੋੜ ਦੇ ਕਰਜ਼ੇ ਮਾਫ਼ ਕਰਕੇ ਮਜ਼ਦੂਰਾਂ ਨਾਲ ਮਜ਼ਾਕ ਕੀਤਾ ਹੈ।ਉਨ੍ਹਾਂ ਕਿਹਾ ਕਿ 13000 ਤੋਂ ਵੱਧ ਪਿੰਡਾਂ ਦੇ ਹਿਸਾਬ ਨਾਲ ਪੌਣੇ ਤਿੰਨ ਪਿੰਡਾਂ ਮਗਰ ਇੱਕ ਬੰਦੇ ਦੀ ਕਰਜ਼ਾ ਮੁਆਫ਼ੀ ਬਣਦੀ ਹੈ, ਜੋ ਉਠ ਦੇ ਮੂੰਹ 'ਚ ਜ਼ੀਰੇ ਸਮਾਨ ਹੈ।ਖੇਤ ਮਜ਼ਦੂਰ ਆਗੂ ਨੇ ਆਖਿਆ ਕਿ ਪੰਜਾਬ ਦੇ ਲਗਭਗ ਛੇ ਲੱਖ ਪਰਵਾਰਾਂ ਚੋਂ 84 ਫ਼ੀਸਦੀ ਪਰਵਾਰਾਂ ਸਿਰ ਛੇ ਹਜ਼ਾਰ ਕਰੋੜ ਰੁਪਏ ਤੋਂ ਵੱਧ ਦਾ ਕਰਜ਼ਾ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਸਾਲ 2017 'ਚ ਖੇਤ ਮਜ਼ਦੂਰਾਂ ਦੇ ਕਰਜ਼ੇ ਸਬੰਧੀ ਕੀਤੇ ਸਰਵੇਖਣ ਦੌਰਾਨ ਇਹ ਤੱਥ ਉਭਰ ਕੇ ਸਾਹਮਣੇ ਆ ਚੁੱਕੇ ਹਨ ਕਿ 84 ਫ਼ੀਸਦੀ ਮਜ਼ਦੂਰ ਪਰਵਾਰ ਕਰਜ਼ੇ ਦੇ ਭਾਰੀ ਬੋਝ ਹੇਠ ਦਬੇ ਹੋਏ ਹਨ।ਉਨ੍ਹਾਂ ਦੱਸਿਆ ਕਿ ਸਰਵੇ ਦੌਰਾਨ ਪ੍ਰਤੀ ਪਰਵਾਰ 91447 ਰੁਪਏ ਦਾ ਕਰਜ਼ਾ ਪਾਇਆ ਗਿਆ ਸੀ।ਉਨ੍ਹਾਂ ਦੱਸਿਆ ਕਿ ਮਜ਼ਦੂਰਾਂ ਸਿਰ ਚੜ੍ਹੇ ਕਰਜ਼ੇ ਚੋਂ ਸਭ ਤੋਂ ਵੱਧ ਕਰਜ਼ਾ ਮਾਈਕ੍ਰੋ ਫਾਈਨਾਂਸ ਕੰਪਨੀਆਂ ਦਾ ਹੈ ਜਿਹੜਾ ਕਿ ਆਏ ਦਿਨ ਵਧਦਾ ਜਾ ਰਿਹਾ ਹੈ।

ਉਨ੍ਹਾਂ ਆਖਿਆ ਕਿ ਮਜ਼ਦੂਰਾਂ ਦੇ ਬੇਜ਼ਮੀਨੇ ਹੋਣ ਤੋਂ ਇਲਾਵਾ ਹਰੇ ਇਨਕਲਾਬ ਦੀ ਬਦੌਲਤ ਮਜ਼ਦੂਰਾਂ ਦੇ ਹੋਏ ਰੁਜ਼ਗਾਰ ਉਜਾੜੇ, ਘਟਦੀਆਂ ਉਜ਼ਰਤਾਂ, ਵਧਦੀ ਮਹਿੰਗਾਈ ਤੇ ਸਬਸਿਡੀਆਂ 'ਚ ਕਟੌਤੀ ਵਰਗੀਆਂ ਮਜ਼ਦੂਰ ਤੇ ਲੋਕ ਵਿਰੋਧੀ ਨੀਤੀਆਂ ਖੇਤ ਮਜ਼ਦੂਰਾਂ ਸਿਰ ਕਰਜ਼ੇ ਚੜ੍ਹਨ ਲਈ ਜ਼ਿੰਮੇਵਾਰ ਹਨ, ਜੋ ਅਗਾਂਹ ਖ਼ੁਦਕੁਸ਼ੀਆਂ ਵਰਗੇ ਵਰਤਾਰੇ ਦੀ ਜੰਮਣ ਭੋਇੰ ਬਣਦਾ ਹੈ।ਇਸ ਲਈ ਮਜ਼ਦੂਰਾਂ ਸਿਰ ਚੜ੍ਹੇ ਸਮੁੱਚੇ ਕਰਜ਼ੇ ਨੂੰ ਸਰਕਾਰ ਵੱਲੋਂ ਮੁਆਫ਼ ਕੀਤਾ ਜਾਣਾ ਚਾਹੀਦਾ ਹੈ ਤੇ 12 ਘੰਟੇ ਕੰਮ ਲੈਣ ਦੇ ਮਜ਼ਦੂਰ ਵਿਰੋਧੀ ਫੈਸਲੇ ਨੂੰ ਰੱਦ ਕੀਤਾ ਜਾਣਾ ਚਾਹੀਦਾ ਹੈ।

## ਕਿਰਤੀ ਕਿਸਾਨ ਯੂਨੀਅਨ ਦਾ ਵਫ਼ਦ ਨਹਿਰੀ ਵਿਭਾਗ ਦੇ ਐੱਸ ਡੀ ਓ ਨੂੰ ਮਿਲਿਆ



ਮੋਗਾ/ਨਿਹਾਲ ਸਿੰਘ ਵਾਲਾ (ਇਕਬਾਲ ਸਿੰਘ ਖਹਿਰਾ/ਲਵਲੀ ਮਾਛੀਕੇ)-ਕਿਰਤੀ ਕਿਸਾਨ ਯੂਨੀਅਨ ਦਾ ਜ਼ਿਲ੍ਹਾ ਵਫ਼ਦ ਪਿੰਡ ਆਖੜਾ ਵਿਖੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਦੀ ਅਗਵਾਈ ਹੇਠ ਨਹਿਰ ਵਿਭਾਗ ਦੇ ਐੱਸ ਡੀ ਓ ਪੁਸ਼ਪਿੰਦਰ ਸਿੰਘ ਜਗਰਾਉਂ ਨੂੰ ਮਿਲਿਆ। ਇਸ ਦੌਰਾਨ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਨੇ ਐੱਸ ਡੀ ਓ ਨਾਲ ਗੱਲਬਾਤ ਦੌਰਾਨ ਕਿਹਾ ਕਿ ਪਿਛਲੇ ਅਕਤੂਬਰ ਮਹੀਨੇ ਤੋਂ ਅਬੋਹਰ ਬਰਾਂਚ ਦੀ ਨਹਿਰ ਵਿੱਚ ਪੂਰੀ ਤਰ੍ਹਾਂ ਪਾਣੀ ਨਹੀਂ ਛੱਡਿਆ ਗਿਆ। ਉਨ੍ਹਾਂ ਚਿੰਤਾ ਪ੍ਰਗਟ ਕਰਦਿਆਂ ਆਖਿਆ ਕਿ ਅੱਜ ਪੰਜਾਬ ਵਿੱਚ ਨਹਿਰੀ ਪਾਣੀ ਦੀ ਬਹੁਤ ਜ਼ਰੂਰਤ ਹੈ, ਕਿਉਂਕਿ ਧਰਤੀ ਹੇਠਲੇ ਪਾਣੀ ਦਾ ਪੱਧਰ ਦਿਨੋਂ ਦਿਨ ਘੱਟ ਰਿਹਾ ਹੈ। ਇਸ ਲਈ ਨਹਿਰੀ ਪਾਣੀ ਪੂਰਾ ਸਾਲ ਛੱਡਣਾ ਚਾਹੀਦਾ ਹੈ ਤੇ ਝੋਨੇ ਦੀ ਬਿਜਾਈ ਤੋਂ ਦੋ ਮਹੀਨੇ ਪਹਿਲਾਂ ਨਹਿਰਾ ਦੀ ਸਫਾਈ ਕਰਵਾਉਣੀ ਚਾਹੀਦੀ ਹੈ। ਪੰਜਾਬ ਦੇ ਤੇ ਮੋਗੇ ਜ਼ਿਲ੍ਹੇ ਦੇ ਹਰ ਪਿੰਡ ਦੇ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣਾ ਚਾਹੀਦਾ ਹੈ। ਇਸ ਦੌਰਾਨ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਸਪਾਲ ਸਿੰਘ ਪੁਰਾਣੇਵਾਲਾ, ਜ਼ਿਲ੍ਹਾ ਆਗੂ ਬੂਟਾ ਸਿੰਘ ਤਖਾਣਬੱਧ, ਜ਼ਿਲ੍ਹਾ ਆਗੂ ਮੋਹਨ ਸਿੰਘ ਡਾਲਾ ਤੇ ਜ਼ਿਲ੍ਹਾ ਆਗੂ ਬੇਅੰਤ ਸਿੰਘ ਮੱਲੇਆਣਾ ਨੇ ਆਪਣੇ ਇਲਾਕੇ ਦੀਆਂ ਨਹਿਰੀ ਪਾਣੀ ਨਾਲ ਸੰਬੰਧਤ ਮੰਗਾਂ 'ਤੇ ਗੱਲਬਾਤ ਕੀਤੀ, ਜਿਸ 'ਚ ਕਿਹਾ ਕਿ ਸਾਡੇ ਪਿੰਡ ਵਿੱਚ ਟੁੱਟੇ ਹੋਏ ਨਹਿਰੀ ਖਾਲ ਜ਼ਰੂਰ ਬਣਾਏ ਜਾਣ ਤੇ ਪੂਰੀ ਤਰ੍ਹਾਂ ਖਾਲਾਂ ਦੀ ਮੁਰੰਮਤ ਕਰਵਾਈ ਜਾਵੇ। ਇਸ ਦੌਰਾਨ ਗੱਲਬਾਤ ਕਰਦਿਆਂ ਐੱਸ ਡੀ ਓ ਪੁਸ਼ਪਿੰਦਰ ਸਿੰਘ ਜਗਰਾਉਂ ਨੇ ਕਿਰਤੀ ਕਿਸਾਨ ਯੂਨੀਅਨ ਦੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਅੱਜ ਅਬੋਹਰ ਬਰਾਂਚ ਦੇ ਰਾਜਵਾਹਿਆਂ 'ਚ ਪਾਣੀ ਛੱਡ ਦਿੱਤਾ ਜਾਵੇਗਾ ਤੇ ਉਨ੍ਹਾਂ ਨੇ ਵੀ ਧਰਤੀ ਹੇਠਲੇ ਪਾਣੀ ਦੇ ਪੱਧਰ ਦੇ ਘਟਣ 'ਤੇ ਚਿੰਤਾ ਪ੍ਰਗਟ ਕੀਤੀ ਤੇ ਕਿਹਾ ਕਿ ਆਉਣ ਵਾਲੇ ਸਮੇਂ ਦੌਰਾਨ ਪੂਰਨ ਤੌਰ 'ਤੇ ਨਹਿਰੀ ਪਾਣੀ ਪੂਰਾ ਸਾਲ ਛੱਡਿਆ ਜਾਵੇਗਾ। ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਨੇ ਪੰਜਾਬ ਦੇ ਕਿਸਾਨਾਂ ਅੱਗੇ ਵੀ ਅਪੀਲ ਕੀਤੀ ਕਿ ਆਪਣੀਆਂ ਫ਼ਸਲਾਂ ਦੀ ਸਿੰਚਾਈ ਲਈ ਵੱਧ ਤੋਂ ਵੱਧ ਨਹਿਰੀ ਪਾਣੀ ਦੀ ਵਰਤੋਂ ਕਰੋ। ਇਸ ਦੌਰਾਨ ਬਲਾਕ ਆਗੂ ਅਵਤਾਰ ਸਿੰਘ ਡਾਲਾ, ਬਲਾਕ ਆਗੂ ਛਿੰਦਰ ਸਿੰਘ ਮੱਲੇਆਣਾ, ਬਲਾਕ ਆਗੂ ਸੁਖਵੀਰ ਸਿੰਘ ਡਾਲਾ, ਅਕਾਲੀ ਡਾਲਾ ਸ਼ਾਮਲ ਹੋਏ।

## ਪ੍ਰਧਾਨ ਤਰਸੇਮ ਗੋਇਲ ਨੂੰ ਕੀਤਾ ਸਨਮਾਨਤ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਅਗਰਵਾਲ ਸਭਾ ਦੀ ਮੀਟਿੰਗ ਸ਼ਹਿਰ ਦੇ ਨਿੱਜੀ ਹੋਟਲ ਵਿਖੇ ਹੋਈ, ਜਿਸ ਦੀ ਪ੍ਰਧਾਨਗੀ ਅਗਰਵਾਲ ਸਭਾ ਦੇ ਜ਼ਿਲ੍ਹਾ ਪ੍ਰਧਾਨ ਦਿਨੇਸ਼ ਸਿੰਗਲਾ (ਬੱਬੀ) ਵੱਲੋਂ ਕੀਤੀ ਗਈ।ਪਵਨ ਸਿੰਗਲਾ ਸੈਕਟਰੀ ਪੰਜਾਬ ਤੇ ਸੁਰੇਸ਼ ਗੁਪਤਾ (ਸੁਜਰੀ) ਪ੍ਰਭਾਰੀ ਪੰਜਾਬ ਨੇ ਸ਼ਿਰਕਤ ਕੀਤੀ।ਮੀਟਿੰਗ ਦੌਰਾਨ ਪੁੱਜੇ ਅਗਰਵਾਲ ਸਭਾ ਦੇ ਮੈਂਬਰਾਂ ਤੇ ਅਹੁਦੇਦਾਰਾਂ ਦੀ ਮੌਜੂਦਗੀ ਵਿੱਚ ਸਰਬਸੰਮਤੀ ਨਾਲ ਸਮਾਜ ਸੇਵੀ ਤਰਸੇਮ ਗੋਇਲ ਨੂੰ ਮੁਕਤਸਰ ਅਗਰਵਾਲ ਸਭਾ ਦਾ ਸ਼ਹਿਰੀ ਪ੍ਰਧਾਨ ਨਿਯੁਕਤ ਕੀਤਾ ਗਿਆ।ਉਨ੍ਹਾਂ ਦੀ ਇਸ ਨਿਯੁਕਤੀ 'ਤੇ ਸਮੂਹ ਅਗਰਵਾਲ ਸਭਾ 'ਚ ਖੁਸ਼ੀ ਦੀ ਲਹਿਰ ਦੌੜ ਗਈ, ਜਿਸ ਉਪਰੰਤ ਸਾਬਕਾ ਡੀਟੀਓ ਗੁਰਚਰਨ ਸਿੰਘ ਸੰਧੂ ਵੱਲੋਂ ਨਵ ਨਿਯੁਕਤ ਪ੍ਰਧਾਨ ਤਰਸੇਮ ਗੋਇਲ ਤੇ ਉਨ੍ਹਾਂ ਦੇ ਸਾਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਪ੍ਰਧਾਨ ਤਰਸੇਮ ਗੋਇਲ ਨੇ ਗੁਰਚਰਨ ਸਿੰਘ ਸੰਧੂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਨਾਲ ਹੀ ਸੌਂਪੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣ ਦਾ ਪ੍ਰਣ ਲਿਆ।ਸਾਬਕਾ ਡੀਟੀਓ ਗੁਰਚਰਨ ਸਿੰਘ ਸੰਧੂ ਨੇ ਹਾਜ਼ਰੀਨ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਨਵਨਿਯੁਕਤ ਪ੍ਰਧਾਨ ਤਰਸੇਮ ਗੋਇਲ ਵੱਲੋਂ ਪਿਛਲੇ ਲੰਮੇ ਅਰਸੇ ਤੋਂ ਸਮਾਜ ਭਲਾਈ ਦੇ ਕੰਮਾਂ ਵਿੱਚ ਮੋਹਰੀ ਹੋ ਕੇ ਭਾਗ ਲਿਆ ਜਾਂਦਾ ਹੈ, ਫਿਰ ਭਾਵੇਂ ਉਹ ਬੱਚਿਆਂ ਨੂੰ ਸਟੇਸ਼ਨਰੀ ਵੰਡਣਾ ਹੋਵੇ ਜਾਂ ਫਿਰ ਕਿਸੇ ਲੋੜਵੰਦ ਵਿਅਕਤੀ ਦੀ ਵਿੱਤੀ ਸਹਾਇਤਾ ਕਰਨੀ ਹੋਵੇ।

## ਵਿਸ਼ਵ ਵਾਤਾਵਰਣ ਦਿਵਸ ਮਨਾਇਆ

ਦੋਰਾਹਾ (ਹਰਮਿੰਦਰ ਸੇਠ)-ਹਰ ਸਾਲ 5 ਜੂਨ ਨੂੰ ਵਿਸ਼ਵ ਵਾਤਾਵਰਣ ਦਿਵਸ ਦੁਨੀਆ ਭਰ ਵਿੱਚ ਮਨਾਇਆ ਜਾਂਦਾ ਹੈ। ਇਸ ਨੂੰ ਧਿਆਨ ਵਿੱਚ ਰੱਖਦਿਆਂ ਗੁਰੂ ਨਾਨਕ ਸਕੂਲ ਵਿਖੇ ਵੀ ਵਿਸ਼ਵ ਵਾਤਾਵਰਣ ਦਿਵਸ ਮਨਾਇਆ ਗਿਆ ਤਾਂ ਜੁ ਲੋਕਾਂ ਵਿੱਚ ਜਲਵਾਯੂ ਪਰਿਵਰਤਨ ਅਤੇ ਮਨੁੱਖੀ ਸਿਹਤ, ਜੰਗਲੀ ਜੀਵਾਂ ਅਤੇ ਬਨਸਪਤੀ 'ਤੇ ਇਸਦੇ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕੀਤੀ ਜਾ ਸਕੇ। ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਪ੍ਰਿੰਸੀਪਲ ਡਾ.ਡੀ.ਪੀ.ਠਾਕੁਰ ਅਤੇ ਸਮੂਹ ਸਟਾਫ ਵੱਲੋਂ ਪੌਦੇ ਲਾਏ ਗਏ।ਸਕੂਲ ਵਿਦਿਆਰਥੀਆਂ ਵੱਲੋਂ ਵੀ ਆਪੋ-ਆਪਣੇ ਘਰਾਂ ਵਿੱਚ ਵਿਸ਼ਵ ਵਾਤਾਵਰਣ ਦਿਵਸ ਮਨਾਉਂਦਿਆਂ ਹੋਇਆਂ ਇਸ ਨਾਲ ਸੰਬੰਧਤ ਕਈ ਗਤੀਵਿਧੀਆਂ ਕੀਤੀਆਂ ਗਈਆਂ। ਵਾਤਾਵਰਣ ਦੀ ਸੰਭਾਲ ਪ੍ਰਤੀ ਆਪਣਾ ਉਤਸ਼ਾਹ ਦਿਖਾਉਂਦਿਆਂ ਵਿਦਿਆਰਥੀਆਂ ਨੇ ਆਪਣੀਆਂ ਤਸਵੀਰਾਂ ਤੇ ਵੀਡੀਓਜ਼ ਸੰਬੰਧਤ ਅਧਿਆਪਕਾਂ ਨਾਲ ਸਾਂਝੀਆਂ ਕੀਤੀਆਂ। ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਨੇ ਵਾਤਾਵਰਣ ਸੰਬੰਧੀ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਬਦਲਦਾ ਵਾਤਾਵਰਣ ਸਾਡੀ ਸਿਹਤ ਨੂੰ ਵੀ ਸਿੱਧਾ ਪ੍ਰਭਾਵਤ ਕਰ ਰਿਹਾ ਹੈ, ਜਿਸ ਲਈ ਸਮਾਜ ਵਿੱਚ ਜਾਗਰੂਕਤਾ ਦੀ ਲੋੜ ਹੈ। ਇਸ ਲਈ ਸਕੂਲ ਵੱਲੋਂ ਖ਼ਾਸ ਉਪਰਾਲਾ ਕੀਤਾ ਜਾਵੇਗਾ ਕਿ ਸਾਰੇ ਵਿਦਿਆਰਥੀਆਂ ਨੂੰ ਸਕੂਲ ਖੁੱਲ੍ਹਣ 'ਤੇ ਪੌਦੇ ਵੰਡ ਕੇ ਵਾਤਾਵਰਣ ਦੀ ਸੰਭਾਲ ਪ੍ਰਤੀ ਪ੍ਰੇਰਿਆ ਜਾਵੇ।

## ਮੰਤਰੀ ਮੰਡਲ ਦੀ ਮੀਟਿੰਗ 'ਚ ਲਏ ਗਏ ਫੈਸਲੇ ਇਤਿਹਾਸਕ : ਤੇਜਿੰਦਰ ਮਹਿਤਾ



ਨਾਭਾ (ਵਰਿੰਦਰ ਵਰਮਾ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਪੰਜਾਬ ਦੇ ਲੋਕਾਂ ਲਈ ਇਤਿਹਾਸਕ ਫ਼ੈਸਲੇ ਲਏ ਗਏ ਹਨ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਸ਼ਹਿਰੀ ਪਟਿਆਲਾ ਪ੍ਰਧਾਨ ਤੇਜਿੰਦਰ ਮਹਿਤਾ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਪੰਜਾਬ ਦੇ ਕ੍ਰਾਂਤੀਕਾਰੀ ਤੇ ਹਰਮਨ ਪਿਆਰੇ ਮੁੱਖ ਮੰਤਰੀ ਸ. ਭਗਵੰਤ ਮਾਨ ਵੱਲੋਂ ਚੋਣਾਂ ਤੋਂ ਪਹਿਲਾਂ ਪੰਜਾਬ ਦੀ ਜਨਤਾ ਨਾਲ ਜੋ ਵਾਅਦੇ ਕੀਤੇ ਗਏ ਸਨ, ਉਨ੍ਹਾਂ ਨੂੰ ਇੱਕ ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ।ਜਿਵੇਂ ਕਿ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਛੋਟੇ ਵਪਾਰੀਆਂ ਲਈ ਇਤਿਹਾਸਕ ਫ਼ੈਸਲਾ ਲਿਆ ਗਿਆ ਹੈ ਕਿ ਇੰਸਪੈਕਟਰ ਰਾਜ ਖਤਮ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਪਹਿਲੀ ਵਾਰ 20 ਤੋਂ ਘੱਟ ਕਰਮਚਾਰੀ ਰੱਖਣ ਵਾਲੀਆਂ ਦੁਕਾਨਾਂ ਤੇ ਵਪਾਰਕ ਸੰਸਥਾਵਾਂ 'ਤੇ ਹੁਣ ਲੇਬਰ ਕਾਨੂੰਨ ਲਾਗੂ ਨਹੀਂ ਹੋਣਗੇ।ਤੇਜਿੰਦਰ ਮਹਿਤਾ ਨੇ ਕਿਹਾ ਕਿ ਹੁਣ ਲੋਕਾਂ ਨੂੰ ਕਿਸੇ ਪ੍ਰਕਾਰ ਦਾ ਡਰ ਤੇ ਕੋਈ ਸਿਰਦਰਦ ਨਹੀਂ ਹੋਵੇਗਾ, ਸਿਰਫ਼ ਇੱਕ ਵਾਰੀ 6 ਮਹੀਨਿਆਂ ਦੇ ਅੰਦਰ ਆਪਣੀ ਜਾਣਕਾਰੀ ਦਿਓ, ਫਿਰ ਕੋਈ ਰਿਪੋਰਟ, ਇੰਸਪੈਕਸ਼ਨ ਜਾਂ ਪ੍ਰੇਸ਼ਾਨੀ ਨਹੀਂ ਹੋਵੇਗੀ।ਉਨ੍ਹਾਂ ਕਿਹਾ ਕਿ ਜੋ ਮਾਨ ਸਰਕਾਰ ਵੱਲੋਂ ਫੈਸਲਾ ਲਿਆ ਗਿਆ ਹੈ ਕਿ ਕਰਮਚਾਰੀਆਂ ਲਈ ਓਵਰ ਟਾਈਮ 50 ਘੰਟੇ ਤੋਂ ਵਧਾ ਕੇ 144 ਘੰਟੇ (ਤੀਨ ਮਹੀਨੇ ਵਿੱਚ) ਦਿਨ 'ਚ 9 ਘੰਟਿਆਂ ਤੋਂ ਵੱਧ ਕੰਮ 'ਤੇ ਦੁੱਗਣੀ ਤਨਖਾਹ ਮਿਲੇਗੀ।ਉਨ੍ਹਾਂ ਕਿਹਾ ਕਿ ਵੱਡੇ ਵਪਾਰੀਆਂ ਲਈ ਸੁਵਿਧਾ ਦਿੱਤੀ ਗਈ ਹੈ, 20 ਜਾਂ ਵੱਧ ਕਰਮਚਾਰੀ ਵਾਲੇ ਵਪਾਰੀ ਅਰਜ਼ੀ ਦੇਣ ਤੋਂ 24 ਘੰਟਿਆਂ ਵਿੱਚ ਰਜਿਸਟ੍ਰੇਸ਼ਨ ਮਨਜ਼ੂਰ ਜੇ ਨਾ ਹੋਈ ਤਾਂ ਆਪਣੇ ਆਪ ਮਨਜ਼ੂਰ ਮੰਨ ਲਈ ਜਾਵੇਗੀ।ਉਨ੍ਹਾਂ ਕਿਹਾ ਕਿ ਜੁਰਮਾਨਿਆਂ 'ਚ ਇਨਸਾਫ਼ ਵਿੱਚ ਪਹਿਲਾਂ ₹25-100 ਹੁੰਦਾ ਸੀ, ਪਰ ਹੁਣ ₹1000 ਤੋਂ 30,000 ਤੱਕ ਪਹਿਲੀ ਗਲਤੀ 'ਤੇ 3 ਮਹੀਨੇ ਦੀ ਮਿਆਦ ਵਿਚ ਸੁਧਾਰ ਲਈ ਹੈ।ਉਨ੍ਹਾਂ ਕਿਹਾ ਕਿ ਕਾਨੂੰਨੀ ਮਾਮਲੇ ਵੀ ਹੁਣ ਸਿੱਧੇ ਨਿਪਟਾਰੇ ਜਿਵੇਂ ਛੋਟੇ ਮਾਮਲੇ ਹੁਣ ਅਦਾਲਤ ਨਹੀਂ ਜਾਣੇ ਪੈਣਗੇ, ਜੁਰਮਾਨਾ ਭਰੋ ਤੇ ਹੁਣ ਮਾਮਲਾ ਨਿਪਟ ਜਾਵੇਗਾ।ਤੇਜਿੰਦਰ ਮਹਿਤਾ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਐੱਸ ਸੀ ਪਰਿਵਾਰਾਂ ਦੇ 68 ਕਰੋੜ ਰੁਪਏ ਦੇ ਕਰਜ਼ੇ ਮੁਆਫ਼ ਕਰਨ ਲਈ ਮਨਜ਼ੂਰੀ ਦੇ ਦਿੱਤੀ ਹੈ।ਇਸ ਨਾਲ ਸੂਬੇ ਦੇ 4727 ਪਰਵਾਰਾਂ ਨੂੰ ਲਾਭ ਮਿਲੇਗਾ।ਉਨ੍ਹਾਂ ਕਿਹਾ ਕਿ ਇਸ ਬਾਰੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਵਿੱਤ ਨਿਗਮ (ਪੀਐੱਸਸੀਐਫਸੀ) ਦੇ 31 ਮਾਰਚ 2020 ਤੱਕ ਦੇ ਕਰਜ਼ਦਾਰਾਂ ਦੇ ਕਰਜ਼ੇ ਮੁਆਫ਼ ਕੀਤੇ ਗਏ ਹਨ।ਇਹ ਕਰਜ਼ੇ ਪਿਛਲੇ 20 ਸਾਲਾਂ ਤੋਂ ਬਕਾਇਆ ਚੱਲ ਰਹੇ ਸਨ।

## ਤਨਖਾਹਾਂ ਜਾਰੀ ਕਰਨ 'ਚ ਵਿੱਤ ਮੰਤਰੀ ਦੀ ਵੀ ਨਹੀਂ ਚੱਲੀ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਹੁਕਮਾਂ ਦੇ ਬਾਵਜੂਦ ਸੰਘਰਸ਼ੀ ਮੁਲਾਜ਼ਮਾਂ ਦੀਆਂ 5 ਮਹੀਨੇ ਤੋਂ ਤਨਖਾਹਾਂ ਜਾਰੀ ਨਹੀਂ ਕੀਤੀਆਂ ਜਾ ਰਹੀਆਂ, ਜਿਸ ਕਰਕੇ ਮੁਲਾਜ਼ਮ ਹੁਣ ਸੜਕਾਂ 'ਤੇ ਆਉਣ ਨੂੰ ਮਜਬੂਰ ਹੋ ਗਏ ਹਨ ਅਤੇ ਮੁਲਾਜ਼ਮਾਂ ਨੇ ਸੰਘਰਸ਼ ਦਾ ਪਿੜ ਲੁਧਿਆਣਾ ਨੂੰ ਚੁਣਿਆ ਹੈ, ਕਿਉਂਕਿ ਆਮ ਆਦਮੀ ਪਾਰਟੀ ਦੀ ਸਾਰੀ ਲੀਡਰਸ਼ਿਪ ਸਮੇਤ ਮੁੱਖ ਮੰਤਰੀ ਭਗਵੰਤ ਮਾਨ ਅਤੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਦਿੱਲੀ ਦੇ ਆਗੂਆਂ ਨੇ ਵੀ ਲੁਧਿਆਣਾ ਵਿਖੇ ਡੇਰਾ ਲਾਇਆ ਹੋਇਆ ਹੈ। ਆਗੂਆਂ ਦਾ ਕਹਿਣਾ ਹੈ ਕਿ ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਲਗਾਤਾਰ 12 ਪੈਨਲ ਮੀਟਿੰਗਾਂ ਕਰਕੇ ਸੂਬੇ ਦੀ ਅਫ਼ਸਰਸ਼ਾਹੀ ਨੂੰ ਹੁਕਮ ਕਰਨ ਦੇ ਬਾਵਜੂਦ ਮੁਲਾਜ਼ਮਾਂ ਦੇ ਮਸਲੇ ਹੱਲ ਨਹੀਂ ਕੀਤੇ ਜਾ ਰਹੇ। ਮੁਲਾਜ਼ਮਾਂ ਨੂੰ ਦਸੰਬਰ 2024 ਤੇ ਜਨਵਰੀ 2025 ਦੀਆਂ ਤਨਖਾਹਾਂ ਨਸੀਬ ਨਹੀਂ ਹੋਈਆਂ। ਸਿੱਖਿਆ ਭਵਨ ਦੇ ਬਾਹਰ ਪੱਕੇ ਮੋਰਚਾ ਲਾ ਕੇ ਧਰਨਾ 14 ਜਨਵਰੀ ਨੂੰ ਸਮਾਪਤ ਕਰਨ ਸਮੇਂ ਬਣੀ ਸਹਿਮਤੀ ਅਨੁਸਾਰ ਜਲਦ ਸਾਰੇ ਮਸਲੇ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ ਸੀ, ਪਰ 4 ਮਹੀਨੇ ਤੋਂ ਉੱਪਰ ਦਾ ਸਮਾਂ ਬੀਤਣ ਦੇ ਬਾਵਜੂਦ ਮੁਲਾਜ਼ਮਾਂ ਦੇ ਸਾਰੇ ਮਸਲੇ ਜਿਉਂ ਦੀ ਤਿਉਂ ਬਣੇ ਹੋਏ ਹਨ। ਉਲਟਾ ਮੁਲਾਜ਼ਮਾਂ ਦੇ ਸੰਘਰਸ਼ ਦੇ ਦਿਨਾਂ ਦੀ ਤਨਖਾਹ ਵੀ ਰੋਕ ਦਿੱਤੀ ਗਈ ਹੈ। ਸਰਵ ਸਿੱਖਿਆ ਅਭਿਆਨ ਮਿਡ ਡੇਅ ਮੀਲ ਦਫ਼ਤਰੀ ਕਰਮਚਾਰੀ ਯੂਨੀਅਨ ਦੇ ਆਗੂ ਹਰਦੀਪ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਦੇ ਫੈਸਲੇ ਤੋਂ ਬਾਅਦ ਕੈਬਿਨਟ ਸਬ ਕਮੇਟੀ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਤਨਖਾਹ ਕਟੌਤੀ ਦੂਰ ਕਰਨ ਦੇ ਫੈਸਲੇ ਲੈ ਕੇ ਅਨੇਕਾਂ ਵਾਰ ਅਧਿਕਾਰੀਆਂ ਨੂੰ ਆਦੇਸ਼ ਦਿੱਤੇ, ਪਰ ਅਧਿਕਾਰੀ ਜਾਣਬੁੱਝ ਕੇ ਮਸਲੇ ਨੂੰ ਉਲਝਾ ਰਹੇ ਹਨ। ਆਗੂਆਂ ਨੇ ਕਿਹਾ ਕਿ ਹੁਣ ਤਾਂ ਇਹ ਜਾਪਣ ਲੱਗ ਗਿਆ ਹੈ ਕਿ ਵਿੱਤ ਮੰਤਰੀ ਹਰਪਾਲ ਚੀਮਾ ਦੀ ਵੀ ਕੋਈ ਸੁਣਵਾਈ ਨਹੀਂ ਹੈ, ਕਿਉਂਕਿ ਲਗਾਤਾਰ 3 ਮੀਟਿੰਗਾਂ ਵਿੱਚ ਵਿੱਤ ਮੰਤਰੀ ਵੱਲੋਂ ਮੁਲਾਜ਼ਮਾਂ ਦੀਆ ਰੁਕੀਆਂ ਤਨਖਾਹਾਂ ਜਾਰੀ ਕਰਨ ਦੇ ਆਦੇਸ਼ ਦਿੱਤੇ ਸਨ, ਪਰ ਇਸ ਸਬੰਧੀ ਕੋਈ ਕਾਰਵਾਈ ਨਹੀਂ ਹੋਈ।

## ਵਾਤਾਵਰਣ, ਜੀਵ-ਜੰਤੂ ਤੇ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਰੁੱਖ ਲਾ ਕੇ ਦੇਖਭਾਲ ਕਰਨੀ ਜ਼ਰੂਰੀ : ਚੇਅਰਮੈਨ




ਕੋਟ ਈਸੇ ਖਾਂ (ਅਰੋੜਾ)-ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਦਵਿੰਦਰ ਸਿੰਘ ਲੋਟੇ, 05 ਪੰਜਾਬ ਬਟਾਲੀਅਨ ਦੇ ਕਮਾਡਿੰਗ ਅਫ਼ਸਰ ਸੁਨਿਲ ਕੁਮਾਰ ਦੇ ਦਿਸ਼ਾ-ਨਿਰਦੇਸ਼ ਤੇ ਵਾਤਾਵਰਣ ਦੀ ਭਰਪੂਰ ਸ਼ੁੱਧਤਾ ਦੀ ਚਾਹਤ ਹੇਠ ਸ੍ਰੀ ਹੇਮਕੁੰਟ ਸੀਨੀ.ਸੈਕੰ. ਸਕੂਲ ਕੋਟ-ਈਸੇ-ਖਾਂ ਦੇ ਐੱਨ.ਐੱਸ.ਐੱਸ ਵਲੰਟੀਅਰਜ਼, ਐਨ.ਸੀ.ਸੀ ਤੇ ਸਮੂਹ ਸਟਾਫ਼ ਵੱਲੋਂ ਵਿਸ਼ਵ ਵਾਤਾਵਰਣ ਦਿਵਸ ਮਨਾਇਆ ਗਿਆ।ਇਸ ਮੌਕੇ ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਤੇ ਐੱਮ.ਡੀ.ਮੈਡਮ ਰਣਜੀਤ ਕੌਰ ਸੰਧੂ ਨੇ ਵਾਤਾਵਰਣ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਮਨੁੱਖ ਨੇ ਆਪਣੀਆਂ ਸਵਾਰਥੀ ਸੋਚਾਂ ਸਦਕਾ ਬਨਸਪਤੀ, ਹਰੇ-ਭਰੇ ਰੁੱਖਾਂ, ਜੰਗਲਾਂ ਦਾ ਏਨਾ ਘਾਣ ਕਰ ਦਿੱਤਾ ਹੈ ਕਿ ਉਸ ਨੂੰ ਕਈ ਕੁਦਰਤੀ ਕਰੋਪੀਆਂ ਤੇ ਭਿਆਨਕ ਬਿਮਾਰੀਆਂ ਨਾਲ ਜੂਝਣਾ ਪੈ ਰਿਹਾ ਹੈ।ਇਸ ਲਈ ਸਾਨੂੰ ਵਾਤਾਵਰਣ, ਜੀਵ-ਜੰਤੂ ਅਤੇ ਧਰਤੀ ਹੇਠਲੇ ਪਾਣੀ ਤਲ ਨੂੰ ਬਚਾਉਣ ਲਈ ਵੱਧ ਤੋਂ ਵੱਧ ਰੁੱਖ ਲਾ ਕੇ ਉਨ੍ਹਾਂ ਦੀ ਦੇਖਭਾਲ ਕਰਨੀ ਵੀ ਜ਼ਰੂਰੀ ਹੈ।ਸਾਨੂੰ ਸਾਰਿਆਂ ਨੂੰ ਇੱਕ ਰੁੱਖ ਜ਼ਰੂਰ ਲਾਉਣਾ ਚਾਹੀਦਾ ਹੈ ਤਾਂ ਜੁ ਜਲ ਪ੍ਰਦੂਸ਼ਣ ਤੇ ਹਵਾ ਪ੍ਰਦੂਸ਼ਣ ਤੋਂ ਬਚਿਆ ਜਾ ਸਕੇ। ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਦੀ ਨਿਗਾਰਾਨੀ ਹੇਠ ਐੱਨ.ਐੱਸ ਵਲੰਟੀਅਰਜ਼ ਤੇ ਸਮੂਹ ਸਟਾਫ਼ ਨੇ ਸਕੂਲ ਦੀ ਚਾਰਦੀਵਾਰੀ ਅੰਦਰ ਅਤੇ ਬਾਹਰ ਫਲ਼ਦਾਰ ਪੌਦੇ ਤੇ ਛਾਂਦਾਰ ਦਰੱਖਤ ਲਾਏ ਅਤੇ ਇਨ੍ਹਾਂ ਦੀ ਸੰਭਾਲ ਕਰਨ ਦਾ ਵਚਨ ਦਿੱਤਾ।

## ਕਾਲਾਂਵਾਲੀ ਨਗਰ ਨਿਗਮ ਚੋਣਾਂ 29 ਨੂੰ

ਸਿਰਸਾ (ਸੁਰਿੰਦਰ ਪਾਲ ਸਿੰਘ)-ਲੰਮੀ ਉਡੀਕ ਉਪਰੰਤ ਆਖਰ ਹਰਿਆਣਾ ਰਾਜ ਚੋਣ ਕਮਿਸ਼ਨ ਨੇ ਕਾਲਾਂਵਾਲੀ ਨਗਰ ਨਿਗਮ ਦੀਆਂ ਚੋਣਾਂ ਦਾ ਐਲਾਨ ਕਰ ਹੀ ਦਿੱਤਾ ਹੈ। ਹਰਿਆਣਾ ਰਾਜ ਚੋਣ ਕਮਿਸ਼ਨ ਦਾ ਕਹਿਣਾ ਹੈ ਕਿ ਸਾਰੇ ਵਾਰਡਾਂ ਦੇ ਪ੍ਰਧਾਨ ਸਮੇਤ ਮੈਂਬਰਾਂ ਲਈ ਚੋਣਾਂ 29 ਜੂਨ ਨੂੰ ਹੋਣਗੀਆਂ। ਨਾਮਜ਼ਦਗੀ ਪੱਤਰ 10 ਜੂਨ ਤੋਂ 16 ਜੂਨ ਤੱਕ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਜਮ੍ਹਾਂ ਕਰਵਾਏ ਜਾ ਸਕਦੇ ਹਨ। ਰਿਟਰਨਿੰਗ ਅਫ਼ਸਰ ਨਗਰ ਨਿਗਮ ਕਾਲਾਂਵਾਲੀ ਤੇ ਉਪ ਮੰਡਲ ਅਧਿਕਾਰੀ ਰਾਜਿੰਦਰ ਕੁਮਾਰ ਨੇ ਕਿਹਾ ਕਿ 11 ਤੇ 15 ਜੂਨ ਨੂੰ ਜਨਤਕ ਛੁੱਟੀ ਹੋਣ ਕਾਰਨ ਨਾਮਜ਼ਦਗੀਆਂ ਦਾਖਲ ਨਹੀਂ ਕੀਤੀਆਂ ਜਾਣਗੀਆਂ। ਪ੍ਰਧਾਨ ਦੇ ਅਹੁਦੇ ਲਈ ਨਾਮਜਦਗੀਆਂ ਐੱਸਡੀਐੱਮ ਦਫ਼ਤਰ ਕਾਲਾਂਵਾਲੀ ਵਿੱਚ ਲਈਆਂ ਜਾਣਗੀਆਂ। ਇਸੇ ਤਰ੍ਹਾਂ ਵਾਰਡ ਨੰਬਰ 1 ਤੋਂ 8 ਲਈ ਮੈਂਬਰ ਦੇ ਅਹੁਦੇ ਲਈ ਨਾਮਜ਼ਦਗੀਆਂ ਤਹਿਸੀਲ ਦਫ਼ਤਰ ਕਾਲਾਂਵਾਲੀ ਵਿੱਚ ਤੇ ਵਾਰਡ ਨੰਬਰ 9 ਤੋਂ 16 ਲਈ ਮੈਂਬਰ ਦੇ ਅਹੁਦੇ ਲਈ ਨਾਮਜ਼ਦਗੀਆਂ ਤਹਿਸੀਲ ਦਫ਼ਤਰ ਵਿੱਚ ਸਥਿਤ ਈ ਦਿਸ਼ਾ ਸੈਂਟਰ ਵਿੱਚ ਭਰੀਆਂ ਜਾਣਗੀਆਂ। ਨਾਮਜ਼ਦਗੀ ਪੱਤਰਾਂ ਦੀ ਪੜਤਾਲ 17 ਜੂਨ ਨੂੰ ਹੋਵੇਗੀ, ਜਦੋਂਕਿ ਨਾਮਜ਼ਦਗੀ ਪੱਤਰ ਵਾਪਸ ਲੈਣ ਦੀ ਆਖਰੀ ਮਿਤੀ 18 ਜੂਨ ਦੁਪਹਿਰ 3 ਵਜੇ ਤੱਕ ਹੈ। ਉਸੇ ਦਿਨ ਦੁਪਹਿਰ 3 ਵਜੇ ਤੋਂ ਬਾਅਦ ਚੋਣ ਨਿਸ਼ਾਨ ਅਲਾਟ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਵੋਟਿੰਗ 29 ਜੂਨ ਨੂੰ ਸਵੇਰੇ 8 ਵਜੇ ਤੋਂ ਸ਼ਾਮ 6 ਵਜੇ ਤੱਕ ਹੋਵੇਗੀ। ਜੇਕਰ ਦੁਬਾਰਾ ਵੋਟਿੰਗ ਨਹੀਂ ਹੁੰਦੀ ਹੈ ਤਾਂ ਵੋਟਾਂ ਦੀ ਗਿਣਤੀ 30 ਜੂਨ ਨੂੰ ਕੀਤੀ ਜਾਵੇਗੀ। ਜੇਕਰ ਦੁਬਾਰਾ ਵੋਟਿੰਗ ਹੁੰਦੀ ਹੈ ਤਾਂ ਵੋਟਾਂ ਦੀ ਗਿਣਤੀ 2 ਜੁਲਾਈ ਨੂੰ ਕੀਤੀ ਜਾਵੇਗੀ।

## ਪੋਸਟ ਗ੍ਰੈਜੂਏਟ ਸਟੱਡੀਜ਼ ਵਿਭਾਗ ਦੇ ਵਿਦਿਆਰਥੀਆਂ ਨੇ 'ਵਰਸਿਟੀ ਨਤੀਜਿਆਂ 'ਚ ਮਾਰੀਆਂ ਮੱਲਾਂ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਡਾ. ਜਗਦੀਪ ਸਿੰਘ ਵਾਈਸ ਚਾਂਸਲਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਅਗਵਾਈ ਹੇਠ ਪੰਜਾਬੀ ਯੂਨੀਵਰਸਿਟੀ ਰਿਜ਼ਨਲ ਸੈਂਟਰ ਦੇ ਪੋਸਟ ਗ੍ਰੈਜੂਏਟ ਸਟੱਡੀਜ਼ ਵਿਭਾਗ ਦੇ ਵਿਦਿਆਰਥੀਆਂ ਨੇ ਇਕ ਵਾਰ ਫੇਰ ਨਾਮਣਾ ਖੱਟਿਆ ਹੈ।ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਮ.ਏ. ਆਨਰਜ਼ (ਪੰਜਾਬੀ, ਅੰਗਰੇਜ਼ੀ ਤੇ ਅਰਥ ਸ਼ਾਸਤਰ) ਦੇ ਹਾਲ ਹੀ ਵਿੱਚ ਐਲਾਨੇ ਗਏ ਪਹਿਲੇ ਸਮੈਸਟਰ ਦੇ ਨਤੀਜਆਂ ਵਿੱਚ ਵਿਦਿਆਰਥੀਆਂ ਨੇ ਬਹੁਤ ਵਧੀਆ ਪੁਜ਼ੀਸ਼ਨਾਂ ਹਾਸਲ ਕੀਤੀਆਂ ਹਨ।ਐਮ.ਏ. ਪੰਜਾਬੀ ਵਿੱਚ ਅੰਮ੍ਰਿਤਪਾਲ ਸਿੰਘ ਨੇ ਯੂਨੀਵਰਸਿਟੀ ਵਿੱਚੋਂ ਦੂਜਾ ਸਥਾਨ, ਜਸਪ੍ਰੀਤ ਕੌਰ ਨੇ ਪੰਜਵਾ ਸਥਾਨ ਤੇ ਮਨਵੀਰ ਕੌਰ ਨੇ ਸੱਤਵਾਂ ਸਥਾਨ ਪ੍ਰਾਪਤ ਕੀਤਾ।ਅੰਗਰੇਜ਼ੀ ਵਿੱਚ ਮਨਪ੍ਰੀਤ ਕੌਰ ਨੇ ਯੂਨੀਵਰਸਿਟੀ ਵਿੱਚੋਂ ਪਹਿਲਾ, ਮਨਮੀਤ ਕੌਰ, ਸ਼ਵੇਤਾ ਸਿੰਘ ਨੇ ਦੂਜਾ ਤੇ ਰਮਨਦੀਪ ਕੌਰ, ਪਿਊਸ਼, ਚਾਰੂ, ਪਗਵੀਰ ਕੌਰ, ਗੁਰਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਐਮ.ਏ. ਅਰਥ ਸ਼ਾਸਤਰ ਵਿੱਚ ਪ੍ਰਭਜੋਤ ਕੌਰ ਨੇ ਯੂਨੀਵਰਸਿਟੀ ਵਿੱਚੋਂ ਪਹਿਲਾ, ਸੁਖਮਨਦੀਪ ਕੌਰ ਨੇ ਦੂਜਾ ਤੇ ਨਿਸ਼ਾ ਨੇ ਤੀਜਾ ਅਤੇ ਨਵਰਾਜ ਸਿੰਘ, ਕਸ਼ੀਕਾ ਨੇ ਚੌਥਾ ਸਥਾਨ ਪ੍ਰਾਪਤ ਕੀਤਾ।ਵਿਭਾਗ ਦੇ ਮੁਖੀ ਡਾ. ਨਵਦੀਪ ਕੌਰ ਨੇ ਵਿਦਿਆਰਥੀਆਂ ਤੇ ਸਟਾਫ਼ ਨੂੰ ਉਨ੍ਹਾਂ ਦੀ ਸਖ਼ਤ ਮਿਹਨਤ ਲਈ ਵਧਾਈ ਦਿੱਤੀ।ਉਨ੍ਹਾਂ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਰਿਜ਼ਨਲ ਸੈਂਟਰ ਦਾ ਪੋਸਟ ਗ੍ਰੈਜੂਏਟ ਸਟੱਡੀਜ਼ ਵਿਭਾਗ ਲਗਭਗ ਪਿਛਲੇ ਚਾਲੀ ਸਾਲ ਤੋਂ ਇਸ ਖੇਤਰ ਦੇ ਵਿਦਿਆਰਥੀਆਂ ਨੂੰ ਉੱਚ ਤੇ ਮਿਆਰੀ ਸਿੱਖਿਆ ਪ੍ਰਦਾਨ ਕਰ ਰਿਹਾ ਹੈ।

ਇਥੇ ਐਮ.ਏ. ਆਨਰਜ਼ (ਪੰਜਾਬੀ, ਅੰਗਰੇਜ਼ੀ ਤੇ ਅਰਥ ਸ਼ਾਸਤਰ) ਵਿੱਚ ਦਾਖਲ ਵਿਦਿਆਰਥੀਆਂ ਨੂੰ ਸਰਕਾਰੀ ਨੌਕਰੀਆਂ ਲਈ ਮੁਫ਼ਤ ਕੋਚਿੰਗ ਵੀ ਦਿੱਤੀ ਜਾਂਦੀ ਹੈ।ਡਾ. ਨਵਦੀਪ ਨੇ ਵਿਦਿਆਰਥੀਆਂ ਨੂੰ ਆਪਣੀ ਪੜ੍ਹਾਈ ਤੇ ਵੱਖ-ਵੱਖ ਸਰਕਾਰੀ ਪ੍ਰੀਖਿਆਵਾਂ, ਪੀ.ਐਸ.ਟੀ.ਈ.ਟੀ, ਯੂਜੀਸੀ ਨੈਟ ਪਾਸ ਕਰਨ 'ਤੇ ਧਿਆਨ ਕੇਂਦਰਤ ਰੱਖਣ ਲਈ ਵੀ ਕਿਹਾ ਤਾਂ ਜੁ ਵਿਦਿਆਰਥੀਆਂ ਨੂੰ ਐਮ.ਏ. ਪੂਰੀ ਕਰਨ ਉਪਰੰਤ ਨੌਕਰੀ ਮਿਲ ਸਕੇ।ਪੰਜਾਬੀ ਯੂਨੀਵਰਸਿਟੀ ਰਿਜ਼ਨਲ ਸੈਂਟਰ ਦੇ ਡਾਇਰੈਕਟਰ ਡਾ. ਕਮਲਜੀਤ ਸਿੰਘ ਨੇ ਵੀ ਇਸ ਪ੍ਰਾਪਤੀ 'ਤੇ ਖ਼ੁਸ਼ੀ ਪ੍ਰਗਟਾਈ।

## ਬਾਲ ਭਲਾਈ ਕਮੇਟੀ ਤੇ ਜੁਵੇਨਾਇਲ ਜਸਟਿਸ ਬੋਰਡ ਦੇ ਮੈਂਬਰਾਂ ਸਬੰਧੀ ਅਰਜ਼ੀਆਂ ਦੀ ਮੰਗ

ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)-ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਦੱਸਿਆ ਕਿ ਡਾਇਰੈਕਟਰ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਨਿਰਦੇਸ਼ਾਂ ਤਹਿਤ ਬਾਲ ਭਲਾਈ ਕਮੇਟੀ ਅਤੇ ਜੁਵੇਨਾਇਲ ਜਸਟਿਸ ਬੋਰਡ ਵੱਲੋਂ ਕਿਸ਼ੋਰ ਬੱਚਿਆਂ ਦੇ ਨਿਆਂ ਅਤੇ ਦੇਖਭਾਲ ਲਈ ਸੁਰੱਖਿਆ ਐਕਟ 2015 ਅਤੇ ਕਿਸ਼ੋਰ ਨਿਆਂ ਮਾਡਲ ਨਿਯਮ 2016 ਦੇ ਅਧੀਨ 0 ਤੋਂ 18 ਸਾਲ ਦੇ ਬੱਚਿਆਂ ਦੀ ਸੁਰੱਖਿਆ ਤੇ ਦੇਖਭਾਲ ਅਤੇ ਕਈ ਕਾਰਨਾਂ ਕਰਕੇ ਕਾਨੂੰਨੀ ਵਿਵਾਦਾ ਦੇ ਘੇਰੇ ਵਿੱਚ ਆਉਣ ਵਾਲੇ ਬੱਚਿਆਂ ਲਈ ਬਾਲ ਭਲਾਈ ਕਮੇਟੀ ਅਤੇ ਜੁਵੇਨਾਈਲ ਜਸਟਿਸ ਬੋਰਡ ਦਾ ਗਠਨ ਕੀਤਾ ਜਾਂਦਾ ਹੈ, ਜਿਨ੍ਹਾਂ ਕੋਲ ਬੱਚਿਆਂ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦੇ ਹੋਏ ਯੋਗ ਫ਼ੈਸਲੇ ਲੈਣ ਦਾ ਅਧਿਕਾਰ ਹੁੰਦਾ ਹੈ ਅਤੇ ਬੱਚਿਆਂ ਦੇ ਅਧਿਕਾਰਾਂ ਦੀ ਸੁਰੱਖਿਆ ਕਰਦੇ ਹਨ। ਉਨ੍ਹਾਂ ਦੱਸਿਆ ਕਿ ਬਾਲ ਭਲਾਈ ਕਮੇਟੀ ਤੇ ਜੁਵੇਨਾਇਲ ਜਸਟਿਸ ਬੋਰਡ ਦਾ ਕਾਰਜਕਾਲ 03 ਸਾਲ ਦਾ ਹੁੰਦਾ ਹੈ। ਜ਼ਿਲ੍ਹੇ ਵਿੱਚ ਚੱਲ ਰਹੀ ਬਾਲ ਭਲਾਈ ਕਮੇਟੀ ਅਤੇ ਜੁਵੇਨਾਇਲ ਜਸਟਿਸ ਬੋਰਡ ਦਾ ਕਾਰਜਕਾਲ ਖਤਮ ਹੋ ਚੁੱਕਾ ਹੈ, ਜਿਸ ਕਰਕੇ ਹੁਣ ਜੁਵੇਨਾਇਲ ਜਸਟਿਸ ਬੋਰਡ ਲਈ 02 ਨਵੇਂ ਯੋਗ ਮੈਬਰਾਂ ਅਤੇ ਬਾਲ ਭਲਾਈ ਕਮੇਟੀ ਲਈ 01 ਚੇਅਰਪਰਸਨ ਤੇ 04 ਮੈਂਬਰਾਂ ਦੀ ਨਿਯੁਕਤੀ ਕੀਤੀ ਜਾਣੀ ਹੈ। ਇਨ੍ਹਾਂ ਦੀ ਨਿਯੁਕਤੀ ਜੁਵੇਨਾਇਲ ਜਸਟਿਸ ਐਕਟ ਦੀ ਧਾਰਾ 27 ਤੇ 04 ਅਨੁਸਾਰ ਕੀਤੀ ਜਾਣੀ ਹੈ। ਉਨ੍ਹਾਂ ਦੱਸਿਆ ਕਿ ਬਾਲ ਭਲਾਈ ਕਮੇਟੀ ਤੇ ਮੈਂਬਰ, ਜੁਵੇਨਾਇਲ ਜਸਟਿਸ ਬੋਰਡ ਲਈ ਅਪਲਾਈ ਕਰਨ ਲਈ ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਚੰਡੀਗੜ੍ਹ ਦੀ ਵੈਬਸਾਈਟ ਤੇ ਦਿੱਤੇ ਗਏ ਨਿਯਮਾਂ ਅਤੇ ਸ਼ਰਤਾਂ ਅਨੁਸਾਰ ਅਪਲਾਈ ਕੀਤਾ ਜਾ ਸਕਦਾ ਹੈ, ਉਨ੍ਹਾਂ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀ ਵੈਬਸਾਈਟ 'ਤੇ ਦਿੱਤੇ ਗਏ ਨਿਯਮਾਂ ਅਤੇ ਸ਼ਰਤਾਂ ਨੂੰ ਪੂਰਾ ਕਰਨ ਵਾਲੇ ਯੋਗ ਤੇ ਦਿਲਚਸਪੀ ਰੱਖਣ ਵਾਲੇ ਉਮੀਦਵਾਰ ਆਪਣਾ ਬਿਨੈ ਪੱਤਰ ਡਾਇਰੈਕਟਰ, ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਚੰਡੀਗੜ੍ਹ ਐਸ ਸੀ ਓ ਨੰ. 102-103 ਸੈਕਟਰ 34 ਏ ਚੰਡੀਗੜ੍ਹ ਵਿਖੇ ਰਜਿਸਟਰ ਡਾਕ ਜਾਂ ਸਪੀਡ ਪੋਸਟ ਰਾਹੀ ਤੇ ਈਮੇਲ 'ਤੇ ਭੇਜ ਸਕਦੇ ਹਨ।

## ਮਾਤਾ ਰਾਣੀ ਦੇ ਝੰਡਿਆਂ ਦੀ ਨਿਕਲੇਗੀ ਸ਼ੋਭਾ ਯਾਤਰਾ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਮਾਤਾ ਰਾਣੀ ਦੇ ਸਾਲਾਨਾ ਝੰਡਿਆਂ ਦੀ ਸ਼ੋਭਾ ਯਾਤਰਾ ਨੂੰ ਲੈ ਕੇ ਸ਼ਹਿਰ ਦੀਆਂ ਸਮੂਹ ਭਜਨ ਮੰਡਲੀਆਂ ਵੱਲੋਂ ਏਕਤਾ ਦਾ ਸਬੂਤ ਦਿੰਦਿਆਂ ਮਾਂ ਭਗਵਤੀ ਸੰਤ ਸੰਮੇਲਨ ਤੇ ਮਾਂ ਭਗਵਤੀ ਸ਼ੋਭਾ ਯਾਤਰਾ ਮੰਡਲ ਦੀ ਅਗਵਾਈ ਹੇਠ ਮਾਤਾ ਰਾਣੀ ਦੇ ਝੰਡਿਆਂ ਦੀ ਸ਼ੋਭਾ ਯਾਤਰਾ ਕੱਢਣ 'ਤੇ ਸਹਿਮਤੀ ਪ੍ਰਗਟ ਕੀਤੀ ਗਈ।ਪ੍ਰਧਾਨ ਅਸ਼ੋਕ ਕੁਮਾਰ ਬੱਗਾ ਤੇ ਜਸਕਰਨ ਬਾਂਸਲ (ਜੱਸੀ ਬਾਬਾ) ਨੇ ਦੱਸਿਆ ਕਿ ਸ਼ੋਭਾ ਯਾਤਰਾ ਇਕੱਠਿਆਂ ਕੱਢਣ 'ਤੇ ਸਹਿਮਤੀ ਪ੍ਰਗਟਾਈ ਗਈ।ਸਰਬਸੰਮਤੀ ਨਾਲ ਮਾਤਾ ਰਾਣੀ ਦੇ ਝੰਡਿਆਂ ਦੀ ਸ਼ੋਭਾ ਯਾਤਰਾ ਦੀ ਜ਼ਿੰਮੇਵਾਰੀ ਗਊ ਸੇਵਾ ਜਾਗਰਣ ਮੰਡਲ (ਅਨਾਥ ਗਊ ਆਸ਼ਰਮ) ਨੂੰ ਸੌਂਪੀ ਗਈ।ਮੀਟਿੰਗ ਦੌਰਾਨ ਬਾਕੀ ਦੇ ਪ੍ਰਬੰਧਾਂ ਜਿਵੇਂ ਸ਼ਹਿਰ ਦਾ ਰੂਟ ਪਲਾਨ ਤਿਆਰ ਕਰਨਾ, ਫਲੈਕਸਾਂ ਤੇ ਸਵਾਗਤੀ ਗੇਟ ਸਮੇਤ ਭੰਡਾਰਿਆਂ ਦਾ ਪ੍ਰਬੰਧ ਵੇਖਣ ਲਈ ਜਲਦ ਹੀ ਸਾਂਝੀ ਮੀਟਿੰਗ ਕਰਨ 'ਤੇ ਵਿਚਾਰ ਕੀਤਾ ਗਿਆ।

## ਡਾ. ਅਟਵਾਲ ਤੇ ਡਾ. ਕਿਰਨ ਸਚਦੇਵਾ ਨੇ ਕੀਤੀ ਸ਼ਖ਼ਸੀਅਤ ਵਿਕਾਸ ਦੀ ਗੱਲ



ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਐਸਜੀਪੀਸੀ ਸਿੱਖਿਆ ਡਾਇਰੈਕਟੋਰੇਟ ਦੀ ਅਗਵਾਈ ਹੇਠ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ ਨਵੇਂ ਭਰਤੀ ਕੀਤੇ ਐਸਜੀਪੀਸੀ ਅਧਿਆਪਕਾਂ ਲਈ ਆਪਣੇ ਸੱਤ-ਰੋਜ਼ਾ ਗੁਣਵੱਤਾ ਵਾਧਾ ਪ੍ਰੋਗਰਾਮ ਨੂੰ ਜਾਰੀ ਰੱਖਿਆ, ਜਿਸ ਵਿੱਚ ਸੰਪੂਰਨ ਪੇਸ਼ੇਵਰ ਵਿਕਾਸ 'ਤੇ ਕੇਂਦ੍ਰਿਤ ਸੈਸ਼ਨਾਂ ਦੀ ਇੱਕ ਭਰਪੂਰ ਲੜੀ ਸ਼ਾਮਲ ਸੀ।ਦਿਨ ਦੇ ਪਹਿਲੇ ਸੈਸ਼ਨ ਦੀ ਅਗਵਾਈ ਡਾ. ਅੰਕਦੀਪ ਕੌਰ ਅਟਵਾਲ ਮੁਖੀ ਅੰਗਰੇਜ਼ੀ ਵਿਭਾਗ ਨੇ ਕੀਤੀ, ਜਿਨ੍ਹਾਂ ਨੇ ਅਧਿਆਪਕਾਂ ਦੇ ਸ਼ਖ਼ਸੀਅਤ ਵਿਕਾਸ 'ਤੇ ਗੱਲ ਕੀਤੀ।ਡਾ. ਅਟਵਾਲ ਨੇ ਪ੍ਰਭਾਵਸ਼ਾਲੀ ਅਧਿਆਪਨ ਸ਼ਖ਼ਸੀਅਤ ਨੂੰ ਆਕਾਰ ਦੇਣ ਵਿੱਚ ਸਵੈ-ਜਾਗਰੂਕਤਾ, ਸੰਚਾਰ ਹੁਨਰ ਤੇ ਭਾਵਨਾਤਮਕ ਬੁੱਧੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਸ ਨੇ ਭਾਗੀਦਾਰਾਂ ਨੂੰ ਸਿਖਿਆਰਥੀਆਂ ਨੂੰ ਬਿਹਤਰ ਢੰਗ ਨਾਲ ਸ਼ਾਮਲ ਕਰਨ ਤੇ ਸਕਾਰਾਤਮਕ ਕਲਾਸਰੂਮ ਵਾਤਾਵਰਣ ਨੂੰ ਉਤਸ਼ਾਹਤ ਕਰਨ ਲਈ ਇੱਕ ਪ੍ਰਤੀਬਿੰਬਤ ਤੇ ਆਤਮਵਿਸ਼ਵਾਸੀ ਅਧਿਆਪਨ ਸ਼ਖ਼ਸੀਅਤ ਪੈਦਾ ਕਰਨ ਬਾਰੇ ਮਾਰਗਦਰਸ਼ਨ ਕੀਤਾ। ਦੂਜੇ ਸੈਸ਼ਨ ਵਿੱਚ ਮਨੋਵਿਗਿਆਨੀ ਤੇ ਪੁਨਰਵਾਸ ਸਲਾਹਕਾਰ ਡਾ. ਕਿਰਨ ਸਚਦੇਵਾ ਨੇ ਵਿਹਾਰਕ ਟਕਰਾਅ ਨੂੰ ਹੱਲ ਕਰਨ ਵਿੱਚ ਬਾਲ ਮਨੋਵਿਗਿਆਨ ਦੀ ਭੂਮਿਕਾ ਨੂੰ ਸਮਝਣ 'ਤੇ ਇੱਕ ਪ੍ਰਭਾਵਸ਼ਾਲੀ ਭਾਸ਼ਣ ਦਿੱਤਾ।ਡਾ. ਸਚਦੇਵਾ ਨੇ ਬਾਲ ਵਿਕਾਸ, ਵਿਹਾਰਕ ਸੰਕੇਤਾਂ ਅਤੇ ਦਖ਼ਲਅੰਦਾਜ਼ੀ ਰਣਨੀਤੀਆਂ ਵਿੱਚ ਵਿਹਾਰਕ ਸੂਝ ਪ੍ਰਦਾਨ ਕੀਤੀ।ਉਨ੍ਹਾਂ ਦੇ ਸੈਸ਼ਨ ਨੇ ਅਧਿਆਪਕਾਂ ਨੂੰ ਮਨੋਵਿਗਿਆਨਕ ਚਿੰਤਾਵਾਂ ਦੀ ਪਛਾਣ ਕਰਨ ਅਤੇ ਕਲਾਸ ਰੂਮ ਦੇ ਟਕਰਾਵਾਂ ਨੂੰ ਹਮਦਰਦੀ ਤੇ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਤ ਕਰਨ ਲਈ ਸਾਧਨਾਂ ਨਾਲ ਲੈਸ ਕੀਤਾ। ਦਿਨ ਦਾ ਅੰਤ ਪ੍ਰੋ. ਕੁਲਵਿੰਦਰ ਸਿੰਘ ਦੁਆਰਾ ਸਿੱਖਿਆ ਵਿੱਚ ਐਕਸ਼ਨ ਰਿਸਰਚ 'ਤੇ ਪੇਸ਼ਕਾਰੀ ਨਾਲ ਹੋਇਆ।ਪ੍ਰੋ. ਸਿੰਘ ਨੇ ਕਾਰਜ ਖੋਜ ਦੁਆਰਾ ਪ੍ਰਤੀਬਿੰਬਤ ਅਭਿਆਸ ਅਤੇ ਨਿਰੰਤਰ ਸੁਧਾਰ ਦੀ ਮਹੱਤਤਾ ਨੂੰ ਉਜਾਗਰ ਕੀਤਾ।ਉਨ੍ਹਾਂ ਅਧਿਆਪਕਾਂ ਨੂੰ ਆਪਣੇ ਅਧਿਆਪਨ ਸੰਦਰਭਾਂ ਵਿੱਚ ਵਿਹਾਰਕ ਚੁਣੌਤੀਆਂ ਨੂੰ ਹੱਲ ਕਰਨ ਲਈ ਪੁੱਛਗਿੱਛ-ਅਧਾਰਤ ਪਹੁੰਚ ਅਪਣਾਉਣ ਲਈ ਉਤਸ਼ਾਹਤ ਕੀਤਾ। ਪ੍ਰੋਗਰਾਮ ਦੇ ਕਨਵੀਨਰ ਡਾ. ਹਰਨੀਤ ਬਿਲਿੰਗ ਨੇ ਦਿਨ ਦੇ ਸੈਸ਼ਨਾਂ 'ਤੇ ਵਿਚਾਰ ਸਾਂਝੇ ਕੀਤੇ। ਵਾਈਸ-ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਸਰੋਤ ਵਿਅਕਤੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਅਧਿਆਪਕ ਸਮਰੱਥਾ ਨਿਰਮਾਣ ਲਈ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦੁਹਰਾਇਆ।

## ਵਾਤਾਵਰਣ ਨੂੰ ਬਚਾ ਕੇ ਅਸੀਂ ਜੀਵਨ ਖੁਸ਼ਹਾਲ ਬਣਾਵਾਂਗੇ : ਚੇਅਰਮੈਨ ਸੰਦੀਪ ਬਾਂਸਲ

ਨਾਭਾ (ਵਰਿੰਦਰ ਵਰਮਾ) ਜੀ.ਬੀ ਇੰਟਰਨੈਸ਼ਨਲ ਸਕੂਲ ਵਿਖੇ ਕੇਂਦਰੀ ਸਿੱਖਿਆ ਮੰਤਰੀ ਸ੍ਰੀ ਧਰਮੇਂਦਰ ਪ੍ਰਧਾਨ ਦੁਆਰਾ ਵਾਤਾਵਰਣ ਸੁਰੱਖਿਆ ਲਈ ਚਲਾਈ ਜਾ ਰਹੀ 'ਏਕ ਪੇੜ ਮਾਂ ਕੇ ਨਾਮ 2.0' ਮੁਹਿੰਮ ਨੂੰ ਉਤਸ਼ਾਹਤ ਕਰਦੇ ਹੋਏ ਵਿਸਵ ਵਾਤਾਵਰਣ ਦਿਵਸ ਮਨਾਇਆ ਗਿਆ। ਸਕੂਲ ਚੇਅਰਮੈਨ ਸੰਦੀਪ ਬਾਂਸਲ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਰੁੱਖ ਲਾਉਣ ਦਾ ਪ੍ਰੋਗਰਾਮ ਆਯੋਜਤ ਕੀਤਾ ਗਿਆ। ਸੰਦੀਪ ਬਾਂਸਲ ਅਨੁਸਾਰ ਵਾਤਾਵਰਣ ਦੀ ਸੁਰੱਖਿਆ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ। ਇਸ ਉਦੇਸ਼ ਨੂੰ ਧਿਆਨ ਵਿੱਚ ਰੱਖਦੇ ਹੋਏ ਜੀ ਬੀ ਦੇ ਅਧਿਆਪਕਾਂ ਨੇ ਰੁੱਖ ਲਾ ਕੇ ਤੇ ਧਰਤੀ ਨੂੰ ਹਰਿਆ-ਭਰਿਆ ਬਣਾ ਕੇ ਕੁਦਰਤ ਨਾਲ ਆਪਣੇ ਸੰਬੰਧ ਨੂੰ ਮਜਬੂਤ ਕਰਕੇ ਵਾਤਾਵਰਣ ਸੁਰੱਖਿਆ ਪ੍ਰਤੀ ਆਪਣੀ ਵਚਨਬੱਧਤਾ ਦਾ ਪ੍ਰਦਰਸ਼ਨ ਕੀਤਾ। ਉਨ੍ਹਾਂ ਆਪਣੇ ਛੋਟੇ-ਛੋਟੇ ਯਤਨਾਂ ਰਾਹੀਂ ਹਰ ਰੋਜ਼ ਇਨ੍ਹਾਂ ਪੌਦਿਆਂ ਦੀ ਦੇਖਭਾਲ ਕਰਨ ਦਾ ਪ੍ਰਣ ਵੀ ਲਿਆ। ਸਕੂਲ ਦੀ ਵਾਈਸ ਪ੍ਰਿੰਸੀਪਲ ਦਿਵਿਆ ਸ਼ਰਮਾ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਅਜਿਹੇ ਵਿਕਲਪ ਚੁਣਨੇ ਚਾਹੀਦੇ ਹਨ, ਜੋ ਧਰਤੀ ਨੂੰ ਨੁਕਸਾਨ ਪੁਚਾਉਣ ਦੀ ਥਾਂ ਲਾਭ ਪੁਚਾਉਣ।

## ਸ਼ਹਿਰੀ ਮੰਡਲ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਵਿਸ਼ਾਲ ਗੇਟ ਰੈਲੀ



ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਪੰਜਾਬ ਦੇ ਸੱਦੇ 'ਤੇ ਸ਼ਹਿਰੀ ਮੰਡਲ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸਾਥੀਆਂ ਨੇ ਵਿਸ਼ਾਲ ਗੇਟ ਰੈਲੀ ਕੀਤੀ ਗਈ। ਐਕਸੀਅਨ ਸ਼ਹਿਰੀ ਮੰਡਲ ਫਿਰੋਜ਼ਪੁਰ ਵੱਲੋਂ 58 ਸਾਲ ਤੋਂ 75 ਸਾਲ ਉਮਰ ਦੇ ਪੈਨਸ਼ਨਰਜ਼ ਦਾ ਏਰੀਅਰ ਜੋ 15 ਕਿਸ਼ਤਾਂ ਵਿਚ ਅਪ੍ਰੈਲ 2025 ਤੋਂ ਮਿਲਣਾ ਸ਼ੁਰੂ ਹੋਣਾ ਸੀ, ਪਰ ਅਜੇ ਤੱਕ ਉਨ੍ਹਾਂ ਪੈਨਸ਼ਨਰਜ਼ ਸਾਥੀਆਂ ਨੂੰ ਏਰੀਅਰ ਦੀ ਇਕ ਵੀ ਕਿਸ਼ਤ ਨਹੀਂ ਮਿਲੀ। ਭਾਵੇਂ ਕਿ ਸਾਡੀ ਸਟੇਟ ਕਮੇਟੀ ਦਾ ਫੈਸਲਾ ਕਿ ਏਰੀਅਰ ਇਕ ਕਿਸ਼ਤ ਵਿੱਚ ਮਿਲਣਾ ਚਾਹੀਦਾ ਹੈ, ਕਿਉਂਕਿ 42 ਕਿਸ਼ਤਾਂ ਆਉਂਦੀਆਂ ਆਉਂਦੀਆਂ ਕਈ ਸਾਥੀ ਰੱਬ ਨੂੰ ਪਿਆਰੇ ਹੋ ਜਾਣਗੇ, ਪਰ ਬੋਰਡ ਮੈਨੇਜਮੈਂਟ ਤੇ ਕੁਝ ਅਧਿਕਾਰੀ ਕਿਸ਼ਤਾਂ ਵਿੱਚ ਵੀ ਏਰੀਅਰ ਨਹੀਂ ਦੇ ਰਹੇ ਜਾਂ ਟਾਲ ਮਟੋਲ ਕਰ ਰਹੇ ਹਨ। 75 ਸਾਲ ਤੋਂ ਵੱਧ ਤੇ 85 ਸਾਲ ਤੋਂ ਵੱਧ ਉਮਰ ਵਾਲੇ ਸਾਥੀਆਂ ਦੇ ਵੀ ਬਕਾਏ ਤੁਰੰਤ ਜਾਰੀ ਕੀਤੇ ਜਾਣ। ਇਸ ਤੋਂ ਇਲਾਵਾ ਇਨ ਕੈਸ਼ਮੈਂਟ ਦਾ ਬਕਾਇਆ, ਡਿਵੈਲਪਮੈਂਟ ਕੱਟਣ ਦਾ ਵਿਰੋਧ ਕੀਤਾ। ਪੈਂਡਿੰਗ ਪਏ ਮੈਡੀਕਲ ਬਿਲਾਂ ਦਾ ਵੀ ਜਲਦ ਭੁਗਤਾਨ ਕੀਤਾ ਜਾਵੇ। ਮੀਟਿੰਗ ਵਿਚ ਸਟੇਟ ਕਮੇਟੀ ਆਗੂ ਰਾਕੇਸ਼ ਸ਼ਰਮਾ ਸਰਕਲ ਪ੍ਰਧਾਨ, ਸਾਥੀ ਸੁਰਿੰਦਰ ਸ਼ਰਮਾ, ਸਬ ਅਰਬਨ ਡਵੀਜ਼ਨ ਦੇ ਸਾਥੀ ਮੁਖਤਿਆਰ ਸਿੰਘ ਤੇ ਸ਼ਹਿਰੀ ਮੰਡਲ ਦੇ ਪ੍ਰਧਾਨ ਚੰਨਣ ਸਿੰਘ, ਸਕੱਤਰ ਸ਼ਾਮ ਸਿੰਘ, ਸਹਾਇਕ ਸਕੱਤਰ ਬਿਸ਼ਨ ਸਿੰਘ, ਗੁਰਬਖਸ਼ ਸਿੰਘ ਕੈਸ਼ੀਅਰ, ਕੋਮਲ ਸਿੰਘ, ਸ਼ਹਿਰੀ ਮੰਡਲ ਦੇ ਮੀਤ ਪ੍ਰਧਾਨ ਜਸਵੰਤ ਸਿੰਘ ਤੇ ਗੁਰਮੁੱਖ ਸਿੰਘ ਹਾਜ਼ਰ ਰਹੇ। ਇਸ ਮੌਕੇ ਉਨ੍ਹਾਂ ਮੰਗ ਕੀਤੀ ਕਿ ਜੇਕਰ ਸਾਡੀਆਂ ਮੰਗਾ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। 14 ਜੂਨ ਨੂੰ ਲੁਧਿਆਣਾ ਵਿਖੇ ਦਿੱਤੇ ਜਾ ਰਹੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਫਰੰਟ ਦੇ ਸੱਦੇ ਤੇ ਵੱਡੀ ਗਿਣਤੀ ਵਿੱਚ ਇਕੱਠ ਕਰਕੇ ਮਾਰਚ ਕੀਤਾ ਜਾਵੇਗਾ ਤੇ ਭਗਵੰਤ ਮਾਨ ਸਰਕਾਰ ਦੇ ਖਿਲਾਫ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਸਟੇਟ ਕਮੇਟੀ ਸਕੱਤਰ ਰਾਕੇਸ਼ ਸ਼ਰਮਾ ਤੇ ਸਰਕਲ ਪ੍ਰਧਾਨ ਸੁਰਿੰਦਰ ਸ਼ਰਮਾ ਨੇ ਦੱਸਿਆ ਕਿ 11 ਜੂਨ ਨੂੰ ਫਗਵਾੜਾ ਵਿਖੇ ਕੀਤੀ ਜਾ ਰਹੀ ਸਟੇਟ ਕਮੇਟੀ ਮੀਟਿੰਗ ਤੇ 12-13 ਜੁਲਾਈ ਨੂੰ ਪੰਜਾਬ ਦੀਆਂ ਚੋਣਾਂ ਲਈ ਕੀਤੇ ਜਾ ਰਹੇ ਡੈਲੀਗੇਟ ਅਜਲਾਸ ਦੀ ਜਾਣਕਾਰੀ ਦਿੱਤੀ।

## ਫ਼ਰਦ ਕੇਂਦਰ ਦੇ ਕੰਪਿਊਟਰ ਆਪ੍ਰੇਟਰਾਂ ਨੇ ਕੀਤੀ ਹੜਤਾਲ



ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਪਿਛਲੇ ਦੋ ਮਹੀਨਿਆਂ ਤੋਂ ਤਨਖਾਹ ਦਾ ਇੰਤਜ਼ਾਰ ਕਰਦਿਆਂ ਅੱਕ ਕੇ ਫਰਦ ਕੇਂਦਰ ਸਬ ਤਹਿਸੀਲ ਲੌਂਗੋਵਾਲ ਦੇ ਕੰਪਿਊਟਰ ਆਪ੍ਰੇਟਰਾਂ ਨੇ ਅਣਮਿੱਥੇ ਸਮੇਂ ਲਈ ਕਲਮਛੋੜ ਹੜਤਾਲ ਕਰ ਦਿੱਤੀ, ਜਿਸ ਕਾਰਨ ਇਲਾਕੇ ਦੇ ਲੋਕਾਂ ਖਾਸ ਕਰਕੇ ਕਿਸਾਨਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਫਰਦ ਕੇਂਦਰ ਲੌਂਗੋਵਾਲ ਦੇ ਕੰਪਿਊਟਰ ਅਪ੍ਰੇਟਰ ਬੂਟਾ ਸਿੰਘ ਤੇ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਕੰਪਨੀ ਵੱਲੋਂ ਤਨਖਾਹ ਨਾ ਦਿੱਤੇ ਜਾਣ ਕਾਰਨ ਅਤੇ ਦਿਖਾਈ ਦੇ ਰਹੇ ਆਪਣੇ ਧੁੰਦਲੇ ਭਵਿੱਖ ਤੋਂ ਪੰਜਾਬ ਦੇ 900 ਮੁਲਾਜ਼ਮ ਚਿੰਤਤ ਹਨ, ਜਿਨ੍ਹਾਂ ਵਿੱਚ ਜ਼ਿਲ੍ਹਾ ਮੈਨੇਜਰ, ਅਪਰੇਟਰਸ ਤੇ ਇੰਜੀਨੀਅਰ ਵੀ ਸ਼ਾਮਲ ਹਨ, ਜੋ ਪਿਛਲੇ 18 ਸਾਲਾਂ ਤੋਂ ਫਰਦ ਕੇਂਦਰ ਵਿੱਚ ਆਪਣੀਆਂ ਦਫ਼ਤਰੀ ਅਤੇ ਫੀਲਡ ਸੇਵਾਵਾਂ ਤਨਦੇਹੀ ਨਾਲ ਨਿਭਾਅ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਹੀ ਮੁਲਜ਼ਮਾਂ ਨੇ ਤਨਦੇਹੀ ਨਾਲ ਫਰਦ ਕੇਂਦਰ ਦੇ ਪ੍ਰੋਜੈਕਟ ਨੂੰ ਨੇਪਰੇ ਚੜ੍ਹਾਉਣ ਲਈ ਬਹੁਤ ਘੱਟ ਤਨਖਾਹਾਂ ਤੇ ਦਿਨ-ਰਾਤ ਇੱਕ ਕਰਕੇ ਸਾਰੇ ਪੰਜਾਬ ਦਾ ਜ਼ਮੀਨੀ ਰਿਕਾਰਡ ਆਨਲਾਈਨ ਕੀਤਾ ਸੀ ਅਤੇ 2007 ਤੋਂ ਸ਼ੁਰੂ ਹੋਏ ਇਸ ਪ੍ਰੋਜੈਕਟ ਦੇ ਮੁਲਾਜ਼ਮ ਅੱਜ ਵੀ ਡੀ.ਸੀ ਰੇਟ ਮੁਤਾਬਕ ਤਨਖਾਹ ਨੂੰ ਤਰਸ ਰਹੇ ਹਨ। ਉਨ੍ਹਾਂ ਆਪਣੀਆਂ ਮੰਗਾਂ ਨੂੰ ਲੈ ਕੇ ਨਾਇਬ ਤਹਿਸੀਲਦਾਰ ਲੌਂਗੋਵਾਲ ਨੂੰ ਆਪਣਾ ਇੱਕ ਮੰਗ ਪੱਤਰ ਵੀ ਦਿੱਤਾ।

## ਵਾਤਾਵਰਣ ਤੇ ਰੁੱਖ, ਖੇਤੀ ਦਿਸ਼ਾ ਤੇ ਦਸ਼ਾ, ਦੁਨੀਆ ਦੇ ਬਦਲਦੇ ਹਾਲਾਤ 'ਤੇ ਸੈਮੀਨਾਰ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਸਰਬੱਤ ਦਾ ਭਲਾ ਸਮਾਜ ਸੇਵੀ ਸੰਸਥਾ ਵੱਲੋਂ ਵਿਚਾਰ ਯੋਗ ਵਿਸ਼ਿਆਂ 'ਵਾਤਾਵਰਣ ਤੇ ਰੁੱਖ', 'ਖੇਤੀ ਦਿਸ਼ਾ ਤੇ ਦਸ਼ਾ' ਅਤੇ ਦੁਨੀਆ ਦੇ ਬਦਲਦੇ ਹਾਲਾਤਾਂ 'ਚ ਭਾਰਤ ਅਤੇ ਪੰਜਾਬ ਦੇ ਭਵਿੱਖ ਬਾਰੇ ਮਾਤਾ ਨੈਣਾਂ ਆਰੀਆ ਧਰਮਸ਼ਾਲਾ ਵਿੱਚ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ 40 ਪਿੰਡਾਂ ਦੇ ਲੋਕਾਂ ਨੇ ਹਿੱਸਾ ਲੈ ਕੇ ਮਾਹਰਾਂ ਦੇ ਵਿਚਾਰ ਸੁਣੇ। ਇਸ ਮੌਕੇ ਸਰਬੱਤ ਦਾ ਭਲਾ ਸੰਸਥਾ ਪ੍ਰਧਾਨ ਤੇ ਸਾਬਕਾ ਡਿਪਟੀ ਡਾਇਰੈਕਟਰ ਖੇਤੀਬਾੜੀ ਵਿਭਾਗ ਡਾ: ਇੰਦਰਪਾਲ ਸਿੰਘ ਸੰਧੂ ਨੇ ਕਿਹਾ ਕਿ ਖੇਤੀ ਸੈਕਟਰ ਦੀਆਂ ਅਣਦੇਖੀ ਵਰਗੀਆਂ ਵੱਡੀਆਂ ਅਲ੍ਹਾਮਤਾਂ ਪੈਦਾ ਤੇ ਰੁੱਖਾਂ ਦੀ ਅਣਹੋਂਦ ਵੱਡੀ ਪੱਧਰ 'ਤੇ ਘਾਤਕ ਸਿੱਧ ਹੋ ਰਹੀ ਹੈ, ਜਿਸ ਦਾ ਮੁੱਖ ਕਾਰਨ ਹੈ ਕਿ ਸਰਕਾਰਾਂ ਆਪਣੀ ਮੁੱਢਲੀ ਜ਼ਿੰਮੇਵਾਰੀ ਤੋਂ ਭੱਜ ਰਹੀਆਂ ਹਨ।ਆਪਾਂ ਸਾਰਿਆਂ ਨੂੰ ਹੰਭਲਾ ਮਾਰ ਕੇ ਵੱਧ ਤੋਂ ਵੱਧ ਰੁੱਖ ਲਗਾ ਕੇ ਵਾਤਾਵਰਣ ਨੂੰ ਖਰਾਬ ਹੋਣ ਤੋਂ ਬਚਾਉਣਾ ਚਾਹੀਦਾ ਹੈ। ਸੈਮੀਨਾਰ ਨੂੰ ਸੰਬੋਧਨ ਕਰਦਿਆਂ ਉੱਘੇ ਸਮਾਜ ਚਿੰਤਕ ਤੇ ਅਰਥ ਸਾਸਤਰੀ ਪ੍ਰੋ: ਮਨਜੀਤ ਸਿੰਘ ਨੇ ਬੋਲਦਿਆਂ ਕਿਹਾ ਕਿ ਲੋੜ ਹੈ ਕਿ ਭਾਰਤ ਦੇਸ਼ ਆਪਣੇ ਗੁਆਂਢੀ ਮੁਲਕਾਂ ਨਾਲ ਸੁਖਾਵੇਂ ਸੰਬਧ ਬਣਾਏ। ਉਨ੍ਹਾਂ ਜਮਹੂਰੀਅਤ ਨੂੰ ਬਚਾਉਣ ਲਈ ਲੋਕਾਂ ਨੂੰ ਇੱਕਜੁਟ ਹੋਣ ਦੀ ਅਪੀਲ ਕੀਤੀ ਤੇ ਨਾਲ ਹੀ ਰਾਜਾਂ ਨੂੰ ਵੱਧ ਅਧਿਕਾਰ ਦੇਣ ਦੀ ਗੱਲ ਵੀ ਕੀਤੀ। ਡਾ: ਰਾਜਿੰਦਰਪਾਲ ਔਲਖ ਖੇਤੀ ਚਿੰਤਕ ਤੇ ਡਾ: ਰਜਨੀਸ਼ ਕੁਮਾਰ ਵਾਤਾਵਰਣ ਚਿੰਤਕ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਵੱਧ ਰਹੀ ਆਬਾਦੀ ਦੀਆਂ ਖਾਦੀ ਲੋੜਾਂ ਤੇ ਕੁਦਰਤੀ ਸੋਮਿਆਂ ਦੀ ਸੰਭਾਲ ਵਾਸਤੇ ਸਮੇਂ ਦੀਆਂ ਸਰਕਾਰਾਂ ਵੱਲੋਂ ਲੰਮੇ ਸਮੇਂ ਦੀ ਵਿਉਂਤਬੰਦੀ ਦੀ ਲੋੜ ਹੈ, ਤਾਂ ਕਿ ਕੁਦਰਤੀ ਆਫਤਾਂ, ਮਹਿੰਗਾਈ ਤੇ ਬੇਰੁਜ਼ਗਾਰੀ ਵਿਰੁੱਧ ਲੜਿਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਸਾਡੇ ਪੰਜਾਬੀਆਂ 'ਚ ਵਿਦੇਸ਼ ਜਾਣ ਦਾ ਏਨਾ ਰੁਝਾਨ ਵਧ ਗਿਆ ਹੈ ਕਿ ਪਤਾ ਹੀ ਨਹੀਂ ਲੱਗ ਰਿਹਾ ਕਿ ਦੁਨੀਆ ਕਿੱਧਰ ਨੂੰ ਜਾ ਰਹੀ ਹੈ।ਪਹਿਲਾਂ ਤਬਦੀਲੀਆਂ ਲੰਮੇ ਸਮੇਂ ਬਾਅਦ ਹੁੰਦੀਆਂ ਸਨ, ਪਰ ਹੁਣ ਥੋੜ੍ਹੇ ਸਮੇਂ ਬਾਅਦ ਹਲਾਤ ਬਦਲ ਜਾਂਦੇ ਹਨ।ਇਸ ਸੈਮੀਨਾਰ 'ਚ ਦਿਲਬਰ ਖਾਨ ਪ੍ਰਧਾਨ ਮਜਲਿਸ ਅਹਿਰਾਰ (ਇਸਲਾਮ), ਉਦਯੋਗਪਤੀ ਗਿਆਨ ਚੰਦ ਕਟਾਰੀਆ, ਪਵਨ ਸਾਸ਼ਤਰੀ, ਅੰਗਰੇਜ਼ ਸਿੰਘ ਰਤਨਹੇੜੀ, ਲਖਵਿੰਦਰ ਸਿੰਘ ਸੰਧੂ, ਰਮਨਦੀਪ ਸਿੰਘ ਸਿੱਧੂ, ਸਰਪੰਚ ਗੁਰਨਾਮ ਸਿੰਘ ਗਿੱਲ, ਦਲਜੀਤ ਸਿੰਘ ਚੱਕ ਅੰਮਿਤਸਰੀਆ, ਬ੍ਰਿਸ਼ਭਾਨ ਕਾਂਸਲ, ਧਰਮਪਾਲ ਗਰਗ, ਦਰਸ਼ਨ ਸਿੰਘ ਕਾਦਰਾਬਾਦ, ਬਲਬੀਰ ਸਿੰਘ ਤੱਤਲਾ, ਲਖਵੀਰ ਸਿੰਘ ਅਸਰਪੁਰ, ਜਸਵੰਤ ਸਿੰਘ ਸੱਗੂ ਤੋਂ ਇਲਾਵਾ ਹੋਰ ਵੀ ਵੱਖ-ਵੱਖ ਸੰਸਥਾਵਾਂ ਦੇ ਆਗੂ ਹਾਜ਼ਰ ਸਨ।


**Milan Notice**

29th May, 2025

TO WHOM IT MAY CONCERN
A CHI DI COMPETENZA

The following persons have applied for the solemnization of their marriage in this Consulate. Anybody objecting to the same may contact the Consulate within one month from the date indicated above.

SCHEDULE 'D'

| | Particulars of Bridegroom | Particulars of Bride |
|---|---|---|
| Name | Nitish Shukla | Nitika |
| Father's name | Arvind Shukhla | Rakesh Kumar |
| Mother's name | Anupam Shukhla | Reema Rani |
| Date and place of birth | 13-2-1995 Hadiabad | 12-10-1999 Nakodar, Punjab |
| Address in India | H. No. BXL-100, Chadda Street, PO. Satnampura, Hadiabad, Phagwara, DT. Kapurthala, Punjab. | VPO. Dhani Pind, Tehsil Phillaur, Jalandhar, PIN:144633, Punjab, India. |
| Present Address | 242 Coral Keys Villas, NE, Calgary, Alberta T3J 3L7, Canada | Frazione Veglia 97, Cherasco, CN, Italy |
| Civil condition at the time of marriage | Unmarried | Unmarried |
| Signature | | |

You are requested to bring two newspapers in original from India and one from Italy and one from Canada, after 30 days of publication of your marriage.

## ਪੈਰਾ ਮੈਡੀਕਲ ਤੇ ਸਿਹਤ ਕਰਮਚਾਰੀ ਯੂਨੀਅਨ ਦੀ ਮੀਟਿੰਗ



ਨਾਭਾ (ਪੱਤਰ ਪ੍ਰੇਰਕ)-ਸਿਵਲ ਹਸਪਤਾਲ ਨਾਭਾ ਕੰਪਲੈਕਸ ਅਧੀਨ ਕੰਮ ਕਰਦੇ ਸਾਰੇ ਵਿਭਾਗਾਂ ਦੇ ਕ੍ਰਮਚਾਰੀਆਂ ਦੀ ਮੀਟਿੰਗ ਨਰਿੰਦਰ ਮੋਹਨ ਸ਼ਰਮਾ ਸੂਬਾ ਪ੍ਰਧਾਨ ਪੰਜਾਬ ਰਾਜ ਫਾਰਮੇਸੀ ਆਫਿਸਰਜ਼ ਐਸੋਸੀਏਸ਼ਨ ਦੀ ਦੇਖ-ਰੇਖ ਹੇਠ ਹੋਈ, ਜਿਸ ਵਿੱਚ ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਯੂਨੀਅਨ ਦੇ ਮੈਂਬਰਾਂ ਨੇ ਭਾਗ ਲਿਆ।ਮੀਟਿੰਗ ਵਿੱਚ ਪਹਿਲਾਂ ਕੰਮ ਕਰਦੀ ਕਮੇਟੀ ਨੂੰ ਭੰਗ ਕੀਤਾ ਗਿਆ।ਇਸ ਮੌਕੇ ਸਰਬਸੰਮਤੀ ਨਾਲ ਵਿਕਾਸ ਮਿੱਤਲ ਨੂੰ ਪ੍ਰਧਾਨ ਚੁਣਿਆ ਗਿਆ ਤੇ ਉਨ੍ਹਾਂ ਦੀ ਪ੍ਰਧਾਨਗੀ ਹੇਠ 11 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ।ਮੀਟਿੰਗ ਵਿੱਚ ਕ੍ਰਮਚਾਰੀਆਂ ਦੀ ਸੁਰੱਖਿਆ ਨੂੰ ਲੈ ਕੇ ਚਿੰਤਾ ਪ੍ਰਗਟ ਕੀਤੀ ਗਈ।ਇਸ ਸਬੰਧ ਵਿੱਚ ਵੱਖ-ਵੱਖ ਮੈਂਬਰਾਂ ਨੇ ਆਪਣੇ ਸੁਝਾਅ ਦਿੱਤੇ।ਲੋਕ ਹਿੱਤ ਨੂੰ ਮੁੱਖ ਰੱਖਦੇ ਹੋਏ ਮਿਆਰੀ ਸਿਹਤ ਸਹੂਲਤਾਂ ਦੇਣ ਲਈ ਮਰੀਜ਼ਾਂ, ਦਵਾਈਆਂ, ਬੈੱਡ ਤੇ ਕੰਮ ਨੂੰ ਮੁੱਖ ਰੱਖਦੇ ਹੋਏ ਦਰਜਾ ਚਾਰ ਕ੍ਰਮਚਾਰੀਆਂ ਸਟਾਫ ਨਰਸ, ਫਾਰਮੇਸੀ ਅਫ਼ਸਰਾਂ ਤੇ ਹੋਰ ਕੈਟਾਗਰੀਆਂ ਦੇ ਸਟਾਫ ਦੀ ਘਾਟ ਸਬੰਧੀ ਵਿਚਾਰ ਕੀਤਾ ਗਿਆ। ਮੀਟਿੰਗ ਵਿੱਚ ਇਹ ਫੈਸਲਾ ਕੀਤਾ ਗਿਆ ਕਿ ਮੁੱਖ ਮੰਤਰੀ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਦਰਪੇਸ਼ ਮੁਸ਼ਕਲਾਂ ਤੇ ਮੰਗਾਂ ਬਾਰੇ ਜਾਣੂ ਕਰਵਾਇਆ ਜਾਵੇਗਾ।ਕਮੇਟੀ ਦੇ ਸਕੱਤਰ ਦਵਿੰਦਰ ਸਿੰਘ ਨੇ ਦੱਸਿਆ ਕਿ ਕਮੇਟੀ ਵਿੱਚ ਮੈਂਬਰਾਂ ਨੂੰ ਚੁਣਿਆ ਗਿਆ ਤੇ ਇਸ ਕਮੇਟੀ ਵਿੱਚ ਹੋਰ ਵਾਧਾ ਕਰਨ ਲਈ ਅਗਲੀ ਮੀਟਿੰਗ ਜਲਦੀ ਕਰਨ ਦਾ ਫੈਸਲਾ ਲਿਆ ਗਿਆ।

## ਜੂਟ ਸਿਖਲਾਈ ਰਾਹੀਂ ਮਹਿਲਾ ਉੱਦਮੀਆਂ ਨੂੰ ਸਸ਼ਕਤ ਬਣਾਉਣ ਦੀ ਪਹਿਲਕਦਮੀ



ਲੁਧਿਆਣਾ (ਰੈਕਟਰ ਕਥੂਰੀਆ)-ਟਾਟਾ ਸਟੀਲ ਫਾਊਂਡੇਸ਼ਨ, ਜ਼ਿਲ੍ਹਾ ਪ੍ਰਸ਼ਾਸਨ, ਪੰਚਾਇਤੀ ਰਾਜ ਸੰਸਥਾਵਾਂ (ਪੀ.ਆਰ.ਆਈ) ਤੇ ਰਾਜ ਆਜੀਵਿਕਾ ਮਿਸ਼ਨ ਪੰਜਾਬ ਦੇ ਸਹਿਯੋਗ ਨਾਲ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅਮਰਜੀਤ ਸਿੰਘ ਬੈਂਸ ਦੀ ਅਗਵਾਈ ਹੇਠ ਪਿੰਡ ਜੀਵਨਪੁਰ ਵਿੱਚ ਵੱਖ-ਵੱਖ ਸਵੈ-ਸਹਾਇਤਾ ਸਮੂਹਾਂ (ਐਸ.ਐਚ.ਜੀ) ਦੀਆਂ ਔਰਤਾਂ ਤੇ ਵਿਅਕਤੀਆਂ ਲਈ ਜੂਟ ਬੈਗ ਉਤਪਾਦਾਂ ਬਾਰੇ ਇੱਕ ਸਿਖਲਾਈ ਦਾ ਆਯੋਜਨ ਕੀਤਾ ਗਿਆ।ਇਸ ਦਾ ਉਦੇਸ਼ ਪੇਂਡੂ ਔਰਤਾਂ ਨੂੰ ਸਸ਼ਕਤ ਬਣਾਉਣਾ ਤੇ ਵਾਤਾਵਰਣ ਸਥਿਰਤਾ ਨੂੰ ਉਤਸ਼ਾਹਤ ਕਰਨਾ ਹੈ।ਇਸ ਪਹਿਲਕਦਮੀ ਨੇ ਲੁਧਿਆਣਾ ਜੂਟ ਫੈਸ਼ਨ ਨਾਮਕ ਇੱਕ ਨਵੇਂ ਮਹਿਲਾ ਅਗਵਾਈ ਵਾਲੇ ਉੱਦਮ ਦਾ ਗਠਨ ਕੀਤਾ ਹੈ, ਜਿਸ ਵਿੱਚ ਪੰਜ ਵੱਖ-ਵੱਖ ਸਵੈ-ਸਹਾਇਤਾ ਸਮੂਹਾਂ ਦੇ ਮੈਂਬਰ ਸ਼ਾਮਲ ਹਨ।ਸਮੂਹ ਨੇ ਬੈਂਕ ਲਿੰਕੇਜ ਪੂਰੇ ਕੀਤੇ ਹਨ, ਸੋਸ਼ਲ ਮੀਡੀਆ ਦੀ ਮੌਜੂਦਗੀ ਸ਼ੁਰੂ ਕੀਤੀ ਹੈ ਤੇ ਵਿਜ਼ਿਟਿੰਗ ਕਾਰਡਾਂ ਨਾਲ ਆਪਣੀ ਵਪਾਰਕ ਪਛਾਣ ਬਣਾਈ ਹੈ ਤੇ ਆਪਣੀ ਉੱਦਮੀ ਯਾਤਰਾ ਦੀ ਨੀਂਹ ਰੱਖੀ ਹੈ।ਅਪ੍ਰੈਲ ਤੇ ਮਈ ਦੇ ਮਹੀਨਿਆਂ ਵਿੱਚ ਸਮੂਹ ਨੇ 30,000 ਰੁਪਏ ਦੇ ਆਰਡਰਾਂ ਦਾ ਭੁਗਤਾਨ ਕੀਤਾ ਹੈ।ਇਸ ਸਿਖਲਾਈ ਰਾਹੀਂ ਔਰਤਾਂ ਨੂੰ ਜੂਟ ਉਤਪਾਦ ਬਣਾਉਣ ਵਿੱਚ ਮਦਦ ਕੀਤੀ, ਜਿਸ ਵਿੱਚ ਲੰਚ ਬੈਗ, ਬੋਤਲ ਕਵਰ, ਕੈਰੀ ਬੈਗ, ਪਾਊਚ ਤੇ ਪੋਟਲੀਆਂ ਕਢਾਈ/ਕਢਾਈ ਤੋਂ ਬਗੈਰ ਸ਼ਾਮਲ ਹਨ।ਟਾਟਾ ਸਟੀਲ ਫਾਊਂਡੇਸ਼ਨ ਨੇ ਸਮੂਹ ਨੂੰ ਕੱਚਾ ਮਾਲ ਤੇ ਸਿਲਾਈ ਮਸ਼ੀਨਾਂ ਵੀ ਪ੍ਰਦਾਨ ਕੀਤੀਆਂ। ਸਟੇਟ ਲਾਈਵਲੀਹੁੱਡ ਮਿਸ਼ਨ ਪੰਜਾਬ ਸਰਕਾਰੀ ਸੰਸਥਾਵਾਂ, ਉਦਯੋਗਾਂ ਤੇ ਵਿਅਕਤੀਆਂ ਨੂੰ ਪਲਾਸਟਿਕ ਦੀ ਬਜਾਏ ਵਾਤਾਵਰਨ ਅਨੁਕੂਲ ਹੱਥ ਨਾਲ ਬਣੇ ਜੂਟ ਉਤਪਾਦ ਖਰੀਦ ਕੇ ਇਨ੍ਹਾਂ ਔਰਤਾਂ ਦਾ ਸਮਰਥਨ ਕਰਨ ਲਈ ਉਤਸ਼ਾਹਤ ਕਰ ਰਿਹਾ ਹੈ।ਇਹ ਪਹਿਲ ਪੇਂਡੂ ਔਰਤਾਂ ਨੂੰ ਵਿੱਤੀ ਤੌਰ 'ਤੇ ਸੁਤੰਤਰ ਬਣਾਉਣ ਵਿੱਚ ਇੱਕ ਮਜ਼ਬੂਤ ਕਦਮ ਹੈ ਦੇ ਨਾਲ ਹੀ ਵਾਤਾਵਰਣ ਦਾ ਸਮਰਥਨ ਵੀ ਕਰਦੀ ਹੈ।

## ਵਿਸ਼ਵ ਵਾਤਾਵਰਣ ਦਿਵਸ ਮੌਕੇ ਨਗਰ ਕੌਂਸਲ ਨੇ ਪੌਦੇ ਲਗਾਏ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਵਿਸ਼ਵ ਵਾਤਾਵਰਣ ਦਿਵਸ ਮੌਕੇ ਨਗਰ ਕੌਂਸਲ ਮਾਛੀਵਾੜਾ ਵੱਲੋਂ ਪੌਦੇ ਲਗਾਏ ਗਏ। ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਵੱਲੋਂ [illegible] ਪੌਦੇ ਲਗਾਉਂਦਿਆਂ ਲੋਕਾਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਅਪੀਲ ਕੀਤੀ ਤਾਂ ਜੋ ਗੰਧਲਾ ਹੋ ਰਿਹਾ ਵਾਤਾਵਰਣ ਸ਼ੁੱਧ ਹੋ ਸਕੇ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਨਗਰ ਕੌਂਸਲ ਵੱਲੋਂ ਵੱਖ ਵੱਖ ਥਾਵਾਂ 'ਤੇ ਸਜਾਵਟੀ ਤੇ ਛਾਂਦਾਰ ਪੌਦੇ ਵੀ ਲਗਾਏ ਜਾਣਗੇ। [illegible] ਇਸ ਮੌਕੇ [illegible] ਮੌਜੂਦ ਸਨ।

## ਬਾਬਾ ਮੌਨੀ ਜੀ ਕਾਲਜ ਦਾ ਬੀ ਸੀ ਏ ਫਾਈਨਲ ਦਾ ਨਤੀਜਾ ਸੌ ਫੀਸਦੀ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-ਪਿਛਲੇ ਦਿਨੀਂ ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਬੀ ਸੀ ਏ ਭਾਗ-ਤੀਜਾ (ਸਮੈਸਟਰ-ਪੰਜਵਾਂ) ਦੇ ਨਤੀਜੇ 'ਚੋਂ ਬਾਬਾ ਮੌਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ ਦਾ ਨਤੀਜਾ ਸੌ ਫੀਸਦੀ ਰਿਹਾ। ਕਾਲਜ 'ਚੋਂ ਵਿਦਿਆਰਥਣ ਗੁਰਿੰਦਰਪ੍ਰੀਤ ਕੌਰ (85.33%) ਪੁੱਤਰੀ ਜਗਸੀਰ ਸਿੰਘ 'ਲਹਿਰਾ ਮੁਹੱਬਤ' ਨੇ ਪਹਿਲਾ, ਨਿਰਮਲ ਕੌਰ (85%) ਪੁੱਤਰੀ ਪ੍ਰੀਤਪਾਲ ਸਿੰਘ 'ਗੋਬਿੰਦਪੁਰਾ' ਨੇ ਦੂਜਾ ਤੇ ਗਗਨਦੀਪ ਕੌਰ (83.5%) ਪੁੱਤਰੀ ਸੁਖਪਾਲ ਸਿੰਘ 'ਗੋਬਿੰਦਪੁਰਾ' ਨੇ ਤੀਸਰਾ ਸਥਾਨ ਹਾਸਲ ਕਰਕੇ ਕਾਲਜ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਸਾਰੀਆਂ ਵਿਦਿਆਰਥਣਾਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਕਾਲਜ ਦੇ ਡਾਇਰੈਕਟਰ ਕੇਸਰ ਸਿੰਘ ਧਲੇਵਾਂ, ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਤੇ ਐਡਮਨਿਸਟ੍ਰੇਟਿਵ ਕੁਲਵੀਰ ਸਿੰਘ ਨੇ ਵਿਦਿਆਰਥੀਆਂ ਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ। ਡਿਗਰੀ ਕਾਲਜ ਦੇ ਪ੍ਰੋ. ਅਮਨਿੰਦਰ ਕੌਰ ਨੇ ਵਧਾਈ ਦਿੰਦਿਆਂ ਵਿਦਿਆਰਥਣਾਂ ਨੂੰ ਹੋਰ ਵੱਧ ਤੋਂ ਵੱਧ ਮਿਹਨਤ ਕਰਕੇ ਤਰੱਕੀਆਂ ਹਾਸਲ ਕਰਨ ਦੀ ਪ੍ਰੇਰਨਾ ਦਿੱਤੀ। ਇਸ ਸਮੇਂ ਪ੍ਰੋ. ਮੋਨਿਕਾ ਗਰਗ, ਪ੍ਰੋ. ਰਮਨਦੀਪ ਕੌਰ, ਪ੍ਰੋ. ਅਵਨੀਤ ਕੌਰ, ਪ੍ਰੋ. ਸੁਖਦੀਪ ਕੌਰ (ਪੰਜਾਬੀ), ਪ੍ਰੋ. ਸੁਖਦੀਪ ਕੌਰ, ਪ੍ਰੋ. ਦਲਜੀਤ ਕੌਰ, ਪ੍ਰੋ. ਲਵਪ੍ਰੀਤ ਕੌਰ, ਪ੍ਰੋ. ਰੁਚੀਕਾ, ਪ੍ਰੋ. ਨਵਦੀਪ ਸ਼ਰਮਾ, ਪ੍ਰੋ. ਜਗਪ੍ਰੀਤ ਕੌਰ, ਪ੍ਰੋ. ਗੁਰਪ੍ਰੀਤ ਸਿੰਘ ਤੇ ਪ੍ਰੋ. ਕੁਲਦੀਪ ਸਿੰਘ ਆਦਿ ਸਟਾਫ਼ ਮੈਂਬਰ ਮੌਜੂਦ ਸਨ।

## ਦਰਸ਼ਨ ਸਿੰਘ ਭਾਕਿਯੂ ਉਗਰਾਹਾਂ ਇਕਾਈ ਪੰਡੋਰੀ ਦੇ ਪ੍ਰਧਾਨ ਬਣੇ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਭਾਕਿਯੂ ਉਗਰਾਹਾਂ ਪਿੰਡ ਪੰਡੋਰੀ ਇਕਾਈ ਦੀ ਚੋਣ ਮੀਟਿੰਗ ਹੋਈ।ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਬੁੱਕਣ ਸਿੰਘ ਸੱਦੋਵਾਲ ਨੇ ਕਿਹਾ ਕਿ ਜਥੇਬੰਦੀ ਵੱਲੋਂ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਤੇ ਔਰਤਾਂ ਦੇ ਹੱਕਾਂ ਦੀ ਪ੍ਰਾਪਤੀ ਲਈ ਕੇਂਦਰ ਤੇ ਰਾਜ ਸਰਕਾਰਾਂ ਖ਼ਿਲਾਫ਼ ਲਗਾਤਾਰ ਸੰਘਰਸ਼ ਜਾਰੀ ਹੈ।ਉਨ੍ਹਾ ਕਿਹਾ ਕਿ ਸਰਕਾਰਾਂ ਵੱਲੋਂ ਕਾਰਪੋਰੇਟ ਹਮਦਰਦ ਨੀਤੀਆਂ ਰਾਹੀਂ ਕਿਸਾਨ ਮਜ਼ਦੂਰ ਵਿਰੋਧੀ ਫ਼ੈਸਲੇ ਲਾਗੂ ਕੀਤੇ ਜਾ ਰਹੇ ਹਨ, ਜਿਸ ਵਿਰੁੱਧ ਜਥੇਬੰਦੀ ਜ਼ਮੀਨੀ ਪੱਧਰ 'ਤੇ ਮੁਕਾਬਲਾ ਕਰ ਰਹੀ ਹੈ।ਕਿਸਾਨ ਆਗੂਆਂ ਕੁਲਜੀਤ ਸਿੰਘ ਵਜੀਦਕੇ, ਖਜ਼ਾਨਚੀ ਭਗਤ ਸਿੰਘ ਛੰਨਾਂ ਨੇ ਕਿਹਾ ਕਿ ਜਥੇਬੰਦੀ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਦੀ ਗਤੀਸ਼ੀਲ ਅਗਵਾਈ ਹੇਠ ਜਥੇਬੰਦੀ ਦੀ ਮਜ਼ਬੂਤੀ ਲਈ ਪਿੰਡ ਪੱਧਰ 'ਤੇ ਬਣਾਈਆਂ ਜਾ ਰਹੀਆਂ ਨਵੀਆਂ ਇਕਾਈਆਂ ਵਿੱਚ ਮਿਹਨਤੀ ਵਰਕਰਾਂ ਨੂੰ ਢੁੱਕਵਾਂ ਮਾਣ ਸਤਿਕਾਰ ਦਿੱਤਾ ਜਾ ਰਿਹਾ ਹੈ।ਇਸ ਮੌਕੇ ਪਿੰਡ ਪੰਡੋਰੀ ਇਕਾਈ ਦੀ ਨਵੀਂ ਚੋਣ 'ਚ ਪ੍ਰਧਾਨ ਦਰਸ਼ਨ ਸਿੰਘ ਪੰਡੋਰੀ, ਜਰਨਲ ਸਕੱਤਰ ਜਸਵੰਤ ਸਿੰਘ ਜੌਹਲ, ਮੀਤ ਪ੍ਰਧਾਨ ਨਿਰਮਲ ਸਿੰਘ, ਸਹਾਇਕ ਸਕੱਤਰ ਕੁਲਵਿੰਦਰ ਸਿੰਘ, ਖਜ਼ਾਨਚੀ ਨਿਰਮਲ ਸਿੰਘ ਚੁਣੇ ਜਾਣ ਤੋਂ ਇਲਾਵਾ ਗੁਰਜੰਟ ਸਿੰਘ, ਹਰਬੰਸ ਸਿੰਘ, ਬੰਤ ਸਿੰਘ, ਸਿਮਰਜੀਤ ਸਿੰਘ, ਪਿਆਰਾ ਸਿੰਘ, ਪਾਸਾ ਸਿੰਘ ਨੂੰ ਕਮੇਟੀ ਮੈਂਬਰ ਬਣਾਇਆ ਗਿਆ ਹੈ।ਇਸ ਮੌਕੇ ਜਥੇਬੰਦੀ ਦੇ ਆਗੂਆਂ ਵੱਲੋਂ ਨਵੇਂ ਚੁਣੇ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਜਥੇਬੰਦੀ ਦੇ ਬੈਜ਼ ਲਗਾ ਕੇ ਸਨਮਾਨਤ ਕੀਤਾ ਗਿਆ।

## ਪੈਨਸ਼ਨ ਐਸੋਸੀਏਸ਼ਨ ਇਕਾਈ ਮੂਨਕ ਦੀ ਮੀਟਿੰਗ



ਮੂਨਕ (ਰਾਜਪਾਲ ਸਿੰਗਲਾ)-ਸਥਾਨਕ ਸ਼ਹਿਰ ਅੰਦਰ ਪੈਨਸ਼ਨ ਐਸੋਸੀਏਸ਼ਨ ਡਵੀਜ਼ਨ ਲਹਿਰਾਗਾਗਾ ਇਕਾਈ ਮੂਨਕ ਦੀ ਮਹੀਨੇਵਾਰ ਮੀਟਿੰਗ ਮੰਗਤ ਸਿੰਘ ਸੀਨੀਅਰ ਮੀਤ ਪ੍ਰਧਾਨ ਡਵੀਜ਼ਨ ਲਹਿਰਾਗਾਗਾ ਇਕਾਈ ਮੂਨਕ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਪੈਨਸ਼ਨਰਜ਼ ਵਰਕਰ ਵੱਡੇ ਪੱਧਰ 'ਤੇ ਪਹੁੰਚੇ, ਜਿਨ੍ਹਾਂ ਵੱਲੋਂ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ ਅਤੇ ਕੇਂਦਰ ਸਰਕਾਰ ਵੱਲੋਂ ਜੋ ਮੁਲਾਜ਼ਮਾਂ ਤੇ ਪੈਨਸ਼ਨਰਾਂ ਖ਼ਿਲਾਫ਼ ਕਨੂੰਨ ਲਾਗੂ ਕਰਨ ਜਾ ਰਹੀ ਹੈ, ਉਸ ਦਾ ਲੀਡਰਾਂ ਨੇ ਸੰਬੋਧਨ ਕਰਦਿਆਂ ਸਖ਼ਤ ਵਿਰੋਧ ਕੀਤਾ। ਇਸ ਮੀਟਿੰਗ ਵਿੱਚ ਹਾਜ਼ਰ ਜਗਰੂਪ ਸਿੰਘ ਮੀਤ ਪ੍ਰਧਾਨ, ਜਗਮੋਹਨ ਕੁਮਾਰ, ਪੂਰਨ ਸਿੰਘ, ਬੂਟਾ ਸਿੰਘ, ਰਾਮ ਫਲ ਸਿੰਘ ਤੇ ਹੋਰ ਲੀਡਰਾਂ ਨੇ ਦੱਸਿਆ ਕਿ ਸਾਡੀਆਂ ਮੰਗਾਂ ਤੁਰੰਤ ਮੰਨੀਆਂ ਜਾਣ, ਨਹੀਂ ਤਾਂ ਜਥੇਬੰਦੀਆਂ ਵੱਲੋਂ ਲੁਧਿਆਣਾ ਵਿੱਚ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਸਰਕਾਰਾਂ ਦੀ ਹੋਵੇਗੀ।

# ਵਾਰਡ ਨੰਬਰ 27 ਦੇ ਵਾਸੀ ਨਰਕ ਵਰਗੀ ਜ਼ਿੰਦਗੀ ਜਿਊਣ ਲਈ ਮਜਬੂਰ : ਸੰਨੀ ਗਿੱਲ

■ ਪਿਛਲੇ ਕਈ ਮਹੀਨਿਆਂ ਤੋਂ ਬੰਦ ਪਿਆ ਹੈ ਸੀਵਰੇਜ



ਮੋਗਾ (ਇਕਬਾਲ ਖਹਿਰਾ)-ਇੱਕ ਪਾਸੇ ਨਗਰ ਨਿਗਮ ਮੋਗਾ ਹਮੇਸ਼ਾ ਹੀ ਸ਼ਹਿਰ ਵਾਸੀਆਂ ਨੂੰ ਬਣਦੀਆਂ ਬੁਨਿਆਦੀ ਸਹੂਲਤਾਂ ਦੇਣ ਦੇ ਵੱਡੇ ਵੱਡੇ ਦਾਅਵੇ ਕਰਦਾ ਹੈ, ਪਰ ਇਨ੍ਹਾਂ ਦੇ ਵਿਕਾਸ ਤੇ ਦਾਅਵਿਆਂ ਦੀ ਪੋਲ ਖੋਲ੍ਹਦਾ ਹੈ ਸਥਾਨਕ ਸ਼ਹਿਰ ਦਾ ਵਾਰਡ ਨੰਬਰ 27 ਨਿਗਾਹਾ ਰੋਡ ਮੋਗਾ, ਜਿੱਥੇ ਪਿਛਲੇ ਕਈ ਮਹੀਨਿਆਂ ਤੋਂ ਸੀਵਰੇਜ ਸਿਸਟਮ ਬੰਦ ਪਿਆ ਹੈ ਅਤੇ ਮੁਹੱਲਾ ਵਾਸੀਆਂ ਦੀ ਕੋਈ ਸੁਣਵਾਈ ਨਹੀਂ ਅਤੇ ਮਹੁੱਲਾ ਵਾਸੀ ਨਰਕ ਵਰਗੀ ਜ਼ਿੰਦਗੀ ਜਿਊਣ ਲਈ ਮਜਬੂਰ ਹਨ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਨੇ ਵਾਰਡ ਦਾ ਦੌਰਾ ਕਰਨ 'ਤੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਹੈਰਤਅੰਗੇਜ਼ ਗੱਲ ਇਹ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਸੈਂਕੜੇ ਕਰੋੜਾਂ ਰੁਪਏ ਦੀ ਲਾਗਤ ਨਾਲ ਸ਼ਹਿਰ ਦਾ ਸੀਵਰੇਜ ਨਵਾਂ ਪੁਆਇਆ ਸੀ, ਪਰ ਇਸ ਸੀਵਰੇਜ ਨੂੰ ਸੁਚਾਰੂ ਰੂਪ ਵਿੱਚ ਚਲਾਉਣ 'ਚ ਨਗਰ ਨਿਗਮ ਪੂਰੀ ਤਰ੍ਹਾਂ ਫੇਲ੍ਹ ਸਾਬਿਤ ਹੋਇਆ ਹੈ। ਸੰਨੀ ਗਿੱਲ ਨੇ ਕਿਹਾ ਕਿ ਜੇਕਰ ਕੁੰਭੀ ਨਰਕ ਵੇਖਣਾ ਹੋਵੇ ਤਾਂ ਵਾਰਡ ਨੰਬਰ 27 ਵਿੱਚ ਵੇਖਿਆ ਜਾ ਸਕਦਾ ਹੈ, ਜਿੱਥੇ ਸੂਰਤ ਏ ਹਾਲ ਜਗ੍ਹਾ ਜਗ੍ਹਾ ਗਲੀਆਂ ਵਿੱਚ ਗੰਦਾ ਪਾਣੀ ਖੜ੍ਹਾ ਹੈ। ਮੁਹੱਲੇ ਵਿੱਚ ਜਿੱਥੇ ਬਦਬੂ ਫੈਲੀ ਹੋਈ ਹੈ, ਉੱਥੇ ਸੀਵਰੇਜ ਦਾ ਗੰਦਾ ਪਾਣੀ, ਪੀਣ ਵਾਲੇ ਪਾਣੀ ਵਿੱਚ ਰਲ ਰਿਹਾ ਹੈ ਅਤੇ ਲੋਕ ਗੰਭੀਰ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ। ਸੰਨੀ ਗਿੱਲ ਨੇ ਕਿਹਾ ਕਿ ਇੱਕ ਪਾਸੇ ਸਿਹਤ ਵਿਭਾਗ ਮੋਗਾ ਡੇਂਗੂ ਮਲੇਰੀਆ ਦੇ ਫ਼ੈਲਣ ਤੋਂ ਰੋਕਣ ਲਈ ਆਮ ਘਰਾਂ ਦੇ ਕੂਲਰ ਚੈੱਕ ਕਰਕੇ ਇਹ ਸਾਬਿਤ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ ਕਿ ਡੇਂਗੂ ਤੋਂ ਬਚਾਅ ਲਈ ਸਿਹਤ ਵਿਭਾਗ ਪੂਰੀ ਤਰ੍ਹਾਂ ਸੁਚੇਤ ਹੈ, ਪਰ ਜੇਕਰ ਸਿਹਤ ਵਿਭਾਗ ਦੇ ਅਧਿਕਾਰੀ ਤੇ ਡਾਕਟਰ ਵਾਰਡ ਨੰਬਰ 27 ਵਿੱਚ ਆਉਣ ਤਾਂ ਉਨ੍ਹਾਂ ਨੂੰ ਪਤਾ ਲੱਗੇ ਕਿ ਵਾਰਡ ਦੇ ਲੋਕ ਬਿਮਾਰੀਆਂ ਤੇ ਡੇਂਗੂ ਦੇ ਢੇਰ 'ਤੇ ਬੈਠੇ ਆਪ ਸਰਕਾਰ ਨੂੰ ਕੋਸ ਰਹੇ ਹਨ, ਪਰ ਨਾ ਹੀ ਨਗਰ ਨਿਗਮ ਮੋਗਾ ਦੇ ਮੇਅਰ ਤੇ ਨਾ ਹੀ ਹਲਕਾ ਵਿਧਾਇਕ ਮੋਗਾ ਦੀ ਨਜ਼ਰ ਇਸ ਮੁਹੱਲੇ 'ਤੇ ਪਈ ਹੈ, ਜਿਨ੍ਹਾਂ ਦੀਆਂ ਵੋਟਾਂ ਨਾਲ ਉਹ ਵਿਧਾਨ ਸਭਾ ਦੀਆਂ ਪੌੜੀਆਂ ਚੜ੍ਹੀ ਹੈ। ਸੰਨੀ ਗਿੱਲ ਨੇ ਕਿਹਾ ਕਿ ਜੇਕਰ ਨਗਰ ਨਿਗਮ ਮੋਗਾ ਨੇ ਵਾਰਡ ਨੰਬਰ 27 ਦੀ ਵੱਡੀ ਸਮੱਸਿਆ ਦਾ ਹੱਲ ਨਹੀਂ ਕੱਢਿਆ ਤਾਂ ਉਹ ਮੁਹੱਲਾ ਵਾਸੀਆਂ ਨੂੰ ਨਾਲ ਲੈ ਕੇ ਸੰਘਰਸ਼ ਵਿੱਢਣਗੇ ਤੇ ਸਰਕਾਰ ਦੇ ਝੂਠੇ ਵਿਕਾਸ ਦੀ ਪੋਲ ਖੋਲ੍ਹਣਗੇ। ਇਸ ਸਮੇਂ ਕੁਲਵਿੰਦਰ ਕੌਰ ਐੱਮ ਸੀ ਵਾਰਡ ਨੰ. 27, ਪਰਮਿੰਦਰ ਸਫਰੀ, ਸੁਖਦੇਵ ਸਿੰਘ ਬਰਾੜ, ਚਮਕੌਰ ਸਿੰਘ, ਤੇਜਿੰਦਰ ਸਿੰਘ, ਬਲਵਿੰਦਰ ਸਿੰਘ, ਨੰਦ ਲਾਲ, ਬੇਅੰਤ ਸਿੰਘ, ਛਿੰਦਾ ਸਿੰਘ, ਮਨੋਜ ਕੁਮਾਰ, ਰਜੀਵ ਕੁਮਾਰ, ਗੁਰਵਿੰਦਰ ਸਿੰਘ, ਸਰਬਜੀਤ ਸਿੰਘ, ਬਲਵੀਰ ਕੌਰ, ਕੁਲਦੀਪ ਕੌਰ, ਜਸਵਿੰਦਰ ਕੌਰ, ਮਨਜੀਤ ਕੌਰ, ਵੀਰਪਾਲ ਕੌਰ, ਗਿਆਨ ਕੌਰ, ਊਸ਼ਾ ਰਾਣੀ, ਪ੍ਰਭਜੋਤ ਕੌਰ, ਮਮਤਾ ਰਾਣੀ, ਰੇਖਾ ਰਾਣੀ, ਨਵਦੀਪ ਕੌਰ ਮਹੱਲਾ ਨਿਵਾਸੀ ਹਾਜ਼ਰ ਰਹੇ।

## ਨਸ਼ਾ ਪੰਜਾਬ ਦੇ ਹਰ ਕੋਨੇ 'ਚੋਂ ਕੀਤਾ ਜਾਵੇਗਾ ਖਤਮ : ਬਲਤੇਜ ਪੰਨੂ



ਬਠਿੰਡਾ (ਪਰਵਿੰਦਰ ਜੀਤ ਸਿੰਘ)-ਗੁਰੂਆਂ, ਪੀਰਾਂ ਦੀ ਇਸ ਸੁਨਹਿਰੀ ਧਰਤ ਪੰਜਾਬ 'ਚੋਂ ਜਦੋਂ ਤੱਕ ਨਸ਼ੇ ਦੀ ਜੜ੍ਹ ਨੂੰ ਖਤਮ ਨਹੀਂ ਕੀਤਾ ਜਾਂਦਾ, ਉਦੋਂ ਤੱਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਲਗਾਤਾਰ ਕੰਮ ਕਰਦੀ ਰਹੇਗੀ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ 'ਨਸ਼ਾ ਮੁਕਤੀ ਮੋਰਚਾ' ਪੰਜਾਬ ਦੇ ਚੀਫ ਸਪੋਕਸਪਰਸਨ ਸ੍ਰੀ ਬਲਤੇਜ ਸਿੰਘ ਪੰਨੂ ਨੇ ਸਰਕਟ ਹਾਊਸ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ।ਇਸ ਮੌਕੇ ਉਨ੍ਹਾਂ ਨਾਲ ਨਸ਼ਾ ਮੁਕਤੀ ਮੋਰਚਾ ਮਾਲਵਾ ਵੈਸਟ ਦੇ ਜ਼ੋਨ ਕੋਆਰਡੀਨੇਟਰ ਸ੍ਰੀ ਚੁਸਪਿੰਦਰ ਚਹਿਲ, ਜ਼ਿਲ੍ਹਾ ਕੋਆਰਡੀਨੇਟਰ ਬਠਿੰਡਾ ਜਤਿੰਦਰ ਸਿੰਘ ਭੱਲਾ ਤੇ ਹੋਰ ਸ਼ਖ਼ਸੀਅਤਾਂ ਹਾਜ਼ਰ ਰਹੀਆਂ।ਸ੍ਰੀ ਪੰਨੂ ਨੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਦੀ ਲੜੀ ਤਹਿਤ ਸ਼ੁਰੂ ਕੀਤੀ 'ਨਸ਼ਾ ਮੁਕਤੀ ਯਾਤਰਾ' ਨੂੰ ਪੰਜਾਬ ਦੇ ਆਮ ਲੋਕਾਂ ਤੇ ਹਰ ਨੌਜਵਾਨ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਲੋਂ ਨਸ਼ਾ ਤਸਕਰਾਂ 'ਤੇ ਪੂਰਨ ਨਜ਼ਰਸਾਨੀ ਰੱਖਦਿਆਂ ਕਾਨੂੰਨ ਦੇ ਦਾਇਰੇ ਅੰਦਰ ਰਹਿ ਕੇ ਕਾਰਵਾਈ ਕੀਤੀ ਜਾ ਰਹੀ ਹੈ।ਇਸ ਦੌਰਾਨ ਉਨ੍ਹਾਂ ਇਕ ਹੋਰ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਪੰਜਾਬ ਸਰਕਾਰ ਜ਼ੀਰੋ ਟਾਲਰੈਂਸ ਦੀ ਨੀਤੀ 'ਤੇ ਕੰਮ ਕਰ ਰਹੀ ਹੈ।ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਵੱਲੋਂ ਕਿਸੇ ਵੀ ਪਾਰਟੀ ਦੇ ਨੁਮਾਇੰਦੇ ਤੇ ਕਿਸੇ ਵੀ ਉੱਚ ਅਧਿਕਾਰੀ ਨੂੰ ਰਿਸ਼ਵਤਖੋਰੀ ਦੇ ਮਾਮਲੇ ਵਿੱਚ ਬਖਸ਼ਿਆ ਨਹੀਂ ਜਾਵੇਗਾ।

## ਉਤਰਦੇ ਸਮੇਂ ਬੱਸ ਹੇਠਾਂ ਆ ਕੇ ਔਰਤ ਦੀ ਮੌਤ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਦਿੱਲੀ-ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸ਼ਹਿਰ ਦੇ ਨਰਵਾਣਾ ਰੋਡ 'ਤੇ ਬਾਈਪਾਸ ਪੁੱਲ ਦੇ ਹੇਠਾਂ ਪੀਆਰਟੀਸੀ ਬੱਸ ਵਿੱਚੋਂ ਉਤਰਦੇ ਸਮੇਂ ਔਰਤ ਦੀ ਬੱਸ ਹੇਠਾਂ ਆ ਕੇ ਮੌਤ ਹੋ ਗਈ।ਘਟਨਾ ਦਾ ਪਤਾ ਲੱਗਦਿਆਂ ਹੀ ਸੜਕ ਸੁਰੱਖਿਆ ਫੋਰਸ ਦੀ ਟੀਮ ਵੱਲੋਂ ਮੌਕੇ ਉੱਤੇ ਪਹੁੰਚ ਕੇ ਗੰਭੀਰ ਰੂਪ ਵਿੱਚ ਜ਼ਖ਼ਮੀ ਔਰਤ ਨੂੰ ਹਸਪਤਾਲ ਪਹੁੰਚਾਇਆ ਗਿਆ।ਇਸ ਦੌਰਾਨ ਸਦਰ ਥਾਣਾ ਪਾਤੜਾਂ ਦੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ।ਜਾਣਕਾਰੀ ਅਨੁਸਾਰ ਲੁਧਿਆਣਾ ਤੋਂ ਪਾਤੜਾਂ ਆ ਰਹੀ ਬੱਸ ਜਿਉਂ ਹੀ ਨਰਵਾਣਾ ਰੋਡ ਪੁਲ ਹੇਠਾਂ ਪੁੱਜੀ ਤਾਂ ਟ੍ਰੈਫਿਕ ਜਾਮ ਹੋਣ ਕਰਕੇ ਡਰਾਈਵਰ ਵੱਲੋਂ ਬੱਸ ਰੋਕ ਦਿੱਤੇ ਜਾਣ 'ਤੇ ਬੱਸ ਵਿੱਚੋਂ ਉਤਰਦੇ ਸਮੇਂ ਔਰਤ ਬੱਸ ਦੇ ਪਿਛਲੇ ਟਾਇਰ ਹੇਠਾਂ ਆ ਕੇ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਈ, ਜਿਸ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਪਰ ਹਸਪਤਾਲ ਪਹੁੰਚਣ 'ਤੇ ਡਾਕਟਰਾਂ ਵੱਲੋਂ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਉਕਤ ਔਰਤ ਆਪਣੀਆਂ ਦੋ ਹੋਰ ਸਾਥੀ ਔਰਤਾਂ ਨਾਲ ਲੁਧਿਆਣਾ ਤੋਂ ਦਵਾਈ ਲੈ ਕੇ ਪਾਤੜਾਂ ਆ ਰਹੀ ਸੀ, ਉਸ ਦੀਆਂ ਸਾਥੀ ਔਰਤਾਂ ਸੰਗਰੂਰ ਰੋਡ ਕੈਂਚੀਆਂ ਵਿੱਚ ਬੱਸ ਵਿੱਚੋਂ ਉੱਤਰ ਗਈਆਂ ਸਨ।ਮ੍ਰਿਤਕ ਔਰਤ ਦੀ ਪਛਾਣ ਅਮਰਜੀਤ ਕੌਰ ਪਤਨੀ ਅਮਰੀਕ ਸਿੰਘ ਵਾਸੀ ਅਨੰਦ ਬਸਤੀ ਪਾਤੜਾਂ ਵਜੋਂ ਹੋਈ ਹੈ। ਮੌਕੇ 'ਤੇ ਪੁੱਜੇ ਪੁਲਸ ਕਰਮਚਾਰੀਆਂ ਨੇ ਦੱਸਿਆ ਕਿ ਪਰਿਵਾਰਕ ਮੈਂਬਰਾਂ ਦੇ ਬਿਆਨਾਂ ਦੇ ਅਧਾਰ 'ਤੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਜੌੜੇਮਾਜਰਾ ਨੇ ਕੈਬਨਿਟ ਵੱਲੋਂ ਛੋਟੇ ਵਪਾਰੀਆਂ ਦੇ ਹਿੱਤ 'ਚ ਲਏ ਫ਼ੈਸਲੇ ਦਾ ਕੀਤਾ ਸਵਾਗਤ



ਸਮਾਣਾ (ਗੁਰਪਿਆਰ ਸਿੰਘ ਬੱਲ)-ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਪੰਜਾਬ ਮੰਤਰੀ ਮੰਡਲ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸ਼ਾਪਸ ਐਂਡ ਕਮਰਸ਼ੀਅਲ ਇਸਟੈਬਲਿਸ਼ਮੈਂਟ ਐਕਟ 'ਚ ਸੋਧ ਕਰਕੇ ਇੰਸਪੈਕਟਰੀ ਰਾਜ ਦੇ ਖ਼ਾਤਮੇ ਦੀ ਸ਼ਲਾਘਾ ਕੀਤੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਏ ਗਏ ਲੋਕ ਹਿੱਤੂ ਤੇ ਇਤਿਹਾਸਕ ਫੈਸਲਿਆਂ ਨਾਲ ਵਪਾਰੀਆਂ ਲਈ ਆਸਾਨੀ ਤੇ ਕ੍ਰਮਚਾਰੀਆਂ ਲਈ ਇਨਸਾਫ਼ ਦੀ ਕਿਰਨ ਬਣ ਗਈ ਹੈ।ਉਨ੍ਹਾਂ ਕਿਹਾ ਕਿ ਇਹ ਮਾਨ ਸਰਕਾਰ ਦਾ ਵੱਡਾ ਕਦਮ ਹੈ, ਇਸ ਨਾਲ ਪੰਜਾਬ ਵਿੱਚ ਵਪਾਰ ਕਰਨਾ ਹੋਰ ਵੀ ਸੌਖਾ ਹੋ ਜਾਵੇਗਾ।ਮੰਤਰੀ ਮੰਡਲ ਦੇ ਫੈਸਲੇ ਨੂੰ ਛੋਟੇ ਵਪਾਰੀਆਂ ਲਈ ਇਤਿਹਾਸਕ ਫ਼ੈਸਲਾ ਕਰਾਰ ਦਿੰਦਿਆਂ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਇਹ ਦੇਸ਼ ਵਿੱਚ ਪਹਿਲੀ ਵਾਰ ਹੋਇਆ ਹੈ ਕਿ ਇਸ 1958 ਦੇ ਐਕਟ 'ਚ ਸੋਧ ਹੋਣ ਨਾਲ ਹੁਣ 20 ਤੋਂ ਘੱਟ ਕ੍ਰਮਚਾਰੀ ਰੱਖਣ ਵਾਲੀਆਂ ਦੁਕਾਨਾਂ ਤੇ ਵਪਾਰਕ ਸੰਸਥਾਵਾਂ 'ਤੇ ਹੁਣ ਲੇਬਰ ਕਾਨੂੰਨ ਲਾਗੂ ਨਹੀਂ ਹੋਣਗੇ। ਜੌੜਾਮਾਜਰਾ ਨੇ ਕਿਹਾ ਕਿ ਇਸ ਸੋਧ ਨਾਲ ਵਪਾਰੀਆਂ ਨੂੰ ਹੁਣ ਕੋਈ ਡਰ ਨਹੀਂ ਰਹੇਗਾ ਅਤੇ ਕਿਸੇ ਦਫ਼ਤਰਾਂ ਦਾ ਕੋਈ ਚੱਕਰ ਨਹੀਂ ਕੱਟਣਾ ਪਵੇਗਾ ਤੇ ਸਿਰਫ਼ ਇੱਕ ਵਾਰੀ 6 ਮਹੀਨਿਆਂ ਦੇ ਅੰਦਰ ਆਪਣੀ ਜਾਣਕਾਰੀ ਦਿਓ ਤੇ ਫਿਰ ਕੋਈ ਰਿਪੋਰਟ, ਇੰਸਪੈਕਸ਼ਨ ਜਾਂ ਪ੍ਰੇਸ਼ਾਨੀ ਨਹੀਂ ਰਹੇਗੀ। ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਇਹ ਕ੍ਰਮਚਾਰੀਆਂ ਲਈ ਵੀ ਵਧੀਆ ਖ਼ਬਰ ਹੈ ਕਿ ਉਨ੍ਹਾਂ ਨੂੰ ਹੁਣ ਓਵਰਟਾਈਮ ਦੇ 50 ਘੰਟੇ ਤੋਂ ਵਧਾ ਕੇ 144 (ਘੰਟੇ ਤਿੰਨ ਮਹੀਨੇ ਵਿੱਚ) ਕੀਤੇ ਹਨ ਤੇ ਇਸ ਨਾਲ ਕਰਮਚਾਰੀ ਦਿਨ 'ਚ 9 ਘੰਟਿਆਂ ਤੋਂ ਵੱਧ ਕੰਮ ਕਰਕੇ ਦੁੱਗਣੀ ਤਨਖਾਹ ਕਮਾ ਸਕਣਗੇ।ਉਨ੍ਹਾਂ ਕਿਹਾ ਕਿ ਇਸ ਤੋਂ ਬਿਨ੍ਹਾਂ ਇਹ ਫੈਸਲਾ ਵੱਡੇ ਵਪਾਰੀਆਂ ਲਈ ਸੁਵਿਧਾ ਬਣੇਗਾ।ਉਨ੍ਹਾਂ ਕਿਹਾ ਕਿ 20 ਜਾਂ ਵੱਧ ਕਰਮਚਾਰੀ ਵਾਲੇ ਵਪਾਰੀਆਂ ਦੀ ਅਰਜ਼ੀ ਦੇਣ ਤੋਂ 24 ਘੰਟਿਆਂ ਵਿੱਚ ਰਜਿਸਟ੍ਰੇਸ਼ਨ ਮਨਜ਼ੂਰ ਕੀਤੀ ਜਾਵੇਗੀ ਤੇ ਜੇ ਨਾ ਹੋਈ, ਤਾਂ ਆਪਣੇ ਆਪ ਮਨਜ਼ੂਰ ਮੰਨ ਲਈ ਜਾਵੇਗੀ।

## ਸੀ ਆਰ ਐੱਮ ਸਕੀਮ ਅਧੀਨ ਖੇਤੀ ਮਸ਼ੀਨਰੀ/ਸੰਦਾਂ ਦਾ ਕੱਢਿਆ ਡਰਾਅ

ਫ਼ਾਜ਼ਿਲਕਾ (ਨਿਸ਼ਾ ਸ਼ਰਮਾ)-ਸੀ.ਆਰ.ਐਮ. (ਕਰਾਪ ਰੈਜ਼ਡਿਊ ਮੈਨੇਜਮੈਂਟ) ਸਕੀਮ ਸਾਲ 2025-26 ਅਧੀਨ ਪਰਾਲੀ ਦੇ ਪ੍ਰਬੰਧਨ ਲਈ ਕਿਸਾਨਾਂ ਵੱਲੋਂ ਖੇਤੀ ਮਸ਼ੀਨਰੀ ਸਬਸਿਡੀ 'ਤੇ ਲੈਣ ਲਈ ਆਨਲਾਈਨ ਦਰਖਾਸਤਾਂ ਅਪਲਾਈ ਕੀਤੀਆਂ ਗਈਆਂ ਸਨ।ਇਨ੍ਹਾਂ ਅਪਲਾਈ ਹੋਈਆਂ ਦਰਖਾਸਤਾਂ ਦਾ 3 ਵਾਰ ਕੰਪਿਊਟਰਾਈਜ਼ਡ ਰੈਂਡੋਮਾਈਜੇਸ਼ਨ ਸਿਸਟਮ ਰਾਹੀਂ ਵਧੀਕ ਡਿਪਟੀ ਕਮਿਸ਼ਨਰ (ਜ) ਡਾ ਮਨਦੀਪ ਕੌਰ ਦੀ ਪ੍ਰਧਾਨਗੀ ਹੇਠ ਸਮੂਹ ਕਮੇਟੀ ਮੈਂਬਰਾਂ ਦੀ ਮੌਜੂਦਗੀ ਵਿੱਚ ਪਾਰਦਰਸ਼ੀ ਢੰਗ ਨਾਲ ਡਰਾਅ ਕੱਢਿਆ ਗਿਆ। ਵਧੀਕ ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਨ੍ਹਾਂ ਮਸ਼ੀਨਾਂ ਦੀ ਵੱਧ ਤੋਂ ਵੱਧ ਵਰਤੋਂ ਕੀਤੀ ਜਾਵੇ ਅਤੇ ਖੇਤੀਬਾੜੀ ਵਿਭਾਗ ਵੱਲੋਂ ਮਸ਼ੀਨਾਂ ਕਿਰਾਏ 'ਤੇ ਵੀ ਮੁਹੱਈਆ ਕਰਾਈਆ ਜਾ ਰਹੀਆਂ ਹਨ ਤਾਂ ਜੁ ਅੱਗ ਲੱਗਣ ਦੀ ਘਟਨਾਵਾ ਨੂੰ ਠੱਲ ਪਾਈ ਜਾ ਸਕੇ ਅਤੇ ਵਾਤਾਵਰਨ ਨੂੰ ਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ। ਮੁੱਖ ਖੇਤੀਬਾੜੀ ਅਫਸਰ ਡਾ. ਰਾਜਿੰਦਰ ਕੁਮਾਰ ਕੰਬੋਜ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਝੋਨੇ ਦੀ ਰਹਿੰਦ-ਖੂਹੰਦ/ਪਰਾਲੀ ਦੇ ਸੁੱਚਜੇ ਪ੍ਰਬੰਧਨ ਲਈ ਲਾਹੇਵੰਦ ਮਸ਼ੀਨਾਂ (ਸੁਪਰ ਸੀਡਰ, ਸਮਾਰਟ ਸੀਡਰ, ਹੈਪੀ ਸੀਡਰ, ਸਰਫੇਸ ਸੀਡਰ, ਜੀਰੋ ਟਿੱਲ ਡਰਿੱਲ, ਸੁਪਰ ਐਸ.ਐਮ.ਐਸ, ਉਲਟਾਵੇ ਹਲ, ਸਰੱਬ ਮਾਸਟਰ/ਰੋਟਰੀ ਸਲੈਸ਼ਰ, ਕਰਾਪ ਰੀਪਰ, ਮਲਚਰ, ਪੈਡੀ ਸਟਰਾਅ ਚੋਪਰ, ਬੇਲਰ ਅਤੇ ਰੈਕ ਆਦਿ) ਦੀ ਖਰੀਦ 'ਤੇ ਸਬਸਿਡੀ ਦੇਣ ਲਈ 22 ਅਪ੍ਰੈਲ 2025 ਤੋਂ 12 ਮਈ 2025 ਤੱਕ ਪੋਰਟਲ 'ਤੇ ਆਨਲਾਈਨ ਦਰਖਾਸਤਾਂ ਦੀ ਮੰਗ ਕੀਤੀਆਂ ਗਈਆਂ ਸਨ। ਉਨ੍ਹਾਂ ਕਿਹਾ ਕਿ ਐਗਰੀ ਮਸ਼ੀਨਰੀ ਪੋਰਟਲ ਰਾਹੀ ਕਿਸਾਨਾਂ ਨੂੰ ਸੈਕਸ਼ਨ ਪੱਤਰ ਜਾਰੀ ਕਰ ਦਿੱਤੇ ਜਾਣਗੇ ਅਤੇ ਨਾਲ ਹੀ ਅਪੀਲ ਕੀਤੀ ਗਈ ਕਿ ਸੈਕਸ਼ਨ ਮਸ਼ੀਨਾਂ ਦੀ ਜਲਦ ਤੋਂ ਜਲਦ ਖਰੀਦ ਕਰ ਲਈ ਜਾਵੇ।

## ਕਿਸਾਨਾਂ ਨੂੰ ਬਾਸਮਤੀ ਦੀ ਕਾਸ਼ਤ ਵੱਲ ਪ੍ਰੇਰਿਤ ਕਰਨ ਲਈ ਸਰਕਾਰ ਬੋਨਸ ਦੇਵੇ : ਸ਼ਕਤੀ ਆਨੰਦ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਬਾਸਮਤੀ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ ਸਰਕਾਰ ਬੋਨਸ ਦੇਵੇ ਤਾਂ ਜੋ ਲੋਕ ਆਮ ਝੋਨੇ ਦੀ ਬਿਜਾਈ ਛੱਡ ਇਸ ਫਸਲ ਵੱਲ ਉਤਸ਼ਾਹਤ ਹੋ ਸਕਣ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮਾਛੀਵਾੜਾ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਤੇ ਪ੍ਰਸਿੱਧ ਆੜ੍ਹਤੀ ਸ਼ਕਤੀ ਆਨੰਦ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾ ਕਿਹਾ ਕਿ ਆਮ ਝੋਨੇ ਦੀ ਬਿਜਾਈ ਕਾਰਨ ਪਾਣੀ ਦਾ ਹੇਠਲਾ ਪੱਧਰ ਡਿੱਗਦਾ ਜਾ ਰਿਹਾ ਹੈ ਤੇ ਦੂਸਰਾ ਪਿਛਲੇ 2 ਸਾਲਾਂ ਤੋਂ ਸ਼ੈਲਰ ਮਾਲਕਾਂ ਵੱਲੋਂ ਮੰਡੀਆਂ 'ਚੋਂ ਪਿੜਾਈ ਲਈ ਝੋਨਾ ਚੁੱਕਣ ਲਈ ਟਾਲ ਮਟੋਲ ਕੀਤਾ ਜਾ ਰਿਹਾ ਹੈ ਕਿ ਉਨ੍ਹਾਂ ਨੂੰ ਆਰਥਿਕ ਘਾਟਾ ਪੈ ਰਿਹਾ ਹੈ। ਸ਼ਕਤੀ ਆਨੰਦ ਨੇ ਕਿਹਾ ਕਿ ਬੇਸ਼ੱਕ ਸਰਕਾਰ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਜਾਂ ਮੱਕੀ ਦੀ ਕਾਸ਼ਤ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ, ਪਰ ਬਾਸਮਤੀ ਫਸਲ ਘੱਟ ਸਮੇਂ ਵਿੱਚ ਘੱਟ ਪਾਣੀ ਦੀ ਵਰਤੋਂ ਨਾਲ ਪੱਕ ਜਾਂਦੀ ਹੈ, ਇਸ ਲਈ ਕਿਸਾਨਾਂ ਨੂੰ ਬੋਨਸ ਦੇ ਕੇ ਇਸ ਫਸਲ ਲਈ ਵੀ ਪ੍ਰੇਰਿਤ ਕੀਤਾ ਜਾਵੇ। ਸ਼ਕਤੀ ਆਨੰਦ ਨੇ ਕਿਹਾ ਕਿ ਇਨ੍ਹਾਂ ਸਾਰੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਸਰਕਾਰ ਕਿਸਾਨਾਂ ਨੂੰ ਬਾਸਮਤੀ ਦੀ ਕਾਸ਼ਤ ਕਰਨ ਲਈ ਪ੍ਰੇਰਿਤ ਕਰੇ, ਜਿਸ ਨਾਲ ਉਨ੍ਹਾਂ ਦੀ ਫਸਲ ਪ੍ਰਾਈਵੇਟ ਤੌਰ 'ਤੇ ਵਪਾਰੀ ਖ਼ੀਦਣਗੇ।

# ਵੱਖ-ਵੱਖ ਸ਼ਖਸੀਅਤਾਂ ਨੇ ਕਾਮਰੇਡ ਪ੍ਰਵੀਨ ਧਵਨ ਨੂੰ ਕੀਤੀ ਸ਼ਰਧਾਂਜਲੀ ਭੇਟ



ਮੋਗਾ (ਇਕਬਾਲ ਸਿੰਘ ਖਹਿਰਾ)-ਮੋਗਾ ਦੇ ਚੋਖਾ ਕੰਪਲੈਕਸ ਵਿਖੇ ਕਾਮਰੇਡ ਪ੍ਰਵੀਨ ਧਵਨ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਗੁਰੜ ਪੁਰਾਣ ਜੀ ਦੇ ਪਾਠ ਦਾ ਭੋਗ ਪੰਡਿਤ [illegible] ਕਾਮਰੇਡ ਪ੍ਰਵੀਨ ਧਵਨ [illegible] ਕਰਨ ਲਈ ਪੁੱਜਿਆ ਹੈ। ਉਨ੍ਹਾਂ ਆਪਣੇ ਪਰਵਾਰ ਤੇ ਸਮਾਜ ਸੇਵਾ ਦੇ ਕਾਰਜਾਂ ਵਿੱਚ ਜਿਹੜਾ ਸੰਤੁਲਨ ਬਣਾ ਕੇ ਰੱਖਿਆ, ਉਸ ਤੋਂ ਹਰ ਕੋਈ ਮਨੁੱਖ ਪ੍ਰਭਾਵਿਤ ਹੋ ਜਾਂਦਾ ਸੀ। ਅੱਜ ਦੇ ਸ਼ਰਧਾਂਜਲੀ ਸਮਾਗਮ ਦੌਰਾਨ ਕਾਂਗਰਸ ਦੀ ਹਲਕਾ ਮੋਗਾ ਤੋਂ ਇੰਚਾਰਜ ਮਾਲਵਿਕਾ ਸੂਦ, ਨਗਰ ਨਿਗਮ ਮੋਗਾ ਦੇ ਸੀਨੀਅਰ ਡਿਪਟੀ ਮੇਅਰ ਪ੍ਰਵੀਨ ਕੁਮਾਰ ਪੀਨਾ, ਸੀਨੀਅਰ ਅਕਾਲੀ ਆਗੂ ਦਵਿੰਦਰ ਸਿੰਘ ਰਣੀਆਂ, ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਜ਼ਿਲ੍ਹਾ ਸਕੱਤਰ ਸਚਿਨ ਵਡੇਗਾ, ਕਾ. ਰਾਮਕ੍ਰਿਸ਼ਨ ਧਰਮਕੋਟ, ਜ਼ਿਲ੍ਹਾ ਮੈਂਬਰ ਸੁਖਪਾਲ ਸਿੰਘ ਨਹਿਰਾ, ਜ਼ਿਲ੍ਹਾ ਕਮੇਟੀ ਮੈਂਬਰ ਕਾ. ਜੰਗੀਰ ਸਿੰਘ ਬੱਧਨੀ, ਕਰਨੈਲ ਸਿੰਘ ਭੰਵਰਾ, [illegible]

## ਘੜੀ-ਮੁੜੀ ਲੱਗਦੇ ਫਾਟਕ ਨੇ ਰਾਹਗੀਰ ਸੁੱਕਣੇ ਪਾਏ



ਬਰੇਟਾ (ਰੀਤਵਾਲ)-[illegible] ਕਾਰਨ ਲੋਕਾਂ ਨੂੰ ਅਕਸਰ ਹੀ ਫਾਟਕ ਬੰਦ ਰਹਿਣ ਕਾਰਨ ਪ੍ਰੇਸ਼ਾਨ ਹੋਣਾ ਪੈਂਦਾ ਹੈ।ਸਮਾਜਸੇਵੀ ਲੋਕਾਂ ਦਾ ਕਹਿਣਾ ਹੈ ਕਿ ਉਹ ਕਈ ਵਾਰ ਸੰਸਦ ਮੈਂਬਰ, ਵਿਧਾਇਕ ਤੇ ਮੰਤਰੀਆਂ ਸਣੇ ਹੋਰ ਅਧਿਕਾਰੀਆਂ ਨੂੰ ਇਸ ਫਾਟਕ 'ਤੇ ਓਵਰਬ੍ਰਿਜ ਜਾਂ ਅੰਡਰ ਬ੍ਰਿਜ ਬਣਾਉਣ ਲਈ ਮਿਲ ਚੁੱਕੇ ਹਨ, ਪਰ ਉਨ੍ਹਾਂ ਨੂੰ ਲਾਰਿਆਂ ਤੋਂ ਬਿਨਾਂ ਦੇ ਅਜੇ ਤੱਕ ਕੁੱਝ ਵੀ ਪੱਲੇ ਨਹੀਂ ਪਿਆ।

## ਬਰਿੰਦਰ ਕੁਮਾਰ ਨੂੰ ਜ਼ਿਲ੍ਹਾ ਪ੍ਰਧਾਨ ਬਣਨ 'ਤੇ ਦਿੱਤੀ ਵਧਾਈ



ਅਜੀਤਵਾਲ (ਨਛੱਤਰ ਸੰਧੂ)-ਆਮ ਆਦਮੀ ਪਾਰਟੀ ਦੀ ਹਾਈਕਮਾਂਡ ਵੱਲੋਂ ਨਵੇਂ ਬਣਾਏ ਗਏ ਜ਼ਿਲ੍ਹਾ ਪ੍ਰਧਾਨ ਬਰਿੰਦਰ ਕੁਮਾਰ ਮਧੇਕੇ ਨੂੰ ਵਧਾਈ ਦਿੰਦਿਆਂ ਪਿੰਡ ਧੂੜਕੋਟ ਟਾਹਲੀ ਦੇ ਬਲਾਕ ਪ੍ਰਧਾਨ ਜਸਵਿੰਦਰ ਸਿੰਘ ਰਾਏ ਤੇ ਸਰਪੰਚ ਮੰਦਰ ਸਿੰਘ ਨੇ ਕਿਹਾ ਕਿ ਹਾਈਕਮਾਂਡ ਨੇ ਇੱਕ ਬਹੁਤ ਹੀ ਨੇਕਦਿਲ ਤੇ ਇਮਾਨਦਾਰ ਵਿਅਕਤੀ ਨੂੰ ਜ਼ਿਲ੍ਹਾ ਪ੍ਰਧਾਨ ਬਣਾ ਕੇ ਸੋਨੇ 'ਤੇ ਸੁਹਾਗੇ ਵਾਲੀ ਗੱਲ ਕਰੀ ਹੈ। ਉਨ੍ਹਾਂ ਕਿਹਾ ਕਿ ਬਰਿੰਦਰ ਕੁਮਾਰ ਪਹਿਲਾਂ ਵੀ ਮਾਰਕੀਟ ਕਮੇਟੀ ਨਿਹਾਲ ਸਿੰਘ ਵਾਲਾ ਦੇ ਚੇਅਰਮੈਨ ਹਨ ਅਤੇ ਉਨ੍ਹਾਂ ਦੀ ਇਲਾਕੇ ਵਿੱਚ ਜਾਣ ਪਹਿਚਾਣ ਤੇ ਮਜ਼ਬੂਤ ਪਕੜ ਹੈ, ਉਹ ਪਹਿਲਾਂ ਵੀ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਰਕਾਰ ਤੱਕ ਪਹੁੰਚਾ ਕੇ ਹੱਲ ਕਰਦੇ ਆ ਰਹੇ ਹਨ।ਇਸੇ ਕਰਕੇ ਉਹ ਲੋਕਾਂ ਦੇ ਹਰਮਨ ਪਿਆਰੇ ਨੇਤਾ ਹਨ।ਇਸ ਸਮੇਂ ਦੋਵਾਂ ਆਗੂਆਂ ਨੇ ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੂੰ ਵਧਾਈ ਦਿੰਦਿਆਂ ਧੰਨਵਾਦ ਕੀਤਾ ਹੈ ਕਿ ਉਨ੍ਹਾਂ ਦੀ ਛਤਰ ਛਾਇਆ ਹੇਠ ਪਾਰਟੀ ਦਿਨ ਦੁੱਗਣੀ ਰਾਤ ਚੌਗੁਣੀ ਤਰੱਕੀ ਕਰੇਗੀ।

# ਸਾਬਕਾ ਫੌਜੀ ਦੀ ਕੀਤੀ ਕੁੱਟਮਾਰ ਤੇ ਸੀ ਆਈ ਏ ਸਟਾਫ 'ਚ ਨੌਜਵਾਨ ਦੀ ਮੌਤ ਦੇ ਮਾਮਲੇ 'ਚ ਪੀੜਤ ਪਰਵਾਰਾਂ ਨੂੰ ਮਿਲੇ ਰਾਜਾ ਵੜਿੰਗ

■ ਸਰਕਾਰ ਦੀ ਕਾਰਗੁਜ਼ਾਰੀ 'ਤੇ ਉਠਾਏ ਸਵਾਲ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਪਿੰਡ ਭਾਈ ਬਖਤੌਰ ਪਹੁੰਚੇ, ਜਿੱਥੇ ਸਾਡਾ ਪਿੰਡ ਬਕਾਊ ਹੈ, ਦੇ ਪੋਸਟਰ ਲੱਗੇ ਸਨ, ਦੇ ਮਾਮਲੇ ਵਿੱਚ ਲਖਵੀਰ ਸਿੰਘ ਨੌਜਵਾਨ ਨਾਲ ਗੱਲ ਕੀਤੀ, ਉਥੇ ਪਿੰਡ ਵਾਸੀਆਂ ਨੂੰ ਵੀ ਵਿਸ਼ਵਾਸ ਦਿਵਾਇਆ ਕਿ ਉਹ ਇਸ ਲੜਾਈ ਵਿੱਚ ਉਨ੍ਹਾਂ ਦੇ ਨਾਲ ਖੜੇ ਹਨ।ਇਸ ਮੌਕੇ ਉਹ ਨਸ਼ਾ ਤਸਕਰਾਂ ਵੱਲੋਂ ਕੁੱਟਮਾਰ ਕਰਕੇ ਜ਼ਖ਼ਮੀ ਕੀਤੇ ਸਾਬਕਾ ਫੌਜੀ ਰਣਬੀਰ ਸਿੰਘ ਨੂੰ ਵੀ ਬਠਿੰਡਾ ਹਸਪਤਾਲ ਵਿੱਚ ਮਿਲਣ ਪਹੁੰਚੇ ਤੇ ਉਨ੍ਹਾਂ ਦੀ ਹੌਸਲਾ ਹਫਜ਼ਾਈ ਕੀਤੀ।ਇਸ ਦੌਰਾਨ ਉਹ ਸੀਆਈਏ ਸਟਾਫ ਦੋ ਦੀ ਹਿਰਾਸਤ ਵਿੱਚ ਸ਼ੱਕੀ ਹਾਲਾਤਾਂ ਵਿੱਚ ਮਰੇ ਪਿੰਡ ਗੋਨਿਆਣਾ ਦੇ ਅਧਿਆਪਕ ਨਰਿੰਦਰ ਦੀਪ ਸਿੰਘ ਦੇ ਪਰਿਵਾਰ ਨੂੰ ਵੀ ਮਿਲਣ ਲਈ ਪਹੁੰਚੇ ਤੇ ਉਨ੍ਹਾਂ ਨੂੰ ਵੀ ਹੌਸਲਾ ਦਿੱਤਾ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਰਾਜਾ ਵੜਿੰਗ ਨੇ ਕਿਹਾ ਕਿ ਪੰਜਾਬ ਪੁਲਸ ਸਟੇਟ ਬਣ ਚੁੱਕਿਆ ਹੈ, ਵਿਗੜ ਰਹੇ ਹਾਲਾਤ ਪ੍ਰਤੀ ਮੁੱਖ ਮੰਤਰੀ ਤੇ ਡੀਜੀਪੀ ਦਾ ਕੋਈ ਧਿਆਨ ਨਹੀਂ, ਸ਼ਰੇਆਮ ਨੌਜਵਾਨਾਂ ਦੇ ਕਤਲੇਆਮ ਹੋ ਰਹੇ ਹਨ, ਪਰ ਇਸ ਪਾਸੇ ਸਰਕਾਰ ਦੀਆਂ ਅੱਖਾਂ ਬੰਦ ਹਨ।ਉਨ੍ਹਾਂ ਕਿਹਾ ਕਿ ਸਰਕਾਰ ਬਨਣ ਦਿਓ, ਪੁਲਸ ਦੇ ਕਾਨੂੰਨ ਵਿੱਚ ਬਦਲਾਵ ਕਰਾਂਗੇ ਤੇ ਪੁਲਸ ਅਫਸਰਾਂ ਅਤੇ ਮੁਲਾਜ਼ਮਾਂ ਨੂੰ ਦਿੱਤੀਆਂ ਪਾਵਰਾਂ ਘੱਟ ਕਰਾਂਗੇ ਤਾਂ ਜੋ ਕਿਸੇ ਵੀ ਥਾਣੇ ਵਿੱਚ ਥਰਡ ਡਿਗਰੀ ਨਾਲ ਕਿਸੇ ਨੌਜਵਾਨ ਦੀ ਮੌਤ ਨਾ ਹੋਵੇ ਅਤੇ ਨਾ ਹੀ ਇਸ ਤਰ੍ਹਾਂ ਨਸ਼ਿਆਂ ਖਿਲਾਫ ਆਵਾਜ਼ ਉਠਾਉਣ ਵਾਲੇ ਨਾਲ ਕੁੱਟਮਾਰ ਕਰਨ ਵਾਲੇ ਦੋਸ਼ੀ ਬਚ ਕੇ ਨਿਕਲ ਸਕਣ।ਰਾਜਾ ਵੜਿੰਗ ਨੇ ਕਿਹਾ ਕਿ ਅੱਜ ਸੂਬੇ ਦੇ ਹਾਲਾਤ ਬਹੁਤ ਮਾੜੇ ਹਨ, ਦਿੱਲੀ ਵਾਲੇ ਕਾਬਜ਼ ਹੋ ਚੁੱਕੇ ਹਨ। ਇੰਚਾਰਜ ਕਾਂਗਰਸ ਦੇ ਵੀ ਲੱਗਦੇ ਹਨ, ਪਰ ਇਸ ਤਰ੍ਹਾਂ ਕਾਂਗਰਸ ਦਾ ਕੋਈ ਵੀ ਲੀਡਰ ਮੰਤਰੀਆਂ, ਵਿਧਾਇਕਾਂ ਦੇ ਨਾਲ ਓਐੱਸਡੀ ਜਾਂ ਵੱਖ-ਵੱਖ ਵਿਭਾਗਾਂ ਦਾ ਚੇਅਰਮੈਨ ਬਾਹਰਲੇ ਸੂਬਿਆਂ ਵਿੱਚੋਂ ਨਹੀਂ ਲਾਇਆ, ਪ੍ਰੰਤੂ ਆਮ ਆਦਮੀ ਪਾਰਟੀ ਦਾ ਤਾਂ ਸਿਖਰ ਹੋ ਚੁੱਕਿਆ ਹੈ ਜੋ ਪੰਜਾਬ ਦੇ ਵੱਖ-ਵੱਖ ਅਹੁਦਿਆਂ 'ਤੇ ਦਿੱਲੀ ਤੇ ਹੋਰਨਾਂ ਸੂਬਿਆਂ ਦੇ ਆਪ ਦੇ ਵਰਕਰਾਂ ਨੂੰ ਇੰਚਾਰਜ ਲਾਇਆ ਜਾ ਰਿਹਾ ਹੈ, ਇਨ੍ਹਾਂ ਗੱਲਾਂ ਦਾ ਮੁੱਖ ਮੰਤਰੀ ਤੇ ਕੇਜਰੀਵਾਲ ਨੂੰ ਜਵਾਬ ਤਾਂ ਦੇਣਾ ਹੀ ਪਵੇਗਾ।ਇਸ ਮੌਕੇ ਭਾਜਪਾ ਪ੍ਰਧਾਨ ਸੁਨੀਲ ਜਾਖੜ ਵੱਲੋਂ ਰਾਜਾ ਵੜਿੰਗ ਨੂੰ ਔਕਾਤ ਲਫਜ਼ ਨਾਲ ਸੰਬੋਧਨ ਕਰਨ ਦੇ ਪੁੱਛੇ ਸਵਾਲ ਦੇ ਜਵਾਬ ਵਿੱਚ ਬੋਲਦਿਆਂ ਰਾਜਾ ਵੜਿੰਗ ਨੇ ਕਿਹਾ ਕਿ ਔਕਾਤ ਵਰਗੇ ਸ਼ਬਦ ਬੋਲਣ ਵਾਲੇ ਲੀਡਰ ਨੂੰ ਔਕਾਤ ਯਾਦ ਵੀ ਕਰਵਾ ਸਕਦੇ ਹਾਂ, ਪਰ ਉਹ ਉਨ੍ਹਾਂ ਦਾ ਸਤਿਕਾਰ ਕਰਦੇ ਹਨ, ਇਸ ਤਰ੍ਹਾਂ ਦੇ ਲਫਜ਼ ਬੋਲਣੇ ਸ਼ੋਭਾ ਨਹੀਂ ਦਿੰਦੇ।ਉਨ੍ਹਾਂ ਕਿਹਾ ਕਿ ਪਹਿਲਾਂ ਇਹ ਅਜਗਰ ਕਾਂਗਰਸ ਨੂੰ ਖਾ ਗਏ ਤੇ ਹੁਣ ਭਾਜਪਾ ਨੂੰ ਖਾਣ 'ਤੇ ਲੱਗੇ ਹੋਏ ਹਨ, ਜਿਨ੍ਹਾਂ ਤੋਂ ਪੰਜਾਬ ਦੇ ਭਲੇ ਦੀ ਕੋਈ ਉਮੀਦ ਨਹੀਂ।

ਇਸ ਮੌਕੇ ਉਨ੍ਹਾਂ ਨਾਲ ਸਾਬਕਾ ਵਿਧਾਇਕ ਪ੍ਰੀਤਮ ਸਿੰਘ ਕੋਟਭਾਈ, ਸਾਬਕਾ ਵਿਧਾਇਕ ਜੀਤ ਮਹਿੰਦਰ ਸਿੰਘ ਸਿੱਧੂ, ਸਾਬਕਾ ਵਿਧਾਇਕ ਜਗਦੇਵ ਸਿੰਘ ਕਮਾਲੂ, ਤੇਜਾ ਸਿੰਘ ਦੰਦੀਵਾਲ, ਅਵਤਾਰ ਸਿੰਘ ਗੋਨਿਆਣਾ, ਕੇ ਕੇ ਅਗਰਵਾਲ, ਬਲਵੰਤ ਰਾਏ ਨਾਥ, ਪਵਨ ਮਾਨੀ, ਕਿਰਨਜੀਤ ਸਿੰਘ ਗਹਿਰੀ, ਬਲਜਿੰਦਰ ਸਿੰਘ ਠੇਕੇਦਾਰ, ਜ਼ਿਲ੍ਹਾ ਪ੍ਰਧਾਨ ਰਾਜਨ ਗਰਗ, ਮੀਤ ਪ੍ਰਧਾਨ ਰੁਪਿੰਦਰ ਬਿੰਦਰਾ, ਸਾਬਕਾ ਚੇਅਰਮੈਨ ਦਰਸ਼ਨ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਤੇ ਲੀਡਰ ਹਾਜ਼ਰ ਸਨ।

## ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦੀ ਮੀਟਿੰਗ 'ਚ ਅਹਿਮ ਮਸਲਿਆਂ 'ਤੇ ਵਿਚਾਰਾਂ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਭ੍ਰਿਸ਼ਟਾਚਾਰ ਵਿਰੋਧੀ ਫਰੰਟ ਮਾਛੀਵਾੜਾ ਸਾਹਿਬ ਦੀ ਮੀਟਿੰਗ ਸੀਨੀਅਰ ਮੀਤ ਪ੍ਰਧਾਨ ਨੰਬਰਦਾਰ ਹਰਮਿੰਦਰ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸਭ ਤੋਂ ਪਹਿਲਾਂ ਪਿਛਲੇ ਦਿਨੀਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਬੋਰਡ ਪ੍ਰੀਖਿਆਵਾਂ ਦਸਵੀਂ ਤੇ ਬਾਰਵੀਂ ਦੇ ਨਤੀਜਿਆਂ ਵਿੱਚ ਪੰਜਾਬੀ ਵਿਸ਼ੇ 'ਚੋਂ ਬਹੁ-ਗਿਣਤੀ ਸਿਖਿਆਰਥੀ ਫੇਲ੍ਹ ਹੋਏ ਹਨ, ਜੋ ਕਿ ਚਿੰਤਾ ਦਾ ਵਿਸ਼ਾ ਹਨ, ਜਦਕਿ ਦੂਜੇ ਪਾਸੇ ਪੰਜਾਬ ਦੇ ਸਕੂਲਾਂ ਵਿੱਚ ਤੇਲਗੂ ਭਾਸ਼ਾ ਪੜ੍ਹਾਉਣ ਲਈ ਸਮਰ ਕੈਂਪ ਲਗਾਏ ਜਾ ਰਹੇ ਹਨ। ਇਸੇ ਤਰ੍ਹਾਂ ਮਾਛੀਵਾੜਾ ਤੋਂ ਰਾਹੋਂ (ਨਵਾਂਸ਼ਹਿਰ) ਨੂੰ ਜਾਣ ਵਾਲੀ ਸੜਕ 'ਤੇ ਬਣੇ ਸਤਲੁਜ ਦਰਿਆ ਉੱਪਰ ਬਣੇ ਪੁਲ ਦੀ ਮੁਰੰਮਤ ਨਾ ਹੋਣ ਕਾਰਨ ਭਾਰੀ ਵਾਹਨਾਂ ਦੀ ਆਵਾਜਾਈ ਬੰਦ ਕੀਤੀ ਹੋਈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਜਲਦ ਤੋਂ ਜਲਦ ਇਸ ਪੁਲ ਦੀ ਮੁਰੰਮਤ ਕਰਵਾਈ ਜਾਵੇ ਤੇ ਵਾਹਨਾਂ ਦੀ ਆਵਾਜਾਈ ਬਹਾਲ ਕੀਤੀ ਜਾਵੇ। ਇਸ ਮੌਕੇ ਪ੍ਰਧਾਨ ਬਹਾਦਰ ਸਿੰਘ ਔਜਲਾ, ਪ੍ਰੈੱਸ ਸਕੱਤਰ ਸੁਭਾਸ਼ ਚੰਦਰ ਨਾਗਪਾਲ, ਜਸਪਾਲ ਸਿੰਘ, ਰਾਜਿੰਦਰ ਸਿੰਘ ਸਮਰਾਲਾ, ਸੁਰਿੰਦਰ ਸਿੰਘ ਗਿੱਲ, ਜਗੀਰ ਸਿੰਘ ਲੌਂਗੀਆ, ਜਗਮੋਹਣ ਸਿੰਘ ਰਹੀਮਾਬਾਦ, ਰਮਨ ਕੁਮਾਰ ਹਾਜ਼ਰ ਸਨ।

## ਕਲਾਲ ਮਾਜਰਾ 'ਚ ਕਿਸਾਨਾਂ ਨੂੰ ਟਿਕਾਊ ਖੇਤੀਬਾੜੀ ਤਕਨੀਕਾਂ ਬਾਰੇ ਦਿੱਤੀ ਜਾਣਕਾਰੀ



ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਆਈ ਸੀ ਏ ਆਰ ਦੇ ਵਿਗਿਆਨੀਆਂ ਤੇ ਰਾਜ ਖੇਤੀਬਾੜੀ ਵਿਭਾਗ ਪੰਜਾਬ ਦੇ ਅਧਿਕਾਰੀਆਂ ਦੁਆਰਾ ਵਿਕਸਤ ਕ੍ਰਿਸ਼ੀ ਸੰਕਲਪ ਅਭਿਆਨ 2025 ਤਹਿਤ ਪਿੰਡ ਕਲਾਲ ਮਾਜਰਾ ਵਿੱਚ ਕਿਸਾਨ ਗੱਲਬਾਤ ਪ੍ਰੋਗਰਾਮ ਕਰਾਇਆ ਗਿਆ।ਇਸ ਮੌਕੇ ਵਿਕਸਤ ਕ੍ਰਿਸ਼ੀ ਸੰਕਲਪ ਅਭਿਆਨ 2025 ਰਾਹੀਂ ਖੇਤੀਬਾੜੀ ਭਾਈਚਾਰਿਆਂ ਨੂੰ ਸਸ਼ਕਤ ਬਣਾਉਣ ਲਈ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ ਗਈ।ਇਸ ਮੌਕੇ ਟਿਕਾਊ ਖੇਤੀ ਨੂੰ ਉਤਸ਼ਾਹਤ ਕਰਕੇ, ਕਿਸਾਨਾਂ ਨੂੰ ਦਰਪੇਸ਼ ਮੁੱਦਿਆਂ ਨੂੰ ਹੱਲ ਕਰਕੇ ਤੇ ਵਿਗਿਆਨਕ ਤਕਨੀਕਾਂ ਨੂੰ ਅਪਨਾਉਣ ਨੂੰ ਉਤਸ਼ਾਹਤ ਕਰਕੇ ਭਾਰਤੀ ਖੇਤੀਬਾੜੀ ਨੂੰ ਬਦਲਣ ਲਈ ਸਰਕਾਰ ਦੇ ਯਤਨਾਂ ਨੂੰ ਉਜਾਗਰ ਕੀਤਾ ਗਿਆ।ਇਸ ਮੌਕੇ ਮੱਕੀ ਦੀ ਕਾਸ਼ਤ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ, ਜਿਸ ਵਿੱਚ ਭੋਜਨ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਵਪਾਰਕ ਉਦੇਸ਼ਾਂ ਲਈ ਵੀ ਵੱਡੀ ਸੰਭਾਵਨਾ ਹੈ।ਕਿਸਾਨਾਂ ਨੂੰ ਆਧੁਨਿਕ ਮੱਕੀ ਦੀ ਖੇਤੀ ਦੇ ਤਰੀਕਿਆਂ, ਬੀਜਾਂ ਦੀ ਚੋਣ ਤੇ ਏਕੀਕ੍ਰਿਤ ਪੌਸ਼ਟਿਕ ਪ੍ਰਬੰਧਨ ਬਾਰੇ ਅਪਡੇਟ ਦਿੱਤੇ ਗਏ।ਵਾਢੀ ਤੋਂ ਬਾਅਦ ਦੇ ਨੁਕਸਾਨ ਨੂੰ ਘੱਟ ਕਰਨ ਤੇ ਆਮਦਨ ਵਧਾਉਣ ਲਈ, ਵਾਢੀ ਤੋਂ ਬਾਅਦ ਦੇ ਵੱਖ-ਵੱਖ ਪ੍ਰੋਸੈਸਿੰਗ ਤਕਨੀਕਾਂ ਪੇਸ਼ ਕੀਤੀਆਂ ਗਈਆਂ। ਕਿਸਾਨਾਂ ਨੂੰ ਸਹੀ ਸੁਕਾਉਣ, ਗਰੇਡਿੰਗ ਤੇ ਸਟੋਰੇਜ ਵਿਧੀਆਂ ਬਾਰੇ ਜਾਣਕਾਰੀ ਦਿੱਤੀ ਗਈ, ਨਾਲ ਹੀ ਛੋਟੇ ਪੈਮਾਨੇ 'ਤੇ ਪ੍ਰੋਸੈਸਿੰਗ ਯੂਨਿਟ ਸਥਾਪਤ ਕਰਨ ਲਈ ਸਥਾਨਕ ਵਿਕਲਪਾਂ ਦੀ ਉਪਲਬਧਤਾ ਬਾਰੇ ਜਾਣਕਾਰੀ ਦਿੱਤੀ ਗਈ।ਇਸ ਤੋਂ ਇਲਾਵਾ ਉਨ੍ਹਾਂ ਨੂੰ ਮੁੱਲ-ਵਰਧਿਤ ਉਤਪਾਦਾਂ 'ਤੇ ਕੇਂਦ੍ਰਿਤ ਸਿਖਲਾਈ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ ਗਈ, ਜੋ ਸੂਖਮ ਉੱਦਮ ਵਿਕਾਸ ਲਈ ਨਵੇਂ ਰਸਤੇ ਖੋਲ੍ਹ ਸਕਦੇ ਹਨ।ਇਸ ਮੌਕੇ ਦੱਸਿਆ ਗਿਆ ਕਿ ਇਹ ਸੈਸ਼ਨ ਟਿਕਾਊ ਖੇਤੀਬਾੜੀ, ਉੱਦਮਤਾ ਤੇ ਆਧੁਨਿਕ ਖੇਤੀਬਾੜੀ ਅਭਿਆਸਾਂ ਵਿੱਚ ਕਿਸਾਨ ਸਮਰੱਥਾ ਬਣਾਉਣ ਲਈ ਤਿਆਰ ਕੀਤੇ ਗਏ ਹਨ।ਇਸ ਪ੍ਰੋਗਰਾਮ ਦਾ ਮਕਸਦ ਕਿਸਾਨਾਂ ਨੂੰ ਨਵੀਨਤਮ, ਸਰਕਾਰੀ ਯੋਜਨਾਵਾਂ ਤੇ ਸਹਾਇਤਾ ਪ੍ਰਣਾਲੀਆਂ ਨਾਲ ਜੋੜਨ ਲਈ ਇੱਕ ਮਹੱਤਵਪੂਰਨ ਪਲੇਟਫਾਰਮ ਮੁਹੱਈਆ ਕਰਾਉਣਾ ਹੈ।

# ਸਬ-ਡਵੀਜ਼ਨ ਤੇ ਜ਼ਿਲ੍ਹਾ ਪੱਧਰੀ ਸ਼ਿਕਾਇਤ ਨਿਵਾਰਨ ਕਮੇਟੀਆਂ ਗਠਿਤ ਨਾ ਹੋਣ ਕਰਕੇ ਸਵਾਲ ਖੜੇ ਹੋਏ

ਮਾਨਸਾ (ਆਤਮਾ ਸਿੰਘ ਪਮਾਰ)

ਆਮ ਆਦਮੀ ਪਾਰਟੀ ਦੀ ਸਰਕਾਰ ਦੇ ਰਾਜ ਭਾਗ ਵਿੱਚ ਆਮ ਲੋਕਾਂ ਦੀ ਸਰਕਾਰੇ-ਦਰਬਾਰੇ ਕੋਈ ਸੁਣਵਾਈ ਨਹੀਂ ਹੋ ਰਹੀ ਅਤੇ ਦਫ਼ਤਰੀ ਬਾਬੂਆਂ ਵੱਲੋਂ ਸ਼ਰੇਆਮ ਕਥਿਤ ਲੁੱਟ ਕੀਤੀ ਜਾ ਰਹੀ ਹੈ।ਹਰ ਇੱਕ ਮਹਿਕਮੇ ਵਿੱਚ ਭ੍ਰਿਸ਼ਟਾਚਾਰ ਦੀਆਂ ਚੜ੍ਹ ਮੱਚੀਆਂ ਹਨ।ਇਸ ਲੁੱਟ ਖਸੁੱਟ ਵਿਰੁੱਧ ਆਪਣੀ ਆਵਾਜ਼ ਉਠਾਉਣ ਲਈ ਸਰਕਾਰੀ ਪੱਧਰ 'ਤੇ ਕੋਈ ਵੀ ਪਲੇਟਫਾਰਮ ਮੌਜੂਦ ਨਹੀਂ ਹੈ।ਇਸ ਤੋਂ ਪਹਿਲੀਆਂ ਸਰਕਾਰਾਂ ਵਿੱਚ ਬਕਾਇਦਾ ਰੂਪ ਵਿੱਚ ਜ਼ਿਲ੍ਹਾ ਤੇ ਸਬ-ਡਵੀਜ਼ਨ ਪੱਧਰ 'ਤੇ ਸ਼ਿਕਾਇਤ ਨਿਵਾਰਨ ਕਮੇਟੀਆਂ ਦਾ ਗਠਨ ਕੀਤਾ ਜਾਂਦਾ ਰਿਹਾ ਹੈ।ਇਹ ਗੱਲ ਵੱਖਰੀ ਹੈ ਕਿ ਇਨ੍ਹਾਂ ਕਮੇਟੀਆਂ ਦੀਆਂ ਮੀਟਿੰਗਾਂ ਗਾਹੇ-ਬਗਾਹੇ ਹੀ ਹੁੰਦੀਆਂ ਸਨ।ਇਨ੍ਹਾਂ ਸ਼ਿਕਾਇਤ ਨਿਵਾਰਨ ਕਮੇਟੀਆਂ ਵਿੱਚ ਸੱਤਾਧਾਰੀ ਧਿਰ ਸਮੇਤ ਵੱਖ-ਵੱਖ ਮਾਨਤਾ ਪ੍ਰਾਪਤ ਰਾਸ਼ਟਰੀ ਤੇ ਖੇਤਰੀ ਪਾਰਟੀਆਂ ਦੇ ਨੁਮਾਇੰਦਿਆਂ ਤੋਂ ਇਲਾਵਾ ਵੱਖ-ਵੱਖ ਵਰਗਾਂ ਤੇ ਖੇਤਰਾਂ ਵਿੱਚੋਂ ਵੀ ਨੁਮਾਇੰਦਿਆਂ ਦੀ ਨਾਮਜ਼ਦਗੀ ਕੀਤੀ ਜਾਂਦੀ ਸੀ।ਮੌਜੂਦਾ ਸਰਕਾਰ ਨੇ ਆਪਣੇ ਕਾਰਜਕਾਲ ਦਾ ਅੱਧੋਂ ਵੱਧ ਸਮਾ ਪੂਰਾ ਕਰ ਲਿਆ ਹੈ, ਪਰ ਅਜੇ ਤੱਕ ਸ਼ਿਕਾਇਤ ਨਿਵਾਰਨ ਕਮੇਟੀਆ ਕਮੇਟੀਆਂ ਦੀ ਬਾਈ ਧਾਈ ਵੀ ਨਜ਼ਰੀਂ ਨਹੀਂ ਪੈਂਦੀ।ਅਜਿਹਾ ਨਾ ਹੋਣਾ ਜਿੱਥੇ ਆਮ ਆਦਮੀ ਪਾਰਟੀ ਦੇ ਪੰਜਾਬ ਯੂਨਿਟ ਤੇ ਪੰਜਾਬ ਸਰਕਾਰ ਦੀ ਖ਼ੁਦਮੁਖ਼ਤਿਆਰੀ 'ਤੇ ਸਵਾਲ ਖੜ੍ਹੇ ਕਰਦਾ ਹੈ, ਉੱਥੇ ਅਫ਼ਸਰਸ਼ਾਹੀ ਲਈ ਖੁੱਲ੍ਹੇ ਰੂਪ ਵਿੱਚ ਕਥਿਤ ਤੌਰ 'ਤੇ ਸ਼ਰੇਆਮ ਭ੍ਰਿਸ਼ਟਾਚਾਰ ਦਾ ਰਾਹ ਵੀ ਪੱਧਰਾ ਕਰਦਾ ਹੈ।ਸੱਤਾਧਾਰੀ ਪਾਰਟੀ ਦੇ ਵਲੰਟੀਅਰ, ਜਿਨ੍ਹਾਂ ਨੂੰ ਮੁੱਖ ਮੰਤਰੀ ਸਾਹਿਬ ਭਮੱਕੜ ਕਹਿ ਕੇ ਸੰਬੋਧਨ ਹੁੰਦੇ ਹਨ, ਇਨ੍ਹਾਂ ਕਮੇਟੀਆਂ ਦੇ ਮਾਧਿਅਮ ਰਾਹੀਂ ਆਪਣੇ ਆਪ ਨੂੰ ਅਫ਼ਸਰਸ਼ਾਹੀ ਦੇ ਖੇਮੇ ਵਿੱਚ ਪ੍ਰਭਾਵੀ ਹੋਣ ਦਾ ਸੁਪਨਾ ਆਪਣੇ ਦਿਲਾਂ ਵਿੱਚ ਤਿੰਨ ਸਾਲ ਤੋਂ ਵੀ ਵੱਧ ਸਮੇਂ ਤੋਂ ਸਮੋਈ ਬੈਠੇ ਹਨ, ਪਰ ਉਨ੍ਹਾਂ ਲਈ ਉਕਤ ਕਮੇਟੀਆਂ ਦਾ ਗਠਨ ਊਠ ਦਾ ਬੁੱਲ੍ਹ ਬਣਿਆ ਹੋਇਆ ਹੈ।ਕਾਂਗਰਸ ਤੇ ਅਕਾਲੀ-ਭਾਜਪਾ ਗਠਜੋੜ ਦੀਆਂ ਸਰਕਾਰਾਂ ਵਿੱਚ ਉਕਤ ਕਮੇਟੀਆਂ ਬਕਾਇਦਾ ਰੂਪ ਵਿਚ ਹੁੰਦਾ ਸੀ।ਸੂਤਰਾਂ ਤੋਂ ਪਤਾ ਲੱਗਿਆ ਹੈ ਕਿ ਜ਼ਿਲ੍ਹਾ ਤੇ ਸਬ ਡਵੀਜ਼ਨ ਦੀਆਂ ਸ਼ਿਕਾਇਤ ਨਿਵਾਰਨ ਕਮੇਟੀਆਂ ਸਬੰਧੀ ਦੋ ਢਾਈ ਸਾਲ ਪਹਿਲਾਂ ਨੁਮਾਇੰਦਿਆਂ ਦੇ ਨਾਵਾਂ ਦੀਆਂ ਸੂਚੀਆਂ ਸਰਕਾਰ ਦੁਆਰਾ ਮੰਗਵਾਈਆਂ ਜਾ ਚੁੱਕੀਆਂ ਹਨ।ਸਿਆਸੀ ਹਲਕਿਆਂ ਵਿੱਚ ਚਰਚਾ ਹੈ ਕਿ ਦਿੱਲੀ ਵਾਲਿਆਂ ਵੱਲੋਂ ਹਰੀ ਝੰਡੀ ਨਾ ਮਿਲਣ ਕਰਕੇ ਇਨ੍ਹਾਂ ਕਮੇਟੀਆਂ ਦੇ ਗਠਨ ਦਾ ਐਲਾਨ ਰੁਕਿਆ ਹੋਇਆ ਹੈ।ਸੂਬੇ ਦੇ ਹਾਲਾਤ ਅਜਿਹੇ ਹਨ ਕਿ ਅਫ਼ਸਰਸ਼ਾਹੀ ਮਨਮਾਨੀਆਂ ਕਰ ਰਹੀ ਹੈ ਤੇ ਸੱਤਾਧਾਰੀ ਪਾਰਟੀ ਦੇ ਕਿਸੇ ਵੀ ਆਗੂ ਦਾ ਦਬਦਬਾ ਅਫ਼ਸਰਸ਼ਾਹੀ ਉੱਤੇ ਨਹੀਂ ਹੈ। ਰਿਪੋਰਟਾਂ ਤੋਂ ਪਤਾ ਲੱਗਦਾ ਹੈ ਕਿ ਕਈ ਵਿਧਾਇਕਾਂ ਤੱਕ ਦੀ ਵੀ ਨੌਕਰਸ਼ਾਹੀ ਕੋਈ ਸੁਣਵਾਈ ਨਹੀਂ ਹੈ।ਇਸ ਸਬੰਧੀ ਹਿੰਦ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਦੇ ਸੂਬਾਈ ਆਗੂ ਤੇ ਜ਼ਿਲ੍ਹਾ ਮਾਨਸਾ ਦੇ ਸਕੱਤਰ ਕਾਮਰੇਡ ਸਵਰਨਜੀਤ ਸਿੰਘ ਦਲਿਓ ਐਡਵੋਕੇਟ ਨੇ ਆਪਣੇ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਮੁਕਾਬਲੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਤੋਂ ਲੋਕਾਂ ਨੂੰ ਕਾਫੀ ਉਮੀਦਾਂ ਸਨ, ਪਰ ਸਰਕਾਰ ਹਰ ਖੇਤਰ ਵਿੱਚ ਨਿਕੰਮੀ ਸਾਬਤ ਹੋ ਰਹੀ ਹੈ ਅਤੇ ਇਨ੍ਹਾਂ ਦੇ ਰਾਜ ਭਾਗ ਵਿੱਚ ਪੁਲਿਸ ਅਤੇ ਪ੍ਰਸ਼ਾਸਨਿਕ ਅਫ਼ਸਰਸ਼ਾਹੀ ਬਿਲਕੁਲ ਬੇਲਗਾਮ ਹੋ ਚੁੱਕੀ ਹੈ, ਸਰਕਾਰ ਦੀ ਅਫ਼ਸਰਸ਼ਾਹੀ 'ਤੇ ਕਿਧਰੇ ਵੀ ਪਕੜ ਨਜ਼ਰੀ ਨਹੀਂ ਪੈਂਦੀ, ਸਗੋਂ ਇਸਦੇ ਉਲਟ ਆਪ ਪਾਰਟੀ ਅਤੇ ਸਰਕਾਰ ਦਾ ਕਾਰਜ ਭਾਰ ਅਫਸਰਾਂ ਦੇ ਰਹਿਮੋ ਕਰਮ 'ਤੇ ਹੀ ਟਿਕਿਆ ਹੋਇਆ ਜਾਪਦਾ ਹੈ।

## ਏਡਜ਼ ਕੰਟਰੋਲ ਇੰਪਲਾਈਜ਼ ਵੈੱਲਫੇਅਰ ਐਸੋਸੀਏਸ਼ਨ ਵੱਲੋਂ 8 ਨੂੰ ਰੋਸ ਪ੍ਰਦਰਸ਼ਨ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਪੰਜਾਬ ਏਡਜ਼ ਕੰਟਰੋਲ ਇੰਪਲਾਈਜ਼ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਰੈਗੂਲਰ ਤੇ 20 ਫੀਸਦੀ ਤਨਖਾਹ ਵਿਚ ਵਾਧਾ ਨਾ ਕਰਨ ਦੇ ਰੋਸ ਵਜੋਂ ਲੁਧਿਆਣਾ ਵਿਖੇ ਹੋ ਰਹੀਆਂ ਜ਼ਿਮਨੀ ਚੋਣਾਂ ਵਿੱਚ 8 ਜੂਨ ਨੂੰ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਨ ਦਾ ਫ਼ੈਸਲਾ ਕੀਤਾ ਹੈ। ਜ਼ਿਕਰਯੋਗ ਹੈ ਕਿ ਜਥੇਬੰਦੀ ਵੱਲੋਂ ਮਈ ਮਹੀਨੇ ਵਿੱਚ ਵੀ ਸ਼ਾਂਤਮਈ ਰੋਸ ਮਾਰਚ ਆਪ ਦੇ ਸੰਸਦ ਮੈਂਬਰ ਤੇ ਲੁਧਿਆਣਾ ਪੱਛਮੀ ਤੋਂ ਉਮੀਦਵਾਰ ਸੰਜੀਵ ਅਰੋੜਾ ਦੇ ਮੁੱਖ ਦਫਤਰ ਤੱਕ ਕੀਤਾ ਗਿਆ ਸੀ, ਜਿਸ ਉਪਰੰਤ ਸੰਜੀਵ ਅਰੋੜਾ ਨੇ ਮੰਗ ਪੱਤਰ ਸਬੰਧਤ ਅਧਿਕਾਰੀਆਂ ਨੂੰ ਭੇਜਣ ਉਪਰੰਤ ਮੰਗਾਂ ਮੰਨਣ ਦਾ ਵਿਸ਼ਵਾਸ ਦਿਵਾਇਆ ਸੀ, ਪਰ ਐਨੇ ਦਿਨ ਬੀਤ ਜਾਣ ਦੇ ਬਾਵਜੂਦ ਉਨ੍ਹਾਂ ਦੀਆਂ ਮੰਗਾਂ ਨਹੀਂ ਲਾਗੂ ਕੀਤੀਆਂ ਗਈਆਂ, ਜਿਸ ਕਾਰਨ ਸਮੂਹ ਕ੍ਰਮਚਾਰੀਆਂ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਸੂਬਾ ਪ੍ਰਧਾਨ ਜਸਮੇਲ ਸਿੰਘ ਦਿਉਲ ਵੱਲੋਂ ਸਰਕਾਰ ਦੀ ਵਾਅਦਾਖਿਲਾਫ਼ੀ ਖਿਲਾਫ਼ ਲੁਧਿਆਣਾ ਵਿਖੇ ਜ਼ਿਮਨੀ ਚੋਣਾਂ ਵਿੱਚ ਘਰ-ਘਰ ਜਾ ਕੇ ਸਰਕਾਰ ਦੇ ਝੂਠੇ ਵਾਅਦਿਆਂ ਦਾ ਪਰਦਾਫਾਸ਼ ਕੀਤਾ ਜਾਵੇਗਾ ਤੇ ਰੋਸ ਰੈਲੀ ਕੱਢ ਕੇ ਸਰਕਾਰ ਖ਼ਿਲਾਫ਼ ਪ੍ਰਦਰਸ਼ਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਲੁਧਿਆਣਾ ਵਿਖੇ ਆਉਣ ਵਾਲੇ ਮੁੱਖ ਮੰਤਰੀ ਤੇ ਕੇਜਰੀਵਾਲ ਦਾ ਵੀ ਘੇਰਾਉ ਕਰਕੇ ਕਾਲੀਆਂ ਝੰਡੀਆਂ ਵਿਖਾਈਆਂ ਜਾਣਗੀਆਂ।

# ਆਪ ਸਰਕਾਰ ਦਾ ਸ਼ਾਸਨ: ਦਿੱਲੀ ਲਈ ਗੱਫ਼ੇ, ਪੰਜਾਬੀਆਂ ਨੂੰ ਧੋਖਾ : ਝਿੰਜਰ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਨੇ ਪਿਛਲੇ ਇੱਕ ਮਹੀਨੇ ਵਿੱਚ ਪੰਜਾਬ 'ਚ ਵਾਪਰੇ ਕਈ ਦੁਖਦਾਈ ਹਾਦਸਿਆਂ 'ਤੇ ਪੰਜਾਬ ਸਰਕਾਰ ਨੂੰ ਘੇਰਦਿਆਂ ਕਿਹਾ, ਇਹਨਾਂ ਹਾਦਸਿਆਂ ਨੇ ਇੱਕ ਵਾਰ ਫਿਰ ਤੋਂ ਸਰਕਾਰ ਦੀ ਸੰਵੇਦਨਸ਼ੀਲਤਾ ਅਤੇ ਜਵਾਬਦੇਹੀ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਇਹ ਹਾਦਸੇ ਨਾ ਸਿਰਫ਼ ਮਨੁੱਖੀ ਜਾਨਾਂ ਦੇ ਨੁਕਸਾਨ ਦਾ ਕਾਰਨ ਬਣੇ, ਸਗੋਂ ਸਰਕਾਰ ਦੀ ਤਰਜੀਹਾਂ 'ਤੇ ਵੀ ਗੰਭੀਰ ਸਵਾਲ ਚੁੱਕਦੇ ਹਨ।ਪੰਜਾਬ ਵਿੱਚ ਹੋਏ ਡ੍ਰੋਨ ਹਮਲੇ ਬਾਰੇ ਝਿੰਜਰ ਨੇ ਕਿਹਾ, ਪਾਕਿਸਤਾਨ ਵੱਲੋਂ ਹੋਏ ਡਰੋਨ ਹਮਲੇ ਵਿੱਚ ਸੁਖਵਿੰਦਰ ਕੌਰ ਦੀ ਮੌਤ ਹੋਈ, ਇਹ ਹਮਲਾ ਸਿਰਫ਼ ਇੱਕ ਵਿਅਕਤੀ ਦੀ ਮੌਤ ਨਹੀਂ ਸੀ, ਸਗੋਂ ਇਸਨੇ ਰਾਸ਼ਟਰ ਦੀ ਸੁਰੱਖਿਆ 'ਤੇ ਵੀ ਕਈ ਸਵਾਲ ਖੜ੍ਹੇ ਕੀਤੇ ਹਨ। ਪਰ ਅਫ਼ਸੋਸ, ਪੰਜਾਬ ਸਰਕਾਰ ਵੱਲੋਂ ਹਮਲੇ ਵਿੱਚ ਜਾਨ ਗਵਾਉਣ ਵਾਲੀ ਮਹਿਲਾ ਦੇ ਪਰਵਾਰ ਨੂੰ ਨਾ ਕੋਈ ਮੁਆਵਜ਼ਾ ਦਿੱਤਾ ਗਿਆ ਅਤੇ ਨਾ ਹੀ ਕੋਈ ਸੰਵੇਦਨਾ ਪ੍ਰਗਟ ਕੀਤੀ ਗਈ।ਵਾਇਰਮੈਨ ਗਗਨਦੀਪ ਸਿੰਘ ਦੀ ਸ਼ਹਾਦਤ 'ਤੇ ਭਾਵੁਕ ਲਹਿਜੇ 'ਚ ਝਿੰਜਰ ਨੇ ਕਿਹਾ, ਸਿਰਫ਼ ?10,000 ਦੀ ਆਊਟਸੋਰਸ ਤਨਖ਼ਾਹ 'ਤੇ ਕੰਮ ਕਰ ਰਹੇ ਵਾਇਰਮੈਨ ਗਗਨਦੀਪ ਸਿੰਘ ਨੇ ਕਿਸਾਨਾਂ ਦੀਆਂ ਸੜ ਰਹੀਆਂ ਫ਼ਸਲਾਂ ਨੂੰ ਬਚਾਉਂਦੇ ਹੋਏ ਆਪਣੀ ਜਾਨ ਗੁਆ ਦਿੱਤੀ ਪਰ ਉਨ੍ਹਾਂ ਦੇ ਪਰਵਾਰ ਨੂੰ ਵੀ ਆਪ ਸਰਕਾਰ ਵੱਲੋਂ ਕੁੱਝ ਨਹੀਂ ਦਿੱਤਾ ਗਿਆ।ਅਧਿਆਪਕ ਨਰਿੰਦਰ ਸਿੰਘ ਨੂੰ ਬਠਿੰਡਾ ਪੁਲਸ ਵੱਲੋਂ ਕੁੱਟੇ ਜਾਣ ਕਾਰਨ ਹੋਈ ਮੌਤ ਦਾ ਅਫ਼ਸੋਸ ਕਰਦਿਆਂ ਝਿੰਜਰ ਨੇ ਕਿਹਾ, ਬਠਿੰਡਾ ਦੇ ਸੀ.ਆਈ.ਏ. ਸਟਾਫ ਵੱਲੋਂ ਅਧਿਆਪਕ ਨਰਿੰਦਰ ਸਿੰਘ ਨੂੰ ਤਸੀਹੇ ਦੇ ਕੇ ਮਾਰ ਦਿੱਤਾ ਗਿਆ। ਪਰਵਾਰ ਵੱਲੋਂ ਅੰਤਿਮ ਸੰਸਕਾਰ ਤੋਂ ਇਨਕਾਰ ਕਰਨ 'ਤੇ ਚਾਰ ਪੁਲਸ ਅਧਿਕਾਰੀਆਂ 'ਤੇ ਕੇਸ ਦਰਜ ਹੋਏ, ਪਰ ਅਜੇ ਤੱਕ ਕੋਈ ਗ੍ਰਿਫ਼ਤਾਰੀ ਨਹੀਂ ਹੋਈ ਅਤੇ ਨਾ ਹੀ ਪਰਵਾਰ ਨੂੰ ਕੋਈ ਇਨਸਾਫ਼ ਮਿਲਿਆ।ਅਗਨੀਵੀਰ ਆਕਾਸ਼ਦੀਪ ਸਿੰਘ ਦੀ ਸ਼ਹਾਦਤ ਬਾਰੇ ਝਿੰਜਰ ਨੇ ਕਿਹਾ, ਫ਼ਰੀਦਕੋਟ ਦੇ ਅਗਨੀਵੀਰ ਆਕਾਸ਼ਦੀਪ ਸਿੰਘ ਨੇ ਜੰਮੂ-ਕਸ਼ਮੀਰ ਵਿੱਚ ਡਿਊਟੀ ਦੌਰਾਨ ਆਪਣੀ ਜਾਨ ਗੁਆ ਦਿੱਤੀ। ਪਰ ਭਗਵੰਤ ਮਾਨ ਸਰਕਾਰ ਵੱਲੋਂ ਕੋਈ ਮੁਆਵਜ਼ਾ ਜਾਂ ਪਰਵਾਰ ਲਈ ਸਹਾਇਤਾ ਦੀ ਘੋਸ਼ਣਾ ਨਹੀਂ ਕੀਤੀ ਗਈ।ਅੰਮ੍ਰਿਤਸਰ ਜ਼ਹਿਰੀਲੀ ਸ਼ਰਾਬ ਕਾਂਡ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ, ਅੰਮ੍ਰਿਤਸਰ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਕਾਰਨ ਕਈ ਲੋਕਾਂ ਦੀ ਮੌਤ ਹੋਈ। ਮੁੱਖ ਮੰਤਰੀ ਨੇ ਇਸ ਨੂੰ 'ਹੱਤਿਆ' ਕਰਾਰ ਦਿੱਤਾ ਅਤੇ ਦੋਸ਼ੀਆਂ ਖ਼ਿਲਾਫ਼ ਕਾਰਵਾਈ ਦੀ ਘੋਸ਼ਣਾ ਕੀਤੀ, ਪਰ ਅਜੇ ਤੱਕ ਨਤੀਜੇ ਸਾਹਮਣੇ ਨਹੀਂ ਆਏ। ਦੂਜੇ ਪਾਸੇ, ਦਿੱਲੀ ਵੱਲੋਂ ਰਿਜੈਕਟ ਕੀਤੇ ਗਏ ਆਮ ਆਦਮੀ ਪਾਰਟੀ ਦੇ ਨੇਤਾਵਾਂ ਦੇ ਪਰਵਾਰਾਂ ਨੂੰ ਪੰਜਾਬ ਵਿੱਚ ਉੱਚੇ ਅਹੁਦੇ ਅਤੇ ਨੌਕਰੀ ਨੁਮਾ ਮੁਆਵਜ਼ੇ ਦਿੱਤੇ ਜਾ ਰਹੇ ਹਨ।

# ਫੂਡ ਸੇਫ਼ਟੀ ਟੀਮ ਨੇ ਖਾਣ-ਪੀਣ ਵਾਲੇ ਪਦਾਰਥਾਂ ਦੇ 8 ਸੈਂਪਲ ਭਰੇ



**ਜਲੰਧਰ (ਸੁਰਿੰਦਰ ਕੁਮਾਰ)**- ਸਥਾਨਕ ਜਲੰਧਰ 'ਚ ਲੋਕਾਂ ਦੀ ਸਿਹਤ ਨੂੰ ਧਿਆਨ 'ਚ ਰੱਖਦਿਆਂ ਸਿਹਤ ਵਿਭਾਗ ਦੀ ਟੀਮ ਨੇ ਜਲੰਧਰ 'ਚ ਖਾਣ-ਪੀਣ ਵਾਲੇ ਪਦਾਰਥਾਂ ਵਿੱਚ ਮਿਲਾਵਟ ਨੂੰ ਰੋਕਣ ਲਈ ਚੁੱਕੇ ਜਾ ਰਹੇ ਕਦਮਾਂ ਦੀ ਲੜੀ ਤਹਿਤ ਫੂਡ ਸੇਫ਼ਟੀ ਟੀਮ ਜਲੰਧਰ ਵੱਲੋਂ ਕਮਿਸ਼ਨਰ ਫੂਡ ਅਤੇ ਡਰੱਗ ਐਡਮਿਨਿਸਟ੍ਰੇਸ਼ਨ ਦਿਲਰਾਜ ਸਿੰਘ ਦੀਆਂ ਹਦਾਇਤਾਂ 'ਤੇ ਅੱਜ ਵੱਖ-ਵੱਖ ਇਲਾਕਿਆਂ ਵਿੱਚ ਨਿਰੀਖਣ ਦੌਰਾਨ ਖਾਣ-ਪੀਣ ਵਾਲੇ ਪਦਾਰਥਾਂ ਦੇ 8 ਸੈਂਪਲ ਭਰੇ ਗਏ।ਸਹਾਇਕ ਕਮਿਸ਼ਨਰ ਫੂਡ ਹਰਜੋਤ ਪਾਲ ਸਿੰਘ ਅਤੇ ਫੂਡ ਸੇਫ਼ਟੀ ਅਫ਼ਸਰ ਰਾਸ਼ੂ ਮਹਾਜਨ ਦੀ ਨਿਗਰਾਨੀ ਹੇਠ ਫੂਡ ਟੀਮ ਵੱਲੋਂ ਡੰਗਪੁਰ, ਕਿਸ਼ਨਗੜ੍ਹ ਅਤੇ ਸਰਮਸਤਪੁਰ ਇਲਾਕਿਆਂ ਵਿੱਚ ਖਾਧ ਪਦਾਰਥਾਂ ਨਾਲ ਸਬੰਧਤ ਅਦਾਰਿਆਂ ਦਾ ਨਿਰੀਖਣ ਕੀਤਾ ਗਿਆ ਅਤੇ ਅਗਲੇਰੀ ਜਾਂਚ ਲਈ ਆਟਾ, ਸਰ੍ਹੋਂ ਦਾ ਤੇਲ, ਗ੍ਰੇਵੀ, ਕਾਲਾ ਨਮਕ, ਪਾਨ ਮਸਾਲਾ, ਅੰਜੀਰ, ਬੇਸਨ ਸਮੇਤ ਖਾਣ-ਪੀਣ ਵਾਲੀਆਂ ਵਸਤੂਆਂ ਦੇ ਕੁੱਲ 8 ਨਮੂਨੇ ਲਏ ਗਏ। ਇਸ ਦੌਰਾਨ ਖਾਧ ਪਦਾਰਥ ਵੇਚਣ ਵਾਲਿਆਂ ਨੂੰ ਆਪਣੀ ਸਾਲਾਨਾ ਆਮਦਨ ਅਨੁਸਾਰ ਫੂਡ ਸੇਫ਼ਟੀ ਐਕਟ ਅਧੀਨ ਲਾਇਸੈਂਸ ਪ੍ਰਾਪਤ ਕਰਨ ਲਈ ਜਾਗਰੂਕ ਵੀ ਕੀਤਾ ਗਿਆ।

# ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ 'ਚ ਮੁੱਦੇ ਵਿਚਾਰੇ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਾਪੁਰੀ)**- ਪੈਨਸ਼ਨਰ ਐਸੋਸੀਏਸ਼ਨ ਸਿਟੀ ਡਵੀਜ਼ਨ ਕਪੂਰਥਲਾ ਦੀ ਹੰਗਾਮੀ ਮੀਟਿੰਗ ਰੇਲਮ ਲਾਲ ਦੀ ਪ੍ਰਧਾਨਗੀ ਹੇਠ ਲੋਹੀਆਂ ਵਿਖੇ ਹੋਈ।ਮੀਟਿੰਗ ਵਿੱਚ ਵੱਖ ਵੱਖ ਬੁਲਾਰਿਆਂ ਨੇ ਕੇਂਦਰ ਸਰਕਾਰ ਵੱਲੋਂ ਪੈਨਸ਼ਨਰਾਂ ਖ਼ਿਲਾਫ਼ ਕੀਤੇ ਫ਼ੈਸਲੇ ਜਿਸ ਵਿਚ ਪੈਨਸ਼ਨ ਸੋਧ ਉੱਤੇ ਪਾਬੰਦੀ ਲਗਾਉਣ, ਡੀ ਏ ਬੰਦ ਕਰਨ ਵਰਗੇ ਹੁਕਮ ਦੇ ਖ਼ਿਲਾਫ਼ ਪੈਨਸ਼ਨਰਜ਼ ਸਰਕਾਰ ਦੇ ਖ਼ਿਲਾਫ਼ ਵੱਡੇ ਸੰਘਰਸ਼ ਕਰਨ ਲਈ ਮਜਬੂਰ ਹੋ ਰਹੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸਰਕਲ ਕਮੇਟੀ ਮੈਂਬਰ ਮੁਖਤਿਆਰ ਸਿੰਘ ਖਿੰਡਾ ਵੱਲੋਂ ਮੀਟਿੰਗ ਉਪਰੰਤ ਕੀਤਾ ਗਿਆ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ 13 ਫ਼ੀਸਦੀ ਡੀ ਏ ਨਹੀਂ ਦਿੱਤਾ। ਅੱਜ ਜਿਸ ਦੇ ਖ਼ਿਲਾਫ਼ ਪੈਨਸ਼ਨਰ ਧਰਨਾ ਲਾ ਕੇ ਪੰਜਾਬ ਸਰਕਾਰ ਦਾ ਵਿਰੋਧ ਕਰਦੇ ਹਨ। ਹੁਣ ਕੇਂਦਰ ਸਰਕਾਰ ਪੈਨਸ਼ਨਰਾਂ ਨੂੰ ਮਿਲਦੇ ਕਾਨੂੰਨੀ ਹੱਕ ਵੀ ਖੋਹਣ ਤੁਰ ਪਈ ਹੈ। ਇਹ ਪੈਨਸ਼ਨ ਦਾ ਹੱਕ ਬਹੁਤ ਵੱਡੀ ਜੱਦੋ ਜਹਿਦ ਕਰਕੇ ਲਿਆ ਗਿਆ ਹੈ। ਹੁਣ ਫਿਰ ਸਰਕਾਰ ਖ਼ਿਲਾਫ਼ ਡਟ ਕੇ ਵਿਰੋਧ ਕਰਨ ਤੇ ਸੰਘਰਸ਼ ਲਈ ਤਿਆਰ ਰਹਿਣਾ ਹੋਵੇਗਾ। ਉਹਨਾਂ ਕਿਹਾ ਕਿ ਇਹ ਕਾਨੂੰਨ ਚੁੱਪ ਚੁਪੀਤੇ ਸਰਕਾਰ ਨੇ ਪਾਸ ਕਰਨ ਦੀ ਖੇਡ ਖੇਡੀ ਹੈ ਜਿਸ ਦਾ ਕਿਸੇ ਵੀ ਰਾਜਨੀਤਕ ਪਾਰਟੀ ਨੇ ਵਿਰੋਧ ਨਹੀਂ ਕੀਤਾ।



ਪੰਜਾਬ ਸਰਕਾਰ ਪਹਿਲਾਂ ਹੀ ਪੈਨਸ਼ਨਰਾਂ ਨੂੰ ਕੁਝ ਦੇਣ ਲਈ ਤਿਆਰ ਨਹੀਂ ਹੈ, ਇਸ ਸਮੇਂ ਸਾਨੂੰ ਸੰਘਰਸ਼ ਲੜਨ ਦੀ ਲੋੜ ਹੈ। ਮੀਟਿੰਗ ਵਿੱਚ ਰੇਲਮ ਲਾਲ ਪ੍ਰਧਾਨ ਨੇ ਦੱਸਿਆ ਕਿ ਇੱਥੇ ਕਾਰਪੋਰੇਟਾਂ ਦਾ ਗਲਬਾ ਹੈ ਅਤੇ ਸਰਕਾਰ ਉਹਨਾਂ ਦੇ ਇਸ਼ਾਰਿਆਂ 'ਤੇ ਕੰਮ ਕਰਦੀ ਹੈ। ਉਹਨਾਂ ਕਿਹਾ ਕਿ ਜ਼ਮੀਨਾਂ ਬਚਾਉਣ, ਨਸ਼ਿਆਂ ਤੋਂ ਨੌਜਵਾਨ ਬਚਾਉਣ, ਪੈਨਸ਼ਨਾਂ ਬਚਾਉਣ ਵਾਸਤੇ ਕਿਸਾਨ ਮਜ਼ਦੂਰ ਪੈਨਸ਼ਨਰ ਅਤੇ ਮੁਲਾਜ਼ਮ ਸਾਂਝੇ ਸੰਘਰਸ਼ ਕਰਨ ਲਈ ਤਿਆਰ ਹੋਣ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਪੰਜਾਬ ਸਰਕਾਰ ਅਤੇ ਪਾਵਰ ਕਾਮ ਮੈਨੇਜਮੈਂਟ ਵੱਲੋਂ ਪੈਨਸ਼ਨਰਾਂ ਨੂੰ ਏਰੀਅਰ ਅਪ੍ਰੈਲ 2025 ਤੋਂ ਨਾ ਦਿੱਤੇ ਜਾਣ ਦੇ ਖ਼ਿਲਾਫ਼ 16 ਜੂਨ ਨੂੰ ਸਿਟੀ ਡਵੀਜ਼ਨ ਅਤੇ ਸਭ ਅਰਬਨ ਡਵੀਜ਼ਨ ਕਪੂਰਥਲਾ ਦਫ਼ਤਰਾਂ ਅੱਗੇ ਸਾਂਝਾ ਧਰਨਾ ਦੇਣਗੇ ਇਹ ਜਾਣਕਾਰੀ ਡਿਵੀਜ਼ਨ ਸਕੱਤਰ ਬਲਦੇਵ ਰਾਜ ਨੇ ਬਿਆਨ ਜਾਰੀ ਕਰਦਿਆਂ ਦਿੱਤੀ। ਉਹਨਾਂ ਕਿਹਾ ਕਿ ਜੇ ਸਰਕਾਰ ਨੇ ਪੈਨਸ਼ਨ ਵਿਰੋਧੀ ਫੈਸਲੇ ਵਾਪਸ ਨਾ ਲਏ ਤਾਂ ਪੈਨਸ਼ਨਰਜ਼ ਤਿੱਖੇ ਸੰਘਰਸ਼ ਕਰਨ ਲਈ ਮਜਬੂਰ ਹੋਣਗੇ। ਮੀਟਿੰਗ ਵਿੱਚ ਅਮਰਦੀਪ ਸਿੰਘ ,ਬਲਦੇਵ ਸਿੰਘ, ਗੁੱਜਣ ਸਿੰਘ, ਕਰਮ ਸਿੰਘ, ਕੁਲਵਿੰਦਰ ਸਿੰਘ, ਰੇਸ਼ਮ ਸਿੰਘ, ਮੁਖਤਿਆਰ ਸਿੰਘ ਖਿੰਡਾ, ਸਰਵਣ ਸਿੰਘ, ਰਫੀਕ ਲਾਲ, ਸਿੰਗਾਰਾ ਸਿੰਘ, ਗਿਆਨ ਸਿੰਘ, ਤਰਸੇਮ ਸਿੰਘ, ਬਲਜੀਤ ਸਿੰਘ, ਰਜਿੰਦਰ ਕੁਮਾਰ ਜਈ, ਬਲਵਿੰਦਰ ਸਿੰਘ ਕੰਗ, ਸੁਰਜੀਤ ਸਿੰਘ ਟੁਰਨਾ, ਸੂਰਤਾ ਸਿੰਘ ਆਦਿ ਮੌਜੂਦ ਸਨ।

# ਜੀ ਐੱਨ ਐੱਮ ਨਰਸਿੰਗ ਦਾ ਨਤੀਜਾ ਸੌ ਫ਼ੀਸਦੀ ਰਿਹਾ



**ਬੰਗਾ (ਅਵਤਾਰ ਕਲੇਰ)** ਗੁਰੂ ਨਾਨਕ ਕਾਲਜ ਆਫ ਨਰਸਿੰਗ ਢਾਹਾਂ ਕਲੇਰਾਂ ਦੀ ਕਲਾਸ ਜੀ ਐਨ ਐਮ ਨਰਸਿੰਗ (ਪਹਿਲਾ ਸਾਲ) ਬੈਚ 2023-2026 ਦਾ ਸੌ ਫੀਸਦੀ ਨਤੀਜਾ ਆਇਆ ਹੈ।ਇਸ ਦੀ ਜਾਣਕਾਰੀ ਮੈਡਮ ਰਮਨਦੀਪ ਕੌਰ ਕੰਗ ਪ੍ਰਿੰਸੀਪਲ ਨੇ ਦਿੰਦੇ ਦੱਸਿਆ ਕਿ ਜੀ ਐਨ ਐਮ ਨਰਸਿੰਗ ਕਲਾਸ ਵਿਚੋਂ ਪਹਿਲਾ ਸਥਾਨ ਤਰਨਦੀਪ ਕੌਰ ਢਾਹਾਂ ਪੁੱਤਰੀ ਜਸਵੀਰ ਸਿੰਘ- ਰੀਨਾ ਪਿੰਡ ਢਾਹਾਂ, ਦੂਜਾ ਸਥਾਨ ਪ੍ਰਦੀਪ ਕੌਰ ਪੁੱਤਰੀ ਬਲਬੀਰ ਸਿੰਘ- ਬਲਜਿੰਦਰ ਕੌਰ ਕੁਲਥਮ ਅਤੇ ਤਰਨਪ੍ਰੀਤ ਕੌਰ ਪੁੱਤਰੀ ਹਰਵਿੰਦਰ ਸਿੰਘ- ਰਾਜਵੰਤ ਕੌਰ ਕੁਲਥਮ ਨੇ ਪ੍ਰਾਪਤ ਕਰਕੇ ਕੀਤਾ। ਤੀਸਰਾ ਸਥਾਨ ਗੀਤਕਾ ਬੈਂਸ ਪੁੱਤਰੀ ਜਗਜੀਤ ਸਿੰਘ- ਜਸਵਿੰਦਰ ਕੌਰ ਸ੍ਰੀ ਅਨੰਦਪੁਰ ਸਾਹਿਬ ਨੇ ਹਾਸਲ ਕੀਤਾ ਹੈ।ਇਸ ਮੌਕੇ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਸਮੂਹ ਟਰੱਸਟ ਮੈਂਬਰਾਂ ਵੱਲੋਂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਹਾਰਦਿਕ ਵਧਾਈਆਂ ਦਿੱਤੀਆਂ ਹਨ। ਇਸ ਮੌਕੇ ਮੈਡਮ ਸੁਖਮਿੰਦਰ ਕੌਰ ਉੱਪੀ, ਮੈਡਮ ਗੀਤੂ ਕਲਾਸ ਇੰਚਾਰਜ, ਮੈਡਮ ਵੰਦਨਾ ਸ਼ਰਮਾ, ਮੈਡਮ ਨੇਹਾ ਕੌਰ, ਮੈਡਮ ਕਿਰਨ ਬੇਦੀ, ਮੈਡਮ ਸੁਨੀਤਾ ਲਖਵਾਰਾ, ਮੈਡਮ ਮਨਦੀਪ ਕੌਰ, ਮੈਡਮ ਸੰਦੀਪ ਕੌਰ, ਗੁਰਮੀਤ ਸਿੰਘ, ਮੁਹੰਮਦ ਯੂਨਿਸ ਵਾਨੀ ਤੇ ਨਰਸਿੰਗ ਵਿਦਿਆਰਥੀ ਹਾਜ਼ਰ ਸਨ।

# ਸਿਲਵਰ ਓਕ ਸਕੂਲ ਦੇ ਬੱਚਿਆਂ ਐਕਟਿੰਗ ਤੇ ਪੇਂਟਿੰਗ 'ਚ ਜੌਹਰ ਦਿਖਾਏ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਵਿਖੇ ਭਾਰਤੀ ਭਾਸ਼ਾ ਸਮਰ ਕੈਂਪ 2025 ਦੇ ਦੌਰਾਨ ਬੱਚਿਆਂ ਨੇ ਅਲੱਗ ਅਲੱਗ ਗਤੀਵਿਧੀਆਂ ਵਿੱਚ ਆਪਣੀ ਕਾਬਲੀਅਤ ਦਿਖਾਈ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਹੇਠ ਭਾਰਤੀ ਭਾਸ਼ਾ ਸਮਰ ਕੈਂਪ ਖੂਬ ਦਿਲਚਸਪੀ ਨਾਲ ਲਗਾਇਆ ਜਾ ਰਿਹਾ ਹੈ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਦੱਸਿਆ ਕਿ ਸਰਕਾਰੀ ਨਿਰਦੇਸ਼ਾਂ ਅਨੁਸਾਰ ਸਾਡੇ ਵੱਲੋਂ ਬਰਾਬਰ ਦੀਆਂ ਵੱਖ ਵੱਖ ਭਾਸ਼ਾਵਾਂ ਵਿੱਚੋਂ ਤੇਲਗੂ ਭਾਸ਼ਾ ਚੁਣੀ ਗਈ ਸੀ ਜਿਸਦੇ ਅਧੀਨ ਬੱਚਿਆਂ ਨੇ ਬੀਤੇ ਦਿਨਾਂ ਵਿੱਚ ਬੀਟੇ ਪ੍ਰਦਰਸ਼ਿਤ ਕੀਤੇ ਅਤੇ ਅਲੱਗ ਅਲੱਗ ਤਰੀਕੇ ਦੀਆਂ ਤਮਿਲ ਸੱਭਿਆਚਾਰ ਨਾਲ ਸੰਬੰਧਤ ਪੇਂਟਿੰਗ ਬਣਾਈਆਂ। ਉਹਨਾਂ ਦੱਸਿਆ ਕਿ ਸਕੂਲ ਦੇ ਕੋਆਰਡੀਨੇਟਰ ਵਿਕਰਮਜੀਤ ਸਿੰਘ ਭੇਲਾ, ਸੀਸੀਏ ਵਿਭਾਗ ਦੇ ਬਲਜੀਤ ਕੌਰ ਅਤੇ ਸੁਮੀਤ ਕੌਰ ਦੀ ਅਗਵਾਈ ਵਿੱਚ ਬੱਚਿਆਂ ਨੇ ਤੇਲਗੂ ਭਾਸ਼ਾ ਦੀਆਂ ਛੋਟੀਆਂ ਛੋਟੀਆਂ ਪਰਫੋਰਮੈਂਸ ਤਿਆਰ ਕੀਤੀਆਂ ਅਤੇ ਉਨ੍ਹਾਂ ਦੀ ਪੇਸ਼ਕਾਰੀ ਕੀਤੀ। ਇਸ ਦੇ ਨਾਲ ਹੀ ਉਹਨਾਂ ਨੇ ਤੇਲਗੂ ਸੱਭਿਆਚਾਰ ਨਾਲ ਸੰਬੰਧਤ ਅਲੱਗ ਅਲੱਗ ਤਰੀਕੇ ਦੀਆਂ ਪੇਂਟਿੰਗਸ ਤਿਆਰ ਕੀਤੀਆਂ। ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਅਜਿਹੀਆਂ ਗਤੀਵਿਧੀਆਂ ਦੇ ਨਾਲ ਬੱਚਿਆਂ ਨੂੰ ਤੇਲਗੂ ਭਾਸ਼ਾ ਦੀ ਜਾਣਕਾਰੀ, ਗੱਲਬਾਤ ਕਰਨ ਦਾ ਤਰੀਕਾ ਅਤੇ ਉਹਨਾਂ ਲੋਕਾਂ ਦੇ ਸੱਭਿਆਚਾਰਕ ਵਰਤਾਰਿਆਂ ਬਾਰੇ ਜਾਣਕਾਰੀ ਮਿਲਦੀ ਹੈ ਤੇ ਬੱਚਿਆਂ ਨੇ ਬਹੁਤ ਹੀ ਵਧੀਆ ਤਰੀਕੇ ਨਾਲ ਇਸ ਭਾਸ਼ਾ ਨੂੰ ਸਿੱਖਿਆ ਅਤੇ ਐਕਟ ਪਰਫੋਰਮ ਕੀਤੇ। ਇਸ ਮੌਕੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਰਾਜਵੀਰ ਕੌਰ, ਰਾਜਵਿੰਦਰ ਕੌਰ, ਜਗਜੋਧ ਸਿੰਘ, ਅਮਰਜੀਤ ਕੌਰ ਸੈਣੀ, ਬਲਜੀਤ ਕੌਰ, ਸੁਮੀਤ ਕੌਰ, ਸੁਰੇਸ਼, ਵਿਸ਼ਾਲੀ, ਨੇਹਾ, ਗੁਰਪ੍ਰੀਤ, ਗੁਰਦੇਵ ਅਜੇ ਹਰਜੀਤ ਅਤੇ ਬਾਕੀ ਸਟਾਫ ਵੀ ਮੌਜੂਦ ਸੀ।

# 'ਮਹਿੰਦਰ ਸੂਦ ਵਿਰਕ ਦਾ ਚੌਥਾ ਕਾਵਿ ਸੰਗ੍ਰਹਿ 'ਸੱਚੇ ਸੁੱਚੇ ਹਰਫ਼' ਰੂਹ ਦੀ ਪਾਰਦਰਸ਼ਤਾ ਦਾ ਦਰਪਣ'

**ਫਗਵਾੜਾ (ਜਸਵਿੰਦਰ ਢੱਡਾ)**- ਮਹਿੰਦਰ ਸੂਦ ਵਿਰਕ ਇਕ ਉੱਭਰਦਾ ਨਾਮਵਰ ਨੌਜਵਾਨ ਸ਼ਾਇਰ ਹੈ ਜੋ ਬਹੁਤ ਹੀ ਘੱਟ ਸਮੇਂ ਵਿੱਚ ਚੰਗੇ ਨਾਮਵਰ ਸ਼ਾਇਰ ਲੇਖਕਾਂ ਦੀ ਕਤਾਰ ਵਿੱਚ ਜਾ ਖੜ੍ਹਤਾ ਹੈ। ਜਿਸ ਨੇ ਥੋੜ੍ਹੇ ਸਮੇਂ ਵਿੱਚ ਹੀ ਆਪਣੀ ਰੂਹ ਦਾ ਸ਼ੀਸ਼ਾ ਬਣ ਆਪਣੇ ਜਜ਼ਬਾਤਾਂ ਨੂੰ ਟਟੋਲ ਦੀਆਂ ਅਨੇਕਾਂ ਕਾਵਿ ਰਚਨਾਵਾਂ ਨੂੰ ਜਨਮ ਦਿੱਤਾ ਅਤੇ ਡਿਜੀਟਲ ਕ੍ਰਾਂਤੀ ਦਾ ਸਹਾਰਾ ਲੈਂਦੇ ਹੋਏ ਉਨ੍ਹਾਂ ਨੂੰ ਪੰਜਾਬੀ ਪਾਠਕਾਂ ਦੀਆਂ ਬਰੂਹਾਂ 'ਤੱਕ ਪਹੁੰਚਾਇਆ ਹੈ। ਮਹਿੰਦਰ ਸੂਦ ਨੇ ਆਪਣੀਆਂ ਕਾਵਿ ਰਚਨਾਵਾਂ ਵਿੱਚ ਆਪਣੀ ਰੂਹ ਤੋਂ ਉਪਜੇ ਆਪਣੇ ਜਜ਼ਬਾਤਾਂ ਨੂੰ ਕਿਸੇ ਵੀ ਭੇਦਿਸ਼ ਤੋਂ ਰਹਿਤ ਬਣਾਉਣ ਦਾ ਗੁਰ ਸਿੱਖਿਆ ਹੈ। ਵਿਰਕਾਂ ਪਿੰਡ ਦਾ ਇਹ ਨੌਜਵਾਨ ਸ਼ਾਇਰ ਜਿਸ ਨੇ ਬਹੁਤ ਹੀ ਘੱਟ ਸਮੇਂ ਵਿੱਚ ਹੀ ਆਪਣੇ ਕਾਵਿ ਸੰਗ੍ਰਹਿ 'ਸੱਚ ਦਾ ਹੋਕਾ', 'ਸੱਚ ਕੌੜਾ ਆ' ਅਤੇ 'ਸੱਚ ਵਾਂਗ ਕੱਚ' ਨੂੰ ਈ-ਬੁੱਕ ਰਾਹੀਂ ਪਾਠਕਾਂ ਦੀ ਝੋਲੀ ਵਿੱਚ ਪਾ ਕੇ ਆਪਣਾ ਨਾਮ ਸਥਾਪਤ ਕਵੀਆਂ ਦੀ ਕਤਾਰ ਵਿੱਚ ਲੈ ਕੇ ਆਂਦਾ ਹੈ। ਮਹਿੰਦਰ ਸੂਦ ਨੇ ਆਪਣੇ ਪਿਤਾ ਦੀ ਮੌਤ ਤੋਂ ਬਾਅਦ ਵੀ ਲੇਖਣ ਲੜੀ ਦੇ ਵਹਾਅ ਵਿੱਚ ਤੇਜ਼ੀ ਨੂੰ ਬਰਕਰਾਰ ਰੱਖਿਆ ਹੈ। ਆਪਣੀ ਲਿਖਣ ਦੀ ਚੇਟਕ ਨੂੰ ਕਦੇ ਵੀ ਢਿੱਲਾ ਨਹੀਂ ਪੈਣ ਦਿੱਤਾ ਅਤੇ ਬਿਨਾਂ ਕਿਸੇ ਪ੍ਰਵਾਹ ਦੇ ਆਪਣੀ ਲੇਖਣੀ ਨੂੰ ਮਿਆਰੀ ਰੂਪ ਵਿੱਚ ਪਹੁੰਚਾਇਆ ਹੈ ਅਤੇ ਮਹਿੰਦਰ ਸੂਦ ਦੀਆਂ ਈ ਪੁਸਤਕਾਂ ਨੂੰ ਵੀ ਪਾਠਕਾਂ ਨੇ ਮਣਾਂ ਮੂੰਹੀਂ ਪਿਆਰ ਬਖਸ਼ਿਆ ਹੈ। ਮਹਿੰਦਰ ਸੂਦ ਤੋਂ ਸਫ਼ਰ ਤੈਅ ਕਰਦਿਆਂ ਇਸ ਨੌਜਵਾਨ ਸ਼ਾਇਰ ਨੂੰ ਆਪਣਾ ਚੌਥਾ ਕਾਵਿ ਸੰਗ੍ਰਹਿ 'ਸੱਚੇ ਸੁੱਚੇ ਹਰਫ਼' ਨੂੰ ਈ ਬੁੱਕ ਦੇ ਰੂਪ ਵਿੱਚ ਪਾਠਕਾਂ ਦੇ ਸਨਮੁੱਖ ਕਰਨ ਦਾ ਮੌਕਾ ਨਸੀਬ ਹੋ ਰਿਹਾ ਹੈ । ਆਪਣੀ ਪਾਰਦਰਸ਼ਤਾ ਲੇਖਣੀ ਵਾਂਗ ਹੀ ਆਪਣੇ ਕਿਰਦਾਰ ਵਿੱਚ ਵੀ ਪਾਰਦਰਸ਼ੀ ਰਹਿਣ ਵਾਲਾ ਨੌਜਵਾਨ ਸ਼ਾਇਰ, ਲੇਖਕ ਮਹਿੰਦਰ ਸੂਦ ਵਿਰਕ ਬਹੁਤ ਹੀ ਮਿਲਾਪੜਾ, ਮਿਹਨਤੀ ਤੇ ਮਿਲਣਸਾਰ ਹਸਮੁੱਖ ਸ਼ਾਇਰ ਹੈ ਅਤੇ ਆਪਣੀ ਮਿੱਟੀ, ਰੂਹ ਨਾਲ ਜੁੜਿਆ ਰਹਿਣ ਵਾਲਾ ਹੈ।

# ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਨੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ



**ਫਗਵਾੜਾ (ਜਸਵਿੰਦਰ ਢੱਡਾ)**- ਵਿਸ਼ਵ ਵਾਤਾਵਰਨ ਦਿਵਸ ਮੌਕੇ 'ਤੇ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵਿੱਚ ਵਿਸ਼ੇਸ਼ ਸਮਾਗਮ ਆਯੋਜਿਤ ਕੀਤਾ ਗਿਆ। ਸੀਨੀਅਰ ਮੈਡੀਕਲ ਅਫ਼ਸਰ ਡਾ. ਅਮੀਤਾ ਲੂਨਾ ਅਤੇ ਹੋਰ ਅਧਿਕਾਰੀਆਂ ਵੱਲੋਂ ਇਸ ਦਿਵਸ ਨੂੰ ਯਾਦਗਾਰ ਬਣਾਉਣ ਲਈ ਪੌਦਾ ਲਗਾ ਕੇ ਵਾਤਾਵਰਣ ਸੰਰੱਖਣ ਦਾ ਸੰਦੇਸ਼ ਦਿੱਤਾ ਗਿਆ। ਡਾ. ਅਮੀਤਾ ਲੂਨਾ ਨੇ ਕਿਹਾ ਕਿ ਪੌਦਾ ਲਗਾਉਣਾ ਨਾ ਸਿਰਫ ਵਾਤਾਵਰਣ ਦੀ ਸੇਵਾ ਹੈ, ਸਗੋਂ ਭਵਿੱਖ ਦੀਆਂ ਪੀੜ੍ਹੀਆਂ ਲਈ ਇੱਕ ਸਿਹਤਮੰਦ ਜੀਵਨ ਦੀ ਨੀਂਹ ਰੱਖਣਾ ਵੀ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਘੱਟੋ-ਘੱਟ ਇੱਕ ਇੱਕ ਪੌਦਾ ਜ਼ਰੂਰ ਲਗਾਇਆ ਜਾਵੇ ਅਤੇ ਉਸਦੀ ਸੰਭਾਲ ਕੀਤੀ ਜਾਵੇ। ਇਸ ਮੌਕੇ 'ਤੇ ਮੈਡੀਕਲ ਅਫ਼ਸਰ ਡਾ. ਡਿੰਪਲ, ਆਯੁਰਵੈਦਿਕ ਮੈਡੀਕਲ ਅਫ਼ਸਰ ਡਾ. ਬਲਜਿੰਦਰ ਸਿੰਘ, ਆਯੁਰਵੈਦਿਕ ਮੈਡੀਕਲ ਅਫ਼ਸਰ ਡਾ. ਵਰੁਣ, ਹੈਲਥ ਸੁਪਰਵਾਈਜ਼ਰ ਸਤਨਾਮ ਤੇ ਸਮੂਹ ਸਟਾਫ ਮੌਜੂਦ ਸੀ।

# ਸ਼ਹੀਦਾਂ ਦੀ ਯਾਦ 'ਚ ਠੰਢੇ ਮਿੱਠੇ ਜਲ ਦੀ ਛਬੀਲ 8 ਨੂੰ

**ਮੇਹਟਿਆਣਾ (ਜਗਤਾਰ ਸਿੰਘ ਭੂੰਗਰਨੀ)**— ਪਿੰਡ ਅਜਨੋਹਾ ਵਿਖੇ 8 ਜੂਨ ਨੂੰ ਛਬੀਲ ਲਗਾਈ ਜਾ ਰਹੀ ਹੈ। ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਕਿਹਾ ਕਿ ਸ਼ਹੀਦਾਂ ਦੇ ਸਿਰਤਾਜ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਅਤੇ ਜੂਨ 1984 ਦੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਪਿੰਡ ਅਜਨੋਹਾ ਦੇ ਪਹਿਲੇ ਪੁਲ ਮਾਇਉਪੱਟੀ ਵਾਲੇ ਪੁਲ 'ਤੇ 8 ਜੂਨ ਨੂੰ ਠੰਡੇ ਮਿੱਠੇ ਜਲ ਦੀ ਛਬੀਲ 'ਚ ਸੰਗਤਾਂ ਤਨ,ਮਨ ਅਤੇ ਧਨ ਨਾਲ ਆਪਣਾ ਸਹਿਯੋਗ ਜਰੂਰ ਦੇਣ । ਇਸ ਮੌਕੇ ਬਲਜੀਤ ਸਿੰਘ ਬਿੱਲਾ, ਸੁਖਵਿੰਦਰ ਸਿੰਘ ਖਾਲਸਾ, ਜਰਨੈਲ ਸਿੰਘ ਖਾਲਸਾ, ਪਰਮਜੀਤ ਸਿੰਘ ਅਜਨੋਹਾ ਆਦਿ ਹਾਜਰ ਸਨ।



# ਹਰਿਆਣਾ ਸਰਕਾਰ ਨੇ ਉਦਯੋਗਾਂ ਨੂੰ ਪ੍ਰੋਤਸਾਹਿਤ ਕਰਨ ਲਈ ਸੂਬੇ 'ਚ ਤਿਆਰ ਕੀਤਾ ਅਨੁਕੂਲ ਵਾਤਾਵਰਣ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਰਾਜ ਸਰਕਾਰ ਨੇ ਉਦਯੋਗਾਂ ਨੂੰ ਪ੍ਰੋਤਸਾਹਿਤ ਕਰਨ ਲਈ ਸੂਬੇ ਵਿੱਚ ਅਨੁਕੂਲ ਅਤੇ ਮਜ਼ਬੂਤ ਉਦਯੋਗਿਕ ਵਾਤਾਵਰਣ ਤਿਆਰ ਕੀਤਾ ਹੈ ਇਸ ਦੇ ਨਤੀਜੇ ਵਜੋਂ ਹਰਿਆਣਾ ਨਾ ਕੇਵਲ ਕੌਮੀ ਪੱਧਰ 'ਤੇ, ਸਗੋਂ ਕੌਮਾਂਤਰੀ ਪੱਧਰ 'ਤੇ ਵੀ ਉਦਯੋਗਾਂ ਅਤੇ ਕੰਪਨੀਆਂ ਦੀ ਪਹਿਲੀ ਪਸੰਦ ਬਣ ਚੁੱਕਾ ਹੈ। ਮੁੱਖ ਮੰਤਰੀ ਨੇ ਉਦਯੋਗਪਤੀਆਂ ਨੂੰ ਅਪੀਲ ਕੀਤੀ ਕਿ ਉਹ ਹਰਿਆਣਾ ਵਿੱਚ ਆਪਣੀ ਉਦਯੋਗਿਕ ਇਕਾਈਆਂ ਸਥਾਪਤ ਕਰ ਸੂਬੇ ਦੀ ਤਰੱਕੀ ਅਤੇ ਵਿਕਾਸ ਵਿੱਚ ਸਰਗਰਮ ਰੂਪ ਨਾਲ ਭਾਗੀਦਾਰ ਬਣਨ।ਮੁੱਖ ਮੰਤਰੀ ਨਾਇਬ ਸਿੰਘ ਸੈਣੀ ਮੰਗਲਵਾਰ ਦੇਰ ਸ਼ਾਮ ਆਪਣੇ ਨਿਵਾਸ ਸਥਾਨ ਸੰਤ ਕਬੀਰ ਕੁਟੀਰ 'ਤੇ ਪੀ.ਐਚ.ਡੀ. ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਦੇ ਅਧਿਕਾਰੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ 'ਤੇ ਹਰਿਆਣਾ, ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਦਿੱਲੀ ਦੇ ਪ੍ਰਮੁੱਖ ਉਦਯੋਗਪਤਿ ਮੌਜੂਦ ਰਹੇ। ਸੈਣੀ ਨੇ ਕਿਹਾ ਕਿ ਕਿਸੇ ਵੀ ਸੂਬੇ ਵਿੱਚ ਉਦਯੋਗਿਕ ਵਿਕਾਸ ਲਈ ਸੜਕ, ਰੇਲ, ਹਵਾਈ ਕਨੈਕਟੀਵਿਟੀ ਅਤੇ ਹੋਰ ਬੁਨਿਆਦੀ ਸਹੂਲਤਾਂ ਦਾ ਹੋਣਾ ਜ਼ਰੂਰੀ ਹੈ। ਉਨ੍ਹਾਂ ਨੂੰ ਮਾਣ ਹੈ ਕਿ ਹਰਿਆਣਾ ਵਿੱਚ ਉਦਯੋਗਾਂ ਦੀ ਲੋੜਾਂ ਅਨੁਸਾਰ ਸਾਰੀਆਂ ਸਹੂਲਤਾਂ ਉਪਲਬਧ ਹਨ। ਅੱਜ ਸੂਬੇ ਵਿੱਚ ਵੱਖ ਵੱਖ ਖੇਤਰਾਂ ਦੀ ਵੱਡੀ ਕੰਪਨੀਆਂ ਆਪਣੀਆਂ ਇਕਾਈਆਂ ਸਥਾਪਿਤ ਕਰ ਰਹੀਆਂ ਹਨ, ਜਿਸ ਨਾਲ ਹਰਿਆਣਾ ਦੇ ਉਦਯੋਗਿਕ ਵਿਕਾਸ ਨੂੰ ਮਜ਼ਬੂਤੀ ਮਿਲ ਰਹੀ ਹੈ।ਮੁੱਖ ਮੰਤਰੀ ਨੇ ਦੱਸਿਆ ਕਿ ਸਰਕਾਰ ਅਤੇ ਉਦਯੋਗਪਤੀਆਂ ਵਿਚਕਾਰ ਸਿੱਧੇ ਸੰਪਰਕ ਨੂੰ ਮਜ਼ਬੂਤ ਕਰਨ ਅਤੇ ਉਦਯੋਗਾਂ ਲਈ ਅਨੁਕੂਲ ਵਾਤਾਵਰਣ ਪ੍ਰਦਾਨ ਕਰਨ ਲਈ ਸਰਕਾਰ ਨੇ ਕਈ ਸੁਧਾਰ ਲਾਗੂ ਕੀਤੇ ਹਨ। ਉਨ੍ਹਾਂ ਨੇ ਕਿਹਾ ਕਿ ਸਿੰਗਲ ਵਿੰਡੋ ਸਿਸਟਮ ਤੋਂ ਅੱਗੇ ਵਧ ਕੇ ਸਿੰਗਲ ਰੂਫ਼ ਸਿਸਟਮ ਲਾਗੂ ਕੀਤਾ ਗਿਆ ਹੈ, ਜਿਸ ਦੇ ਤਹਿਤ ਹਰ ਸੇਵਾ ਲਈ ਤੈਅ ਸਮੇਂ ਸੀਮਾ ਨਿਰਧਾਰਤ ਕੀਤੀ ਗਈ ਹੈ। ਵੱਖ ਵੱਖ ਵਿਭਾਗਾਂ ਤੋਂ ਮਿਲਣ ਵਾਲੀ ਐਨ ਓ ਸੀ ਦੀ ਪ੍ਰਕਿਰਿਆ ਨੂੰ ਸਰਲ ਬਣਾਇਆ ਗਿਆ ਹੈ, ਜਿਸ ਨਾਲ ਘੱਟ ਤੋਂ ਘੱਟ 15 ਦਿਨ ਅਤੇ ਵੱਧ ਤੋਂ ਵੱਧ 45 ਦਿਨ ਦਾ ਸਮਾ ਤੈਅ ਕੀਤਾ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਸੂਬੇ ਵਿੱਚ 10 ਨਵੇਂ ਉਦਯੋਗਿਕ ਮਾਡਲ ਟਾਊਨਸ਼ਿਪ ਜਲਦ ਵਿਕਸਿਤ ਕੀਤੀ ਜਾਣਗੀਆਂ ਜਿਸ ਦੀ ਯੋਜਨਾ ਬਣਾਈ ਜਾ ਰਹੀ ਹੈ।ਮੁੱਖ ਮੰਤਰੀ ਨੇ ਕਿਹਾ ਕਿ ਸਾਡਾ ਟੀਚਾ ਹਰਿਆਣਾ ਨੂੰ 2047 ਤੱਕ 1 ਟ੍ਰਿਲੀਅਨ ਡਾਲਰ ਦੀ ਅਰਥਵਿਵਸਥਾ ਬਣਾਉਣਾ ਹੈ। ਇਸ ਨੂੰ ਹਾਸਲ ਕਰਨ ਲਈ ਉਦਯੋਗ ਸਮੇਤ ਸਾਰੇ ਖੇਤਰਾਂ ਦੀ ਸਰਗਰਮ ਭਾਗੀਦਾਰੀ ਜ਼ਰੂਰੀ ਹੈ।ਇਸ ਮੌਕੇ ਸੈਣੀ ਨੇ ਹਰਿਆਣਾ: ਗੇਟਵੇ ਟੂ ਨਾਰਦਨਰ ਇੰਡਿਯਾਜ਼ ਇੰਡਸਟ੍ਰੀਅਲ ਟ੍ਰਾਂਸਫੋਰਮੇਸ਼ਨ 'ਤੇ ਵਾਇਟ ਪੇਪਰ ਦਾ ਅਤੇ ਟ੍ਰਾਡਿਸ਼ਨਲ ਕ੍ਰਾਫਟ ਆਫ਼ ਹਰਿਆਣਾ ਆਨ ਗਲੋਬਲ ਰਨਵੇ ਦਾ ਵੀ ਲੋਕ ਅਰਪਣ ਕੀਤਾ।ਇਸ ਤੋਂ ਪਹਿਲਾਂ ਪ੍ਰੋਗਰਾਮ ਵਿੱਚ ਪੀ.ਐਚ.ਡੀ. ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਦੇ ਚੇਅਰਮੈਨ ਹੇਮੰਤ ਜੈਨ ਅਤੇ ਪੰਜਾਬ ਚੈਪਟਰ ਦੇ ਚੇਅਰਮੈਨ ਕਰਣ ਗਿਲਹੋਤਰਾ ਨੇ ਮੁੱਖ ਮੰਤਰੀ ਦਾ ਸੁਆਗਤ ਕੀਤਾ।ਇਸ ਮੌਕੇ ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਅਰੁਣ ਗੁਪਤਾ, ਮੁੱਖ ਮੰਤਰੀ ਦੇ ਰਾਜਨੈਤਿਕ ਸਕੱਤਰ ਤਰੁਣ ਭੰਡਾਰੀ, ਓ ਐਸ ਡੀ ਭਾਰਤ ਭੂਸ਼ਣ ਭਾਰਤੀ, ਵਿਦੇਸ਼ ਸਹਿਯੋਗ ਵਿਭਾਗ ਹਰਿਆਦਾ ਦੇ ਸਲਾਹਕਾਰ ਸ੍ਰੀ ਪਵਨ ਚੌਧਰੀ ਸਮੇਤ ਪੀ.ਐਚ.ਡੀ. ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਦੇ ਪਦਾਧਿਕਾਰੀ ਅਤੇ ਪ੍ਰਮੁੱਖ ਉਦਯੋਗ ਮਾਲਕ ਮੌਜੂਦ ਰਹੇ।

# ਰੁੱਖਾਂ ਦੀ ਘਾਟ ਵਾਤਾਵਰਣ ਅਸੰਤੁਲਨ ਦਾ ਕਾਰਨ ਬਣਦੀ : ਤਲਵਾੜ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਾਡੇ ਧਾਰਮਿਕ ਗੁਰੂਆਂ ਅਤੇ ਧਾਰਮਿਕ ਗ੍ਰੰਥਾਂ ਨੇ ਸਾਨੂੰ ਕੁਦਰਤ ਵੱਲੋਂ ਦਿੱਤੀਆਂ ਗਈਆਂ ਅਨਮੋਲ ਚੀਜ਼ਾਂ ਜਿਵੇਂ ਕਿ ਪਾਣੀ, ਜਲਵਾਯੂ, ਧਰਤੀ ਅਤੇ ਰੁੱਖਾਂ ਦੀ ਹਮੇਸ਼ਾ ਰੱਖਿਆ ਕਰਨ ਦੀ ਸਿੱਖਿਆ ਦਿੱਤੀ ਹੈ, ਪਰ ਮਨੁੱਖ ਨੇ ਆਪਣੇ ਭੌਤਿਕ ਲਾਭਾਂ ਲਈ ਸਮੇਂ-ਸਮੇਂ 'ਤੇ ਇਨ੍ਹਾਂ ਸਾਰੀਆਂ ਚੀਜ਼ਾਂ ਦਾ ਨੁਕਸਾਨ ਕੀਤਾ ਹੈ, ਜਿਸ ਕਾਰਨ ਅੱਜ ਵਾਤਾਵਰਣ ਅਸੰਤੁਲਿਤ ਹੋ ਗਿਆ ਹੈ ਅਤੇ ਮਨੁੱਖੀ ਜੀਵਨ ਲਈ ਖ਼ਤਰਾ ਬਣ ਗਿਆ ਹੈ। ਉਪਰੋਕਤ ਸ਼ਬਦ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਸੰਜੀਵ ਤਲਵਾੜ ਨੇ ਸਵਾਮੀ ਬਸੰਤ ਗਿਰੀ ਮਹਾਰਾਜ ਦੀ ਬਰਸੀ 'ਤੇ ਗ੍ਰਾਮ ਪੰਚਾਇਤ ਬੱਸੀ ਗੁਲਾਮ ਹੁਸੈਨ ਵੱਲੋਂ 5000 ਪੌਦੇ ਲਗਾਉਣ ਦੇ ਮਤੇ ਦੀ ਸ਼ੁਰੂਆਤ ਕਰਦਿਆਂ ਕਹੇ। ਤਲਵਾੜ ਨੇ ਕਿਹਾ ਕਿ ਬੱਸੀ ਗੁਲਾਮ ਹੁਸੈਨ ਦੀ ਨੌਜਵਾਨ ਪੰਚਾਇਤ ਨੇ ਰਾਜਨੀਤਿਕ ਕੰਮਾਂ ਨੂੰ ਨਜ਼ਰਅੰਦਾਜ਼ ਕਰਕੇ ਸਮਾਜਕ ਕੰਮ ਕਰਨ ਦਾ ਜੋ ਨਿਸਚਾ ਕੀਤਾ ਹੈ ਉਸ ਤੋਂ ਹੋਰ ਲੋਕਾਂ ਨੂੰ ਵੀ ਪ੍ਰੇਰਨਾ ਮਿਲੇਗੀ। ਉਨ੍ਹਾਂ ਕਿਹਾ ਕਿ ਸੰਪੂਰਨ ਵਿਕਾਸ ਤਾਂ ਹੀ ਸੰਭਵ ਹੈ ਜਦੋਂ ਹਰ ਪਹਿਲੂ 'ਤੇ ਕੰਮ ਕੀਤਾ ਜਾਂਦਾ ਹੈ। ਇਸ ਮੌਕੇ ਸਰਪੰਚ ਸੁਖਜਿੰਦਰ ਸਿੰਘ ਨੇ ਦੱਸਿਆ ਕਿ ਸਾਰੇ ਨੌਜਵਾਨਾਂ ਨੇ ਪ੍ਰਣ ਕੀਤਾ ਹੈ ਕਿ 5 ਸਾਲ ਦੇ ਕਾਰਜਕਾਲ ਦੌਰਾਨ ਸੰਜੀਵ ਤਲਵਾੜ ਦੀ ਮਦਦ ਨਾਲ ਲਗਭਗ 5000 ਆਯੁਰਵੈਦਿਕ ਪੌਦੇ ਲਗਾਏ ਜਾਣਗੇ ਤਾਂ ਜੋ ਵਾਤਾਵਰਣ ਦੇ ਨਾਲ-ਨਾਲ ਮਨੁੱਖਾਂ ਲਈ ਕੁਦਰਤੀ ਦਵਾਈਆਂ ਪ੍ਰਾਪਤ ਹੋ ਸਕਣ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪਿੰਡ ਵਾਸੀਆਂ ਨੂੰ ਵੀ ਪੌਦੇ ਲਗਾਉਣ ਦੇ ਇਸ ਕੰਮ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਤ ਕਰਨਗੇ। ਇਸ ਮੌਕੇ ਬਲਵੀਰ ਸਿੰਘ ਫੌਜੀ, ਪੰਚ ਸੁਰਜੀਤ ਸਿੰਘ, ਪੰਚ ਮਨਜੀਤ ਸਿੰਘ, ਪੰਚ ਪ੍ਰਵੀਨ, ਸੈਣੀ ਦੀਪਕ, ਮਨਜੀਤ ਕੁਮਾਰ, ਜਤਨ ਸੈਣੀ, ਈਸ਼ਾਨ ਤਨਿਸ਼ਕ, ਰਾਜਵੀਰ ਆਦਿ ਵੀ ਹਾਜ਼ਰ ਸਨ।

# ਬੀ ਬੀ ਐੱਮ ਬੀ ਚੇਅਰਮੈਨ ਕੋਲ਼ ਮੁਲਾਜ਼ਮਾਂ ਦੇ ਮਸਲੇ ਉਠਾਏ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਥਾਨਕ ਭਾਖੜਾ ਬਿਆਸ ਪ੍ਰਬੰਧਕ ਬੋਰਡ (ਬੀਬੀਐਮਬੀ) ਨੂੰ ਬਹੁਤ ਜਲਦ ਨਵਾਂ ਫਾਇਰ ਟੈਂਡਰ ਮੁਹੱਈਆ ਕਰਵਾਇਆ ਜਾਵੇਗਾ।



ਬੀਬੀਐਮਬੀ ਕਲੋਨੀ ਦੀ ਚਾਰਦਿਵਾਰੀ ਦਾ ਕੰਮ ਅਤੇ ਕਲੋਨੀ 'ਚ ਸੀਸੀਟੀਵੀ ਕੈਮਰੇ ਵੀ ਜ਼ਲਦ ਹੀ ਲਗਵਾਏ ਜਾ ਰਹੇ ਹਨ। ਇਹ ਜਾਣਕਾਰੀ ਬੀਬੀਐਮਬੀ ਚੇਅਰਮੈਨ ਮਨੋਜ ਤ੍ਰਿਪਾਠੀ ਨੇ ਮਾਨਤਾ ਪ੍ਰਾਪਤ ਯੂਨੀਅਨ ਦੇ ਵਫ਼ਦ ਨਾਲ ਮੀਟਿੰਗ ਦੌਰਾਨ ਸਾਂਝੀ ਕੀਤੀ। ਤ੍ਰਿਪਾਠੀ ਆਪਣੇ ਰੁਟੀਨ ਦੌਰੇ ਤਹਿਤ ਇੱਥੇ ਆਏ ਸਨ। ਇਸ ਮੌਕੇ ਪੰਜਾਬ ਸਟੇਟ ਕਰਮਚਾਰੀ ਜਥੇਬੰਦੀ ਦੇ ਵਫ਼ਦ ਨੇ ਪ੍ਰਧਾਨ ਵਿਜੈ ਕੁਮਾਰ ਠਾਕੁਰ ਦੀ ਅਗਵਾਈ ਹੇਠ ਚੇਅਰਮੈਨ ਤ੍ਰਿਪਾਠੀ ਨਾਲ ਮੁਲਾਕਾਤ ਕੀਤੀ। ਵਫ਼ਦ ਨੇ ਮੁਲਾਜ਼ਮ ਮੰਗਾਂ ਸਬੰਧੀ ਚੇਅਰਮੈਨ ਨਾਲ ਵਿਚਾਰ ਵਟਾਂਦਰਾ ਕੀਤਾ। ਉੱਥੇ ਹੀ ਵੱਖ ਵੱਖ ਵਿਭਾਗਾਂ 'ਚ ਖਾਲੀ ਪਈਆਂ ਅਸਾਮੀਆਂ ਪਹਿਲ ਦੇ ਅਧਾਰ 'ਤੇ ਭਰਨ, ਡੇਲੀ ਵੇਜ਼ ਪਾਰਟ ਟਾਈਮ ਅਤੇ ਠੇਕੇ 'ਤੇ ਰੱਖੇ ਮੁਲਾਜ਼ਮਾਂ ਦੀਆਂ ਸੇਵਾਵਾਂ ਨਿਯਮਤ ਕਰਨ, ਪੈਸਕੋ ਅਧੀਨ ਕੰਮ ਕਰਦੇ ਮੁਲਾਜ਼ਮਾਂ ਨੂੰ ਰਿਹਾਇਸ਼ੀ ਕਲੋਨੀ ਵਿਚ ਮਕਾਨ ਅਲਾਟ ਕਰਨ ਆਦਿ ਦੀ ਮੰਗ ਕੀਤੀ ਹੈ। ਵਫ਼ਦ ਨੇ ਚੇਅਰਮੈਨ ਤ੍ਰਿਪਾਠੀ ਵੱਲੋਂ ਜਾਇਜ਼ ਮੁਲਾਜ਼ਮ ਮੰਗਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ ਹੈ।

# ਐੱਨ ਸੀ ਸੀ ਕੈਂਪ 'ਚ ਫਾਲਕਨ ਇੰਟਰਨੈਸ਼ਨਲ ਸਕੂਲ ਦਾ ਪ੍ਰਦਰਸ਼ਨ ਸ਼ਾਨਦਾਰ



**ਸੁਲਤਾਨਪੁਰ ਲੋਧੀ (ਹਨੀ)** ਆਰਮੀ ਪਬਲਿਕ ਸਕੂਲ ਬਿਆਸ ਵਿਖੇ 21 ਪੰਜਾਬ ਬਟਾਲੀਅਨ ਕਪੂਰਥਲਾ ਵੱਲੋਂ ਐਨ ਸੀ ਸੀ ਕੈਂਪ ਦਾ ਆਯੋਜਨ ਕੀਤਾ ਗਿਆ । ਜਿਸ ਵਿਚ ਫਾਲਕਨ ਇੰਟਰਨੈਸ਼ਨਲ ਸਕੂਲ ਸੁਲਤਾਨਪੁਰ ਲੋਧੀ ਦੇ ਵਿਦਿਆਰਥੀਆਂ ਵੱਡੀ ਗਿਣਤੀ ਵਿਚ ਹਿੱਸਾ ਲਿਆ । ਕਰਨਲ ਆਰ ਕੇ ਚੌਹਾਨ ਦੀ ਅਗਵਾਈ ਵਿੱਚ ਚੱਲੇ ਇਸ ਕੈਂਪ ਵਿੱਚ ਵਿਦਿਆਰਥੀਆਂ ਨੂੰ ਬਹੁਤ ਕੁਝ ਸਿੱਖਣ ਨੂੰ ਮਿਲਿਆ। ਇਸ ਐਨ ਸੀ ਸੀ ਕੈਂਪ ਵਿੱਚ ਵਿਦਿਆਰਥੀਆਂ ਨੂੰ ਅਨੁਸ਼ਾਸਨ, ਮੈਪ ਰੀਡਿੰਗ ਡਰਿਲ ਫਾਇਰਿੰਗ, ਟਰੈਫਿਕ ਨਿਯਮ, ਵਾਤਾਵਰਨ ਜਾਗਰੂਕਤਾ, ਫਾਇਰ ਫਾਈਟਿੰਗ, ਡਿਜਾਸਟਰ ਮੈਨੇਜਮੈਂਟ, ਖੇਡਾਂ, ਸੈਲਫ ਡਿਫੈਂਸ, ਔਰਤਾਂ ਅਤੇ ਬੱਚਿਆਂ ਦੀ ਸੁਰੱਖਿਆ, ਡਰੋਨ ਦੀ ਸਿਖਲਾਈ, ਯੋਗਾ ਅਤੇ ਨੈਸ਼ਨਲ ਇੰਟੀਗਰੇਸ਼ਨ ਆਦਿ ਦੀ ਸਿਖਲਾਈ ਦਿੱਤੀ ਗਈ । ਇਸ ਦੌਰਾਨ ਵਿਦਿਆਰਥੀਆਂ ਦਰਮਿਆਨ ਵਾਲੀਵਾਲ, ਫੁੱਟਬਾਲ, ਖੋ ਖੋ ਆਦਿ ਦੇ ਮੁਕਾਬਲੇ ਵੀ ਕਰਵਾਏ ਗਏ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ, ਡਾਇਰੈਕਟਰ ਨਵਦੀਪ ਕੌਰ ਢਿੱਲੋਂ, ਵਾਇਸ ਪ੍ਰਿੰਸੀਪਲ ਰਵਿੰਦਰਜੀਤ ਕੌਰ ਅਤੇ ਐੱਨ ਸੀ ਸੀ ਇੰਚਾਰਜ ਜਤਿੰਦਰ ਸਿੰਘ ਨੇ ਵਿਦਿਆਰਥੀਆਂ ਵੱਲੋਂ ਦਿਖਾਈ ਪ੍ਰਤਿਭਾ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਹੋਰ ਵੱਡੀਆਂ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ ।

# ਵਿਸ਼ਵ ਵਾਤਾਵਰਨ ਦਿਵਸ 'ਤੇ ਸੰਤ ਸੀਚੇਵਾਲ ਨੇ ਲੋਕਾਂ ਨੂੰ ਦਿੱਤਾ ਖਾਸ ਸੁਨੇਹਾ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਵਾਤਾਵਰਨ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਵਿਸ਼ਵ ਵਾਤਾਵਰਨ ਦਿਵਸ ਮੌਕੇ ਉਨ੍ਹਾਂ ਪੰਜਾਬ ਨੂੰ ਆਲਮੀ ਤਪਸ਼ ਨੂੰ ਤੋਂ ਬਚਾਉਣ ਲਈ ਹਰ ਇਕ ਨੂੰ ਬੂਟੇ ਲਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਧਰਤੀ ਨਾਲ ਹੀ ਸਾਡਾ ਭਵਿੱਖ ਜੁੜਿਆ ਹੋਇਆ ਹੈ। ਧਰਤੀ ਹਰੀ ਭਰੀ ਰਹਿੰਦੀ ਹੈ ਤਾਂ ਵਾਤਾਵਰਨ ਦਾ ਸਮਤੋਲ ਬਣਿਆ ਰਹੇਗਾ। ਵੱਧ ਰੁੱਖ ਲੱਗਣ ਨਾਲ ਹੀ ਮੀਂਹ ਪੈਣ ਦੀਆਂ ਸੰਭਾਨਾਵਾਂ ਬਣੀਆਂ ਰਹਿੰਦੀਆਂ ਹਨ ਤੇ ਹੜ੍ਹਾਂ ਆਉਣ ਦੀ ਸੂਰਤ 'ਚ ਵੀ ਇਹ ਰੁੱਖ ਤਬਾਹੀ ਤੋਂ ਬਚਾਉਣ ਦਾ ਮੁੱਖ ਕਾਰਨ ਬਣਦੇ ਹਨ। ਉਨ੍ਹਾਂ ਜਲਵਾਯੂ ਤਬਦੀਲੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਦੇਸ਼ ਦੇ ਕਈ ਜ਼ਿਲ੍ਹੇ ਜਲਵਾਯੂ ਤਬਦੀਲੀ ਦੀ ਮਾਰ ਹੇਠ ਹਨ। ਸਮੁੰਦਰ ਦੇ ਨਾਲ ਲੱਗਦੇ ਨੀਵੇਂ ਸ਼ਹਿਰਾਂ ਨੂੰ ਵੀ ਖਤਰਾ ਹੋ ਜਾਵੇਗਾ। ਸੰਤ ਸੀਚੇਵਾਲ ਨੇ ਕਿਹਾ ਕਿ ਪੰਜਾਬ 'ਚ 33 ਫੀਸਦੀ ਜੰਗਲਾਂ ਹੇਠ ਹੋਣਾ ਚਾਹੀਦਾ ਸੀ ਪਰ ਇਹ ਸਿਰਫ 6 ਫੀਸਦੀ ਰਹਿ ਗਿਆ ਹੈ।ਆਲਮੀ ਤਪਸ਼ ਨੇ ਪੂਰੇ ਦੇਸ਼ ਦੇ ਸਾਹ ਸੁਕਾਏ ਹੋਏ ਹਨ। ਧਰਤੀ ਹੇਠਲਾ ਪਾਣੀ ਲਗਾਤਾਰ ਡੂੰਘਾ ਹੁੰਦਾ ਜਾ ਰਿਹਾ ਹੈ ਤੇ ਨਦੀਆਂ ਤੇ ਦਰਿਆ ਤੇਜ਼ੀ ਨਾਲ ਸੁੱਕ ਰਹੇ ਹਨ। ਇਸ ਨੂੰ ਲੈ ਕੇ ਸਾਨੂੰ ਸੋਚਣ ਤੇ ਵਿਚਾਰਨ ਦੀ ਲੋੜ ਹੈ, ਨਹੀਂ ਤਾਂ ਉਹ ਦਿਨ ਦੂਰ ਨਹੀ ਜਦੋਂ ਲੋਕ ਸਾਫ ਹਵਾ ਪਾਣੀ ਤੇ ਧਰਤੀ ਲਈ ਤਰਸਣਗੇ। ਉਨ੍ਹਾਂ ਕਿਹਾ ਕਿ ਹਵਾ, ਪਾਣੀ ਤੇ ਧਰਤੀ ਨੂੰ ਪ੍ਰਦੂਸ਼ਣ ਮੁਕਤ ਰੱਖਣਾ ਸਾਡਾ ਮੁੱਢਲਾ ਫਰਜ਼ ਹੈ। ਅਸੀਂ ਨਾ ਤਾਂ ਗੁਰਬਾਣੀ ਦੀ ਮੰਨ ਰਹੇ ਹਾਂ, ਨਾ ਹੀ ਵਿਗਿਆਨ ਦੀ ਤੇ ਨਾ ਹੀ ਸੰਵਿਧਾਨ ਦੀ।

# ਪੰਜਾਬ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦੀ ਤਹਿਸੀਲ ਹੁਸ਼ਿਆਰਪੁਰ ਦੀ ਮਹੀਨਾਵਾਰ ਮੀਟਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ, ਤਹਿਸੀਲ ਹੁਸ਼ਿਆਰਪੁਰ ਦੀ ਇਕ ਜ਼ਰੂਰੀ ਮੀਟਿੰਗ ਮਿੰਨੀ ਸਕੱਤਰੇਤ, ਹੁਸ਼ਿਆਰਪੁਰ ਵਿਖੇ ਪੈਨਸ਼ਨਰਜ਼ ਇਨਫਰਮੇਸ਼ਨ ਸੈਂਟਰ ਵਿੱਚ ਤਹਿਸੀਲ ਪ੍ਰਧਾਨ ਸ਼ਮਸ਼ੇਰ ਸਿੰਘ ਧਾਮੀ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਪੈਨਸ਼ਨਰ ਹਾਜ਼ਰ ਹੋਏ। ਮੀਟਿੰਗ ਦੇ ਸ਼ੁਰੂ ਵਿੱਚ ਸਵਰਗ ਸੁਧਾਰ ਚੁੱਕੇ ਪੈਨਸ਼ਨਰ ਸਾਥੀ ਅਵਤਾਰ ਸਿੰਘ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਤੇ ਪੰਜਾਬ ਸਟੇਟ ਪੈਨਸ਼ਨਰ ਕਨਫੈਡਰੇਸ਼ਨ ਦੇ ਜਨਰਲ ਸਕੱਤਰ ਕੁਲਵਰਨ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਪ੍ਰੈੱਸ ਸਕੱਤਰ ਬਲਵੀਰ ਸਿੰਘ ਸੈਣੀ ਨੇ ਦੱਸਿਆ ਕਿ ਜਿਲ੍ਹਾ ਸੀਨੀਅਰ ਮੀਤ ਪ੍ਰਧਾਨ ਸੂਰਜ ਪ੍ਰਕਾਸ਼ ਆਨੰਦ ਨੇ ਮੀਟਿੰਗ ਸ਼ੁਰੂ ਕਰਦਿਆਂ ਮੀਟਿੰਗ ਦੇ ਏਜੰਡੇ ਦੀ ਜਾਣਕਾਰੀ ਦਿੱਤੀ ਅਤੇ ਪੈਨਸ਼ਨਰਾਂ ਨੂੰ ਬੈਂਕਾਂ ਤੂੰ ਪ੍ਰਾਪਤ ਹੋ ਰਹੇ ਏਰੀਅਰ ਸਬੰਧੀ ਆ ਰਹੀਆਂ ਆਰਥਿਕ ਸਮੱਸਿਆਵਾਂ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਪੰਜਾਬ ਕਨਫਰਡਰੇਸ਼ਨ ਦੇ ਜਨਰਲ ਸਕੱਤਰ ਕੁਲਵਰਨ ਸਿੰਘ ਨੇ ਆਪਣੇ ਸੰਬੋਧਨ ਵਿੱਚ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਨੂੰ ਕਿਸ਼ਤਾਂ ਵਿੱਚ ਦਿੱਤੇ ਜਾ ਰਹੇ ਏਰੀਅਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਨੂੰ ਸਰਕਾਰ ਦਾ ਦਿਵਾਲੀਆਪਣ ਦੱਸਿਆ ਅਤੇ ਪੈਨਸ਼ਨਰਾਂ ਨੂੰ ਬੈਂਕਾਂ ਵਿੱਚ ਆ ਰਹੀਆਂ ਸਮੱਸਿਆਵਾਂ ਦੇ ਹੱਲ ਲਈ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਉਨ੍ਹਾਂ ਮੁਲਾਜ਼ਮ ਪੈਨਸ਼ਨਰ ਫਰੰਟ ਦੀ 30-05-25 ਨੂੰ ਹੋਈ ਮੀਟਿੰਗ ਦੌਰਾਨ ਲਏ ਫੈਸਲਿਆਂ ਬਾਰੇ ਰਿਪੋਰਟਿੰਗ ਕੀਤੀ।ਬੁਲਾਰਿਆਂ ਨੇ ਆਪਣੇ ਸੰਬੋਧਨ ਦੌਰਾਨ 2016 ਤੋਂ ਪਹਿਲਾਂ ਦੇ ਸੇਵਾ ਮੁਕਤ ਪੈਨਸ਼ਨਰਜ਼ ਨੂੰ 2.59 ਦੇ ਗੁਣਾਂਕ ਨਾਲ ਸੋਧ ਕੇ ਪੈਨਸ਼ਨ ਦੇਣ, 1.1.2016 ਤੋਂ 30.6.2021 ਤੱਕ ਦਾ ਬਕਾਇਆ ਯਕਮੁਸ਼ਤ ਜਾਰੀ ਕਰਨ, ਡੀ.ਏ ਦੀਆਂ ਬਕਾਇਆ ਕਿਸ਼ਤਾਂ ਅਤੇ ਬਕਾਇਆ ਯਕਮੁਸ਼ਤ ਜਾਰੀ ਕਰਨ ਅਤੇ ਕੈਸ਼ ਲੈਸ ਸਕੀਮ ਲਾਗੂ ਕਰਨ ਅਤੇ ਮੈਡੀਕਲ ਭੱਤਾ 2000 ਰੁਪਏ ਪ੍ਰਤੀ ਮਹੀਨਾ ਕਰਨ, ਜਨਵਰੀ 4 ਤੋਂ ਰੈਗੂਲਰ ਭਰਤੀ ਹੋਏ ਕਰਮਚਾਰੀਆਂ ਨੂੰ ਪੁਰਾਣੀ ਪੈਨਸ਼ਨ ਪ੍ਰਣਾਲੀ ਬਹਾਲ ਕਰਨ, ਸੀ.ਪੀ.ਐਫ. ਦੀ ਥਾਂ ਜੀ.ਪੀ.ਫੰਡ. ਬਹਾਲ ਕਰਨ, ਨਵੀਂ ਭਰਤੀ ਅਤੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਆਦਿ ਮੰਗਾਂ ਨੂੰ ਬਿਨਾਂ ਕਿਸੇ ਦੇਰੀ ਦੇ ਲਾਗੂ ਕਰਨ ਦੀ ਮੰਗ ਕੀਤੀ। ਮੀਟਿੰਗ ਵਿੱਚ ਹਾਜ਼ਰ ਪੈਨਸ਼ਨਰ ਸਾਥੀਆਂ ਨੇ ਸਰਬ ਸੰਮਤੀ ਨਾਲ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ 14 ਜੂਨ ਨੂੰ ਲੁਧਿਆਣਾ ਦੇ ਵਿਧਾਨ ਸਭਾ ਹਲਕਾ ਪੱਛਮੀ ਅੰਦਰ ਕੀਤੇ ਜਾ ਰਹੇ ਰੋਸ ਮਾਰਚ ਵਿੱਚ ਸ਼ਾਮਲ ਹੋਣ ਦਾ ਲਿਆ ਫੈਸਲਾ। ਇਸ ਮੌਕੇ ਤਹਿਸੀਲ ਸਕੱਤਰ ਮਹਿੰਦਰ ਸਿੰਘ ਮਹਿਤਾ, ਤਹਿਸੀਲ ਕੈਸ਼ੀਅਰ ਦਿਨੇਸ਼ ਪਠਾਣੀਆਂ, ਸਰਬਜੀਤ ਸਿੰਘ, ਹਰਭਜਨ ਦਾਸ, ਸਤਿਨਾਮ ਸਿੰਘ, ਦਲਜੀਤ ਸਿੰਘ, ਕਰਮਜੀਤ ਸਿੰਘ, ਬਲਵੀਰ ਚੰਦ, ਅਨਿਲ ਕੁਮਾਰ ਸ਼ਰਮਾ, ਜੈ ਰਾਮ ਭੱਟੀ, ਸੁਦੇਸ਼ ਸ਼ਰਮਾ, ਗੁਲਸ਼ਨ ਕੁਮਾਰ, ਜਗਤਾਰ ਸਿੰਘ, ਅਸ਼ੋਕ ਅਬਰੋਲ, ਬਲਵੰਤ ਸਿੰਘ, ਭੁਪਿੰਦਰ ਸਿੰਘ, ਸੁਰਿੰਦਰ ਕੁਮਾਰ, ਮਨਜੀਤ ਸਿੰਘ ਸੈਣੀ ਆਦਿ ਹਾਜ਼ਰ ਸਨ।



# ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ ਵੱਲੋਂ ਸਾਈਕਲ ਰੈਲੀ




**ਡੇਰਾ ਬੱਸੀ (ਵਿਨੈ ਕੁਮਾਰ ਜੈਨ)**— ਵਿਸ਼ਵ ਵਾਤਾਵਰਨ ਦਿਵਸ ਮਨਾਉਣ ਲਈ, ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ, ਡੇਰਾਬੱਸੀ ਦੇ ਅਰਥਰਸ ਕਲੱਬ ਨੇ 'ਪਲਾਸਟਿਕ ਪ੍ਰਦੂਸ਼ਣ ਦਾ ਅੰਤ ਕਰਨਾ' ਥੀਮ ਹੇਠ ਇੱਕ ਪ੍ਰੇਰਨਾਦਾਇਕ ਸਾਈਕਲ ਰੈਲੀ ਦਾ ਆਯੋਜਨ ਕੀਤਾ। ਇਸ ਸਮਾਗਮ ਦਾ ਉਦੇਸ਼ ਵਾਤਾਵਰਨ ਅਨੁਕੂਲ ਆਵਾਜਾਈ ਨੂੰ ਉਤਸ਼ਾਹਿਤ ਕਰਨਾ ਸੀ। ਇਸ ਰੈਲੀ ਨੂੰ ਸਵੇਰੇ 7:30 ਵਜੇ ਚੇਅਰਮੈਨ ਗੁਰਦੀਪ ਸਿੰਘ ਚਹਿਲ, ਪ੍ਰਿੰਸੀਪਲ ਡਾ. ਬਸੁੰਧਰਾ, ਅਤੇ ਭਾਰਤ ਵਿਕਾਸ ਪ੍ਰੀਸ਼ਦ ਦੇ ਮੈਂਬਰ ਬਰਖਾ ਰਾਮ, ਉਪੇਸ਼ ਬਾਂਸਲ ਅਤੇ ਪਰਮੋਦ ਕੁਮਾਰ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਸ਼ਾਮਲ ਹੋਏ। ਉਨ੍ਹਾਂ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਜਲਵਾਯੂ ਸੁਰੱਖਿਆ ਲਈ ਸਮੂਹਿਕ ਕਾਰਵਾਈ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਸਾਈਕਲ ਚਲਾਉਂਦੇ ਹੋਏ, ਵਿਦਿਆਰਥੀਆਂ, ਸਟਾਫ ਅਤੇ ਭਾਈਚਾਰੇ ਦੇ ਮੈਂਬਰਾਂ ਨੇ ਤਖ਼ਤੀਆਂ ਫੜੀਆਂ ਹੋਈਆਂ ਸਨ ਅਤੇ ਸਾਫ਼ ਹਵਾ, ਕਾਰਬਨ ਨਿਕਾਸ ਘਟਾਉਣ ਅਤੇ ਟਿਕਾਊ ਜੀਵਨ ਦੀ ਵਕਾਲਤ ਕਰਦੇ ਨਾਅਰੇ ਲਗਾਏ ਸਨ। ਡਾ. ਬਸੁੰਧਰਾ ਨੇ ਵਿਚਾਰ ਸਾਂਝਾ ਕਰਦਿਆਂ ਕਿਹਾ, 'ਸਾਈਕਲ ਚਲਾਉਣਾ ਸਿਰਫ਼ ਕਸਰਤ ਨਹੀਂ ਹੈ - ਇਹ ਇੱਕ ਟਿਕਾਊ ਜੀਵਨ ਸ਼ੈਲੀ ਵੱਲ ਇੱਕ ਕਦਮ ਹੈ।' 'ਏਕ ਪੇੜ ਮਾਂ ਕੇ ਨਾਮ' ਪਹਿਲਕਦਮੀ ਤਹਿਤ ਇੱਕ ਪੌਦੇ ਲਗਾਉਣ ਦੀ ਮੁਹਿੰਮ ਵੀ ਚਲਾਈ ਗਈ। ਇਹ ਪ੍ਰੋਗਰਾਮ ਵਾਤਾਵਰਨ ਸਹੁੰ ਨਾਲ ਸਮਾਪਤ ਹੋਇਆ, ਜਿੱਥੇ ਭਾਗੀਦਾਰਾਂ ਨੇ ਵਾਤਾਵਰਨ-ਅਨੁਕੂਲ ਆਦਤਾਂ ਪ੍ਰਤੀ ਵਚਨਬੱਧਤਾ ਪ੍ਰਗਟਾਈ। ਸਿਹਤ ਅਤੇ ਦੋਸਤੀ ਨੂੰ ਉਤਸ਼ਾਹਿਤ ਕਰਦੇ ਹੋਏ ਸਾਰਿਆਂ ਨੂੰ ਰਿਫਰੈਸ਼ਮੈਂਟ ਪਰੋਸੀ ਗਈ।

# ਪੁਲਸ ਚੌਂਕੀ ਕਿਸ਼ਨਗੜ੍ਹ ਦਾ ਕੀਤਾ ਘਿਰਾਓ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)**— ਪੁਲਸ ਚੌਂਕੀ ਕਿਸ਼ਨਗੜ੍ਹ ਦੇ ਮੁਲਾਜ਼ਮਾਂ ਵੱਲੋਂ ਚੌਂਕੀ ਦੇ ਇੰਚਾਰਜ ਏਐਸਆਈ ਬਲਵੀਰ ਸਿੰਘ ਬੁੱਟਰ ਵੱਲੋਂ ਆਪਣੇ ਸਾਥੀਆਂ ਸਮੇਤ ਇੱਕ ਨੌਜਵਾਨ ਦੀਪ ਸਿੰਘ ਉਰਫ ਦੀਪਾ ਪੁੱਤਰ ਦਲਵੀਰ ਸਿੰਘ ਨਿਵਾਸੀ ਪਿੰਡ ਰਹੀਮਪੁਰ ਥਾਣਾ ਕਰਤਾਰਪੁਰ 'ਤੇ ਨਸ਼ੀਲੀਆਂ ਗੋਲੀਆਂ ਬਰਾਮਦ ਕਰਨ ਦਾ ਮਾਮਲਾ ਦਰਜ ਕੀਤਾ। ਜਿਸ ਦੇ ਵਿਰੋਧ ਵਿੱਚ ਭੀਮ ਆਰਮੀ ਦੇ ਸਹਿ ਇੰਚਾਰਜ ਪੰਜਾਬ ਸੰਨੀ ਜੱਸਲ ਵੱਲੋਂ ਆਪਣੇ ਸਾਥੀਆਂ ਸਮੇਤ ਪੁਲਸ ਚੌਂਕੀ ਕਿਸ਼ਨਗੜ੍ਹ ਦਾ ਘਿਰਾਓ ਕੀਤਾ ਅਤੇ ਜੰਮ ਕੇ ਨਾਅਰੇਬਾਜ਼ੀ ਕੀਤੀ।ਭੀਮ ਆਰਮੀ ਆਗੂ ਸੰਨੀ ਜੱਸਲ ਨੇ ਦੱਸਿਆ ਕਿ ਦੀਪ ਸਿੰਘ ਵਾਸੀ ਰਹੀਮਪੁਰ ਥਾਣਾ ਕਰਤਾਰਪੁਰ ਆਪਣੇ ਇੱਕ ਸਾਥੀ ਨਾਲ ਪਿੰਡ ਵਿੱਚ ਹੀ ਘਰਾਂ ਦੇ ਨਜ਼ਦੀਕ ਖੜ੍ਹਾ ਸੀ ਤੇ ਉਹ ਕਿਸੇ ਦੀ ਉਡੀਕ ਕਰ ਰਹੇ ਸਨ! ਥੋੜੀ ਦੇਰ ਬਾਅਦ ਹੀ ਦੋ ਨੌਜਵਾਨ ਇਨੋਵਾ ਗੱਡੀ ਵਿੱਚ ਆਏ ਜਿਨ੍ਹਾਂ ਨੇ ਦੀਪ ਦੇ ਭਰਾ ਨੂੰ ਠੇਕੇ 'ਤੇ ਜਮੀਨ ਦੇਣ ਸਬੰਧੀ ਗੱਲ ਕਰਨੀ ਸੀ ਤੇ ਉਸ ਦਾ ਭਰਾ ਵੀ ਉੱਥੇ ਆ ਗਿਆ। ਪੁਲਸ ਚੌਂਕੀ ਕਿਸ਼ਨਗੜ੍ਹ ਦੇ ਇੰਚਾਰਜ ਆਪਣੇ ਸਾਥੀਆਂ ਸਮੇਤ ਗੱਡੀ ਵਿੱਚ ਆਏ ਤੇ ਦੀਪ ਸਿੰਘ ਉਰਫ ਦੀਪਾ ਨੂੰ ਬਾਂਹ ਤੋਂ ਫੜ ਕੇ ਗੱਡੀ ਵਿੱਚ ਬਿਠਾ ਲਿਆ ਤੇ ਉਸ 'ਤੇ 16 ਨਸ਼ੀਲੀਆਂ ਗੋਲੀਆਂ ਦਾ ਮਾਮਲਾ ਦਰਜ ਕਰਕੇ ਉਸ ਨੂੰ ਜੇਲ੍ਹ ਭੇਜ ਦਿੱਤਾ। ਉਹਨਾਂ ਕਿਹਾ ਕਿ ਪੁਲਸ ਨੇ ਨਜਾਇਜ਼ ਝੂਠਾ ਪਰਚਾ ਦਰਜ ਕੀਤਾ ਹੈ।ਪ੍ਰਦਰਸ਼ਨਕਾਰੀਆਂ ਨੇ ਮੰਗ ਕੀਤੀ ਹੈ ਕਿ ਚੌਂਕੀ ਇੰਚਾਰਜ ਨੂੰ ਇਸ ਮਾਮਲੇ ਦੀ ਜਾਂਚ ਕਰਕੇ ਇਸ ਨੂੰ ਸਸਪੈਂਡ ਕੀਤਾ ਜਾਵੇ ਜਾਂ ਇਸ ਨੂੰ ਇੱਥੋਂ ਬਦਲਿਆ ਜਾਵੇ। ਉਹਨਾਂ ਕਿਹਾ ਕਿ ਜੇਕਰ ਉਹਨਾਂ ਨੂੰ ਇਨਸਾਫ ਨਾ ਮਿਲਿਆ ਤਾਂ ਉਹ ਵੱਡਾ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।ਇਸ ਸਬੰਧੀ ਜਦੋਂ ਡੀਐਸਪੀ ਕਰਤਾਰਪੁਰ ਵਿਜੇ ਕੁੰਵਰ ਪਾਲ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਪ੍ਰਦਰਸ਼ਨਕਾਰੀਆਂ ਦੀ ਗੱਲਬਾਤ ਉਹਨਾਂ ਸੁਣ ਲਈ ਹੈ ਇਸ ਮਾਮਲੇ ਦੀ ਪੂਰੀ ਘੋਖ ਕਰਕੇ ਇਨਸਾਫ ਦਿੱਤਾ ਜਾਵੇਗਾ। ਜਿਸ ਤੋਂ ਬਾਅਦ ਪ੍ਰਦਰਸ਼ਨਕਾਰੀਆਂ ਨੇ ਉੱਚ ਅਧਿਕਾਰੀਆਂ ਦੇ ਭਰੋਸੇ ਤੋਂ ਬਾਅਦ ਆਪਣਾ ਧਰਨਾ ਸਮਾਪਤ ਕਰ ਦਿੱਤਾ। ਇਸ ਮੌਕੇ 'ਤੇ ਕਰਨ ਚੁੰਬਰ ਪ੍ਰਧਾਨ ਪੰਜਾਬ ਅੰਬੇਡਕਰ ਟਾਈਗਰ ਫੋਰਸ, ਜੋਧਵੀਰ ਯੋਧਾ ਸੀਨੀਅਰ ਮੈਂਬਰ ਭੀਮ ਆਰਮੀ ਪੰਜਾਬ, ਮਨੀਸ਼ ਦੀਸ਼ਾ ਸੀਨੀਅਰ ਮੈਂਬਰ ਭੀਮ ਆਰਮੀ ਜਲੰਧਰ, ਸੀਪਾ ਵਾਲਮੀਕੀ ਸੀਨੀਅਰ ਮੈਂਬਰ ਭੀਮ ਆਰਮੀ ਪੰਜਾਬ, ਸੇਵਕ ਮਾਨ ਸਤੋਵਾਲੀ, ਲਵ ਗੜੀ ਬਖਸ਼ਾ, ਓਂਕਾਰ ਬਿਰਦੀ, ਦੀਪਾ, ਨੀਰਜ ਜੇਤੇਵਾਲੀ, ਆਸ਼ੂ ਬੱਲ,ਮਨਜੋਤ ਬੱਲ, ਦੀਪਾ ਬੱਲ, ਜੱਗਾ ਰਹੀਮਪੁਰ , ਏਕਮ , ਅਕਿਫ, ਸਾਹਿਲ ਬਲ, ਜਸਪਾਲ ਰਤਨ ਮੀਡੀਆ ਇੰਚਾਰਜ ਆਦਿ ਹਾਜ਼ਰ ਸਨ।

# ਵਿਸ਼ਵ ਵਾਤਾਵਰਣ ਦਿਵਸ 'ਤੇ ਪਲਾਸਟਿਕ ਮੁਕਤ ਭਵਿੱਖ ਲਈ ਇਕਜੁੱਟ ਹੋਣ ਦਾ ਸੱਦਾ




**ਕਪੂਰਥਲਾ (ਨਵਾਂ ਜ਼ਮਾਨਾ ਸਰਵਿਸ)**— ਪੁਸ਼ਪਾ ਗੁਜਰਾਲ ਸਾਇੰਸ ਸਿਟੀ ਵੱਲੋਂ ਵਿਸ਼ਵ ਵਾਤਾਵਰਣ ਦੇ ਮੌਕੇ 'ਤੇ ਇਸ ਵਾਰ ਦੇ ਸਿਰਲੇਖ " ਵਿਸ਼ਵ ਵਿਆਪੀ ਪਲਾਸਟਿਕ ਪ੍ਰਦੂਸ਼ਣ ਦਾ ਅੰਤ" 'ਤੇ ਆਧਾਰਤ ਇਕ ਰਾਜ ਪੱਧਰੀ ਕੁਇਜ਼ ਮੁਕਾਬਲਾ ਕਰਵਾਇਆ ਗਿਆ। ਇਸ ਮੌਕੇ ਮਨੁੱਖੀ ਸਿਹਤ ਲਈ ਹਾਨੀਕਾਰਕ ਪਲਾਸਟਿਕ ਦੀ ਰਹਿੰਦ-ਖੂੰਹਦ ਨੂੰ ਘਟਾਉਣ ਅਤੇ ਇਸ ਦਾ ਅੰਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ। ਇਸ ਪ੍ਰਸ਼ਨ - ਉੱਤਰੀ ਮੁਕਾਬਲੇ ਦਾ ਉਦੇਸ਼ ਵਾਤਾਵਰਣ ਦੇ ਭੱਖਦੇ ਮੁੱਦਿਆਂ ਵਿਰੁੱਧ ਯਤਨ ਕਰਨ ਲਈ ਨੌਜਵਾਨਾਂ ਨੂੰ ਪ੍ਰੇਰਿਤ ਕਰਨਾ ਸੀ। ਇਸ ਮੁਕਾਬਲੇ ਵਿਚ ਮਹੱਤਵਪੂਰਨ ਪਹਿਲੂ ਜਿਵੇਂ ਕਿ ਪਲਾਸਟਿਕ ਪ੍ਰਦੂਸ਼ਣ, ਜਲਵਾਯੂ ਪਰਿਵਰਤਨ,ਜੈਵਿਕ-ਵਿਭਿੰਨਤਾ ਅਤੇ ਸਥਾਈ ਵਿਕਾਸ ਆਦਿ ਨੂੰ ਸ਼ਾਮਲ ਕੀਤਾ ਗਿਆ। ਇਸ ਮੁਕਾਬਲੇ ਵਿਚ ਪੰਜਾਬ ਭਰ ਤੋਂ 400 ਤੋਂ ਵਿਦਿਆਰਥੀਆਂ ਨੇ ਰਜਿਸਟਰਡ ਕੀਤਾ ਅਤੇ ਮੁੱਢਲਾ ਰਾਊਂਡ ਆਨ-ਲਾਇਨ ਕਰਵਾਇਆ ਗਿਆ। ਇਹਨਾਂ ਵਿਚੋਂ ਅਵੱਲ ਰਹੇ 15 ਵਿਦਿਆਰਥੀਆਂ ਫ਼ਾਈਨਲ ਰਾਊਂਡ ਲਈ ਸਾਇੰਸ ਸਿਟੀ ਵਿਖੇ ਬੁਲਾਇਆ ਗਿਆ ਸੀ। ਇਹ ਪ੍ਰੋਗਰਾਮ ਨੌਜਵਾਨ ਪੀੜ੍ਹੀ ਨੂੰ ਸਥਾਈ ਭਵਿੱਖ ਲਈ ਸਿੱਖਿਅਤ ਕਰਨ ਅਤੇ ਸਸ਼ਕਤ ਬਣਾਉਣ ਲਈ ਇਕ ਪਲੇਟਫ਼ਾਰਮ ਹੋ ਨਿਬੜਿਆ । ਇਸ ਪ੍ਰੋਗਰਾਮ ਰਾਹੀਂ ਵਾਤਾਵਰਣ ਲਈ ਸਭ ਤੋਂ ਵੱਡੇ ਖਤਰਨਾਕ ਪਲਾਸਟਿਕ ਪ੍ਰਦੂਸ਼ਣ ਦੇ ਖਾਤਮੇ ਲਈ ਇਕਜੁੱਟ ਹੋਕੇ ਹੰਭਲਾ ਮਾਰਨ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਕਰਵਾਏ ਗਏ ਰਾਜ-ਪੱਧਰੀ ਕੁਇਜ਼ ਮੁਕਾਬਲੇ ਵਿਚ 5000 ਰੁਪਏ ਦਾ ਪਹਿਲਾ ਇਨਾਮ ਡੀ.ਏ.ਵੀ ਪਬਲਿਕ ਸਕੂਲ ਲੁਧਿਆਣਾ ਦੀ ਕ੍ਰਿਸ਼ਾ ਨੇ ਜਿੱਤਿਆ, ਜਦੋਂ ਕਿ ਡੀ.ਏ. ਵੀ ਸੈਂਟਨਰੀ ਸਕੂਲ ਫ਼ਿਲੌਰ ਦੀ ਲਕਸ਼ਮੀ ਨੇ 3000 ਰੁਪਏ ਦਾ ਦੂਜਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਦੇ ਅੰਸ਼ਮੀਤ ਸਿੰਘ ਨੇ 2000 ਰੁਪਏ ਦਾ ਤੀਸਰਾ ਇਨਾਮ ਜਿੱਤਿਆ।



ਪਿੰਡ ਕੰਧਾਲਾ ਜੱਟਾਂ ਵਿਖੇ ਨੌਜਵਾਨ ਚੜ੍ਹਦੀ ਪੱਤੀ ਵੱਲੋਂ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ ਗਈ। (ਫ਼ੋਟੋ ਤੇ ਵੇਰਵਾ : ਜਸਵੀਰ ਕਾਜਲ, ਅੱਡਾ ਸਰਾਂ)

# ਕੁਲਵੰਤ ਸਿੰਘ ਨੇ ਮੋਹਾਲੀ ਦੇ ਵੱਖ-ਵੱਖ ਪਿੰਡਾਂ ਦੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਸਹੁੰ ਚੁਕਾਈ

**ਮੋਹਾਲੀ (ਗੁਰਜੀਤ ਬਿੱਲਾ)**

ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚੋਂ ਨਸ਼ਿਆਂ ਨੂੰ ਪੂਰਨ ਤੌਰ 'ਤੇ ਖ਼ਤਮ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਦੇ ਤਹਿਤ ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਵੱਲੋਂ ਆਪਣੇ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਨਸ਼ਿਆਂ ਵਿਰੁੱਧ ਰੈਲੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਸੌਂਹ ਚੁਕਾਈ ਜਾ ਰਹੀ ਹੈ। ਇਸ ਮੁਹਿੰਮ ਦੇ ਤਹਿਤ 4 ਜੂਨ ਨੂੰ ਪਿੰਡ ਸਿਆਊ, ਕੁਰੜੀ, ਕੁਰੜਾ, ਸ਼ੇਖਨ ਮਾਜਰਾ ਵਿਖੇ ਕੀਤੇ ਗਏ ਸਮਾਗਮ ਵਿੱਚ ਸ਼ਮੂਲੀਅਤ ਕਰਕੇ ਲੋਕਾਂ ਨੂੰ ਨਸ਼ਿਆਂ ਦੇ ਕੋਹੜ ਤੋਂ ਦੂਰ ਰਹਿਣ ਅਤੇ ਪੰਜਾਬ ਵਿੱਚੋਂ ਨਸ਼ਿਆਂ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਲਈ ਸਹਿਯੋਗ ਮੰਗਿਆ ਗਿਆ।ਇਸ ਮੌਕੇ ਹਲਕਾ ਵਿਧਾਇਕ ਨੇ ਕਿਹਾ ਕਿ ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਅਤੇ ਖ਼ਾਸ ਕਰਕੇ ਨੌਜਵਾਨ ਅਤੇ ਮਹਿਲਾਵਾਂ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਅੱਗੇ ਹੋ ਕੇ ਮਹੱਤਵਪੂਰਨ ਭੂਮਿਕਾ ਨਿਭਾਈ ਜਾ ਰਹੀ ਹੈ ਅਤੇ ਇਸ ਮੁਹਿੰਮ ਦੇ ਸਾਰਥਕ ਨਤੀਜੇ ਵੀ ਸਾਹਮਣੇ ਆ ਰਹੇ ਹਨ। ਕਿਉਂਕਿ ਨਸ਼ਿਆਂ ਨੇ ਪੰਜਾਬ ਦੀ ਜਵਾਨੀ ਨੂੰ ਗੁੰਮਰਾਹ ਕਰ ਰੱਖਿਆ ਸੀ ਅਤੇ ਨੌਜਵਾਨ ਨਸ਼ਿਆਂ ਦੀ ਦਲਦਲ ਵਿੱਚ ਫਸ ਕੇ ਨਾ ਸਿਰਫ਼ ਆਪਣਾ ਭਵਿੱਖ ਖ਼ਰਾਬ ਕਰ ਰਹੇ ਸਨ ਬਲਕਿ ਆਪਣੀ ਜਵਾਨੀ ਵੀ ਗਵਾ ਰਹੇ ਸਨ। ਉਨ੍ਹਾਂ ਇਹ ਵੀ ਦੱਸਿਆ ਕਿ ਨਸ਼ਿਆਂ ਵਿੱਚ ਫ਼ਸ ਚੁੱਕੇ ਲੋਕਾਂ ਨੂੰ ਨਸ਼ਿਆਂ ਵਿੱਚੋਂ ਕੱਢ ਕੇ ਉਨ੍ਹਾਂ ਦਾ ਇਲਾਜ ਕਰਨ ਅਤੇ ਉਨ੍ਹਾਂ ਦੇ ਮੁੜ ਵਸੇਬੇ ਲਈ ਸੈਂਟਰ ਖ਼ੋਲੇ ਗਏ ਹਨ, ਜਿੱਥੇ ਉਨ੍ਹਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ ਅਤੇ ਉਨ੍ਹਾਂ ਨੂੰ ਰੋਜ਼ਗਾਰ ਦੇ ਕਾਬਲ ਬਣਾਉਣ ਲਈ ਟ੍ਰੇਨਿੰਗ ਵੀ ਦਿੱਤੀ ਜਾਂਦੀ ਹੈ। ਉਨ੍ਹਾਂ ਆਸ ਜ਼ਾਹਰ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੁਆਰਾ ਪੰਜਾਬ ਇੱਕ ਤੰਦਰੁਸਤ ਪੰਜਾਬ ਅਤੇ ਮੁੜ ਤੋਂ ਰੰਗਲਾ ਪੰਜਾਬ ਬਣ ਜਾਵੇਗਾ ਕਿਉਂਕਿ ਪਿਛਲੀਆਂ ਸਰਕਾਰਾਂ ਵੱਲੋਂ ਪੰਜਾਬ ਵਿੱਚੋਂ ਨਸ਼ਿਆਂ ਨੂੰ ਖ਼ਤਮ ਕਰਨ ਲਈ ਕੋਈ ਠੋਸ ਕਦਮ ਨਾ ਚੁੱਕੇ ਜਾਣ ਕਾਰਨ ਪੰਜਾਬ ਕਾਲੇ ਦੌਰ ਵਿੱਚ ਚਲਾ ਗਿਆ ਸੀ।ਇਸ ਮੌਕੇ ਰਾਜਨਦੀਪ ਪਤਨੀ ਰਜਿੰਦਰ ਸਿੰਘ, ਸਰਪੰਚ ਪਿੰਡ ਸਿਆਊ, ਨਾਹਰ ਸਿੰਘ ਸਰਪੰਚ ਪਿੰਡ ਕੁਰੜੀ, ਨਿਰਮਲ ਸਿੰਘ ਕੁਰੜੀ, ਛੱਜਾ ਸਿੰਘ ਸਾਬਕਾ ਸਰਪੰਚ ਕੁਰੜੀ, ਮੁਖਤਿਆਰ ਸਿੰਘ ਸਰਪੰਚ ਕੁਰੜਾ, ਗੁਰਪ੍ਰੀਤ ਸਿੰਘ ਹਲਕਾ ਕੁਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ, ਗਗਨਜੋਤ ਕੌਰ ਪਤਨੀ ਸਤਨਾਮ ਸਿੰਘ ਸਰਪੰਚ ਪਿੰਡ ਸ਼ੇਖਨ ਮਾਜਰਾ, ਜਗਤਾਰ ਸਿੰਘ, ਅਵਤਾਰ ਸਿੰਘ ਮੌਲੀ, ਆਰ.ਪੀ.ਸ਼ਰਮਾ, ਕੁਲਦੀਪ ਸਿੰਘ ਸਮਾਣਾ, ਡਾ. ਕੁਲਦੀਪ ਸਿੰਘ, ਜਸਪਾਲ ਸਿੰਘ ਮਟੌਰ, ਅਰੁਣ ਗੋਇਲ, ਹਰਬਿੰਦਰ ਸਿੰਘ ਸੈਣੀ ਬਲਾਕ ਪ੍ਰਧਾਨ, ਗੁਰਪ੍ਰੀਤ ਸਿੰਘ ਚਾਹਲ, ਵਿਕਰਮ ਸਿੰਘ, ਤਰਲੋਚਨ ਮਟੌਰ, ਅਕਬਿੰਦਰ ਸਿੰਘ ਗੋਸਲ, ਜਗਜੀਤ ਸਿੰਘ ਸਰਪੰਚ ਪਿੰਡ ਤੰਗੌਰੀ, ਗੁਰਜੰਟ ਸਿੰਘ ਪੱਤੋਂ ਅਤੇ ਇਨ੍ਹਾਂ ਪਿੰਡਾਂ ਦੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਨੇੜੇ ਤੇੜੇ ਦੇ ਪਿੰਡਾਂ ਦੇ ਲੋਕ ਸ਼ਾਮਲ ਸਨ।



# 3 ਮੁਲਜ਼ਮਾਂ ਪਾਸੋਂ 50 ਗ੍ਰਾਮ ਹੈਰੋਇਨ ਤੇ 95 ਹਜ਼ਾਰ ਰੁਪਏ ਡਰੱਗ ਮਨੀ ਬਰਾਮਦ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਇੰਸਪੈਕਟਰ ਹਰਮਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਦੀ ਟੀਮ ਨੇ ਤਿੰਨ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ, ਉਹਨਾਂ ਪਾਸੋਂ 50 ਗ੍ਰਾਮ ਹੈਰੋਇਨ ਅਤੇ 95 ਹਜਾਰ ਰੁਪਏ ਡਰੱਗ ਮਨੀ ਬਰਾਮਦ ਕੀਤੀ ਹੈ। ਸੀ.ਆਈ.ਏ. ਸਟਾਫ ਦੀ ਪੁਲਸ ਪਾਰਟੀ ਵੱਲੋਂ ਐਂਟਰੀ ਗੇਟ ਸ਼ਿਵਜੋਤ ਇੰਨਕਲੇਵ ਖਰੜ ਵਿਖੇ ਨਾਕਾਬੰਦੀ ਕਰਕੇ ਸ਼ੱਕੀ ਵਹੀਕਲ ਅਤੇ ਸ਼ੱਕੀ ਵਿਅਕਤੀਆਂ ਚੈਕਿੰਗ ਕਰ ਕੀਤੀ ਜਾ ਰਹੀ ਸੀ ਤਾਂ ਨਾਕਾਬੰਦੀ ਦੌਰਾਨ ਇੱਕ ਸ਼ੱਕੀ ਵਿਅਕਤੀ ਕੁਰਾਲ਼ੀ ਸਾਈਡ ਤੋਂ ਖਰੜ ਨੂੰ ਪੈਦਲ ਆ ਰਿਹਾ ਸੀ। ਜਿਸਨੂੰ ਸ਼ੱਕ ਦੇ ਅਧਾਰ 'ਤੇ ਸਰਸਰੀ ਚੈੱਕ ਕੀਤਾ ਗਿਆ ਤਾਂ ਉਸਦੇ ਗਲ਼ ਵਿੱਚ ਪਾਏ ਕਰਾਸ ਬੈਗ ਵਿੱਚੋਂ 50 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਗੁਰਪ੍ਰੀਤ ਸਿੰਘ ਵਿਰੁੱਧ ਸੀ.ਆਈ.ਏ. ਸਟਾਫ ਦੇ SI ਹਰਭੇਜ ਸਿੰਘ ਵੱਲੋਂ ਮੁਕੱਦਮਾ ਨੰ: 222 ਮਿਤੀ 03-06-2025 ਅ/ਧ 21/29-61-85 NDPS Act ਥਾਣਾ ਸਿਟੀ ਖਰੜ ਦਰਜ ਰਜਿਸਟਰ ਕਰਕੇ ਗ੍ਰਿਫਤਾਰ ਕੀਤਾ ਗਿਆ। ਦੋਸ਼ੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਹ ਹੈਰੋਇਨ ਦਾ ਧੰਦਾ ਆਪਣੇ ਸਾਥੀ ਰਾਹੁਲ ਸਹੋਤਾ ਅਤੇ ਗੋਬਿੰਦ ਸਿੰਘ ਉਰਫ ਗੋਪੀ ਜੋ ਕਿ ਹਿੰਮਤਪੁਰਾ ਗਿੱਲਵਾਲ਼ੀ ਗੇਟ ਦੇ ਰਹਿਣ ਵਾਲ਼ੇ ਹਨ, ਨਾਲ਼ ਮਿਲ਼ਕੇ ਕਰ ਰਿਹਾ ਹੈ। ਉਨ੍ਹਾਂ ਅਨੁਸਾਰ ਇੱਕ ਦਿਨ ਪਹਿਲਾਂ ਹੀ ਉਹਨਾਂ ਨੂੰ ਹੈਰੋਇਨ ਸਪਲਾਈ ਕਰਕੇ ਇਕ ਲੱਖ ਰੁਪਿਆ ਡਰੱਗ ਮਨੀ ਦੇ ਕੇ ਆਇਆ ਹੈ। ਸੀ.ਆਈ.ਏ. ਵੱਲੋਂ ਰੇਡ ਕਰਕੇ ਰਾਹੁਲ ਸਹੋਤਾ ਅਤੇ ਗੋਬਿੰਦ ਸਿੰਘ ਉਰਫ ਗੋਪੀ ਨੂੰ ਗਿੱਲਵਾਲ਼ੀ ਗੇਟ, ਅੰਮ੍ਰਿਤਸਰ ਤੋਂ 95 ਹਜਾਰ ਰੁਪਏ ਡਰੱਗ ਮਨੀ ਸਮੇਤ ਗ੍ਰਿਫਤਾਰ ਕੀਤਾ ਗਿਆ।



# 12 ਨੂੰ ਲੁਧਿਆਣਾ ਵਿਖੇ ਝੰਡਾ ਮਾਰਚ 'ਚ ਜ਼ਿਲ੍ਹਾ ਰੂਪਨਗਰ ਤੋਂ ਭਾਰੀ ਗਿਣਤੀ 'ਚ ਐੱਨ ਪੀ ਐੱਸ ਮੁਲਾਜ਼ਮ ਕਰਨਗੇ ਸ਼ਮੂਲੀਅਤ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

12 ਜੂਨ ਨੂੰ ਲੁਧਿਆਣਾ ਵਿਖੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਤੇ ਸੀ ਪੀ ਐਫ ਇੰਪਲਾਇਜ਼ ਵੱਲੋਂ ਸਾਂਝੇ ਤੌਰ 'ਤੇ ਕੀਤੇ ਜਾ ਰਹੇ ਝੰਡੇ ਮਾਰਚ ਵਿੱਚ ਜ਼ਿਲ੍ਹਾ ਰੂਪਨਗਰ ਤੋਂ ਭਾਰੀ ਗਿਣਤੀ ਵਿੱਚ ਐਨ ਪੀ ਐਸ ਮੁਲਾਜ਼ਮ ਸ਼ਮੂਲੀਅਤ ਕਰਨਗੇ ,ਜਿਸ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਸੂਬਾ ਪ੍ਰੈਸ ਸਕੱਤਰ ਪ੍ਰੇਮ ਸਿੰਘ ਠਾਕੁਰ ਅਤੇ ਜ਼ਿਲ੍ਹਾ ਰੂਪਨਗਰ ਦੇ ਕਨਵੀਨਰ ਗੁਰਿੰਦਰ ਪਾਲ ਸਿੰਘ ਖੇੜੀ ਨੇ ਦੱਸਿਆ ਕਿ ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਨੂੰ ਬਹਾਲ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਸੀ। ਪਰੰਤੂ ਅੱਜ ਤੋਂ ਲਗਭਗ ਢਾਈ ਕੁ ਸਾਲ ਪਹਿਲਾਂ ਹਿਮਾਚਲ ਅਤੇ ਗੁਜਰਾਤ ਦੀਆਂ ਚੋਣਾਂ ਵਿੱਚ ਵੋਟਾਂ ਲੈਣ ਦੀ ਖਾਤਰ ਇਹਨਾਂ ਨੇ ਪੰਜਾਬ ਵਿੱਚ ਪੁਰਾਣੀ ਪੈਨਸ਼ਨ ਦੀ ਬਹਾਲੀ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਸੀ, ਪ੍ਰੰਤੂ ਅੱਜ ਤੱਕ ਉਹ ਨੋਟੀਫਿਕੇਸ਼ਨ ਲਾਗੂ ਕਰਨ ਵਿੱਚ ਸਰਕਾਰ ਨਾਕਾਮ ਰਹੀ ਹੈ। ਵਾਰ ਵਾਰ ਜਥੇਬੰਦੀ ਨੂੰ ਟਾਈਮ ਦੇ ਕੇ ਇਹ ਸਰਕਾਰ ਮੀਟਿੰਗ ਕਰਨ ਤੋਂ ਵੀ ਭੱਜ ਰਹੀ ਹੈ।ਹੁਣ ਦੋਵੇਂ ਜਥੇਬੰਦੀਆਂ ਨੇ ਸਾਂਝੇ ਰੂਪ ਵਿੱਚ ਸਰਕਾਰ ਨੂੰ ਘੇਰਨ ਲਈ ਝੰਡਾ ਮਾਰਚ ਕਰ ਲੁਧਿਆਣਾ ਪੱਛਮੀ ਦੀ ਜ਼ਿਮਨੀ ਚੋਣਾਂ ਦੌਰਾਨ ਆਪ ਸਰਕਾਰ ਦੀ ਵਾਅਦਾ ਖਿਲਾਫੀ ਦੀ ਪੋਲ ਆਮ ਲੋਕਾਂ ਵਿੱਚ ਖੋਲ੍ਹਣ ਦਾ ਫੈਸਲਾ ਕੀਤਾ ਹੈ ।ਪੀੜਤ ਐਨ ਪੀ ਐਸ ਕਰਮਚਾਰੀ ਤੀਬਰ ਗੁੱਸੇ ਅਤੇ ਰੋਹ ਵਿੱਚ ਹੈ , ਜਿਸ ਦੀ ਸ਼ੁਰੂਆਤ 12 ਜੂਨ ਨੂੰ ਲੁਧਿਆਣੇ ਤੋਂ ਕੀਤੀ ਜਾਵੇਗੀ ।ਇਸ ਐਕਸ਼ਨ ਤਹਿਤ ਪੂਰੇ ਪੰਜਾਬ ਤੋਂ ਲੱਖਾਂ ਮੁਲਾਜ਼ਮ ਲੁਧਿਆਣੇ ਆਉਣਗੇ ਜੋ ਲੁਧਿਆਣਾ ਵਿਖੇ ਵਿਸ਼ਾਲ ਝੰਡਾ ਮਾਰਚ ਕਰਕੇ, ਲੋਕਾਂ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਚੋਣਾਂ ਦੌਰਾਨ ਕੀਤੇ ਝੂਠੇ ਵਾਅਦਿਆਂ ਦੀ ਪੋਲ ਸੁਝਵਾਨ ਵੋਟਰਾਂ ਵਿੱਚ ਖੋਲ੍ਹਣਗੇ ਤੇ ਆਪ ਸਰਕਾਰ ਨੂੰ ਸਬਕ ਸਿਖਾਉਣ ਦੀ ਅਪੀਲ ਕਰਨਗੇ ।ਉਹਨਾਂ ਇਹ ਵੀ ਦੱਸਿਆ ਕਿ ਇਸ ਐਕਸ਼ਨ ਵਿੱਚ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਪੰਜਾਬ ਦੇ ਨਾਲ ਸੀ ਪੀ ਐਫ ਯੂਨੀਅਨ ਪੰਜਾਬ ਵੀ ਮੋਢੇ ਨਾਲ ਮੋਢਾ ਲਾ ਕੇ ਸੰਘਰਸ਼ ਕਰੇਗੀ ਅਤੇ ਬਾਕੀ ਭਰਾਤਰੀ ਜਥੇਬੰਦੀਆਂ ਵੀ ਇਸ ਸੰਘਰਸ਼ ਵਿੱਚ ਹੁੰਮਹੁਮਾ ਕੇ ਪਹੁੰਚਣਗੀਆਂ। ਇਸ ਮੌਕੇ ਬਲਵਿੰਦਰ ਸਿੰਘ ਰੈਲੋ, ਮਨੀਸ਼ ਕੁਮਾਰ, ਅਜੇ ਕੁਮਾਰ, ਰਾਜਵੀਰ ਸਿੰਘ ਚੌਂਤਾ, ਹਰਨੇਕ ਸਿੰਘ, ਐਮ ਪੀ ਸਿੰਘ, ਗੁਰਪ੍ਰੀਤ ਸਿੰਘ ਹੈਪੀ, ਪ੍ਰੇਮ ਕੁਮਾਰ , ਦਿਲਾਵਰ ਸਿੰਘ, ਰਾਮ ਕੁਮਾਰ, ਸੁਰਿੰਦਰ ਸਿੰਘ ਆਦਿ ਐਨ ਪੀ ਐਸ ਮੁਲਾਜ਼ਮ ਹਾਜ਼ਰ ਸਨ।

# ਚਟੌਲੀ ਕਲਾਂ 'ਚ ਨਸ਼ਾ ਤਸਕਰ ਦੀ ਪੰਚਾਇਤੀ ਜ਼ਮੀਨ 'ਤੇ ਗੈਰ-ਕਾਨੂੰਨੀ ਉਸਾਰੀ ਢਾਹੀ



**ਖਰੜ, (ਹਰਨਾਮ ਸਿੰਘ ਡੱਲਾ)**

ਨਸ਼ਾ ਤਸਕਰਾਂ 'ਤੇ ਕਾਰਵਾਈ ਨੂੰ ਤੇਜ਼ ਕਰਨ ਅਤੇ ਮਿਸਾਲੀ ਬਣਾਉਣ ਲਈ ਚੱਲ ਰਹੀ ਰਾਜ ਪੱਧਰੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੇ ਹਿੱਸੇ ਵਜੋਂ ਐਸ ਏ ਐਸ ਨਗਰ ਪੁਲਸ ਨੇ ਬੁੱਧਵਾਰ ਨੂੰ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਤਾਲਮੇਲ ਨਾਲ ਥਾਣਾ ਸਦਰ ਕੁਰਾਲੀ ਦੇ ਅਧਿਕਾਰ ਖੇਤਰ ਅਧੀਨ ਪਿੰਡ ਚਟੌਲੀ ਕਲਾਂ ਵਿੱਚ ਨਸ਼ਾ ਤਸਕਰ ਵਲੋਂ ਪੰਚਾਇਤੀ ਜ਼ਮੀਨ 'ਤੇ ਗੈਰ-ਕਾਨੂੰਨੀ ਉਸਾਰੀ ਢਾਹੁਣ ਦੀ ਮੁਹਿੰਮ ਚਲਾਈ। ਇਹ ਕਾਰਵਾਈ ਐਸ ਐਸ ਪੀ ਐਸ ਏ ਐਸ ਨਗਰ, ਹਰਮਨਦੀਪ ਸਿੰਘ ਹਾਂਸ ਦੇ ਨਿਰਦੇਸ਼ਾਂ 'ਤੇ ਅਮਲ ਕਰਦਿਆਂ ਡੀ ਐਸ ਪੀ ਮੁੱਲਾਂਪੁਰ ਮੋਹਿਤ ਅਗਰਵਾਲ ਅਤੇ ਐਸ ਐਚ ਓ ਗੁਰਿਵੰਸ਼ ਸਿੰਘ ਦੀ ਅਗਵਾਈ ਹੇਠ ਕੀਤੀ ਗਈ।ਡੀ ਐਸ ਪੀ ਅਗਰਵਾਲ ਨੇ ਦੱਸਿਆ ਕਿ ਢਾਹਿਆ ਗਿਆ ਢਾਂਚਾ ਪਿੰਡ ਦੀ ਫਿਰਨੀ (ਪੰਚਾਇਤ ਜ਼ਮੀਨ) 'ਤੇ ਪਿੰਡ ਦੇ ਹੀ ਵਸਨੀਕ ਇੱਕ ਨਸ਼ਾ ਤਸਕਰ ਦਿਲਪ੍ਰੀਤ ਸਿੰਘ ਦੁਆਰਾ ਗੈਰ-ਕਾਨੂੰਨੀ ਤੌਰ 'ਤੇ ਬਣਾਇਆ ਗਿਆ ਸੀ, ਜੋ ਇਸ ਸਮੇਂ ਐਨ ਡੀ ਪੀ ਐਸ ਮੁਕੱਦਮੇ ਦਾ ਸਾਹਮਣਾ ਕਰ ਰਿਹਾ ਹੈ ਅਤੇ ਹਿਰਾਸਤ ਵਿੱਚ ਹੈ। ਦੋਸ਼ੀ ਛੇ ਅਪਰਾਧਿਕ ਮਾਮਲਿਆਂ ਵਿੱਚ ਸ਼ਾਮਲ ਹੈ, ਜਿਨ੍ਹਾਂ ਵਿੱਚ ਚਾਰ ਐਨ ਡੀ ਪੀ ਐਸ ਐਕਟ ਅਧੀਨ ਹਨ, ਜੋ ਰੋਪੜ ਅਤੇ ਮੋਹਾਲੀ ਜ਼ਿਲ੍ਹਿਆਂ ਵਿੱਚ ਦਰਜ ਹਨ। ਸਭ ਤੋਂ ਗੰਭੀਰ ਦੋਸ਼ਾਂ ਵਿੱਚੋਂ ਇੱਕ ਵਿੱਚ ਦਿਲਪ੍ਰੀਤ ਸਿੰਘ 'ਤੇ 29 ਮਈ, 2022 ਨੂੰ ਸਦਰ ਕੁਰਾਲੀ ਪੁਲਸ ਸਟੇਸ਼ਨ ਵਿੱਚ ਐਨ ਡੀ ਪੀ ਐਸ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ, ਜਿਸ 'ਚ 445 ਗ੍ਰਾਮ ਹੈਰੋਇਨ ਬਰਾਮਦ ਹੋਈ ਸੀ।

# ਬਾਬਾ ਸਾਹਿਬ ਦੇ ਸਟੈਚੂਆਂ ਨੂੰ ਨੁਕਸਾਨ ਪਹੁੰਚਾਉਣ ਵਾਲੇ ਸ਼ਰਾਰਤੀ ਅਨਸਰਾਂ 'ਤੇ ਸਖ਼ਤ ਕਾਰਵਾਈ ਕਰੇ ਸਰਕਾਰ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਦੀ ਇੱਕ ਹੰਗਾਮੀ ਮੀਟਿੰਗ ਫੋਰਸ ਦੇ ਸ਼ਬ ਦਫਤਰ ਪੁਰਾਣੀ ਬਸੀ ਨੇੜੇ ਸੂਦ ਫਾਰਮ ਵਿਖੇ ਫੋਰਸ ਦੇ ਜਾਂਬਾਜ਼ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਫੋਰਸ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸਤੀਸ਼ ਕੁਮਾਰ ਸ਼ੇਰਗੜ੍ਹ ਅਤੇ ਬਲਾਕ ਹਰਿਆਣਾ ਭੂੰਗਾ ਦੇ ਪ੍ਰਧਾਨ ਅਨਿਲ ਕੁਮਾਰ ਬੰਟੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਫੋਰਸ ਦੇ ਆਗੂਆਂ ਨੇ ਕਿਹਾ ਫਿਲੌਰ ਦੇ ਲਾਗੇ ਪਿੰਡ ਨੰਗਲ ਵਿਖੇ ਸਥਾਪਤ ਭਾਰਤੀ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਸਟੈਚੂ ਨੂੰ ਦੂਜੀ ਵਾਰ ਨਿਸ਼ਾਨਾ ਬਣਾ ਕੇ ਉਸ 'ਤੇ ਕਾਲੇ ਰੰਗ ਦੀ ਸਪਰੇਅ ਮਾਰਨ ਦੀ ਘਟਨਾ ਨੇ ਐਸ ਸੀ ਸਮਾਜ ਦੇ ਹਿਰਦਿਆਂ ਨੂੰ ਵਲੂੰਧਰ ਕੇ ਰੱਖ ਦਿੱਤਾ ਹੈ। ਉਹਨਾ ਕਿਹਾ ਕਿ ਇਸ ਘਟਨਾ ਨਾਲ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਐਸ ਸੀ ਸਮਾਜ ਦੇ ਮਸੀਹਾ ਡਾ. ਅੰਬੇਡਕਰ ਦਾ ਨਿਰਾਦਰ ਹੋਇਆ ਹੈ। ਮਹਾਨ ਰਹਿਬਰ ਦੇ ਸਟੈਚੂਆਂ ਨੂੰ ਭਾਰਤ ਵਿੱਚ ਹੀ ਕੁਝ ਕੁ ਮੁੱਠੀ ਭਰ ਸ਼ਰਾਰਤੀ ਅਨਸਰ ਖਾਲਿਸਤਾਨੀ ਸੋਚ ਰੱਖਣ ਵਾਲੇ ਅਮਰੀਕਾ ਵਿੱਚ ਰਹਿ ਰਹੇ ਗੁਰਪਤਵੰਤ ਸਿੰਘ ਪੰਨੂ ਦੇ ਇਸ਼ਾਰੇ 'ਤੇ ਲੋਕ ਨੁਕਸਾਨ ਪਹੁੰਚਾ ਰਹੇ ਹਨ। ਉਹਨਾਂ ਕਿਹਾ ਕਿ ਜਿਵੇਂ ਕਿ ਪਹਿਲਾਂ ਅੰਮ੍ਰਿਤਸਰ, ਫਿਰ ਜਲੰਧਰ ਅਤੇ ਹੁਣ ਫਿਲੌਰ ਵਿੱਚ ਬਾਬਾ ਸਾਹਿਬ ਦੇ ਸਟੈਚੂ ਦਾ ਦੂਜੀ ਵਾਰ ਅਪਮਾਨ ਕੀਤਾ ਗਿਆ ਉਨ੍ਹਾਂ ਕਿਹਾ ਕਿ ਇਹ ਬੁਜ਼ਦਿਲ ਲੋਕ ਅਗਰ ਜੁਰਅਤ ਰੱਖਦੇ ਹਨ ਤਾਂ ਦੱਸ ਕੇ ਆਉਣ, ਕਿਉਂਕਿ ਚੋਰੀ ਛੁਪੇ ਆਉਣ ਵਾਲੇ ਕਾਇਰ ਕਦੇ ਆਪਣੇ ਆਪ ਨੂੰ ਦਲੇਰ ਨਹੀਂ ਅਖਵਾ ਸਕਦੇ। ਉਹਨਾਂ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਸ਼ਾਂਤਮਈ, ਅਮਨ ਪਸੰਦ ਪੰਜਾਬ ਨੂੰ ਨਫਰਤ ਦੇ ਜ਼ਹਿਰ ਦਾ ਲਾਂਬੂ ਲਾ ਰਹੇ ਇਹੋ ਜਿਹੇ ਸ਼ਰਾਰਤੀ ਅਨਸਰਾਂ ਨੂੰ ਕਾਬੂ ਕਰ ਕੇ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ ਤਾਂ ਜੋ ਬਾਬਾ ਸਾਹਿਬ ਨੂੰ ਚਾਹੁਣ ਵਾਲਿਆਂ ਨੂੰ ਕੁਝ ਸਕੂਨ ਮਿਲ ਸਕੇ । ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਨਦੀਪ, ਕਮਲਜੀਤ ਡਾਡਾ, ਸਤੀਸ਼ ਕੁਮਾਰ ਬਸੀ ਬਾਹਦ, ਡਾ. ਨਿਤਿਨ ਸੈਣੀ, ਡਾ. ਸੋਨੂੰ, ਰਾਜਾ, ਪਵਨ ਕੁਮਾਰ, ਕਮਲੇਸ਼, ਵਿਜੇ ਕੁਮਾਰ, ਵਿਸ਼ਾਲ, ਨੋਨੀ, ਆਕਾਸ਼, ਲੱਕੀ ਆਦਿ ਹਾਜ਼ਰ ਸਨ।



# ਲਾਇਨ ਅਸ਼ਵਨੀ ਸ਼ਰਮਾ ਲਾਇਨਜ਼ ਕਲੱਬ ਫਗਵਾੜਾ ਵਿਸ਼ਵਾਸ ਦੇ ਪ੍ਰਧਾਨ ਬਣੇ





**ਫਗਵਾੜਾ (ਜਸਵਿੰਦਰ ਢੱਡਾ)**

ਲਾਇਨਜ਼ ਇੰਟਰਨੈਸ਼ਨਲ 321-ਡੀ ਦੀ ਇਲੈਵਨ ਸਟਾਰ ਸਪੈਸ਼ਲ ਸਟੇਟਸ ਮਾਡਲ ਲਾਇਨਜ਼ ਕਲੱਬ ਫਗਵਾੜਾ ਵਿਸ਼ਵਾਸ ਦੀ ਇੱਕ ਮੀਟਿੰਗ ਕਲੱਬ ਦੇ ਚਾਰਟਰ ਪ੍ਰਧਾਨ ਲਾਇਨ ਸੁਸ਼ੀਲ ਸ਼ਰਮਾ ਦੀ ਅਗਵਾਈ ਹੇਠ ਕੀਤੀ ਗਈ। ਮੀਟਿੰਗ ਦੀ ਸ਼ੁਰੂਆਤ 'ਚ ਕਲੱਬ ਪ੍ਰਧਾਨ ਹਰਵਿੰਦਰਜੀਤ ਸਿੰਘ ਨੇ ਪਿਛਲੇ ਸਾਲ ਕੀਤੇ ਗਏ ਪ੍ਰੋਜੈਕਟਾਂ ਦੀ ਰਿਪੋਰਟ ਸਮੂਹ ਮੈਂਬਰਾਂ ਦੇ ਸਾਹਮਣੇ ਰੱਖੀ। ਮੀਟਿੰਗ ਦੌਰਾਨ ਲਾਇਨ ਅਸ਼ਵਨੀ ਸ਼ਰਮਾ ਨੂੰ ਸਰਬ ਸੰਮਤੀ ਨਾਲ ਸਾਲ 2025-26 ਲਈ ਪ੍ਰਧਾਨ ਐਲਾਨਿਆ ਗਿਆ। ਨਵ-ਨਿਯੁਕਤ ਪ੍ਰਧਾਨ ਲਾਇਨ ਅਸ਼ਵਨੀ ਸ਼ਰਮਾ ਨੇ ਆਪਣੀ ਕਾਰਜਕਾਰਣੀ ਦਾ ਐਲਾਨ ਕਰਦਿਆਂ ਲਾਇਨ ਬਲਵਿੰਦਰ ਸਿੰਘ ਨੂੰ ਸਕੱਤਰ, ਲਾਇਨ ਪ੍ਰਦੀਪ ਸਿੰਘ ਨੂੰ ਖਜ਼ਾਨਚੀ ਅਤੇ ਲਾਇਨ ਸੁਰਿੰਦਰ ਰਾਏ ਨੂੰ ਪੀ.ਆਰ.ਓ. ਦੀ ਜ਼ਿੰਮੇਵਾਰੀ ਦਿੱਤੀ। ਸਮੂਹ ਨਵਨਿਯੁਕਤ ਅਹੁਦੇਦਾਰਾਂ ਨੇ ਚਾਰਟਰ ਪ੍ਰਧਾਨ ਲਾਇਨ ਸੁਸ਼ੀਲ ਸ਼ਰਮਾ ਅਤੇ ਸਮੂਹ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਕਲੱਬ ਦੀ ਪਰੰਪਰਾ ਨੂੰ ਕਾਇਮ ਰੱਖਦੇ ਹੋਏ ਵੱਧ ਤੋਂ ਵੱਧ ਸਮਾਜ ਸੇਵੀ ਪ੍ਰੋਜੈਕਟ ਕੀਤੇ ਜਾਣਗੇ। ਕਲੱਬ ਵਲੋਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਫੁੱਲਮਾਲਾਵਾਂ ਪਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਲਾਇਨ ਇੰਦਰਜੀਤ ਸਿੰਘ, ਲਾਇਨ ਰਵੀ ਮੰਗਲ, ਲਾਇਨ ਚਮਨ ਲਾਲ, ਲਾਇਨ ਸੁਰਿੰਦਰ ਰਾਏ, ਲਾਇਨ ਸੁਖਜੀਤ ਸਮਰਾ, ਲਾਇਨ ਬਲਵਿੰਦਰ ਸਿੰਘ, ਲਾਇਨ ਮੋਹਨ ਸਿੰਘ ਕੋਹਲੀ ਆਦਿ ਹਾਜ਼ਰ ਸਨ।

# 3 ਕਰੋੜ ਦੀ ਲਾਗਤ ਨਾਲ ਟਾਂਡਾ 'ਚ ਕੀਤੇ ਜਾਣਗੇ ਵਿਕਾਸ ਕਾਰਜ : ਰਾਜਾ ਗਿੱਲ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**

ਪੰਜਾਬ ਸਰਕਾਰ ਵੱਲੋਂ ਜਿੱਥੇ ਟਾਂਡਾ ਨੂੰ ਸਮਾਰਟ ਸਿਟੀ ਬਣਾਉਣ ਦੇ ਮੰਤਵ ਨਾਲ ਪਹਿਲਾਂ ਹੀ ਲੱਖਾਂ ਰੁਪਏ ਖਰਚ ਕੀਤੇ ਜਾ ਚੁੱਕੇ ਹਨ ਉੱਥੇ ਹੀ ਹੁਣ ਸਰਕਾਰ ਵੱਲੋਂ ਇੱਕ ਵਾਰ ਫਿਰ ਸ਼ਹਿਰ ਦੇ ਵਿਕਾਸ ਲਈ ਫੰਡ ਜਾਰੀ ਕੀਤੇ ਗਏ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਅੱਜ ਸਥਾਨਕ ਦਫਤਰ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਕੀਤਾ। ਇਸ ਮੌਕੇ ਉਨਾਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦਾ ਧੰਨਵਾਦ ਕਰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਹਿਲਾਂ ਕਰੀਬ 61.75 ਲੱਖ ਰੁਪਏ ਦੀ ਲਾਗਤ ਨਾਲ ਸ਼ਹਿਰ ਅੰਦਰ ਵੱਖ-ਵੱਖ ਵਿਕਾਸ ਕਾਰਜ ਕੀਤੇ ਗਏ ਹਨ ਅਤੇ ਹੁਣ ਇੱਕ ਵਾਰ ਫਿਰ ਤੋਂ ਪੰਜਾਬ ਸਰਕਾਰ ਨੇ ਸ਼ਹਿਰ ਦੇ ਵਿਕਾਸ ਲਈ ਨਗਰ ਕੌਂਸਲ ਟਾਂਡਾ ਨੂੰ 3 ਕਰੋੜ ਰੁਪਏ ਦਾ ਫੰਡ ਜਾਰੀ ਕੀਤਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਇਸ ਫੰਡ ਨਾਲ ਫੋਕਲ ਪੁਆਇੰਟ ਢਡਿਆਲਾ ਤੋਂ ਹਰਸੀ ਪਿੰਡ ਰੋਡ ਤੱਕ ਸਟਰੀਟ ਲਾਈਟਾਂ ਲਗਾਈਆਂ ਜਾਣਗੀਆਂ। ਇਸ ਤੋਂ ਇਲਾਵਾ ਲੱਖੀ ਸਿਨੇਮਾ ਟਾਂਡਾ ਤੋਂ ਰੇਲਵੇ ਸਟੇਸ਼ਨ ਚੌਂਕ ਤੱਕ, ਬਿਜਲੀ ਘਰ ਕਲੋਨੀ ਤੋਂ ਰੇਲਵੇ ਓਵਰ ਬ੍ਰਿਜ ਨਜ਼ਦੀਕ ਤੱਕ ਸੜਕ ਦਾ ਨਿਰਮਾਣ ਕਾਰਜ ਕੀਤਾ ਜਾਵੇਗਾ । ਵਿਧਾਇਕ ਰਾਜਾ ਗਿੱਲ ਨੇ ਹੋਰ ਦੱਸਿਆ ਕਿ ਇਲਾਵਾ ਟਾਂਡਾ ਦੇ ਸਮੁੱਚੇ 15 ਵਾਰਡਾਂ ਵਿੱਚ ਸਮੀਖਿਆ ਕਰਨ ਉਪਰੰਤ ਰਹਿੰਦੇ ਹੋਏ ਵਿਕਾਸ ਕਾਰਜ ਜੰਗੀ ਪੱਧਰ 'ਤੇ ਕੀਤੇ ਜਾਣਗੇ। ਇਸ ਮੌਕੇ ਉਹਨਾਂ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ ਵੱਖ ਲੋਕ ਭਲਾਈ ਸਕੀਮਾਂ ਸਬੰਧੀ ਜਾਣਕਾਰੀ ਵੀ ਦਿੱਤੀ ਅਤੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤਹਿਤ ਚੱਲ ਰਹੀ ਮੁਹਿੰਮ ਵਿੱਚ ਪਿੰਡਾਂ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਤੇ ਆਪ ਮੁਹਾਰੇ ਹੀ ਵੱਖ ਵੱਖ ਪਿੰਡਾਂ ਦੇ ਲੋਕ ਨਸ਼ੇ ਬੰਦ ਕਰਨ ਦੇ ਮਤੇ ਪਾ ਰਹੇ ਹਨ। ਇਸ ਪ੍ਰੈਸ ਕਾਨਫਰੰਸ ਦੌਰਾਨ ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ, ਨਗਰ ਕੌਂਸਲ ਟਾਂਡਾ ਦੇ ਸਾਬਕਾ ਪ੍ਰਧਾਨ ਕੌਂਸਲਰ ਹਰੀ ਕ੍ਰਿਸ਼ਨ ਸੈਣੀ, ਸਾਬਕਾ ਕੌਂਸਲਰ ਲਖਵਿੰਦਰ ਸਿੰਘ ਮੁਲਤਾਨੀ, ਸਮਾਜ ਸੇਵੀ ਸੋਨੂ ਖੰਨਾ, ਦੀਪਕ ਭੀਲ, ਨੰਬਰਦਾਰ ਹਰਵਿੰਦਰ ਕਲੋਟੀ, ਰਾਜਨ ਸੋਂਧੀ, ਅਨਿਲ ਗੋਰਾ, ਸਰਪੰਚ ਮਨਪ੍ਰੀਤ ਸਿੰਘ ਗੋਲਡੀ, ਨਿਖਲੇਸ਼ ਜਸਰਾ ਹਰਮੀਤ ਵੜੈਚ, ਸਚਿਨ ਪੁਰੀ, ਜਸਵਿੰਦਰ ਲਾਲ ਸੰਧੂ, ਹਰਭਜਨ ਸਿੰਘ ਰਾਪੁਰ, ਮਨੀਪਾਲ ਸਿੰਘ, ਪ੍ਰੇਮ ਜੈਨ, ਜਸਵਿੰਦਰ ਜੱਸੀ ਟਾਂਡਾ, ਹਰਪ੍ਰੀਤ ਸਿੰਘ ਪ੍ਰੀਤ, ਅਨਿਲ ਗੋਰਾ ਆਦਿ ਵੀ ਹਾਜ਼ਰ ਸਨ।



# ਏ ਸੀ ਐੱਸ ਡਾ. ਸੁਮਿਤਾ ਮਿਸ਼ਰਾ ਨੇ ਏ ਡੀ ਏ ਤੇ ਡੀ ਡੀ ਏ ਦੇ ਲਈ ਆਨਲਾਈਨ ਟ੍ਰਾਂਸਫਰ ਨੀਤੀ ਕੀਤੀ ਸ਼ੁਰੂ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਨੇ ਬੁੱਧਵਾਰ ਸਹਾਇਕ ਜ਼ਿਲ੍ਹਾ ਅਟਾਰਨੀ (ਏ ਡੀ ਏ) ਅਤੇ ਉੱਪ ਜ਼ਿਲ੍ਹਾ ਅਟਾਰਨੀ (ਡੀ ਡੀ ਏ) ਲਈ ਆਨਲਾਈਨ ਟ੍ਰਾਂਸਫਰ ਨੀਤੀ ਸ਼ੁਰੂ ਕੀਤੀ। ਇਸ ਪਹਿਲ ਦਾ ਰਸਮੀ ਉਦਘਾਟਨ ਹਰਿਆਣਾ ਦੀ ਗ੍ਰਹਿ, ਜੇਲ੍ਹ, ਅਪਰਾਧਕ ਜਾਂਚ ਅਤੇ ਨਿਆਂ ਪ੍ਰਸ਼ਾਸਨ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਕੀਤਾ। ਊਨ੍ਹਾਂ ਨੇ ਕਿਹਾ ਕਿ ਆਨਲਾਈਨ ਪ੍ਰਣਾਲੀ ਨੂੰ ਨਿਰਪੱਖ ਅਤੇ ਪਾਰਦਰਸ਼ੀ ਪ੍ਰਕ੍ਰਿਆ ਰਾਹੀਂ ਇਨ੍ਹਾਂ ਅਸਾਮੀਆਂ ਨੂੰ ਵਿਵਸਥਿਤ ਰੂਪ ਨਾਲ ਭਰਨ ਲਈ ਡਿਜ਼ਾਇਨ ਕੀਤਾ ਗਿਆ ਹੈ।ਡਾ. ਮਿਸ਼ਰਾ ਨੇ ਦੱਸਿਆ ਕਿ ਆਨਲਾਈਨ ਟ੍ਰਾਂਸਫਰ ਨੀਤੀ ਵਿੱਚ ਵਿਸ਼ੇਸ਼ ਰੂਪ ਨਾਲ ਸਹਾਇਕ ਜ਼ਿਲ੍ਹਾ ਅਟਾਰਨੀ (ਏ ਡੀ ਏ) ਅਤੇ ਉੱਪ ਜਿਲ੍ਹਾ ਅਟੋਰਨੀ (ਡੀ ਡੀ ਏ) ਕੈਡਰ ਦੇ ਕਰਮਚਾਰੀਆਂ ਨੂੰ ਸ਼ਾਮਲ ਕੀਤਾ ਗਿਆ ਹੈ। ਊਨ੍ਹਾਂ ਨੇ ਜਾਣਕਾਰੀ ਦਿੱਤੀ ਕਿ ਸੂਬੇ ਵਿੱਚ 185 ਏ ਡੀ ਏ ਕਰਮਚਾਰੀ ਹਨ, ਜਿਨ੍ਹਾਂ ਵਿੱਚੋਂ 117 ਨੂੰ ਡੀਮਡ ਟ੍ਰਾਂਸਫਰ ਲਈ ਅਤੇ 66 ਨੇ ਵਾਲੰਟਰੀ (ਆਪਣੀ ਇੱਛਾ ਅਨੁਸਾਰ) ਟ੍ਰਾਂਸਫਰ ਦਾ ਵਿਕਲਪ ਚੁਣਿਆ ਹੈ। ਡੀ ਡੀ ਏ ਕੈਡਰ ਲਈ 31 ਕਰਮਚਾਰੀ ਹਨ, ਜਿਨ੍ਹਾਂ ਵਿੱਚੋਂ 15 ਡੀਮਡ ਟ੍ਰਾਂਸਫਰ ਅਤੇ 16 ਵਾਲੰਟਰੀ (ਆਪਣੀ ਇੱਛਾ ਨਾਲ) ਬਿਨੈਕਾਰ ਹਨ। ਊਨ੍ਹਾਂ ਨੇ ਦਸਿਆ ਕਿ ਡੀਡੀਏ ਕੈਡਰ ਦੇ 84% ਕਰਮਚਾਰੀਆਂ ਅਤੇ ਏਡੀਏ ਕੈਡਰ ਦੇ 76% ਕਰਮਚਾਰੀਆਂ ਨੂੰ ਉਨ੍ਹਾਂ ਦੇ ਵੱਲੋਂ ਚੁਣੇ ਗਏ ਪਹਿਲੇ ਪੰਜ ਪਸੰਦੀਦਾ ਸਟੇਸ਼ਨਾਂ ਵਿੱਚੋਂ ਆਪਣਾ ਸਟੇਸ਼ਨ ਮਿਲ ਗਿਆ ਹੈ।ਕਰਮਚਾਰੀ ਹੁਣ ਪੋਰਟਲ ਰਾਹੀਂ ਸਵੈਛਿੱਕ ਰੂਪ ਨਾਲ ਟ੍ਰਾਂਸਫਰ ਲਈ ਬਿਨੈ ਕਰ ਸਕਦੇ ਹਨ। ਇਸ ਪਹਿਲ ਨਾਲ ਟ੍ਰਾਂਸਫਰ ਪ੍ਰਕ੍ਰਿਆ ਵਿੱਚ ਦੇਰੀ, ਸ਼ਿਕਾਇਤਾਂ ਅਤੇ ਮਨਮਾਨੇ ਫੈਸਲਿਆਂ ਵਿੱਚ ਕਾਫੀ ਕਮੀ ਆਉਣ ਦੀ ਉਮੀਦ ਹੈ।

# ਰਿਸ਼ਵਤ ਲੈਂਦਾ ਸਹਿਕਾਰੀ ਵਿਭਾਗ ਦਾ ਸੁਪਰਡੈਂਟ ਕਾਬੂ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**

ਮੰਗਲਵਾਰ ਨੂੰ ਐਸ.ਏ.ਐਸ. ਨਗਰ ਜ਼ਿਲ੍ਹੇ ਦੇ ਡੇਰਾਬੱਸੀ ਵਿਖੇ ਪੰਜਾਬ ਸਹਿਕਾਰੀ ਸਭਾਵਾਂ ਦੇ ਸਹਾਇਕ ਰਜਿਸਟਰਾਰ (ਏ.ਆਰ.) ਦੇ ਦਫ਼ਤਰ ਵਿੱਚ ਤਾਇਨਾਤ ਸੁਪਰਡੈਂਟ ਗੁਰਆਜ਼ਾਦ ਸਿੰਘ ਨੂੰ 10,000 ਰੁਪਏ ਰਿਸ਼ਵਤ ਲੈਂਦੇ ਹੋਏ ਗ੍ਰਿਫ਼ਤਾਰ ਕੀਤਾ ਹੈ।ਵਿਜੀਲੈਂਸ ਬਿਊਰੋ ਦੇ ਬੁਲਾਰੇ ਅਨੁਸਾਰ, ਡੇਰਾਬੱਸੀ ਦੇ ਪਿੰਡ ਛਛਰੌਲੀ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਤੋਂ ਬਾਅਦ ਉਸ ਨੂੰ ਗ੍ਰਿਫ਼ਤਾਰ ਕੀਤਾ ਹੈ। ਸ਼ਿਕਾਇਤਕਰਤਾ ਨੇ 2012 ਵਿੱਚ ਰਾਣੀ ਮਾਜਰਾ ਬਹੁ-ਮੰਤਵੀ ਖੇਤੀਬਾੜੀ ਸਹਿਕਾਰੀ ਸੇਵਾ ਸਭਾ ਤੋਂ ੨ ਲੱਖ ਰੁਪਏ ਦਾ ਕਰਜ਼ਾ ਲਿਆ ਸੀ ਪਰ ਨੇਮਬੱਧ ਢੰਗ ਨਾਲ ਅਦਾਇਗੀਆਂ ਨਾ ਕਰ ਸਕਿਆ ਜਿਸ ਕਾਰਨ ਮੂਲ ਰਕਮ ਤੇ ਵਿਆਜ ਦਾ ਬਕਾਇਆ ਜਮ੍ਹਾਂ ਹੋ ਕੇ 3,16,632 ਰੁਪਏ ਹੋ ਗਿਆ। ਬਾਅਦ ਵਿੱਚ, ਸ਼ਿਕਾਇਤਕਰਤਾ ਨੇ ਇਸ ਸਾਲ 13 ਮਾਰਚ ਨੂੰ 4,14,500 ਰੁਪਏ ਦੀ ਸਾਰੀ ਬਕਾਇਆ ਰਕਮ ਦਾ ਭੁਗਤਾਨ ਕਰ ਕਰਕੇ ਸੁਸਾਇਟੀ ਤੋਂ ਬਣਦੀ ਕਲੀਅਰੈਂਸ ਵੀ ਲੈ ਲਈ ਸੀ। ਸ਼ਿਕਾਇਤ ਕਰਤਾ ਨੇ ਦੋਸ਼ ਲਾਇਆ ਕਿ ਇਸ ਦੇ ਬਾਵਜੂਦ ਵੀ ਉਕਤ ਮੁਲਜ਼ਮ ਉਸ ਨੂੰ ਸਹਾਇਕ ਰਜਿਸਟਰਾਰ ਤੋਂ ਜ਼ਰੂਰੀ ਪ੍ਰਵਾਨਗੀ ਲੈਣ ਅਤੇ ਜ਼ਮੀਨ ਨੂੰ ਆਡਰਹਿਣ ਤੋਂ ਫੱਕ ਕਰਾਉਣ ਲਈ 10,000 ਰੁਪਏ ਰਿਸ਼ਵਤ ਮੰਗ ਰਿਹਾ ਸੀ।ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੇ ਉੱਡਣ ਦਸਤੇ ਦੀ ਟੀਮ ਨੇ ਜਾਲ ਵਿਛਾਇਆ ਅਤੇ ਉਕਤ ਮੁਲਜ਼ਮ ਨੂੰ ਉਸ ਦੇ ਦਫ਼ਤਰ ਵਿੱਚ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 10000 ਰੁਪਏ ਦੀ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕਰ ਲਿਆ। ਵਿਜੀਲੈਂਸ ਬਿਊਰੋ ਟੀਮ ਨੇ ਮੁਲਜ਼ਮ ਦੇ ਕਬਜ਼ੇ ਵਿੱਚੋਂ ਕੇਸ ਨਾਲ ਸਬੰਧਤ ਏ.ਆਰ. ਦੇ ਬਿਨਾਂ ਦਸਤਖਤ ਕੀਤੇ ਟਾਈਪ ਕੀਤੇ ਆਰਡਰ ਵੀ ਮੌਕੇ ਤੇ ਹੀ ਬਰਾਮਦ ਕੀਤੇ।ਇਸ ਸਬੰਧ ਵਿੱਚ ਉਕਤ ਮਲਾਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਪੁਲਿਸ ਥਾਣਾ, ਫਲਾਇੰਗ ਸਕੁਐਡ-, ਪੰਜਾਬ, ਐਸ ਏ ਐਸ ਨਗਰ ਵਿਖੇ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਹੈ ਅਤੇ ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ।



# ਸਟਾਰ ਕਪਲ ਬਲੱਡ ਡੋਨਰ ਵੱਲੋਂ 33ਵੀਂ ਵਾਰ ਇਕੱਠਿਆਂ ਖ਼ੂਨਦਾਨ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਹੁਸ਼ਿਆਰਪੁਰ ਜਿਲ੍ਹੇ ਵਿੱਚ ਦੇ ਪਿੰਡ ਬੁੱਲ੍ਹੋਵਾਲ ਨਿਵਾਸੀ ਸਟਾਰ ਕੱਪਲ ਬਲੱਡ ਡੋਨਰ ਬਹਾਦਰ ਸਿੰਘ ਸਿੱਧੂ ਅਤੇ ਜਤਿੰਦਰ ਕੌਰ ਸਿੱਧੂ ਨੇ ਬਲੱਡ ਬੈਂਕ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਪਹੁੰਚ ਕੇ 33ਵੀਂ ਵਾਰ ਇਕੱਠਿਆਂ ਖਨਦਾਨ ਕਰਕੇ ਇੱਕ ਮਿਸਾਲ ਪੇਸ਼ ਕੀਤੀ।ਇਹ ਜੋੜਾ ਹਰ ਚਾਰ ਮਹੀਨੇ ਬਾਅਦ ਲਗਾਤਾਰ ਖਨਦਾਨ ਕਰਦਾ ਹੈ।ਨਿੱਜੀ ਤੌਰ ਤੇ ਬਹਾਦਰ ਸਿੰਘ ਸਿੱਧੂ ਨੇ 68ਵੀਂ ਅਤੇ ਜਤਿੰਦਰ ਕੌਰ ਸਿੱਧੂ ਨੇ 33ਵੀਂ ਵਾਰ ਖ਼ੂਨਦਾਨ ਕੀਤਾ ਹੈ। ਇਸ ਸਮੇਂ ਸੀਨੀਅਰ ਲੈਬ ਟੈਕਨੀਸ਼ੀਅਨ ਹਰਜੀਤ ਸਿੰਘ, ਲੈਬ ਟੈਕਨੀਸ਼ੀਅਨ ਸੰਦੀਪ ਸਿੰਘ ਅਤੇ ਮੈਡਮ ਕਮਲਪ੍ਰੀਤ ਕੌਰ ਨੇ ਸਿੱਧੂ ਜੋੜੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨੌਜਵਾਨ ਵਰਗ ਨੂੰ ਵੀ ਸਿੱਧੂ ਜੋੜੇ ਤੋਂ ਪ੍ਰੇਰਣਾ ਲੈਂਦੇ ਹੋਏ ਖ਼ੂਨਦਾਨ ਮੁਹਿੰਮ ਵਿੱਚ ਵੱਧ-ਚੜ ਕੇ ਹਿੱਸਾ ਲੈਣਾ ਚਾਹੀਦਾ ਹੈ।

# ਨਸ਼ਿਆਂ ਦੇ ਖ਼ਾਤਮੇ ਲਈ ਕੋਟ ਰਾਂਝਾ 'ਚ ਲੋਕਾਂ ਨੂੰ ਕੀਤਾ ਜਾਗਰੂਕ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਮੁਕਤੀ ਯਾਤਰਾ ਨੂੰ ਨਿਰੰਤਰ ਜਾਰੀ ਰੱਖਦੇ ਹੋਏ 3 ਜੂਨ ਨੂੰ ਵਿਧਾਨ ਸਭਾ ਹਲਕਾ ਨਵਾਂਸ਼ਹਿਰ ਅਧੀਨ ਪੈਂਦੇ ਪਿੰਡ ਕੋਟ ਰਾਂਝਾ ਦੇ ਨਿਵਾਸੀਆਂ ਨੂੰ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਆਪਣਾ ਸਰਗਰਮ ਯੋਗਦਾਨ ਪਾਉਣ ਲਈ ਸਹੁੰ ਚੁਕਾਈ ਗਈ।ਇਸ ਮੌਕੇ ਨਵਾਂਸ਼ਹਿਰ ਦੇ ਹਲਕਾ ਇੰਚਾਰਜ ਲਲਿਤ ਮੋਹਨ ਪਾਠਕ ਨੇ ਪਿੰਡ ਦੇ ਲੋਕਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਵੀ ਨਸ਼ਿਆਂ ਖਿਲਾਫ਼ ਆਪਣੇ ਪੱਧਰ 'ਤੇ ਜਨ ਜਾਗਰੂਕਤਾ ਅੰਦੋਲਨ ਵਿੱਢਣ ਅਤੇ ਕਿਸੇ ਵੀ ਨਸ਼ਿਆਂ ਨੂੰ ਉਤਸ਼ਾਹਿਤ ਕਰਨ ਵਾਲੇ ਵਿਅਕਤੀ ਨਾਲ ਮਿਲਵਰਤਣ ਤੋਂ ਗੁਰੇਜ਼ ਕਰਨ ਤਾਂ ਜੋ ਯੁੱਧ ਨਸ਼ਿਆਂ ਵਿਰੁੱਧ ਮਹਿੰਮ ਨੂੰ ਲੋਕ ਲਹਿਰ ਬਣਾਇਆ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਆਉਣ ਵਾਲੀ ਪੀੜ੍ਹੀ ਦੇ ਸੁਨਹਿਰੀ ਭਵਿੱਖ ਲਈ ਪੰਜਾਬ ਨੂੰ ਮੁੜ ਕੁਸ਼ਤੀਆਂ, ਅਖਾੜਿਆਂ ਤੇ ਭੰਗੜੇ, ਗਿੱਧਿਆਂ ਵਾਲਾ ਪੰਜਾਬ ਬਣਾਉਣਾ ਸਮੇਂ ਦੀ ਲੋੜ ਹੈ। ਇਸ ਲਈ ਜ਼ਿਲ੍ਹੇ ਨੂੰ ਨਸ਼ਾ ਮੁਕਤ ਬਣਾਉਣ ਦੀ ਲੋੜ 'ਤੇ ਜ਼ੋਰ ਦੇਣ ਲਈ ਸਾਨੂੰ ਸਾਰਿਆਂ ਨੂੰ ਮਿਲ ਕੇ ਯਤਨ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਨੌਜਵਾਨ ਵਰਗ ਦੇ ਸਹਿਯੋਗ ਦੀ ਅਹਿਮ ਭੂਮਿਕਾ ਹੁੰਦੀ ਹੈ। ਇਸ ਲਈ ਹਰ ਵਿਅਕਤੀ ਘਰ, ਸਮਾਜ ਅਤੇ ਜ਼ਿਲ੍ਹੇ ਨੂੰ ਨਸ਼ਾ ਮੁਕਤ ਕਰਨ ਦਾ ਪ੍ਰਣ ਲਵੇ।ਇਸ ਮੌਕੇ ਉਨਾਂ ਨਾਲ ਸੀਨੀਅਰ ਮੈਡੀਕਲ ਅਫਸਰ ਡਾ. ਗੀਤਾਂਜਲੀ ਸਿੰਘ, ਬੀ.ਡੀ.ਪੀ.ਓ. ਰਾਜਵਿੰਦਰ ਕੌਰ, ਡਾ ਰਣਜੀਤ ਹਰੀਸ਼, ਪਿੰਡਾਂ ਦੀਆਂ ਪੰਚਾਇਤਾਂ ਅਤੇ ਪਿੰਡ ਦੇ ਪਤਵੰਤੇ ਸਾਥੀ ਹਾਜ਼ਰ ਸਨ।



# ਮੀਨਾ ਪਰਮਾਰ ਫਾਊਂਡੇਸ਼ਨ ਨੇ ਦੋ ਵਿਕਲਾਂਗ ਵਿਅਕਤੀਆਂ ਨੂੰ ਦਿੱਤੀ ਨਵੀਂ ਜ਼ਿੰਦਗੀ

**ਆਦਮਪੁਰ (ਪਰਮਜੀਤ ਸਿੰਘ)**

ਸਮਾਜ ਵਿਚ ਆਰਥਿਕ ਮੰਦਹਾਲੀ ਨਾਲ ਜੂਝ ਰਹੇ ਪਰਵਾਰਾਂ ਨੂੰ ਖੁਸ਼ਹਾਲ ਜੀਵਨ ਬਿਤਾਉਣ ਲਈ ਐਨ ਆਰ ਆਈ ਵੀਰਾਂ ਭੈਣਾਂ ਦੇ ਵੱਡੇ ਯੋਗਦਾਨ ਨਾਲ਼ ਕੰਮ ਕਰ ਰਹੀ ਹੈ ਪੰਜਾਬ ਪੰਜਾਬੀ ਅਤੇ ਪੰਜਾਬੀਅਤ ਦੀ ਸ਼ਾਨ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ। ਇਹਨਾਂ ਗੱਲਾਂ ਦਾ ਪ੍ਰਗਟਾਵਾ ਬੀਤੇ ਦਿਨੀਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਸਵੰਧ ਗਰੀਬਾਂ ਲਈ ਵੈਲਫੇਅਰ ਸੇਵਾ ਸੁਸਾਇਟੀ ਰਜਿ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਸੁਖਜੀਤ ਸਿੰਘ ਮਿਨਹਾਸ ਨੇ ਮੀਨਾ ਪਰਮਾਰ ਫਾਉਂਡੇਸ਼ਨ ਯੂ ਕੇ ਦੇ ਸਰਪ੍ਰਸਤ ਦਲਵਿੰਦਰ ਸਿੰਘ ਪਰਮਾਰ ਵੱਲੋਂ ਆਪਣੀ ਸਵਰਗਵਾਸੀ ਬੇਟੀ ਮੀਨਾ ਪਰਮਾਰ ਦੀ ਨਿੱਘੀ ਅਤੇ ਮਿੱਠੀ ਯਾਦ ਵਿੱਚ ਨਿਰੰਤਰ ਲੋਕ ਭਲਾਈ ਕਾਰਜਾਂ ਵਿੱਚ ਵਾਧਾ ਕਰਦਿਆਂ ਦੋ ਜਨਮ ਤੋਂ ਹੀ ਦਿਵਿਆਂਗ ਵਿਅਕਤੀਆਂ ਨੂੰ ਨਵੇਂ ਟਰਾਈਸਾਈਕਲ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਦੇ ਜ਼ਰੀਏ ਭੇਟ ਕਰਦੇ ਹੋਏ ਦੋਵਾਂ ਵਿਕਲਾਂਗ ਵੀਰਾਂ ਨੂੰ ਚੱਲਣ ਫਿਰਨ ਲਈ ਆਸਾਨ ਬਣਾਉਣ ਦਾ ਉੱਤਮ ਕਾਰਜ ਕੀਤਾ, ਜਿਸ ਦੀ ਸੇਵਾਦਾਰ ਭਾਈ ਸੁਖਜੀਤ ਸਿੰਘ ਡਰੋਲੀ, ਪਿੰਡ ਜ਼ਬਰਦੀਵਾਲ ਤੋਂ ਸਾਬਕਾ ਸਰਪੰਚ ਦਲਵਿੰਦਰ ਕੌਰ, ਯੁਵਾ ਸਰਪੰਚ ਸੁੱਖੀ ਦਾਊਦਪੁਰੀਆ ਅਤੇ ਟੀਮ ਮੈਂਬਰ ਟੋਨੀ ਕੰਦੋਲਾ ਅਤੇ ਲੋੜਵੰਦ ਪਰਵਾਰਾਂ ਵੱਲੋਂ ਵੀ ਦਲਵਿੰਦਰ ਸਿੰਘ ਪਰਮਾਰ ਸਰਪ੍ਰਸਤ ਮੀਨਾ ਪਰਮਾਰ ਫਾਉਂਡੇਸ਼ਨ ਯੂ ਕੇ ਜੀਆਂ ਦੇ ਇਸ ਲੋਕ ਭਲਾਈ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ। ਇਹ ਟਰਾਈਸਾਈਕਲ ਇੱਕ ਪਿੰਡ ਜ਼ਬਰਦੀਵਾਲ ਅਤੇ ਦੂਸਰਾ ਪਿੰਡ ਫੱਤੋਵਾਲ ਨਜ਼ਦੀਕ ਬੁੱਲ੍ਹੋਵਾਲ ਵਿਖੇ ਦੋ ਵੱਖ ਵੱਖ ਵਿਕਲਾਂਗ ਵਿਆਕਤੀਆਂ ਨੂੰ ਭੇਟ ਕੀਤੇ ਗਏ।



# ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਦੀ ਸਖ਼ਤ ਨਿਖੇਧੀ

**ਫਗਵਾੜਾ (ਜਸਵਿੰਦਰ ਢੱਡਾ)**- ਬਲਾਕ ਕਾਂਗਰਸ ਫਗਵਾੜਾ ਦੇ ਸ਼ਹਿਰੀ ਮੀਤ ਪ੍ਰਧਾਨ ਤੁਲਸੀ ਰਾਮ ਖੋਸਲਾ ਨੇ ਖਾਲਿਸਤਾਨੀ ਗੁਰਪਤਵੰਤ ਸਿੰਘ ਪੰਨੂ ਦੇ ਇਸ਼ਾਰੇ 'ਤੇ ਫਿਲੌਰ ਦੇ ਪਿੰਡ ਨੰਗਲ 'ਚ ਦੂਜੀ ਵਾਰ ਬਾਬਾ ਸਾਹਿਬ ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਦੀ ਅੰਜਾਮ ਦਿੱਤੀ ਘਟਨਾ ਨੂੰ ਮੰਦਭਾਗੀ ਦੱਸਦਿਆਂ ਤਲਖ਼ ਲਹਿਜੇ 'ਚ ਕਿਹਾ ਕਿ ਭਾਰਤ ਸਰਕਾਰ ਗੁਰਪਤਵੰਤ ਪੰਨੂ ਦਾ ਇਲਾਜ ਅਮਰੀਕਾ ਦੇ ਕਿਸੇ ਵਧੀਆ ਡੰਗਰ ਹਸਪਤਾਲ 'ਚ ਕਰਵਾਉਣ ਦੀ ਸਿਫਾਰਸ਼ ਕਰੇ। ਕਿਉਂਕਿ ਅਜਿਹੀ ਮਾੜੀ ਮਾਨਸਿਕਤਾ ਕਿਸੇ ਇਨਸਾਨ ਦੀ ਨਹੀਂ ਹੋ ਸਕਦੀ। ਖੋਸਲਾ ਨੇ ਕਿਹਾ ਕਿ ਬਾਬਾ ਸਾਹਿਬ ਡਾ. ਅੰਬੇਡਕਰ ਦਲਿਤਾਂ ਦੇ ਮਸੀਹਾ ਅਤੇ ਨਾਰੀ ਜਾਤੀ ਦੇ ਮੁਕਤੀਦਾਤਾ ਹਨ। ਉਹਨਾਂ ਦਾ ਅਪਮਾਨ ਕਰਨ ਬਾਰੇ ਸੋਚਣਾ ਵੀ ਪਾਪ ਹੈ। ਬਾਬਾ ਸਾਹਿਬ ਡਾ. ਅੰਬੇਡਕਰ ਨੇ ਦੁਨੀਆ ਦੇ ਵਿਲੱਖਣ ਸੰਵਿਧਾਨ ਦੀ ਰਚਨਾ ਕਰਕੇ ਭਾਰਤ ਨੂੰ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਦੇਸ਼ ਦਾ ਦਰਜਾ ਦੁਆਇਆ। ਜਿਸ ਸੰਵਿਧਾਨ ਨੇ ਹਰੇਕ ਧਰਮ ਅਤੇ ਜਾਤੀ ਦੇ ਮਨੁੱਖ ਨੂੰ ਬਰਾਬਰਤਾ ਦਾ ਅਧਿਕਾਰ ਦਿੱਤਾ, ਉਸ ਸੰਵਿਧਾਨ ਦੇ ਰਚਨਾਕਾਰ ਨਾਲ ਕਿਸੇ ਦੀ ਕੀ ਵਿਰੋਧਤਾ ਹੋ ਸਕਦੀ ਹੈ। ਉਹਨਾਂ ਪੰਜਾਬ ਸਰਕਾਰ ਤੋਂ ਵੀ ਪੁਰਜ਼ੋਰ ਮੰਗ ਕੀਤੀ ਕਿ ਜਿਸ ਅਨਸਰ ਨੇ ਇਸ ਘਟਨਾ ਨੂੰ ਅੰਜਾਮ ਦਿੱਤਾ ਹੈ, ਉਸ ਖਿਲਾਫ ਸਖਤ ਅਤੇ ਮਿਸਾਲੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਤਾਂ ਜੋ ਦੁਬਾਰਾ ਕੋਈ ਮਾੜਾ ਅਨਸਰ ਅਜਿਹੀ ਕੋਝੀ ਹਰਕਤ ਕਰਨ ਦੀ ਜੁੱਰਅਤ ਨਾ ਕਰ ਸਕੇ।

# ਸੋਸਵਾ ਪੰਜਾਬ ਦੀ ਟੀਮ ਨੇ ਕੀਤਾ ਵੋਕੇਸ਼ਨਲ ਸੈਂਟਰ ਦਾ ਨਿਰੀਖਣ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**

ਸਰਬ ਨੌਜਵਾਨ ਸਭਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਰਜਿ. ਫਗਵਾੜਾ ਵੱਲੋਂ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਔਰਤਾਂ ਨੂੰ ਸਵੈ-ਰੁਜ਼ਗਾਰ ਨਾਲ ਜੋੜਨ ਅਤੇ ਆਤਮ-ਨਿਰਭਰ ਬਣਾਉਣ ਦੇ ਮੰਤਵ ਨਾਲ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਦੇਖ-ਰੇਖ ਹੇਠ ਸਥਾਨਕ ਹੁਸ਼ਿਆਰਪੁਰ ਰੋਡ ਸਥਿਤ ਸਕੀਮ ਨੰਬਰ ਤਿੰਨ ਵਿਖੇ ਚਲਾਏ ਜਾ ਰਹੇ ਵੋਕੇਸ਼ਨਲ ਸੈਂਟਰ ਦਾ ਸੋਸਵਾ ਪੰਜਾਬ ਦੇ ਮੈਂਬਰ ਡਾਇਰੈਕਟਰ ਡੀ.ਕੇ. ਵਰਮਾ ਰਿਟਾ. ਚੀਫ ਕਮਿਸ਼ਨਰ ਆਬਕਾਰੀ ਵਿਭਾਗ ਨੇ ਦੌਰਾ ਕੀਤਾ। ਉਹਨਾਂ ਦੇ ਨਾਲ ਸੋਸਵਾ ਪੰਜਾਬ ਦੇ ਪ੍ਰੋਗਰਾਮਿੰਗ ਮੈਨੇਜਰ ਵਰਸ਼ਾ ਅਰੋੜਾ ਵੀ ਸਨ। ਸੋਸਵਾ ਦੀ ਟੀਮ ਦਾ ਸਵਾਗਤ ਸੁਸਾਇਟੀ ਦੇ ਸਲਾਹਕਾਰ ਬੋਰਡ ਮੈਂਬਰ ਪ੍ਰਿੰਸੀਪਲ ਗੁਰਮੀਤ ਸਿੰਘ ਪਲਾਹੀ ਅਤੇ ਜਨਰਲ ਸਕੱਤਰ ਡਾ. ਵਿਜੈ ਕੁਮਾਰ ਦੀ ਅਗਵਾਈ ਹੇਠ ਕੀਤਾ ਗਿਆ। ਇਸ ਦੌਰਾਨ ਉਹਨਾਂ ਨੇ ਸਭਾ ਵਲੋਂ ਵੋਕੇਸ਼ਨਲ ਸੈਂਟਰ 'ਚ ਲੜਕੀਆਂ ਨੂੰ ਕਿੱਤਾ ਮੁਖੀ ਕੋਰਸਾਂ ਦੀ ਦਿੱਤੀ ਜਾ ਰਹੀ ਸਿਖਲਾਈ ਦੇ ਕੰਮ ਦਾ ਨਰੀਖਣ ਕੀਤਾ। ਪ੍ਰਧਾਨ ਸੁਖਵਿੰਦਰ ਸਿੰਘ ਨੇ ਸੈਂਟਰ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਸੈਂਟਰ ਵਿਖੇ ਹੋਮ ਕੇਅਰ ਕੋਰਸ ਪ੍ਰਤੀ ਲੜਕੀਆਂ 'ਚ ਵੱਡਾ ਉਤਸ਼ਾਹ ਹੈ।ਮੈਂਬਰ ਡਾਇਰੈਕਟਰ ਡੀ.ਕੇ. ਵਰਮਾ ਨੇ ਸੈਂਟਰ ਦੀ ਕਾਰਗੁਜ਼ਾਰੀ ਪ੍ਰਤੀ ਤਸੱਲੀ ਦਾ ਪ੍ਰਗਟਾਵਾ ਕੀਤਾ ਅਤੇ ਔਰਤਾਂ ਨੂੰ ਕਿੱਤਾ ਮੁਖੀ ਕੋਰਸਾਂ ਦੀ ਸਿਖਲਾਈ ਦੇਣ ਪ੍ਰਤੀ ਸਭਾ ਦੀ ਵਚਨਬੱਧਤਾ ਅਤੇ ਸਮਰਪਣ ਦੀ ਸ਼ਲਾਘਾ ਕੀਤੀ।ਪ੍ਰਿੰ: ਗੁਰਮੀਤ ਪਲਾਹੀ ਨੇ ਪਤਵੰਤਿਆਂ ਨੂੰ ਸਭਾ ਵੱਲੋਂ ਕੀਤੇ ਜਾਣ ਵਾਲੇ ਹੋਰ ਸਮਾਜ ਸੇਵੀ ਕਾਰਜਾਂ ਤੋਂ ਜਾਣੂ ਕਰਵਾਇਆ। ਇਸ ਮੌਕੇ ਮੈਡਮ ਤਨੂ, ਮੈਡਮ ਸਪਨਾ ਸ਼ਾਰਦਾ, ਮੈਡਮ ਮਨਪ੍ਰੀਤ ਕੌਰ, ਮੈਡਮ ਆਸ਼ੂ ਬੱਗਾ, ਮੈਡਮ ਨਵਜੋਤ ਕੌਰ, ਮੈਡਮ ਗੁਰਜੀਤ ਕੌਰ, ਸਾਹਿਬਜੀਤ ਸਾਬੀ, ਜਸ਼ਨ ਮਹਿਰਾ, ਮਨਦੀਪ ਬਾਸੀ, ਰਾਕੇਸ਼ ਕੋਛੜ, ਗੁਰਸ਼ਰਨ ਬਾਸੀ, ਰਾਜ ਕੁਮਾਰ ਰਾਜਾ, ਜੈਸਮੀਨ, ਬਲਜੀਤ, ਮਨਪ੍ਰੀਤ, ਅਮਨਪ੍ਰੀਤ, ਸਿਮਰਨਜੀਤ, ਹਰਮਨ, ਤਮੰਨਾ, ਸਲੋਨੀ, ਸਿਮਰਨ, ਕੰਵਲਪ੍ਰੀਤ, ਰਮਨ, ਸਰੀਨਾ, ਜਸਪ੍ਰੀਤ, ਗੀਤ, ਅੰਜਲੀ, ਪ੍ਰਿੰਯਕਾ, ਮੇਘਾ, ਉਪਿੰਦਰ ਕੌਰ, ਪਰਵੀਨ, ਅਮਨਜੋਤ, ਸੰਜਨਾ, ਗਗਨਦੀਪ, ਮਮਤਾ, ਅੰਜਲੀ ਹੀਰ, ਪ੍ਰਭਜੋਤ, ਖੁਸ਼ੀ ਰਾਣਾ, ਲਵਪ੍ਰੀਤ ਕੌਰ, ਪ੍ਰਿਆ, ਤਾਨੀਆ, ਮਨੀਸ਼ਾ, ਕਾਮਿਨੀ, ਸੁੰਦਰਸ਼ੀਲਾ, ਨੇਹਾ, ਨਿਸ਼ਾ ਆਦਿ ਹਾਜ਼ਰ ਸਨ।



# ਸ੍ਰੀ ਸੁਖਮਨੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ 'ਚ ਇਲੈਕਟ੍ਰਿਕ ਵਹੀਕਲ ਚਾਰਜਿੰਗ ਸਟੇਸ਼ਨ ਦਾ ਉਦਘਾਟਨ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**

ਸ੍ਰੀ ਸੁਖਮਨੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ (ਐਸ ਐਸ ਜੀ ਆਈ), ਡੇਰਾ ਬੱਸੀ ਨੇ ਅਡਾਨੀ ਗ੍ਰੀਨ ਐਨਰਜੀ ਦੇ ਸਹਿਯੋਗ ਨਾਲ ਕੈਂਪਸ ਵਿੱਚ ਆਪਣੇ ਪਹਿਲੇ ਇਲੈਕਟ੍ਰਿਕ ਵਹੀਕਲ (ਈ ਵੀ) ਚਾਰਜਿੰਗ ਸਟੇਸ਼ਨ ਦਾ ਉਦਘਾਟਨ ਕੀਤਾ।ਉਦਘਾਟਨ ਸਮਾਰੋਹ ਵਿੱਚ ਡਾ. ਦਮਨਜੀਤ ਸਿੰਘ, ਡਾਇਰੈਕਟਰ ਐਸ ਐਸ ਜੀ ਆਈ, ਪ੍ਰੋਫੈਸਰ ਰਸ਼ਪਾਲ ਸਿੰਘ ਮੁੱਖ ਪ੍ਰਸ਼ਾਸਕ ਅਤੇ ਐਸ ਐਸ ਜੀ ਆਈ ਛਤਰੀ ਹੇਠ ਵੱਖ-ਵੱਖ ਕਾਲਜਾਂ ਦੇ ਪ੍ਰਿੰਸੀਪਲ ਸ਼ਾਮਲ ਹੋਏ। ਇਸ ਹਰੇ ਮੀਲ ਪੱਥਰ ਨੂੰ ਦੇਖਣ ਲਈ ਫੈਕਲਟੀ ਮੈਂਬਰ, ਵਿਦਿਆਰਥੀ ਅਤੇ ਸਟਾਫ ਵੀ ਮੌਜੂਦ ਸਨ।ਨਵੀਂ ਈ ਵੀ ਸਹੂਲਤ ਵਾਤਾਵਰਣ-ਅਨੁਕੂਲ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਅਤੇ ਇੱਕ ਸਾਫ਼, ਹਰੇ ਭਵਿੱਖ ਲਈ ਰਾਸ਼ਟਰੀ ਦ੍ਰਿਸ਼ਟੀਕੋਣ ਦਾ ਸਮਰਥਨ ਕਰਨ ਲਈ ਐਸ ਐਸ ਜੀ ਆਈ ਦੀ ਵਚਨਬੱਧਤਾ ਨੂੰ ਉਜਾਗਰ ਕਰਦੀ ਹੈ।ਇਸ ਸਮਾਗਮ ਵਿੱਚ ਡਾ. ਦਮਨਜੀਤ ਸਿੰਘ ਨੇ ਕਿਹਾ, ਇਹ ਪਹਿਲ ਨਾ ਸਿਰਫ਼ ਵਾਤਾਵਰਣ ਪ੍ਰਤੀ ਸਾਡੀ ਜ਼ਿੰਮੇਵਾਰੀ ਨੂੰ ਦਰਸਾਉਂਦੀ ਹੈ ਬਲਕਿ ਸਾਡੇ ਵਿਦਿਆਰਥੀਆਂ ਨੂੰ ਟਿਕਾਊ ਤਕਨਾਲੋਜੀਆਂ ਨੂੰ ਅਪਣਾਉਣ ਅਤੇ ਉਨ੍ਹਾਂ ਦੀ ਵਕਾਲਤ ਕਰਨ ਲਈ ਵੀ ਉਤਸ਼ਾਹਿਤ ਕਰਦੀ ਹੈ। ਈ ਵੀ ਚਾਰਜਿੰਗ ਸਟੇਸ਼ਨ ਵਿਦਿਆਰਥੀਆਂ, ਸਟਾਫ਼ ਅਤੇ ਸੈਲਾਨੀਆਂ ਲਈ ਖੁੱਲ੍ਹਾ ਰਹੇਗਾ ਅਤੇ ਇਹ ਐਸ ਐਸ ਜੀ ਆਈ ਕੈਂਪਸ ਵਿੱਚ ਸਮਾਰਟ, ਊਰਜਾ-ਕੁਸ਼ਲ ਬੁਨਿਆਦੀ ਢਾਂਚੇ ਨੂੰ ਲਾਗੂ ਕਰਨ ਦੀ ਇੱਕ ਵੱਡੀ ਯੋਜਨਾ ਦਾ ਹਿੱਸਾ ਹੈ।



# ਸਲਾਨਾ ਅਰਦਾਸ ਸਮਾਗਮ ਦੇ ਪਹਿਲੇ ਦਿਨ ਪਹੁੰਚੀਆਂ ਸੈਂਕੜੇ ਸੰਗਤਾਂ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੌਬੀ)**

ਪਿੰਡ ਕੰਧੋਲਾ ਗੁਰਦੁਆਰਾ ਸਾਹਿਬ ਵਿਖੇ ਸਲਾਨਾ ਅਰਦਾਸ ਸਮਾਗਮ ਵਿੱਚ ਸੈਂਕੜੇ ਸੰਗਤਾਂ ਪਹੁੰਚੀਆਂ। ਸਮਾਗਮ ਦੇ ਪਹਿਲੇ ਦਿਨ ਵਿੱਚ ਸੰਤ ਬਾਬਾ ਸੁਖਵੀਰ ਸਿੰਘ ਕੰਧੋਲੇ ਵਾਲੇ, ਬਾਬਾ ਸਤਿਨਾਮ ਸਿੰਘ ਪੋਲ ਮਾਜਰੇ ਵਾਲੇ, ਜਥੇਦਾਰ ਬਹਾਦਰ ਸਿੰਘ ਮਕੜਨਾ, ਸੰਤ ਮਹਾਂਪੁਰਸ਼, ਢਾਡੀ, ਕੀਰਤਨੀਏ ਅਤੇ ਕਥਾ ਵਾਚਕਾਂ ਨੇ ਆਪਣੀ ਹਾਜ਼ਰੀ ਲਗਵਾਈ। ਸਭ ਦੀ ਭਲਾਈ ਲਈ ਅਰਦਾਸ ਬੇਨਤੀ ਵੀ ਕੀਤੀ ਗਈ। ਇਸ ਮੌਕੇ ਲੰਗਰ ਗੁਰੂ ਕੇ ਲੰਗਰ ਵੀ ਲਗਾਏ ਗਏ। ਇਸ ਮੌਕੇ ਹਰਦੀਪ ਸਿੰਘ, ਰਾਜਿੰਦਰ ਸਿੰਘ, ਹਰਮਨ ਸਿੰਘ ਭੰਗੂ, ਸਰਬਜੀਤ ਸਿੰਘ ਬਿੱਟੂ, ਜਸਵਿੰਦਰ ਸਿੰਘ ਜੱਸੂ, ਬਾਬਾ ਦਲੀਪ ਸਿੰਘ, ਦਵਿੰਦਰ ਸਿੰਘ ਮਾਂਗਟ, ਕੁਲਵਿੰਦਰ ਸਿੰਘ ਗਿੱਲ, ਨਰਿੰਦਰ ਕੌਰ ਗਿੱਲ, ਜੈਵੀਰ ਸਿੰਘ, ਜਗਦੀਸ਼ ਸਿੰਘ, ਹਰਜੋਤ ਸਿੰਘ, ਜਗਜੀਤ ਸਿੰਘ, ਪਰਮਿੰਦਰ ਕੌਰ ਗਰੇਵਾਲ, ਨਗਿੰਦਰ ਸਿੰਘ, ਮਨਮੋਹਨ ਸਿੰਘ ਖੇੜਾ, ਰਵੀ ਮੋਹੀ, ਬੀਬੀ ਗੁਰਦੀਪ ਕੌਰ ਕੰਧੋਲਾ, ਪ੍ਰਿੰਸੀਪਲ ਸਾਰਗ ਸਮਾਰਟ ਸਕੂਲ ਸ੍ਰੀ ਚਮਕੌਰ ਸਾਹਿਬ, ਹਰਜਿੰਦਰ ਸਿੰਘ ਸੋਨਾ ਸੰਧੂਆਂ, ਅਮਰਜੀਤ ਸਿੰਘ ਕਲਸੀ ਪ੍ਰਧਾਨ ਬੁਲੰਦ ਪ੍ਰੈੱਸ ਕਲੱਬ ਸ੍ਰੀ ਚਮਕੌਰ ਸਾਹਿਬ, ਨੌਜਵਾਨ ਸਭਾ ਪੰਜਾਬ ਦੇ ਚੇਅਰਮੈਨ ਜਤਿੰਦਰ ਕੁਮਾਰ ਸ਼ਰਮਾ ਹਰਦੀਪ ਸਿੰਘ, ਦੀਪਾ, ਕੁਲਵਿੰਦਰ ਸਿੰਘ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।



# ਡੀ ਜੀ ਪੀ ਨੇ ਸੀਨੀਅਰ ਫੀਲਡ ਅਫਸਰਾਂ ਨਾਲ ਕੀਤੀ ਸੂਬਾ ਪੱਧਰੀ ਸਮੀਖਿਆ ਮੀਟਿੰਗ

**ਜਲੰਧਰ (ਸੁਰਿੰਦਰ ਕੁਮਾਰ, ਇਕਬਾਲ ਸਿੰਘ ਉਭੀ)**- ਪੰਜਾਬ ਪੁਲਸ ਦੇ ਮੁਖੀ ਗੌਰਵ ਯਾਦਵ ਨੇ ਅੱਜ ਜਲੰਧਰ 'ਚ ਯੁੱਧ ਨਸ਼ੇ ਵਿਰੁੱਧ ਦੀ ਚਲਾਈ ਜਾ ਰਹੀ ਮੁਹਿੰਮ ਨੂੰ ਲੈ ਕੇ ਇਕ ਬੈਠਕ ਕੀਤੀ। ਉਨ੍ਹਾਂ ਨੇ ਅਰਪਿਤ ਸ਼ੁਕਲਾ ਡੀ ਜੀ ਪੀ ਸਪੈਸ਼ਲ ਮੁਖੀ ਕਾਨੂੰਨ ਵਿਵਸਥਾ ਸਮੇਤ ਹੋਰ ਅਧਿਕਾਰੀਆਂ ਨਾਲ ਆਪਣੀ ਮੁਹਿੰਮ ਦੇ ਸਬੰਧ ਵਿੱਚ ਚਰਚਾ ਕੀਤੀ ਤੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿੱਢੀ ਨਸ਼ਾ ਵਿਰੋਧੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਜਿਸ ਵਿੱਚ 15,000 ਤੋਂ ਵੱਧ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ, ਦੇ ਪਹਿਲੇ ਤਿੰਨ ਮਹੀਨਿਆਂ ਵਿੱਚ ਮਿਲੀ ਸ਼ਾਨਦਾਰ ਸਫਲਤਾ ਤੋਂ ਬਾਅਦ ਪੰਜਾਬ ਪੁਲਸ ਨੇ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਰੋਡਮੈਪ ਤਿਆਰ ਕੀਤਾ ਹੈ। ਇਹ ਐਲਾਨ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਕੀਤਾ। ਉਨ੍ਹਾਂ ਕਿਹਾ ਕਿ ਇਸ ਉਦੇਸ਼ ਦੀ ਪ੍ਰਾਪਤੀ ਲਈ ਨਸ਼ਿਆਂ ਦੇ ਨੈੱਟਵਰਕ ਨੂੰ ਨਸ਼ਟ ਕਰਨ ਲਈ ਦੋ-ਪੱਖੀ ਰਣਨੀਤੀ ਅਪਣਾਈ ਜਾ ਰਹੀ ਹੈ, ਜਿਸ ਵਿੱਚ ਵੱਡੇ ਨਸ਼ਾ ਸਪਲਾਇਰਾਂ/ਤਸਕਰਾਂ ਨੂੰ ਨਸ਼ਾ ਪੀੜਤਾਂ ਤੋਂ ਵੱਖ ਕੀਤਾ ਜਾ ਰਿਹਾ ਹੈ, ਜਿਸ ਤਹਿਤ ਤਸਕਰਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ, ਜਦੋਂ ਕਿ ਨਸ਼ਾ ਪੀੜਤਾਂ ਨੂੰ ਨਸ਼ਾ ਛੁਡਾਊ ਇਲਾਜ ਕਰਵਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਡੀ ਜੀ ਪੀ ਗੌਰਵ ਯਾਦਵ ਨੇ ਕਿਹਾ, ਸਾਡਾ ਉਦੇਸ਼ ਨਸ਼ੀਲੇ ਪਦਾਰਥਾਂ ਦੇ ਅਸਲ ਡੀਲਰਾਂ ਨੂੰ ਅਲੱਗ ਕਰਕੇ ਅਤੇ ਸਖ਼ਤ ਸਜ਼ਾ ਦੇ ਕੇ ਸਪਲਾਈ ਲੜੀ ਨੂੰ ਤੋੜਨਾ

**● ਪੰਜਾਬ ਪੁਲਿਸ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਰੋਡਮੈਪ ਤਿਆਰ**

ਹੈ, ਜਦੋਂ ਕਿ ਨਸ਼ਾ ਪੀੜਤਾਂ ਦੀ ਰਿਕਵਰੀ ਲਈ ਹਮਦਰਦੀ ਭਰਿਆ ਰਵੱਈਆ ਅਪਣਾਉਣਾ ਹੈ। ਡੀ ਜੀ ਪੀ ਗੌਰਵ ਯਾਦਵ ਨੇ ਕਿਹਾ ਕਿ ਡੀਲਰਾਂ ਵਿਰੁੱਧ ਜ਼ੀਰੋ ਸਹਿਣਸ਼ੀਲਤਾ ਅਤੇ ਨਸ਼ਾ ਪੀੜਤਾਂ ਦੇ ਪੁਨਰਵਾਸ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ।ਡੀ ਜੀ ਪੀ ਪੀ ਏ ਪੀ ਕੰਪਲੈਕਸ ਜਲੰਧਰ ਵਿਖੇ ਸੂਬੇ ਵਿੱਚ ਵਿੱਢੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ, ਸੂਬੇ ਦੀ ਕਾਨੂੰਨ ਵਿਵਸਥਾ ਅਤੇ ਅੰਦਰੂਨੀ ਸੁਰੱਖਿਆ ਸਥਿਤੀ ਸਬੰਧੀ ਜ਼ਿਲ੍ਹਿਆਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰਨ ਲਈ ਸੂਬਾ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਇਸ ਮੌਕੇ ਡੀ ਜੀ ਪੀ ਦੇ ਨਾਲ ਸਪੈਸ਼ਲ ਡੀ ਜੀ ਪੀ



ਅੰਦਰੂਨੀ ਸੁਰੱਖਿਆ ਆਰ.ਐਨ. ਢੋਕੇ, ਸਪੈਸ਼ਲ ਡੀ ਜੀ ਪੀ ਐਂਟੀ-ਨਾਰਕੋਟਿਕਸ ਫੋਰਸ (ਏ ਐਨ ਟੀ ਐਫ) ਕੁਲਦੀਪ ਸਿੰਘ, ਸਪੈਸ਼ਲ ਡੀ ਜੀ ਪੀ ਕਾਨੂੰਨ ਵਿਵਸਥਾ ਅਰਪਿਤ ਸ਼ੁਕਲਾ, ਏ ਡੀ ਜੀ ਪੀ ਏ ਐਨ ਟੀ ਐਫ ਨੀਲਾਭ ਕਿਸ਼ੋਰ ਅਤੇ ਆਈ ਜੀ ਪੀ ਹੈੱਡਕੁਆਟਰ ਡਾ. ਸੁਖਚੈਨ ਸਿੰਘ ਗਿੱਲ ਮੌਜੂਦ ਸਨ। ਇਸ ਦੇ ਨਾਲ ਹੀ ਮੀਟਿੰਗ ਵਿੱਚ ਪੰਜਾਬ ਦੇ ਸਾਰੇ ਸੀਨੀਅਰ ਸੁਪਰਡੈਂਟ ਆਫ ਪੁਲਸ (ਐਸ ਐਸ ਪੀਜ਼), ਕਮਿਸ਼ਨਰ ਆਫ ਪੁਲਸ (ਸੀ ਪੀਜ਼) ਅਤੇ ਰੇਂਜ ਆਈ ਜੀਜ਼/ਡੀ ਆਈ ਜੀਜ਼ ਵੀ ਮੌਜੂਦ ਸਨ।ਡੀ ਜੀ ਪੀ ਗੌਰਵ ਯਾਦਵ ਨੇ ਲੋਕਾਂ ਨੂੰ ਸੇਫ ਪੰਜਾਬ ਚੈਟਬੋਟ: 9779100200 'ਤੇ ਗੁਪਤ ਰੂਪ ਵਿੱਚ ਨਸ਼ਿਆਂ ਨਾਲ ਸਬੰਧਤ ਜਾਣਕਾਰੀ ਦੀ ਰਿਪੋਰਟ ਕਰਨ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਨਸ਼ੀਲੇ ਪਦਾਰਥਾਂ ਦੀ ਥੋੜ੍ਹੀ ਮਾਤਰਾ ਨਾਲ ਫੜੇ ਗਏ 1,121 ਨਸ਼ਾ ਪੀੜਤਾਂ ਨਾਲ ਅਪਰਾਧੀਆਂ ਵਾਂਗ ਵਿਵਹਾਰ ਕਰਨ ਦੀ ਬਜਾਏ ਉਨ੍ਹਾਂ ਨੂੰ ਐਨ ਡੀ ਪੀ ਐਸ ਐਕਟ ਦੀ ਧਾਰਾ 64-ਏ ਤਹਿਤ ਮੁੜ ਵਸੇਬੇ ਲਈ ਭੇਜਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾਪੁਲਸ ਨੇ 5,786 ਨਸ਼ਾ ਪੀੜਤਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਇਲਾਜ ਲਈ ਭੇਜਿਆ ਗਿਆ ਹੈ ਅਤੇ ਹੋਰ 6,483 ਨਸ਼ਾ ਪੀੜਤਾਂ ਨੂੰ ਓ ਓ ਏ ਟੀ ਕਲੀਨਿਕਾਂ ਵਿੱਚ ਇਲਾਜ ਪ੍ਰਾਪਤ ਕਰਨ ਲਈ ਪ੍ਰੇਰਿਆ ਹੈ। ਡੀ ਜੀ ਪੀ ਨੇ ਦੱਸਿਆ ਕਿ ਪੰਜਾਬ ਪੁਲਸ ਨੇ 1 ਮਾਰਚ, 2025 ਤੋਂ ਹੁਣ ਤੱਕ 9087 ਐਫ ਆਈ ਆਰ ਦਰਜ ਕੀਤੀਆਂ ਹਨ ਅਤੇ 15,495 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 607 ਕਿਲੋ ਹੈਰੋਇਨ, 249 ਕਿਲੋ ਅਫੀਮ, 14 ਟਨ ਭੁੱਕੀ, 9 ਕਿਲੋ ਚਰਸ, 263 ਕਿਲੋ ਗਾਂਜਾ, 2.5 ਕਿਲੋ ਆਈ ਸੀ ਈ, 1.6 ਕਿਲੋ ਕੋਕੀਨ, 26.35 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 10.83 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਤੋਂ ਇਲਾਵਾ, 144 ਨਸ਼ਾ ਤਸਕਰਾਂ ਦੀਆਂ 74.27 ਕਰੋੜ ਰੁਪਏ ਦੀਆਂ ਗੈਰ-ਕਾਨੂੰਨੀ ਤੌਰ 'ਤੇ ਪ੍ਰਾਪਤ ਕੀਤੀਆਂ ਜਾਇਦਾਦਾਂ ਨੂੰ ਫਰੀਜ਼ ਕੀਤਾ ਗਿਆ ਹੈ।ਡੀ ਜੀ ਪੀ ਨੇ ਕਿਹਾ ਕਿ ਪੰਜਾਬ ਪੁਲਿਸ ਜ਼ਮਾਨਤ 'ਤੇ ਰਿਹਾਅ ਹੋਏ ਵੱਡੇ ਨਸ਼ਾ ਤਸਕਰਾਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖਣ ਅਤੇ ਨਿਗਰਾਨੀ ਲਈ ਜੀ ਪੀ ਐਸ ਐਂਕਲੇਟਸ ਦੀ ਵਰਤੋਂ ਕਰਨ ਦੀ ਵੀ ਪੜਚੋਲ ਕਰ ਰਹੀ ਹੈ। ਇਸ ਦੌਰਾਨ, ਏ ਡੀ ਜੀ ਪੀ ਏ ਐਨ ਟੀ ਐਫ ਨੀਲਾਭ ਕਿਸ਼ੋਰ ਨੇ ਇੱਕ ਵਿਆਪਕ ਪੇਸ਼ਕਾਰੀ ਦਿੱਤੀ, ਜਿਸ ਉਪਰੰਤ ਮੀਟਿੰਗ ਦੌਰਾਨ ਸਬੰਧਤ ਸੀ ਪੀਜ਼/ਐਸ ਐਸ ਪੀਜ਼ ਵੱਲੋਂ ਜ਼ਿਲ੍ਹਾ ਪੱਧਰੀ ਅਪਡੇਟਸ ਸਾਂਝੇ ਕੀਤੇ ਗਏ।



## ਕਾਂਗਰਸ ਪਾਰਟੀ ਦੀਆਂ ਜੜ੍ਹਾਂ ਹੋ ਰਹੀਆਂ ਹੋਰ ਵੀ ਮਜ਼ਬੂਤ : ਅਜੇ ਮੰਗੂਪੁਰ

**ਬਲਾਚੌਰ (ਜਸਵਿੰਦਰ ਬੈਂਸ)**– ਸ਼ਹੀਦ ਭਗਤ ਸਿੰਘ ਨਗਰ ਤੋਂ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਕਿਹਾ ਕਿ ਕਾਂਗਰਸ ਪਾਰਟੀ ਨੇ ਨਵੇਂ ਵਰਕਰਾਂ ਅਤੇ ਆਗੂਆਂ ਨੂੰ ਸ਼ਾਮਲ ਕਰਕੇ ਪਾਰਟੀ ਦੀਆਂ ਜੜ੍ਹਾਂ ਨੂੰ ਵਧੇਰੇ ਮਜ਼ਬੂਤ ਕੀਤਾ ਹੈ।ਸੱਤਾਧਾਰੀ ਆਮ ਆਦਮੀ ਪਾਰਟੀ ਨੂੰ ਛੱਡ ਕੇ ਲੋਕ ਕਾਂਗਰਸ 'ਚ ਜੁੜ ਰਹੇ ਹਨ। ਬੀਤੇ ਦਿਨੀ ਬਲਾਕ ਬਲਾਚੌਰ ਦੇ ਪਿੰਡ-ਨਵਾਂ ਪਿੰਡ ਰੱਤੇਵਾਲ ਤੋਂ ਬਲਵਿੰਦਰ ਚੌਧਰੀ ਆਪਣੇ ਸਾਥੀਆਂ ਸਮੇਤ ਅਜੇ ਮੰਗੂਪੁਰ ਦੀ ਅਗਵਾਈ ਹੇਠ, ਮਹਿੰਦਰ ਪਾਲ ਸੀਨੀਅਰ ਮੀਤ ਪ੍ਰਧਾਨ ਬਲਾਕ ਕਮੇਟੀ ਬਲਾਚੌਰ ਅਤੇ ਰਾਮ ਨਾਥ ਨਾਥੀ ਸਰਪੰਚ ਨਵਾਂ ਪਿੰਡ ਰੱਤੇਵਾਲ ਦੇ ਯਤਨਾਂ ਸਦਕਾ ਆਮ ਆਦਮੀ ਪਾਰਟੀ ਨੂੰ ਛੱਡ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ।ਮੰਗੂਪੁਰ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਏ ਸਾਥੀਆਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਕਾਂਗਰਸ ਪਾਰਟੀ ਉਨ੍ਹਾਂ ਲਈ ਹਰ ਸਮੇਂ ਹਾਜ਼ਰ ਰਹੇਗੀ।

## ਕਚਹਿਰੀ ਕੰਪਲੈਕਸ ਦੇ ਬਾਹਰ ਗੱਡੀ ਦੇ ਸ਼ੀਸ਼ੇ ਤੋੜੇ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪਵਿੱਤਰ ਨਗਰੀ ਵਿੱਚ ਆਏ ਦਿਨ ਗੁੰਡਾਗਰਦੀ ਦੀਆਂ ਘਟਨਾਵਾਂ ਵੱਧਦੀਆਂ ਜਾ ਰਹੀਆਂ ਹਨ ਅਤੇ ਲੋਕਾਂ ਵਿੱਚ ਭਾਰੀ ਦਹਿਸ਼ਤ ਪਾਈ ਜਾ ਰਹੀ ਹੈ। ਮਾਮਲਾ ਕਚਹਿਰੀ ਕੰਪਲੈਕਸ ਦੇ ਬਾਹਰ ਅਤੇ ਐਸ ਡੀ ਐਮ ਦਫਤਰ ਦੇ ਬਿਲਕੁਲ ਸਾਹਮਣੇ ਦਾ ਹੈ ਜਿੱਥੇ ਕੁਝ ਨੌਜਵਾਨਾਂ ਵੱਲੋਂ ਕਚਹਿਰੀ ਵਿੱਚ ਤਰੀਕ ਭੁਗਤਣ ਆਏ ਨੌਜਵਾਨਾਂ ਉੱਤੇ ਪੁਰਾਣੀ ਰੰਜਿਸ਼ ਦੇ ਚੱਲਦਿਆਂ ਹਮਲਾ ਕਰਦਿਆਂ ਉਸਦੇ ਦੋਸਤ ਦੀ ਗੱਡੀ ਦੇ ਸ਼ੀਸ਼ੇ ਇੱਟਾਂ-ਰੋੜੇ ਅਤੇ ਵੱਖ-ਵੱਖ ਹਥਿਆਰਾਂ ਨਾਲ ਤੋੜ ਦਿੱਤੇ ਗਏ। ਗੱਡੀ 'ਚ ਮੌਜੂਦ ਨੌਜਵਾਨਾਂ ਵੱਲੋਂ ਭੱਜ ਕੇ ਆਪਣੀ ਜਾਨ ਬਚਾਈ ਗਈ। ਗੱਡੀ ਚਾਲਕ ਨੌਜਵਾਨ ਗਗਨਦੀਪ ਸਿੰਘ ਪੁੱਤਰ ਬੇਅੰਤ ਸਿੰਘ ਨਿਵਾਸੀ ਗੁਰੂ ਨਾਨਕ ਨਗਰ ਸੁਲਤਾਨਪੁਰ ਲੋਧੀ ਨੇ ਪੰਜਾਬ ਪੁਲਸ ਦੇ ਇੱਕ ਥਾਣੇਦਾਰ ਅਤੇ ਉਸ ਦੇ ਪੁੱਤਰਾਂ ਉੱਤੇ ਹਮਲੇ ਦੇ ਦੋਸ਼ ਲਗਾਏ ਹਨ। ਉਸ ਨੇ ਕਿਹਾ ਕਿ ਉਹ ਆਪਣੇ ਦੋਸਤ ਹਰਮਨ ਚੀਮਾ ਅਤੇ ਕਸ਼ਿਸ਼ ਨਾਲ ਕਚਹਿਰੀ ਵਿੱਚ ਉਨ੍ਹਾਂ ਦੀ ਤਰੀਕ ਭੁਗਤਨ ਆਇਆ ਸੀ। ਪਿੰਡ ਭਾਗੋਅਰਾਈਆਂ ਦੇ ਜਗਜੀਤ ਸਿੰਘ ਪੁੱਤਰ ਦਲੀਪ ਸਿੰਘ ਨੇ ਦੱਸਿਆ ਕਿ ਉਹ ਤਰੀਕ ਭੁਗਤਣ ਤੋਂ ਬਾਅਦ ਜਦੋਂ ਗੱਡੀ ਵਿੱਚ ਬੈਠ ਕੇ ਘਰ ਜਾਣ ਲੱਗੇ ਤਾਂ ਰੋਹਿਨ ਹੰਸ ਅਤੇ ਰੋਬਿਨ ਵੱਲੋਂ ਉਨ੍ਹਾਂ ਦੀ ਗੱਡੀ 'ਤੇ ਹਮਲਾ ਕਰ ਦਿੱਤਾ ਗਿਆ। ਉਨ੍ਹਾਂ ਦੱਸਿਆ ਰੋਹਿਨ ਹੰਸ ਨਾਲ ਪਹਿਲਾਂ ਹੀ ਮਾਮਲਾ ਚੱਲ ਰਿਹਾ ਸੀ। ਥਾਣਾ ਸੁਲਤਾਨਪੁਰ ਲੋਧੀ ਦੀ ਪੁਲਸ ਪਾਰਟੀ ਵੱਲੋਂ ਮੌਕੇ 'ਤੇ ਪਹੁੰਚ ਕੇ ਮਾਮਲੇ ਦੀ ਜਾਂਚ ਆਰੰਭ ਦਿੱਤੀ ਗਈ ਹੈ।

## ਵਾਤਾਵਰਣ ਦੀ ਸਾਂਭ-ਸੰਭਾਲ ਤੇ ਪੌਦਿਆਂ ਦੀ ਵੰਡ ਲਈ ਸਮਾਗਮ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਇੱਥੇ ਬਹੁ-ਰੰਗ ਕਲਾਮੰਚ ਹੁਸ਼ਿਆਰਪੁਰ ਵੱਲੋਂ 'ਵਿਸ਼ਵ ਵਾਤਾਵਰਣ ਦਿਵਸ' ਦੇ ਮੌਕੇ 'ਤੇ ਮਾਈ ਭਾਰਤ ਹੁਸ਼ਿਆਰਪੁਰ ਦੇ ਨਿਰਦੇਸ਼ਨ ਹੇਠ



ਵਾਤਾਵਰਣ ਦੀ ਸਾਂਭ-ਸੰਭਾਲ ਅਤੇ ਪੌਦਿਆਂ ਦੀ ਵੰਡ ਲਈ ਸਮਾਗਮ ਕੀਤਾ ਗਿਆ, ਜਿਸ ਵਿੱਚ ਰਿਟਾਇਰਡ ਲੈਫਟੀਨੈਂਟ ਜਨਰਲ ਜੇ.ਐਸ.ਢਿੱਲੋਂ, ਪ੍ਰੋ.ਅਜੀਤ ਸਿੰਘ ਜੱਬਲ, ਮੈਨ ਐਂਡ ਨੇਚਰ ਫਾਊਂਡੇਸ਼ਨ ਦੇ ਜਰਨੈਲ ਸਿੰਘ ਸੀਕਰੀ ਅਤੇ ਨਾਰਥ ਮਲਟੀਪਲ ਦੇ ਚੇਅਰਮੈਨ ਐਲੀ ਰਮੇਸ਼ ਕੁਮਾਰ ਵਿਸ਼ੇਸ਼ ਤੌਰ 'ਤੇ ਪੁੱਜੇ।ਇਸ ਪ੍ਰੋਗਰਾਮ ਦੇ ਪ੍ਰਬੰਧਕ ਵਿਕਰਮਪ੍ਰੀਤ ਸਿੰਘ ਅਤੇ ਰਾਏ ਐਰੋਬਿਕਸ ਸੈਂਟਰ ਦੀ ਟ੍ਰੇਨਰ ਅਸ਼ੀਸ਼ ਪੁਰੀ ਸਨ। ਪ੍ਰੋਗਰਾਮ ਦਾ ਸੰਚਾਲਨ ਅਸ਼ੋਕ ਪੁਰੀ ਨੇ ਕੀਤਾ।ਲੈਫਟੀਨੈਂਟ ਜਨਰਲ ਜੇ.ਐਸ.ਢਿੱਲੋਂ ਨੇ ਦੱਸਿਆ ਕਿ ਜੀਵਨ ਵਿੱਚ ਦਰੱਖਤਾਂ ਦਾ ਮਹੱਤਵ ਭੁੱਲ ਕੇ ਅਸੀਂ ਸੌਖੇ ਤੌਰ ਨਾਲ ਨਹੀਂ ਜੀਅ ਸਕਦੇ। ਮਨੁੱਖ, ਆਕਸੀਜਨ ਅਤੇ ਦਰੱਖਤ ਇਕ ਵਧੀਆ ਜੀਵਨ ਚੱਕਰ ਹੈ।ਇਸ ਮੌਕੇ 'ਤੇ ਜਰਨੈਲ ਸਿੰਘ ਸੀਕਰੀ ਨੇ ਦੱਸਿਆ ਕਿ ਉਨ੍ਹਾਂ ਨੇ ਪਿਛਲੇ 16 ਸਾਲਾਂ ਤੋਂ ਮਨੁੱਖ ਦੇ ਜੀਵਨ ਵਿੱਚ ਦਰੱਖਤਾਂ ਦੇ ਮਹੱਤਵ ਨੂੰ ਸਮਝਦੇ ਹੋਏ ਉਨ੍ਹਾਂ 500 ਪਿੱਪਲ ਅਤੇ ਬੋਹੜ ਦੇ ਦਰੱਖਤ ਲਗਾਏ ਅਤੇ ਇਸ ਟਿੱਚੇ ਨੂੰ ਪੂਰਾ ਕਰਨ ਉਪਰੰਤ ਹੁਣ 1000 ਪਿੱਪਲ ਅਤੇ ਬੋਹੜ ਦੇ ਦਰੱਖਤ ਲਗਾਉਣ ਦਾ ਟਿੱਚਾ ਮਿਥਿਆ ਹੈ। ਇਸ ਮੌਕੇ ਉਨ੍ਹਾਂ ਨਾਲ ਮਾਸਟਰ ਸੁਰਿੰਦਰ ਪਾਲ ਅਤੇ ਮਾਸਟਰ ਦੀਪਕ ਵੀ ਪ੍ਰੋਗਰਾਮ ਵਿੱਚ ਸ਼ਾਮਿਲ ਹੋਏ। ਮਾਡਲ ਟਾਊਨ ਕਲੱਬ ਵਿੱਚ ਕੀਤੇ ਇਸ ਸਮਾਗਮ ਵਿੱਚ ਕ੍ਰਿਸ਼ਨ ਲਾਲ ਖੁੱਲਰ, ਜੇ.ਐਸ.ਸੋਢੀ, ਗੁਰਸ਼ਰਨ ਕੌਰ ਢਿੱਲੋਂ ਅਤੇ ਯੋਗਰਾਜ ਨਾਕੜਾ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਪ੍ਰੋਗਰਾਮ ਸੰਚਾਲਕ ਅਸ਼ੋਕ ਪੁਰੀ ਨੇ ਦੱਸਿਆ ਕਿ ਮਨੁੱਖ ਦਰੱਖਤਾਂ ਤੋਂ ਬਗੈਰ ਜ਼ਿੰਦਾ ਨਹੀਂ ਰਹਿ ਸਕਦਾ। ਇਸ ਮੌਕੇ 'ਤੇ ਲੈਫਟੀਨੈਂਟ ਜਨਰਲ ਜੇ.ਐਸ.ਢਿਲੋਂ, ਮੈਡਮ ਗੁਰਸ਼ਰਨ ਕੌਰ ਢਿੱਲੋਂ ਅਤੇ ਜਰਨੈਲ ਸਿੰਘ ਸਿਕਰੀ ਨੂੰ ਉਨ੍ਹਾਂ ਦੀ ਵਾਤਾਵਰਣ ਪ੍ਰਤੀ ਕੀਤੇ ਕੰਮ ਲਈ ਮਾਈ ਭਾਰਤ ਹੁਸ਼ਿਆਰਪੁਰ ਵਲੋਂ ਸਨਮਾਨਤ ਕੀਤਾ ਗਿਆ।

## ਪੁਲਸ ਨੇ ਹਾਈਟੈਕ ਨਾਕੇ ਲਗਾ ਕੇ ਵਾਹਨਾਂ ਦੀ ਕੀਤੀ ਚੈਕਿੰਗ



**ਅੱਡਾ ਸਰਾਂ (ਜਸਵੀਰ ਕਾਜਲ)** ਅੱਡਾ ਸਰਾਂ ਪੁਲਸ ਚੌਕੀ ਦੇ ਇੰਚਾਰਜ ਰਾਜਵਿੰਦਰ ਸਿੰਘ, ਏ ਐਸ ਆਈ ਗੁਰਮੀਤ ਸਿੰਘ, ਏ ਐਸ ਆਈ ਬੁਧ ਸਿੰਘ, ਹੈੱਡ ਕਾਂਸਟੇਬਲ ਬਲਵਿੰਦਰ ਸਿੰਘ ਅਤੇ ਕਿਰਪਾਲ ਸਿੰਘ ਨੇ ਪੁਲਸ ਪਾਰਟੀ ਨੇ ਟਾਂਡਾ-ਹੁਸ਼ਿਆਰਪੁਰ ਰੋਡ 'ਤੇ ਰਾਮਪੁਰ ਨਜਦੀਕ ਹਾਈਟੈਕ ਨਾਕੇ ਲਗਾ ਕੇ ਵਾਹਨਾਂ ਦੀ ਬਰੀਕੀ ਨਾਲ ਚੈਕਿੰਗ ਕੀਤੀ ਅਤੇ ਅਧੂਰੇ ਕਾਗਜ਼ਾਤ ਵਾਲਿਆਂ ਵਾਹਨਾਂ ਦੇ ਚਲਾਨ ਕੱਟੇ। ਇਸ ਮੌਕੇ ਨਸ਼ੇ ਦੇ ਸੌਦਾਗਰਾਂ ਨੂੰ ਕਾਬੂ ਕਰਨ ਲਈ ਨਜ਼ਰ ਵੀ ਰੱਖੀ ਗਈ। ਪੁਲਸ ਨੇ ਦੱਸਿਆ ਕਿ ਇਲਾਕੇ ਵਿੱਚ ਅਮਨ ਸ਼ਾਂਤੀ ਅਤੇ ਕਾਨੂੰਨ ਦੀ ਵਿਵਸਥਾ ਨੂੰ ਹਰ ਕੀਮਤ 'ਤੇ ਬਹਾਲ ਰੱਖਿਆ ਜਾਵੇਗਾ ਅਤੇ ਹੁਲੜਬਾਜ਼ ਤੇ ਸ਼ਰਾਰਤੀ ਅਨਸਰਾਂ ਨੂੰ ਨੱਥ ਪਾਈ ਜਾਵੇਗੀ।

## ਪਲਾਸਟਿਕ ਹਟਾਓ - ਪੌਦੇ ਲਗਾਓ - ਵਾਤਾਵਰਣ ਬਚਾਓ : ਸਿਵਲ ਸਰਜਨ

**ਜਲੰਧਰ (ਸ਼ੈਲੀ ਐਲਬਰਟ)** 'ਵਿਸ਼ਵ ਵਾਤਾਵਰਣ ਦਿਵਸ' ਮੌਕੇ ਸਿਵਲ ਸਰਜਨ ਡਾ. ਗੁਰਮੀਤ ਲਾਲ ਦੀ ਅਗਵਾਈ ਵਿੱਚ ਸਿਹਤ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਯੂ.ਸੀ.ਐਚ.ਸੀ. ਖੁਰਲਾ ਕਿੰਗਰਾ ਵਿਖੇ ਪੌਦੇ ਲਗਾਏ ਗਏ।



ਸਿਵਲ ਸਰਜਨ ਡਾ. ਗੁਰਮੀਤ ਲਾਲ ਵੱਲੋਂ ਕੌਂਸਲਰ ਮਨਜੀਤ ਕੌਰ ਅਤੇ ਉਨ੍ਹਾਂ ਦੇ ਪਤੀ ਸੁਰੇਸ਼ ਦਾਦਰ ਨਾਲ ਯੂ.ਸੀ.ਐਚ.ਸੀ. ਖੁਰਲਾ ਕਿੰਗਰਾ ਵਿਖੇ ਛਾਂਦਾਰ ਤੇ ਫਲਦਾਰ ਪੌਦੇ ਲਗਾਏ ਗਏ। ਪੌਦੇ ਲਗਾਉਣ ਉਪਰੰਤ ਸਿਵਲ ਸਰਜਨ ਵੱਲੋਂ ਯੂ.ਸੀ.ਐਚ.ਸੀ. ਦਾ ਦੌਰਾ ਕਰਕੇ ਸਿਹਤ ਸੇਵਾਵਾਂ ਦਾ ਜਾਇਜ਼ਾ ਵੀ ਲਿਆ ਗਿਆ। ਇਸ ਮੌਕੇ ਉਨ੍ਹਾਂ ਨਾਲ ਜਿਲ੍ਹਾ ਟੀਕਾਕਰਨ ਅਫ਼ਸਰ ਡਾ. ਰਾਕੇਸ਼ ਚੋਪੜਾ, ਐਸ.ਐਮ.ਓ. ਡਾ. ਮਨਦੀਪ ਕੌਰ, ਐਸ.ਐਮ.ਓ. ਡਾ. ਅਸ਼ੋਕ ਕੁਮਾਰ, ਡਿਪਟੀ ਐਮ.ਈ.ਆਈ.ਓ.ਅਸੀਮ ਸ਼ਰਮਾ, ਜਿਲ੍ਹਾ ਬੀਸੀਸੀ ਕੋਆਰਡੀਨੇਟਰ ਨੀਰਜ ਸ਼ਰਮਾ, ਵਿਵੇਕ ਬਹਿਲ, ਵਿਕਰਮ ਅਤੇ ਆਸ਼ਾ ਵਰਕਰ ਮੌਜੂਦ ਸਨ।ਸਿਵਲ ਸਰਜਨ ਨੇ ਕਿਹਾ ਕਿ ਪਲਾਸਟਿਕ ਪ੍ਰਦੂਸ਼ਣ ਸਾਡੀ ਧਰਤੀ ਨੂੰ ਖਰਾਬ ਕਰ ਰਿਹਾ ਹੈ ਅਤੇ ਵਾਤਾਵਰਣ ਪ੍ਰਣਾਲੀ ਅਤੇ ਜਲਵਾਯੂ ਨੂੰ ਨੁਕਸਾਨ ਪਹੁੰਚਾ ਰਿਹਾ ਹੈ। ਉਨਾਂ ਕਿਹਾ ਕਿ ਪਲਾਸਟਿਕ ਨਸ਼ਟ ਹੋਣ ਵਿੱਚ ਬਹੁਤ ਸਮਾਂ ਲਗਾਉਂਦਾ ਹੈ ਅਤੇ ਇਸ ਨਾਲ ਸਾਡਾ ਵਾਤਾਵਰਣ ਬੁਰੀ ਤਰ੍ਹਾਂ ਪ੍ਰਭਾਵਿਤ ਹੁੰਦਾ ਹੈ। ਇਸ ਲਈ ਸਾਨੂੰ ਪਲਾਸਟਿਕ ਦੇ ਸਮਾਨ ਦੀ ਵਰਤੋਂ ਨਹੀਂ ਕਰਨੀ ਚਾਹੀਦੀ॥ ਸਿਵਲ ਸਰਜਨ ਨੇ ਲੋਕਾਂ ਨੂੰ ਪੌਦੇ ਲਗਾਉਣ ਲਈ ਪ੍ਰੇਰਿਤ ਕਰਦੇ ਹੋਏ 'ਪਲਾਸਟਿਕ ਹਟਾਓ - ਪੌਦੇ ਲਗਾਓ - ਵਾਤਾਵਰਣ ਬਚਾਓ' ਦਾ ਸੁਨੇਹਾ ਦਿੱਤਾ।

## ਨਸ਼ੇ ਦੀਆਂ 80 ਗੋਲੀਆਂ ਸਮੇਤ ਦੋ ਕਾਬੂ



**ਬਲਾਚੌਰ (ਜਸਵਿੰਦਰ ਬੈਂਸ)**- ਥਾਣਾ ਪੋਜੇਵਾਲ ਪੁਲਸ ਵੱਲੋ 80 ਨਸ਼ੀਲੀਆਂ ਗੋਲੀਆਂ ਸਮੇਤ 2 ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ ਹੈ। ਐਸ ਐਚ ਓ ਸਤਨਾਮ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਸਮੇਤ ਏ ਐਸ ਆਈ ਸਤਨਾਮ ਸਿੰਘ ਗਸ਼ਤ ਕਰ ਰਹੇ ਸੀ ਤੇ ਇਸ ਦੌਰਾਨ ਲਵਪ੍ਰੀਤ ਸਿੰਘ ਪੁੱਤਰ ਅਸ਼ੋਕ ਕੁਮਾਰ ਵਾਸੀ ਹਿਆਤਪੁਰ ਜੱਟਾ ਥਾਣਾ ਪੋਜੇਵਾਲ ਅਤੇ ਲਵਪ੍ਰੀਤ ਉਰਫ ਲੱਭਾ ਪੁੱਤਰ ਅਮਰੀਕ ਸਿੰਘ ਵਾਸੀ ਸੜੋਆ ਥਾਣਾ ਪੋਜੇਵਾਲ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ 80 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ। ਉਨ੍ਹਾਂ ਖਿਲਾਫ਼ ਮੁਕੱਦਮਾ ਦਰਜ ਕਰ ਲਿਆ ਗਿਆ ਹੈ।

## ਮੈਗਸੀਪਾ ਖੇਤਰੀ ਕੇਂਦਰ ਜਲੰਧਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਦਿੱਤੀ ਟ੍ਰੇਨਿੰਗ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਵਿਚ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਕਪੈਸਟੀ ਬਿਲਡਿੰਗ ਲਈ ਮਹਾਤਮਾ ਗਾਂਧੀ ਸਟੇਟ ਇੰਸਟੀਟਿਊਟ ਆਫ ਪਬਲਿਕ ਐਡਮਿਨਿਸਟ੍ਰੇਸ਼ਨ ਦੇ ਰੀਜਨਲ ਸੈਂਟਰ ਜਲੰਧਰ ਵੱਲੋਂ ਲਗਾਇਆ ਗਿਆ ਤਿੰਨ ਦਿਨਾਂ ਟ੍ਰੇਨਿੰਗ ਪ੍ਰੋਗਰਾਮ ਬਹੁਤ ਉਤਸ਼ਾਹ ਤੇ ਹੁਲਾਸ ਨਾਲ ਸਮਾਪਤ ਹੋਇਆ। ਰੀਜਨਲ ਪ੍ਰੋਜੈਕਟ ਡਾਇਰੈਕਟਰ ਜਲੰਧਰ ਪਿਰਥੀ ਸਿੰਘ ਪੀ.ਸੀ.ਐਸ ਨੇ ਦੱਸਿਆ ਕਿ ਇਸ ਟ੍ਰੇਨਿੰਗ ਵਿਚ 29 ਅਧਿਕਾਰੀਆਂ/ਕਰਮਚਾਰੀਆਂ ਨੇ ਭਾਗ ਲਿਆ। ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਦੌਰਾਨ ਵੱਖ-ਵੱਖ ਰਿਸੋਰਸ ਪਰਸਨਜ਼ ਵੱਲੋਂ 10 ਵਿਸ਼ਿਆਂ 'ਤੇ ਗਿਆਨ ਭਰਪੂਰ ਅਤੇ ਤਜ਼ਰਬਿਆਂ ਉਤੇ ਅਧਾਰਤ ਪ੍ਰੈਜ਼ੇਂਟੇਸ਼ਨਜ਼ ਅਤੇ ਪ੍ਰੈਕਟੀਕਲ ਸਿੱਖਿਆ ਦਿੱਤੀ, ਜਿਨ੍ਹਾਂ ਵਿਚ ਮੋਟੀਵੇਸ਼ਨ, ਕਮਿਊਨੀਕੇਸ਼ਨ, ਟੀਮ ਬਿਲਡਿੰਗ, ਸਟ੍ਰੈਸ ਮੈਨੇਜਮੈਂਟ, ਟਾਈਮ ਮੈਨੇਜਮੈਂਟ, ਲੀਡਰਸ਼ਿਪ ਸਟਾਈਲ ਅਤੇ ਰੋਲ ਤੋਂ ਇਲਾਵਾ ਇਮੋਸ਼ਨਲ ਇੰਟੈਲੀਜੈਂਸ, ਕਨਫਲਿਕਟ ਮੈਨੇਜਮੈਂਟ, ਐਥੀਕਲ ਲੀਡਰਸ਼ਿਪ ਵਿਸ਼ਿਆਂ 'ਤੇ ਸਿਖਲਾਈ ਦਿੱਤੀ ਗਈ ਕਿ ਇਹ ਅਜਿਹੀਆਂ ਪ੍ਰਸਥਿਤੀਆਂ ਵਿਚ ਤੁਸੀਂ ਕਿਸ ਤਰ੍ਹਾਂ ਉਭਰਨਾ ਹੈ। ਉਨ੍ਹਾਂ ਦੱਸਿਆ ਕਿ ਦਫ਼ਤਰਾਂ ਅਤੇ ਸਮਾਜ ਦਾ ਮਾਹੌਲ ਕਿਵੇਂ ਸਕਾਰਾਤਮਕ ਰੱਖਣਾ ਹੈ ਨਾਲ ਹੀ ਆਪਣੀ ਡਿਊਟੀ ਪ੍ਰਤੀ ਇਮਾਨਦਾਰੀ, ਸਮੇ ਸਿਰ ਦਫ਼ਤਰਾਂ ਵਿਚ ਪੁੱਜਣਾ, ਬਾਹਰੋਂ ਆਏ ਵਿਅਕਤੀਆਂ ਦਾ ਸਤਿਕਾਰ ਕਰਨਾ ਅਤੇ ਬਿਨ੍ਹਾਂ ਉਨ੍ਹਾਂ ਦਾ ਸਮਾ ਗਵਾਇਆਂ ਜਲਦੀ ਤੋਂ ਜਲਦੀ ਬੜੇ ਪਿਆਰ ਨਾਲ ਨਿਪਟਾਰਾ ਕਰਨਾ ਹੈ। ਰਿਸੋਰਸ ਪਰਸਨਾਂ ਵਿਚ ਡਾ. ਏਵਨ ਕੁਮਾਰ ਵੈਦ, ਪ੍ਰਿੰ: ਰਾਜੇਸ਼ਵਰ ਸਲਾਰੀਆ (ਰਿਟਾ:) ਰਿਟਾਇਰਡ ਡਿਪਟੀ ਜ਼ਿਲਾ ਸਿੱਖਿਆ ਅਫ਼ਸਰ, ਕਰਨ ਬੀਰ ਸਿੰਘ (ਰਿਟਾ:) ਡਿਪਟੀ ਜ਼ੋਨਲ ਮੈਨੇਜਰ, ਪੰਜਾਬ ਨੈਸ਼ਨਲ ਬੈਂਕ, ਡਾ. ਸਰਲਾ ਨਿਰੰਕਾਰੀ ਪ੍ਰਿੰਸੀਪਲ ਅਤੇ ਡਾ. ਅਮਨਪ੍ਰੀਤ ਕੌਰ ਬੀ. ਏ. ਐਮ ਐਸ, ਐੱਲ. ਐੱਲ. ਬੀ ਨੇ ਲੈਕਚਰ ਦਿੱਤੇ। ਟ੍ਰੇਨਿੰਗ ਦੌਰਾਨ ਡਾ. ਅਮਨਪ੍ਰੀਤ ਕੌਰ ਬੀ. ਏ. ਐਮ ਐਸ, ਐੱਲ. ਐੱਲ. ਬੀ ਨੇ ਜਿਥੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ/ ਕਰਮਚਾਰੀਆਂ ਨੂੰ ਆਪਣੀ ਡਿਊਟੀ ਬਾਰੇ ਵਿਸਥਾਰਪੂਰਕਵ ਜਾਣਕਾਰੀ ਦਿੱਤੀ ਉਥੇ ਉਨ੍ਹਾਂ ਕਰਮਚਾਰੀਆਂ ਨੂੰ ਆਪਣੀ ਸਿਹਤ ਨੂੰ ਤੰਦਰੁਸਤ ਰੱਖਣ ਲਈ ਯੋਗ ਕਰਨ ਦੇ ਨੁਕਤੇ ਵੀ ਸਾਂਝੇ ਕੀਤੇ।

## ਆਸ਼ਾ ਤੇ ਮਿਡ ਡੇ ਮੀਲ ਵਰਕਰਾਂ ਦੇ ਸਾਂਝੇ ਮੋਰਚੇ ਵੱਲੋਂ ਰੋਸ ਪ੍ਰਦਰਸ਼ਨ



**ਜਲੰਧਰ (ਸ਼ੈਲੀ ਐਲਬਰਟ)**- ਮਾਣ ਭੱਤਾ ਵਰਕਰਜ਼ ਸਾਂਝਾ ਮੋਰਚਾ ਪੰਜਾਬ ਦੇ ਸੱਦੇ 'ਤੇ ਪੰਜਾਬ ਸਰਕਾਰ ਵਲੋਂ ਮਾਣ ਭੱਤਾ ਵਰਕਰਾਂ ਨਾਲ ਕੀਤੇ ਵਾਅਦੇ ਯਾਦ ਕਰਵਾਉਣ ਲਈ ਜ਼ਿਲ੍ਹਾ ਜਲੰਧਰ ਵੱਲੋ ਕੈਬਨਿਟ ਮੰਤਰੀ ਮਹਿੰਦਰ ਭਗਤ ਦੇ ਦਫਤਰ ਨੇੜੇ ਦੁਸਹਿਰਾ ਪਾਰਕ ਵਿੱਚ ਇੱਕ ਲਾਮਿਸਾਲ ਰੈਲੀ ਕਰਕੇ ਉਹਨਾਂ ਦੇ ਦਫਤਰ ਵੱਲ ਰੋਸ ਮਾਰਚ ਕੀਤਾ ਗਿਆ। ਰੈਲੀ ਨੂੰ ਮੋਰਚੇ ਦੇ ਸੂਬਾਈ ਆਗੂ ਮਨਦੀਪ ਕੌਰ ਬਿਲਗਾ, ਕੁਲਵਿੰਦਰ ਕੌਰ ਅਮਾਨਤਪੁਰ ਤੇ ਗੁਰਜੀਤ ਕੌਰ ਸ਼ਾਹਕੋਟ ਨੇ ਸੰਬੋਧਨ ਕਰਦਿਆਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਸਤਾ ਵਿੱਚ ਆਉਣ ਸਾਰ ਹੀ ਮਿਲਦੇ ਭੱਤੇ ਦੁਗਣੇ ਕਰਨ ਤੋਂ ਮੁਕਰ ਗਈ ਹੈ, ਤਿੰਨ ਸਾਲ ਬੀਤਣ ਤੋਂ ਬਾਅਦ ਵੀ ਮਾਣ ਭੱਤਾ ਵਰਕਰਾਂ ਦੀਆਂ ਨਿਗੂਣੀਆਂ ਤਨਖਾਹਾਂ ਵਿੱਚ ਇੱਕ ਪੈਸੇ ਦਾ ਵੀ ਵਾਧਾ ਨਹੀਂ ਕੀਤਾ ਗਿਆ। ਉਹਨਾਂ ਦੀਆਂ ਮੁਸ਼ਕਲਾਂ ਵਿੱਚ ਹੋਰ ਵਾਧਾ ਹੋ ਗਿਆ ਹੈ ਜਿਸ ਕਾਰਨ ਉਹਨਾਂ ਦੇ ਪਰਵਾਰਾਂ ਦਾ ਗੁਜ਼ਾਰਾ ਚੱਲਣਾ ਮੁਸ਼ਕਲ ਹੋ ਗਿਆ ਹੈ। ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਹਰਿੰਦਰ ਦੁਸਾਂਝ,ਜਨਰਲ ਸਕੱਤਰ ਕੁਲਵਿੰਦਰ ਸਿੰਘ ਜੋਸ਼ਨ ,ਜਸਵੀਰ ਸਿੰਘ ਸੰਧੂ ਨੇ ਕਿਹਾ ਕਿ ਸਰਕਾਰ ਵੱਲੋਂ ਮਾਣ ਭੱਤਾ ਵਰਕਰਾਂ ਨੂੰ ਘੱਟੋ ਘੱਟ ਉਜ਼ਰਤਾਂ ਅਨੁਸਾਰ ਤਨਖਾਹਾਂ ਨਾ ਦੇਣ , 5 ਲੱਖ ਦਾ ਮੁਫ਼ਤ ਬੀਮਾ ਨਾ ਕਰਨ ਕਾਰਨ ਪੰਜਾਬ ਭਰ ਦੀਆਂ ਮਾਣ ਭੱਤਾ ਵਰਕਰਾਂ ਦਾ ਸਬਰ ਟੁੱਟ ਗਿਆ ਹੈ, ਜਿਸ ਕਾਰਨ ਮਾਣ ਭੱਤਾ ਵਰਕਰਾਂ ਭਾਰੀ ਰੋਸ ਹੈ। ਉਹਨਾਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਉਹਨਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਉਹ ਲੁਧਿਆਣਾ ਜ਼ਿਮਨੀ ਚੋਣ ਮੌਕੇ ਆਪਣੇ ਪ੍ਰਦਰਸ਼ਨ ਲੁਧਿਆਣਾ ਵਿੱਚ ਵੀ ਕਰਨਗੇ। ਇਸ ਰੈਲੀ ਨੂੰ ਹੋਰਨਾਂ ਤੋਂ ਇਲਾਵਾ ਡੈਮੋਕ੍ਰੇਟਿਕ ਆਸ਼ਾ ਵਰਕਰਾਂ ਦੇ ਆਗੂ ਅੰਮ੍ਰਿਤਪਾਲ ਕੌਰ ਨੁੱਸੀ, ਬਲਵਿੰਦਰ ਕੌਰ ਟਿੱਬਾ, ਰਜਿੰਦਰਪਾਲ ਕੌਰ ਫਗਵਾੜਾ, ਆਂਚਲ ਹਰੀਪੁਰ,ਸੀਤਾ ਬੁਲੰਦਪੁਰ, ਸਰਬਜੀਤ ਕੌਰ ਪਾਸਲਾ, ਸੁਖਨਿੰਦਰ ਕੌਰ ਬੜਾ ਪਿੰਡ, ਜੋਤੀ ਆਦਮਪੁਰ, ਜਸਵੀਰ ਕੌਰ ਸ਼ਾਹਕੋਟ, ਰਾਜ ਰਾਣੀ ਜਮਸ਼ੇਰ,ਆਸ਼ਾ ਗੁਪਤਾ, ਸਤਿੰਦਰ ਕੌਰ ਬਿਲਗਾ,ਮਿਡ ਡੇ ਮੀਲ ਵਰਕਰਾਂ ਦੇ ਆਗੂ ਸੀਮਾ ਸਈਪੁਰ ਨੇ ਸੰਬੋਧਨ ਕੀਤਾ।

## ਵਾਤਾਵਰਨ ਦੀ ਸੰਭਾਲ ਕਰਨਾ ਸਮੇਂ ਦੀ ਲੋੜ : ਡਾ. ਕੁਲਵਿੰਦਰ ਮਾਨ

**ਬਲਾਚੌਰ (ਜਸਵਿੰਦਰ ਬੈਂਸ)**— ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦੇ



ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਦੀ ਯੋਗ ਰਹਿਨੁਮਾਈ ਹੇਠ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਵਿਖੇ ਬੂਟੇ ਲਾ ਕੇ ਵਿਸ਼ਵ ਵਾਤਾਵਰਨ ਦਿਵਸ ਮਨਾਇਆ ਗਿਆ। ਇਸ ਮੌਕੇ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਨੇ ਆਮ ਲੋਕਾਂ ਨੂੰ ਅਪੀਲ ਕਰਦਿਆਂ ਵਾਤਾਵਰਨ ਦੀ ਸੁਰੱਖਿਆ ਲਈ ਆਪਣੇ ਆਲੇ ਪੌਦੇ ਲਗਾ ਕੇ ਵਾਤਾਵਰਨ ਸੰਭਾਲਣ ਦਾ ਹੋਕਾ ਦਿੱਤਾ।ਇਸ ਮੌਕੇ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਵਿੰਦਰ ਮਾਨ ਨੇ ਦੱਸਿਆ ਕਿ 5 ਜੂਨ ਦਾ ਦਿਨ ਪੂਰੇ ਵਿਸ਼ਵ ਵਿੱਚ ਵਾਤਾਵਰਨ ਦੀ ਸੰਭਾਲ ਅਤੇ ਇਸ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪ੍ਰਦੂਸ਼ਣ ਦਾ ਵਧ ਰਿਹਾ ਪੱਧਰ ਵਾਤਾਵਰਨ ਦੇ ਨਾਲ-ਨਾਲ ਮਨੁੱਖਾਂ ਦੀ ਸਿਹਤ ਲਈ ਵੀ ਖਤਰਾ ਬਣਦਾ ਜਾ ਰਿਹਾ ਹੈ, ਜਿਸ ਕਾਰਨ ਲੋਕ ਕਈ ਕਿਸਮਾਂ ਦੀਆਂ ਗੰਭੀਰ ਬਿਮਾਰੀਆਂ ਦਾ ਸ਼ਿਕਾਰ ਵੀ ਹੋ ਰਹੇ ਹਨ। ਇਸ ਲਈ ਵਾਤਾਵਰਨ ਦੀ ਸੰਭਾਲ ਲਈ ਹਰ ਵਿਅਕਤੀ ਨੂੰ ਵੱਧ ਤੋਂ ਵੱਧ ਰੁੱਖ ਲਗਾ ਕੇ ਉਨ੍ਹਾਂ ਦੀ ਸੰਭਾਲ ਕਰਨੀ ਚਾਹੀਦੀ ਹੈ।ਇਸ ਮੌਕੇ ਡਾ. ਅਰਸ਼ਦੀਪ ਸਿੰਘ, ਡਾ. ਸੁਨੀਲ ਕੁਮਾਰ ਤੇ ਬਲਾਕ ਐਕਸਟੈਂਸ਼ਨ ਐਜੂਕੇਟਰ ਨਿਰਮਲ ਸਿੰਘ ਸਮੇਤ ਹੋਰ ਵੀ ਹਾਜ਼ਰ ਸਨ।

## ਪੰਜਾਬ ਦੇ ਲੋਕ ਅਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ : ਚੌਧਰੀ ਸੂੰਢ

**ਬੰਗਾ (ਅਵਤਾਰ ਕਲੇਰ)** ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰ ਕੇ ਬਦਲਾਅ ਦੇ ਨਾਂਅ ਤੇ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਸਿਰਫ ਲਾਰਿਆਂ ਦੀ



ਸਰਕਾਰ ਸਾਬਤ ਹੋਈ। ਪੰਜਾਬ ਦੇ ਲੋਕ ਅਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਚੌਧਰੀ ਤਰਲੋਚਨ ਸਿੰਘ ਸੂੰਢ ਸਾਬਕਾ ਵਿਧਾਇਕ ਬੰਗਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਸਿੱਖਿਆ ਕ੍ਰਾਂਤੀ ਦੇ ਨਾਂਅ ਤੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ। ਸਕੂਲਾਂ ਦੀਆਂ ਪਹਿਲਾਂ ਹੀ ਬਣੀਆਂ ਇਮਾਰਤਾਂ ਦੇ ਉਦਘਾਟਨ ਕੀਤੇ ਜਾ ਰਹੇ ਹਨ। ਸਕੂਲਾਂ 'ਚ ਟੀਚਰਾਂ ਦੀ ਘਾਟ ਹੈ। ਹਰ ਮਹਿਕਮੇ ਚ ਮੁਲਾਜ਼ਮਾਂ ਦੀ ਘਾਟ ਹੈ। ਸਰਕਾਰ ਨਵੀਂ ਭਰਤੀ ਨਹੀਂ ਕਰ ਰਹੀ। ਮੁਲਾਜ਼ਮ ਜਥੇਬੰਦੀਆਂ ਸੰਘਰਸ਼ ਕਰ ਰਹੀਆਂ ਹਨ। ਉਹਨਾਂ ਕਿਹਾ ਪੰਜਾਬ ਵਿੱਚ ਨਸ਼ਿਆਂ ਦਾ ਦੌਰ ਜਾਰੀ ਹੈ।ਨਸ਼ਿਆਂ ਦੇ ਬੜੇ ਤਸਕਰਾਂ ਨੂੰ ਸਰਕਾਰ ਹੱਥ ਨਹੀਂ ਪਾ ਰਹੀ। ਉਹਨਾਂ ਪਾਰਟੀ ਵਰਕਰਾਂ ਨੂੰ ਸਰਕਾਰ ਦੀਆਂ ਨੀਤੀਆਂ ਖਿਲਾਫ ਅਵਾਜ਼ ਬੁਲੰਦ ਕਰਨ ਅਤੇ ਸੰਘਰਸ਼ ਕਰਨ ਲਈ ਕਿਹਾ।

## ਤਰਨਪ੍ਰੀਤ ਕੌਰ ਨੇ 500 'ਚੋਂ 500 ਅੰਕ ਪ੍ਰਾਪਤ ਕੀਤੇ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਪੰਜਵੀਂ ਪ੍ਰੀਖਿਆ ਦੇ ਨਤੀਜੇ 'ਚ ਤਰਨਪ੍ਰੀਤ ਕੌਰ ਪੁੱਤਰੀ ਜੁਝਾਰ ਸਿੰਘ ਨੇ 500 ਦੇ ਵਿੱਚੋਂ 500 ਅੰਕ ਲੈ ਕੇ ਚਰਨ ਕੰਵਲ ਕੌਨਵੈਂਟ ਸੀਨੀਅਰ ਸੈਕੰਡਰੀ ਸਕੂਲ ਬੰਗਾ ਅਤੇ ਆਪਣੇ ਮਾਤਾ ਪਿਤਾ ਦਾ ਨਾਂਅ ਰੋਸ਼ਨ ਕੀਤਾ ਹੈ। ਇਹ ਨਗਰ ਪਿੰਡ ਭੂਤਾਂ ਵਾਸੀਆਂ ਲਈ ਵੀ ਮਾਣ ਵਾਲੀ ਗੱਲ ਹੈ। ਨਤੀਜੇ ਪਤਾ ਲੱਗਦੇ ਸਾਰ ਹੀ ਸਕੇ ਸਬੰਧੀ ਰਿਸ਼ਤੇਦਾਰਾਂ ਨੇ ਖੁਸ਼ੀਆਂ ਪ੍ਰਗਟਾਈਆਂ ਅਤੇ ਵਧਾਈਆਂ ਦਿੱਤੀਆਂ।



## ਖ਼ਾਲਸਾ ਕਾਲਜ 'ਚ ਵਿਸ਼ਵ ਵਾਤਾਵਰਨ ਦਿਵਸ ਮਨਾਇਆ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਦੀ ਅਗਵਾਈ ਹੇਠ ਰੁੱਖ ਲਗਾਕੇ ਵਿਸ਼ਵ ਵਾਤਵਰਨ ਦਿਵਸ ਮਨਾਇਆ ਗਿਆ। ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਉਤਸ਼ਾਹਿਤ ਕੀਤਾ ਅਤੇ ਵਾਤਾਵਰਨ ਦੀ ਸੰਭਾਲ ਲਈ ਇਸ ਦੇ ਮਹੱਤਵ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਅਜਿਹੀਆਂ ਛੋਟੀਆਂ ਛੋਟੀਆਂ ਕੋਸ਼ਿਸ਼ਾਂ ਹੀ ਧਰਤੀ ਨੂੰ ਬੰਜਰ ਹੋਣ ਤੋਂ ਬਚਾਉਣ ਵਿਚ ਮਹੱਤਵ ਪੂਰਨ ਭੂਮਿਕਾ ਨਿਭਾ ਸਕਦੀਆਂ ਹਨ। ਇਸ ਮੌਕੇ ਪ੍ਰੋ. ਕੁਲਦੀਪ ਕੌਰ, ਪ੍ਰੋ. ਜਤਿੰਦਰ ਕੌਰ, ਨਿੱਕੂ ਰਾਮ ਮਾਲੀ ਤੇ ਵਿਦਿਆਰਥੀ ਹਾਜ਼ਰ ਹੋਏ।

## ਸ਼ਹੀਦਾਂ ਨੂੰ ਸਮਰਪਿਤ ਸ਼ਿਵ ਸੈਨਾ ਹਿੰਦੁਸਤਾਨ ਵੱਲੋਂ ਹਵਨ ਯੱਗ ਤੇ ਸ਼ਰਧਾਂਜਲੀ ਸਮਾਰੋਹ ਅੱਜ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਸਾਲ 1984 ਵਿੱਚ ਅੱਤਵਾਦ ਦੌਰਾਨ ਸ਼੍ਰੀ ਹਰਿਮੰਦਰ ਸਾਹਿਬ ਵਿਖੇ ਸ਼ਹੀਦ ਹੋਏ ਨਿਰਦੋਸ਼ ਲੋਕਾਂ, ਪੁਲਸ ਜਵਾਨਾਂ ਅਤੇ ਹਿੰਦੂਆਂ ਦੀ ਯਾਦ ਨੂੰ ਸਮਰਪਿਤ 6 ਜੂਨ ਨੂੰ ਕਰਵਾਏ ਜਾ ਰਹੇ ਹਵਨ ਯੱਗ ਤੇ ਸ਼ਰਧਾਂਜਲੀ ਸਮਾਰੋਹ ਦੀਆਂ ਮੁਕੰਮਲ ਤਿਆਰੀਆਂ ਸਬੰਧੀ ਵਿਚਾਰ ਵਿਟਾਂਦਰਾ ਕਰਨ ਲਈ ਸ਼ਿਵ ਸੇਨਾ ਹਿੰਦੁਸਤਾਨ ਦੇ ਪੰਜਾਬ ਕਾਰਜਕਾਰੀ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਸ਼ਿਵ ਸੇਨਾ ਦੇ ਦਫਤਰ ਟਾਂਡਾ ਵਿਖੇ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਸਮਾਜਿਕ, ਧਾਰਮਿਕ ਅਤੇ ਸਵੈ-ਸੇਵੀ ਸੰਸਥਾਵਾਂ ਤੋਂ ਇਲਾਵਾ ਹਿੰਦੂ ਸੰਗਠਨਾਂ ਦੇ ਆਗੂਆਂ ਨੇ ਭਾਗ ਲਿਆ। ਇਸ ਮੌਕੇ 'ਤੇ ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜ਼ਨ, ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਜ਼ਿਲ੍ਹਾ ਮੀਤ ਪ੍ਰਧਾਨ ਪੁਨੀਤ ਢੀਂਗਰਾ, ਯੁਵਾ ਨੇਤਾ ਰਾਜੂ ਖੋਸਲਾ, ਅਰਵ ਖੋਸਲਾ, ਸੁਜਲ ਢੀਂਗਰਾ, ਰਾਹੁਲ ਕੁਮਾਰ ਤੋਂ ਇਲਾਵਾ ਹੋਰ ਸ਼ਿਵ ਸੇਨਾ ਵਰਕਰਾਂ ਨੇ ਪ੍ਰਧਾਨ ਰਾਹੁਲ ਖੰਨਾ ਨਾਲ ਸਮਾਰੋਹ ਸਬੰਧੀ ਵਿਚਾਰ ਸਾਂਝੇ ਕੀਤੇ। ਖੰਨਾ ਨੇ ਕਿਹਾ ਕਿ 6 ਜੂਨ ਨੂੰ ਹਵਨ ਯੱਗ ਕਰਨ ਤੋਂ ਪਹਿਲਾਂ ਅੱਤਵਾਦ ਦੌਰਾਨ ਸ਼੍ਰੀ ਹਰਿਮੰਦਰ ਸਾਹਿਬ ਵਿਖੇ ਸ਼ਹੀਦ ਹੋਏ ਨਿਰਦੋਸ਼ ਲੋਕਾਂ, ਪੁਲਸ ਜਵਾਨਾਂ ਅਤੇ ਹਿੰਦੂਆਂ ਦੀ ਯਾਦ ਨੂੰ ਤਾਜ਼ਾ ਰੱਖਣ ਲਈ 2 ਮਿੰਟ ਦਾ ਮੌਨ ਧਾਰਨ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਜਾਣਗੀਆਂ। ਠਾਕੁਰ ਦੁਆਰਾ ਮੰਦਿਰ ਉੜਮੁੜ ਵਿਖੇ ਸਵੇਰੇ 10 ਵਜੇ ਪੰਡਿਤ ਮਿਥਲੇਸ਼ ਗਰਗ ਵੱਲੋਂ ਪੂਰੀ ਸ਼ਰਧਾ ਅਤੇ ਵਿਧੀ ਪੂਰਵਕ ਮੰਤਰ ਜਾਪ ਕਰਦੇ ਹੋਏ ਹਵਨ ਯੱਗ ਸ਼ੁਰੂ ਕੀਤਾ ਜਾਵੇਗਾ।ਇਸ ਮੌਕੇ 'ਤੇ ਜ਼ਿਲ੍ਹਾ ਵਾਈਸ ਚੇਅਰਮੈਨ ਸੰਜੀਵ ਖੰਨਾ, ਸਿਟੀ ਸੈਕਟਰੀ ਨੀਰਜ ਵਰਮਾ, ਸਿਟੀ ਪ੍ਰਧਾਨ ਰਜੀਵ ਖੰਨਾ, ਵਾਰਡ ਪ੍ਰਧਾਨ ਦੀਪਕ ਕੁਮਾਰ, ਭਰਤ ਮਰਵਾਹ, ਸੈਂਡੀ ਵਰਮਾ, ਹਰਦੀਪ ਸਿੰਘ, ਅਰੁਣ ਸੇਠੀ, ਬਿਸ਼ਨ ਦੇਵਰਾਜ ਅਤੇ ਹੋਰ ਹਾਜ਼ਰ ਸਨ।



## ਸ੍ਰੀ ਕੇਸਗੜ੍ਹ ਸਾਹਿਬ ਵਿਖੇ ਲਾਏ ਗੁਰਮਤਿ ਚੇਤਨਾ ਕੈਂਪ ਦੀ ਸਮਾਪਤੀ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਵਲੋਂ ਸ੍ਰੀ ਅਨੰਦਪੁਰ ਸਾਹਿਬ ਦੇ ਇਲਾਕੇ ਦੇ ਸਕੂਲਾਂ ਦੇ ਵਿਦਿਆਰਥੀਆਂ ਦਾ ਪੰਜ ਦਿਨਾ ਗੁਰਮਤਿ ਚੇਤਨਾ ਕੈਂਪ ਸਮਾਪਤ ਹੋ ਗਿਆ ।ਜਿਥੇ ਇਸ ਕੈਂਪ ਵਿੱਚ ਸ਼ਾਮਲ 500 ਬੱਚਿਆਂ ਨੂੰ ਗੁਰਬਾਣੀ ਸਿੱਖ ਇਤਿਹਾਸ ਅਤੇ ਸਿੱਖ ਜੀਵਨ ਜੁਗਤ ਬਾਰੇ ਕੈਂਪ ਵਿੱਚ ਪੁੱਜੇ ਵੱਖ-ਵੱਖ ਵਿਦਵਾਨਾਂ ਨੇ ਜਾਣਕਾਰੀ ਦਿੱਤੀ ਉੱਥੇ ਬੱਚਿਆਂ ਨੂੰ ਗੁਰਬਾਣੀ ਕੰਠ ਮੁਕਾਬਲੇ ਗੱਤਕਾ ਸਿਖਲਾਈ ,ਸੁੰਦਰ ਦਸਤਾਰ ਸਿਖਲਾਈ ਅਤੇ ਆਰਟ ਅਤੇ ਕਰਾਫਟ ਅਤੇ ਸੁੰਦਰ ਲਿਖਾਈ ਦੇ ਮੁਕਾਬਲਿਆਂ ਬਾਰੇ ਜਾਣਕਾਰੀ ਦਿੱਤੀ ਗਈ ਹੈ।। ਮੁਕਾਬਲਿਆਂ ਵਿੱਚ ਜੇਤੂ ਰਹਿਣ ਵਾਲੇ ਵਿਦਿਆਰਥੀਆਂ ਨੂੰ ਨਕਦ ਇਨਾਮ ਅਤੇ ਹੋਰ ਸਨਮਾਨ ਵੀ ਦਿੱਤੇ ਗਏ ।

## ਸੰਘਰਸ਼ ਕਰਨ ਦਾ ਜਮਹੂਰੀ ਹੱਕ ਖੋਹਣ 'ਤੇ ਤੁਲੀ ਸਰਕਾਰ: ਮਜ਼ਦੂਰ ਜਥੇਬੰਦੀਆਂ

**ਜਲੰਧਰ (ਨਵਾਂ ਜ਼ਮਾਨਾ ਸਰਵਿਸ)** ਇਥੇ ਸਥਾਨਕ ਦੇਸ਼ ਭਗਤ ਯਾਦਗਾਰ ਹਾਲ ਵਿਖੇ, ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੀ ਹੋਈ ਮੀਟਿੰਗ ਉਪਰੰਤ ਪ੍ਰੈਸ ਨੂੰ ਜਾਰੀ ਕੀਤੇ ਬਿਆਨ ਵਿਚ ਮਜ਼ਦੂਰ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਪੁਲਸ ਤਾਕਤ ਨਾਲ ਅਵਾਮੀ ਜਥੇਬੰਦੀਆਂ ਦੀਆਂ ਹੱਕੀ ਮੰਗਾਂ ਮੰਨਣ ਦੀ ਬਜਾਏ , ਲੋਕ ਸੰਘਰਸ਼ਾਂ ਨੂੰ ਕੁਚਲਣ ਦੀ ਨੀਤੀ ਅਖਤਿਆਰ ਕਰਕੇ, ਸੰਘਰਸ਼ ਕਰਨ ਦਾ ਜਮਹੂਰੀ ਹੱਕ ਖੋਹ ਰਹੀ ਹੈ । ਜਿਸ ਦਾ ਮਜ਼ਦੂਰ ਜਥੇਬੰਦੀਆਂ ਵੱਲੋਂ ਤਿੱਖਾ ਵਿਰੋਧ ਕੀਤਾ ਜਾਵੇਗਾ।



ਕੁਲ ਹਿੰਦ ਖੇਤ ਮਜਦੂਰ ਯੂਨੀਅਨ ਦੇ ਸੂਬਾ ਆਗੂ ਸਾਥੀ ਗੁਰਮੇਸ਼ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੌਰਾਨ ਸਾਂਝੇ ਮੋਰਚੇ ਦੇ ਆਗੂਆਂ ਨੇ ਭਗਵੰਤ ਮਾਨ ਸਰਕਾਰ ਵੱਲੋਂ ਸਿਰਫ 4727 ਮਜ਼ਦੂਰ ਪਰਵਾਰਾਂ ਦੇ ਕਰਜ਼ੇ ਮੁਆਫ਼ ਕਰਨ ਨੂੰ ਨਿਗੂਣੀ ਰਾਹਤ ਦੱਸਦਿਆਂ ਕਿਹਾ ਕਿ ਇਹ ਰਾਹਤ ਊਠ ਤੋਂ ਛਾਣਨੀ ਲਾਹੁਣ ਬਰਾਬਰ ਹੈ। ਉਨਾਂ ਕਿਹਾ ਕਿ ਪੰਜਾਬ ਦੇ ਤੇਰਾਂ ਹਜ਼ਾਰ ਪਿੰਡਾਂ ਦੇ ਹਿਸਾਬ ਨਾਲ ਪੌਣੇ ਤਿੰਨ ਪਿੰਡਾਂ 'ਚੋਂ ਇਕ ਸਿਰਫ਼ ਇੱਕ ਮਜ਼ਦੂਰ ਨੂੰ ਇਹ ਰਾਹਤ ਮਿਲੇਗੀ ਜਦੋਂ ਹੋਰ ਲੱਖਾਂ ਪਰਵਾਰ ਇਸ ਤੋਂ ਵਿਰਵੇ ਰਹਿ ਜਾਣਗੇ, ਉਨ੍ਹਾਂ ਕਿਹਾ ਕਿ ਮਜ਼ਦੂਰਾਂ ਸਿਰ ਸਰਕਾਰੀ ਤੇ ਗੈਰ ਸਰਕਾਰੀ ਸੰਸਥਾਵਾਂ ਦਾ ਕੁਲ ਕਰਜ਼ਾ ਛੇ ਹਜ਼ਾਰ ਕਰੋੜ ਰੁਪਏ ਤੋਂ ਵੀ ਵਧੇਰੇ ਹੈ। ਆਰਥਿਕ ਮਾਹਰਾਂ ਵਲੋਂ ਕੀਤੇ ਗਏ ਸਰਵਿਆ ਮੁਬਾਤਕ ਅੱਸੀ ਫੀਸਦੀ ਮਜ਼ਦੂਰ ਕਰਜ਼ਾਈ ਹਨ ਅਤੇ ਔਸਤ ਨੱਬੇ ਹਜ਼ਾਰ ਰੁਪਏ ਹਰੇਕ ਮਜ਼ਦੂਰ ਪਰਵਾਰ ਸਿਰ ਕਰਜ਼ਾ ਹੈ।ਪੰਜਾਬ ਸਰਕਾਰ ਨੇ ਦੁਕਾਨ ਅਤੇ ਵਪਾਰਕ ਅਦਾਰੇ ਐਕਟ 1958 ਵਿਚ ਸੋਧ ਦੀ ਮੰਨਜ਼ੂਰੀ ਦੇ ਦਿੱਤੀ ਹੈ ਜਿਸ ਤਹਿਤ ਹੁਣ ਮਜ਼ਦੂਰਾਂ ਨੂੰ ਨੌ ਘੰਟਿਆਂ ਤੋਂ ਵੱਧ ਸਮਾਂ ਕੰਮ ਕਰਨਾ ਪਵੇਗਾ ।ਆਗੂਆਂ ਨੇ ਫੈਸਲਾ ਕੀਤਾ ਕਿ ਜਬਰ ਦੇ ਖਿਲਾਫ ਸੰਘਰਸ਼ ਕਰਦਿਆਂ ਝੋਨੇ ਦੀ ਲਵਾਈ ਤੋਂ ਤੁਰੰਤ ਬਾਅਦ ਪੰਜਾਬ ਭਰ ਵਿੱਚ ਵੱਡਾ ਸੰਘਰਸ਼ ਵਿੱਢਿਆ ਜਾਵੇਗਾ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਆਗੂ ਦਰਸ਼ਨ ਨਾਹਰ, ਗੁਰਨਾਮ ਸਿੰਘ ਦਾਊਦ ਤੇ ਬਲਦੇਵ ਨੂਰਪੁਰੀ, ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾਈ ਆਗੂ ਗੁਲਜ਼ਾਰ ਸਿੰਘ ਗੋਰੀਆ, ਦੇਵੀ ਕੁਮਾਰੀ ਅਤੇ ਗਿਆਨ ਸੈਦਪੁਰੀ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਆਗੂ ਤਰਸੇਮ ਪੀਟਰ ਤੇ ਕਸ਼ਮੀਰ ਸਿੰਘ ਘੁਗਸ਼ੋਰ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਹਰਮੇਸ਼ ਮਾਲੜੀ ਹਾਜ਼ਰ ਸਨ।

## ਖਾਲਸਾ ਕਾਲਜ 'ਚ ਵਿਸ਼ਵ ਵਾਤਾਵਰਣ ਦਿਵਸ ਮਨਾਇਆ



**ਸੁਲਤਾਨਪੁਰ ਲੋਧੀ (ਹਨੀ)** ਗੁਰੂ ਨਾਨਕ ਖਾਲਸਾ ਕਾਲਜ ਵਿਖੇ ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਦੀ ਅਗਵਾਈ ਵਿਚ ਕਾਲਜ ਦੇ ਐਨ ਐਸ ਐਸ ਵਿਭਾਗ ਦੇ ਮੁਖੀ ਪ੍ਰੋਫੈਸਰ ਗਿਸ਼ੂ ਬਾਲਾ ਤੇ ਈਕੋ ਕਲੱਬ ਦੇ ਮੁਖੀ ਪ੍ਰੋਫੈਸਰ ਜਸਵੀਰ ਕੌਰ ਦੇ ਸਹਿਯੋਗ ਨਾਲ ਵਿਸ਼ਵ ਵਾਤਾਵਰਣ ਦਿਵਸ ਮਨਾਇਆ ਗਿਆ ।ਪ੍ਰਿੰਸੀਪਲ ਅਤੇ ਸਟਾਫ ਮੈਂਬਰਾਂ ਕਾਲਜ ਕੈਂਪਸ ਵਿੱਚ ਪੌਦੇ ਲਗਾਏ ।ਉਨ੍ਹਾਂ ਸਮੂਹ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ, ਵਾਤਾਵਰਨ ਨੂੰ ਸ਼ੁੱਧ ਬਣਾਉਣ ਤੇ ਹਰਿਆਵਲ ਪੈਦਾ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਪ੍ਰੋ. ਸੁਖਪਾਲ ਸਿੰਘ, ਡਾ. ਮਨੀ ਛਾਬੜਾ, ਗੁਰਪ੍ਰੀਤ ਕੌਰ, ਹਰਦੀਸ਼ ਕੌਰ, ਕੋਮਲਪ੍ਰੀਤ ਕੌਰ, ਅਮਰੀਕ ਸਿੰਘ ਹਾਜ਼ਰ ਸਨ ।

## ਡਾ. ਜੱਖੂ ਤੇ ਸਾਥੀਆਂ ਨੂੰ ਗ੍ਰਿਫਤਾਰ ਕਰਨਾ ਮਨੁੱਖੀ ਅਧਿਕਾਰਾਂ ਦਾ ਘਾਣ : ਘੇੜਾ, ਭੁੱਲਾਰਾਈ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)** ਫਿਲੌਰ ਦੇ ਪਿੰਡ ਨੰਗਲ 'ਚ ਸਥਾਪਿਤ ਭਾਰਤੀ ਸੰਵਿਧਾਨ ਦੇ ਨਿਰਮਾਤਾ, ਸਮੁੱਚੀ ਮਾਨਵਤਾ ਦੇ ਮਸੀਹਾ, ਭਾਰਤ ਰਤਨ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੇ ਸਟੈਚੂ ਦੀ ਖਾਲਿਸਤਾਨੀ ਅੱਤਵਾਦੀ ਤੇ ਮਨੁੱਖਤਾ ਦੇ ਦੁਸ਼ਮਣ ਗੁਰਪਤਵੰਤ ਪੰਨੂ ਦੇ ਇਸ਼ਾਰੇ 'ਤੇ ਦੂਸਰੀ ਵਾਰ ਕੀਤੀ ਛੇੜਛਾੜ ਅਤੇ ਚਿਹਰੇ ਤੇ ਕਾਲੀ ਰੰਗ ਦੀ ਸਪ੍ਰੇਅ ਕਰਨ ਦੀ ਸਾਹਮਣੇ ਆਈ ਘਟਨਾ ਦੇ ਵਿਰੋਧ ਵਿੱਚ ਰੋਸ ਪ੍ਰਗਟ ਕਰਨ ਕਰਨ ਗਏ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਮੁੱਖ ਬੁਲਾਰੇ ਤੇ ਦੋਆਬਾ ਇੰਚਾਰਜ ਡਾ.ਹਰਜਿੰਦਰ ਸਿੰਘ ਜੱਖੂ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਫਿਲੌਰ ਪੁਲਸ ਪ੍ਰਸ਼ਾਸਨ ਵਲੋਂ ਹਿਰਾਸਤ ਵਿੱਚ ਲੈਣ ਦੀ ਅੰਬੇਡਕਰ ਸੈਨਾ ਦੇ ਚੇਅਰਮੈਨ ਰਜਿੰਦਰ ਘੇੜਾ ਅਤੇ ਦਲਿਤ ਆਗੂ ਧਰਮਿੰਦਰ ਸਿੰਘ ਭੁੱਲਾਰਾਈ ਨੇ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਬਾਬਾ ਸਾਹਿਬ ਅੰਬੇਡਕਰ ਜੀ ਦੇ ਬੁੱਤਾਂ ਦੀ ਸੁਰੱਖਿਆ ਕਰਨ ਵਿੱਚ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ। ਉਕਤ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਨੇ ਆਪਣੀ ਨਾਕਾਮੀ ਨੂੰ ਛੁਪਾਉਣ ਲਈ ਕੁਝ ਅਖੌਤੀ ਦਲਿਤ ਹਿਤੈਸ਼ੀ ਆਗੂਆਂ ਦੀ ਸ਼ਹਿ 'ਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਆਗੂਆਂ ਨੂੰ ਗ੍ਰਿਫਤਾਰ ਕਰਕੇ ਜਿੱਥੇ ਮਨੁੱਖੀ ਅਧਿਕਾਰਾਂ ਦਾ ਘਾਣ ਕੀਤਾ, ਉੱਥੇ ਹੀ ਭਾਈਚਾਰਕ ਸਾਂਝ ਤੋੜਨ ਦਾ ਵੀ ਯਤਨ ਕੀਤਾ ਹੈ। ਬਾਬਾ ਸਾਹਿਬ ਅੰਬੇਡਕਰ ਜੀ ਦੇ ਸਨਮਾਨ ਵਿੱਚ ਅਤੇ ਦੋਸ਼ੀਆਂ ਦੀ ਗ੍ਰਿਫਤਾਰੀ ਲਈ ਅਕਾਲੀ ਦਲ ਅੰਮ੍ਰਿਤਸਰ ਦੇ ਆਗੂਆਂ ਨੂੰ ਫਿਲੌਰ ਵਿਖੇ ਰੋਸ ਪ੍ਰਦਰਸ਼ਨ ਨਾ ਕਰਨ ਦੇਣਾ ਵੀ ਗਿਣੀ ਮਿੱਥੀ ਸਾਜਿਸ਼ ਦਾ ਹਿੱਸਾ ਹੈ ਅਤੇ ਦਲਿਤ ਅਤੇ ਸਿੱਖਾਂ ਦੀ ਭਾਈਚਾਰਕ ਸਾਂਝ ਤੋੜਨ ਦੀ ਘਿਨੌਣੀ ਕਾਰਵਾਈ ਦੱਸਿਆ। ਉਕਤ ਆਗੂਆਂ ਨੇ ਭਾਰਤ ਦੇ ਮਾਣਯੋਗ ਰਾਸ਼ਟਰਪਤੀ ਤੋਂ ਮੰਗ ਕੀਤੀ ਕਿ ਖਾਲਿਸਤਾਨੀ ਅੱਤਵਾਦੀ ਤੇ ਮਨੁੱਖਤਾ ਦੇ ਦੁਸ਼ਮਣ ਗੁਰਪਤਵੰਤ ਪੰਨੂ ਨੂੰ ਅਮਰੀਕਾ ਤੋਂ ਭਾਰਤ ਲਿਆ ਕੇ ਸਖਤ ਤੋਂ ਸਖਤ ਸ਼ਜਾ ਦੇਣੀ ਚਾਹੀਦੀ ਹੈ ਤਾਂ ਜੋ ਪੰਜਾਬ ਅੰਦਰ ਅਮਨ ਸ਼ਾਂਤੀ ਦਾ ਮਾਹੌਲ ਬਣਿਆ ਰਹੇ। ਉਕਤ ਆਗੂਆਂ ਨੇ ਬਹੁਜਨ ਸਮਾਜ ਦੀਆਂ ਸਾਰੀਆਂ ਜਥੇਬੰਦੀਆਂ ਦੇ ਆਗੂਆਂ ਨੂੰ ਅਪੀਲ ਕੀਤੀ ਕਿ ਬਾਬਾ ਸਾਹਿਬ ਅੰਬੇਡਕਰ ਜੀ ਦੇ ਬੁੱਤਾਂ ਨਾਲ ਹੋ ਰਹੀਆ ਛੇੜਛਾੜ ਦੀਆਂ ਘਿਨੌਣੀਆ ਘਟਨਾਵਾਂ ਨੂੰ ਰੋਕਣ ਲਈ ਇੱਕ ਪਲੇਟਫਾਰਮ 'ਤੇ ਇੱਕਠੇ ਹੋ ਕੇ ਵਿਉਂਤਬੰਦੀ ਨਾਲ ਸੰਘਰਸ਼ ਉਲੀਕਣਾ ਚਾਹੀਦਾ ਹੈ ਤਾਂ ਜੋ ਇਹੋ ਜਿਹੀਆਂ ਘਟਨਾਵਾਂ ਨਾ ਵਾਪਰ ਸਕਣ।






**ਜਨਮ ਦਿਨ ਮੁਬਾਰਕ**



ਇਵਾਨਵੀਰ ਸਿੰਘ
ਵਾਸੀ : ਗਿੱਦੜਬਾਹਾ



ਏਕਨੂਰ ਕੌਰ
ਪਿਤਾ : ਸੁਖਰਾਜ ਚਹਿਲ
ਮਾਤਾ : ਪਰਮਜੀਤ ਕੌਰ
ਵਾਸੀ : ਬਰਨਾਲਾ